ਬੁੱਧਵਾਰ, 29 ਜੁਲਾਈ, 2026
14 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 58

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 29 JULY, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਜ਼ਿਦਾਨ ਦੀ ਇੱਛਾ ਪੂਰੀ



**ਪੈਰਿਸ :** ਫਰਾਂਸ ਦੇ ਮਹਾਨ ਖਿਡਾਰੀ 54 ਸਾਲਾ ਜ਼ੀਨੇਦੀਨ ਜ਼ਿਦਾਨ ਦੀ ਕੌਮੀ ਟੀਮ ਦੇ ਕੋਚ ਬਣਨ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਇੱਛਾ ਮੰਗਲਵਾਰ ਹਕੀਕਤ ਬਣ ਗਈ, ਜਦੋਂ ਫਰੈਂਚ ਫੁੱਟਬਾਲ ਫੈਡਰੇਸ਼ਨ ਨੇ ਸਾਬਕਾ ਕਪਤਾਨ ਤੇ ਵਿਸ਼ਵ ਕੱਪ ਜੇਤੂ ਨੂੰ ਚਾਰ ਸਾਲਾਂ ਦੇ ਇਕਰਾਰਨਾਮੇ 'ਤੇ ਡਿਡੀਅਰ ਡੇਸਚੈਂਪਸ ਦੇ ਜਾਨਸ਼ੀਨ ਵਜੋਂ ਨਿਯੁਕਤ ਕਰ ਦਿੱਤਾ। ਫਰਾਂਸ ਪਿਛਲੇ ਦਿਨੀਂ ਵਿਸ਼ਵ ਕੱਪ ਟੂਰਨਾਮੈਂਟ 'ਚ ਤੀਜੀ ਪੁਜ਼ੀਸ਼ਨ ਦੇ ਮੁਕਾਬਲੇ 'ਚ ਇੰਗਲੈਂਡ ਤੋਂ 6-4 ਨਾਲ ਹਾਰ ਗਿਆ ਸੀ।

## ਰਿਸਰਚ ਸਕਾਲਰ ਦੀ ਕਰੰਟ ਨਾਲ ਮੌਤ



**ਚੰਡੀਗੜ੍ਹ :** ਪੰਜਾਬ ਯੂਨੀਵਰਸਿਟੀ ਦੇ ਸੈਕਟਰ-25 ਸਥਿਤ ਦੱਖਣੀ ਕੈਂਪਸ ਵਿੱਚ ਮੰਗਲਵਾਰ ਸਵੇਰੇ ਭਾਰੀ ਮੀਂਹ ਦੌਰਾਨ ਕਰੰਟ ਲੱਗਣ ਨਾਲ ਯੂਨੀਵਰਸਿਟੀ ਦੀ ਇੱਕ ਰਿਸਰਚ ਸਕਾਲਰ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਜੋਤੀ ਵਜੋਂ ਹੋਈ ਹੈ, ਜੋ ਕਿ ਹਰਿਆਣਾ ਦੇ ਰੇਵਾੜੀ ਦੀ ਰਹਿਣ ਵਾਲੀ ਸੀ ਅਤੇ ਪੰਜਾਬ ਯੂਨੀਵਰਸਿਟੀ ਦੇ ਬਾਇਓਟੈਕਨਾਲੋਜੀ ਵਿਭਾਗ ਵਿੱਚ ਪੀ ਐੱਚ.ਡੀ. ਕਰ ਰਹੀ ਸੀ। ਲੜਕੀ ਗਰਲਜ਼ ਹੋਸਟਲ ਨੰਬਰ 10 ਤੋਂ ਆਪਣੇ ਵਿਭਾਗ ਵੱਲ ਜਾ ਰਹੀ ਸੀ। ਰਸਤੇ ਵਿੱਚ ਪਾਣੀ ਭਰਿਆ ਹੋਣ ਕਾਰਨ ਪਾਣੀ ਤੋਂ ਬਚਣ ਲਈ ਉਸ ਨੇ ਇੱਕ ਕੱਚੇ ਰਸਤੇ ਦੀ ਵਰਤੋਂ ਕੀਤੀ। ਕੁਝ ਹੀ ਸਕਿੰਟਾਂ ਵਿੱਚ ਉਹ ਉੱਥੇ ਲੱਗੇ ਬਿਜਲੀ ਦੇ ਬਾਕਸ ਦੇ ਕਰੰਟ ਦੀ ਲਪੇਟ ਵਿੱਚ ਆ ਗਈ। ਉਸ ਨੂੰ ਤੁਰੰਤ ਸੈਕਟਰ-16 ਦੇ ਸਰਕਾਰੀ ਮਲਟੀ-ਸਪੈਸ਼ਲਿਟੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਦੀ ਟੀਮ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

## ਚੰਬਾ-ਡਲਹੌਜ਼ੀ ਰੋਡ 'ਤੇ 5 ਜੀਆਂ ਦੀ ਮੌਤ

**ਪਠਾਨਕੋਟ :** ਚੰਬਾ ਜ਼ਿਲ੍ਹੇ ਦੇ ਪਠਾਨਕੋਟ-ਭਰਮੌਰ ਰਾਸ਼ਟਰੀ ਰਾਜਮਾਰਗ 'ਤੇ ਲਹਾੜ ਪਿੰਡ ਨੇੜੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਸਾਲ ਦੇ ਬੱਚੇ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ। ਪਰਵਾਰ ਆਪਣੇ ਬੱਚੇ ਦੇ ਇਲਾਜ ਤੋਂ ਬਾਅਦ ਚੰਡੀਗੜ੍ਹ ਤੋਂ ਘਰ ਪਰਤ ਰਿਹਾ ਸੀ ਕਿ ਰਸਤੇ 'ਚ ਉਨ੍ਹਾਂ ਦੀ ਕਾਰ ਬੇਕਾਬੂ ਹੋ ਗਈ ਅਤੇ ਇੱਕ ਡੂੰਘੀ ਖੱਡ 'ਚ ਡਿੱਗ ਗਈ। ਹਾਦਸੇ ਸਮੇਂ ਇਲਾਕੇ ਵਿੱਚ ਲਗਾਤਾਰ ਮੀਂਹ ਅਤੇ ਭਾਰੀ ਧੁੰਦ ਪੈ ਰਹੀ ਸੀ। ਮੰਨਿਆ ਜਾ ਰਿਹਾ ਹੈ ਕਿ ਡਰਾਈਵਰ ਨੇ ਘੱਟ ਦ੍ਰਿਸ਼ਟੀ ਅਤੇ ਫਿਸਲਣ ਕਾਰਨ ਵਾਹਨ ਤੋਂ ਕੰਟਰੋਲ ਗੁਆ ਦਿੱਤਾ।

## ਅਮਰੀਕੀ ਤੇ ਰੂਸੀ ਪੁਲਾੜ ਯਾਤਰੀ ਕਜ਼ਾਖਸਤਾਨ 'ਚ ਸੁਰੱਖਿਅਤ ਉੱਤਰੇ

**ਮਾਸਕੋ :** ਕੌਮਾਂਤਰੀ ਪੁਲਾੜ ਸਟੇਸ਼ਨ ਵਿੱਚ ਅੱਠ ਮਹੀਨੇ ਬਿਤਾਉਣ ਮਗਰੋਂ ਅਮਰੀਕੀ-ਰੂਸੀ ਪੁਲਾੜ ਅਮਲਾ ਕਜ਼ਾਖਸਤਾਨ ਦੇ ਮੈਦਾਨਾਂ ਵਿੱਚ ਸੁਰੱਖਿਅਤ ਉੱਤਰ ਗਿਆ ਹੈ। ਨਾਸਾ ਪੁਲਾੜ ਯਾਤਰੀ ਕ੍ਰਿਸ ਵਿਲੀਅਮਜ਼ ਅਤੇ ਰੂਸੀ ਅਮਲੇ ਦੇ ਮੈਂਬਰ ਸਰਗੇਈ ਕੁਡ-ਸਵਰਚਕੋਵ ਤੇ ਸਰਗੇਈ ਮਿਕੇਵ ਆਪਣੇ ਸੋਯੂਜ਼ ਐੱਮ ਐੱਸ-28 ਪੁਲਾੜ ਵਾਹਨ ਵਿਚ ਸਵਾਰ ਹੋ ਕੇ ਸੁਰੱਖਿਅਤ ਉੱਤਰੇ। ਇਹ ਵਾਹਨ ਜ਼ੈਜ਼ਕਜ਼ਗਾਨ ਦੇ ਦੱਖਣ-ਪੂਰਬ ਵਿੱਚ ਨਿਰਧਾਰਤ ਸਥਾਨ 'ਤੇ ਪੈਰਾਸ਼ੂਟ ਦੀ ਸਹਾਇਤਾ ਨਾਲ ਆਸਾਨੀ ਨਾਲ ਉਤਰਿਆ। ਓਰਬਿਟ ਆਊਟਪੋਸਟ ਉੱਤੇ ਉਨ੍ਹਾਂ ਦਾ 241 ਦਿਨਾਂ ਦਾ ਸਮਾਂ ਵਿਲੀਅਮਜ਼ ਤੇ ਮਿਕੇਵ ਲਈ ਪਹਿਲਾ ਪੁਲਾੜ ਮਿਸ਼ਨ ਸੀ, ਜਦੋਂ ਕਿ ਕੁਡ-ਸਵਰਚਕੋਵ ਲਈ ਇਹ ਦੂਜਾ ਮਿਸ਼ਨ ਸੀ। ਰੂਸ ਅਤੇ ਅਮਰੀਕਾ ਜੋ ਕਦੇ ਸੀਤ ਜੰਗ ਦੌਰਾਨ ਪੁਲਾੜ ਦੀ ਦੌੜ ਵਿੱਚ ਰਵਾਇਤੀ ਵਿਰੋਧੀ ਸਨ, ਹੁਣ ਪੁਲਾੜ ਸਟੇਸ਼ਨਾਂ ਅਤੇ ਹੋਰ ਪ੍ਰਾਜੈਕਟਾਂ ਵਿੱਚ ਇਕ ਦੂਜੇ ਦੇ ਸਹਿਯੋਗੀ ਹਨ।

## ਅੰਮ੍ਰਿਤਸਰ ਤੋਂ ਵਿਦੇਸ਼ ਜਾਣਾ ਹੋਇਆ ਸੌਖਾ

**ਚੰਡੀਗੜ੍ਹ :** ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਤੋਂ ਵਿਦੇਸ਼ ਜਾਣ ਵਾਲੇ ਹਵਾਈ ਯਾਤਰੀਆਂ ਨੂੰ ਮੰਗਲਵਾਰ ਨੂੰ ਇੱਕ ਵੱਡੀ ਸੌਗਾਤ ਮਿਲੀ ਹੈ। ਏਅਰ ਇੰਡੀਆ ਵੱਲੋਂ ਆਪਣੀ ਨਵੀਂ 'ਈਜ਼ੀ ਕਨੈਕਟ' (ਹਬ-ਐਂਡ-ਸਪੋਕ) ਫਲਾਈਟ ਸੇਵਾ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਨਵੀਂ ਸੇਵਾ ਦਾ ਉਦਘਾਟਨ ਸਵੇਰੇ 7 ਵਜੇ ਯੂਨੀਅਨ ਸਿਵਲ ਏਵੀਏਸ਼ਨ ਮੰਤਰੀ ਕਿੰਜਰਾਪੂ ਰਾਮ ਮੋਹਨ ਨਾਇਡੂ ਵੱਲੋਂ ਵਰਚੁਅਲ ਢੰਗ ਨਾਲ ਕੀਤਾ ਗਿਆ। ਇਸ ਸੇਵਾ ਦੇ ਸ਼ੁਰੂ ਹੋਣ ਨਾਲ ਅਮਰੀਕਾ, ਕੈਨੇਡਾ, ਆਸਟਰੇਲੀਆ ਅਤੇ ਹੋਰ ਦੇਸ਼ਾਂ ਨੂੰ ਜਾਣ ਵਾਲੇ ਯਾਤਰੀਆਂ ਨੂੰ ਵੱਡੀ ਰਾਹਤ ਮਿਲੇਗੀ। ਹੁਣ ਯਾਤਰੀਆਂ ਦਾ ਸਾਮਾਨ ਅੰਮ੍ਰਿਤਸਰ ਤੋਂ ਹੀ ਸਿੱਧਾ ਅੰਤਿਮ ਪੜਾਅ ਲਈ ਬੁੱਕ ਹੋ ਜਾਵੇਗਾ। ਇਸ ਨਾਲ ਯਾਤਰੀਆਂ ਨੂੰ ਦਿੱਲੀ ਹਵਾਈ ਅੱਡੇ 'ਤੇ ਪਹੁੰਚ ਕੇ ਦੁਬਾਰਾ ਆਪਣਾ ਸਾਮਾਨ ਲੈਣ, ਚੈੱਕ-ਇਨ ਕਰਨ ਜਾਂ ਇਮੀਗ੍ਰੇਸ਼ਨ ਦੀਆਂ ਲੰਬੀਆਂ ਲਾਈਨਾਂ ਵਿੱਚ ਲੱਗਣ ਦੀ ਲੋੜ ਨਹੀਂ ਪਵੇਗੀ। ਰੋਜ਼ਾਨਾ ਦੋ ਉਡਾਣਾਂ ਸੰਚਾਲਿਤ ਕੀਤੀਆਂ ਜਾਣਗੀਆਂ। ਪਹਿਲੀ ਫਲਾਈਟ ਸਵੇਰੇ 9:10 ਵਜੇ ਰਵਾਨਾ ਹੋ ਕੇ 10:40 ਵਜੇ ਦਿੱਲੀ ਪਹੁੰਚੇਗੀ। ਦੂਜੀ ਫਲਾਈਟ ਰਾਤ 10:00 ਵਜੇ ਰਵਾਨਾ ਹੋ ਕੇ 11:20 ਵਜੇ ਦਿੱਲੀ ਪਹੁੰਚੇਗੀ। ਦਿੱਲੀ ਪਹੁੰਚਣ ਦੇ 4 ਘੰਟਿਆਂ ਦੇ ਅੰਦਰ ਕੌਮਾਂਤਰੀ ਫਲਾਈਟ ਮਿਲ ਜਾਵੇਗੀ। ਇੱਥੋਂ ਲੱਗਭੱਗ 27 ਕੌਮਾਂਤਰੀ ਮੁਕਾਮਾਂ ਲਈ ਕਨੈਕਟਿੰਗ ਉਡਾਣਾਂ ਉਪਲੱਬਧ ਹੋਣਗੀਆਂ।

# ਡੀ ਸੀ ਪੀ ਦੇ ਹੁਕਮ 'ਤੇ ਚਲਾਈਆਂ ਪੈਲੇਟ ਗੰਨਾਂ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਪਾਰਲੀਮੈਂਟ ਸਟਰੀਟ ਪੁਲਸ ਸਟੇਸ਼ਨ ਵਿੱਚ ਇੱਕ ਜਨਰਲ ਡਾਇਰੀ ਐਂਟਰੀ ਤੋਂ ਪਤਾ ਲੱਗਿਆ ਹੈ ਕਿ ਰੈਪਿਡ ਐਕਸ਼ਨ ਫੋਰਸ (ਆਰ ਏ ਐੱਫ) ਨੇ ਜੰਤਰ-ਮੰਤਰ ਦੇ ਜ਼ੋਨ 1 ਵਿੱਚ ਮੌਜੂਦ ਦਿੱਲੀ ਪੁਲਸ ਦੇ ਡਿਪਟੀ ਕਮਿਸ਼ਨਰ ਆਫ਼ ਪੁਲਸ ਰੈਂਕ ਦੇ ਅਧਿਕਾਰੀ ਦੇ ਨਿਰਦੇਸ਼ਾਂ 'ਤੇ ਪੈਲੇਟ ਗੰਨ ਦੀ ਵਰਤੋਂ ਕੀਤੀ। 20 ਜੁਲਾਈ ਨੂੰ ਸਵੇਰੇ 1:24 ਵਜੇ ਦਰਜ ਕੀਤੇ ਗਏ ਦਸਤਾਵੇਜ਼ ਵਿੱਚ ਕਿਹਾ ਗਿਆ ਹੈ, "ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਵਿਰੋਧ ਪ੍ਰਦਰਸ਼ਨ ਵਿੱਚ ਭੀੜ ਨੂੰ ਕਾਬੂ ਕਰਨ ਲਈ ਡੀ ਸੀ ਪੀ ਦੇ ਨਿਰਦੇਸ਼ਾਂ 'ਤੇ, ਆਰ ਏ ਐੱਫ ਨੇ ਦੰਗਾ ਵਿਰੋਧੀ ਬੰਦੂਕ ਤੋਂ ਕਾਰਤੂਸ ਪਲਾਸਟਿਕ ਪੈਲੇਟਸ ਵਾਲੇ ਗ੍ਰਨੇਡਾਂ ਦੀ ਵਰਤੋਂ ਕਰਦੇ ਹੋਏ 55 ਰਾਉਂਡ ਗੈਰ-ਇਲੈਕਟਰੀਕਲ ਸ਼ੈੱਲ, 15 ਰਾਉਂਡ ਬਿਜਲੀ ਸ਼ੈੱਲ, ਪੰਜ ਅੱਥਰੂ ਗੈਸ, ਅਤੇ ਦੋ ਰਾਉਂਡ ਦਾਗੇ।" ਇੱਕ ਜਨਰਲ ਡਾਇਰੀ (ਜੀ ਡੀ) ਅਧਿਕਾਰਤ ਪੁਲਸ ਸਟੇਸ਼ਨ ਰਿਕਾਰਡ ਹੈ ਜਿਸ ਵਿਚ ਮਹੱਤਵਪੂਰਨ ਘਟਨਾਵਾਂ, ਅਧਿਕਾਰੀਆਂ ਦੀਆਂ ਗਤੀਵਿਧੀਆਂ ਅਤੇ ਕਾਰਜਸ਼ੀਲ ਆਦੇਸ਼ਾਂ ਨੂੰ ਦਰਜ ਕੀਤਾ ਜਾਂਦਾ ਹੈ। ਇੱਕ ਐੱਫ ਆਈ ਆਰ ਦੇ ਉਲਟ, ਇਹ ਇੱਕ ਪ੍ਰਸ਼ਾਸਕੀ ਰਿਕਾਰਡ ਹੈ, ਜੋ ਪੁਲਸ ਦੁਆਰਾ ਕੀਤੀਆਂ ਗਈਆਂ ਕਾਰਵਾਈਆਂ ਨੂੰ ਦਰਜ ਕਰਦਾ ਹੈ। ਜੀ ਡੀ ਐਂਟਰੀ ਦਸਤਾਵੇਜ਼ੀ ਸਬੂਤਾਂ ਦਾ ਇੱਕ ਮਹੱਤਵਪੂਰਨ ਟੁਕੜਾ ਹੈ, ਕਿਉਂਕਿ ਇਹ ਪੁਲਸ ਦੁਆਰਾ ਕੀਤੇ ਗਏ ਆਪ੍ਰੇਸ਼ਨ ਅਤੇ ਰਿਕਾਰਡ 'ਤੇ ਅਧਿਕਾਰੀ ਦੁਆਰਾ ਕਾਰਵਾਈ ਦੇ ਅਧਿਕਾਰ ਦੋਵਾਂ ਨੂੰ ਦਰਜ ਕਰਦਾ ਹੈ। ਜਿਵੇਂ ਕਿ ਪਹਿਲਾਂ ਮੀਡੀਆ ਦੁਆਰਾ ਰਿਪੋਰਟ ਕੀਤੀ ਗਈ ਸੀ, ਆਰ ਏ ਐੱਫ ਨੇ ਅਗਲੇ ਆਦੇਸ਼ਾਂ ਤੱਕ ਪੈਲੇਟ ਗੰਨ ਦੀ ਵਰਤੋਂ 'ਤੇ ਪਾਬੰਦੀ ਲਗਾ ਦਿੱਤੀ ਹੈ।

ਇਹ ਨਿਰਦੇਸ਼ ਰਾਸ਼ਟਰੀ ਰਾਜਧਾਨੀ ਦੇ ਜੰਤਰ-ਮੰਤਰ ਵਿਖੇ ਵਿਅੰਗ ਪਲੇਟਫਾਰਮ ਕਾਕਰੋਚ ਜਨਤਾ ਪਾਰਟੀ ਦੀ ਅਗਵਾਈ ਹੇਠ ਨੀਟ ਪੇਪਰ ਲੀਕ ਵਿਰੋਧ ਪ੍ਰਦਰਸ਼ਨਾਂ ਨਾਲ ਫੋਰਸ ਦੇ ਨਜਿੱਠਣ ਦੀ ਸਮੀਖਿਆ ਦੌਰਾਨ ਜਾਰੀ ਕੀਤਾ ਗਿਆ ਸੀ। ਪੁਲਸ ਭਰਤੀ ਪ੍ਰੀਖਿਆਵਾਂ ਮਾਹਰਾਂ ਦੇ ਅਨੁਸਾਰ ਪੈਲੇਟ ਗੰਨ ਦੀ ਵਰਤੋਂ ਵੱਖ-ਵੱਖ ਅੰਤਰਰਾਸ਼ਟਰੀ ਸੰਮੇਲਨਾਂ ਅਤੇ ਸਮਝੌਤਿਆਂ ਦੇ ਤਹਿਤ ਵਰਜਿਤ ਹੈ। ਇਸ ਦੇ ਬਾਵਜੂਦ ਦਿੱਲੀ ਵਿੱਚ ਵਿਦਿਆਰਥੀ ਵਿਰੋਧ ਪ੍ਰਦਰਸ਼ਨਾਂ ਦੌਰਾਨ ਇਨ੍ਹਾਂ ਦੀ ਵਰਤੋਂ ਕੀਤੀ ਗਈ।

# ਗੈਂਗਰੇਪ ਦੀ ਧਮਕੀ ਦੇਣ ਵਾਲੇ ਸੰਘੀ ਪੋਡਕਾਸਟ ਖਿਲਾਫ ਜਾਂਚ ਸ਼ੁਰੂ

**ਤਿਰੂਅਨੰਤਪੁਰਮ (ਨ ਜ਼ ਸ)**

ਕੇਰਲਾ ਪੁਲਸ ਨੇ ਜੰਤਰ-ਮੰਤਰ ਵਿੱਚ ਵਿਦਿਆਰਥੀਆਂ ਦੇ ਪ੍ਰੋਟੈਸਟ ਦੇ ਸੰਦਰਭ ਵਿੱਚ ਆਰ ਐੱਸ ਐੱਸ ਦੇ ਵਿਚਾਰਧਾਰਕ ਅਤੇ ਭਾਰਤੀ ਜਨਤਾ ਪਾਰਟੀ ਦੇ ਬੁੱਧੀਜੀਵੀ ਸੈੱਲ ਦੇ ਸਾਬਕਾ ਸੂਬਾਈ ਮੁਖੀ ਟੀ ਜੀ ਮੋਹਨ ਦਾਸ ਵੱਲੋਂ ਕੀਤੀਆਂ ਗਈਆਂ ਹਿੰਸਕ, ਫਿਰਕੂ ਅਤੇ ਮਹਿਲਾ ਵਿਰੋਧੀ ਟਿੱਪਣੀਆਂ ਦੀ ਜਾਂਚ ਦੇ ਹੁਕਮ ਦਿੱਤੇ ਹਨ।

ਆਲ ਇੰਡੀਆ ਯੂਥ ਫੈਡਰੇਸ਼ਨ (ਏ ਆਈ ਵਾਈ ਐੱਫ) ਦੇ ਨੇਤਾ ਟੀ ਟੀ ਜਿਸਮਾਨ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐੱਸ ਐੱਫ) ਅਤੇ ਪੀਪਲਜ਼ ਡੈਮੋਕ੍ਰੇਟਿਕ ਪਾਰਟੀ ਸਣੇ ਕਈ ਜਥੇਬੰਦੀਆਂ ਨੇ ਡੀ ਜੀ ਪੀ ਅਤੇ ਗ੍ਰਹਿ ਮੰਤਰੀ ਨੂੰ ਪਟੀਸ਼ਨ ਦਾਇਰ ਕਰਕੇ ਫੌਜਦਾਰੀ ਮਾਮਲਾ ਦਰਜ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਮੋਹਨ ਦਾਸ ਦਾ ਬਿਆਨ ਸ਼ਾਂਤਮਈ ਅਤੇ ਸੰਵਿਧਾਨਕ ਲੋਕਤੰਤਰੀ ਪ੍ਰੋਟੈਸਟ 'ਤੇ ਸਿੱਧਾ ਹਮਲਾ ਹੈ ਅਤੇ ਹਿੰਸਾ ਭੜਕਾਉਣ, ਡਰ ਫੈਲਾਉਣ ਅਤੇ ਅਰਾਜਕਤਾ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਵਾਲਾ ਹੈ। ਸ਼ਿਕਾਇਤਾਂ ਦਾ ਨੋਟਿਸ ਲੈਂਦੇ ਹੋਏ ਕੇਰਲਾ ਗ੍ਰਹਿ ਵਿਭਾਗ ਨੇ ਸਾਈਬਰ ਸੈੱਲ ਦੇ ਆਈ ਜੀ ਸ੍ਰੀ ਪੀ ਪ੍ਰਕਾਸ਼ ਨੂੰ ਜਾਂਚ ਸੌਂਪ ਦਿੱਤੀ ਹੈ।

ਦੋਸ਼ ਹੈ ਕਿ ਮੋਹਨ ਦਾਸ ਨੇ ਆਪਣੇ ਯੂਟਿਊਬ ਚੈਨਲ 'ਪੱਤਰਿਕਾ' 'ਤੇ ਜਾਰੀ ਵੀਡੀਓ ਵਿੱਚ ਕਿਹਾ ਸੀ, 'ਜੇ ਮੈਨੂੰ ਦਿੱਲੀ ਦੇ ਜੰਤਰ-ਮੰਤਰ 'ਤੇ ਹੋ ਰਹੇ



ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨ ਨੂੰ ਰੋਕਣ ਦੀ ਜ਼ਿੰਮੇਵਾਰੀ ਦਿੱਤੀ ਜਾਂਦੀ ਹੈ, ਤਾਂ ਮੈਂ ਸਭ ਤੋਂ ਸਖਤ ਹਿੰਸਕ ਕਾਰਵਾਈ ਕਰਾਂਗਾ। ਮੈਂ ਜੰਤਰ-ਮੰਤਰ ਦੇ ਆਲੇ-ਦੁਆਲੇ 4 ਵਰਗ ਕਿੱਲੋਮੀਟਰ ਦੇ ਖੇਤਰ ਵਿੱਚ ਕਰਫਿਊ ਲਾਵਾਂਗਾ। ਭੀੜ ਨੂੰ ਖਿੰਡਣ ਲਈ ਲਾਊਡ ਸਪੀਕਰ 'ਤੇ ਤਿੰਨ ਚੇਤਾਵਨੀਆਂ ਦੇਵਾਂਗਾ ਤੇ ਫਿਰ ਗੋਲੀਬਾਰੀ ਦਾ ਹੁਕਮ ਦੇਵਾਂਗਾ। ਲੋਕ ਭੱਜ ਜਾਣਗੇ, ਕੁਝ ਮਰ ਜਾਣਗੇ, ਕੁਝ ਗੰਭੀਰ ਜ਼ਖਮੀ ਹੋ ਜਾਣਗੇ। ਚਾਰ ਘੰਟਿਆਂ ਦੇ ਅੰਦਰ ਸਥਿਤੀ ਸ਼ਾਂਤ ਹੋ ਜਾਵੇਗੀ ਅਤੇ ਫਿਰ ਅਸੀਂ ਲਾਸ਼ਾਂ ਇਕੱਠੀਆਂ ਕਰਾਂਗੇ ਅਤੇ ਉਨ੍ਹਾਂ ਨੂੰ ਹਸਪਤਾਲ ਲੈ ਜਾਵਾਂਗੇ।'

ਇੱਕ ਹੋਰ ਵੀਡੀਓ ਕਲਿੱਪ ਵਿੱਚ ਉਸ ਨੇ ਅੰਦੋਲਨ ਵਿੱਚ ਸ਼ਾਮਲ ਮਹਿਲਾ ਪ੍ਰਦਰਸ਼ਨਕਾਰੀਆਂ ਬਾਰੇ ਕਿਹਾ, 'ਗੈਂਗ ਰੇਪ ਅਤੇ ਕਤਲ ਹੋਣਗੇ। ਬਲਾਤਕਾਰ ਦੀ ਕੋਈ ਸ਼ਿਕਾਇਤ ਦਰਜ ਨਹੀਂ ਕਰਵਾਈ ਜਾਵੇਗੀ, ਕਿਉਂਕਿ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲੈਣ ਵਾਲੀਆਂ ਧਰਮ ਨਿਰਪੱਖ ਅਤੇ ਖੱਬੇ-ਪੱਖੀ ਮਹਿਲਾਵਾਂ ਬਲਾਤਕਾਰ ਪਸੰਦ ਕਰਦੀਆਂ ਹਨ।'

ਵਿਆਪਕ ਵਿਰੋਧ ਪ੍ਰਦਰਸ਼ਨਾਂ ਦੇ ਵਿਚਕਾਰ ਰਾਸ਼ਟਰੀ ਸਵੈਮਸੇਵਕ ਸੰਘ (ਆਰ ਐੱਸ ਐੱਸ) ਦੀ ਕੇਰਲਾ ਇਕਾਈ ਦੇ ਅਧਿਕਾਰੀਆਂ ਨੇ ਮੋਹਨ ਦਾਸ ਦੇ ਬਿਆਨਾਂ ਤੋਂ ਆਪਣੇ ਆਪ ਨੂੰ ਦੂਰ ਕਰ ਲਿਆ ਹੈ। ਕਾਂਗਰਸ ਨੇ ਮੋਹਨ ਦਾਸ ਦੇ ਬਿਆਨਾਂ ਨੂੰ ਨਫਰਤੀ ਅਤੇ ਨਾਰੀ ਵਿਰੋਧੀ ਮਾਨਸਿਕਤਾ ਕਰਾਰ ਦਿੰਦਿਆਂ ਤੁਰੰਤ ਅਤੇ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਡੈਮੋਕਰੇਟਿਕ ਯੂਥ ਫੈਡਰੇਸ਼ਨ ਆਫ ਇੰਡੀਆ (ਡੀ ਵਾਈ ਐੱਫ ਆਈ) ਦੇ ਕੌਮੀ ਪ੍ਰਧਾਨ ਅਤੇ ਰਾਜ ਸਭਾ ਮੈਂਬਰ ਏ ਏ ਰਹੀਮ ਨੇ ਕਿਹਾ ਕਿ ਇਸ ਮਾਮਲੇ ਨਾਲ ਸਿਆਸੀ ਅਤੇ ਕਾਨੂੰਨੀ ਦੋਵਾਂ ਪੱਧਰਾਂ 'ਤੇ ਨਜਿੱਠਿਆ ਜਾਵੇਗਾ।

ਕੇਰਲਾ ਦੇ ਸਾਬਕਾ ਮੁੱਖ ਮੰਤਰੀ ਪਿਨਾਰਾਈ ਵਿਜਯਨ ਨੇ ਵੀ • ਬਾਕੀ ਸਫਾ 2 'ਤੇ

## ਜਾਪਾਨ 'ਚ ਜ਼ਬਰਦਸਤ ਭੂਚਾਲ : ਬਿਜਲੀ ਗੁੱਲ, ਰੇਲ ਤੇ ਹਵਾਈ ਸੇਵਾਵਾਂ ਠੱਪ




**ਟੋਕੀਓ :** ਦੱਖਣੀ ਜਾਪਾਨ ਦੇ ਕੁਮਾਮੋਟੋ ਪ੍ਰਾਂਤ ਵਿੱਚ ਮੰਗਲਵਾਰ ਨੂੰ 7.1 ਦੀ ਤੀਬਰਤਾ ਵਾਲਾ ਭੂਚਾਲ ਆਇਆ, ਜਿਸ ਨਾਲ ਹਜ਼ਾਰਾਂ ਘਰਾਂ ਦੀ ਬਿਜਲੀ ਗੁੱਲ ਹੋ ਗਈ, ਆਵਾਜਾਈ ਠੱਪ ਹੋ ਗਈ ਅਤੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣਾ ਪਿਆ। ਨਾਲ ਹੀ ਬਾਅਦ ਵਿੱਚ ਆਉਣ ਵਾਲੇ ਭੂਚਾਲ ਦੇ ਝਟਕਿਆਂ ਲਈ ਚਿਤਾਵਨੀ ਜਾਰੀ ਕੀਤੀ • ਬਾਕੀ ਸਫਾ 2 'ਤੇ

## ਭਾਜਪਾ ਪੰਜਾਬੀਆਂ ਦੀ ਸਾਖ ਨੂੰ ਢਾਹ ਲਾਉਣ ਲਈ ਲਾ ਰਹੀ ਝੂਠੇ ਦੋਸ਼ : ਮਾਨ

**ਨਵੀਂ ਦਿੱਲੀ (ਨ ਜ਼ ਸ)**

ਝੂਠੇ ਪੇਪਰ ਲੀਕ ਦੇ ਦੋਸ਼ਾਂ ਰਾਹੀਂ ਪੰਜਾਬ ਅਤੇ ਇਸ ਦੇ ਮਿਹਨਤੀ ਨੌਜਵਾਨਾਂ ਦੀ ਸਾਖ ਨੂੰ ਢਾਹ ਲਗਾਉਣ ਦੀ ਕੋਸ਼ਿਸ਼ ਕਰਨ 'ਤੇ ਭਾਜਪਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਕਰੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਇਥੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਬਿਨਾਂ ਕਿਸੇ ਪੈਸੇ, ਫ਼ਰਮਾਇਸ਼ ਅਤੇ ਪੇਪਰ ਲੀਕ ਤੋਂ ਸਿਰਫ਼ ਯੋਗਤਾ ਦੇ ਅਧਾਰ 'ਤੇ 69,000 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਆਪਣੀ ਸੰਸਦ ਫੇਰੀ ਦੌਰਾਨ ਮੁੱਖ ਮੰਤਰੀ ਨੇ ਲੋਕ ਸਭਾ ਸਪੀਕਰ ਓਮ ਬਿਰਲਾ, ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਅਤੇ ਹੋਰ ਸੰਸਦ ਮੈਂਬਰਾਂ ਨਾਲ ਮੁਲਾਕਾਤ ਕੀਤੀ। ਮੁੱਖ



ਮੰਤਰੀ ਨੇ ਕਿਹਾ ਕਿ ਭਾਜਪਾ ਨੂੰ ਰਾਜਨੀਤਿਕ ਲਾਭ ਲਈ ਪੰਜਾਬੀਆਂ ਨੂੰ ਬਦਨਾਮ ਕਰਨਾ ਬੰਦ ਕਰਨਾ ਚਾਹੀਦਾ ਹੈ ਅਤੇ ਇਸ ਦੀ ਬਜਾਏ ਉਨ੍ਹਾਂ ਨਾਲ ਆਪਣੀ ਰਾਜਨੀਤਿਕ ਲੜਾਈ ਲੜਨੀ ਚਾਹੀਦੀ ਹੈ।ਮੀਡੀਆ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ "ਲੋਕਤੰਤਰ ਦੀ ਖ਼ੂਬਸੂਰਤੀ ਇਹ ਹੈ ਕਿ ਲੋਕਾਂ ਨੂੰ ਇੱਕ ਦੂਜੇ ਨਾਲ ਮਿਲਦੇ ਰਹਿਣਾ ਚਾਹੀਦਾ ਹੈ ਅਤੇ ਗੱਲਬਾਤ ਕਰਦੇ ਰਹਿਣਾ ਚਾਹੀਦਾ ਹੈ। ਰਾਜਨੀਤੀ ਵਿੱਚ • ਬਾਕੀ ਸਫਾ 2 'ਤੇ

## ਮੇਰੀ ਸਕਿਉਰਟੀ ਵਾਪਸ ਲੈ ਲਓ : ਸੀਚੇਵਾਲ

**ਸ਼ਾਹਕੋਟ (ਗਿਆਨ ਸੈਦਪੁਰੀ)**-ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਪਣੀ ਸੁਰੱਖਿਆ ਵਾਪਸ ਕਰਨ ਦਾ ਫ਼ੈਸਲਾ ਕੀਤਾ ਹੈ ਤੇ ਕਿਹਾ ਹੈ ਕਿ ਮੈਨੂੰ ਕੋਈ ਖਤਰਾ ਨਹੀਂ ਹੈ। ਡੀ.ਜੀ.ਪੀ. ਨੂੰ ਲਿਖੇ ਪੱਤਰ ਵਿੱਚ ਸੀਚੇਵਾਲ ਨੇ ਆਪਣੀ ਸੁਰੱਖਿਆ ਵਿੱਚ ਤਾਇਨਾਤ ਸੁਰੱਖਿਆ ਜਵਾਨਾਂ ਨੂੰ ਤੁਰੰਤ ਹਟਾਉਣ ਲਈ ਕਿਹਾ ਹੈ। ਰਾਜ ਸਭਾ ਮੈਂਬਰ ਨੇ ਲਿਖਿਆ ਹੈ ਕਿ ਜ਼ਿਲ੍ਹਾ ਜਲੰਧਰ ਦੇ ਲੋਹੀਆਂ ਇਲਾਕੇ ਅਤੇ ਸੁਲਤਾਨਪੁਰ ਲੋਧੀ ਪਵਿੱਤਰ ਵੇਈਂ ਦੇ ਕਿਨਾਰੇ ਵਧ ਰਹੀਆਂ ਲੁੱਟਾਂ-ਖੋਹਾਂ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਉਹ ਸੁਰੱਖਿਆ ਵਾਪਸ ਕਰਨੀ ਚਾਹੁੰਦੇ ਹਨ। ਸੀਚੇਵਾਲ ਦੇ ਨਾਲ ਛੇ ਸੁਰੱਖਿਆ ਜਵਾਨਾਂ ਦੀ ਤਾਇਨਾਤੀ ਹੈ। ਉਨ੍ਹਾ ਕਿਹਾ ਹੈ ਕਿ ਉਨ੍ਹਾਂ ਨਾਲ ਤਾਇਨਾਤ 6 ਸੁਰੱਖਿਆ ਮੁਲਾਜ਼ਮਾਂ ਵਿੱਚੋਂ ਤਿੰਨ ਨੂੰ ਥਾਣਾ ਲੋਹੀਆਂ ਖ਼ਾਸ ਅਤੇ ਤਿੰਨ ਦੀ ਤਾਇਨਾਤੀ ਥਾਣਾ ਸੁਲਤਾਨਪੁਰ ਲੋਧੀ ਵਿੱਚ ਕੀਤੀ ਜਾਵੇ, ਕਿਉਂਕਿ ਇਨ੍ਹਾਂ ਮੁਲਾਜ਼ਮਾਂ ਦੀ ਲੋੜ ਲੋਕਾਂ ਦੀ ਹਿਫ਼ਾਜ਼ਤ ਲਈ ਥਾਣਿਆਂ ਵਿੱਚ ਵਧੇਰੇ ਹੈ।

## ਜ਼ਹਿਰੀਲੀ ਗੈਸ ਨਾਲ ਦੋ ਮੌਤਾਂ

**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਇਥੇ ਮੰਗਲਵਾਰ ਵਿਕਾਸ ਨਗਰ 'ਚ ਨਾਲੇ ਦੀ ਸਫਾਈ ਕਰਦੇ ਸਮੇਂ ਜ਼ਹਿਰੀਲੀ ਗੈਸ ਚੜ੍ਹਨ ਕਾਰਨ 2 ਜਣਿਆਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਭੋਲਾ ਰਾਮ (41) ਅਤੇ ਸੰਨੀ (36) ਵਜੋਂ ਹੋਈ ਹੈ। ਦੋਵੇਂ ਵਿਕਾਸ ਨਗਰ ਦੇ ਹੀ ਰਹਿਣ ਵਾਲੇ ਸਨ। ਇਲਾਕਾ ਵਾਸੀਆਂ ਦੇ ਕਹਿਣ 'ਤੇ ਇਹ ਦੋਵੇਂ ਜਾਮ ਹੋਏ ਸੀਵਰੇਜ ਨਾਲੇ ਨੂੰ ਖੋਲ੍ਹਣ ਲੱਗੇ। ਹਾਲਾਂਕਿ ਦੋਵੇਂ ਪੇਸ਼ੇ ਤੋਂ ਸਰਕਾਰੀ ਸਫਾਈ ਕਰਮਚਾਰੀ ਨਹੀਂ ਸਨ। ਨਾਲੇ ਵਿੱਚੋਂ ਨਿਕਲੀ ਜ਼ਹਿਰੀਲੀ ਗੈਸ ਕਾਰਨ ਦੋਵੇਂ ਬੇਹੋਸ਼ ਹੋ ਕੇ ਡਿੱਗ ਪਏ। ਲੋਕਾਂ ਨੇ ਬੜੀ ਮੁਸ਼ਕਲ ਨਾਲ ਦੋਵਾਂ ਨੂੰ ਬਾਹਰ ਕੱਢਿਆ ਅਤੇ ਤੁਰੰਤ ਸਰਕਾਰੀ ਰਾਜਿੰਦਰਾ ਹਸਪਤਾਲ ਪਹੁੰਚਾਇਆ। ਡਾਕਟਰਾਂ ਨੇ ਜਾਂਚ ਤੋਂ ਬਾਅਦ ਦੋਵਾਂ ਨੂੰ ਮ੍ਰਿਤਕ ਐਲਾਨ ਦਿੱਤਾ। ਇਲਾਕਾ ਵਾਸੀਆਂ ਨੇ ਦੋਸ਼ ਲਾਇਆ ਕਿ ਨਾਲੇ ਦੀ ਸਫਾਈ ਕਰਵਾਉਣ ਲਈ ਉਨ੍ਹਾਂ ਪ੍ਰਸ਼ਾਸਨ ਨੂੰ ਕਈ ਵਾਰ ਸ਼ਿਕਾਇਤਾਂ ਕੀਤੀਆਂ ਸਨ, ਪਰ ਕੋਈ ਸੁਣਵਾਈ ਨਹੀਂ ਹੋਈ। ਲੋਕਾਂ ਨੂੰ ਮਜਬੂਰਨ ਪ੍ਰਾਈਵੇਟ ਤੌਰ 'ਤੇ ਸਫਾਈ ਕਰਵਾਉਣੀ ਪਈ, ਜਿਸ ਦੇ ਨਤੀਜੇ ਵਜੋਂ ਇਹ ਵੱਡਾ ਹਾਦਸਾ ਵਾਪਰ ਗਿਆ।

## ਕਾਨੂੰਨੀ ਫੰਡ 'ਚ ਸਿੱਬਲ ਵੱਲੋਂ ਇੱਕ ਕਰੋੜ ਦਾ ਯੋਗਦਾਨ

**ਨਵੀਂ ਦਿੱਲੀ :** ਸੀਨੀਅਰ ਵਕੀਲ ਕਪਿਲ ਸਿੱਬਲ ਨੇ ਐਲਾਨ ਕੀਤਾ ਕਿ ਉਹ ਕੌਕਰੋਚ ਜਨਤਾ ਪਾਰਟੀ ਵੱਲੋਂ ਬਣਾਏ ਗਏ ਫੰਡ ਵਿੱਚ 1 ਕਰੋੜ ਰੁਪਏ ਦਾ ਯੋਗਦਾਨ ਪਾਉਣਗੇ। ਇਹ ਫੰਡ ਹਾਲ ਹੀ ਦੇ ਅੰਦੋਲਨ ਦੌਰਾਨ ਦਿੱਲੀ ਪੁਲਸ ਅਤੇ ਹੋਰਨਾਂ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਪ੍ਰਦਰਸ਼ਨਕਾਰੀਆਂ ਅਤੇ ਵਿਦਿਆਰਥੀਆਂ ਨੂੰ ਕਾਨੂੰਨੀ ਸਹਾਇਤਾ ਦੇਣ ਲਈ ਕਾਇਮ ਕੀਤਾ ਗਿਆ ਹੈ। ਸੀ.ਜੇ.ਪੀ. ਦੇ ਬੁਲਾਰੇ ਸੌਰਵ ਦਾਸ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਭਰੋਸੇ ਦੇ ਬਾਵਜੂਦ ਦੇਸ਼ ਭਰ ਵਿੱਚ ਵਿਦਿਆਰਥੀਆਂ ਵਿਰੁੱਧ ਅਪਰਾਧਿਕ ਮਾਮਲੇ ਦਰਜ ਕੀਤੇ ਜਾਣ ਦਾ ਡਰ ਬਣਿਆ ਹੋਇਆ ਹੈ। ਪਾਰਟੀ ਗ੍ਰਿਫ਼ਤਾਰ ਕੀਤੇ ਗਏ ਵਿਦਿਆਰਥੀਆਂ ਨੂੰ ਕਾਨੂੰਨੀ ਮਦਦ ਦਿਵਾਉਣ ਲਈ ਸੁਪਰੀਮ ਕੋਰਟ ਦੇ ਵਕੀਲਾਂ ਦੇ ਸੰਪਰਕ ਵਿੱਚ ਹੈ। ਸਿੱਬਲ ਨੇ ਵਿੱਤੀ ਮਦਦ ਦੇਣ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਭਾਰਤ ਵਿੱਚ ਜਿੱਥੇ ਵੀ ਸ਼ਾਂਤਮਈ ਪ੍ਰਦਰਸ਼ਨ ਹੋਏ ਹਨ, ਚਾਹੇ ਉਹ ਬਿਹਾਰ ਹੋਵੇ, ਅਸਾਮ, ਬੰਗਾਲ ਜਾਂ ਮਹਾਰਾਸ਼ਟਰ ਅਤੇ ਜਿੱਥੇ ਵੀ ਪ੍ਰਦਰਸ਼ਨਕਾਰੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ, ਉਨ੍ਹਾਂ ਦੇ ਵਕੀਲ ਕਾਨੂੰਨੀ ਸਹਾਇਤਾ ਪ੍ਰਦਾਨ ਕਰਨਗੇ। ਸਿੱਬਲ ਨੇ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਮੰਗ ਹੈ ਕਿ ਕੋਈ ਵੀ ਐੱਫ.ਆਈ.ਆਰ. ਨਹੀਂ ਹੋਣੀ ਚਾਹੀਦੀ ਅਤੇ ਜੇ ਦਰਜ ਹੋ ਚੁੱਕੀਆਂ ਹਨ ਤਾਂ ਉਹ ਵਾਪਸ ਲਈਆਂ ਜਾਣੀਆਂ ਚਾਹੀਦੀਆਂ ਹਨ। ਸਿੱਬਲ ਨੇ ਇਹ ਵੀ ਦੱਸਿਆ ਕਿ ਸੀ.ਜੇ.ਪੀ. ਵੱਲੋਂ ਵੈੱਬਸਾਈਟ ਬਣਾਈ ਜਾਵੇਗੀ, ਜਿਸ ਵਿੱਚ ਉਨ੍ਹਾਂ ਵਿਦਿਆਰਥੀਆਂ ਦਾ ਵੇਰਵਾ ਹੋਵੇਗਾ, ਜਿਨ੍ਹਾਂ 'ਤੇ ਐੱਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਵੈੱਬਸਾਈਟ ਰਾਹੀਂ ਉਹ ਵਕੀਲ ਵੀ ਜੁੜ ਸਕਣਗੇ, ਜੋ ਬਿਨਾਂ ਕਿਸੇ ਫ਼ੀਸ ਜਾਂ ਹੋਰ ਤਰੀਕੇ ਨਾਲ ਮਦਦ ਕਰਨਾ ਚਾਹੁੰਦੇ ਹਨ।

## ਮੋਦੀ ਕੈਮਰੇ ਦਾ ਨਹੀਂ, ਦਿਲ ਦਾ ਐਂਗਲ ਬਦਲਣ : ਪ੍ਰਿਅੰਕਾ

**ਨਵੀਂ ਦਿੱਲੀ (ਨ ਜ਼ ਸ)**



ਸੀਨੀਅਰ ਕਾਂਗਰਸ ਆਗੂ ਪ੍ਰਿਅੰਕਾ ਗਾਂਧੀ ਨੇ ਲੋਕ ਸਭਾ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸਵਾਲ ਕੀਤਾ ਕਿ ਵਿਦਿਆਰਥੀਆਂ ਉੱਤੇ ਅੱਥਰੂ ਗੈਸ, ਲਾਠੀਚਾਰਜ, ਪੈਲੇਟ ਗੰਨ ਆਦਿ ਵਰਗੇ ਹਥਿਆਰ ਵਰਤਣ ਦੀ ਕੀ ਲੋੜ ਸੀ। ਉਨ੍ਹਾ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਜਵਾਬ ਮੰਗਿਆ ਕਿ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਪੈਲੇਟ ਗੰਨ ਦੀ ਵਰਤੋਂ ਕਰਨ ਦੀ ਇਜਾਜ਼ਤ ਕਿਸ ਨੇ ਦਿੱਤੀ ਸੀ। ਉਨ੍ਹਾ ਕਿਹਾ ਕਿ ਵਿਦਿਆਰਥੀਆਂ ਨੇ ਆਪਣੇ ਦੁੱਖ ਨੂੰ ਪ੍ਰਦਰਸ਼ਨਾਂ ਜ਼ਰੀਏ ਜ਼ਾਹਰ ਕੀਤਾ ਸੀ ਅਤੇ ਉਹ ਸਿੱਖਿਆ ਮੰਤਰੀ ਦਾ ਅਸਤੀਫਾ ਅਤੇ ਉਨ੍ਹਾਂ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਚਾਹੁੰਦੇ ਸਨ, ਜਿਨ੍ਹਾਂ ਕਾਰਨ ਉਨ੍ਹਾਂ ਦਾ ਭਵਿੱਖ ਖਤਰੇ ਵਿਚ ਹੈ।

ਪ੍ਰਿਅੰਕਾ ਨੇ ਪ੍ਰਧਾਨ ਮੰਤਰੀ ਉੱਤੇ ਤਨਜ਼ ਕੱਸਦਿਆਂ ਇਹ ਵੀ ਕਿਹਾ ਕਿ ਜੇਕਰ ਤੁਸੀਂ ਨੌਜਵਾਨ ਪੀੜ੍ਹੀ (ਜੈੱਨ ਜ਼ੀ) ਦਾ ਭਰੋਸਾ ਜਿੱਤਣਾ ਚਾਹੁੰਦੇ ਹੋ, ਤਾਂ ਵੱਖ-ਵੱਖ ਕੈਮਰੇ ਦੇ ਐਂਗਲਾਂ ਤੋਂ ਵੀਡੀਓ ਬਣਾਉਣ ਨਾਲ ਕੋਈ ਫ਼ਰਕ ਨਹੀਂ ਪਵੇਗਾ। ਮੋਦੀ ਜੀ ਨੂੰ ਕੈਮਰੇ ਦੀ ਥਾਂ ਆਪਣੇ ਦਿਲ ਦਾ ਐਂਗਲ ਬਦਲਣ ਦੀ ਲੋੜ ਹੈ। ਦੇਸ਼ ਦੀ ਸਿੱਖਿਆ ਅਤੇ ਪ੍ਰੀਖਿਆ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਫੇਲ੍ਹ ਕਰਾਰ ਦਿੰਦਿਆਂ ਉਨ੍ਹਾ ਕਿਹਾ ਕਿ ਪਿਛਲੇ 10 ਸਾਲਾਂ ਵਿੱਚ 152 ਪੇਪਰ ਲੀਕ ਹੋ ਚੁੱਕੇ ਹਨ, ਪਰ ਇੱਕ ਵੀ ਮਾਫ਼ੀਆ ਨੂੰ ਸਜ਼ਾ ਨਹੀਂ ਦਿੱਤੀ ਗਈ। ਉਨ੍ਹਾ ਫਾਸਟ ਟਰੈਕ ਕੋਰਟਾਂ ਦੇ ਰਿਕਾਰਡ ਉੱਤੇ ਸਵਾਲ ਉਠਾਉਂਦਿਆਂ ਕਿਹਾ ਕਿ ਇਨ੍ਹਾਂ ਦਾ ਰਿਕਾਰਡ ਬਹੁਤ ਮਾੜਾ ਹੈ ਅਤੇ ਇਸ ਮਾਮਲੇ ਵਿੱਚ ਤਾਂ ਪਹਿਲੀ ਸੁਣਵਾਈ 'ਤੇ ਸੀ ਬੀ ਆਈ ਦਾ ਵਕੀਲ ਹੀ ਪੇਸ਼ ਨਹੀਂ ਹੋਇਆ। ਉਨ੍ਹਾ ਕਿਹਾ ਕਿ ਅੱਜ ਦੀ ਜਨਰੇਸ਼ਨ ਨੂੰ ਸਭ ਪਤਾ ਹੈ ਕਿ • ਬਾਕੀ ਸਫਾ 2 'ਤੇ

## ਨਹੀਂ ਟਲਦੀ ਕੰਗਨਾ

**ਮੁੰਬਈ :** ਭਾਰਤੀ ਜਨਤਾ ਪਾਰਟੀ ਦੀ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਦੇ ਇੱਕ ਬਿਆਨ ਨੇ ਦੇਸ਼ ਭਰ ਵਿੱਚ ਵੱਡਾ ਸਿਆਸੀ ਬਵਾਲ ਖੜ੍ਹਾ ਕਰ ਦਿੱਤਾ ਹੈ। ਦਿੱਲੀ ਦੇ ਜੰਤਰ-ਮੰਤਰ 'ਤੇ ਪ੍ਰਦਰਸ਼ਨਕਾਰੀ ਜਨਰੇਸ਼ਨ ਜ਼ੀ ਦੇ ਨੌਜਵਾਨਾਂ 'ਤੇ ਨਿਸ਼ਾਨਾ ਸੇਧਦਿਆਂ ਉਨ੍ਹਾਂ ਨੂੰ 'ਜਨਰੇਸ਼ਨ ਗਟਰ' ਅਤੇ 'ਕੌਕਰੋਚ' ਕਹਿ ਦਿੱਤਾ। ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਅਤੇ ਏ.ਆਈ.ਐੱਮ.ਆਈ.ਐੱਮ. ਦੇ ਆਗੂਆਂ ਨੇ ਭਾਜਪਾ ਆਗੂ ਕੰਗਨਾ ਖਿਲਾਫ ਮੋਰਚਾ ਖੋਲ੍ਹ ਦਿੱਤਾ ਹੈ। ਕੰਗਨਾ ਰਣੌਤ ਨੇ ਸੋਸ਼ਲ ਮੀਡੀਆ 'ਤੇ ਪ੍ਰਦਰਸ਼ਨਕਾਰੀ ਨੌਜਵਾਨਾਂ ਦੀਆਂ ਵਾਇਰਲ ਵੀਡੀਓਜ਼ ਅਤੇ ਰੀਲ੍ਹਾਂ 'ਤੇ ਇਤਰਾਜ਼ ਜਤਾਉਂਦਿਆਂ ਲਿਖਿਆ ਕਿ ਉਨ੍ਹਾਂ ਨੂੰ ਇਹ ਸਭ ਦੇਖ ਕੇ 'ਉਲਟੀ ਆਉਣ ਵਰਗਾ' ਮਹਿਸੂਸ ਹੋ ਰਿਹਾ ਹੈ। ਕੰਗਨਾ ਨੇ ਲਿਖਿਆ, 'ਮੈਂ ਆਪਣੀ ਜ਼ਿੰਦਗੀ ਵਿੱਚ ਕਦੇ ਵੀ ਇੱਕ ਜਗ੍ਹਾ 'ਤੇ ਇੰਨੀ ਬਦਸੂਰਤੀ ਨਹੀਂ ਦੇਖੀ। ਜਿਸ ਤਰ੍ਹਾਂ ਦੀ ਭਾਸ਼ਾ ਇਹ ਜੈੱਨ ਜੀ ਪ੍ਰਦਰਸ਼ਨਕਾਰੀ ਵਰਤ ਰਹੇ ਹਨ,



ਉਹ ਬਹੁਤ ਹੀ ਗੰਦੀ ਅਤੇ ਬਦਨੁਮਾ ਹੈ। ਇਨ੍ਹਾਂ ਨੂੰ ਜਨਮ ਦੇਣ ਵਾਲੇ ਅਤੇ ਪਾਲਣ ਵਾਲੇ ਕੌਣ ਹਨ? ਆਪਣੀ ਅਗਲੀ ਪੋਸਟ ਵਿੱਚ ਪ੍ਰਦਰਸ਼ਨਕਾਰੀਆਂ 'ਤੇ ਸ਼ਬਦੀ ਹਮਲਾ ਜਾਰੀ ਰੱਖਦਿਆਂ ਕੰਗਨਾ ਨੇ ਲਿਖਿਆ, "ਤੁਸੀਂ ਆਪਣੇ ਆਪ ਨੂੰ ਕੌਕਰੋਚ ਕਹਿੰਦੇ ਹੋ ਅਤੇ ਉਨ੍ਹਾਂ ਵਰਗਾ ਹੀ ਵਿਵਹਾਰ ਕਰਦੇ ਹੋ। ਤੁਸੀਂ ਦੁਨੀਆ ਸਾਹਮਣੇ ਆਪਣਾ ਕੂੜਾ ਅਤੇ ਗੰਦਗੀ ਹੀ ਪਰੋਸ ਰਹੇ ਹੋ।" ਉਸ ਨੇ ਇੱਥੋਂ ਤੱਕ ਲਿਖ ਦਿੱਤਾ ਕਿ ਇਹ ਨੌਜਵਾਨ ਪੜ੍ਹਾਈ 'ਚ ਚੰਗੇ ਨਹੀਂ ਹਨ, ਮਾਪਿਆਂ ਦੀ ਕਮਾਈ 'ਤੇ ਐਸ਼ ਕਰਦੇ ਹਨ ਅਤੇ ਇੰਨੇ ਨਕਾਰਾ ਹਨ ਕਿ ਘਰੇਲੂ ਕੰਮ ਵੀ ਨਹੀਂ ਕਰ ਸਕਦੇ। ਕੰਗਨਾ ਦੇ ਇਸ ਬਿਆਨ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਆਮ ਲੋਕਾਂ ਅਤੇ ਨੇਟੀਜ਼ਨਾਂ ਦਾ ਗੁੱਸਾ ਵੀ ਸੱਤਵੇਂ ਆਸਮਾਨ 'ਤੇ ਪਹੁੰਚ ਗਿਆ। ਕਈ ਯੂਜ਼ਰਜ਼ ਨੇ ਕੰਗਨਾ ਨੂੰ ਉਸ ਦੇ ਬਾਲੀਵੁੱਡ ਦੇ ਪੁਰਾਣੇ ਦਿਨ ਯਾਦ ਦਿਵਾਉਂਦਿਆਂ ਲਿਖਿਆ, "ਕੀ ਇਹ ਮਹਿਲਾ ਆਪਣੀਆਂ ਬੌਲੀਵੁੱਡ ਪਾਰਟੀਆਂ ਦੇ ਦਿਨਾਂ ਦੀ ਬਦਸੂਰਤੀ ਭੁੱਲ ਗਈ ਹੈ?" ਇੱਕ ਹੋਰ ਯੂਜ਼ਰ ਨੇ ਲਿਖਿਆ, "ਜਦੋਂ ਨੀਟ ਪੇਪਰ ਲੀਕ ਹੋਇਆ ਜਾਂ ਵਿਦਿਆਰਥੀ ਖੁਦਕੁਸ਼ੀਆਂ ਕਰ ਰਹੇ ਸਨ, ਉਦੋਂ ਤਾਂ ਇਹ ਇੱਕ ਵਾਰ ਵੀ ਨਹੀਂ ਬੋਲੀ, ਪਰ ਅੱਜ ਵਿਦਿਆਰਥੀ ਅੰਦੋਲਨ 'ਤੇ ਬੋਲਣ ਦਾ ਹੌਸਲਾ ਵਿਖਾ ਰਹੀ ਹੈ। ਕਾਂਗਰਸ ਨੇਤਾ ਭਾਈ ਜਗਤਾਪ ਨੇ ਕੰਗਨਾ 'ਤੇ ਨਿਸ਼ਾਨਾ ਸੇਧਦਿਆਂ ਕਿਹਾ, "ਜਿਸ ਤਰ੍ਹਾਂ ਪ੍ਰਦਰਸ਼ਨ ਦੌਰਾਨ ਸਾਡੇ ਬੱਚਿਆਂ ਅਤੇ ਧੀਆਂ ਨੂੰ • ਬਾਕੀ ਸਫਾ 2 'ਤੇ

## ਨਾਬਾਲਗ ਪ੍ਰਦਰਸ਼ਨਕਾਰੀ ਰਿਹਾਅ ਕਰਨ ਦੇ ਨਿਰਦੇਸ਼

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਮੰਗਲਵਾਰ ਨੂੰ 18 ਸਾਲ ਤੋਂ ਘੱਟ ਉਮਰ ਦੇ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਨੂੰ ਰਿਹਾਅ ਕਰਨ ਦੇ ਨਿਰਦੇਸ਼ ਦਿੱਤੇ, ਜਿਨ੍ਹਾਂ ਦਾ ਕੋਈ ਅਪਰਾਧਿਕ ਰਿਕਾਰਡ ਨਹੀਂ ਹੈ ਅਤੇ ਅਧਿਕਾਰੀਆਂ ਨੂੰ ਨੀਟ ਪੇਪਰ ਲੀਕ ਨੂੰ ਲੈ ਕੇ ਹਾਲ ਹੀ ਵਿੱਚ ਦੇਸ਼ ਵਿਆਪੀ ਹੰਗਾਮੇ ਨਾਲ ਸੰਬੰਧਤ ਇਲੈਕਟਰਾਨਿਕ ਅਤੇ ਡਿਜੀਟਲ ਸਬੂਤ ਸੁਰੱਖਿਅਤ ਰੱਖਣ ਲਈ ਕਿਹਾ।

ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਮਹਿਸੂਸ ਕੀਤਾ ਕਿ ਵਿਦਿਆਰਥੀਆਂ ਵਿਰੁੱਧ ਪੁਲਸ ਵਧੀਕੀਆਂ ਦੇ ਦੋਸ਼ਾਂ ਦੀ ਪਹਿਲੀ ਨਜ਼ਰੇ ਨਿਰਪੱਖ ਅਤੇ ਸੁਤੰਤਰ ਜਾਂਚ ਦੀ ਲੋੜ ਹੈ। ਪ੍ਰਦਰਸ਼ਨ ਦੌਰਾਨ ਪੁਲਸ ਦੀ ਬੇਰਹਿਮੀ ਦਾ ਦੋਸ਼ ਲਗਾਉਣ ਵਾਲੀਆਂ ਪਟੀਸ਼ਨਾਂ ਦੀ ਸੁਣਵਾਈ ਕਰਦੇ ਹੋਏ ਸੁਪਰੀਮ ਕੋਰਟ ਨੇ ਕਈ ਅੰਤਰਿਮ ਨਿਰਦੇਸ਼ ਜਾਰੀ ਕੀਤੇ। ਬੈਂਚ, ਜਿਸ ਵਿੱਚ ਜਸਟਿਸ ਜੋਇਮਲਿਆ ਬਾਗਚੀ ਅਤੇ ਵੀ ਮੋਹਨਾ ਵੀ ਸ਼ਾਮਲ ਸਨ, ਨੇ ਉਨ੍ਹਾਂ ਸਾਰੇ ਰਾਜਾਂ ਜਿੱਥੇ ਵਿਰੋਧ ਪ੍ਰਦਰਸ਼ਨ ਕੀਤੇ ਗਏ ਸਨ, ਨੂੰ ਨਿਰਦੇਸ਼ ਦਿੱਤੇ ਕਿ ਸੀ ਸੀ ਟੀ ਵੀ ਫੁਟੇਜ, ਡਰੋਨ ਰਿਕਾਰਡਿੰਗ, ਬਾਡੀ-ਕੈਮਰਾ ਫੁਟੇਜ, ਵਾਇਰਲੈੱਸ ਸੰਚਾਰ ਰਿਕਾਰਡ, ਪੀ ਸੀ ਆਰ ਲੌਗ ਅਤੇ ਪ੍ਰਦਰਸ਼ਨਾਂ ਨਾਲ ਸੰਬੰਧਤ ਹੋਰ ਡਿਜੀਟਲ ਸਬੂਤ ਸੁਰੱਖਿਅਤ ਰੱਖਣ। ਬੈਂਚ ਨੇ ਅਧਿਕਾਰੀਆਂ ਨੂੰ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਕੋਈ ਵੀ ਜ਼ਬਰਦਸਤੀ ਕਾਰਵਾਈ ਕਰਨ ਤੋਂ ਰੋਕਦੇ ਹੋਏ ਕਿਹਾ ਕਿ ਇਹ ਸੁਰੱਖਿਆ ਅਪਰਾਧਿਕ ਪਿਛੋਕੜ ਵਾਲੇ ਵਿਅਕਤੀਆਂ ਲਈ ਨਹੀਂ ਹੈ। ਬੈਂਚ ਨੇ ਦਿੱਲੀ ਸਰਕਾਰ ਨੂੰ ਦਰਜ ਕੀਤੀਆਂ ਗਈਆਂ ਐੱਫ ਆਈ ਆਰਜ਼ ਦੀ ਜਾਂਚ ਜਾਰੀ ਰੱਖਣ ਦੀ ਇਜਾਜ਼ਤ ਦਿੱਤੀ, ਪਰ ਕਿਹਾ ਕਿ ਕਾਰਵਾਈ ਦੇ ਲੰਬਿਤ ਰਹਿਣ ਦੌਰਾਨ ਯੋਗ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਕੋਈ • ਬਾਕੀ ਸਫਾ 2 'ਤੇ

## ਅੱਜ-ਨਾਮਾ

ਠੱਗੀ ਵੱਜਦੀ ਹੈ ਕਦੀ ਗੁਜਰਾਤ ਦੇ ਵਿੱਚ,
ਕਰਨਾਟਕ ਪਾਸੇ ਵੀ ਜਾਂਦੀ ਹੈ ਵੱਜ ਬੇਲੀ।
ਬਿਹਾਰ, ਯੂ ਪੀ ਜਾਂ ਦਿੱਲੀ ਵੀ ਵੱਜ ਜਾਵੇ,
ਕਰਦੇ ਹਰਿਆਣੇ ਦੇ ਠੱਗ ਨਾ ਰੱਜ ਬੇਲੀ।
ਮੁੰਬਈ ਅੰਦਰ ਵੀ ਠੱਗੀਆਂ ਨਿੱਤ ਵੱਜਣ,
ਲੱਭਦੇ ਠੱਗ ਨਿੱਤ ਨਵਾਂ ਕੋਈ ਪੱਜ ਬੇਲੀ।
ਸਕਿਆ ਨਾਹੀਂ ਪੰਜਾਬ ਵੀ ਬਚ ਇਸ ਤੋਂ,
ਕਿਧਰੇ ਕੱਲ੍ਹ ਠੱਗੀ, ਕਿਤੇ ਹੈ ਅੱਜ ਬੇਲੀ।
ਨਿਸ਼ਾਨੇ ਠੱਗਾਂ ਦੇ ਉੱਤੇ ਇਹ ਦੇਸ਼ ਸਾਰਾ,
ਠੱਗਾਂ ਦੀ ਵਧੀ ਤਾਂ ਜਾਂਦੀ ਭਰਮਾਰ ਬੇਲੀ।
ਵੇਖ ਲਉ ਰਾਜ ਦੇ ਆਗੂ ਜਾਂ ਕੇਂਦਰੀ ਨੂੰ,
ਰੜਕਦੀ ਕਿਤੇ ਵੀ ਨਹੀਂ ਸਰਕਾਰ ਬੇਲੀ।

-ਤੀਸ ਮਾਰ ਖਾਂ

# ਹਫਤੇ 'ਚ 70 ਘੰਟੇ ਕੰਮ ਦੀ ਵਕਾਲਤ ਕਰਨ ਵਾਲੇ ਨਾਰਾਇਣ ਮੂਰਤੀ ਦੀ ਇਨਫੋਸਿਸ ਨੂੰ ਫਰਾਂਸ 'ਚ ਜੁਰਮਾਨਾ

**ਪੈਰਿਸ (ਨ ਜ਼ ਸ)**-ਨਾਮੀ ਭਾਰਤੀ ਸਾਫਟਵੇਅਰ ਕੰਪਨੀ ਇਨਫੋਸਿਸ ਨੂੰ ਖੇਤਰੀ ਕਿਰਤ ਅਥਾਰਟੀ (ਡੀ ਆਰ ਆਈ ਈ ਈ ਟੀ ਐੱਸ) ਇਲੇ-ਡੀ-ਫਰਾਂਸ ਨੇ 175,000 ਯੂਰੋ ਦਾ ਜੁਰਮਾਨਾ ਲਗਾਇਆ ਹੈ, ਕਿਉਂਕਿ ਇਸ ਦੇ ਮੁਲਾਜ਼ਮ ਸਮਾਂ-ਟਰੈਕਿੰਗ ਸਿਸਟਮ ਨੇ ਸਥਾਨਕ ਕਿਰਤ ਕਾਨੂੰਨਾਂ ਦੀ ਪਾਲਣਾ ਨਹੀਂ ਕੀਤੀ। ਫਰਾਂਸੀਸੀ ਲੇਬਰ ਅਥਾਰਟੀ ਨੇ ਸਿੱਟਾ ਕੱਢਿਆ ਕਿ ਮੁਲਾਜ਼ਮਾਂ ਦੇ ਕੰਮ ਦੇ ਘੰਟਿਆਂ ਨੂੰ ਰਿਕਾਰਡ ਕਰਨ ਲਈ ਇਨਫੋਸਿਸ ਦਾ ਸਿਸਟਮ ਦੇਸ਼ ਦੀਆਂ ਕਾਨੂੰਨੀ ਜ਼ਰੂਰਤਾਂ ਨੂੰ ਪੂਰੀ ਤਰ੍ਹਾਂ ਪੂਰਾ ਨਹੀਂ ਕਰਦਾ ਸੀ। ਰੈਗੂਲੇਟਰ ਨੇ ਮੁਲਾਜ਼ਮਾਂ ਦੀਆਂ ਕੁਝ ਸ਼੍ਰੇਣੀਆਂ ਲਈ ਸਿਸਟਮ ਦੀ ਭਰੋਸੇਯੋਗਤਾ, ਆਡਿਟ ਯੋਗਤਾ ਅਤੇ ਨਿਗਰਾਨੀ ਸਮਰਥਾਵਾਂ ਵਿੱਚ ਕਮੀਆਂ ਦੀ ਪਛਾਣ ਕੀਤੀ।

ਫਰਾਂਸ ਵਿੱਚ ਕੰਪਨੀਆਂ ਨੂੰ ਕਾਨੂੰਨੀ ਤੌਰ 'ਤੇ ਮੁਲਾਜ਼ਮਾਂ ਦੇ ਕੰਮ ਕਰਨ ਦੇ ਘੰਟਿਆਂ ਨੂੰ ਟਰੈਕ ਅਤੇ ਰਿਕਾਰਡ ਕਰਨ ਦੀ ਲੋੜ ਹੁੰਦੀ ਹੈ। ਮਾਲਕਾਂ ਲਈ ਕੰਮ ਦੇ ਘੰਟਿਆਂ ਨੂੰ ਜਾਇਜ਼ ਠਹਿਰਾਉਣਾ ਜ਼ਰੂਰੀ ਹੁੰਦਾ ਹੈ ਅਤੇ ਮੁਲਾਜ਼ਮਾਂ ਨੂੰ ਕਿਸੇ ਵੀ ਸਮੇਂ ਆਪਣੇ ਸਮੇਂ ਦੇ ਰਿਕਾਰਡਾਂ ਤੱਕ ਪਹੁੰਚ ਕਰਨ ਦੀ ਆਗਿਆ ਦੇਣੀ ਹੁੰਦੀ ਹੈ। ਇਨਫੋਸਿਸ ਨੇ ਇਹ ਨਹੀਂ ਦੱਸਿਆ ਕਿ ਰੈਗੂਲੇਟਰ ਦੇ ਨਤੀਜਿਆਂ ਵਿੱਚ ਮੁਲਾਜ਼ਮਾਂ ਦੀਆਂ ਕਿਹੜੀਆਂ ਸ਼੍ਰੇਣੀਆਂ ਸ਼ਾਮਲ ਹਨ। ਕੰਪਨੀ ਨੇ ਇਹ ਵੀ ਖੁਲਾਸਾ ਨਹੀਂ ਕੀਤਾ ਕਿ ਕੀ ਫਰਾਂਸੀਸੀ ਅਥਾਰਟੀ ਨੇ ਪਾਲਣਾ ਮੁੱਦਿਆਂ ਨੂੰ ਹੱਲ ਕਰਨ ਲਈ ਇਸ ਨੂੰ ਆਪਣੇ ਮੌਜੂਦਾ ਕੰਮਕਾਜੀ ਸਮੇਂ ਦੀ ਰਿਕਾਰਡਿੰਗ ਪ੍ਰਣਾਲੀ ਵਿੱਚ ਬਦਲਾਅ ਕਰਨ ਲਈ ਨਿਰਦੇਸ਼ ਦਿੱਤੇ ਸਨ।

ਇਹ ਮਾਮਲਾ ਉਦੋਂ ਸਾਹਮਣੇ ਆਇਆ ਹੈ, ਜਦੋਂ ਇਨਫੋਸਿਸ ਭਾਰਤ ਵਿੱਚ ਆਪਣੇ ਦਫਤਰਾਂ ਦੇ ਮੁਲਾਜ਼ਮਾਂ ਨੂੰ ਵਾਧੂ ਸਮਾਂ ਕੰਮ ਕਰਨ ਲਈ ਕਹਿ ਰਹੀ ਹੈ। ਤਾਜ਼ਾ ਜੁਰਮਾਨਾ ਇਨਫੋਸਿਸ ਦੇ ਕੰਮਕਾਜੀ ਘੰਟਿਆਂ ਬਾਰੇ ਲੰਮੇ ਸਮੇਂ ਤੋਂ ਚੱਲ ਰਹੀ ਬਹਿਸ ਵਿੱਚ ਇੱਕ ਹੋਰ ਪਰਤ ਵੀ ਜੋੜਦਾ ਹੈ। ਕੰਪਨੀ ਦੇ ਬਾਨੀ ਨਾਰਾਇਣ ਮੂਰਤੀ ਨੇ ਕਿਹਾ ਸੀ ਕਿ ਭਾਰਤ ਨੂੰ ਵਿਸ਼ਵ ਪੱਧਰ 'ਤੇ ਮੁਕਾਬਲਾ ਕਰਨ ਵਿੱਚ ਮਦਦ ਕਰਨ ਲਈ ਭਾਰਤੀ ਮੁਲਾਜ਼ਮਾਂ ਨੂੰ ਹਫਤੇ ਵਿੱਚ 70 ਘੰਟੇ ਕੰਮ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਫਰਾਂਸ ਇੱਕ ਪੂਰੇ ਸਮੇਂ ਦੇ ਨਿੱਜੀ ਖੇਤਰ ਦੇ ਮੁਲਾਜ਼ਮ ਲਈ ਹਫਤੇ



ਵਿੱਚ 35 ਘੰਟੇ ਦਾ ਕਾਨੂੰਨੀ ਕੰਮਕਾਜੀ ਹਫਤਾ ਨਿਰਧਾਰਤ ਕਰਦਾ ਹੈ, ਜਿਸ ਨੂੰ ਕੁਝ ਅਹੁਦਿਆਂ ਅਤੇ ਭੂਮਿਕਾਵਾਂ ਵਿੱਚ 48 ਘੰਟਿਆਂ ਤੱਕ ਵਧਾਇਆ ਜਾ ਸਕਦਾ ਹੈ। ਫਰਾਂਸੀਸੀ ਸਰਕਾਰ ਦੇ ਜਨਤਕ-ਸੇਵਾ ਮਾਰਗ-ਦਰਸ਼ਨ ਮੁਤਾਬਕ ਇਹ ਉਹ ਸੀਮਾ ਹੈ, ਜਿੱਥੋਂ ਓਵਰਟਾਈਮ ਦੀ ਆਮ ਤੌਰ 'ਤੇ ਗਣਨਾ ਕੀਤੀ ਜਾਂਦੀ ਹੈ।

ਫੋਰਫੇਟ ਰੁਜ਼ਗਾਰ (ਪ੍ਰਤੀ ਸਾਲ ਦਿਨਾਂ ਦੀ ਨਿਸਚਿਤ ਗਿਣਤੀ) 'ਤੇ ਤਨਖਾਹਦਾਰ ਮੁਲਾਜ਼ਮਾਂ ਲਈ ਮਾਲਕਾਂ ਨੂੰ ਘੰਟਿਆਂ ਦੀ ਬਜਾਏ ਕੰਮ ਕੀਤੇ ਦਿਨਾਂ ਨੂੰ ਟਰੈਕ ਕਰਨਾ ਚਾਹੀਦਾ ਹੈ। 35 ਘੰਟਿਆਂ ਤੋਂ ਵੱਧ ਓਵਰਟਾਈਮ ਲਈ ਪਹਿਲੇ ਅੱਠ ਘੰਟਿਆਂ ਲਈ 125 ਪ੍ਰਤੀਸ਼ਤ ਅਤੇ ਉਸ ਤੋਂ ਬਾਅਦ 150 ਪ੍ਰਤੀਸ਼ਤ ਮੁਆਵਜ਼ਾ ਦਿੱਤਾ ਜਾਂਦਾ ਹੈ।

ਫਰੈਂਚ ਲੇਬਰ ਕੋਡ ਮਾਲਕਾਂ ਨੂੰ ਕੰਮ ਕਰਨ ਦੇ ਸਮੇਂ ਅਤੇ ਮੁਆਵਜ਼ਾ ਦੇਣ ਵਾਲਾ ਵਿਅਕਤੀਗਤ ਰਿਕਾਰਡ ਰੱਖਣ ਲਈ ਪਾਬੰਦ ਕਰਦਾ ਹੈ। ਜਦੋਂ ਇੱਕੋ ਯੂਨਿਟ ਦੇ ਮੁਲਾਜ਼ਮ ਇੱਕ ਸਾਂਝੀ ਸਮਾਂ-ਸਾਰਣੀ ਦੀ ਪਾਲਣਾ ਨਹੀਂ ਕਰਦੇ ਹਨ ਤਾਂ ਆਰਟੀਕਲ ਐੱਲ 3171-2 ਤਹਿਤ ਕੰਪਨੀ ਦੀ ਸਮਾਜਕ ਅਤੇ ਆਰਥਕ ਕਮੇਟੀ ਉਨ੍ਹਾਂ ਦਸਤਾਵੇਜ਼ਾਂ ਦੀ ਜਾਂਚ ਕਰ ਸਕਦੀ ਹੈ। ਜਿੱਥੇ ਘੰਟੇ ਇੱਕ ਆਟੋਮੈਟਿਕ ਰਿਕਾਰਡਿੰਗ ਸਿਸਟਮ ਰਾਹੀਂ ਗਿਣੇ ਜਾਂਦੇ ਹਨ, ਆਰਟੀਕਲ ਐੱਲ 3171-4 ਉਸ ਸਿਸਟਮ ਨੂੰ ਭਰੋਸੇਯੋਗ ਅਤੇ ਜਾਲ੍ਹਸਾਜ਼ੀ ਤੋਂ ਸੁਰੱਖਿਅਤ ਰੱਖਣ ਦੀ ਮੰਗ ਕਰਦਾ ਹੈ। ਯੂਰਪੀਅਨ ਯੂਨੀਅਨ ਦੀ ਅਦਾਲਤ ਨੇ 2019 ਵਿੱਚ ਫੈਸਲਾ ਸੁਣਾਇਆ ਸੀ ਕਿ ਮੈਂਬਰ ਦੇਸ਼ ਮਾਲਕਾਂ ਲਈ ਇੱਕ 'ਨਿਰਪੱਖ, ਭਰੋਸੇਮੰਦ ਅਤੇ ਪਹੁੰਚਯੋਗ' ਪ੍ਰਣਾਲੀ ਸਥਾਪਤ ਕਰਾਉਣ, ਜੋ ਹਰੇਕ ਮੁਲਾਜ਼ਮ ਦੇ ਰੋਜ਼ਾਨਾ ਘੰਟਿਆਂ ਨੂੰ ਮਾਪਣ ਦੇ ਸਮਰੱਥ ਹੋਵੇ।

ਜੁਰਮਾਨੇ ਦੀ ਖਬਰ ਆਉਣ ਤੋਂ ਥੋੜ੍ਹੀ ਦੇਰ ਬਾਅਦ ਸੋਸ਼ਲ ਮੀਡੀਆ 'ਤੇ ਕੁਝ ਨੇਟੀਜ਼ਨਾਂ ਨੇ ਇਸ ਖਬਰ ਦਾ ਜਸ਼ਨ ਮਨਾਇਆ। ਇੱਕ ਨੇਟੀਜ਼ਨ ਨੇ ਐੱਕਸ 'ਤੇ ਨੋਟ ਕੀਤਾ, 'ਫਰਾਂਸ ਦਾ ਕਦਮ ਬਿਲਕੁਲ ਸਹੀ ਹੈ। ਮੁਲਾਜ਼ਮਾਂ ਨੂੰ ਉਨ੍ਹਾਂ ਦੀ ਮਾਨਸਕ ਸਿਹਤ ਅਤੇ ਪਰਵਾਰਕ ਜ਼ਿੰਦਗੀ ਦੀ ਕੀਮਤ 'ਤੇ ਬਹੁਤ ਜ਼ਿਆਦਾ ਘੰਟੇ ਕੰਮ ਕਰਨ ਲਈ ਮਜਬੂਰ ਕਰਨਾ ਪੂਰੀ ਤਰ੍ਹਾਂ ਅਸਵੀਕਾਰਨਯੋਗ ਹੈ।' ਇੱਕ ਹੋਰ ਨੇ ਲਿਖਿਆ, 'ਕੀ ਸ੍ਰੀ ਨਾਰਾਇਣ ਮੂਰਤੀ ਫਰਾਂਸ ਨੂੰ ਆਪਣੀ 70 ਘੰਟੇ ਦੀ ਕੰਮ ਹਫਤੇ ਦੀ ਵਿਚਾਰਧਾਰਾ ਬਾਰੇ ਦੱਸਣਗੇ?' ਇੱਕ ਹੋਰ ਨੇ ਪੋਸਟ ਪਾਈ ਹੈ, 'ਨਾਰਾਇਣ ਮੂਰਤੀ ਭਾਰਤ ਦੀਆਂ ਗਲੀਆਂ ਵਿੱਚ ਕਿਤੇ ਰੋ ਰਿਹਾ ਹੈ। ਇਹ ਗੁਲਾਮੀ ਮਾਨਸਿਕਤਾ ਸਿਰਫ ਸਾਡੇ ਵਰਗੇ ਤੀਜੀ ਦੁਨੀਆਂ ਦੇ ਦੇਸ਼ 'ਤੇ ਲਾਗੂ ਕੀਤੀ ਜਾ ਸਕਦੀ ਹੈ, ਪਰ ਯੂਰਪ ਵਿੱਚ ਮੈਨੂੰ ਉਮੀਦ ਹੈ ਕਿ ਉਸ ਦਾ • ਬਾਕੀ ਸਫਾ 2 'ਤੇ

## ਭੁਪਿੰਦਰਾ ਖਾਲਸਾ ਸਕੂਲ ਦੇ 44 ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਦਿੱਤੇ ਵਜ਼ੀਫੇ ਦੇ ਚੈੱਕ

### ਐੱਸ ਜੀ ਪੀ ਸੀ ਦਾ ਇਹ ਉਪਰਾਲਾ ਸ਼ਲਾਘਾਯੋਗ : ਸੰਜੀਤ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਵੱਲੋਂ ਭੁਪਿੰਦਰਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮੋਗਾ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੁੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਏ ਵਜ਼ੀਫਾ ਰਾਸ਼ੀ ਦੇ ਚੈੱਕ 44 ਦੇ ਕਰੀਬ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਤਕਸੀਮ ਕੀਤੇ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ, ਕਿਉਂਕਿ ਅੰਮ੍ਰਿਤਧਾਰੀ ਸਿੱਖ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਹਿੱਤ ਤੇ ਉਨ੍ਹਾਂ ਦੀ ਆਰਥਿਕ ਮੰਦਦ ਦੇ ਚੱਲਦਿਆਂ ਵਜ਼ੀਫੇ ਦੇ ਰੂਪ ਵਿੱਚ ਵਿੱਤੀ ਮੱਦਦ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਂ ਸਮੇਂ 'ਤੇ ਹੋਰ ਵੀ ਕਈ ਤਰ੍ਹਾਂ ਦੀ ਮਦਦ ਉਨ੍ਹਾਂ ਅਧੀਨ ਚੱਲਦੇ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਉਂਦੀ ਰਹਿੰਦੀ ਹੈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਕੁਲਵੰਤ ਸਿੰਘ ਕਲਸੀ ਤੇ ਵਾਈਸ ਪ੍ਰਿੰਸੀਪਲ ਪ੍ਰਿਤਪਾਲ ਸਿੰਘ ਨੇ ਸੰਨੀ ਗਿੱਲ ਦਾ ਸਕੂਲ ਪੁੱਜਣ 'ਤੇ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਧਾਰਮਿਕ ਅਧਿਆਪਕਾ ਸੁਖਵਿੰਦਰ ਕੌਰ, ਅਧਿਆਪਕਾ ਗੁਰਮੇਲ ਕੌਰ, ਹਰਵੀਨ ਕੌਰ ਤੇ ਵਿਦਿਆਰਥੀਆਂ ਵਿੱਚ ਹਰਮਨਪ੍ਰੀਤ ਸਿੰਘ, ਹਿੰਮਤ ਸਿੰਘ, ਰਕੇਸ਼ ਸਿੰਘ, ਮਨਜੀਤ ਸਿੰਘ, ਜੋਬਨਪ੍ਰੀਤ ਸਿੰਘ, ਨਵਜੋਤ ਸਿੰਘ, ਪਰਮਵੀਰ ਸਿੰਘ ਤੇ ਸਕੂਲ ਦਾ ਹੋਰ ਸਟਾਫ ਹਾਜ਼ਰ ਸੀ।

## ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਤੇ ਨੇਕੀ ਫਾਊਂਡੇਸ਼ਨ ਵੱਲੋਂ ਖ਼ੂਨਦਾਨ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਡਿਪਟੀ ਕਮਿਸ਼ਨਰ ਨਵਜੋਤ ਕੌਰ ਤੇ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਨੇਕੀ ਫਾਊਂਡੇਸ਼ਨ ਬੁਢਲਾਡਾ ਤੇ ਸਰਕਾਰੀ ਬਲੱਡ ਸੈਂਟਰ ਮਾਨਸਾ ਦੇ ਸਹਿਯੋਗ ਨਾਲ ਸਵੈ ਇੱਛੁਕ ਖ਼ੂਨਦਾਨ ਕੈਂਪ ਕ੍ਰਿਸ਼ਨਾ ਗਰੁੱਪ ਆਫ ਇੰਸਟੀਚਿਊਸ਼ਨਜ਼ ਰੱਲੀ (ਬੁਢਲਾਡਾ) ਵਿਖੇ ਲਗਾਇਆ ਗਿਆ।ਇਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮਾਨਸਾ ਦੇ ਸਕੱਤਰ ਉੱਤਮਪਾਲ ਸਿੰਘ ਤੇ ਨੇਕੀ ਫਾਊਂਡੇਸ਼ਨ ਤੋਂ ਸ੍ਰੀ ਮਨਦੀਪ ਸਿੰਘ ਨੇ ਖ਼ੂਨਦਾਨ ਨੂੰ ਮਹਾਨ ਦਾਨ ਦੱਸਦਿਆਂ ਸਾਰਿਆਂ ਨੂੰ ਮਨੁੱਖਤਾ ਦੀ ਭਲਾਈ ਲਈ ਹਮੇਸ਼ਾ ਖ਼ੂਨ ਦਾਨ ਕਰਨ ਲਈ ਤਿਆਰ ਰਹਿਣ ਦੀ ਅਪੀਲ ਕੀਤੀ।ਕੈਂਪ ਦੌਰਾਨ ਲਗਭਗ 125 ਯੂਨਿਟ ਖ਼ੂਨ ਦਾਨ ਕਰਨ ਵਾਲੇ ਵਲੰਟੀਅਰਜ਼ ਨੂੰ ਯਾਦ ਚਿੰਨ੍ਹ, ਸਨਮਾਨ ਪੱਤਰ ਤੇ ਬਲੱਡ ਡੋਨਰ ਕਾਰਡ ਦੇ ਕੇ ਸਨਮਾਨਤ ਕੀਤਾ ਗਿਆ ਤੇ ਮਾਨਵਤਾ ਦੇ ਭਲੇ ਲਈ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਇਸ ਦੌਰਾਨ ਕ੍ਰਿਸ਼ਨਾ ਕਾਲਜ ਰੱਲੀ ਦੇ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਮੈਨ ਸੁਖਵਿੰਦਰ ਸਿੰਘ ਚਹਿਲ, ਪ੍ਰੀਤਇੰਦਰ ਸਿੰਘ ਚਹਿਲ, ਸਕੱਤਰ ਸਤਪਾਲ ਸਿੰਘ ਚਹਿਲ ਤੇ ਪ੍ਰਧਾਨ ਡਾ. ਵਿਜੇ ਸਿੰਗਲਾ ਆਦਿ ਹਾਜ਼ਰ ਸਨ।

## ਤੀਆਂ ਦਾ ਤਿਉਹਾਰ ਮਨਾਉਣ ਸੰਬੰਧੀ ਤਿਆਰੀਆਂ ਮੁਕੰਮਲ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਕਰੀਬ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਹੋਈ। ਸਭਾ ਵੱਲੋਂ ਡਾਇਰੈਕਟਰ ਸੱਭਿਆਚਾਰਕ ਮਾਮਲੇ ਵਿਭਾਗ ਪਟਿਆਲਾ ਦੇ ਸਹਿਯੋਗ ਨਾਲ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਤੀਆਂ ਦਾ ਪ੍ਰੋਗਰਾਮ ਅਗਸਤ ਮਹੀਨੇ ਵਿੱਚ ਕਰਵਾਇਆ ਜਾ ਰਿਹਾ ਹੈ, ਜਿਸ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਸਿਰਮੌਰ ਕਹਾਣੀਕਾਰ ਅਤਰਜੀਤ ਦੀ ਕਹਾਣੀਆਂ ਦੀ ਪੁਸਤਕ 'ਸਬੂਤੇ ਕਦਮ' ਨੂੰ ਬੀ ਏ ਦੇ ਸਿਲੇਬਸ ਵਿੱਚ ਸ਼ਾਮਲ ਕਰਨ ਲਈ ਧੰਨਵਾਦ ਕਰਦਿਆਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਤੇ ਸਮੁੱਚ ਸਟਾਫ ਦੀ ਸ਼ਲਾਘਾ ਕੀਤੀ ਗਈ। ਕਹਾਣੀਕਾਰ ਅਤਰਜੀਤ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਗਈ। ਸਾਹਿਤਕ ਦੌਰ ਵਿੱਚ ਜੀਤ ਸਿੰਘ ਚਹਿਲ ਨੇ ਚੋਣਾਂ ਸਬੰਧੀ ਵਿਅੰਗਮਈ ਕਵਿਤਾ, ਹਰਜਿੰਦਰ ਕੌਰ ਨੇ ਵੀ ਕਵਿਤਾ ਤੇ ਮਾ. ਹਰਿੰਦਰ ਕੁਮਾਰ ਹਨੀ ਨੇ ਆਪਣੀ ਰਚਨਾ ਪੇਸ਼ ਕੀਤੀ। ਪੱਤਰਕਾਰ ਕੁਲਦੀਪ ਮਤਵਾਲਾ ਨੇ ਜੱਜ ਦੇ ਹਰੇ ਪਿੰਨ ਬਾਰੇ ਕਹਾਣੀ ਸੁਣਾਈ। ਸੁਖਦਰਸ਼ਨ ਗਰਗ ਨੇ ਤਾਜ਼ਾ ਰੁਬਾਈਆਂ ਦਾ ਪਾਠ ਕੀਤਾ। ਪੜ੍ਹੀਆਂ ਰਚਨਾਵਾਂ 'ਤੇ ਉਸਾਰੂ ਬਹਿਸ ਵੀ ਹੋਈ। ਇਸ ਮੌਕੇ ਇੰਦਰ ਸਿੰਘ, ਗੁਰਤੇਜ ਸਿੰਘ ਤੇ ਗੁਰਪ੍ਰੀਤ ਕੌਰ ਆਦਿ ਹਾਜ਼ਰ ਸਨ।

## ਦੀਵਾਨ ਟੋਡਰ ਮੱਲ ਸਕੂਲ ਨੇ ਜ਼ੋਨ ਪੱਧਰੀ ਖੇਡਾਂ 'ਚ ਸੋਨ ਤਮਗ਼ੇ ਜਿੱਤੇ



**ਭਵਾਨੀਗੜ੍ਹ (ਰਾਜ ਖੁਰਮੀ)**-ਨੇੜਲੇ ਪਿੰਡ ਕਾਕੜਾ ਸਥਿਤ ਦੀਵਾਨ ਟੋਡਰ ਮੱਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਜ਼ੋਨ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰੱਸਾਕਸ਼ੀ ਤੇ ਕੁਸ਼ਤੀ ਮੁਕਾਬਲਿਆਂ ਵਿੱਚ ਕੁੱਲ ਪੰਜ ਸੋਨ ਤਮਗ਼ੇ ਜਿੱਤ ਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਮਾਣ ਵਧਾਇਆ ਹੈ। ਸਕੂਲ ਦੀ ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੱਤਿਆ ਭਾਰਤੀ ਆਦਰਸ਼ ਸਕੂਲ ਝਨੇੜੀ ਵਿਖੇ ਕਰਵਾਏ ਗਏ ਜ਼ੋਨ ਪੱਧਰੀ ਖੇਡ ਮੁਕਾਬਲਿਆਂ ਦੌਰਾਨ ਸਕੂਲ ਦੇ ਖਿਡਾਰੀਆਂ ਨੇ ਰੱਸਾਕਸ਼ੀ ਤੇ ਕੁਸ਼ਤੀ ਮੁਕਾਬਲਿਆਂ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।ਉਨ੍ਹਾਂ ਦੱਸਿਆ ਕਿ ਰੱਸਾਕਸ਼ੀ ਮੁਕਾਬਲੇ ਵਿੱਚ 19 ਸਾਲਾ ਲੜਕੀਆਂ ਤੇ 17 ਸਾਲਾ ਲੜਕਿਆਂ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕਰਦਿਆਂ ਸੋਨ ਤਮਗ਼ਾ ਆਪਣੇ ਨਾਮ ਕੀਤਾ।ਕੁਸ਼ਤੀ ਮੁਕਾਬਲਿਆਂ ਵਿੱਚ ਗੁਰਰਹਿਮਤ ਸਿੰਘ (57 ਕਿੱਲੋ), ਅਸ਼ਮੀਤ ਸਿੰਘ (97 ਕਿੱਲੋ) ਤੇ ਮਨਰੀਤ ਸਿੰਘ (92 ਕਿੱਲੋ) ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗ਼ੇ ਜਿੱਤੇ।ਜੇਤੂ ਖਿਡਾਰੀਆਂ ਦੇ ਸਕੂਲ ਪਹੁੰਚਣ 'ਤੇ ਡੀ.ਪੀ. ਅਧਿਆਪਕ ਅਵਤਾਰ ਸਿੰਘ ਤਾਰੀ, ਮੈਡਮ ਮਨਪ੍ਰੀਤ ਕੌਰ ਤੇ ਸਮੂਹ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਬਾਬਾ ਕਿਰਪਾਲ ਸਿੰਘ, ਮੈਨੇਜਰ ਸਰਬਜੀਤ ਸਿੰਘ, ਪ੍ਰਬੰਧਕ ਡਾਇਰੈਕਟਰ ਡਾ. ਗੁਰਮੀਤ ਸਿੰਘ ਤੇ ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਜੇਤੂ ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਿਹਨਤ, ਅਨੁਸ਼ਾਸਨ ਤੇ ਲਗਨ ਨਾਲ ਹਾਸਲ ਕੀਤੀਆਂ ਇਹ ਪ੍ਰਾਪਤੀਆਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਰੋਤ ਹਨ।ਉਨ੍ਹਾਂ ਖਿਡਾਰੀਆਂ ਨੂੰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਵਿਖੇ ਗੁੱਡ ਮੋਰਨਿੰਗ ਕਲੱਬ ਨੇ ਲਾਏ ਪੌਦੇ



**ਕੋਟਕਪੂਰਾ (ਰਛਪਾਲ ਭੁੱਲਰ)**-ਸਥਾਨਕ ਬਠਿੰਡਾ ਸੜਕ 'ਤੇ ਸਥਿਤ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਵਿਖੇ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁੱਡ ਮੋਰਨਿੰਗ ਵੈੱਲਫੇਅਰ ਕਲੱਬ ਕੋਟਕਪੂਰਾ ਵੱਲੋਂ ਵੱਖ-ਵੱਖ ਕਿਸਮ ਦੇ ਪੌਦੇ ਲਾਏ ਗਏ।ਕਲੱਬ ਦੇ ਪ੍ਰਧਾਨ ਤੇ ਕਾਲਜ ਦੀ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਪਿਛਲੇ ਦਿਨੀ ਫਿਰੋਜ਼ਪੁਰ ਹਬੀਬ ਕੇ ਬੰਨ੍ਹ ਵਿਖੇ 2500 ਵੱਖ-ਵੱਖ ਕਿਸਮ ਦੇ ਪੌਦੇ ਲਾ ਕੇ ਇਸ ਸੀਜ਼ਨ ਦੀ ਰੁੱਖ ਲਾਓ ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ ਗਈ ਸੀ।ਉਨ੍ਹਾਂ ਦੱਸਿਆ ਕਿ ਅੱਜ ਕਲੱਬ ਦੀ ਹਰਿਆਵਲ ਮੁਹਿੰਮ ਦੇ ਇੰਚਾਰਜ ਲੈਕਚਰਾਰ ਵਿਨੋਦ ਧਵਨ ਦੀ ਅਗਵਾਈ ਹੇਠ ਵੱਖ-ਵੱਖ ਕਿਸਮ ਦੇ 500 ਪੌਦੇ ਲਾਏ ਗਏ ਹਨ ਤੇ ਉਨ੍ਹਾਂ ਦੀ ਸੰਭਾਲ ਲਈ ਬਕਾਇਦਾ ਜ਼ਿੰਮੇਵਾਰੀਆਂ ਵੀ ਸੰਭਾਲ ਦਿੱਤੀਆਂ ਗਈਆਂ ਹਨ।ਮੁੱਖ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀ ਰੱਤਾ, ਜਨਰਲ ਸਕੱਤਰ ਪ੍ਰੋਫੈਸਰ ਐੱਚ. ਐੱਸ. ਪਦਮ, ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਸਿੰਘ ਸਦਿਉੜਾ, ਵਿੱਤ ਸਕੱਤਰ ਜਸਕਰਨ ਸਿੰਘ ਭੱਟੀ, ਉਪ-ਚੇਅਰਮੈਨ ਸੁਨੀਲ ਕੁਮਾਰ ਬਿੱਟਾ ਗਰੋਵਰ, ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ, ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਤੇ ਪੀ ਆਰ ਓ ਮਾ. ਸੋਮਨਾਥ ਅਰੋੜਾ ਆਦਿ ਨੇ ਦੱਸਿਆ ਕਿ ਇਹ ਮੁਹਿੰਮ ਭਵਿੱਖ ਵਿੱਚ ਵੀ ਜਾਰੀ ਰਹੇਗੀ।

## ਵਿਧਾਇਕ ਸਿੱਧੂ ਨੇ ਰਾਜਗੜ੍ਹ ਖੁਰਦ ਦੇ ਸਰਪੰਚ ਨੂੰ ਸੌਂਪਿਆ ਗ੍ਰਾਂਟ ਦਾ ਚੈੱਕ



**ਬਠਿੰਡਾ (ਰਾਜੀਵ ਗੋਇਲ)**-ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਰਾਜਗੜ੍ਹ ਖੁਰਦ ਦੇ ਸਰਪੰਚ ਰੇਸ਼ਮ ਸਿੰਘ ਨੂੰ ਕਰੀਬ 9 ਲੱਖ ਰੁਪਏ ਦਾ ਪਿੰਡ ਦੇ ਵਿਕਾਸ ਲਈ ਚੈੱਕ ਭੇਂਟ ਕੀਤਾ ਗਿਆ। ਸਰਪੰਚ ਰੇਸ਼ਮ ਸਿੰਘ ਨੇ ਜਿੱਥੇ ਪਿੰਡ ਦੇ ਵਿਕਾਸ ਲਈ ਗ੍ਰਾਂਟ ਦੇਣ 'ਤੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿਧਾਇਕ ਬਲਕਾਰ ਸਿੱਧੂ ਦਾ ਧੰਨਵਾਦ ਕੀਤਾ ਗਿਆ, ਉੱਥੇ ਉਨ੍ਹਾਂ ਕਿਹਾ ਕਿ ਇਹ ਸਾਰਾ ਫੰਡ ਪਿੰਡ ਦੇ ਵਿਕਾਸ ਕਾਰਜਾਂ ਲਈ ਵਰਤਿਆ ਜਾਵੇਗਾ ਤੇ ਪਿੰਡ ਵਾਸੀਆਂ ਦੀ ਲੋੜ ਮੁਤਾਬਕ ਕੰਮ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਪਿੰਡ ਦੇ ਛੱਪੜ ਦੀ ਪੁਟਾਈ ਕੀਤੀ ਜਾ ਚੁੱਕੀ ਹੈ ਤੇ ਪਿੰਡ ਦੇ ਗੰਦੇ ਪਾਣੀ ਦੇ ਨਿਕਾਸ ਦਾ ਇੰਤਜ਼ਾਮ ਕੀਤਾ ਜਾ ਚੁੱਕਿਆ ਹੈ ਤੇ ਨਾਲ ਹੀ ਸਕੂਲੀ ਬੱਚਿਆਂ ਦੇ ਸਕੂਲ ਆਉਣ ਜਾਣ ਲਈ ਨਵੀਂ ਬੱਸ ਲਗਾਈ ਜਾ ਚੁੱਕੀ ਹੈ, ਕਿਉਂਕਿ ਇਸ ਪਿੰਡ ਦੇ ਸਕੂਲੀ ਬੱਚੇ ਨਾਲ ਦੇ ਪਿੰਡ ਦੂਰ ਪੈਦਲ ਜਾਂਦੇ ਸਨ।

# ਕੇਂਦਰ ਦੀਆਂ ਨੀਤੀਆਂ ਵਿਰੁੱਧ ਲੋਕਾਂ ਨੂੰ ਸੰਘਰਸ਼ ਲਈ ਤਿਆਰ ਰਹਿਣਾ ਪਵੇਗਾ : ਡਾ. ਧਰਮਵੀਰ ਗਾਂਧੀ

### 'ਐੱਸ ਆਈ ਆਰ-ਚੁਣੌਤੀਆਂ ਤੇ ਹੱਲ' ਵਿਸ਼ੇ 'ਤੇ ਵਿਚਾਰ ਗੋਸ਼ਟੀ



**ਮਾਲੇਰਕੋਟਲਾ (ਅਸਗਰ ਪਰਿਹਾਰ)**- ਪੰਜਾਬ ਤੇ ਦੇਸ਼ ਨੂੰ ਦਰਪੇਸ਼ ਆਮ ਸਮੱਸਿਆਵਾਂ ਪ੍ਰਤੀ ਲੋਕ ਰਾਏ ਉਸਾਰਨ ਲਈ ਸਰਗਰਮ ਸੰਸਥਾ 'ਪਿੰਡ ਬਚਾਓ ਪੰਜਾਬ ਬਚਾਓ' ਵੱਲੋਂ ਸਥਾਨਕ ਦੀ ਟਾਊਨ ਸਕੂਲ ਦੇ ਆਡੀਟੋਰੀਅਮ ਵਿੱਚ 'ਐੱਸ.ਆਈ.ਆਰ-ਚੁਣੌਤੀਆਂ ਤੇ ਹੱਲ' ਵਿਸ਼ੇ 'ਤੇ ਇੱਕ ਵਿਚਾਰ ਗੋਸ਼ਟੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕੀਤੀ।

ਸਮਾਰੋਹ ਨੂੰ ਸੰਬੋਧਨ ਕਰਦਿਆਂ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਨੇ ਦੋਸ਼ ਲਗਾਇਆ ਕਿ ਐੱਸ.ਆਈ.ਆਰ. ਪ੍ਰਤੀ ਕੇਂਦਰ ਸਰਕਾਰ ਦੀ ਤਾਜ਼ਾ ਸੋਚ ਇੱਕ ਵੱਡੀ ਸਾਜ਼ਿਸ਼/ਯੋਜਨਾ ਦਾ ਹਿੱਸਾ ਹੈ ਤੇ ਇਸ ਵਿਰੁੱਧ ਇਨਸਾਫ਼ ਪਸੰਦ ਸੋਚ ਰੱਖਣ ਵਾਲੇ ਲੋਕਾਂ ਨੂੰ ਸੰਘਰਸ਼ ਲਈ ਤਿਆਰ ਰਹਿਣਾ ਚਾਹੀਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਨੇ ਭਾਵੇਂ 1947 ਵਿੱਚ ਰਾਜਨੀਤਕ ਆਜ਼ਾਦੀ ਤਾਂ ਹਾਸਲ ਕਰ ਲਈ ਸੀ, ਪਰ ਇੱਥੋਂ ਦੇ ਲੋਕਾਂ ਦੀ ਸੋਚ ਦਾ ਅਜੇ ਤੱਕ ਜਮਹੂਰੀਕਰਨ ਨਹੀਂ ਹੋ ਸਕਿਆ।ਇਸੇ ਕਾਰਨ ਅੱਜ ਵੀ ਬਹੁਤਾ ਸਮਾਜ ਜਾਤੀਵਾਦ, ਧਰਮ ਤੇ ਲਿੰਗ ਦੇ ਆਧਾਰ 'ਤੇ ਵੰਡਿਆ ਹੋਇਆ ਹੈ ਅਤੇ ਮਾੜੀ ਸੋਚ ਵਾਲੀਆਂ ਸ਼ਕਤੀਆਂ ਇੱਥੇ ਮਨੂ ਸਮ੍ਰਿਤੀ ਲਾਗੂ ਕਰਨ ਦਾ ਸੰਕਲਪ ਪੈਦਾ ਕਰ ਰਹੀਆਂ ਹਨ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਡਾ. ਮੁਹੰਮਦ ਖ਼ਾਲਿਦ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਹੁਣ ਜਦੋਂ ਚੋਣ ਕਮਿਸ਼ਨ ਦੀ ਨਿਯੁਕਤੀ ਦੇ ਢੰਗ ਨੂੰ ਬਦਲ ਦੇਣ ਕਾਰਨ ਇਸ ਦੀ ਨਿਰਪੱਖਤਾ ਤੇ ਖ਼ੁਦਮੁਖ਼ਤਿਆਰੀ 'ਤੇ ਹੀ ਸਵਾਲ ਖੜ੍ਹੇ ਹੋ ਰਹੇ ਹਨ, ਤਾਂ ਐੱਸ.ਆਈ.ਆਰ. ਦੁਆਰਾ ਨਾਂ ਕੱਟੇ ਜਾਣ ਮਗਰੋਂ ਕਰੋੜਾਂ ਲੋਕਾਂ ਦੀ ਨਾਗਰਿਕਤਾ ਦੇ ਨਾਲ-ਨਾਲ ਉਨ੍ਹਾਂ ਨੂੰ ਮਿਲਣ ਵਾਲੀਆਂ ਆਮ ਨਾਗਰਿਕ ਸਹੂਲਤਾਂ, ਪਰਿਵਾਰਾਂ ਦਾ ਭਵਿੱਖ ਤੇ ਸਰਕਾਰੀ ਨੌਕਰੀਆਂ ਹਾਸਲ ਕਰਨ ਸੰਬੰਧੀ ਯੋਗਤਾ 'ਤੇ ਵੀ ਪ੍ਰਸ਼ਨ ਚਿੰਨ੍ਹ ਲੱਗ ਗਏ ਹਨ।ਵੋਟ ਪ੍ਰਣਾਲੀ ਦੇ ਮਾਹਰ ਡਾ. ਪਿਆਰੇ ਲਾਲ ਗਰਗ ਨੇ ਕਾਨੂੰਨੀ ਨੁਕਤਿਆਂ 'ਤੇ ਚਰਚਾ ਕਰਦਿਆਂ ਦਾਅਵਾ ਕੀਤਾ ਕਿ ਫ਼ਾਰਮ 6 ਵਿੱਚ ਦਰਜ ਹਦਾਇਤਾਂ ਲਾਗੂ ਕਰਨ ਦੀ ਚੋਣ ਕਮਿਸ਼ਨ ਕੋਲ ਕੋਈ ਸੰਵਿਧਾਨਕ ਸ਼ਕਤੀ ਨਹੀਂ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਬਿਹਾਰ, ਪੱਛਮੀ ਬੰਗਾਲ ਤੇ ਪੰਜਾਬ ਵਿੱਚ ਐੱਸ.ਆਈ.ਆਰ. ਵੇਲੇ ਤੈਅ ਨਿਯਮ ਵੱਖ-ਵੱਖ ਹਨ, ਜੋ ਕਿ ਕਾਨੂੰਨੀ ਤੌਰ 'ਤੇ ਗ਼ਲਤ ਹਨ।ਵਿਚਾਰ ਗੋਸ਼ਟੀ ਵਿੱਚ ਹਿੱਸਾ ਲੈਣ ਵਾਲੇ ਹੋਰ ਪਤਵੰਤਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਸ. ਮਹੇਸ਼ਇੰਦਰ ਸਿੰਘ ਗਰੇਵਾਲ, ਪੱਤਰਕਾਰ ਸ. ਹਮੀਰ ਸਿੰਘ, ਕੇਂਦਰੀ ਸਿੰਘ ਸਭਾ ਚੰਡੀਗੜ੍ਹ ਦੇ ਸਕੱਤਰ ਡਾ. ਖ਼ੁਸ਼ਹਾਲ ਸਿੰਘ, ਸ੍ਰੀ ਮੰਗਤ ਰਾਮ ਪਾਸਲਾ, ਸਾਬਕਾ ਵਿਧਾਇਕ ਸ੍ਰੀ ਤਰਸੇਮ ਜੋਧਾਂ ਤੇ ਡਾ. ਗੁਰਪ੍ਰੀਤ ਕੌਰ ਦੇ ਨਾਂ ਜ਼ਿਕਰਯੋਗ ਹਨ।ਵੱਖ-ਵੱਖ ਬੁਲਾਰਿਆਂ ਦੇ ਭਾਸ਼ਣਾਂ ਤੋਂ ਪਹਿਲਾਂ ਸੰਸਥਾ ਦੇ ਸਥਾਨਕ ਆਗੂ ਜਨਾਬ ਅਬਦੁਸ ਸ਼ਕੂਰ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਹਿੰਦਿਆਂ ਵਿਸ਼ੇ ਦੀ ਸਾਰਥਿਕਤਾ 'ਤੇ ਚਾਨਣਾ ਪਾਇਆ।ਅੰਤ ਵਿੱਚ ਜਮਾਅਤ-ਏ-ਇਸਲਾਮੀ ਹਿੰਦ ਦੇ ਸੂਬਾਈ ਪ੍ਰਧਾਨ ਜਨਾਬ ਮੁਹੰਮਦ ਨਜ਼ੀਰ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ (ਸਟੇਜ ਸਕੱਤਰ) ਦੀ ਜ਼ਿੰਮੇਵਾਰੀ ਸ. ਕਰਨੈਲ ਸਿੰਘ ਜਖੇਪਲ ਨੇ ਨਿਭਾਈ।

## ਤਾਇਕਵਾਂਡੋ ਇੰਟਰਨੈਸ਼ਨਲ ਚੈਂਪੀਅਨਸ਼ਿਪ 31 ਤੋਂ

**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਦੋ ਹੋਣਹਾਰ ਵਿਦਿਆਰਥੀਆਂ ਦੀ ਚੋਣ 9ਵੀਂ ਹੀਰੋਜ਼ ਤਾਇਕਵਾਂਡੋ ਇੰਟਰਨੈਸ਼ਨਲ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਲਈ ਹੋਈ ਹੈ।ਇਹ ਅੰਤਰਰਾਸ਼ਟਰੀ ਚੈਂਪੀਅਨਸ਼ਿਪ 31 ਜੁਲਾਈ ਤੋਂ 2 ਅਗਸਤ ਤੱਕ ਪਟਾਇਆ ਸਿਟੀ, ਥਾਈਲੈਂਡ ਵਿਖੇ ਕਰਵਾਈ ਜਾਵੇਗੀ। ਚੁਣੇ ਗਏ ਵਿਦਿਆਰਥੀਆਂ ਵਿੱਚ ਕਰਨ ਗਿਰ (ਜਮਾਤ 12ਵੀਂ ਸਾਇੰਸ) ਤੇ ਸਰਬਜੀਤ ਸਿੰਘ (ਜਮਾਤ 12ਵੀਂ ਕਾਮਰਸ) ਸ਼ਾਮਲ ਹਨ।ਇਨ੍ਹਾਂ ਵਿਦਿਆਰਥੀਆਂ ਨੇ ਆਪਣੀ ਲਗਾਤਾਰ ਮਿਹਨਤ, ਅਨੁਸ਼ਾਸਨ ਤੇ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਇਸ ਅੰਤਰਰਾਸ਼ਟਰੀ ਮੁਕਾਬਲੇ ਲਈ ਆਪਣੀ ਜਗ੍ਹਾ ਬਣਾਈ ਹੈ।ਸਕੂਲ ਦੇ ਡਾਇਰੈਕਟਰ ਸ੍ਰੀ ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਆਪਣੇ ਸਕੂਲ, ਪੰਜਾਬ ਤੇ ਭਾਰਤ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕਰਨਗੇ। ਵਿਦਿਆਰਥੀਆਂ ਦੇ ਕੋਚ ਸ੍ਰੀ ਹਰਦੀਪ ਕੁਮਾਰ ਨੇ ਵੀ ਦੋਵੇਂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਇਸ ਮੁਕਾਮ ਤੱਕ ਪਹੁੰਚਣ ਲਈ ਬਹੁਤ ਮਿਹਨਤ ਕੀਤੀ ਹੈ ਅਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੇਸ਼ ਲਈ ਤਗਮੇ ਜਿੱਤਣਗੇ।

## ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਦੀ ਹੜਤਾਲ ਜਾਰੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਅਤੇ ਟ੍ਰਾਂਸਕੋ ਆਊਟਸੋਰਸਡ ਮੁਲਾਜ਼ਮ (ਪੰਜਾਬ) ਦੇ ਸੱਦੇ 'ਤੇ ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਦੀ ਵਿਭਾਗ ਵਿੱਚ ਮਰਜ਼ ਕਰਨ ਸੰਬੰਧੀ ਜਾਰੀ ਕੀਤੇ ਨੋਟੀਫਿਕੇਸ਼ਨ ਦੇ ਫੈਸਲਿਆਂ ਨੂੰ ਲਾਗੂ ਕਰਾਉਣ ਲਈ 25 ਜੁਲਾਈ ਤੋਂ ਸ਼ੁਰੂ ਕੀਤੀ ਹੜਤਾਲ ਚੌਥੇ ਦਿਨ ਵੀ ਜਾਰੀ ਹੈ। ਸੂਬਾਈ ਆਗੂਆਂ ਜਗਸੀਰ ਸਿੰਘ ਭੰਗੂ, ਸ਼ਫ਼ਮਟ ਸਿੰਘ ਰਾਮਪੁਰਾ, ਹਰਦੀਪ ਸਿੰਘ ਤੁੰਗਵਾਲੀ, ਬਲਜਿੰਦਰ ਸਿੰਘ ਮਾਨ, ਗੁਰਪ੍ਰੀਤ ਸਿੰਘ ਗੁਰੂਸਰ ਤੇ ਜਗਤਾਰ ਸੰਧੂ ਨੇ ਕਿਹਾ ਕਿ ਪਾਵਰ ਕਾਰਪੋਰੇਸ਼ਨ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੂਣੀਆਂ ਤਨਖਾਹਾਂ ਤਨਦੇਹੀ ਨਾਲ਼ ਸੇਵਾਵਾਂ ਦੇ ਰਹੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਵਿਭਾਗ ਵਿੱਚ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਪਿਛਲੇ ਲੰਬੇ ਸਮੇਂ ਤੋਂ ਕੀਤੇ ਜਾ ਰਹੇ ਲਗਾਤਾਰ ਸੰਘਰਸ਼ਾਂ ਦੇ ਦਬਾਅ ਸਦਕਾ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਵੱਲੋਂ 30 ਜੂਨ ਨੂੰ ਵਿਭਾਗ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਸੰਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਸੀ, ਪਰ ਹੁਣ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਤੋਂ ਲਗਾਤਾਰ ਟਾਲ-ਮਟੋਲ ਦੀ ਨੀਤੀ ਅਪਣਾ ਰਹੀ ਹੈ, ਜਿਸਦੇ ਵਿਰੋਧ ਵਜੋਂ ਪਾਵਰ ਕਾਰਪੋਰੇਸ਼ਨ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ 25 ਜੁਲਾਈ ਤੋਂ ਲਗਾਤਾਰ ਹੜਤਾਲ ਕਰਕੇ ਆਪਣੇ-ਆਪਣੇ ਵਿਭਾਗਾਂ ਦੇ ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਆਗੂਆਂ ਨੇ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਜਾਰੀ ਕੀਤੇ ਨੋਟੀਫਿਕੇਸ਼ਨ ਦੇ ਫੈਸਲਿਆਂ ਨੂੰ ਤੁਰੰਤ ਪ੍ਰਭਾਵ ਨਾਲ ਲਾਗੂ ਕੀਤਾ ਜਾਵੇ। ਨੋਟੀਫਿਕੇਸ਼ਨ 'ਚੋਂ ਰਹਿੰਦੀਆਂ ਕੈਟਾਗਰੀਆਂ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਦਾ ਨੋਟੀਫਿਕੇਸ਼ਨ ਜਲਦ ਜਾਰੀ ਕੀਤਾ ਜਾਵੇ। ਨੋਟੀਫਿਕੇਸ਼ਨ ਦੇ ਫੈਸਲੇ ਮੁਤਾਬਿਕ ਵਿਭਾਗ ਦੇ ਅਣਸਿੱਖਿਅਤ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ 10 ਦਿਨਾਂ ਦੀ ਟ੍ਰੇਨਿੰਗ ਦੇਣ ਤੇ ਵਿਭਾਗ ਦੇ ਸਮੂਹ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਦੇਣ ਦੇ ਕਾਰਜ ਨੂੰ ਜਲਦ ਸ਼ੁਰੂ ਕੀਤਾ ਜਾਵੇ। ਵਿਭਾਗ ਵਿੱਚ ਮਰਜ਼ ਕੀਤੇ ਠੇਕਾ ਮੁਲਾਜ਼ਮਾਂ ਦੀਆਂ ਨਿੱਜੀ ਆਈ ਡੀਆਂ ਬਣਾਈਆਂ ਜਾਣ। ਆਗੂਆਂ ਨੇ ਕਿਹਾ ਕਿ ਜਦ ਤੱਕ ਪਾਵਰ ਕਾਰਪੋਰੇਸ਼ਨ ਦੇ ਸਮੂਹ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ਼ ਕਰਨ ਸੰਬੰਧੀ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਪੂਰੀ ਤਰਾਂ ਲਾਗੂ ਨਹੀਂ ਕੀਤਾ ਜਾਂਦਾ, ਤਦ ਤੱਕ ਸੰਘਰਸ਼ ਲਗਾਤਾਰ ਜਾਰੀ ਰਹੇਗਾ।

# ਸੀ ਐੱਚ ਬਿਜਲੀ ਕਾਮਿਆਂ ਵੱਲੋਂ ਰੋਸ ਮੁਜ਼ਾਹਰਾ

**ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕਰਾਂਗੇ : ਪ੍ਰਧਾਨ ਮੱਲ੍ਹੀ**



**ਜਗਰਾਉਂ (ਸੰਜੀਵ ਅਰੋੜਾ)**

ਪਾਵਰਕਾਮ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੱਦੇ 'ਤੇ ਬਿਜਲੀ ਵਿਭਾਗ ਦੇ ਮੰਡਲ ਜਗਰਾਉਂ ਵਿਖੇ ਹੜਤਾਲ 'ਤੇ ਚੱਲ ਰਹੇ ਸੀ. ਐੱਚ. ਬਿਜਲੀ ਕਾਮਿਆਂ ਵੱਲੋਂ ਪਾਵਰਕਾਮ ਮੈਨੇਜਮੈਂਟ ਵਿਰੁੱਧ ਰੋਹ ਭਰਪੂਰ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਧਰਨੇ ਵਿੱਚ ਟੈਕਨੀਕਲ ਸਰਵਿਸ ਯੂਨੀਅਨ ਵੱਲੋਂ ਡਵੀਜ਼ਨ ਪ੍ਰਧਾਨ ਅਵਤਾਰ ਸਿੰਘ ਕਲੇਰ ਦੀ ਅਗਵਾਈ ਵਿੱਚ ਸ਼ਮੂਲੀਅਤ ਕੀਤੀ ਗਈ। ਰੋਸ ਧਰਨੇ ਨੂੰ ਸੰਬੋਧਨ ਕਰਦੇ ਹੋਏ ਸੀ. ਐੱਚ. ਕਾਮਿਆਂ ਦੇ ਡਵੀਜ਼ਨ ਪ੍ਰਧਾਨ ਅਮਨਪ੍ਰੀਤ ਸਿੰਘ ਮੱਲ੍ਹੀ ਨੇ ਆਖਿਆ ਕਿ ਪਾਵਰਕਾਮ ਮੈਨੇਜਮੈਂਟ ਵੱਲੋਂ ਠੇਕਾ ਮੁਲਾਜ਼ਮਾਂ ਨੂੰ ਆਈਡੀਆਂ ਜਾਰੀ ਨਹੀਂ ਕੀਤੀਆਂ ਜਾ ਰਹੀਆਂ, ਬਕਾਇਆ ਰਹਿੰਦੇ ਸੀ.ਐਚ.ਬੀ. ਕਾਮਿਆਂ ਨੂੰ ਆਫਰ ਲੈਟਰ ਨਹੀਂ ਦਿੱਤੇ ਜਾ ਰਹੇ ਅਤੇ ਕੁੱਝ ਸਾਥੀਆਂ ਨੂੰ ਆਫਰ ਲੈਟਰ ਦੇ ਦਿੱਤੇ ਗਏ ਹਨ, ਪ੍ਰੰਤੂ ਜੁਆਇਨ ਨਹੀਂ ਕਰਵਾਇਆ ਜਾ ਰਿਹਾ, ਜਿਸ ਕਾਰਨ ਸਮੁੱਚੇ ਸੀ.ਐੱਚ. ਕਾਮਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਮੈਨੇਜਮੈਂਟ ਵਿਰੁੱਧ ਗੁੱਸੇ ਦੀ ਲਹਿਰ ਹੈ। ਉਨ੍ਹਾਂ ਚੇਤਾਵਨੀ ਦਿੰਦੇ ਹੋਏ ਆਖਿਆ ਕਿ ਜੇਕਰ ਪਾਵਰਕਾਮ ਮੈਨੇਜਮੈਂਟ ਨੇ ਠੇਕੇ 'ਤੇ ਰੱਖੇ ਕਾਮਿਆਂ ਦੀਆਂ ਰਹਿੰਦੀਆਂ ਮੰਗਾਂ ਮੰਨ ਕੇ ਲਾਗੂ ਨਾ ਕੀਤੀਆਂ, ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਕਲੇਰ, ਭੁਪਿੰਦਰ ਸਿੰਘ ਸੇਖੋਂ, ਕੁਲਦੀਪ ਸਿੰਘ ਮਲਕ, ਅਵਤਾਰ ਸਿੰਘ ਭੀਪਾ ਕਲੇਰ, ਰਾਮ ਚੰਦਰ, ਜੋਗਿੰਦਰ ਸਿੰਘ ਸਿੱਧਵਾਂ ਬੇਟ, ਸੰਦੀਪ ਸਿੰਘ ਸਿੱਧਵਾਂ ਖੁਰਦ, ਸਿਮਰਨਜੀਤ ਸਿੰਘ ਸਿਟੀ ਜਗਰਾਉਂ, ਗੁਰਿੰਦਰ ਸਿੰਘ ਡਾਂਗੀਆਂ, ਸ਼ਿਵ ਕੁਮਾਰ ਸਟੋਰ ਜਗਰਾਉਂ, ਜਸਵਿੰਦਰ ਸਿੰਘ, ਹਰਪ੍ਰੀਤ ਸਿੰਘ, ਗੁਰਮੀਤ ਸਿੰਘ, ਕਿਰਨਦੀਪ ਸਿੰਘ ਆਦਿ ਨੇ ਵੀ ਮੈਨੇਜਮੈਂਟ ਵਿਰੁੱਧ ਤਿੱਖੀ ਨਾਅਰੇਬਾਜ਼ੀ ਕੀਤੀ।

## ਸਫਾ 1 ਦੇ ਬਾਕੀ...

### ਮੋਦੀ ਕੈਮਰੇ ਦਾ ਨਹੀਂ...

ਕੌਣ ਝੂਠ ਬੋਲ ਰਿਹਾ ਹੈ ਤੇ ਕੌਣ ਉਨ੍ਹਾਂ ਨੂੰ ਗੁੰਮਰਾਹ ਕਰ ਰਿਹਾ ਹੈ। ਚਰਚਾ ਦੌਰਾਨ ਕਈ ਵਾਰ ਹੁਕਮਰਾਨ ਤੇ ਆਪੋਜ਼ੀਸ਼ਨ ਮੈਂਬਰ ਆਹਮੋ-ਸਾਹਮਣੇ ਹੋ ਗਏ। ਟੀ ਐੱਮ ਸੀ ਦੇ ਅਭਿਸ਼ੇਕ ਬੈਨਰਜੀ ਨੇ ਬੋਲਣਾ ਸ਼ੁਰੂ ਕੀਤਾ ਤਾਂ ਹੁਕਮਰਾਨ ਮੈਂਬਰਾਂ ਨੇ ਸ਼ੋਰ-ਸ਼ਰਾਬਾ ਸ਼ੁਰੂ ਕਰ ਦਿੱਤਾ।

ਇਸ 'ਤੇ ਬੈਨਰਜੀ ਦੀ ਪਾਰਟੀ ਦੀ ਤ੍ਰਿਣਮੂਲ ਕਾਂਗਰਸ ਦੀ ਮਹੂਆ ਮੋਇਤਰਾ ਨੇ ਖੜ੍ਹੇ ਹੋ ਕੇ ਚੇਅਰ ਨੂੰ ਕਿਹਾ ਕਿ ਇਨ੍ਹਾਂ ਨੂੰ ਚੁੱਪ ਕਰਾਓ, ਇੱਕ ਸਰਸਾ ਹੋਣ ਦਿਓ, ਇੱਕ ਸਰਸਾ। (ਮੰਤਰੀ ਕਿਰੇਨ ਰਿਜੀਜੂ ਅਤੇ ਦਿਲੀਪ ਸੈਕੀਆ, ਜ↔ ਸਪੀਕਰ ਦੀ ਕੁਰਸੀ 'ਤੇ ਬੈਠੇ ਸਨ, ਦੇ ਹਿੰਦੀ ਉਚਾਰਨ ਥੋੜ੍ਹੇ ਵੱਖਰੇ ਹਨ ਤੇ ਉਹ ਚਰਚਾ ਨੂੰ ਸਰਸਾ ਕਹਿੰਦੇ ਹਨ।) ਇਹ ਦਾਅਵਾ ਕੀਤਾ ਗਿਆ ਕਿ ਮਹੂਆ ਨੇ ਮਜ਼ਾਕ ਉਡਾਇਆ। ਫਿਰ ਕੁਰਸੀ 'ਤੇ ਬੈਠੇ ਦਿਲੀਪ ਸੈਕੀਆ ਨੇ ਉਸ ਨੂੰ ਬੈਠਣ ਅਤੇ ਰੌਲਾ ਨਾ ਪਾਉਣ ਲਈ ਕਿਹਾ। ਪ੍ਰਿਅੰਕਾ ਗਾਂਧੀ ਨੇ ਨਵੇਂ ਸਿੱਖਿਆ ਮੰਤਰੀ ਪ੍ਰਹਿਲਾਦ ਜੋਸ਼ੀ ਬਾਰੇ ਕਿਹਾ ਕਿ ਜੋਸ਼ੀ ਨੇ ਬਿਲਕਿਸ ਬਾਨੋ ਦੇ ਬਲਾਤਕਾਰੀਆਂ ਦੀ ਰਿਹਾਈ ਦੀ ਹਮਾਇਤ ਕੀਤੀ ਸੀ। ਮੰਤਰੀ ਕਿਰੇਨ ਰਿਜੀਜੂ ਨੇ ਜਵਾਬੀ ਹਮਲਾ ਕਰਦਿਆਂ ਕਿਹਾ, 'ਪ੍ਰਿਯੰਕਾ ਪ੍ਰਹਿਲਾਦ ਜੋਸ਼ੀ ਦੀ ਛਵੀ ਨੂੰ ਖਰਾਬ ਕਰ ਰਹੀ ਹੈ। ਉਸ ਨੂੰ ਮੁਆਫੀ ਮੰਗਣੀ ਚਾਹੀਦੀ ਹੈ।'

ਨਿਸ਼ੀਕਾਂਤ ਦੂਬੇ ਨੇ ਵੀ ਟੋਕਦੇ ਹੋਏ ਕਿਹਾ ਕਿ ਜੇ ਪ੍ਰਿਅੰਕਾ ਗਾਂਧੀ ਆਪਣਾ ਬਿਆਨ ਵਾਪਸ ਨਹੀਂ ਲੈਂਦੀ, ਤਾਂ ਉਹ ਵੀ ਨਹਿਰੂ ਨੂੰ ਬਦਮਾਸ਼ ਕਹਿਣ ਵਾਲੇ ਆਪਣੇ ਬਿਆਨ 'ਤੇ ਕਾਇਮ ਰਹਿਣਗੇ। ਪ੍ਰਹਿਲਾਦ ਜੋਸ਼ੀ ਨੇ ਕਿਹਾ ਕਿ ਪ੍ਰਿਅੰਕਾ ਨੂੰ ਸਾਬਤ ਕਰਨਾ ਚਾਹੀਦਾ ਹੈ। ਉਹ ਬਿਨਾਂ ਨੋਟਿਸ ਕਿਵੇਂ ਬੋਲ ਸਕਦੀ ਹੈ? ਉਸ ਨੂੰ ਮੁਆਫੀ ਮੰਗਣੀ ਚਾਹੀਦੀ ਹੈ। ਪ੍ਰਿਅੰਕਾ ਨੇ ਕਿਹਾ, 'ਮੈਂ ਸਬੂਤ ਦੇਵਾਂਗੀ।'

### ਭਾਜਪਾ ਪੰਜਾਬੀਆਂ ਦੀ...

ਮਤਭੇਦ ਹੋਣਾ ਸੁਭਾਵਿਕ ਹੈ ਅਤੇ ਇਹ ਮਤਭੇਦ ਹਮੇਸ਼ਾ ਰਹਿਣਗੇ ਪਰ ਇਹਨਾਂ ਨੂੰ ਦਿਲਾਂ ਅੰਦਰ ਘਰ ਨਹੀਂ ਕਰਨ ਦੇਣਾ ਚਾਹੀਦਾ।" ਪੇਪਰ ਲੀਕ ਬਾਰੇ ਵਿਰੋਧੀ ਧਿਰ ਦੇ ਦੋਸ਼ਾਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਸੱਤਾ ਦੇ ਸਾਢੇ ਚਾਰ ਸਾਲ ਪੂਰੇ ਕਰ ਲਏ ਹਨ, ਪਰ ਇਸ ਸਮੇਂ ਦੌਰਾਨ ਪੰਜਾਬ ਵਿੱਚ ਇੱਕ ਵੀ ਪ੍ਰੀਖਿਆ ਪੇਪਰ ਲੀਕ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਸਾਨੂੰ ਫਾਰਮੇਸੀ ਪ੍ਰੀਖਿਆ ਦੌਰਾਨ ਨਕਲ ਦੀ ਕੋਸ਼ਿਸ਼ ਬਾਰੇ ਪਤਾ ਲੱਗਾ ਸੀ। ਪ੍ਰੀਖਿਆ ਸਵੇਰੇ 11 ਵਜੇ ਸ਼ੁਰੂ ਹੋਈ ਸੀ ਅਤੇ 11:15 ਵਜੇ ਤੱਕ ਅਸੀਂ ਪਾਇਆ ਕਿ ਇੱਕ ਉਮੀਦਵਾਰ ਬਲੂਟੁੱਥ-ਵਾਲੇ ਪੈੱਨ ਰਾਹੀਂ ਪ੍ਰਸ਼ਨ ਪੱਤਰ ਨੂੰ ਸਕੈਨ ਕਰਕੇ ਬਾਹਰ ਬੈਠੇ ਲੋਕਾਂ ਤੋਂ ਈਅਰਪੀਸ ਰਾਹੀਂ ਉੱਤਰ ਪ੍ਰਾਪਤ ਕਰ ਰਿਹਾ ਸੀ। ਪੰਜਾਬ ਪੁਲਿਸ ਨੇ ਤੁਰੰਤ ਕਾਰਵਾਈ ਕੀਤੀ, ਬਾਹਰੋਂ ਕੰਮ ਕਰ ਰਹੇ 11 ਮੈਂਬਰੀ ਗਿਰੋਹ ਸਮੇਤ 10 ਉਮੀਦਵਾਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਨੂੰ ਜੇਲ੍ਹ ਭੇਜ ਦਿੱਤਾ। ਅਕਾਲੀ ਦਲ 'ਤੇ ਨਿਸ਼ਾਨਾਂ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਦਲ ਦਾ ਹੁਣ ਪੰਜਾਬ ਵਿੱਚ ਕੋਈ ਵਜੂਦ ਨਹੀਂ ਰਿਹਾ। ਭਾਜਪਾ ਦੀ ਗੱਲ ਕਰੀਏ ਤਾਂ ਸੰਸਦ ਦੇ ਬਾਹਰ ਵਿਰੋਧ ਪ੍ਰਦਰਸ਼ਨ ਕਰਨ ਤੋਂ ਪਹਿਲਾਂ ਉਸ ਨੂੰ ਪਹਿਲਾਂ ਜੰਤਰ-ਮੰਤਰ ਵੱਲ ਧਿਆਨ ਦੇਣਾ ਚਾਹੀਦਾ ਹੈ।

### ਨਾਬਾਲਗ ਪ੍ਰਦਰਸ਼ਨਕਾਰੀ...

ਜ਼ਬਰਦਸਤੀ ਕਾਰਵਾਈ ਨਹੀਂ ਕੀਤੀ ਜਾਵੇਗੀ। ਬੈਂਚ ਨੇ ਪਟੀਸ਼ਨਾਂ ਵਿੱਚ ਉਠਾਏ ਗਏ ਦੋਸ਼ਾਂ 'ਤੇ ਦਿੱਲੀ, ਮਹਾਰਾਸ਼ਟਰ, ਬਿਹਾਰ, ਕੇਰਲ, ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਦੇ ਮੁੱਖ ਸਕੱਤਰਾਂ ਤੋਂ ਵੀ ਜਵਾਬ ਤਲਬ ਕੀਤੇ ਹਨ। ਬੈਂਚ ਨੇ ਕਿਹਾ, "ਜਿਸ ਕਿਸੇ ਨੇ ਵੀ ਵਧੀਕੀਆਂ ਕੀਤੀਆਂ ਹਨ, ਕਾਨੂੰਨ ਨੂੰ ਆਪਣੇ ਹੱਥਾਂ ਵਿੱਚ ਲਿਆ ਹੈ, ਉਸ ਉੱਤੇ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

### ਗੈਂਗਰੇਪ ਦੀ ਧਮਕੀ ...

ਮੋਹਨ ਦਾਸ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਹੈ। ਵਿਜਯਨ ਨੇ ਦੋਸ਼ ਲਗਾਇਆ ਕਿ ਮੋਹਨ ਦਾਸ ਦੇ ਬਿਆਨ ਸੰਘ ਪਰਵਾਰ ਦੀ ਅਸਹਿਮਤੀ ਨੂੰ ਖਤਮ ਕਰਨ ਦੀ ਮਾਨਸਿਕਤਾ ਨੂੰ ਦਰਸਾਉਂਦੇ ਹਨ।

ਮੋਹਨ ਦਾਸ ਪੇਸ਼ੇ ਤੋਂ ਇੰਜੀਨੀਅਰ ਅਤੇ ਵਕੀਲ ਹੈ। ਉਹ ਕੇਰਲਾ ਵਿੱਚ ਭਾਜਪਾ ਅਤੇ ਸੰਘ ਪਰਵਾਰ ਨਾਲ ਜੁੜੇ ਬੌਧਿਕ ਮੰਚਾਂ ਵਿੱਚ ਸਰਗਰਮ ਰਿਹਾ ਹੈ ਅਤੇ ਭਾਜਪਾ ਦੇ ਰਾਜ ਬੌਧਿਕ ਸੈੱਲ ਦਾ ਕਨਵੀਨਰ ਵੀ ਰਹਿ ਚੁੱਕਾ ਹੈ। ਉਹ ਆਰ ਐੱਸ ਐੱਸ ਦੇ 'ਭਾਰਤੀਯ ਵਿਚਾਰ ਕੇਂਦਰਮ' ਦਾ ਜਨਰਲ ਸਕੱਤਰ (1997) ਅਤੇ ਉਪ-ਪ੍ਰਧਾਨ (2006) ਰਹਿ ਚੁੱਕਾ ਹੈ ਅਤੇ ਆਰ ਐੱਸ ਐੱਸ ਦੀ ਕੰਪਨੀ 'ਅਯੁੱਧਿਆ ਪ੍ਰਿੰਟਰਜ਼' ਅਤੇ ਕੁਝ ਸਮੇਂ ਲਈ 'ਜਨਮਭੂਮੀ' ਦਾ ਜਨਰਲ ਮੈਨੇਜਰ ਵੀ ਰਹਿ ਚੁੱਕਾ ਹੈ। ਤਿਰੁਅਨੰਤਪੁਰਮ ਦੇ ਇੰਜੀਨੀਅਰਿੰਗ ਕਾਲਜ ਤੋਂ ਗ੍ਰੈਜੂਏਟ ਹੋਣ ਤੋਂ ਬਾਅਦ ਉਸ ਨੇ ਮਹਾਰਾਸ਼ਟਰ ਰਾਜ ਬਿਜਲੀ ਬੋਰਡ ਅਤੇ ਕੇਲਟ੍ਰੋਨ ਵਿੱਚ ਇਲੈਕਟ੍ਰਾਨਿਕਸ ਅਤੇ ਸੰਚਾਰ ਇੰਜੀਨੀਅਰ ਵਜੋਂ ਕੰਮ ਕੀਤਾ। 62 ਸਾਲ ਦੀ ਉਮਰ ਵਿੱਚ ਉਹ ਸਰਕਾਰੀ ਲਾਅ ਕਾਲਜ ਏਰਨਾਕੁਲਮ ਵਿੱਚ ਇੱਕ ਨਿਯਮਤ ਵਿਦਿਆਰਥੀ ਸੀ। ਉਹ ਹੁਣ ਇੱਕ ਯੂਟਿਊਬ ਚੈਨਲ ਚਲਾਉਂਦਾ ਹੈ। ਹਰ ਪਾਸਿਓਂ ਘਿਰਨ ਤੋਂ ਬਾਅਦ ਵਿੱਚ ਮੋਹਨ ਦਾਸ ਨੇ ਦਾਅਵਾ ਕੀਤਾ ਹੈ ਕਿ ਉਸ ਦੀ ਟਿੱਪਣੀ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਗਿਆ ਅਤੇ ਸੰਦਰਭ ਤੋਂ ਬਾਹਰ ਲਿਆ ਗਿਆ, ਉਹ ਆਪਣੀ ਗੱਲ ਦੱਸਣ ਲਈ ਵਿਅੰਗ ਦੀ ਵਰਤੋਂ ਕਰ ਰਿਹਾ ਸੀ।

### ਨਹੀਂ ਟਲਦੀ ...

ਕੁੱਟਿਆ ਅਤੇ ਪਰੇਸ਼ਾਨ ਕੀਤਾ ਗਿਆ, ਇੱਕ ਔਰਤ ਹੁੰਦਿਆਂ ਵੀ ਕੰਗਨਾ ਦੇ ਦਿਲ ਵਿੱਚ ਥੋੜ੍ਹੀ ਜਿਹੀ ਵੀ ਹਮਦਰਦੀ ਨਹੀਂ ਜਾਗੀ। ਇਹ ਬਹੁਤ ਹੈਰਾਨੀਜਨਕ ਹੈ। ਦੂਜੇ ਪਾਸੇ ਏ ਆਈ ਐੱਮ ਆਈ ਐੱਮ ਨੇਤਾ ਵਾਰਿਸ ਪਠਾਨ ਨੇ ਭਾਜਪਾ ਤੋਂ ਤੁਰੰਤ ਮੁਆਫ਼ੀ ਦੀ ਮੰਗ ਕੀਤੀ ਹੈ। ਪਠਾਨ ਨੇ ਕਿਹਾ, "ਪੁੱਛੋ ਕੰਗਨਾ ਨੂੰ ਕਿ ਕੀ ਉਸ ਨੂੰ ਨੀਟ ਦਾ ਪੂਰਾ ਨਾਂਅ ਵੀ ਪਤਾ ਹੈ?"

### ਹਫਤੇ 'ਚ 70 ਘੰਟੇ ...

ਲਾਇਸੈਂਸ ਰੱਦ ਕਰ ਦਿੱਤਾ ਜਾਵੇਗਾ।' 2023 ਵਿੱਚ ਇੱਕ ਪੌਡਕਾਸਟ ਵਿੱਚ ਇਨਫੋਸਿਸ ਦੇ ਸਹਿ-ਬਾਨੀ ਮੂਰਤੀ ਨੇ ਕਿਹਾ ਸੀ ਕਿ ਭਾਰਤ ਦੇ ਕਾਰਜ ਸੱਭਿਆਚਾਰ ਨੂੰ ਬਦਲਣ ਦੀ ਲੋੜ ਹੈ ਅਤੇ ਜੇ ਦੇਸ਼ ਨੇ ਵਿਸ਼ਵ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨਾ ਹੈ, ਤਾਂ ਨੌਜਵਾਨਾਂ ਨੂੰ ਹਫਤੇ ਵਿੱਚ 70 ਘੰਟੇ ਕੰਮ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਭਾਰਤ ਦੀ ਕੰਮ ਕਰਨ ਦੀ ਉਤਪਾਦਕਤਾ ਦੁਨੀਆ ਵਿੱਚ ਸਭ ਤੋਂ ਘੱਟ ਹੈ। ਜਦੋਂ ਤੱਕ ਅਸੀਂ ਆਪਣੀ ਕੰਮ ਕਰਨ ਦੀ ਉਤਪਾਦਕਤਾ ਵਿੱਚ ਸੁਧਾਰ ਨਹੀਂ ਕਰਦੇ, ਜਦੋਂ ਤੱਕ ਅਸੀਂ ਫੈਸਲੇ ਲੈਣ ਵਿੱਚ ਆਪਣੀ ਨੌਕਰਸ਼ਾਹੀ ਵਿੱਚ ਦੇਰੀ ਨੂੰ ਘੱਟ ਨਹੀਂ ਕਰਦੇ, ਅਸੀਂ ਉਨ੍ਹਾਂ ਦੇਸ਼ਾਂ ਨਾਲ ਮੁਕਾਬਲਾ ਨਹੀਂ ਕਰ ਸਕਾਂਗੇ, ਜਿਨ੍ਹਾਂ ਬਹੁਤ ਤਰੱਕੀ ਕੀਤੀ ਹੈ। ਇਸ ਲਈ ਮੇਰੀ ਬੇਨਤੀ ਹੈ ਕਿ ਸਾਡੇ ਨੌਜਵਾਨਾਂ ਨੂੰ ਕਹਿਣਾ ਚਾਹੀਦਾ ਹੈ ਕਿ ਇਹ ਮੇਰਾ ਦੇਸ਼ ਹੈ। ਮੈਂ ਹਫਤੇ ਵਿੱਚ 70 ਘੰਟੇ ਕੰਮ ਕਰਨਾ ਚਾਹੁੰਦਾ ਹਾਂ।'

### ਜਾਪਾਨ 'ਚ...

ਗਈ ਹੈ। ਟੋਕੀਓ ਵਿੱਚ ਆਪਣੇ ਦਫ਼ਤਰ ਤੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਾਪਾਨ ਦੀ ਪ੍ਰਧਾਨ ਮੰਤਰੀ ਸਾਨਾਏ ਤਾਕਾਚੀ ਨੇ ਕਿਹਾ ਕਿ ਜਾਨੀ ਅਤੇ ਮਾਲੀ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਰਹਾ ਹੈ। ਤਾਕਾਚੀ ਨੇ ਕਿਹਾ ਕਿ "ਸਾਨੂੰ ਮਿਲੀ ਜਾਣਕਾਰੀ ਮੁਤਾਬਕ ਕਈ ਲੋਕ ਜ਼ਖ਼ਮੀ ਹੋਏ ਹਨ। ਕੁਝ ਇਲਾਕਿਆਂ ਵਿੱਚ ਬਿਜਲੀ ਗੁੱਲ ਹੋ ਗਈ ਹੈ ਅਤੇ ਅੱਗ ਲੱਗਣ ਦੀਆਂ ਘਟਨਾਵਾਂ ਵਾਪਰੀਆਂ ਹਨ। ਇਸ ਤੋਂ ਇਲਾਵਾ ਸੜਕਾਂ, ਪੁਲਾਂ ਅਤੇ ਇਮਾਰਤਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ। ਮੈਂ ਸਭ ਨੂੰ ਅਪੀਲ ਕਰਦੀ ਹਾਂ ਕਿ ਉਹ ਆਪਣੀ ਸੁਰੱਖਿਆ ਲਈ ਤੁਰੰਤ ਸੁਰੱਖਿਅਤ ਥਾਵਾਂ 'ਤੇ ਪਹੁੰਚਣ। " ਸਰਕਾਰੀ ਚੈਨਲ ਦੀਆਂ ਤਸਵੀਰਾਂ ਵਿੱਚ ਕਈ ਇਮਾਰਤਾਂ ਡਿੱਗੀਆਂ ਅਤੇ ਅੱਗ ਦੀ ਲਪੇਟ ਵਿੱਚ ਦਿਖਾਈ ਦਿੱਤੀਆਂ। ਫਲਾਈਓਵਰਾਂ ਅਤੇ ਸੜਕਾਂ ਵਿੱਚ ਵੱਡੀਆਂ ਦਰਾਰਾਂ ਪੈ ਗਈਆਂ ਹਨ ਅਤੇ ਇੱਕ ਮਾਲ ਗੱਡੀ ਵੀ ਪਟੜੀ ਤੋਂ ਉੱਤਰ ਗਈ। ਆਫ਼ਤ ਪ੍ਰਬੰਧਨ ਏਜੰਸੀ ਮੁਤਾਬਕ 1,50,000 ਤੋਂ ਵੱਧ ਲੋਕਾਂ ਨੂੰ ਰਾਹਤ ਕੈਂਪਾਂ ਵਿੱਚ ਜਾਣ ਦੇ ਨਿਰਦੇਸ਼ ਦਿੱਤੇ ਗਏ ਹਨ।

## ਅੰਤਰ ਹਾਊਸ ਪੰਜਾਬੀ ਵਾਦ-ਵਿਵਾਦ ਮੁਕਾਬਲਾ




**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**-ਅਕੇਡੀਆ ਵਰਲਡ ਸਕੂਲ ਵਿਖੇ ਵਿਦਿਆਰਥੀਆਂ ਦੇ ਵਿਚਾਰਾਂ ਤੇ ਸਵੈ-ਵਿਸ਼ਵਾਸ ਵਿੱਚ ਵਾਧਾ ਕਰਨ ਲਈ ਸੱਤਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਅੰਤਰ-ਹਾਊਸ ਪੰਜਾਬੀ ਡਿਬੇਟ ਮੁਕਾਬਲਾ ਕਰਾਇਆ ਗਿਆ।ਸਟੇਜ ਦਾ ਸੰਚਾਲਨ ਸੱਤਵੀਂ ਜਮਾਤ ਦੀ ਵਿਦਿਆਰਥਣ ਜੈਸਮੀਨ ਕੌਰ ਤੇ ਹਰਨੂਰ ਕੌਰ ਦੁਆਰਾ ਕੀਤਾ ਗਿਆ।ਮੁਕਾਬਲੇ ਦੇ ਮੁੱਖ ਜੱਜ ਰੁਪਿੰਦਰ ਕੌਰ ਤੇ ਬਿੰਦੀਆ ਮੈਦਾਨ ਸਨ।ਸੈਮੀਫਾਈਨਲ ਰਾਊਂਡ ਵਿੱਚ ਦੋ ਹਾਊਸ ਟਰੂਪਰਜ਼ ਤੇ ਵਾਰੀਅਰਜ਼ ਜੇਤੂ ਰਹੇ।ਫਾਈਨਲ ਮੁਕਾਬਲੇ ਦਾ ਵਿਸ਼ਾ 'ਚੰਗਾ ਨਾਗਰਿਕ ਬਣਨ ਲਈ ਸਿੱਖਿਆ ਜ਼ਿਆਦਾ ਜ਼ਰੂਰੀ ਹੈ ਜਾਂ ਸੰਸਕਾਰ?' ਸੀ। ਹਰ ਹਾਊਸ ਤੋਂ ਚਾਰ ਭਾਗੀਦਾਰ ਸਨ, ਇੱਕ ਹਾਊਸ ਸਿੱਖਿਆ ਹੱਕ ਵਿੱਚ ਤੇ ਦੂਜਾ ਸੰਸਕਾਰਾਂ ਦੇ ਪੱਖ ਵਿੱਚ ਬੋਲ ਰਿਹਾ ਸੀ। ਮੁਕਾਬਲੇ ਵਿੱਚ ਵਾਰੀਅਰਜ਼ ਹਾਊਸ ਜੇਤੂ ਰਿਹਾ, ਜਿਸ ਵਿੱਚ ਗੁਰਲੀਨ ਕੌਰ (ਸੱਤਵੀਂ) ਦਿਕਸ਼ਿਤ ਗੋਇਲ (ਸੱਤਵੀਂ), ਚੈਰਿਸ਼ (ਅੱਠਵੀਂ) ਅਤੇ ਆਇਸ਼ਨਾ (ਅੱਠਵੀਂ) ਨੇ ਭਾਗ ਲਿਆ।ਟਰੂਪਰਜ਼ ਹਾਊਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਿਸ ਵਿੱਚ ਅਨਮੀਤ (ਸੱਤਵੀਂ) ਅਨੰਤਵੀਰ (ਸੱਤਵੀਂ) ਤੇ ਆਗਮਨ (ਅੱਠਵੀਂ) ਨੇ ਭਾਗ ਲਿਆ।ਬੁਲਾਰਿਆਂ ਨੇ ਆਪਣੇ ਨੁਕਤਿਆਂ ਨੂੰ ਸਾਬਤ ਕਰਨ ਲਈ ਜ਼ੋਰਦਾਰ ਤੇ ਠੋਸ ਦਲੀਲਾਂ ਪੇਸ਼ ਕੀਤੀਆਂ।ਬੁਲਾਰਿਆਂ ਨੇ ਤਰਕਸ਼ੀਲ ਉਦਾਹਰਣਾਂ ਨਾਲ ਬਹੁਤ ਭਰੋਸੇ ਨਾਲ ਜਵਾਬ ਦਿੱਤਾ।ਟਰੂਪਰਜ਼ ਹਾਊਸ (ਅੱਠਵੀਂ ਜਮਾਤ) ਦੀ ਵਿਦਿਆਰਥਣ ਆਗਮਨ ਨੂੰ ਸਰਵੋਤਮ ਸਪੀਕਰ ਐਲਾਨਿਆ ਗਿਆ।

## ਲੀਗਲ ਏਡ ਡਿਫੈਂਸ ਕੌਂਸਲ ਨੀਤੀ ਖ਼ਿਲਾਫ਼ ਰੋਸ ਪ੍ਰਦਰਸ਼ਨ, ਨੀਤੀ ਤੁਰੰਤ ਵਾਪਸ ਲੈਣ ਦੀ ਮੰਗ



**ਅਜੀਤਵਾਲ (ਲਵਲੀ ਕੁਮਾਰ)**-ਜ਼ਿਲ੍ਹਾ ਬਾਰ ਐਸੋਸੀਏਸ਼ਨ, ਮੋਗਾ ਦੇ ਸੱਦੇ 'ਤੇ ਸਮੂਹ ਵਕੀਲ ਭਾਈਚਾਰੇ ਵੱਲੋਂ ਨਾਲਸਾ ਦੀ ਲੀਗਲ ਏਡ ਡਿਫੈਂਸ ਕਾਊਂਸਲ ਨੀਤੀ ਦੇ ਵਿਰੋਧ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ।ਵਕੀਲਾਂ ਨੇ ਨਾਅਰੇਬਾਜ਼ੀ ਕਰਦੇ ਹੋਏ ਨੀਤੀ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।ਬਾਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਕਿਹਾ ਕਿ ਐਲ.ਏ.ਡੀ.ਸੀ. ਨੀਤੀ ਮੌਜੂਦਾ ਕਾਨੂੰਨੀ ਸਹਾਇਤਾ ਪ੍ਰਣਾਲੀ ਤੇ ਸੁਤੰਤਰ ਵਕਾਲਤੀ ਪੇਸ਼ੇ ਉੱਤੇ ਨਕਾਰਾਤਮਕ ਪ੍ਰਭਾਵ ਪਾ ਸਕਦੀ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਇਸ ਨੀਤੀ ਸੰਬੰਧੀ ਪੰਜਾਬ ਭਰ ਦੀਆਂ ਬਾਰ ਐਸੋਸੀਏਸ਼ਨਾਂ ਤੇ ਬਾਰ ਕੌਂਸਲ ਵੱਲੋਂ ਵੀ ਆਪਣਾ ਵਿਰੋਧ ਦਰਜ ਕਰਵਾਇਆ ਜਾ ਰਿਹਾ ਹੈ।ਹਾਲੀਆ ਰਿਪੋਰਟਾਂ ਮੁਤਾਬਕ ਨਾਲਸਾ ਨੇ ਵੀ ਇਸ ਨੀਤੀ ਦੀ ਸਮੀਖਿਆ ਲਈ ਕਮੇਟੀ ਬਣਾਈ ਹੈ, ਪਰ ਅੰਤਮ ਫ਼ੈਸਲਾ ਹਾਲੇ ਸਾਹਮਣੇ ਨਹੀਂ ਆਇਆ।ਇਸ ਮੌਕੇ ਪ੍ਰਧਾਨ ਐਡਵੋਕੇਟ ਐਸ ਐਸ ਸਿੱਧੂ ਨੇ ਮੰਗ ਕੀਤੀ ਕਿ ਜਦੋਂ ਤੱਕ ਇਸ ਨੀਤੀ ਨੂੰ ਵਾਪਸ ਨਹੀਂ ਲਿਆ ਜਾਂਦਾ ਜਾਂ ਇਸ ਸੰਬੰਧੀ ਸਪੱਸ਼ਟ ਫ਼ੈਸਲਾ ਨਹੀਂ ਆ ਜਾਂਦਾ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਨੇ ਕਿਹਾ ਕਿ ਵਕੀਲ ਭਾਈਚਾਰਾ ਆਪਣੇ ਪੇਸ਼ੇ ਦੇ ਹਿੱਤਾਂ ਅਤੇ ਨਿਆਂ ਪ੍ਰਣਾਲੀ ਦੀ ਸੁਤੰਤਰਤਾ ਦੀ ਰੱਖਿਆ ਲਈ ਇਕਜੁੱਟ ਹੈ।

## ਡੀ ਐਲ ਐਡ ਭਾਗ ਦੂਜਾ ਦਾ ਨਤੀਜਾ ਰਿਹਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਡੀ ਐਲ.ਐਡ.ਭਾਗ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਅਸਿਸਟੈਂਟ ਪ੍ਰੋਫੈਸਰ ਗੁਰਸੇਵਕ ਸਿੰਘ ਨੇ ਦੱਸਿਆ ਕਿ ਗੁਰਪ੍ਰੀਤ ਕੌਰ ਨੇ 950 ਅੰਕਾਂ ਵਿੱਚੋਂ 846 ਅੰਕ ਪ੍ਰਾਪਤ ਕਰਕੇ ਪਹਿਲਾਂ ਸਥਾਨ, ਸੁਖਬੀਰ ਕੌਰ 844 ਪ੍ਰਾਪਤ ਕਰਕੇ ਦੂਜਾ ਸਥਾਨ, ਹਰਮਨਦੀਪ ਕੌਰ 837 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ, ਰਿਸ਼ਵ 832 ਅੰਕ ਪ੍ਰਾਪਤ ਕਰਕੇ ਚੌਥਾ ਸਥਾਨ, ਹਰਪ੍ਰੀਤ ਕੌਰ 827 ਅੰਕ ਪ੍ਰਾਪਤ ਕਰਕੇ ਪੰਜਵਾਂ ਸਥਾਨ ਹਾਸਲ ਕੀਤਾ। ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾ. ਵੀ. ਕੇ.ਰਾਏ ਨੇ ਚੰਗੇ ਅੰਕ ਪ੍ਰਾਪਤ ਕਰਕੇ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

## ਗੁਰਮੀਤ ਅਰੋੜਾ ਦੀ ਅਗਵਾਈ 'ਚ ਕਰਨ ਸਿੰਘ ਡੀ ਟੀ ਓ ਦਾ ਸਨਮਾਨ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਆਮ ਆਦਮੀ ਪਾਰਟੀ 'ਚ ਸ਼ਾਮਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਦੇ ਪਤੀ ਡੀਟੀਓ ਕਰਨ ਸਿੰਘ ਨੂੰ ਕਾਰ ਡੀਲਰ ਐਸੋਸੀਏਸ਼ਨ ਵੱਲੋਂ ਸੀਨੀਅਰ 'ਆਪ' ਆਗੂ ਗੁਰਮੀਤ ਸਿੰਘ ਅਰੋੜਾ ਦੀ ਅਗਵਾਈ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਡੀਟੀਓ ਕਰਨ ਸਿੰਘ ਨੇ ਪਾਰਟੀ ਵਰਕਰਾਂ ਨੂੰ ਹਰ ਸੰਭਵ ਮਾਨ ਸਨਮਾਨ ਦਾ ਭਰੋਸਾ ਦਿੱਤਾ।ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਡੀਟੀਓ ਕਰਨ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।ਉਨ੍ਹਾਂ ਦਾ ਮਕਸਦ ਸ਼ੁਤਰਾਣਾ ਦੇ ਪਛੜੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਕੰਮ ਕਰਨਾ ਹੈ।ਸਾਬਕਾ ਬੀਬੀ ਵਨਿੰਦਰ ਕੌਰ ਲੂੰਬਾ ਦੇ ਕਾਰਜਕਾਲ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਉਸ ਸਮੇਂ ਦੌਰਾਨ ਬਿਨਾਂ ਕਿਸੇ ਭੇਦਭਾਵ ਦੇ ਜਿੱਥੇ ਇਲਾਕੇ ਦੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਕੋਸ਼ਿਸ਼ਾਂ ਕੀਤੀਆਂ, ਉਥੇ ਬਹੁਤ ਸਾਰੇ ਵੱਡੇ ਕੰਮ ਇਲਾਕੇ ਵਿੱਚ ਕੀਤੇ। ਹੁਣ ਵੀ ਉਨ੍ਹਾਂ ਦਾ ਮਕਸਦ ਹੈ ਲੋਕਾਂ ਦੀ ਸੇਵਾ ਕਰਨਾ ਹੈ ਤੇ ਆਪਣੇ ਇਸ ਮਕਸਦ ਦੀ ਪੂਰਤੀ ਲਈ ਹੀ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।

## ਹਨੂਕ ਭੱਟੀ ਕ੍ਰਿਸਚਨ ਵੈਲ.ਫ਼ੇਅਰ ਬੋਰਡ ਦੇ ਚੇਅਰਮੈਨ ਬਣੇ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਵੱਖ-ਵੱਖ ਭਾਈਚਾਰੇ ਨਾਲ ਸਬੰਧਤ ਚੇਅਰਮੈਨਾਂ ਦੀ ਨਿਯੁਕਤੀਆਂ ਕੀਤੀਆਂ ਗਈਆਂ।ਇਸੇ ਲੜੀ ਦੇ ਤਹਿਤ ਹਲਕਾ ਫ਼ਿਰੋਜ਼ਪੁਰ ਦਿਹਾਤੀ ਅਧੀਨ ਆਉਂਦੇ ਕਸਬਾ ਮਮਦੋਟ ਦੇ ਈਸਾਈ ਭਾਈਚਾਰੇ ਨਾਲ ਸਬੰਧਤ ਪਾਸਟਰ ਪ੍ਰੇਮ ਮਸੀਹ ਦੇ ਬੇਟੇ ਹਨੂਕ ਭੱਟੀ ਨੂੰ ਕ੍ਰਿਸਚਣ ਵੈਲਫੇਅਰ ਬੋਰਡ ਦਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ।ਨਵ-ਨਿਯੁਕਤ ਚੇਅਰਮੈਨ ਹਨੂਕ ਭੱਟੀ ਵੱਲੋਂ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਰਜ਼ਨੀਸ਼ ਦਹੀਆ ਦਾ ਸਨਮਾਨ ਕਰਨ ਲਈ ਮਮਦੋਟ ਦੀ ਚਰਚ ਵਿੱਚ ਵਿਸ਼ੇਸ਼ ਸਨਮਾਨ ਸਮਾਰੋਹ ਕਰਾਉਂਦੇ ਹੋਏ ਐਡਵੋਕੇਟ ਰਜ਼ਨੀਸ਼ ਕੁਮਾਰ ਦਹੀਆ ਨੂੰ ਈਸਾਈ ਭਾਈਚਾਰੇ ਦੀ ਹਾਜ਼ਰੀ ਵਿਚ ਸਨਮਾਨਤ ਕੀਤਾ ਗਿਆ।ਸ਼੍ਰੀ ਦਹੀਆ ਨੇ ਕਿਹਾ ਕਿ ਈਸਾਈ ਭਾਈਚਾਰੇ ਵਾਸਤੇ ਮਾਣ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਹਨੂਕ ਭੱਟੀ ਨੂੰ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਇਸਾਈ ਵੈਲਫ਼ੇਅਰ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਤੇ ਹੁਣ ਕਇਸਾਈ ਭਾਈਚਾਰੇ ਦੀਆਂ ਮੰਗਾ ਸਬੰਧੀ ਅਤੇ ਉਨ੍ਹਾਂ ਦੇ ਕੰਮ ਕਾਰ ਸਰਕਾਰ ਵੱਲੋਂ ਹੋਰ ਵਧੀਆ ਤਰੀਕੇ ਤੇ ਜ਼ਿੰਮੇਵਾਰੀ ਨਾਲ ਕਰਾ ਸਕਣਗੇ।ਕ੍ਰਿਸਚਨ ਵੈਲ.ਫ਼ੇਅਰ ਬੋਰਡ ਦੇ ਨਵਨਿਯੁਕਤ ਚੇਅਰਮੈਨ ਪਾਸਟਰ ਹਨੂਕ ਭੱਟੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਸਮੁੱਚੀ ਲੀਡਰਸ਼ਿਪ ਅਤੇ ਵਿਸ਼ੇਸ਼ ਕਰਕੇ ਐਡਵੋਕੇਟ ਰਜਨੀਸ਼ ਦਹੀਆ ਐਮ ਐਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਜੋ ਜ਼ਿੰਮੇਵਾਰੀ ਉਸ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਪੂਰੀ ਕੋਸ਼ਿਸ਼ ਕਰਨਗੇ।

## ਮਾਤਾ ਗੁਜਰੀ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਇੰਡਕਸ਼ਨ ਪ੍ਰੋਗਰਾਮ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਅੰਡਰ ਗ੍ਰੈਜੂਏਟ ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਇੰਡਕਸ਼ਨ ਪ੍ਰੋਗਰਾਮ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਇੰਡਕਸ਼ਨ ਪ੍ਰੋਗਰਾਮ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਅਕਾਦਮਿਕ ਤੇ ਪ੍ਰਸ਼ਾਸਨਿਕ ਢਾਂਚੇ, ਵੱਖ-ਵੱਖ ਵਿਭਾਗਾਂ ਦੀ ਕਾਰਜ-ਪ੍ਰਣਾਲੀ ਅਤੇ ਕੈਂਪਸ ਦੇ ਸਮੁੱਚੇ ਮਾਹੌਲ ਨਾਲ ਜਾਣੂ ਕਰਾਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨ ਅਤੇ ਕਾਲਜ ਜੀਵਨ ਨਾਲ ਸੁਚਾਰੂ ਢੰਗ ਨਾਲ ਜੁੜਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।ਸ਼ੁਰੂਆਤ ਦੌਰਾਨ ਵਿਭਾਗ ਦੇ ਡਾ. ਮਨਪ੍ਰੀਤ ਕੌਰ ਨੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਕਾਲਜ ਪਰਿਵਾਰ ਦਾ ਹਿੱਸਾ ਬਣਨ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਇੰਡਕਸ਼ਨ ਪ੍ਰੋਗਰਾਮ ਦੇ ਉਦੇਸ਼ਾਂ ਤੋਂ ਜਾਣੂ ਕਰਾਇਆ।ਇਸ ਮਗਰੋਂ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਪ੍ਰੋ. ਰਸ਼ਮੀ ਅਰੋੜਾ ਨੇ ਸਵਾਗਤੀ ਭਾਸ਼ਣ ਪੇਸ਼ ਕਰਦਿਆਂ ਸਮੂਹ ਵਿਦਿਆਰਥੀਆਂ ਨੂੰ ਕਾਲਜ ਦੇ ਗੌਰਵਮਈ ਇਤਿਹਾਸ, ਵਿਜ਼ਨ, ਮਿਸ਼ਨ, ਨੈਤਿਕ ਕਦਰਾਂ-ਕੀਮਤਾਂ ਤੇ ਕੈਂਪਸ ਵਿੱਚ ਉਪਲਬਧ ਵੱਖ-ਵੱਖ ਵਿਦਿਆਰਥੀ ਸਹਾਇਤਾ ਸੇਵਾਵਾਂ ਬਾਰੇ ਵਿਸਥਾਰਪੂਰਵਕ ਦੱਸਿਆ।ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਪ੍ਰੋ. ਬੀਰਿੰਦਰ ਸਿੰਘ ਸਰਾਓ ਨੇ ਰਾਸ਼ਟਰੀ ਸੇਵਾ ਯੋਜਨਾ (ਐਨ.ਐਸ.ਐਸ), ਐਨ.ਸੀ.ਸੀ. ਅਫ਼ਸਰ ਲੈਫ਼ਟੀਨੈਂਟ ਡਾ. ਪੁਸ਼ਪਿੰਦਰ ਸਿੰਘ ਨੇ ਨੈਸ਼ਨਲ ਕੈਡੇਟਸ ਕੋਰਪਸ ਯੂਨਿਟ (ਐਨ.ਸੀ.ਸੀ), ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ ਨੇ ਪ੍ਰੀਖਿਆ ਪ੍ਰਣਾਲੀ ਤੇ ਅਕਾਦਮਿਕ ਮੁਲਾਂਕਣ ਤੇ ਡੀਨ ਸਪੋਰਟਸ ਡਾ. ਦਵਿੰਦਰ ਸਿੰਘ ਨੇ ਕਾਲਜ ਵਿੱਚ ਖੇਡਾਂ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਅਤੇ ਮੌਕਿਆਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਬੂਆ ਨੰਗਲੀ ਵਿਖੇ ਸਰਪੰਚ ਵੱਲੋਂ ਪਲਾਟ 'ਤੇ ਨਾਜਾਇਜ਼ ਕਬਜ਼ੇ ਦੀ ਕੋਸ਼ਿਸ਼

**● ਪੀੜਤ ਧਿਰ ਵੱਲੋਂ ਰੋਕਣ 'ਤੇ ਹਮਲੇ ਦੌਰਾਨ ਦੋ ਔਰਤਾਂ ਜ਼ਖਮੀ**



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਥਾਣਾ ਰਾਜਾਸਾਂਸੀ ਅਧੀਨ ਪੈਂਦੇ ਪਿੰਡ ਬੂਆ ਨੰਗਲੀ ਵਿਖੇ ਅਦਾਲਤੀ ਹੁਕਮਾਂ ਦੀ ਉਲੰਘਣਾ ਕਰਦਿਆਂ ਪੱਤਰਕਾਰ ਕੁਲਦੀਪ ਸਿੰਘ ਦੇ ਜੱਦੀ ਪਲਾਟ ਉੱਪਰ ਪਿੰਡ ਦੀ ਮੌਜੂਦਾ ਸਰਪੰਚ ਅਤੇ ਉਸਦੇ ਪਰਿਵਾਰਕ ਮੈਂਬਰਾਂ ਵੱਲੋਂ ਸ਼ੈੱਡ ਉਸਾਰ ਕੇ ਨਾਜਾਇਜ਼ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਪੀੜਤ ਧਿਰ ਵੱਲੋਂ ਰੋਕਣ 'ਤੇ ਸਰਪੰਚ ਅਤੇ ਉਸ ਦੇ ਬੰਦਿਆਂ ਨੇ ਰੋਕਣ ਆਏ ਕੁਲਦੀਪ ਸਿੰਘ ਦੀ ਧਿਰ ਦੇ ਮੈਂਬਰਾਂ ਉੱਪਰ ਇੱਟਾਂ ਰੋੜਿਆਂ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਤਿੰਨ ਜਣਿਆਂ ਨੂੰ ਗੰਭੀਰ ਜ਼ਖਮੀ ਕਰ ਦਿੱਤਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕੁਲਦੀਪ ਸਿੰਘ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਬੂਆ ਨੰਗਲੀ ਹਾਲ ਵਾਸੀ ਸੰਤੂਨੰਗਲ ਨੇ ਦੱਸਿਆ ਕਿ ਉਸ ਦਾ ਪਿੰਡ ਬੂਆ ਨੰਗਲੀ ਵਿੱਚ ਕਰੀਬ ਚਾਰ ਮਰਲੇ ਦਾ ਜੱਦੀ ਪਲਾਟ ਹੈ, ਜਿਸ ਉਪਰ ਉਕਤ ਲੋਕਾਂ ਵੱਲੋਂ ਨਾਜਾਇਜ਼ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ, ਜਿਸ 'ਤੇ ਉਸ ਵੱਲੋਂ ਥਾਣਾ ਰਾਜਾਸਾਂਸੀ ਦੀ ਪੁਲਸ ਨੂੰ ਕਈ ਵਾਰ ਲਿਖਤੀ ਦਰਖਾਸਤਾਂ ਦੇ ਕੇ ਰੋਕਣ ਦੀ ਬੇਨਤੀ ਕੀਤੀ ਗਈ।ਪੁਲਸ ਵੱਲੋਂ ਰੋਕਣ ਦੇ ਬਾਵਜੂਦ ਪਿੰਡ ਦੀ ਮੌਜੂਦਾ ਸਰਪੰਚ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਕਈ ਵਾਰ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ।25 ਜੁਲਾਈ ਨੂੰ ਰਾਤ ਸਰਪੰਚ ਸਮੇਤ ਮਨਦੀਪ ਕੌਰ, ਧਰਮ ਸਿੰਘ, ਵਿਕਰਮਜੀਤ ਸਿੰਘ (ਵਿੱਕੀ) ਅਤੇ ਕੁੱਝ ਹੋਰ ਵਿਅਕਤੀਆਂ ਵੱਲੋਂ ਉਕਤ ਜਗ੍ਹਾ 'ਤੇ ਮਾਨਯੋਗ ਅਦਾਲਤ ਵੱਲੋਂ ਸਟੇਟਸ ਕੋ (ਜਿਉਂ ਦੀ ਤਿਉਂ ਸਥਿਤੀ) ਸਬੰਧੀ ਹੁਕਮ ਜਾਰੀ ਕੀਤੇ ਹੋਣ ਦੇ ਬਾਵਜੂਦ ਪਲਾਟ ਉੱਪਰ ਸ਼ੈੱਡ ਉਸਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ।ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਕਤ ਵਿਅਕਤੀਆਂ ਨੇ ਉਨ੍ਹਾਂ ਨਾਲ ਧੱਕਾ-ਮੁੱਕੀ, ਗਾਲੀ-ਗਲੋਚ ਕਰਦੇ ਹੋਏ ਇੱਟਾਂ ਰੋੜਿਆਂ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ।ਇਸ ਲੜਾਈ ਝਗੜੇ ਦੌਰਾਨ ਉਸ ਦੀਆਂ ਭੈਣਾਂ ਗੰਭੀਰ ਜ਼ਖਮੀ ਹੋ ਗਈਆਂ ਜਿਨ੍ਹਾਂ ਨੂੰ ਸਿਵਲ ਹਸਪਤਾਲ ਅੰਮ੍ਰਿਤਸਰ ਵਿੱਚ ਦਾਖਲ ਕਰਵਾਇਆ ਗਿਆ ਹੈ ਜਿੱਥੇ ਉਨ੍ਹਾਂ 'ਚੋਂ ਇੱਕ ਦੀ ਦੀ ਹਾਲਤ ਗੰਭੀਰ ਹੈ।ਵਿਰੋਧੀਆਂ ਵੱਲੋਂ ਉਸ ਦੇ ਪਰਿਵਾਰ ਨੂੰ ਝੂਠੇ ਕੇਸਾਂ ਵਿੱਚ ਫਸਾਉਣ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਜਾ ਰਹੀਆਂ ਹਨ। ਪੀੜਿਤ ਪਰਿਵਾਰ ਵੱਲੋਂ ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਨੂੰ ਬੇਨਤੀ ਕੀਤੀ ਜਾ ਰਹੀ ਹੈ ਕਿ ਕਥਿਤ ਦੋਸ਼ੀਆਂ ਖਿਲਾਫ ਬਣਦੀ ਢੁੱਕਵੀਂ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਇਨਸਾਫ ਦਵਾਇਆ ਜਾਵੇ। ਇਸ ਸੰਬੰਧੀ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਪੱਤਰਕਾਰ ਭਾਈਚਾਰੇ ਨੇ ਕਿਹਾ ਕਿ ਉਕਤ ਮਾਮਲੇ ਸਬੰਧੀ ਪੱਤਰਕਾਰ ਨਾਲ ਧੱਕਾ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਪੁਲਸ ਨੇ ਇਸ ਮਾਮਲੇ ਪ੍ਰਤੀ ਢਿੱਲ-ਮੱਠ ਦੀ ਨੀਤੀ ਅਪਣਾਈ ਤਾਂ ਥਾਣਾ ਰਾਜਾਸਾਂਸੀ ਦਾ ਘਿਰਾਓ ਕਰਕੇ ਅਣਮਿਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ।

# ਸ਼ਾਮਨਗਰ 'ਚ ਲੋਕ ਮਿਲਣੀ ਦੌਰਾਨ ਗਿੱਲ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ

**ਮਜੀਠਾ (ਸੋਇਮ ਆਨੰਦ)**- ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪਿੰਡ ਸ਼ਾਮਨਗਰ ਵਿੱਚ ਲੋਕ ਮਿਲਣੀ ਕੀਤੀ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ।ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ



ਕਰਦਿਆਂ ਗਿੱਲ ਨੇ ਕਿਹਾ ਕਿ ਉਨ੍ਹਾਂ ਨੇ ਹਲਕਾ ਇੰਚਾਰਜ ਬਣਦਿਆਂ ਹੀ ਹਲਕਾ ਵਾਸੀਆਂ ਨਾਲ ਜਿਹੜੇ ਵਾਅਦੇ ਕੀਤੇ ਅਤੇ ਜਿਹੜੇ ਕੰਮ ਕਰਨ ਲਈ ਕਿਹਾ ਸੀ ਉਹ ਬਿਨ੍ਹਾਂ ਕਿਸੇ ਪੱਖਪਾਤ ਪੂਰੇ ਕੀਤੇ ਗਏ ਹਨ।ਪਿਛਲੀਆਂ ਸਰਕਾਰਾਂ ਨੇ ਵਿਕਾਸ ਦੇ ਨਾਂਅ 'ਤੇ ਕੋਈ ਕੰਮ ਨਹੀਂ ਕੀਤਾ।ਗਿੱਲ ਨੇ ਕਿਹਾ ਕਿ ਹਲਕੇ ਵਿਚ ਟੁੱਟੀਆਂ ਸੜਕਾਂ ਦੀ ਮੁਰੰਮਤ, ਨਵੀਆਂ ਸੜਕਾਂ ਦਾ ਨਿਰਮਾਣ ਅਤੇ ਹੋਰ ਅਨੇਕਾਂ ਵਿਕਾਸ ਦੇ ਕੰਮ ਚੱਲ ਰਹੇ ਹਨ ਜਿਸ ਤੋ ਹਾਲਕੇ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ।

ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਪਿਆਰ ਅਤੇ ਸਤਿਕਾਰ ਤੋ ਇਹ ਸਾਫ ਤੇ ਸਪਸ਼ਟ ਦਿਖਾਈ ਦੇ ਰਿਹਾ ਹੈ ਕਿ 2027 ਵਿਚ ਆਮ ਆਦਮੀ ਪਾਰਟੀ ਪਹਿਲਾਂ ਨਾਲੋਂ ਵੱਧ ਸੀਟਾਂ ਜਿੱਤ ਕੇ ਦੁਬਾਰਾ ਸਰਕਾਰ ਬਣਾਵੇਗੀ।ਇਸ ਮੌਕੇ ਤਲਬੀਰ ਸਿੰਘ ਗਿੱਲ ਦੇ ਨਾਲ ਬਲਜਿੰਦਰ ਸਿੰਘ ਛੀਨਾ ਸਿਆਸੀ ਸਕੱਤਰ ਗਿੱਲ, ਹਰਭੁਪਿੰਦਰ ਸਿੰਘ ਮਜੀਠਾ, ਪਰਮਿੰਦਰ ਸਿੰਘ ਉਪਲ, ਸਰਪੰਚ ਬਿਕਰਮ ਸਿੰਘ, ਹਰਿੰਦਰ ਸਿੰਘ ਸਾਬਕਾ ਸਰਪੰਚ, ਮਨਰਾਜ ਸਿੰਘ ਬੋਪਾਰਾਏ, ਗੁਰਦੇਵ ਸਿੰਘ ਨੰਬਰਦਾਰ, ਹਰਪਾਲ ਸਿੰਘ ਮੈਂਬਰ, ਹਰਜੋਤ ਕੌਰ ਮੈਂਬਰ, ਸਰਪ੍ਰੀਤ ਸਿੰਘ ਮੈਂਬਰ, ਨਰਿੰਦਰ ਸਿੰਘ ਮੈਂਬਰ, ਦਲਬੀਰ ਸਿੰਘ, ਜਰਮਨਜੀਤ ਸਿੰਘ, ਪ੍ਰਿੰਸ ਮਸੀਹ, ਡੀ. ਐੱਸ. ਪੀ. ਕਮਲਮੀਤ ਸਿੰਘ, ਐੱਸ. ਐੱਚ. ਓ. ਕਰਮਪਾਲ ਸਿੰਘ ਆਦਿ ਹਾਜ਼ਰ ਸਨ।

# ਰੋਟਰੀ ਕਲੱਬ ਕੈਂਟ ਦੀ ਪ੍ਰਧਾਨਗੀ ਦਾ ਤਾਜ ਐਡਵੋਕੇਟ ਅੰਕੁਰ ਗੁਪਤਾ ਦੇ ਸਿਰ ਸਜਿਆ

**ਅੰਮ੍ਰਿਤਸਰ (ਅਰੋੜਾ)**- ਰੋਟਰੀ ਇੰਟਰਨੇਸ਼ਨ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਹਰੇਕ ਰੋਟਰੀ ਕਲੱਬ ਦਾ ਕਾਰਜਕਾਲ ਪੂਰਾ ਹੋਣ ਤੋਂ ਬਾਅਦ ਉਨ੍ਹਾਂ ਦੇ ਸਥਾਨ ਤੇ ਨਵੇਂ ਪ੍ਰਧਾਨ ਸਕੱਤਰ ਨੂੰ ਕਾਰਜਭਾਰ ਸੌਂਪਣ ਦੀ ਪ੍ਰਥਾ ਨਿਯਮਿਤ ਰੂਪ ਨਾਲ ਚੱਲਦੀ ਆ ਰਹੀ ਹੈ।ਰੋਟਰੀ ਕਲੱਬ ਕੈਂਟ ਦੀ ਮਹਿਲਾ ਪ੍ਰਧਾਨ ਪ੍ਰਭਜੋਤ ਕੌਰ ਸੋਖੀ ਦਾ ਕਾਰਜਕਾਲ ਪੂਰਾ ਹੋਣ ਤੋਂ ਬਾਅਦ ਰੋਟਰੀ ਕਲੱਬ ਕੈਂਟ ਦੀ ਜ਼ਿੰਮੇਦਾਰੀ ਸਮਾਜ ਸੇਵਕ ਐਡਵੋਕੇਟ ਅੰਕੁਰ ਗੁਪਤਾ ਅਤੇ ਸਕੱਤਰ ਦੇ ਅਹਦੇ ਦੀ ਜ਼ਿੰਮੇਦਾਰੀ ਮਮਤਾ ਪੁਰੀ ਨੂੰ ਸੌਂਪੀ ਗਈ। ਇਸ ਸਬੰਧ ਵਿੱਚ ਐਡਵੋਕੇਟ ਅੰਕੁਰ ਗੁਪਤਾ ਦੀ ਪ੍ਰਧਾਨਗੀ ਹੇਠ ਸਹੁੰ ਚੁੱਕ ਸਮਾਗਮ ਅਤੇ ਸਥਾਪਨਾ ਦਿਵਸ ਮੌਕੇ ਇਕ ਸਮਾਗਮ ਦਾ ਆਯੋਜਨ ਵੀ ਕੀਤਾ ਗਿਆ।ਸਾਬਕਾ ਕੈਬਨਿਟ ਮੰਤਰੀ ਅਨਿਲ ਯੋਸ਼ੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਗਵਰਨਰ ਵੱਲੋਂ ਅੰਕੁਰ ਗੁਪਤਾ ਨੂੰ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੇ ਲਈ ਸਦਾ ਅੱਗੇ ਰਹਿਣ ਅਤੇ ਰੋਟਰੀ ਪ੍ਰਥਾ ਨੂੰ ਕਾਇਮ ਰੱਖਣ ਦੀ ਸਹੁੰ ਦਵਾਈ।ਸਮਾਗਮ ਵਿੱਚ ਸਾਬਕਾ ਮੰਤਰੀ ਅਨਿਲ ਯੋਸ਼ੀ ਨੇ ਕਿਹਾ ਕਿ ਜੋ ਵੀ ਚੰਗੇ ਕੰਮ ਕਰਦੇ ਹਨ ਉਨ੍ਹਾਂ ਨੂੰ ਹੀ ਦੇਸ਼ ਅਤੇ ਖੇਤਰ ਦੀ ਜ਼ਿੰਮੇਵਾਰੀਆਂ ਸੌਂਪਣ। ਸਮਾਗਮ ਵਿੱਚ ਰੋਟਰੀ 3070 ਦੇ ਸਾਬਕਾ ਗਵਰਨਰ ਡਾ. ਪੀ.ਐਸ. ਗਰੋਵਰ, ਐਡਵੋਕੇਟ ਐਮ. ਐਮ. ਜੈਰਥ, ਆਉਣ ਵਾਲੇ ਗਵਰਨਰ ਐਚ.ਐਸ. ਜੋਗੀ, ਰੋਟਰੀ ਦੇ ਜੋਨਲ ਚੇਅਰਮੈਨ ਡਾ. ਜਸਪ੍ਰੀਤ ਗਰੋਵਰ, ਰੋਟਰੀ ਪ੍ਰਾਇਮਰ ਦੇ ਮੁੱਖ ਸੰਚਾਲਕ ਡਾ. ਰਮਨ ਗੁਪਤਾ, ਜਿਲਾ ਸਕੱਤਰ ਵਿਜੇ ਭਸੀਨ ਖਾਸ ਮਹਿਮਾਨ ਦੇ ਰੂਪ ਵਿੱਚ ਸ਼ਾਮਿਲ ਹੋਏ। ਸਮਾਗਮ ਵਿੱਚ ਰੋਟਰੀ ਵਿੱਚ ਰਹਿ ਕੇ ਦੇਸ਼ ਅਤੇ ਸਮਾਜ ਭਲਾਈ ਕੰਮ ਕਰਨ ਵਾਲਿਆਂ ਨੂੰ ਰੋਟਰੀ ਵੱਲੋਂ ਸਨਮਾਨਿਤ ਕੀਤਾ ਗਿਆ।ਸਨਮਾਨਟ ਪ੍ਰਾਪਤ ਕਰਨ ਵਾਲਿਆਂ ਵਿੱਚ ਸਾਬਕਾ ਪ੍ਰਧਾਨ ਚਮੜੀ ਦੇ ਰੋਗਾਂ ਦੇ ਮਾਹਿਰ ਡਾ. ਅਮਰਜੀਤ ਸਿੰਘ ਸਚਦੇਵਾ, ਕੁਲਵਿੰਦਰ ਸਿੰਘ ਅਰੋੜਾ, ਰੋਹਿਤ ਅਰੋੜਾ, ਡਾ. ਕਰਨ ਧਵਨ, ਰੁਪਿੰਦਰ ਸਿੰਘ ਕਟਾਰੀਆਂ, ਉਪਕਾਰ ਸਿੰਘ ਛਾਬੜਾ, ਪ੍ਰਿੰਸੀਪਲ ਰੀਪੂ ਦਮਨ ਮਲਹੋਤਰਾ, ਟੀ.ਐਸ. ਸੋਖੀ, ਰੋਟਰੀ ਆਸਥਾ ਦੇ ਅਸ਼ੋਕ ਸ਼ਰਮਾ, ਪਰਮਜੀਤ ਸਿੰਘ, ਰੋਟਰੀ ਨਾਰਥ ਦੇ ਪਰਮੀਤ ਸਿੰਘ ਖੇੜਾ, ਰੋਟਰੀ ਮੇਨ ਦੇ ਦਲਜੀਤ ਸਿੰਘ ਅਰੋੜਾ, ਡਾ. ਗਗਨ ਸਚਦੇਵਾ ਸਮੇਤ ਵੱਡੀ ਗਿਣਤੀ ਵਿੱਚ ਰੋਟਰੀ ਕਲੱਬ ਕੈਂਟ ਅਤੇ ਹੋਰ ਰੋਟਰੀ ਕਲੱਬਾਂ ਦੇ ਅਹੁਦੇਦਾਰ ਮੌਜੂਦ ਸਨ।ਸਮਾਗਮ ਦੇ ਅਖੀਰ ਵਿੱਚ ਮੁੱਖ ਮਹਿਮਾਨ ਅਨਿਲ ਸਿੰਗਲ ਅਤੇ ਕੇਬਿਨੇਟ ਮੰਤਰੀ ਅਨਿਲ ਯੋਸ਼ੀ ਨੂੰ ਸਨਮਾਨਿਤ ਕੀਤਾ ਗਿਆ।




# ਗੁਰਦਾਸਪੁਰ-ਬਹਿਰਾਮਪੁਰ ਸੜਕ 'ਤੇ ਬਣੀ ਨਵੀਂ ਪੁਲੀ ਨੂੰ ਲੱਗੇ ਖੋਰੇ ਨੂੰ ਰੋਕਣ ਦੀ ਮੰਗ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ 'ਤੇ ਸਥਿਤ ਕੇਸ਼ੋਪੁਰ ਕਮਿਊਨਿਟੀ ਏਰੀਏ ਨਜ਼ਦੀਕ ਸੜਕ ਵਿਚਕਾਰ ਪਿਛਲੇ ਸਮੇਂ ਵਿਚ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਵੱਲੋਂ ਬਣਾਈ ਗਈ ਪੁਲੀ ਨੂੰ ਖੋਰ ਲੱਗਣ ਨਾਲ ਪੰਚਾਇਤੀ ਅਤੇ ਕਿਸਾਨਾਂ ਦੀ ਕਾਫ਼ੀ ਜ਼ਮੀਨ ਪਾਣੀ ਵਿਚ ਰੁੜਦੀ ਜਾ ਰਹੀ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਲੋਕਾਂ ਨੇ ਦੱਸਿਆ ਕਿ ਪਿਛਲੇ ਸਾਲ ਭਾਰੀ ਮਾਤਰਾ ਵਿੱਚ ਹੜ੍ਹ ਦੇ ਪਾਣੀ ਨੇ ਸੜਕ ਦਾ ਕਾਫੀ ਨੁਕਸਾਨ ਕੀਤਾ ਸੀ ਅਤੇ ਸੜਕ ਬੁਰੀ ਤਰਾਂ ਨਾਲ ਟੁੱਟ ਭੱਜ ਗਈ ਸੀ ਜਿੱਥੋਂ ਲੋਕਾਂ ਦਾ ਲੰਘਣਾ ਮੁਸ਼ਕਿਲ ਹੋ ਚੁੱਕਾ ਸੀ। ਉਨ੍ਹਾਂ ਕਿਹਾ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਵੱਲੋਂ ਸੜਕ ਦੇ ਨਿਰਮਾਣ ਕਾਰਜ ਦੇ ਨਾਲ ਇੱਥੇ ਪੁਲੀ ਦਾ ਵੀ ਨਿਰਮਾਣ ਕੀਤਾ ਗਿਆ ਸੀ ਪਰ ਪੁਲੀ ਦੇ ਕੰਢੇ ਮਜ਼ਬੂਤੀ ਨਾ ਹੋਣ ਕਾਰਨ ਹੁਣ ਦੁਬਾਰਾ ਮੀਂਹ ਪੈਣ ਦੇ ਕਰਕੇ ਪਾਣੀ ਦੇ ਵਹਾਅ ਕਾਰਨ ਪੁਲੀ ਦੇ



ਕੰਢਿਆਂ ਨੂੰ ਖੋਰ ਲੱਗਦੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਲੱਖਾਂ ਰੁਪਏ ਖਰਚ ਕਰਕੇ ਤਿਆਰ ਕੀਤੀ ਪੁਲੀ ਨੂੰ ਦੁਬਾਰਾ ਨੁਕਸਾਨ ਹੋਣ ਦਾ ਖਤਰਾ ਬਣਿਆ ਹੋਇਆ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਪਿਛੋਂ ਪਾਣੀ ਜ਼ਿਆਦਾ ਮਾਤਰਾ ਵਿੱਚ ਆਉਣ ਕਰਕੇ ਉਨ੍ਹਾਂ ਦੀ ਉਪਜਾਊ ਜ਼ਮੀਨ ਨੂੰ ਆਪਣੇ ਨਾਲ ਰੋੜ੍ਹ ਕੇ ਲਿਜਾ ਰਿਹਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਆਪਣੇ ਪੱਧਰ 'ਤੇ ਮਹਿੰਗੇ ਭਾਅ 'ਤੇ ਸੁਟਾਈ ਮਿਟੀ ਦੀਆਂ ਬੋਰੀਆਂ ਭਰ ਕੇ ਲਗਾਉਣੀ ਸ਼ੁਰੂ ਕੀਤੀਆਂ ਹਨ ਜਿਸ ਨਾਲ ਜ਼ਮੀਨ ਰੁੜ੍ਹਨ ਤੋਂ ਬਚਾਅ ਹੋਇਆ ਹੈ। ਉਨ੍ਹਾਂ ਨੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ 'ਤੇ ਸਥਿਤ ਕੇਸ਼ੋਪੁਰ ਛੰਭ ਨਜ਼ਦੀਕ ਸੜਕ ਵਿਚਕਾਰ ਬਣੀ ਪੁਲੀ ਦੇ ਕੰਢਿਆਂ ਨੂੰ ਖੋਰ ਲੱਗਣ ਤੋਂ ਬਚਾਉਣ ਲਈ ਇਸ ਦੇ ਕੰਢਿਆਂ ਦੀ ਮੁਰੰਮਤ ਕਰਕੇ ਇਸ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਜੋ ਕੋਈ ਵੀ ਨੁਕਸਾਨ ਨਾ ਹੋ ਸਕੇ।

# ਫਸਲੀ ਮਸ਼ੀਨਾਂ 'ਤੇ ਸਬਸਿਡੀ ਲਈ ਅਰਜ਼ੀਆਂ 3 ਅਗਸਤ ਤੱਕ : ਡਾ. ਚੀਮਾ

**ਧਾਰੀਵਾਲ (ਮਨਦੀਪ ਵਿੱਕੀ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ ਤੇ ਸਬਸਿਡੀ ਦੇਣ ਦੀ ਪ੍ਰਕਿਰਿਆ ਮੁੜ ਸ਼ੁਰੂ ਕਰ ਦਿੱਤੀ ਗਈ ਹੈ।ਇਸ ਸੰਬੰਧੀ ਮੁੱਖ ਖੇਤੀਬਾੜੀ ਅਫਸਰ, ਗੁਰਦਾਸਪੁਰ ਡਾ. ਸ਼ਾਹਬਾਜ਼ ਸਿੰਘ ਚੀਮਾ ਨੇ ਦੱਸਿਆ ਕਿ ਕਿਸਾਨ ਵਿਭਾਗ ਦੇ ਪੋਰਟਲ ਰਾਹੀਂ 3 ਅਗਸਤ, ਸ਼ਾਮ 5:00 ਵਜੇ ਤੱਕ ਆਨਲਾਈਨ ਅਰਜ਼ੀਆਂ ਦੇ ਸਕਦੇ ਹਨ।ਉਨ੍ਹਾਂ ਦੱਸਿਆ ਕਿ ਨਿੱਜੀ ਕਿਸਾਨਾਂ ਨੂੰ ਸਕੀਮ ਦੀਆਂ ਗਾਈਡਲਾਈਨਾਂ ਅਨੁਸਾਰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ ਤੇ 50 ਫ਼ੀਸਦੀ ਸਬਸਿਡੀ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਕਸਟਮ ਹਾਇਰਿੰਗ ਸੈਂਟਰ (ਸੀ. ਐੱਚ. ਸੀ.) ਅਤੇ ਪੇਂਡੂ ਸਹਕਾਰੀ ਚੇਨ ਸੈਂਟਰ (ਪੀ. ਐੱਸ. ਸੀ.) ਸਥਾਪਤ ਕਰਨ ਲਈ ਕੇਵਲ ਸੋਸਾਇਟੀਆਂ ਨੂੰ ਹੀ ਸਬਸਿਡੀ ਦਾ ਲਾਭ ਮਿਲੇਗਾ।ਡਾ. ਸ਼ਾਹਬਾਜ਼ ਸਿੰਘ ਚੀਮਾ ਨੇ ਦੱਸਿਆ ਕਿ ਇਸ ਸਕੀਮ ਅਧੀਨ ਸੁਪਰ ਸੀਡਰ, ਹੈਪੀਸੀਡਰ, ਸਮਾਰਟ ਸੀਡਰ, ਸੁਪਰ ਐੱਸ.ਐੱਮ.ਐੱਸ., ਜ਼ੀਰੋ ਟਿੱਲ ਡਰਿੱਲ, ਬੇਲਰ, ਰੇਕ, ਮਲਚਰ, ਉਲਟਾਵਾਂ ਪਲਾਓ ਅਤੇ ਮਲਟੀ ਕਰਾਪ ਸੁਪਰ ਸੀਡਰ ਸਮੇਤ ਕਈ ਆਧੁਨਿਕ ਖੇਤੀ ਮਸ਼ੀਨਾਂ 'ਤੇ ਸਬਸਿਡੀ ਉਪਲਬਧ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਕਰਕੇ ਇਸ ਦਾ ਵਿਗਿਆਨਕ ਢੰਗ ਨਾਲ ਪ੍ਰਬੰਧਨ ਕਰਨ ਤਾਂ ਜੋ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਦੇ ਨਾਲ-ਨਾਲ ਲਾਹੇਵੰਦ ਜੀਵ-ਜੰਤੂਆਂ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਪੋਰਟਲ ਤੇ ਅਪਲਾਈ ਕਰਨ ਦੌਰਾਨ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਣ ਤੇ ਕਿਸਾਨ ਆਪਣੇ ਸੰਬੰਧਿਤ ਬਲਾਕ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਸਕਦੇ ਹਨ।



# ਅਕਾਲੀ ਦਲ ਤੇ ਭਾਜਪਾ ਨੂੰ ਛੱਡ ਕੇ ਕਈ ਪਰਵਾਰਾਂ ਨੇ ਫੜਿਆ ਕਾਂਗਰਸ ਦਾ ਪੱਲਾ



**ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)** ਕਾਂਗਰਸ ਪਾਰਟੀ ਦੀ ਇਕ ਭਰਵੀਂ ਮੀਟਿੰਗ ਸਾਬਕਾ ਸਰਪੰਚ ਗੁਰਮੀਤ ਸਿੰਘ ਮਾਣੋਚਾਹਲ ਦੇ ਗ੍ਰਹਿ ਵਿਖੇ ਹੋਈ।ਇਸ ਮੌਕੇ ਇਲਾਕੇ ਦੇ ਵਿਕਾਸ, ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਕਾਂਗਰਸ ਪਾਰਟੀ ਦੇ ਮੋਹਤਬਰ ਸਾਥੀ ਸਰਪੰਚ ਗੁਰਮੀਤ ਸਿੰਘ, ਪ੍ਰਧਾਨ ਸੁਖਦੇਵ ਸਿੰਘ, ਸਾਬਕਾ ਸਰਪੰਚ ਕੁਲਦੀਪ ਸਿੰਘ, ਮੈਂਬਰ ਸੁਖਵੰਤ ਸਿੰਘ, ਸ. ਜਸਵਿੰਦਰ ਸਿੰਘ, ਜਰਨੈਲ ਸਿੰਘ, ਮੈਂਬਰ ਹਰਜੀਤ ਸਿੰਘ, ਗੁਰਨਾਮ ਸਿੰਘ, ਲਖਬੀਰ ਸਿੰਘ, ਰਵੀ, ਮੈਂਬਰ ਸਾਹਿਬ ਸਿੰਘ, ਗੁਰਿੰਦਰਪਾਲ ਸਿੰਘ ਅਤੇ ਬਲਕਾਰ ਸਿੰਘ ਦੇ ਯਤਨਾਂ ਸਦਕਾ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਨੂੰ ਛੱਡ ਕੇ ਕਈ ਪਰਿਵਾਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।ਇਸ ਮੌਕੇ ਡਾ. ਦਿਲਬਾਗ ਸਿੰਘ, ਸਾਹਿਬ ਸਿੰਘ, ਦਿਲਬਾਗ ਸਿੰਘ, ਅੰਗਰੇਜ਼ ਸਿੰਘ, ਯੋਧਾ ਸਿੰਘ, ਰੇਸ਼ਮ ਸਿੰਘ, ਸੁਖਦੇਵ ਸਿੰਘ, ਵੀਰ ਸਿੰਘ, ਜਸਵੰਤ ਸਿੰਘ, ਕੁਲਦੀਪ ਸਿੰਘ ਅਤੇ ਲਖਵਿੰਦਰ ਸਿੰਘ ਆਪਣੇ ਪਰਿਵਾਰਾਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।ਸਾਰੇ ਨਵੇਂ ਜੁੜੇ ਪਰਿਵਾਰਾਂ ਦਾ ਕਾਂਗਰਸ ਪਰਿਵਾਰ ਵਿੱਚ ਦਿਲੋਂ ਸਵਾਗਤ ਹੈ।ਉਨ੍ਹਾਂ ਦੇ ਆਉਣ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੀ ਹੈ ਅਤੇ ਪਿੰਡ ਮਾਣੋਚਾਹਲ ਵਿੱਚ ਕਾਂਗਰਸ ਦਾ ਜਨ ਆਧਾਰ ਹੋਰ ਵਧਿਆ ਹੈ।

## ਗੁ. ਬਾਬਾ ਬੁੱਢਾ ਸਾਹਿਬ ਨੂੰ ਜਾਂਦੇ ਰਸਤੇ 'ਚ ਖੜ੍ਹਾ ਗੋਡੇ-ਗੋਡੇ ਪਾਣੀ; ਸੰਗਤਾਂ ਪ੍ਰੇਸ਼ਾਨ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਮਾਝੇ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਹਜ਼ਾਰਾਂ ਦੀ ਗਿਣਤੀ 'ਚ ਦੂਰ-ਦੁਰਾਡੇ ਤੋਂ ਸੰਗਤਾਂ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ ਪਰ ਗੁਰਦੁਆਰਾ ਸਾਹਿਬ ਦੇ ਮੇਨ ਰਸਤੇ ਤੇ ਪਿੰਡ ਠੱਟਾ ਨੇੜੇ ਬਣਿਆ ਪਾਣੀ ਦਾ ਛੱਪੜ ਸ਼ਰਧਾਲੂਆਂ ਲਈ ਵੱਡੀ ਮੁਸ਼ਕਲ ਬਣ ਗਿਆ ਹੈ।ਪਿੰਡ ਦੇ ਘਰਾਂ ਦੇ ਪਾਣੀ ਦੇ ਨਿਕਾਸ ਦਾ ਕੋਈ ਪੁਖਤਾ ਪ੍ਰਬੰਧ ਨਾ ਹੋਣ ਕਾਰਨ ਘਰਾਂ ਅਤੇ ਘਰਾਂ ਦਾ ਗੰਦਾ ਪਾਣੀ ਸੜਕ ਤੇ ਖੜ੍ਹਾ ਹੋ ਗਿਆ ਹੈ।ਇਸ ਕਾਰਨ ਸੜਕ ਨੇ ਛੱਪੜ ਦਾ ਰੂਪ ਧਾਰ ਲਿਆ ਹੈ।ਗੁਰਦੁਆਰਾ ਸਾਹਿਬ ਆਉਣ-ਜਾਣ ਵਾਲੇ ਸ਼ਰਧਾਲੂਆਂ ਨੂੰ ਗੰਦੇ ਪਾਣੀ 'ਚੋਂ ਲੰਘਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਪਿੰਡ ਠੱਟਾ ਨੂੰ ਜਾਂਦੀ ਗਲੀ ਵੀ ਪਾਣੀ 'ਚ ਡੁੱਬੀ ਹੋਈ ਹੈ ਜਿਸ ਕਾਰਨ ਪਿੰਡ ਵਾਸੀ ਵੀ ਪ੍ਰੇਸ਼ਾਨ ਹਨ।ਇਸ ਸਬੰਧੀ ਪਿੰਡ ਦੇ ਸਰਪੰਚ ਗੁਰਿੰਦਰ ਸਿੰਘ ਵਿਰਕ ਨੇ ਕਿਹਾ ਕਿ ਪਾਣੀ ਦੇ ਨਿਕਾਸ ਦੀ ਇਹ ਸਮੱਸਿਆ ਸੀਵਰੇਜ ਬੰਦ ਹੋਣ ਕਾਰਨ ਆਈ ਹੈ।ਪੰਚਾਇਤ ਨੇ ਮਜ਼ਦੂਰ ਲਗਾ ਕੇ ਸਾਫ਼ ਕਰਨ ਦੀ ਕੋਸ਼ਿਸ਼ ਕੀਤੀ ਸੀ ਪਰ ਗੱਲ ਨਹੀਂ ਬਣੀ।ਹੁਣ ਇਹ ਬੰਦ ਸੀਵਰੇਜ ਤਰਨਤਾਰਨ ਕਮੇਟੀ ਤੋਂ ਸਫਾਈ ਵਾਲੀ ਮਸ਼ੀਨ ਲਿਆ ਕੇ ਹੀ ਸਾਫ਼ ਹੋ ਸਕਦੇ ਹਨ ਪਰ ਸਫਾਈ ਸੇਵਕਾਂ ਦੀ ਹੜਤਾਲ ਕਾਰਨ ਇਹ ਕੰਮ ਰੁਕਿਆ ਹੋਇਆ ਹੈ।ਹੜਤਾਲ ਖੁੱਲ੍ਹਦਿਆਂ ਹੀ ਮਸ਼ੀਨ ਮੰਗਵਾ ਕੇ ਸੀਵਰੇਜ ਸਾਫ਼ ਕਰਵਾ ਕੇ ਪਾਣੀ ਦਾ ਨਿਕਾਸ ਕਰਵਾ ਦਿੱਤਾ ਜਾਵੇਗਾ।



## ਬਾਬਾ ਬੰਦਾ ਸਿੰਘ ਬਹਾਦਰ ਸਕੂਲ 'ਚ ਕਰਵਾਇਆ ਇੰਟਰ ਹਾਊਸ ਸਾਇੰਸ ਕੁਇਜ਼ ਮੁਕਾਬਲਾ

**ਧਾਰੀਵਾਲ, (ਮਨਦੀਪ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ, ਪ੍ਰਿੰ. ਹਰਤਾਜ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੁਚੀ, ਤਰਕਸ਼ੀਲ ਸੋਚ ਅਤੇ ਗਿਆਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਹਾਊਸ ਵਾਈਜ਼ ਸਾਇੰਸ ਕੁਇਜ਼ ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਕੁਇਜ਼ ਦੌਰਾਨ ਵਿਦਿਆਰਥੀਆਂ ਨੂੰ ਵਿਗਿਆਨ, ਵਾਤਾਵਰਣ, ਤਕਨਾਲੋਜੀ ਅਤੇ ਆਮ ਵਿਗਿਆਨ ਨਾਲ ਸੰਬੰਧਿਤ ਰੁਚਿਕਰ ਪ੍ਰਸ਼ਨ ਪੁੱਛੇ ਗਏ।ਫ਼ਤਿਹ ਹਾਊਸ ਨੇ ਪਹਿਲਾ ਸਥਾਨ, ਅਜੀਤ ਹਾਊਸ ਨੇ ਦੂਜਾ ਅਤੇ ਜੁਝਾਰ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਜਿਗਿਆਸਾ, ਨਵੀਨ ਸੋਚ ਅਤੇ ਆਤਮ-ਵਿਸ਼ਵਾਸ ਨੂੰ ਵਿਕਸਿਤ ਕਰਦੇ ਹਨ। ਇਸ ਮੌਕੇ ਪ੍ਰਿੰ. ਹਰਤਾਜ ਸਿੰਘ ਸਿੱਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਗਿਆਨ ਸਾਨੂੰ ਹਰ ਚੀਜ਼ ਨੂੰ ਤਰਕ ਅਤੇ ਸਬੂਤ ਦੇ ਆਧਾਰ 'ਤੇ ਸਮਝਣ ਦੀ ਪ੍ਰੇਰਣਾ ਦਿੰਦਾ ਹੈ।ਹਾਊਸ ਵਾਈਜ਼ ਸਾਇੰਸ ਕੁਇਜ਼ ਵਰਗੀਆਂ ਗਤੀਵਿਧੀਆਂ ਵਿਦਿਆਰਥੀਆਂ ਦੀ ਜਿਗਿਆਸਾ ਨੂੰ ਵਧਾਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਟੀਮ ਵਰਕ, ਤਤਕਾਲ ਫ਼ੈਸਲਾ ਲੈਣ ਦੀ ਸਮਰੱਥਾ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਦਾ ਵਿਕਾਸ ਕਰਦੀਆਂ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪਾਠ ਪੁਸਤਕਾਂ ਤੋਂ ਇਲਾਵਾ ਵੀ ਵਿਗਿਆਨ ਨਾਲ ਸੰਬੰਧਿਤ ਨਵੀਆਂ ਖੋਜਾਂ, ਤਕਨਾਲੋਜੀ ਅਤੇ ਵਾਤਾਵਰਣ ਬਾਰੇ ਨਿਰੰਤਰ ਜਾਣਕਾਰੀ ਹਾਸਲ ਕਰਨ ਅਤੇ ਆਪਣੇ ਗਿਆਨ ਨੂੰ ਵਿਹਾਰਕ ਜੀਵਨ ਵਿੱਚ ਵੀ ਲਾਗੂ ਕਰਨ।




# ਡੱਡੀਆਂ ਦੀ ਵੱਡੀ ਗਿਣਤੀ 'ਚ ਸੰਗਤ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਹੋਈ ਸ਼ਾਮਲ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਅਕਾਲੀ ਦਲ ਵਾਰਿਸ ਪੰਜਾਬ ਦੇ ਦੀਆਂ ਨੀਤੀਆਂ ਅਤੇ ਪੰਜਾਬ ਦੇ ਹੱਕਾਂ ਦੀ ਲੜਾਈ ਤੋਂ ਪ੍ਰਭਾਵਿਤ ਹੋ ਕੇ ਪਿੰਡ ਡੱਡੀਆਂ ਦੀ ਵੱਡੀ ਗਿਣਤੀ ਸੰਗਤ ਪਾਰਟੀ ਵਿੱਚ ਸ਼ਾਮਲ



ਹੋਈ।ਇਸ ਮੌਕੇ ਹਲਕੇ ਦੇ ਮੁੱਖ ਸੇਵਾਦਾਰ ਨਾਥਵਿੰਦਰ ਸਿੰਘ, ਅੰਮ੍ਰਿਤਸਰ ਜ਼ਿਲ੍ਹਾ ਦਿਹਾਤੀ ਜਨਰਲ ਸਕੱਤਰ ਬਲਜਿੰਦਰ ਸਿੰਘ ਬਾਜਵਾ, ਅੰਮ੍ਰਿਤਸਰ ਆਈ. ਟੀ. ਵਿੰਗ ਇੰਚਾਰਜ ਕੰਵਲਜੀਤ ਸਿੰਘ ਸੋਹੀ, ਸਰਕਲ ਇੰਚਾਰਜ ਕਿਰਪਾਲ ਸਿੰਘ ਫੌਜੀ, ਧਰਮ ਸਿੰਘ ਫੌਜੀ, ਕੁਲਦੀਪ ਸਿੰਘ ਫੌਜੀ, ਝਿਰਮਿਲ ਸਿੰਘ ਫੌਜੀ ਅਤੇ ਬਾਬਾ ਜੀ ਸੁਖਦੇਵ ਸਿੰਘ ਦੀ ਹਾਜ਼ਰੀ ਵਿੱਚ ਨਵੇਂ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਗਹਿਲ ਸਿੰਘ, ਮੋਹਿਤਦੀਪ ਸਿੰਘ, ਜਸਕਰਨ ਸਿੰਘ ਬਿੱਲਾ, ਪ੍ਰਭਦੀਪ ਸਿੰਘ, ਸਵਰਾਜ ਸਿੰਘ, ਮੇਜਰ ਸਿੰਘ, ਗੁਰਬੀਰ ਸਿੰਘ, ਗੁਰਪਾਲ ਸਿੰਘ, ਬਾਬਾ ਕੇਵਲ ਸਿੰਘ, ਜਸਪਾਲ ਸਿੰਘ, ਅਕਸਦੀਪ ਸਿੰਘ, ਤੇਜਪਾਲ ਸਿੰਘ, ਮਲਕੀਤ ਸਿੰਘ, ਵਰਿੰਦਰ ਸਿੰਘ, ਜੈਦੀਪ ਸਿੰਘ ਅਤੇ ਸੁਖਦੇਵ ਸਿੰਘ ਦੇ ਨਾਮ ਪ੍ਰਮੁੱਖ ਹਨ।ਇਸ ਮੌਕੇ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ, ਪੰਜਾਬੀਅਤ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਪਾਰਟੀ ਨੂੰ ਮਿਲ ਰਿਹਾ ਲਗਾਤਾਰ ਸਮਰਥਨ ਇਸ ਗੱਲ ਦਾ ਪ੍ਰਮਾਣ ਹੈ ਕਿ ਲੋਕ ਪਾਰਟੀ ਦੀ ਸੋਚ ਅਤੇ ਨੀਤੀਆਂ ਤੇ ਵਿਸ਼ਵਾਸ ਜਤਾ ਰਹੇ ਹਨ।ਆਗੂਆਂ ਨੇ ਪਾਰਟੀ ਵਿੱਚ ਸ਼ਾਮਲ ਹੋਈ ਸਮੁੱਚੀ ਸੰਗਤ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਹਰ ਵਰਗ ਦੀ ਆਵਾਜ਼ ਨੂੰ ਪੂਰੀ ਮਜ਼ਬੂਤੀ ਨਾਲ ਉਠਾਇਆ ਜਾਵੇਗਾ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਜਾਰੀ ਰਹੇਗਾ।

## ਧਰਮਿੰਦਰ ਪ੍ਰਧਾਨ ਦਾ ਅਸਤੀਫਾ ਵਿਦਿਆਰਥੀ ਸੰਘਰਸ਼ ਦੀ ਇਤਿਹਾਸਕ ਜਿੱਤ : ਬਖਤਪੁਰਾ

**ਬਟਾਲਾ (ਤਰਲੋਕ ਬੱਗਾ)**-ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਮੋਦੀ ਸਰਕਾਰ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਨੂੰ ਦੇਸ਼ ਦੇ ਵਿਦਿਆਰਥੀ ਸੰਘਰਸ਼ ਦੀ ਇਤਿਹਾਸਿਕ ਜਿੱਤ ਦੱਸਿਆ ਹੈ।ਇਸ ਸੰਬੰਧੀ ਬਿਆਨ ਜਾਰੀ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਇਸ ਅਸਤੀਫੇ ਨਾਲ ਮੋਦੀ ਸਰਕਾਰ ਦੇ 12 ਸਾਲ ਤੋਂ ਚੱਲ ਰਹੇ ਘੁਮੰਡੀ ਰਾਜ ਦੀ ਪੁੱਠੀ ਗਿਣਤੀ ਸ਼ੁਰੂ ਹੋ ਗਈ ਹੈ।ਉਨ੍ਹਾਂ ਕਿਹਾ ਕਿ 20 ਜੁਲਾਈ ਨੂੰ ਦੇਸ਼ ਦੇ ਵਿਦਿਆਰਥੀਆਂ ਵੱਲੋਂ ਦਿਖਾਈ ਗਈ ਏਕਤਾ ਅਤੇ ਮੋਦੀ-ਸ਼ਾਹ ਦੇ ਪੁਲਸ ਵੱਲੋਂ ਵਿਦਿਆਰਥੀਆਂ 'ਤੇ ਕੀਤੇ ਗਏ ਅੱਤਿਆਚਾਰ ਨੇ ਭਾਜਪਾ-ਆਰ ਐੱਸ ਐੱਸ ਦੇ ਹਿੰਦੂਆਂ ਅਤੇ ਮੁਸਲਮਾਨਾਂ ਵਿੱਚ ਵੰਡ ਪਾਉਣ ਦੇ ਮਨਸੂਬਿਆ ਨੂੰ ਮਿੱਟੀ ਵਿੱਚ ਮਿਲਾ ਦਿੱਤਾ ਹੈ।ਬੇਸ਼ੱਕ ਇਹ ਸੰਘਰਸ਼ ਕਾਕਰੋਚ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤਾ ਗਿਆ, ਪਰ ਲਿਬਰੇਸ਼ਨ ਦੀ ਵਿਦਿਆਰਥੀ ਜਥੇਬੰਦੀ ਆਇਸਾ ਸਮੇਤ ਹੋਰ ਖੱਬੇ-ਪੱਖੀ ਜਥੇਬੰਦੀਆਂ ਐੱਸਐੱਫਆਈ ਅਤੇ ਏ ਆਈਐੱਸਐੱਫ ਸ਼ੁਰੂ ਤੋਂ ਹੀ ਸੰਘਰਸ਼ ਦਾ ਅਹਿਮ ਹਿੱਸਾ ਰਹੀਆਂ ਹਨ, ਜੋ ਸਾਬਿਤ ਕਰਦਾ ਹੈ ਕਿ ਇਹ ਜਿੱਤ ਸਮੁੱਚੇ ਵਿਦਿਆਰਥੀ ਵਰਗ ਦੀ ਜਿੱਤ ਹੈ।ਬਖਤਪੁਰਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵਿਦਿਆਰਥੀਆਂ 'ਤੇ ਕੀਤੇ ਜਬਰ ਜ਼ੁਲਮ ਦੀ ਮੁਆਫੀ ਮੰਗਣੀ ਚਾਹੀਦੀ ਹੈ ਅਤੇ ਵਿਦਿਆਰਥੀਆਂ 'ਤੇ ਜਬਰ ਕਰਨ ਵਾਲੇ ਪੁਲਸ ਅਧਿਕਾਰੀਆਂ ਨੂੰ ਕਟਹਿਰੇ ਵਿੱਚ ਖੜਾ ਕਰਨਾ ਚਾਹੀਦਾ।

# ਸੇਂਟ ਕਬੀਰ ਸਕੂਲ 'ਚ ਤੀਆਂ ਦੇ ਤਿਉਹਾਰ ਮੌਕੇ ਲੱਗੀਆਂ ਖ਼ੂਬ ਰੌਣਕਾਂ

**ਧਾਰੀਵਾਲ, (ਮਨਦੀਪ ਵਿੱਕੀ)**

ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਤੀਆਂ ਦਾ ਤਿਉਹਾਰ ਬਹੁਤ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵੱਲੋਂ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਪ੍ਰਧਾਨਗੀ ਹੇਠ ਰੰਗਾ-ਰੰਗ ਪ੍ਰੋਗਰਾਮ ਦਾ



ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਗਿਆਰਵੀਂ ਜਮਾਤ ਦੀਆਂ ਵਿਦਿਆਰਥਣਾਂ ਪੂਰਵਾ ਅਤੇ ਪਰਨੀਤ ਕੌਰ ਦੁਆਰਾ ਸਟੇਜੀ ਕਾਰਵਾਈ ਸਾਂਭਦਿਆਂ ਪ੍ਰਿੰਸੀਪਲ ਐੱਸ. ਬੀ. ਨਾਯਰ ਤੇ ਮੈਨੇਜਮੈਂਟ ਮੈਂਬਰ ਨਵਦੀਪ ਕੌਰ ਅਤੇ ਕੁਲਦੀਪ ਕੌਰ ਦਾ ਸੁਆਗਤ ਕਰਦਿਆਂ ਕੀਤੀ ਗਈ।ਮੈਡੀਕਲ ਅਤੇ ਨਾਨ ਮੈਡੀਕਲ ਗਰੁੱਪ ਦੀਆਂ ਵਿਦਿਆਰਥਣਾਂ ਨੇ ਜੋਸ਼ ਤੇ ਹੁਲਾਸ ਨਾਲ ਭਰੇ ਗਿੱਧੇ ਅਤੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦੀਆਂ ਇੱਕ ਦੂਜੇ ਨੂੰ ਕੀਤੀਆਂ ਟਿੱਚਰਾਂ ਤੇ ਮਖੌਲਾਂ ਨਾਲ ਭਰੀਆਂ ਸਿੱਠਣੀਆਂ ਨੇ ਮਾਹੌਲ ਵਿੱਚ ਨਵੀਂ ਜਾਨ ਪਾ ਦਿੱਤੀ। ਇਸ ਤੋਂ ਇਲਾਵਾ 11ਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਮਨਮੋਹਕ ਆਵਾਜ਼ ਵਿੱਚ ਲੋਕ ਗੀਤ, ਸੁਹਾਗ ਅਤੇ ਘੋੜੀਆਂ ਗਾ ਕੇ ਸਾਰਿਆਂ ਨੂੰ ਪੁਰਾਤਨ ਵਿਰਸੇ ਦੀ ਖ਼ੂਬਸੂਰਤ ਝਲਕ ਦਿਖਾਈ।ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਪੰਜਾਬਣ ਮੁਟਿਆਰਾਂ ਬਣ ਕੇ ਮਾਡਲਿੰਗ ਕੀਤੀ ਜਿਸ ਦੌਰਾਨ ਉਨ੍ਹਾਂ ਗਿੱਧਾ, ਭੰਗੜਾ, ਬੋਲੀਆਂ, ਮਾਹੀਏ, ਟੱਪੇ, ਸ਼ਾਇਰੀ ਤੇ ਸੁਹਾਗ ਗਾ ਕੇ ਖੂਬ ਰੰਗ ਬੰਨ੍ਹਿਆ।ਇਸ ਮੌਕੇ ਗਿਆਰ੍ਹਵੀਂ ਅਤੇ ਬਾਰਵੀਂ ਜਮਾਤ ਦੀਆਂ ਵਿਦਿਆਰਥਣਾਂ ਨੂੰ ਆਪਣੀ ਅਲੱਗ-ਅਲੱਗ ਪਹਿਚਾਣ ਕਰਕੇ ਵੱਖ-ਵੱਖ ਖ਼ਿਤਾਬ ਮਿਲੇ। ਜਿਸ ਵਿੱਚ ਮਿਸ ਤੀਜ ਮੰਨਤ, ਮਾਝੇ ਦੀ ਜੱਟੀ ਮਨਰੋਜ ਕੌਰ, ਤੀਆਂ ਦੀ ਰੌਣਕ ਮਨਪ੍ਰੀਤ ਕੌਰ, ਮਿਸ ਪੰਜਾਬਣ ਵਿਸ਼ਵਦੀਪ ਕੌਰ, ਗਿੱਧੇ ਦੀ ਰਾਣੀ ਗੁਰਲੀਨ ਕੌਰ ਚੁਣੀਆਂ ਗਈਆਂ।ਮਾਡਲਿੰਗ ਦੌਰਾਨ ਜੇਤੂ ਵਿਦਿਆਰਥਣਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ।ਇਸ ਮੌਕੇ ਵਿਦਿਆਰਥੀਆਂ ਦੇ ਖਾਣ- ਪੀਣ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ।ਪ੍ਰਿੰਸੀਪਲ ਤੇ ਮੈਨੇਜਮੈਂਟ ਮੈਂਬਰਾਂ ਦੁਆਰਾ ਸਮੁੱਚੇ ਸਕੂਲ ਨੂੰ ਤੀਆਂ ਦੇ ਤਿਉਹਾਰ ਦੀਆਂ ਹਾਰਦਿਕ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਮੈਡਮ ਪੱਲਵੀ ਸ਼ਰਮਾ, ਜਸਵਿੰਦਰ ਕੌਰ, ਨਿਸ਼ਾ ਸੱਘੜ, ਰਿਧੀਕਾ ਜੈਨ, ਦਮਨਬੀਰ ਸਿੰਘ, ਸੁਮਿਤ ਰਤੂ, ਲਖਵਿੰਦਰ ਸਿੰਘ, ਲਲਿਤ ਜੋਸ਼ੀ ਆਦਿ ਸਟਾਫ਼ ਮੈਂਬਰ ਤੇ ਸਕੂਲੀ ਵਿਦਿਆਰਥੀ ਹਾਜ਼ਰ ਸਨ।

## ਚਾਵਾਂ 'ਚ ਮੁੱਖ ਮੰਤਰੀ ਖੇਡ ਸਟੇਡੀਅਮ ਦਾ ਕੰਮ ਮੁਕੰਮਲ : ਸਰਪੰਚ ਸੁਲੱਖਣ ਸਿੰਘ

**ਗੁਰਦਾਸਪੁਰ, (ਜਨਕ ਮਹਾਜਨ)**- ਪੰਚਾਇਤੀ ਰਾਜ ਵਿਭਾਗ ਗੁਰਦਾਸਪੁਰ ਨੇ ਪਿੰਡ ਚਾਵਾਂ ਵਿਖੇ ਮੁੱਖ ਮੰਤਰੀ ਖੇਡ ਸਟੇਡੀਅਮ ਦਾ ਕੰਮ ਆਰੰਭ ਕੀਤਾ ਸੀ ਜੋ ਮੁਕੰਮਲ ਹੋ ਚੁੱਕਾ ਹੈ। ਇਸ ਖੇਡ ਦੇ ਮੈਦਾਨ ਨਾਲ ਹਲਕੇ ਦੇ 8 ਪਿੰਡਾਂ ਦੇ ਖਿਡਾਰੀਆਂ ਨੂੰ ਲਾਭ ਮਿਲੇਗਾ। ਪਿੰਡ ਚਾਵਾਂ 'ਚ ਖੇਡ ਮੈਦਾਨ ਬਣਨ ਨਾਲ ਪਿੰਡ ਨੂੰ ਨਵੀਂ ਦਿੱਖ ਮਿਲੀ ਹੈ ਅਤੇ ਲੋਕ ਪੰਜਾਬ ਸਰਕਾਰ ਦੇ ਇਸ ਕੰਮ ਦੀ ਭਰਪੂਰ ਸ਼ਲਾਘਾ ਕਰ ਰਹੇ ਹਨ। ਇਸ ਸਬੰਧੀ ਪਿੰਡ ਦੇ ਸਰਪੰਚ ਠੇਕੇਦਾਰ ਸੁਲੱਖਣ ਸਿੰਘ ਚਾਵਾਂ ਨੇ ਦੱਸਿਆ ਕਿ ਇਸ ਸਟੇਡੀਅਮ ਲਈ 18 ਲੱਖ ਰੁਪਏ ਦੇ ਕਰੀਬ ਖਰਚਾ ਆਇਆ ਹੈ ਜਿਸ ਵਿਚ ਫੈਂਸੀ ਸਟਰੀਟ ਲਾਈਟਾਂ, ਪਾਰਕਿੰਗ ਲਾਈਟਾਂ, ਵਾਸ਼ਰੂਮ, ਸਬਮਰਸੀਬਲ ਪੰਪ ਤੇ ਆਲੇ ਦੁਆਲੇ ਸਟੀਲ ਪਾਈਪਾਂ ਲਗਾਉਣ ਦੇ ਨਾਲ ਨਾਲ ਪੌਦੇ ਵੀ ਲਗਾਏ ਗਏ ਹਨ। ਉਨ੍ਹਾਂ ਕਿਹਾ ਲੋਕਾਂ ਦੇ ਬੈਠਣ ਲਈ ਵੀ ਖਾਸ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਆਧੁਨਿਕ ਖੇਡ ਸਟੇਡੀਅਮ ਨਾਲ ਜਿੱਥੇ ਨੌਜਵਾਨ ਉਤਸ਼ਾਹਿਤ ਹੋ ਰਹੇ ਹਨ ਉਥੇ ਹੀ ਮਾੜੇ ਪ੍ਰਭਾਵਾਂ ਤੋਂ ਬਚ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਦਾ ਉਦਘਾਟਨ ਜਲਦੀ ਹੀ ਹੁਣ ਜਾ ਰਿਹਾ। ਇਸ ਮੌਕੇ ਉਨ੍ਹਾਂ ਨਾਲ ਕੈਪਟਨ ਬਲਕਾਰ ਸਿੰਘ, ਪੁਸ਼ਪਿੰਦਰ ਸਿੰਘ ਕਾਟਲ, ਭਜਨ ਸਿੰਘ, ਕਰਨਜੀਤ ਸਿੰਘ ਮੁਲਤਾਨੀ, ਸੂਬੇਦਾਰ ਬਲਕਾਰ ਸਿੰਘ, ਸੁਖਦੇਵ ਸਿੰਘ, ਸ਼ਮਸ਼ੇਰ ਸਿੰਘ, ਠੇਕੇਦਾਰ ਹਰਜੀਤ ਸਿੰਘ, ਠੇਕੇਦਾਰ ਵਿੱਕੀ ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ।




# ਨੌਸ਼ਹਿਰੇ ਦੀਆਂ ਗਲੀਆਂ-ਨਾਲੀਆਂ ਦੀ ਹਾਲਤ ਬੇਹੱਦ ਖਸਤਾ, ਸੰਬੰਧਿਤ ਮਹਿਕਮੇ ਦੇ ਅਧਿਕਾਰੀ ਬੇਖ਼ਬਰ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਤੋਂ ਗਾਹਲੜੀ-ਦੋਰਾਂਗਲਾ ਨੂੰ ਜਾਣ ਵਾਲੀ ਸੜਕ ਪੈਂਦੇ ਗੁਰਦੁਆਰਾ ਟਾਹਲੀ ਸਾਹਿਬ ਨਜ਼ਦੀਕ ਪੈਂਦੇ ਪਿੰਡ ਨੌਸ਼ਹਿਰਾ ਦੀਆਂ ਗਲੀਆਂ ਨਾਲੀਆਂ ਦੀ ਹਾਲਤ ਖਸਤਾ ਹੋਣ ਕਰਕੇ ਲੋਕਾਂ ਦਾ ਜਿਊਣਾ ਦੁਭਰ ਬਣਿਆ ਹੋਇਆ ਹੈ। ਪਿੰਡ ਨੂੰ ਜਾਣ ਵਾਲੀ ਸੜਕ ਅਤੇ ਗਲੀਆਂ ਵਿਚ ਮੀਂਹ ਦਾ ਪਾਣੀ ਇਕੱਠਾ ਹੋਣ ਕਰਕੇ ਇਥੋਂ ਲੰਘਣਾ ਬੇਹੱਦ ਮੁਸ਼ਕਿਲ ਹੋ ਚੁੱਕਾ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਸੜਕ ਅਤੇ ਗਲੀਆਂ ਦੀ ਮਾੜੀ ਹਾਲਤ ਕਾਰਨ ਹਾਦਸਿਆਂ ਦਾ ਖ਼ਤਰਾ ਲਗਾਤਾਰ ਬਣਿਆ ਰਹਿੰਦਾ ਹੈ। ਬਰਸਾਤ ਦੇ ਦਿਨਾਂ ਵਿਚ ਸੜਕ ਅਤੇ ਗਲੀਆਂ ਵਿਚ ਪਏ ਖੱਡਿਆਂ ਵਿਚ ਪਾਣੀ ਭਰਨ ਕਾਰਨ ਮੱਖੀ, ਮੱਛਰਾਂ ਦੀ ਭਰਮਾਰ ਹੋ ਜਾਂਦੀ ਹੈ ਜਿਸ ਨਾਲ ਕਾਫ਼ੀ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਸਮੱਸਿਆ ਹੋਰ ਵੀ ਗੰਭੀਰ ਹੋ ਜਾਂਦੀ ਹੈ ਅਤੇ ਵਾਹਨ ਚਾਲਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਇਨ੍ਹਾਂ ਪਾਣੀ ਨਾਲ ਭਰੇ ਟੋਇਆਂ ਵਿਚੋਂ ਰੋਜ਼ਾਨਾ ਸਕੂਲੀ ਬੱਚੇ ਅਤੇ ਕੰਮਕਾਜ ਵਾਲੇ ਲੋਕ ਆਪਣੇ ਕੰਮਾਂ ਨੂੰ ਆਉਂਦੇ-ਜਾਂਦੇ ਹਨ। ਪਿੰਡ ਵਾਸੀਆਂ ਨੇ ਦੋਸ਼ ਲਾਇਆ ਕਿ ਕਈ ਵਾਰ ਸਬੰਧਿਤ ਵਿਭਾਗ ਅਤੇ ਪ੍ਰਸ਼ਾਸਨ ਦਾ ਧਿਆਨ ਇਸ ਸਮੱਸਿਆ ਵੱਲ ਦਿਵਾਇਆ ਗਿਆ, ਪਰ ਅਜੇ ਤੱਕ ਨਾ ਤਾਂ ਕਿਸੇ ਪ੍ਰਸ਼ਾਸਨਿਕ ਅਧਿਕਾਰੀ ਨੇ ਮੌਕੇ ਦਾ ਜਾਇਜ਼ਾ ਲਿਆ ਹੈ ਅਤੇ ਨਾ ਹੀ ਕਿਸੇ ਸਰਕਾਰੀ ਨੁਮਾਇੰਦੇ ਨੇ ਇਸ ਸੜਕ ਦੀ ਮੁਰੰਮਤ ਲਈ ਕੋਈ ਠੋਸ ਕਦਮ ਚੁੱਕਿਆ ਹੈ ਜਿਸ ਕਾਰਨ ਲੋਕਾਂ ਵਿਚ ਭਾਰੀ ਨਾਰਾਜ਼ਗੀ ਪਾਈ ਜਾ ਰਹੀ ਹੈ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਲੋਕ ਨਿਰਮਾਣ ਵਿਭਾਗ ਤੋਂ ਮੰਗ ਕੀਤੀ ਹੈ ਕਿ ਪਿੰਡ ਦੀਆਂ ਗਲੀਆਂ, ਨਾਲੀਆਂ ਤੇ ਸੜਕ ਦੀ ਮੁਰੰਮਤ ਕਰਵਾਈ ਜਾਵੇ, ਤਾਂ ਜੋ ਲੋਕਾਂ ਨੂੰ ਰੋਜ਼ਾਨਾ ਪੇਸ਼ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ।

# ਸੀਬੀਐੱਸਈ ਕਲੱਸਟਰ ਮੁਕਾਬਲਿਆਂ 'ਚ ਸੇਂਟ ਸੋਲਜਰ ਸਕੂਲ ਦੀਆਂ ਕਬੱਡੀ ਖਿਡਾਰਨਾਂ ਨੇ ਪ੍ਰਾਪਤ ਕੀਤੀਆਂ ਹੂੰਝਾ ਫੇਰ ਜਿੱਤਾਂ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** ਜੰਮੂ ਦੇ ਸਟੀਫਨ ਇੰਟਰਨੈਸ਼ਨਲ ਸਕੂਲ ਵਿੱਚ ਸੀਬੀਐੱਸਈ ਦੀਆਂ ਸਟੇਟ ਲੈਵਲ ਦੀਆਂ ਕਲਸਟਰ ਖੇਡਾਂ ਕਰਵਾਈਆਂ ਗਈਆਂ ਜਿਸ ਵਿੱਚ ਜੰਮੂ ਅਤੇ ਪੰਜਾਬ ਦੇ ਸੀਬੀਐੱਸਈ ਸਕੂਲਾਂ ਨੇ ਭਾਗ ਲਿਆ।ਇਸ ਟੂਰਨਾਮੈਂਟ ਦੇ ਲੜਕੀਆਂ ਦੇ ਨੈਸ਼ਨਲ ਸਟਾਈਲ ਕਬੱਡੀ ਮੁਕਾਬਲਿਆਂ ਵਿੱਚ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੀਆਂ ਕਬੱਡੀ ਦੀਆਂ ਖਿਡਾਰਨਾਂ ਨੇ ਹੂੰਝਾ ਫੇਰ ਜਿੱਤਾਂ ਪ੍ਰਾਪਤ ਕੀਤੀਆਂ।ਇਨ੍ਹਾਂ ਮੁਕਾਬਲਿਆਂ ਦੇ ਅੰਡਰ 19 ਅਤੇ ਅੰਡਰ 17 ਵਰਗ ਵਿੱਚ ਸਾਰੇ ਸਕੂਲਾਂ ਨੂੰ ਹਰਾਉਂਦਿਆਂ ਹੋਇਆਂ ਸੇਂਟ ਸੋਲਜਰ ਦੀਆਂ ਖਿਡਾਰਨਾਂ ਨੇ ਗੋਲਡ ਮੈਡਲ ਹਾਸਲ ਕਰਕੇ ਸ਼ਾਨਦਾਰ ਟਰਾਫੀਆਂ ਜਿੱਤੀਆਂ।ਅੰਡਰ 19 ਵਿੱਚ ਸਕੂਲ ਦੀ ਖਿਡਾਰਨ ਪਾਰਸਜੀਤ ਕੌਰ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਸਾਰੇ ਟੂਰਨਾਮੈਂਟ ਦੀ ਬੈਸਟ ਸਟੋਪਰ ਦਾ ਖਿਤਾਬ ਹਾਸਿਲ ਕੀਤਾ।ਇਸੇ ਤਰ੍ਹਾਂ ਅੰਡਰ 17 ਦੇ ਮੁਕਾਬਲਿਆਂ ਵਿੱਚ ਸਕੂਲ ਦੀ ਖਿਡਾਰਨ ਕੋਮਲਪ੍ਰੀਤ ਕੌਰ ਨੇ ਵੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਬੈਸਟ ਸਟੋਪਰ ਦਾ ਖਿਤਾਬ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ 14 ਦੀ ਟੀਮ ਨੇ ਪੂਰੇ ਟੂਰਨਾਮੈਂਟ ਵਿੱਚੋਂ ਦੂਸਰਾ ਸਥਾਨ ਹਾਸਿਲ ਕੀਤਾ ਅਤੇ ਸਕੂਲ ਦੀ ਹੋਣਹਾਰ ਖਿਡਾਰਨ ਹਰਕੀਰਤ ਕੌਰ ਨੇ ਬੈਸਟ ਰੇਡਰ ਦਾ ਖਿਤਾਬ ਹਾਸਲ ਕੀਤਾ। ਸਕੂਲ ਪਹੁੰਚਣ ਤੇ ਸਕੂਲ ਮੈਨੇਜਮੈਂਟ ਸਟਾਫ ਅਤੇ ਸਾਰੇ ਬੱਚਿਆਂ ਵੱਲੋਂ ਜੇਤੂ ਖਿਡਾਰਨਾਂ ਦਾ ਢੋਲ ਢਮੱਕੇ ਨਾਲ ਨੱਚ ਗਾ ਕੇ ਸਵਾਗਤ ਕੀਤਾ ਗਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਸਾਰੇ ਹੀ ਜੇਤੂ ਖਿਡਾਰਨਾਂ ਨੂੰ ਵਧਾਈ ਦਿੱਤੀ ਸ਼ਾਬਾਸ਼ੀ ਦਿੱਤੀ ਅਤੇ ਖਾਸ ਤੌਰ ਤੇ ਖਿਡਾਰਨਾਂ ਦੇ ਕੋਚ ਮੈਡਮ ਮਨਪ੍ਰੀਤ ਕੌਰ ਡੀ ਪੀ ਨੂੰ ਵੀ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।



## ਡੀਡੀਓ ਸਣੇ ਤਿੰਨ ਕਲਰਕਾਂ 'ਤੇ ਲੱਗਾ ਗਬਨ ਕਰਨ ਦਾ ਦੋਸ਼; ਪਰਚਾ ਦਰਜ

**ਮਜੀਠਾ (ਸੋਇਮ ਆਨੰਦ)** ਅੰਮ੍ਰਿਤਸਰ ਦੇ ਸਿੱਖਿਆ ਵਿਭਾਗ ਵੱਲੋਂ ਕਥਿਤ ਵਿੱਤੀ ਗਬਨ ਅਤੇ ਤਨਖ਼ਾਹ, ਭਵਿੱਖ ਨਿਧੀ ਅਤੇ ਛੁੱਟੀ ਦੇ ਬਦਲੇ ਨਕਦੀਕਰਨ (ਲੀਵ ਇਨਕੈਸ਼ਮੈਂਟ) ਦੇ ਬਿੱਲਾਂ ਵਿੱਚ ਅਨਿਯਮਿਤਤਾਵਾਂ ਦੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਯਸ਼ਪਾਲ ਨੇ ਮਜੀਠਾ-1, ਮਜੀਠਾ-2, ਰਈਆ-1, ਰਈਆ-2 ਅਤੇ ਅੰਮ੍ਰਿਤਸਰ-4 ਬਲਾਕਾਂ ਦੇ ਡਰਾਇੰਗ ਅਤੇ ਡਿਸਬਰਸਿੰਗ ਅਫ਼ਸਰ ਵਜੋਂ ਸੇਵਾ ਨਿਭਾਈ ਸੀ।

ਵਿਭਾਗੀ ਸਰੋਤਾਂ ਨੇ ਦੱਸਿਆ ਕਿ ਸਕੂਲ ਵਰਦੀਆਂ ਦੀ ਖਰੀਦ ਲਈ ਅਲਾਟ ਕੀਤੀ ਗ੍ਰਾਂਟ ਦੇ ਕਥਿਤ ਗਬਨ ਦੇ ਸਬੰਧ ਵਿੱਚ ਉਨ੍ਹਾਂ ਨੂੰ 2023 ਵਿੱਚ ਵੀ ਮੁਅੱਤਲ ਕੀਤਾ ਗਿਆ ਸੀ, ਪਰ ਬਾਅਦ ਵਿੱਚ ਉਹ ਬਹਾਲ ਹੋ ਗਏ ਸਨ।

ਬਲਾਕ ਸਿੱਖਿਆ ਅਧਿਕਾਰੀ ਯਸ਼ਪਾਲ ਸਮੇਤ ਸੁਖਦੇਵ ਸਿੰਘ (ਕਲਰਕ ਮਜੀਠਾ), ਗੁਰਬਿੰਦਰ ਸਿੰਘ (ਕਲਰਕ ਮਜੀਠਾ), ਗੁਰਸੇਵਕ ਸਿੰਘ (ਕਲਰਕ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਦਫ਼ਤਰ) ਵਿਰੁੱਧ ਥਾਣਾ ਸਿਵਲ ਲਾਈਨ ਅੰਮ੍ਰਿਤਸਰ ਵਿਖੇ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 316(5), 318(4) ਅਤੇ 61(2) ਤਹਿਤ ਮਾਮਲਾ ਦਰਜ ਹੋਣ ਤੋਂ ਬਾਅਦ ਪੁਲਸ ਜਾਂਚ ਦੌਰਾਨ ਇਹ ਕੜੀਆਂ ਜੋੜ ਰਹੀ ਹੈ ਕਿ ਇਸ ਘਪਲੇ ਦੀਆਂ ਤਾਰਾਂ ਕਿੱਥੇ ਕਿੱਥੇ ਜੁੜੀਆਂ ਹੋਈਆਂ ਹਨ।

## ਵੇਗੋਵਾਲ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਮਿਲਿਆ ਭਰਵਾਂ ਹੁੰਗਾਰਾ

**ਮਜੀਠਾ (ਸੋਇਮ ਆਨੰਦ)**-ਹਲਕਾ ਮਜੀਠਾ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਲਹਿਰ ਰੋਜ਼-ਬ-ਰੋਜ਼ ਜੜ੍ਹਾਂ ਫੜ ਰਹੀ ਹੈ।ਪਿੰਡ ਵੇਗੋਵਾਲ 'ਚ ਵੱਖ-ਵੱਖ ਪਰਿਵਾਰਾਂ ਨੇ ਰਵਾਇਤੀ ਪਾਰਟੀਆਂ ਨਾਲੋਂ ਨਾਤਾ ਤੋੜ ਕੇ ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਮੂਲੀਅਤ ਕੀਤੀ।ਇਹ ਪਰਿਵਾਰ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਪੰਜਾਬ, ਪੰਜਾਬੀਅਤ ਅਤੇ ਪੰਥਕ ਮੁੱਦਿਆਂ ਲਈ ਚਲਾਈ ਜਾ ਰਹੀ ਲਹਿਰ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਆਏ ਹਨ।ਇਸ ਮੌਕੇ ਸੰਬੋਧਨ ਕਰਦਿਆਂ ਭਾਈ ਨਾਥਵਿੰਦਰ ਸਿੰਘ ਨੇ ਕਿਹਾ ਕਿ ਵੇਗੋਵਾਲ ਤੋਂ ਮਿਲਿਆ ਇਹ ਸਮਰਥਨ ਇਹ ਸਾਬਤ ਕਰਦਾ ਹੈ ਕਿ ਲੋਕ ਹੁਣ ਪੁਰਾਣੀਆਂ ਰਾਜਨੀਤਕ ਪਾਰਟੀਆਂ ਦੀਆਂ ਨੀਤੀਆਂ ਤੋਂ ਥੱਕ ਚੁੱਕੇ ਹਨ।ਉਨ੍ਹਾਂ ਯਕੀਨ ਜਤਾਇਆ ਕਿ ਵੇਗੋਵਾਲ ਤੋਂ ਮਿਲੀ ਇਹ ਤਾਕਤ ਹਲਕਾ ਮਜੀਠਾ ਵਿੱਚ ਪਾਰਟੀ ਦੀ ਬੁਨਿਆਦ ਨੂੰ ਹੋਰ ਮਜ਼ਬੂਤ ਕਰੇਗੀ।ਆਈ ਟੀ ਵਿੰਗ ਦੇ ਜ਼ਿਲ੍ਹਾ ਇੰਚਾਰਜ ਕਮਲਜੀਤ ਸਿੰਘ ਸੋਹੀ ਨੇ ਨਵੇਂ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਨੀਤੀਆਂ ਹੋਰਨਾਂ ਲੋਕਾਂ ਤੱਕ ਵੀ ਪਹੁੰਚਾਉਣ ਅਤੇ ਨਸ਼ਿਆਂ ਤੇ ਬੇਰੁਜ਼ਗਾਰੀ ਵਰਗੀਆਂ ਸਮੱਸਿਆਵਾਂ ਖਿਲਾਫ਼ ਜਾਗਰੂਕਤਾ ਫੈਲਾਉਣ। ਇਸ ਮੌਕੇ ਪਿੰਡ ਵਾਸੀਆਂ ਅਤੇ ਪਾਰਟੀ ਵਰਕਰਾਂ ਦੀ ਵੱਡੀ ਗਿਣਤੀ ਮੌਜੂਦ ਸੀ।



# ਮਾਪਿਆਂ ਨਾਲ 'ਟੀ ਐਂਡ ਟਾਕ' ਪ੍ਰੋਗਰਾਮ ਆਯੋਜਿਤ



**ਪਠਾਨਕੋਟ (ਦਵਿੰਦਰ ਸਿੰਘ)**- ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਮਾਪਿਆਂ ਨਾਲ ਬਿਹਤਰ ਸੰਵਾਦ ਸਥਾਪਤ ਕਰਨ ਦੇ ਉਦੇਸ਼ ਨਾਲ ਜੇਐਮਕੇ ਇੰਟਰਨੈਸ਼ਨਲ ਸਕੂਲ ਵਿੱਚ ਮਾਪਿਆਂ ਨਾਲ 'ਟੀ ਐਂਡ ਟਾਕ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਹ ਪ੍ਰੋਗਰਾਮ ਸਕੂਲ ਦੇ ਚੇਅਰਮੈਨ ਅਨੁਜ ਸੂਦ ਅਤੇ ਡਾਇਰੈਕਟਰ ਤਾਨਿਆ ਸੂਦ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਇਆ ਗਿਆ।ਪ੍ਰੋਗਰਾਮ ਦੀ ਅਗਵਾਈ ਡਾਇਰੈਕਟਰ ਅਤੇ ਪ੍ਰਿੰਸੀਪਲ ਡਾ. ਨੀਰਜ ਮੋਹਨ ਪੁਰੀ ਨੇ ਕੀਤੀ।ਇਸ ਮੌਕੇ ਵਿਦਿਆਰਥੀਆਂ ਨੇ ਸੋਸ਼ਲ ਮੀਡੀਆ ਦੇ ਪ੍ਰਭਾਵ, ਇਸ ਦੇ ਸਹੀ ਉਪਯੋਗ ਅਤੇ ਸੁਰੱਖਿਅਤ ਤੇ ਜ਼ਿੰਮੇਵਾਰ ਵਰਤੋਂ ਸਬੰਧੀ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਦੇ ਕੇ ਮਾਪਿਆਂ ਨੂੰ ਜਾਗਰੂਕ ਕੀਤਾ। ਪ੍ਰੋਗਰਾਮ ਦੌਰਾਨ ਡਾਨੀਰਜ ਮੋਹਨ ਪੁਰੀ ਨੇ ਮਾਪਿਆਂ ਨਾਲ ਖੁੱਲ੍ਹੇ ਸੰਵਾਦ ਰਾਹੀਂ ਬੱਚਿਆਂ ਦੇ ਉਜਲੇ ਭਵਿੱਖ, ਨੈਤਿਕ ਕਦਰਾਂ-ਕੀਮਤਾਂ, ਗੁਣਵੱਤਾਪੂਰਨ ਸਿੱਖਿਆ ਅਤੇ ਸਮੁੱਚੇ ਵਿਅਕਤੀਤਵ ਵਿਕਾਸ ਵਰਗੇ ਮਹੱਤਵਪੂਰਨ ਵਿਸ਼ਿਆਂ ਤੇ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਨੇ ਮਾਪਿਆਂ ਨੂੰ ਜੇਐੱਮਕੇ ਇੰਟਰਨੈਸ਼ਨਲ ਸਕੂਲ ਵੱਲੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਅਕਾਦਮਿਕ ਅਤੇ ਸਹਿ-ਅਕਾਦਮਿਕ ਸੁਵਿਧਾਵਾਂ ਅਤੇ ਸੇਵਾਵਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਮਾਪਿਆਂ ਨੇ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਇਸ ਨੂੰ ਸਕੂਲ ਅਤੇ ਮਾਪਿਆਂ ਵਿਚਕਾਰ ਮਜ਼ਬੂਤ ਭਾਈਵਾਲੀ ਅਤੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਸ਼ਲਾਘਾਯੋਗ ਕਦਮ ਕਰਾਰ ਦਿੱਤਾ।

# 'ਪਾਕਿਸਤਾਨ ਫੇਰੀ ਦੀਆਂ ਮਿੱਠੀਆਂ ਯਾਦਾਂ' ਲੋਕ ਅਰਪਿਤ

**ਬਾਬਾ ਬਕਾਲਾ ਸਾਹਿਬ/ ਬਿਆਸ (ਨਿਰਮਲ ਸਿੰਘ ਸੰਘਾ/ਪਰਮਜੀਤ ਸਿੰਘ ਰੱਖੜਾ)**- ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਵਿਖੇ ਕਰਵਾਇਆ ਗਿਆ ।ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀ: ਮੀਤ ਪ੍ਰਧਾਨ ਮੱਖਣ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰੀ ਮੈਂਬਰ ਗੁਰਮੀਤ ਸਿੰਘ ਬਾਜਵਾ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਾਝਾ ਜਨਵਾਦੀ ਲੇਖਕ ਸਭਾ), ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ, ਜਲੰਧਰ), ਡਾ: ਗਗਨਦੀਪ (ਪ੍ਰਧਾਨ ਮਝੈਲਾਂ ਦੀ ਸੱਥ) ਅਤੇ ਪ੍ਰੋ: ਬਖਤਾਵਰ ਧਾਲੀਵਾਲ (ਜਨਰਲ ਸਕੱਤਰ ਸ਼ਬਦ ਨਾਦ ਮੰਚ) ਅਤੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ ਸ਼ੁਸ਼ੋਭਿਤ ਹੋਏ।ਇਸ ਮੌਕੇ ਰੋਜ਼ਾਨਾ 'ਅਜੀਤ' ਦੇ ਪ੍ਰਤੀਨਿਧ ਅਤੇ ਨਾਮਵਰ ਲੇਖਕ ਸ: ਜਗਦੀਸ਼ ਸਿੰਘ ਬਮਰਾਹ ਦੀ ਪੁਸਤਕ 'ਪਾਕਿਸਤਾਨ ਫੇਰੀ ਦੀਆਂ ਮਿੱਠੀਆਂ ਯਾਦਾਂ' ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ।ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ



ਸੁਖਵੰਤ ਕੌਰ ਵੱਸੀ, ਹਰਮੇਸ਼ ਕੌਰ ਜੋਧੇ ਸਾ: ਜ਼ਿਲ੍ਹਾ ਭਾਸ਼ਾ ਅਫਸਰ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਸੁਖਵਿੰਦਰ ਕੌਰ ਬਟਾਲਾ, ਹਰਵਿੰਦਰਜੀਤ ਕੌਰ ਬਾਠ, ਮੱਖਣ ਭੈਣੀਵਾਲਾ, ਮੰਗਤ ਚੈਂਚਲ ਗੁਰਦਾਸਪੁਰ, ਸੀਤਲ ਸਿੰਘ ਗੁਨੋਵਾਲ, ਨਿਸ਼ਾਨ ਸਿੰਘ ਜੌੜਾ ਸਿੰਘਾਂ, ਜਸਮੇਲ ਸਿੰਘ ਜੋਧੇ, ਨਵਦੀਪ ਸਿੰਘ ਬਦੇਸ਼ਾ, ਮਾ: ਧਰਮ ਸਿੰਘ ਧਿਆਨਪੁਰ, ਮਨਦੀਪ ਸਿੰਘ ਬੋਪਰਾਏ, ਅਕਾਸ਼ਦੀਪ ਸਿੰਘ, ਸੂਬੇਦਾਰ ਹਰਜੀਤ ਸਿੰਘ, ਸੋਨੂੰ ਸੁਲਤਾਨ, ਨਿਸ਼ਾਨ ਸਿੰਘ (ਮਜਲਸ), ਡਾ ਕੁਲਵੰਤ ਸਿੰਘ ਬਾਠ, ਮਾ: ਬਲਬੀਰ ਸਿੰਘ ਬੀਰ, ਡਾ: ਅਮਨਦੀਪ ਸਿੰਘ ਬਿਆਸ, ਬਲਵਿੰਦਰ ਸਿੰਘ ਅਠੌਲਾ, ਜਸਬੀਰ ਸਿੰਘ ਨਾਰਲਾ, ਪਰਮਜੀਤ ਸਿੰਘ ਸਿਤਾਰਾ, ਹਰਪ੍ਰੀਤ ਸਿੰਘ ਜੱਲੂਵਾਲ, ਹਰਜਿੰਦਰ ਸਿੰਘ ਜਿੰਦੀ ਮਠੌਲਾ, ਕੁਲਦੀਪ ਸਿੰਘ ਰਤਨ, ਤਰਸੇਮ ਜਲੰਧਰੀ, ਡਾ: ਸਰਬਜੀਤ ਸਿੰਘ ਬਿੱਲਾ, ਸੁਰਜੀਤ ਸਿੰਘ ਫੇਰੂਮਾਨ, ਲਖਵਿੰਦਰ ਸਿੰਘ ਉੱਪਲ, ਹਿੰਦ ਗਹਿਰੀ ਮੰਡੀ, ਅਜੀਤ ਸਿੰਘ ਸਠਿਆਲਵੀ, ਬਲਦੇਵ ਸਿੰਘ ਸਠਿਆਲਾ, ਅਜੈਬ ਸਿੰਘ ਬੋਦੇਵਾਲ, ਸਕੱਤਰ ਸਿੰਘ ਪੁਰੇਵਾਲ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਜਗਦੀਸ਼ ਸਿੰਘ ਕਲਾਨੌਰ, ਸਰਪੰਚ ਗੁਰਜਿੰਦਰ ਸਿੰਘ ਬੁਝਿਆਂਵਾਲੀ, ਦਵਿੰਦਰ ਸਿੰਘ ਭੋਲਾ, ਗੁਰਹਰਪ੍ਰੀਤ ਸਿੰਘ ਰਾਣਾ ਚੂੰਗ, ਜਗਤਾਰ ਸਿੰਘ ਸੰਧੂ, ਸੰਨਪ੍ਰੀਤ ਸਿੰਘ ਮਣੀ, ਕੈਪਟਨ ਸਿੰਘ ਮਹਿਤਾ, ਜਤਿੰਦਰ ਸਿੰਘ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨ੍ਹਿਆ।ਇਸ ਮੌਕੇ ਸਭਾ ਵੱਲੋਂ ਪੁੱਜੀਆਂ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ ।

# ਵਿਧਾਇਕ ਰੰਧਾਵਾ ਨੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪੰਜਾਬ ਸਰਕਾਰ ਵੱਲੋਂ ਯੋਗ ਉਮੀਦਵਾਰਾਂ ਨੂੰ ਪਾਰਦਰਸ਼ੀ ਢੰਗ ਨਾਲ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਉਣ ਦੀ ਮੁਹਿੰਮ ਤਹਿਤ ਡੇਰਾ ਬਾਬਾ ਨਾਨਕ ਵਿਖੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਿਤ ਭਾਵਨਾ ਨਾਲ ਨਿਭਾਉਣ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ-ਰਹਿਤ ਢੰਗ ਨਾਲ ਸਰਕਾਰੀ ਨੌਕਰੀਆਂ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਹੁਣ ਤੱਕ ਵੱਖ-ਵੱਖ ਵਿਭਾਗਾਂ ਵਿੱਚ ਹਜ਼ਾਰਾਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਰੁਜ਼ਗਾਰ ਦੇ ਹੋਰ ਮੌਕੇ ਉਪਲਬਧ ਕਰਵਾਉਣ ਲਈ ਭਰਤੀ ਪ੍ਰਕਿਰਿਆ ਲਗਾਤਾਰ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਯੋਗ ਨੌਜਵਾਨ ਨੂੰ ਉਸ ਦੀ ਮਿਹਨਤ ਅਤੇ ਯੋਗਤਾ ਦੇ ਆਧਾਰ 'ਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ਼ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਅਤੇ ਮਜ਼ਬੂਤ ਹੋਵੇਗਾ, ਸਗੋਂ ਪੰਜਾਬ ਦੇ ਵਿਕਾਸ ਨੂੰ ਵੀ ਨਵੀਂ ਗਤੀ ਮਿਲੇਗੀ।

ਉਨ੍ਹਾਂ ਇਹ ਵੀ ਕਿਹਾ ਕਿ ਆਂਗਣਵਾੜੀ ਕੇਂਦਰ ਬੱਚਿਆਂ, ਗਰਭਵਤੀ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਸਿੱਖਿਆ ਵਿੱਚ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਇਸ ਲਈ ਨਵ-ਨਿਯੁਕਤ ਵਰਕਰ ਆਪਣੀਆਂ ਸੇਵਾਵਾਂ ਪੂਰੀ ਤਨਦੇਹੀ ਨਾਲ ਨਿਭਾਉਣ।

# ਝੁਕਾਉਣ ਵਾਲਾ ਚਾਹੀਦੈ

ਜੰਤਰ-ਮੰਤਰ ਦੇ ਪ੍ਰਦਰਸ਼ਨਾਂ ਦੌਰਾਨ ਤਿੱਖੇ ਜਨਤਕ ਦਬਾਅ ਤੋਂ ਬਾਅਦ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਨੇ ਇੱਕ ਵਾਰ ਫਿਰ ਇਸ ਬਹਿਸ ਨੂੰ ਸੁਰਜੀਤ ਕਰ ਦਿੱਤਾ ਹੈ ਕਿ ਕੀ ਮੋਦੀ ਸਰਕਾਰ ਸਿਰਫ ਤਕੜੇ ਜਨਤਕ ਦਬਾਅ ਤੋਂ ਬਾਅਦ ਹੀ ਆਪਣੇ ਫੈਸਲਿਆਂ ਤੋਂ ਪਿੱਛੇ ਹਟਦੀ ਹੈ। ਪਿਛਲੇ 12 ਸਾਲਾਂ ਵਿੱਚ ਘੱਟੋ-ਘੱਟ ਤਿੰਨ ਵਾਰ ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਦੋਂ ਲੰਮੇ ਸਮੇਂ ਤੱਕ ਚੱਲੇ ਵਿਰੋਧ ਪ੍ਰਦਰਸ਼ਨਾਂ ਅਤੇ ਵਿਆਪਕ ਜਨਤਕ ਦਬਾਅ ਨੇ ਸਰਕਾਰ ਨੂੰ ਆਪਣਾ ਰੁਖ਼ ਬਦਲਣ ਜਾਂ ਕੋਈ ਵੱਡਾ ਸਿਆਸੀ ਫੈਸਲਾ ਲੈਣ ਲਈ ਮਜਬੂਰ ਕੀਤਾ ਹੈ। ਤਿੰਨਾਂ ਮਾਮਲਿਆਂ ਵਿੱਚ ਸਰਕਾਰ ਸ਼ੁਰੂ ਵਿੱਚ ਵਿਰੋਧ ਪ੍ਰਦਰਸ਼ਨਾਂ ਪ੍ਰਤੀ ਸਖਤ ਦਿਖਾਈ ਦਿੱਤੀ ਅਤੇ ਪ੍ਰਦਰਸ਼ਨਕਾਰੀਆਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ, ਪਰ ਜਿਵੇਂ-ਜਿਵੇਂ ਅੰਦੋਲਨ ਦਾ ਸਿਆਸੀ ਪ੍ਰਭਾਵ ਵਧਦਾ ਗਿਆ, ਉਸ ਦਾ ਰੁਖ਼ ਬਦਲ ਗਿਆ। ਹਾਲਾਂਕਿ ਤਿੰਨੇ ਮਾਮਲੇ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰਨ ਵਾਲੇ ਵਿਰੋਧ ਪ੍ਰਦਰਸ਼ਨ ਨਾਲੋਂ ਵੱਖਰੇ ਸਨ ਅਤੇ ਉਨ੍ਹਾਂ ਦਾ ਸੰਦੇਸ਼ ਦੂਰਗਾਮੀ ਸੀ।

ਮੋਦੀ ਸਰਕਾਰ ਵਿਰੁੱਧ ਪਹਿਲਾ ਵੱਡਾ ਦੇਸ਼-ਵਿਆਪੀ ਅੰਦੋਲਨ ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ) ਅਤੇ ਰਾਸ਼ਟਰੀ ਨਾਗਰਿਕ ਰਜਿਸਟਰ (ਐੱਨ ਆਰ ਸੀ) ਨੂੰ ਲੈ ਕੇ ਸੀ। ਦੇਸ਼-ਭਰ ਵਿੱਚ ਕਈ ਮਹੀਨਿਆਂ ਤੱਕ ਵਿਰੋਧ ਪ੍ਰਦਰਸ਼ਨ ਜਾਰੀ ਰਹੇ। ਵਿਰੋਧੀ ਪਾਰਟੀਆਂ ਅਤੇ ਸਮਾਜਿਕ ਸੰਗਠਨਾਂ ਨੇ ਦੋਸ਼ ਲਗਾਇਆ ਕਿ ਸੀ ਏ ਏ ਤੇ ਐੱਨ ਆਰ ਸੀ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਨਾਗਰਿਕਤਾ ਤੋਂ ਵਾਂਝਾ ਕਰ ਸਕਦੇ ਹਨ। ਭਾਵੇਂ ਸਰਕਾਰ ਨੇ ਸੀ ਏ ਏ ਵਾਪਸ ਨਹੀਂ ਲਿਆ, ਪਰ ਬਾਅਦ ਵਿੱਚ ਦੇਸ਼-ਭਰ ਵਿੱਚ ਐੱਨ ਆਰ ਸੀ ਲਾਗੂ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕੇ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵਾਰ-ਵਾਰ ਕਿਹਾ ਕਿ ਸੀ ਏ ਏ-ਐੱਨ ਆਰ ਸੀ ਦੇਸ਼-ਭਰ ਵਿੱਚ ਲਾਗੂ ਕੀਤੇ ਜਾਣਗੇ। ਫਿਰ ਵੀ ਕੁਝ ਨਹੀਂ ਹੋਇਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੀ ਇਹ ਕਹਿਣਾ ਪਿਆ ਕਿ ਦੇਸ਼-ਵਿਆਪੀ ਐੱਨ ਆਰ ਸੀ ਬਾਰੇ ਕੋਈ ਫੈਸਲਾ ਨਹੀਂ ਲਿਆ ਗਿਆ।

2020 ਵਿੱਚ ਕੇਂਦਰ ਸਰਕਾਰ ਨੇ ਤਿੰਨ ਨਵੇਂ ਖੇਤੀਬਾੜੀ ਕਾਨੂੰਨ ਲਾਗੂ ਕੀਤੇ। ਪੰਜਾਬ, ਹਰਿਆਣਾ, ਪੱਛਮੀ ਯੂ ਪੀ ਅਤੇ ਦੇਸ਼ ਦੇ ਹੋਰ ਹਿੱਸਿਆਂ ਦੇ ਕਿਸਾਨ ਲੰਮੇ ਸਮੇਂ ਤੱਕ ਦਿੱਲੀ ਦੀਆਂ ਸਰਹੱਦਾਂ 'ਤੇ ਰਹੇ। ਲਗਭਗ ਇੱਕ ਸਾਲ ਚੱਲੇ ਅੰਦੋਲਨ ਦੌਰਾਨ ਸਰਕਾਰ ਅਤੇ ਕਿਸਾਨ ਸੰਗਠਨਾਂ ਵਿਚਕਾਰ ਕਈ ਦੌਰ ਦੀ ਗੱਲਬਾਤ ਹੋਈ, ਪਰ ਕੋਈ ਹੱਲ ਨਹੀਂ ਨਿਕਲਿਆ। ਸ਼ੁਰੂ ਵਿੱਚ ਕਿਸਾਨਾਂ ਨੂੰ ਰੋਕਣ ਲਈ ਸੜਕਾਂ 'ਤੇ ਟੋਏ ਪੁੱਟ ਦਿੱਤੇ ਗਏ, ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ ਗਈ ਅਤੇ ਦਿੱਲੀ ਸਰਹੱਦ 'ਤੇ ਸੜਕਾਂ 'ਤੇ ਕਿੱਲ ਗੱਡ ਦਿੱਤੇ ਗਏ। ਜਦੋਂ ਕਿਸਾਨ ਸਰਹੱਦ 'ਤੇ ਪਹੁੰਚੇ, ਤਾਂ ਉਨ੍ਹਾਂ ਦੇ ਵਿਰੋਧ ਸਥਾਨ 'ਤੇ ਜਾਣ ਵਾਲੀਆਂ ਪਾਣੀ ਅਤੇ ਬਿਜਲੀ ਦੀਆਂ ਲਾਈਨਾਂ ਕੱਟ ਦਿੱਤੀਆਂ ਗਈਆਂ। ਉਨ੍ਹਾਂ ਨੂੰ ਖਾਲਿਸਤਾਨੀ ਅਤੇ ਅੱਤਵਾਦੀ ਦੱਸ ਕੇ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਸ ਸਭ ਦੇ ਬਾਵਜੂਦ ਕਿਸਾਨ ਅਡੋਲ ਰਹੇ। ਅੰਤ ਵਿੱਚ ਨਵੰਬਰ 2021 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਸ਼ਟਰ ਨੂੰ ਆਪਣੇ ਸੰਬੋਧਨ ਵਿੱਚ ਤਿੰਨੋਂ ਖੇਤੀਬਾੜੀ ਕਾਨੂੰਨਾਂ ਨੂੰ ਵਾਪਸ ਲੈਣ ਦਾ ਐਲਾਨ ਕੀਤਾ ਅਤੇ ਕਿਸਾਨਾਂ ਤੋਂ ਮੁਆਫੀ ਮੰਗੀ। ਇਸ ਫੈਸਲੇ ਨੂੰ ਮੋਦੀ ਸਰਕਾਰ ਦੇ ਸਭ ਤੋਂ ਵੱਡੇ ਸਿਆਸੀ ਯੂ-ਟਰਨ ਵਿੱਚੋਂ ਇੱਕ ਮੰਨਿਆ ਗਿਆ।

ਇਸ ਵਾਰ ਅੰਦੋਲਨ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੌਰਾਨ ਪੇਪਰ ਲੀਕ ਅਤੇ ਸਿੱਖਿਆ ਪ੍ਰਣਾਲੀ ਵਿੱਚ ਸੁਧਾਰਾਂ ਦੀਆਂ ਮੰਗਾਂ 'ਤੇ ਕੇਂਦਰਤ ਸੀ। ਇਸ ਅੰਦੋਲਨ ਦੀ ਵਿਲੱਖਣਤਾ ਇਹ ਸੀ ਕਿ ਇਸ ਦੀ ਅਗਵਾਈ ਕਿਸੇ ਇੱਕ ਸਿਆਸੀ ਪਾਰਟੀ ਜਾਂ ਸੰਗਠਨ ਵੱਲੋਂ ਨਹੀਂ ਕੀਤੀ ਗਈ। ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਨੌਜਵਾਨ ਸੋਸ਼ਲ ਮੀਡੀਆ ਰਾਹੀਂ ਇਕੱਠੇ ਹੋਏ ਅਤੇ ਕਈ ਸ਼ਹਿਰਾਂ ਵਿੱਚ ਪ੍ਰਦਰਸ਼ਨ ਹੋਏ। ਦਿੱਲੀ ਦੇ ਜੰਤਰ-ਮੰਤਰ 'ਤੇ ਲਗਾਤਾਰ ਧਰਨਾ ਪ੍ਰਦਰਸ਼ਨ ਕੀਤਾ ਗਿਆ। ਬਾਅਦ ਵਿੱਚ ਇਹ ਅੰਦੋਲਨ ਕਈ ਰਾਜਾਂ ਵਿੱਚ ਫੈਲ ਗਿਆ। ਵਿਦਿਆਰਥੀਆਂ ਦੀਆਂ ਮੁੱਖ ਮੰਗਾਂ ਵਿੱਚ ਸਿੱਖਿਆ ਮੰਤਰੀ ਦਾ ਅਸਤੀਫਾ, ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ ਅਤੇ ਪੇਪਰ ਲੀਕ ਨੂੰ ਰੋਕਣ ਲਈ ਸਖਤ ਕਾਨੂੰਨ ਸ਼ਾਮਲ ਸਨ। ਸਰਕਾਰ ਨੇ ਸ਼ੁਰੂ ਵਿੱਚ ਅੰਦੋਲਨ 'ਤੇ ਸਖਤ ਰੁਖ਼ ਅਪਣਾਇਆ, ਪਰ ਬਾਅਦ ਵਿੱਚ ਵਿਰੋਧ ਪ੍ਰਦਰਸ਼ਨਾਂ ਦੇ ਪ੍ਰਤੀਨਿਧੀਆਂ ਨਾਲ ਗੱਲਬਾਤ ਸ਼ੁਰੂ ਕੀਤੀ। ਇਸ ਸਮੇਂ ਦੌਰਾਨ ਪ੍ਰੀਖਿਆ ਸੁਧਾਰਾਂ ਅਤੇ ਸਖਤ ਕਾਨੂੰਨਾਂ 'ਤੇ ਚਰਚਾ ਵੀ ਤੇਜ਼ ਹੋ ਗਈ। ਇਹ ਅੰਦੋਲਨ ਪਿਛਲੇ ਅੰਦੋਲਨਾਂ ਤੋਂ ਵੱਖਰਾ ਸੀ। ਇਸ ਵਿੱਚ ਪ੍ਰਮੁੱਖ ਨੇਤਾ ਦੀ ਘਾਟ ਸੀ। ਸੋਸ਼ਲ ਮੀਡੀਆ ਇਸ ਦੀ ਸਭ ਤੋਂ ਵੱਡੀ ਤਾਕਤ ਬਣ ਗਿਆ। ਵੱਡੀ ਗਿਣਤੀ ਵਿੱਚ ਨੌਜਵਾਨ ਮੀਮਜ਼, ਛੋਟੀਆਂ ਵੀਡੀਓਜ਼ ਅਤੇ ਆਨਲਾਈਨ ਮੁਹਿੰਮਾਂ ਰਾਹੀਂ ਅੰਦੋਲਨ ਵਿੱਚ ਸ਼ਾਮਲ ਹੋਏ। ਇਹ ਅੰਦੋਲਨ ਲੰਮੇ ਸਮੇਂ ਤੱਕ ਸ਼ਾਂਤੀਪੂਰਵਕ ਚਲਦਾ ਰਿਹਾ। ਇਹ ਮੰਨਿਆ ਜਾਂਦਾ ਹੈ ਕਿ ਇਸੇ ਕਰਕੇ ਸਰਕਾਰ ਲਈ ਰਵਾਇਤੀ ਸਿਆਸੀ ਗੱਲਬਾਤ ਰਾਹੀਂ ਇਸ ਨੂੰ ਖਤਮ ਕਰਨਾ ਮੁਸ਼ਕਲ ਸੀ। 20 ਜੁਲਾਈ ਨੂੰ ਪ੍ਰਦਰਸ਼ਨਕਾਰੀਆਂ 'ਤੇ ਪੁਲਸ ਦੀ ਕਾਰਵਾਈ ਤੋਂ ਬਾਅਦ ਅੰਦੋਲਨ ਤੇਜ਼ ਹੋ ਗਿਆ। ਕਈ ਸਮਾਜਿਕ ਕਾਰਕੁਨ, ਸਿੱਖਿਆ ਸ਼ਾਸਤਰੀ ਅਤੇ ਵਿਰੋਧੀ ਆਗੂ ਬਾਅਦ ਵਿੱਚ ਅੰਦੋਲਨ ਦੇ ਸਮਰਥਨ ਵਿੱਚ ਸਾਹਮਣੇ ਆਏ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਪੁਲਸ ਦੀ ਕਾਰਵਾਈ ਨੇ ਅੰਦੋਲਨ ਨੂੰ ਕਮਜ਼ੋਰ ਕਰਨ ਦੀ ਬਜਾਏ ਇਸ ਨੂੰ ਮਜ਼ਬੂਤ ਕੀਤਾ ਹੈ। ਸਿਆਸੀ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਇਸ ਅੰਦੋਲਨ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਸ਼ਾਮਲ ਸਨ, ਜਿਨ੍ਹਾਂ ਨੂੰ ਰਵਾਇਤੀ ਤੌਰ 'ਤੇ ਭਾਜਪਾ ਦਾ ਸਮਰਥਨ ਕਰਨ ਵਾਲੇ ਸਮਾਜਿਕ ਵਰਗ ਦਾ ਹਿੱਸਾ ਮੰਨਿਆ ਜਾਂਦਾ ਹੈ। ਇਹੀ ਕਾਰਨ ਹੈ ਕਿ ਸਰਕਾਰ ਨੇ ਇਸ ਮੁੱਦੇ 'ਤੇ ਗੱਲਬਾਤ ਦਾ ਤਰੀਕਾ ਅਪਣਾਇਆ ਅਤੇ ਪ੍ਰੀਖਿਆ ਸੁਧਾਰਾਂ ਨਾਲ ਸੰਬੰਧਤ ਉਪਾਵਾਂ ਦਾ ਐਲਾਨ ਕੀਤਾ।

ਪਿਛਲੇ ਦਹਾਕੇ ਵਿੱਚ ਇਹ ਦੂਜਾ ਵੱਡਾ ਮਾਮਲਾ ਹੈ, ਜਿੱਥੇ ਕਿਸੇ ਕੇਂਦਰੀ ਮੰਤਰੀ ਨੇ ਜਨਤਕ ਦਬਾਅ ਹੇਠ ਅਸਤੀਫਾ ਦਿੱਤਾ ਹੈ। ਪਿਛਲਾ ਮਾਮਲਾ 2018 ਵਿੱਚ 'ਮੀ ਟੂ' ਅੰਦੋਲਨ ਦੌਰਾਨ ਵਿਦੇਸ਼ ਰਾਜ ਮੰਤਰੀ ਐੱਮ ਜੇ ਅਕਬਰ ਨੂੰ ਅਸਤੀਫਾ ਦੇਣ ਲਈ ਮਜਬੂਰ ਹੋਣਾ ਪਿਆ ਸੀ। ਖੇਤੀਬਾੜੀ ਕਾਨੂੰਨਾਂ, ਸੀ ਏ ਏ ਅਤੇ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨਾਲ ਸੰਬੰਧਤ ਤਿੰਨ ਅੰਦੋਲਨਾਂ ਨੇ ਮੋਦੀ ਸਰਕਾਰ ਦੇ ਇਸ ਰਵੱਈਏ ਨੂੰ ਦਰਸਾਇਆ ਹੈ ਕਿ ਇਹ ਸਿਰਫ ਉਦੋਂ ਹੀ ਮੁੱਦਿਆਂ ਨੂੰ ਸੁਣਦੀ ਹੈ, ਜਦੋਂ ਇਸ ਨੂੰ ਕੋਈ ਵੱਡਾ ਖਤਰਾ ਮਹਿਸੂਸ ਹੁੰਦਾ ਹੈ।

ਬਰਸੀ 'ਤੇ ਵਿਸ਼ੇਸ਼

# ਵਿਲੱਖਣ ਸ਼ਖਸੀਅਤ ਕਾਮਰੇਡ ਸੋਹਨ ਸਿੰਘ ਜੋਸ਼

ਸੁਖਵੰਤ ਚੇਤਨਪੁਰੀ



ਇਨਕਲਾਬੀ ਲਹਿਰਾਂ ਦੇ ਮੋਢੀ, ਸ਼੍ਰੋਮਣੀ ਪੰਜਾਬੀ ਸਾਹਿਤਕਾਰ, ਉੱਘੇ ਦੇਸ਼ ਭਗਤ, ਪੰਜਾਬ ਵਿੱਚ ਕਮਿਊਨਿਸਟ ਪਾਰਟੀ ਦੇ ਬਾਨੀ ਅਤੇ ਸ਼ਹੀਦ ਭਗਤ ਸਿੰਘ ਦੇ ਨਜ਼ਦੀਕੀ ਸਾਥੀ ਕਾਮਰੇਡ ਸੋਹਨ ਸਿੰਘ ਜੋਸ਼ ਦਾ ਜਨਮ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪੈਂਦੀ ਅਜਨਾਲਾ ਤਹਿਸੀਲ ਦੇ ਪਿੰਡ ਚੇਤਨਪੁਰਾ ਵਿਖੇ 12 ਨਵੰਬਰ 1898 ਨੂੰ ਪਿਤਾ ਲਾਲ ਸਿੰਘ ਅਤੇ ਮਾਤਾ ਸ੍ਰੀਮਤੀ ਦਿਆਲ ਕੌਰ ਦੀ ਕੁੱਖੋਂ ਹੋਇਆ। ਉਹ ਆਪਣੇ ਦੋ ਭਰਾਵਾਂ ਬੰਤਾ ਸਿੰਘ, ਮੋਹਣ ਸਿੰਘ ਅਤੇ ਇੱਕ ਭੈਣ ਬੰਤੀ ਵਿੱਚੋਂ ਸਭ ਤੋਂ ਵੱਡੇ ਸਨ। ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਕਰਮ ਕੌਰ ਨੇ ਜੋਸ਼ ਜੀ ਦੇ ਕਾਫੀ ਲੰਮਾ ਸਮਾਂ ਜੇਲ੍ਹ ਵਿੱਚ ਰਹਿਣ ਸਮੇਂ ਵੀ ਬੜੀ ਬਹਾਦਰੀ ਅਤੇ ਨਿਡਰਤਾ ਨਾਲ ਹਾਲਾਤ ਦਾ ਮੁਕਾਬਲਾ ਕੀਤਾ। ਉਨ੍ਹਾ ਦੇ ਦੋ ਪੁੱਤਰ ਸੁਰਿੰਦਰ ਸਿੰਘ ਅਤੇ ਦਵਿੰਦਰ ਸਿੰਘ ਸਨ। ਵੱਡੇ ਬੇਟੇ ਸੁਰਿੰਦਰ ਸਿੰਘ 1982 ਵਿੱਚ ਜੋਸ਼ ਜੀ ਦੇ ਅਕਾਲ ਚਲਾਣੇ ਤੋਂ ਪਹਿਲਾਂ ਹੀ ਦਿੱਲੀ ਵਿਖੇ ਰਹਿਣ ਲੱਗ ਪਏ ਸਨ। ਉਹਨਾ ਦੇ ਜਨਮ ਸਮੇਂ ਪਿੰਡ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਬੱਚਿਆਂ ਦੀ ਪੜ੍ਹਾਈ ਵਾਸਤੇ ਕੋਈ ਸਕੂਲ ਨਹੀਂ ਸੀ, ਸਬੱਬ ਨਾਲ ਪਿੰਡ ਦਾ ਵਸਨੀਕ ਸੂਬੇਦਾਰ ਮਿੱਤ ਸਿੰਘ ਫੌਜ ਵਿੱਚੋਂ ਪੈਨਸ਼ਨ ਪਾ ਕੇ ਆ ਗਿਆ ਅਤੇ ਉਸ ਨੇ ਵਿੱਦਿਆ ਦੇ ਮਹੱਤਵ ਨੂੰ ਸਮਝਦਿਆਂ ਪਿੰਡ ਵਿੱਚ ਹੀ ਸਕੂਲ ਖੋਲ੍ਹ ਦਿੱਤਾ। ਉਹ ਸੂਬੇਦਾਰ ਮਿੱਤ ਸਿੰਘ ਵੱਲੋਂ ਪਿੰਡ ਚੇਤਨਪੁਰਾ ਵਿਖੇ ਹੀ ਖੋਲ੍ਹੇ ਸਕੂਲ ਵਿੱਚ ਪੜ੍ਹਨੇ ਪੈ ਗਏ। ਇਸ ਸਕੂਲ ਵਿੱਚੋਂ ਉਹਨਾ 1912 ਵਿੱਚ ਪ੍ਰਾਇਮਰੀ ਪਾਸ ਕਰਕੇ ਤਿੰਨ ਕਿਲੋਮੀਟਰ ਦੂਰ ਚਰਚ ਮਿਸ਼ਨ ਸਕੂਲ ਮਜੀਠਾ ਵਿਖੇ ਦਾਖਲਾ ਲੈ ਲਿਆ ਅਤੇ ਉਥੋਂ 1916 ਵਿੱਚ ਅੱਠਵੀਂ ਪਾਸ ਕਰ ਲਈ। ਅਗਲੀ ਪੜ੍ਹਾਈ ਲਈ ਉਹ ਖਾਲਸਾ ਕਾਲਜ ਹਾਈ ਸਕੂਲ ਅੰਮ੍ਰਿਤਸਰ ਵਿਖੇ ਦਾਖਲ ਹੋ ਗਏ। ਉਨ੍ਹਾਂ ਨੂੰ ਖਾਲਸਾ ਕਾਲਜ ਹਾਈ ਸਕੂਲ ਦੀ ਪੜ੍ਹਾਈ ਦਾ ਮਿਆਰ ਚਰਚ ਮਿਸ਼ਨ ਸਕੂਲ ਮਜੀਠਾ ਨਾਲੋਂ ਨੀਵਾਂ ਜਾਪਿਆ, ਜਿਸ 'ਤੇ ਉਹਨਾ ਸਕੂਲ ਦੇ ਅਧਿਆਪਕ ਸੂਰਜ ਸਿੰਘ ਨੂੰ ਨੌਵੀਂ ਕਲਾਸ ਦੀ ਬਿਜਾਏ ਦਸਵੀਂ ਕਲਾਸ ਵਿੱਚ ਦਾਖਲ ਕਰਨ ਦੀ ਬੇਨਤੀ ਕੀਤੀ, ਪਰ ਉਹ ਨਾ ਮੰਨੇ। ਉਹਨਾ ਅਧਿਆਪਕ ਅਮਰ ਸਿੰਘ ਅਤੇ ਹੋਰਨਾਂ ਨਾਲ ਵੀ ਗੱਲ ਕੀਤੀ, ਪਰ ਗੱਲ ਨਾ ਬਣੀ, ਤਾਂ ਸਕੂਲ ਰਲੀਵਿੰਗ ਸਰਟੀਫ਼ਿਕੇਟ ਲੈ ਕੇ ਘਰੇ ਪੜ੍ਹ ਕੇ ਪ੍ਰਾਈਵੇਟ ਇਮਿਤਿਹਾਨ ਦੇਣ ਦਾ ਮਨ ਬਣਾ ਕੇ ਤਿਆਰੀ ਸ਼ੁਰੂ ਕਰ ਦਿੱਤੀ। ਮਾਰਚ 1917 ਵਿੱਚ ਡੀ ਏ ਵੀ ਹਾਈ ਸਕੂਲ ਅੰਮ੍ਰਿਤਸਰ ਤੋਂ ਦਾਖਲਾ ਫਾਰਮ ਅਟੈਸਟ ਕਰਵਾਕੇ ਦਾਖਲਾ ਭੇਜ ਕੇ ਪ੍ਰੀਖਿਆ ਦੇ ਕੇ ਦਸਵੀਂ ਸੈਕਿੰਡ ਡਵੀਜ਼ਨ ਵਿੱਚ ਪਾਸ ਕਰ ਲਈ। ਉਚੇਰੀ ਸਿੱਖਿਆ ਲਈ ਮਈ 1917 ਵਿੱਚ ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਦਾਖਲਾ ਲਿਆ, ਤਾਂ ਅਧਿਆਪਕ ਸੂਰਜ ਸਿੰਘ ਅਤੇ ਅਮਰ ਸਿੰਘ ਵੱਲੋਂ ਖ਼ੁਸ਼ੀ ਜ਼ਾਹਿਰ ਕੀਤੀ ਗਈ। ਖਾਲਸਾ ਕਾਲਜ ਵਿਖੇ ਕਾ: ਅੱਛਰ ਸਿੰਘ ਛੀਨਾ, ਅਨੂਪ ਸਿੰਘ, ਮੋਹਣ ਸਿੰਘ ਨਾਗੋਕੇ ਅਤੇ ਪ੍ਰਤਾਪ ਸਿੰਘ ਕੈਰੋਂ ਉਨ੍ਹਾਂ ਦੇ ਕਲਾਸਮੇਟ ਸਨ। ਪਰਵਾਰ ਦੇ ਸਿਰ ਚੜ੍ਹੇ ਸ਼ਾਹੂਕਾਰਾਂ ਦੇ ਕਰਜ਼ ਨੂੰ ਚੁਕਾਉਣ ਲਈ ਉਹਨਾਂ ਪੜ੍ਹਾਈ ਵਿੱਚੇ ਛੱਡ ਕੇ ਪਿੰਡ ਦੇ ਇੱਕ ਵਿਅਕਤੀ ਸੁਰੈਣ ਸਿੰਘ ਦੀ ਮਦਦ ਨਾਲ ਹੁੱਬਲੀ (ਕਰਨਾਟਕ) ਵਿਖੇ ਗਰੀਵਜ਼ ਕਾਟਨ ਐਂਡ ਕੰਪਨੀ ਵਿੱਚ ਨੌਕਰੀ ਕਰਨ ਲਈ 14 ਦਸੰਬਰ 1917 ਨੂੰ ਘਰੋਂ ਤੁਰ ਪਏ। ਇਸ ਕੰਪਨੀ ਵਿੱਚ ਉਹਨਾ 26 ਜੂਨ 1918 ਤੱਕ ਕੰਮ ਕੀਤਾ। ਉਨ੍ਹਾ ਨੂੰ ਤਾਏ ਮੰਗਲ ਸਿੰਘ ਦੇ ਦਿਹਾਂਤ ਕਾਰਨ ਵਾਪਸ ਪਿੰਡ ਚੇਤਨਪੁਰੇ ਆਉਣਾ ਪਿਆ, ਪਰ ਅਚਾਨਕ ਏਸੇ ਦੌਰਾਨ 26 ਦਿਨ ਪਿੱਛੋਂ 13 ਅਕਤੂਬਰ 1918 ਨੂੰ ਉਨ੍ਹਾ ਦੇ ਪਿਤਾ ਜੀ ਵੀ ਕੁਝ ਦਿਨ ਬਿਮਾਰ ਰਹਿਣ ਉਪਰੰਤ ਅਕਾਲ ਚਲਾਣਾ ਕਰ ਗਏ। ਪਿਤਾ ਦੇ ਦਿਹਾਂਤ ਪਿੱਛੋਂ ਪਰਵਾਰ ਦੀ ਸਾਰੀ ਜ਼ੁੰਮੇਵਾਰੀ ਉਹਨਾ ਦੇ ਸਿਰ 'ਤੇ ਆ ਪਈ। 1 ਨਵੰਬਰ 1918 ਨੂੰ ਸੈਂਸਰ ਦਫਤਰ ਬੰਬਈ ਵਿਖੇ ਉਹਨਾ ਨੂੰ ਨੌਕਰੀ ਮਿਲ ਗਈ ਅਤੇ ਉਹ 12 ਮਾਰਚ 1919 ਦਫਤਰ ਦੇ ਬੰਦ ਹੋਣ ਤੱਕ ਇਥੇ ਕੰਮ ਕਰਦੇ ਰਹੇ। ਇਸ ਦਫਤਰ ਵਿਖੇ ਕੰਮ ਕਰਦਿਆਂ ਉਹਨਾ ਨੂੰ ਦੇਸ਼ ਭਗਤੀ ਦੀ ਜਾਗ ਲੱਗਣੀ ਸ਼ੁਰੂ ਹੋਈ। ਉਹਨਾ ਅਪ੍ਰੈਲ 1920 ਵਿੱਚ ਗਿਆਨੀ ਕਰਕੇ ਐਫ ਏ ਸੈਕਿੰਡ ਡਵੀਜ਼ਨ ਵਿੱਚ ਪਾਸ ਕਰ ਲਈ ਅਤੇ 12 ਜੁਲਾਈ 1920 ਨੂੰ 40 ਰੁਪਏ ਪ੍ਰਤੀ ਮਹੀਨਾ 'ਤੇ ਚਰਚ ਮਿਸ਼ਨ ਸਕੂਲ ਮਜੀਠਾ ਜਿੱਥੋਂ ਉਹਨਾਂ ਪੜ੍ਹਾਈ ਕੀਤੀ ਸੀ, ਵਿਖੇ ਅਧਿਆਪਕ ਦੇ ਤੌਰ 'ਤੇ ਨਿਯੁਕਤ ਹੋ ਗਏ। ਇਸ ਦੌਰਾਨ ਉਹਨਾ ਨੂੰ ਕੁਝ ਹਫਤਾਵਾਰੀ ਮੈਗਜ਼ੀਨ, ਜਿਵੇਂ ਖਾਲਸਾ ਸਮਾਚਾਰ, ਪੰਥ ਖਾਲਸਾ, ਪੰਥ ਸੇਵਕ ਅਤੇ ਪੰਜਾਬ ਦਰਪਨ ਆਦਿ ਪੜ੍ਹਨ ਦਾ ਮੌਕਾ ਮਿਲਿਆ। ਰੋਜ਼ਾਨਾ ਅਕਾਲੀ ਵਿੱਚ ਛਪਦੀਆਂ ਕਵਿਤਾਵਾਂ ਅਤੇ ਆਰਟੀਕਲਾਂ ਤੋਂ ਪ੍ਰਭਾਵਿਤ ਹੋਕੇ ਅਕਾਲੀ ਅੰਦੋਲਨ ਵਿੱਚ ਹਿੱਸਾ ਲੈਣਾ ਸ਼ੁਰੂ ਕਰ ਦਿੱਤਾ। ਉਹਨਾ ਅਧਿਆਪਕ ਦੀ ਨੌਕਰੀ ਛੱਡ ਦਿੱਤੀ ਅਤੇ ਪੂਰੀ ਤਰਾਂ ਅਕਾਲੀ ਲਹਿਰ ਵਿੱਚ ਕੁਦ ਪਏ। ਮਹੰਤਾਂ ਕੋਲੋਂ ਗੁਰਦੁਆਰਿਆਂ ਨੂੰ ਅਜ਼ਾਦ ਕਰਵਾਉਣ ਲਈ 1920 ਵਿੱਚ ਚੱਲੀ ਗੁਰਦੁਆਰਾ ਸੁਧਾਰ ਲਹਿਰ ਸਮੇਂ ਗੁਰੂ ਕੇ ਬਾਗ ਦੇ ਮੋਰਚੇ, ਗੁਰਦੁਆਰਾ ਤੇਜਾ ਕਲਾਂ, ਹਰਸ਼ਾ ਛੀਨਾ ਮੋਘਾ ਮੋਰਚਾ ਅਤੇ ਕੁੰਜੀਆਂ ਦੇ ਮੋਰਚੇ ਆਦਿ ਵਿੱਚ ਆਪ ਵੱਲੋਂ ਮਹੱਤਵਪੂਰਨ ਰੋਲ ਅਦਾ ਕੀਤਾ ਗਿਆ, ਜਿਸ ਕਾਰਨ ਉਹਨਾ ਦੇ ਕਈ ਥਾਣਿਆਂ ਵਿੱਚ ਵਰੰਟ ਨਿਕਲ ਚੁੱਕੇ ਸਨ। ਉਹਨਾ ਨੂੰ ਅਨੇਕਾਂ ਵਾਰ ਜੇਲ੍ਹ ਵੀ ਜਾਣਾ ਪਿਆ। 1925 ਵਿੱਚ ਜਦੋਂ ਗੁਰਦੁਆਰਾ ਐਕਟ ਪਾਸ ਹੋਇਆ ਤਾਂ ਉਸ ਸਮੇ ਉਹ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਨ। ਉਹਨਾ 'ਤੇ ਮੁਕੱਦਮਾ ਚੱਲ ਰਿਹਾ ਸੀ। ਵੱਡੇ-ਵੱਡੇ ਲੀਡਰ ਅਕਾਲੀ ਆਗੂ ਸ਼ਾਜ਼ਿਸ਼ ਕੇਸ ਹੇਠ ਜੇਲ੍ਹਾਂ ਵਿੱਚ ਡੱਕੇ ਹੋਏ ਸਨ, ਉਹਨਾਂ ਵਿੱਚੋਂ ਕਈ ਅਕਾਲੀ ਆਗੂ ਅੰਗਰੇਜ਼ਾਂ ਦੀਆਂ ਸ਼ਰਤਾਂ ਮੰਨ ਕੇ ਰਿਹਾਅ ਹੋ ਗਏ, ਪਰ ਉਹਨਾ ਸ਼ਰਤਾਂ ਮੰਨਣ ਤੋਂ ਸਾਫ ਇਨਕਾਰ ਕਰ ਦਿੱਤਾ, ਜਿਸ ਕਰਕੇ ਉਹਨਾ ਨੂੰ ਸਭ ਤੋਂ ਪਿੱਛੋਂ ਰਿਹਾਅ ਕੀਤਾ ਗਿਆ। ਉਹਨਾ ਨੂੰ ਲਾਹੌਰ ਸਾਜ਼ਿਸ਼ ਕੇਸ ਤਹਿਤ ਵੀ ਦੋਸ਼ੀ ਮੰਨਿਆ ਗਿਆ। ਮੇਰਠ ਸਾਜ਼ਿਸ਼ ਕੇਸ ਤਹਿਤ ਉਹਨਾਂ ਨੂੰ ਬੰਬਈ, ਬੰਗਾਲ ਅਤੇ ਉੱਤਰ ਪ੍ਰਦੇਸ਼ ਦੇ ਇਨਕਲਾਬੀਆਂ ਨਾਲ 20 ਮਾਰਚ 1929 ਨੂੰ ਗ੍ਰਿਫਤਾਰ ਕਰ ਲਿਆ ਗਿਆ, ਜਿੱਥੋਂ ਉਹ 1933 ਵਿੱਚ ਰਿਹਾ ਹੋਏ। 1939 ਤੋਂ 1943 ਤੱਕ ਉਹਨਾ ਨੂੰ ਦਿਉਲੀ ਕੈਂਪ ਜੇਲ (ਰਾਜਸਥਾਨ) ਵਿਖੇ ਨਜ਼ਰਬੰਦ ਰੱਖਿਆ ਗਿਆ। 1946 ਵਿੱਚ ਹਰਸ਼ਾ ਛੀਨਾ ਮੋਘਾ ਮੋਰਚਾ ਤਹਿਤ ਗ੍ਰਿਫਤਾਰ ਕਰਕੇ ਲਾਹੌਰ ਜੇਲ੍ਹ ਵਿੱਚ ਰੱਖਿਆ ਗਿਆ। 15 ਅਗਸਤ 1947 ਨੂੰ ਦੇਸ਼ ਤਾਂ ਅਜ਼ਾਦ ਹੋ ਗਿਆ, ਪਰ ਸੋਹਨ ਸਿੰਘ ਜੋਸ਼ ਦਾ ਸੰਘਰਸ਼ ਨਿਰੰਤਰ ਜਾਰੀ ਰਿਹਾ। ਦੇਸ਼ ਦੀ ਆਜ਼ਾਦੀ ਪਿੱਛੋਂ ਵੀ ਉਹਨਾ ਨੂੰ 1948 ਤੋਂ 1950 ਤੱਕ ਯੋਲ ਕੈਂਪ ਵਿੱਚ ਕੈਦ ਕੱਟਣੀ ਪਈ। 1962 ਵਿੱਚ ਭਾਰਤ ਚੀਨ ਜੰਗ ਸਮੇ ਵੀ ਉਹਨਾ ਨੂੰ ਗ੍ਰਿਫਤਾਰ ਕਰਕੇ ਰੋਹਤਕ ਜੇਲ੍ਹ ਵਿੱਚ ਰੱਖਿਆ ਗਿਆ। ਉਹਨਾ 12 ਸਾਲ ਦੇ ਲਗਭਗ ਕੈਦ ਕੱਟੀ। ਉਹਨਾ ਨੂੰ ਤਿੰਨ ਸਾਲ ਅੰਡਰ ਗਰਾਊਂਡ ਵੀ ਰਹਿਣਾ ਪਿਆ। 15 ਜੁਲਾਈ 1923 ਨੂੰ ਉਹ ਸ਼੍ਰੋਮਣੀ ਕਮੇਟੀ ਦੇ ਮੈਂਬਰ ਅਤੇ 30 ਸਤੰਬਰ 1923 ਨੂੰ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਚੁਣੇ ਗਏ।

ਆਪ ਕਿਰਤੀ ਕਿਸਾਨ ਪਾਰਟੀ ਦੇ ਮੋਢੀਆਂ ਵਿਚੋਂ ਇੱਕ ਸਨ। ਕਿਰਤੀ ਕਿਸਾਨ ਪਾਰਟੀ ਦੇ ਗਠਨ ਵੇਲੇ ਉਹ ਕਿਰਤੀ ਕਿਸਾਨ ਪਾਰਟੀ ਦੇ ਪ੍ਰਧਾਨ ਚੁਣੇ ਗਏ। ਉਹਨਾ ਪੰਜਾਬ ਸਟੇਟ ਕਮੇਟੀ ਸੀ ਪੀ ਆਈ ਦੇ ਸੈਕਟਰੀ ਵਜੋਂ ਵੀ ਸੇਵਾ ਨਿਭਾਈਆਂ। ਉਨ੍ਹਾ 1938-39 ਵਿੱਚ ਪੰਜਾਬ ਸੂਬਾ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਵਜੋਂ ਵੀ ਸੇਵਾਵਾਂ ਨਿਭਾਈਆਂ। 1937 ਵਿੱਚ ਉਹ ਰਾਜਾਸਾਂਸੀ ਦੇ ਸਰਦਾਰ ਰਘਬੀਰ ਸਿੰਘ ਸੰਧਾਵਾਲੀਆ, ਜਿਸ ਨੂੰ ਅੰਗਰੇਜ਼ਾਂ ਦੀ ਹਿਮਾਇਤ ਪ੍ਰਾਪਤ ਸੀ, ਨੂੰ ਵੱਡੇ ਫਰਕ ਨਾਲ ਹਰਾ ਕੇ ਪੰਜਾਬ ਅਸੈਂਬਲੀ ਲਈ ਚੁਣੇ ਜਾਣ ਵਿੱਚ ਕਾਮਯਾਬ ਹੋਏ। ਉਸ ਵੇਲੇ ਉਹ ਇੱਕੋ-ਇੱਕ ਕਮਿਊਨਿਸਟ ਆਗੂ ਸਨ, ਜਿਹਨਾਂ ਕਮਿਊਨਿਸਟ ਪਾਰਟੀ ਦੀ ਟਿਕਟ 'ਤੇ ਚੋਣ ਲੜੀ ਅਤੇ ਜਿੱਤ ਪ੍ਰਾਪਤ ਕੀਤੀ। ਰੋਜ਼ਾਨਾ ਅਕਾਲੀ ਦੇ ਐਡੀਟਰ ਮੰਗਲ ਸਿੰਘ ਦੀ ਗ੍ਰਿਫ਼ਤਾਰੀ ਉਪਰੰਤ ਉਹਨਾ ਨੂੰ ਐਡੀਟਰ ਵਜੋਂ ਕੰਮ ਕਰਨ ਲਈ ਲਾਹੌਰ ਬੁਲਾਇਆ ਗਿਆ, ਜਿਸਤੇ 31 ਮਾਰਚ 1921 ਨੂੰ ਅਧਿਆਪਕ ਦੀ ਨੌਕਰੀ ਛੱਡ ਕੇ ਉਹ ਲਾਹੌਰ ਗਏ, ਪਰ ਉਹਨਾ ਦੇ ਪਹੁੰਚਣ ਤੋਂ ਪਹਿਲਾਂ ਪ੍ਰਤਾਪ ਸਿੰਘ ਬੀ.ਏ.ਬੀ.ਟੀ. ਨੂੰ ਐਡੀਟਰ ਨਿਯੁਕਤ ਕੀਤਾ ਜਾ ਚੁੱਕਾ ਸੀ। ਉਹਨਾ ਸਟਾਫ ਨਾਲ ਕੁਝ ਸਮਾ ਅਕਾਲੀ ਪੇਪਰ ਲਈ ਕੰਮ ਕੀਤਾ, ਪਰ ਉਹ ਤਾਂ ਆਪਣੇ ਮਨ ਵਿੱਚ ਰੋਜ਼ਾਨਾ ਅਕਾਲੀ ਦੇ ਸੰਪਾਦਕ ਦੀ ਤਾਂਘ ਲੈ ਕੇ ਲਾਹੌਰ ਆਏ ਸਨ। ਉਹ ਰੋਜ਼ਾਨਾ ਅਕਾਲੀ ਦਾ ਕੰਮ ਛੱਡ ਕੇ ਲਾਹੌਰ ਤੋਂ ਵਾਪਸ ਆ ਗਏ ਅਤੇ ਪਤਨੀ ਦੇ ਗਹਿਣੇ ਵੇਚ ਕੇ ਭਾਈ ਠਾਕੁਰ ਸਿੰਘ ਨਾਲ ਮਿਲ ਕੇ 'ਸੰਸਾਰ' ਨਾਮੀ ਪੇਪਰ ਸ਼ੁਰੂ ਕੀਤਾ। ਭਾਈ ਸੰਤੋਖ ਸਿੰਘ ਧਰਦਿਓ, ਜਿਨ੍ਹਾਂ ਵੱਲੋਂ 1926 ਵਿੱਚ 'ਕਿਰਤੀ' ਪੇਪਰ ਸ਼ੁਰੂ ਕੀਤਾ ਗਿਆ ਸੀ, ਦੇ ਟੀ.ਬੀ. ਦੀ ਬਿਮਾਰੀ ਤੋਂ ਪੀੜਤ ਹੋਣ ਜਾਣ ਕਾਰਨ ਸੋਹਨ ਸਿੰਘ ਜੋਸ਼ ਤੋਂ ਕਿਰਤੀ ਲਈ ਐਡੀਟੋਰੀਅਲ ਲਿਖਵਾਉਣਾ ਸ਼ੁਰੂ ਕਰ ਦਿੱਤਾ ਗਿਆ। ਭਾਈ ਧਰਦਿਓ ਦੇ ਦਿਹਾਂਤ ਪਿੱਛੋਂ 21 ਜਨਵਰੀ 1927 ਨੂੰ ਆਪ ਕਿਰਤੀ ਦੇ ਐਡੀਟਰ ਬਣੇ। ਸੀ ਪੀ ਆਈ ਦੇ ਪਾਰਟੀ ਪੇਪਰ ਜੰਗ-ਏ-ਅਜ਼ਾਦੀ ਦੇ ਸੰਪਾਦਕ ਤੋਂ ਇਲਾਵਾ 1952 ਵਿੱਚ ਸ਼ੁਰੂ ਹੋਏ ਉਰਦੂ ਅਖਬਾਰ 'ਨਇਆ ਜ਼ਮਾਨਾ' ਅਤੇ ਉਪਰੰਤ ਸ਼ੁਰੂ ਕੀਤੇ ਗਏ ਪੰਜਾਬੀ ਅਖਬਾਰ 'ਨਵਾਂ ਜ਼ਮਾਨਾ' ਦੇ ਆਪ ਕਾਫੀ ਲੰਮਾ ਸਮਾਂ ਸੰਪਾਦਕ ਰਹੇ। ਉਹ ਸ਼ਹੀਦ ਭਗਤ ਸਿੰਘ ਦੇ ਬਹੁੱਤ ਹੀ ਕਰੀਬੀ ਸਾਥੀਆਂ ਵਿੱਚੋਂ ਇੱਕ ਸਨ। ਭਗਤ ਸਿੰਘ ਦੇ ਕਿਰਤੀ ਨਾਲ ਜੁੜੇ ਹੋਣ ਕਾਰਨ ਉਹ ਅਕਸਰ ਹੀ ਮਿਲਦੇ ਰਹਿੰਦੇ ਸਨ। ਕਾਮਰੇਡ ਜੋਸ਼ ਨੇ ਕਿਰਤੀ ਅਖਬਾਰ ਵਿੱਚ ਜਦੋਂ ਨੌਜਵਾਨਾਂ ਦੀ ਜਥੇਬੰਦੀ ਬਣਾਉਣ ਬਾਰੇ ਲਿਖਿਆ ਤਾਂ ਉਸ ਨੂੰ ਪੜ੍ਹ ਕੇ ਭਗਤ ਸਿੰਘ ਉਹਨਾ ਨੂੰ ਕਿਰਤੀ ਦੇ ਦਫਤਰ ਵਿੱਚ ਮਿਲਿਆ ਅਤੇ ਜਥੇਬੰਦੀ ਦਾ ਨਾਂਅ ਨੌਜਵਾਨ ਭਾਰਤ ਸਭਾ ਰੱਖਣ ਦੀ ਸਲਾਹ ਦਿੱਤੀ। ਭਗਤ ਸਿੰਘ ਨੇ ਇਹ ਵੀ ਦੱਸਿਆ ਕਿ ਉਸ ਵੱਲੋਂ ਇਸ ਤੋਂ ਪਹਿਲਾਂ 1926 ਵਿੱਚ ਲਾਹੌਰ ਵਿਖੇ ਨੌਜਵਾਨ ਭਾਰਤ ਸਭਾ ਬਣਾਈ ਗਈ ਸੀ, ਜੋ ਹੁਣ ਖਿੰਡ ਚੁੱਕੀ ਹੈ। ਕਾਮਰੇਡ ਜੋਸ਼ ਵੱਲੋਂ ਭਗਤ ਸਿੰਘ ਦੀ ਸਲਾਹ ਮੰਨ ਲਈ ਗਈ ਅਤੇ 11 ਤੋਂ 13 ਅਪ੍ਰੈਲ 1928 ਨੂੰ ਕਿਦਾਰ ਨਾਥ ਸਹਿਗਲ ਦੀ ਪ੍ਰਧਾਨਗੀ ਹੇਠ ਜਲ੍ਹਿਆਂ ਵਾਲੇ ਬਾਗ ਵਿਖੇ ਹੋਈ ਕਾਨਫਰੰਸ ਸਮੇਂ ਨੌਜਵਾਨ ਭਾਰਤ ਸਭਾ ਦੀ ਸਥਾਪਨਾ ਕਰ ਦਿੱਤੀ ਗਈ। ਇਸ ਸਮੇ ਸੋਹਨ ਸਿੰਘ ਜੋਸ਼ ਨੂੰ ਇਸ ਜੱਥੇਬੰਦੀ ਦਾ ਪ੍ਰਧਾਨ ਚੁਣਿਆ ਗਿਆ। ਭਗਤ ਸਿੰਘ ਅਤੇ ਕਾਮਰੇਡ ਜੋਸ਼ ਦੀ ਨੇੜਤਾ ਦਾ ਇਕ ਹੋਰ ਸਬੂਤ ਕਿ ਸਾਂਡਰਸ ਦੇ ਕਤਲ ਪਿੱਛੋਂ 19 ਦਸੰਬਰ 1928 ਨੂੰ ਭਗਤ ਸਿੰਘ ਅਤੇ ਸੁਖਦੇਵ ਨੇ ਕਾਮਰੇਡ ਜੋਸ਼ ਦੀ ਰਿਹਾਇਸ਼ ਇਸਲਾਮਾਬਾਦ (ਬਾਰਾਂ ਮਕਾਨ) ਅੰਮ੍ਰਿਤਸਰ ਵਿਖੇ ਰਾਤ 11 ਵਜੇ ਪਹੁੰਚ ਕੇ ਉਹਨਾ ਕੋਲ ਪਨਾਹ ਲਈ ਸੀ। ਸਵੇਰੇ 4 ਵਜੇ ਜਾਣ ਲੱਗਿਆਂ ਭਗਤ ਸਿੰਘ ਉਹਨਾ ਕੋਲੋਂ ਕਿਤਾਬ, ਜਿਸ ਨੇ ਉਹਨਾ ਦੇ ਜੀਵਨ ਨੂੰ ਨਵਾਂ ਮੋੜ ਦਿੱਤਾ ਸੀ ਲਿਬਰਟੀ ਐਂਡ ਗ੍ਰੇਟ ਲਿਬਰਟੇਰੀਅਸ' ਵਾਪਸ ਕਰਨ ਦਾ ਵਾਅਦਾ ਕਰਕੇ ਨਾਲ ਲੈ ਗਿਆ ਸੀ। ਕਾਮਰੇਡ ਜੋਸ਼ ਵੱਲੋਂ ਸਾਹਿਤਕ ਖੇਤਰ ਵਿੱਚ ਵੀ ਕਈ ਨਿਵੇਕਲੀਆਂ ਪੈੜਾਂ ਪਾਈਆਂ ਗਈਆਂ। ਉਨ੍ਹਾ ਕਈ ਖੋਜ ਭਰਪੂਰ ਪੁਸਤਕਾਂ ਲਿਖੀਆਂ। ਗੁਰਦੁਆਰਿਆਂ ਦੀ ਅਜ਼ਾਦੀ ਲਈ ਚੱਲੀ ਗੁਰਦੁਆਰਾ ਸੁਧਾਰ ਲਹਿਰ ਬਾਰੇ ਅਕਾਲੀ ਮੋਰਚਿਆਂ ਦਾ ਇਤਿਹਾਸ ਪੁਸਤਕ ਇੱਕ ਅਨਮੋਲ ਖ਼ਜ਼ਾਨਾ ਹੈ। ਇਸ ਤੋਂ ਇਲਾਵਾ ਉਹਨਾਂ ਦੀਆਂ ਹੋਰ ਪੁਸਤਕਾਂ ਜਿਵੇਂ ਕਾਮਾਗਾਟਾ ਮਾਰੂ ਦਾ ਦੁਖਾਂਤ, ਬਰੀਫ ਹਿਸਟਰੀ ਆਫ ਗਦਰ ਪਾਰਟੀ, (ਇਸ ਕਿਤਾਬ ਦਾ ਪੰਜਾਬੀ ਅਨੁਵਾਦ ਵੀ ਮਿਲਦਾ ਹੈ), ਮਾਈ ਮੀਟਿੰਗਜ਼ ਵਿੱਦ ਭਗਤ ਸਿੰਘ ਅੰਗਰੇਜ਼ੀ ਅਤੇ ਪੰਜਾਬੀ ਵਿੱਚ ਭਗਤ ਸਿੰਘ ਨਾਲ ਮੇਰੀਆਂ ਮੁਲਾਕਾਤਾਂ, ਪੰਜਾਬੀ ਬੋਲੀ ਅਤੇ ਭਾਸ਼ਾ ਵਿਗਿਆਨ, ਬੰਗਾਲੀ ਸਾਹਿਤ ਦੀ ਵਰਗੀ, ਸਫ਼ਰਨਾਮਾ ਮੇਰੀ ਰੂਸ ਯਾਤਰਾ, ਰੁੱਤ ਨਵਿਆਂ ਦੀ ਆਈ, ਸੱਠ ਸਾਲਾ ਗੱਭਰੂ, ਅਦੁੱਤੀ ਇਨਕਲਾਬ ਅਦੁੱਤੀ ਸਿਰਜਣਾ, ਮੇਰਠ ਸ਼ਾਜਿਸ ਕੇਸ, ਬਾਬਾ ਸੋਹਨ ਸਿੰਘ ਭਕਨਾ, ਭਾਈ ਸੰਤੋਖ ਸਿੰਘ ਆਦਿ ਤੋਂ ਇਲਾਵਾ ਸਵੈ-ਜੀਵਨੀ ਮਾਈ ਟਰਿਸਟ ਵਿੱਦ ਸੈਕੂਲਰਿਜ਼ਮ ਪ੍ਰਮੁੱਖ ਹਨ। ਉਹਨਾਂ ਦੀ ਸਵੈ-ਜੀਵਨੀ ਮਾਈ ਟਰਿਸਟ ਵਿਦ ਸੈਕੂਲਰਿਜ਼ਮ ਦਾ ਪੰਜਾਬੀ ਅਨੁਵਾਦ 'ਇਨਕਲਾਬ ਦੇ ਪੈਂਡੇ ਤੁਰਦਿਆਂ' ਗੁਰਨਾਮ ਕੰਵਰ ਨੇ ਕੀਤਾ ਹੈ। ਉਹਨਾ ਆਪਣਾ ਸਾਰਾ ਜੀਵਨ ਮਜ਼ਦੂਰ, ਕਿਸਾਨਾਂ ਅਤੇ ਦੱਬੇ-ਕੁਚਲੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਲੇਖੇ ਲਾਇਆ। 29 ਜੁਲਾਈ 1982 ਨੂੰ 84 ਸਾਲ ਦੀ ਉਮਰ ਵਿੱਚ ਉਹ ਸਾਨੂੰ ਸਾਰਿਆਂ ਨੂੰ ਸਦੀਵੀ ਵਿਛੋੜਾ ਦੇ ਗਏ। ਉਨ੍ਹਾ ਵੱਲੋਂ ਪਿੰਡ ਚੇਤਨਪੁਰਾ ਵਿਖੇ ਹੀ ਇੱਕ ਪੁਸਤਕ ਦੁਆਰਾ ਖੋਲ੍ਹਿਆ ਗਿਆ ਸੀ, ਜਿਸ ਦਾ ਉਦਘਾਟਨ ਸ੍ਰੀਮਤੀ ਬਿਮਲਾ ਡਾਂਗ ਨੇ 1978 ਵਿੱਚ ਕੀਤਾ ਸੀ। ਇਸ ਲਾਇਬਰੇਰੀ ਵਿਖੇ ਹੀ ਉਹਨਾਂ ਦੇ ਪੋਤਰੇ ਡਾਕਟਰ ਪਰਮਜੀਤ ਸਿੰਘ ਜੋਸ਼ ਵੱਲੋਂ ਕਾਮਰੇਡ ਸੋਹਨ ਸਿੰਘ ਜੋਸ਼ ਯਾਦਗਾਰ ਬਣਾਈ ਜਾ ਰਹੀ ਹੈ, ਜੋ ਨਿਰਮਾਣ ਅਧੀਨ ਹੈ ਅਤੇ ਆਉਂਦੇ ਕੁਝ ਹੀ ਦਿਨਾਂ ਵਿੱਚ ਨਿਰਮਾਣ ਕਾਰਜ ਪੂਰੇ ਹੋ ਜਾਣਗੇ। ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਉਨ੍ਹਾਂ ਦੇ ਜਨਮ ਦਿਨ 'ਤੇ ਹਰੇਕ ਸਾਲ ਰਾਜਨੀਤਕ ਕਾਨਫਰੰਸ ਉਹਨਾਂ ਦੇ ਪੋਤਰਿਆਂ ਡਾ: ਪਰਮਜੀਤ ਸਿੰਘ ਜੋਸ਼, ਸੁਖਵੰਤ ਸਿੰਘ ਚੇਤਨਪੁਰਾ ਅਤੇ ਕਾਮਰੇਡ ਟਹਿਲ ਸਿੰਘ ਚੇਤਨਪੁਰਾ ਦੇ ਸਹਿਯੋਗ ਨਾਲ ਕਰਵਾਈ ਜਾਂਦੀ ਹੈ। ਕਾਮਰੇਡ ਜੋਸ਼ ਨੇ ਦ੍ਰਿੜ੍ਹ ਇਰਾਦੇ, ਇਮਾਨਦਾਰੀ ਅਤੇ ਪੂਰੀ ਲਗਨ ਨਾਲ ਮਜ਼ਦੂਰਾਂ ਅਤੇ ਕਿਰਤੀ ਕਾਮਿਆਂ ਦੇ ਹੱਕਾਂ ਲਈ ਡਟ ਕੇ ਪਹਿਰਾ ਦਿੱਤਾ। ਭਾਰਤ ਦੀ ਅਜ਼ਾਦੀ ਲਈ ਪਾਏ ਯੋਗਦਾਨ ਕਰਕੇ ਅੱਜ ਵੀ ਉਹਨਾ ਦਾ ਨਾਂਅ ਧਰੂ ਤਾਰੇ ਵਾਂਗੂੰ ਚਮਕ ਰਿਹਾ ਹੈ।

ਸੰਪਰਕ-98145-37209

# ਸਮਝੌਤਾ ਵਾਰਤਾ ਤੇ ਇਸ ਦਾ ਪਿਛੋਕੜ

ਜਗਮੇਲ ਸਿੰਘ

ਭਾਰਤ-ਅਮਰੀਕਾ ਸਮਝੌਤਾ ਵਾਰਤਾ ਭਾਰਤੀ ਲੋਕਾਂ ਲਈ ਖ਼ਤਰੇ ਦਾ ਘੁੱਗੂ, ਉਜਾੜੇ ਦਾ ਸਾਮਾ।ਸਮਝੌਤਾ,ਅਮਰੀਕਾ ਦੀ ਲੋੜ। ਅਮਰੀਕਾ ਦਾ ਸਾਮਰਾਜੀ ਛਕੜਾ, ਆਰਥਿਕ ਸੰਕਟ ਦੇ ਚਲ੍ਹੇ ਵਿੱਚ ਫਸਿਆ।ਇੱਕ ਹਜ਼ਾਰ ਅਰਬ ਡਾਲਰ ਦਾ ਵਪਾਰਕ ਘਾਟਾ। 39 ਹਜ਼ਾਰ ਅਰਬ ਡਾਲਰ ਕਰਜ਼ਾ ਤੇ 1 ਹਜ਼ਾਰ ਅਰਬ ਡਾਲਰ ਵਿਆਜ ਦੀ ਸਾਲਾਨਾ ਕਿਸ਼ਤ। ਵਿਆਜ਼ ਭਰਨ ਲਈ ਹੋਰ ਕਰਜ਼ਾ ਲੈਣਾ ਪੈਂਦਾ। ਲੋਕਾਂ ਦੇ ਵਿਰੋਧ ਪ੍ਰਦਰਸ਼ਨ, ਟਰੰਪ ਦੀ ਕੁਰਸੀ ਸੇਕ ਮਾਰੇ। ਵਿਰੋਧ ਰੋਕਣ ਲਈ ਲਾਰਾ, ਅਮਰੀਕਾ ਨੂੰ ਮੁੜ ਮਹਾਨ ਬਣਾਉਣਾ। ਸਰਬਸ਼ਕਤੀਮਾਨ ਵਾਲੀ ਧੌਂਸ ਵੀ ਰੱਖਣੀ ਚਾਹਵੇ।ਢੂਹੀ ਟੁੱਟੀ, ਫੰਨ ਉੱਚਾ।ਆਪਣੇ ਸੰਕਟ ਦਾ ਭਾਰ ਹੋਰਨਾਂ ਮੁਲਕਾਂ ਸਿਰ ਪਾ ਰਿਹੈ।

ਸਮਝੌਤੇ ਦੀ ਵਾਰਤਾ, ਸਮਝੌਤੇ ਦਾ ਸ਼ੀਸ਼ਾ। ਭਾਰਤੀ ਲੋਕਾਂ ਦੇ ਦੋਖੀ, ਸਾਮਰਾਜ ਦਾ ਚੇਹਰਾ ਸਾਫ਼ ਸਾਫ਼ ਦਿਖੇ। ਦਿਨ ਈ ਜਾਂਦੇ ਐ, ਜਦੋਂ ਅਮਰੀਕੀ ਵਸਤਾਂ ਧੜਾਧੜ ਭਾਰਤੀ ਮੰਡੀ ਵਿੱਚ ਆ ਡਿੱਗਣੀਆਂ ਨੇ।ਜਿਵੇਂ ਈਰਾਨ ਵਿੱਚ ਅਮਰੀਕੀ ਮਿਜ਼ਾਇਲਾਂ।( ਪਹਿਲਾਂ ਵੀ ਬਥੇਰਾ ਕੁਝ ਆ ਰਿਹੈ) ਭਾਰਤ ਖੇਤੀ, ਸਨਅਤੀ, ਡੇਅਰੀ ਉਤਪਾਦ ਉਧਰੋਂ ਲੈ ਕੇ ਆਊ।ਤਾਜ਼ਾ ਤੇ ਸੁੱਕੇ ਫਲ, ਅਖਰੋਟ ਤੇ ਹੋਰ ਸੁੱਕੇ ਮੇਵੇ ਵੀ। ਕਪਾਹ ਦੀ ਖ਼ਰੀਦ 10 ਲੱਖ ਗੰਢਾਂ ਪਹਿਲਾਂ ਹੈਗੀ, ਇਹ ਹੋਰ ਵਧਾਊ। ਪ੍ਰਮਾਣੂ ਰਿਐਕਟਰ ਖਰੀਦੂ, ਇਹਦੇ 'ਚ ਅੜਿੱਕਾ ਲਾਉਂਦੇ ਕਾਨੂੰਨ ਵਿੱਚ ਸੋਧ ਕਰੂ। ਜਹਾਜ਼ ਤੇ ਹੋਰ ਫੌਜੀ ਸਾਮਾਨ ਵੀ ਖਰੀਦੂ।ਮੰਡੀ ਪ੍ਰਬੰਧ ਵੀ ਬਦਲੂ। ਉਥੋਂ ਆਉਂਦੀਆਂ ਵਸਤਾਂ 'ਤੇ ਭਾਰਤ ਕੋਈ ਟੈਰਿਫ ਨਹੀਂ ਲਾਊ।ਭਾਰਤ ਅਮਰੀਕਾ ਲਈ ਗੈਰ-ਟੈਰਿਫ ਰੋਕਾਂ ਵੀ ਹਟਾਊ। ਉਥੇ ਨਿਵੇਸ਼ ਵੀ ਕਰਨਾ ਪਊ।

ਭਾਰਤ ਉੱਧਰ ਭੇਜੂ ਆਟੋ ਮੋਬਾਈਲ ਦੇ ਸਾਰੇ ਉਤਪਾਦ, ਹੀਰੇ ਤੇ ਸੋਨੇ ਦੇ ਗਹਿਣੇ, ਕਪੜੇ, ਰੈਡੀਮੇਡ ਬਸਤਰ ਤੇ ਗਲੀਚੇ, ਆਂਧਰਾ ਪ੍ਰਦੇਸ਼ ਦੀ ਝੀਂਗਾ ਮੱਛੀ, ਚਮੜੇ ਦੇ ਬੂਟ, ਹੌਜਰੀ ਤੇ ਖੇਡਾਂ ਦਾ ਸਮਾਨ, ਬਿਜਲੀ ਦਾ ਸਮਾਨ, ਹੱਥ ਕਢਾਈ, ਫਰਨੀਚਰ, ਬਾਸਮਤੀ ਚੌਲ, ਗਰਮ ਮਸਾਲੇ, ਚਾਹ ਪੱਤੀ, ਸ਼ਹਿਦ, ਐਲਮੀਨੀਅਮ, ਸਟੀਲ, ਤਾਂਬਾ, ਰੇਸ਼ਮੀ ਪੁਸ਼ਾਕਾਂ, ਦਾਲਾਂ, ਤਿਲ, ਖੇਤੀ ਮਸ਼ੀਨਰੀ ਤੇ ਮਸ਼ੀਨ ਟੂਲਜ਼। ਅਮਰੀਕਾ ਇਹਨਾਂ 'ਤੇ ਟੈਕਸ ਲਾਊ 18 ਫੀਸਦੀ।

ਪਿਛੋਕੜ : ਲੋਕ ਲੜੇ, ਸ਼ਹਾਦਤਾਂ ਦਿੱਤੀਆਂ, ਅੰਗਰੇਜ਼ ਦਬੱਲੇ, ਮੁਲਕ 'ਚੋਂ ਕੱਢੇ, ਪਰ ਹਕੂਮਤਾਂ ਨੇ ਸਾਮਰਾਜ ਦੀ ਚਾਕਰੀ ਉਵੇਂ ਰੱਖੀ। ਸਭਨਾਂ ਸਾਮਰਾਜੀਆਂ ਨੂੰ ਮੁਲਕ 'ਚ ਦਾਖ਼ਲੇ ਦੇ ਰਾਹ ਖੋਲ੍ਹੇ। ਇੰਤਜ਼ਾਮ ਕੀਤੇ।ਹਰ ਖੇਤਰ ਉਹਨਾਂ ਮੂਹਰੇ ਪਰੋਸਿਆ।ਸਾਲ 2000 ਦੇ ਸ਼ੁਰੂ ਤੋਂ ਅਮਰੀਕਨ ਸਾਮਰਾਜ ਦੀ ਚਾਕਰੀ ਦਾ ਵਿਸ਼ੇਸ਼ ਰੋਲ ਸ਼ੁਰੂ। ਮੁਲਕ ਦਾ ਢਾਂਚਾ ਉਹਨਾਂ ਦੇ ਹਿੱਤਾਂ ਵਿੱਚ ਢਾਲ ਦਿੱਤਾ।ਮੁਲਕ ਵਿੱਚ ਉਹਨਾਂ ਦੀਆਂ ਨੀਤੀਆਂ ਤੇ ਉਹਨਾਂ ਦਾ ਮਾਡਲ ।ਮੌਜੂਦਾ ਕੇਂਦਰ ਸਰਕਾਰ ਸਭ ਸਰਕਾਰਾਂ ਤੋਂ ਟੱਪੀ। ਅਮਰੀਕਾ, ਲੋਕਾਂ ਬਾਰੇ ਮੰਦਾ ਬੋਲੇ ਜਾਂ ਸਰਕਾਰ ਦੀ ਬੇਇੱਜ਼ਤੀ ਕਰੇ, ਇਹ ਮੂਹਰੋਂ ਮੂੰਹ ਨਾ ਖੋਲ੍ਹਣ। ਅੱਧ ਬੋਲਿਆ, ਸਤ ਬਚਨ ਕਹਿ ਲਾਗੂ ਕਰਨ ।2003 ਵਿੱਚ ਅਮਰੀਕਾ ਨੇ ਕਮਿਸ਼ਨ ਬਣਾਇਆ, ਕੌਮਾਂਤਰੀ ਵਪਾਰ ਕਮਿਸ਼ਨ।

ਕਮਿਸ਼ਨ ਨੇ ਭਾਰਤ ਨੂੰ ਹਰ ਪੱਖ ਤੋਂ ਫਰੋਲਿਆ। ਲਗਾਤਾਰ 5 ਸਾਲ ਅਧਿਐਨ ਕੀਤਾ।ਸਿੱਟਾ ਕੱਢਿਆ, ਸਿੱਧੀ ਫਤਵੇਬਾਜ਼ੀ। ਸਾਰਾ ਜ਼ੋਰ ਭਾਰਤ ਨੂੰ ਦੋਸ਼ੀ ਐਲਾਨਣ 'ਤੇ ।ਕਹੇ ਭਾਰਤ ਵਪਾਰ ਵਿੱਚ ਬੇਈਮਾਨੀ ਕਰ ਰਿਹੈ। ਅਮਰੀਕੀ ਬਰਾਮਦਾਂ ਲਈ ਭਾਰਤੀ ਨੀਤੀਆਂ 'ਤੇ ਕਾਨੂੰਨ, ਰੋਕਾਂ। ਮੰਡੀ ਦਾ ਪ੍ਰਬੰਧ ਵਿਦੇਸ਼ੀ ਵਸਤਾਂ ਲਈ ਵੱਡਾ ਅੜਿੱਕਾ।ਟੈਕਸ ਦਰ ਉੱਚੀ। ਅਨਾਜ 'ਤੇ 40% ਤੋਂ 113% ਅਤੇ ਖਾਣ ਵਾਲੇ ਤੇਲ, ਘਿਓ 'ਤੇ 30% ਤੋਂ 227%।ਇਹ ਨਾ ਸਹਿਣਯੋਗ। ਇਉਂ ਇਹ ਅਮਰੀਕਾ ਦਾ ਵਪਾਰਕ ਘਾਟਾ ਵਧਾ ਰਿਹੈ।ਗੈਰ ਟੈਕਸ ਰੋਕਾਂ ਵੀ ਅਨੇਕ ਨੇ। ਸਿਹਤ ਪੈਮਾਨੇ ਕੌਮਾਂਤਰੀ ਮਿਆਰਾਂ ਤੋਂ ਕਿਤੇ ਉੱਚੇ ਨੇ। ਖੁਰਾਕੀ ਵਸਤਾਂ ਦੇ ਖਰਾਬੇ ਨੂੰ ਅੰਗਣ ਵਾਲਾ ਪੈਮਾਨਾ ਕਰੜਾ। ਬੀ ਟੀ ਅਤੇ ਜੀ ਐੱਮ ਬੀਜਾਂ ਦੀ ਪ੍ਰਵਾਨਗੀ ਦੀ ਲੰਮੀ ਪ੍ਰਕਿਰਿਆ, ਪਾਬੰਦੀ ਵਰਗੀ। ਸੂਬਾ ਸਰਕਾਰਾਂ ਦੇ ਫੈਸਲੇ ਰੋੜਾ ਅਟਕਾਉਣ।ਵੱਢੀ ਬਿਨਾਂ ਗੱਲ ਅੱਗੇ ਨਾ ਤੁਰੇ।ਬਰਾਮਦਾਂ ਮਹਿੰਗੀਆਂ ਹੋ ਜਾਣ।ਸਿੱਧੇ ਵਿਦੇਸ਼ੀ ਨਿਵੇਸ਼ ਤੇ ਬੌਧਿਕ ਜਾਇਦਾਦ ਦੇ ਅਧਿਕਾਰਾਂ ਸੰਬੰਧੀ ਨੀਤੀਆਂ ਰੁਕਾਵਟ।

ਕਮਿਸ਼ਨ ਨੇ ਇਹ ਵੀ ਰਿਪੋਰਟ ਕੀਤੀ।ਭਾਰਤ ਦੀ ਆਬਾਦੀ ਦੇ ਵੱਡੇ ਹਿੱਸੇ ਦਾ ਜਿਉਣਾ ਖੇਤੀਬਾੜੀ 'ਤੇ ਨਿਰਭਰ।ਕਰੋੜਾਂ ਕਰੋੜ ਲੋਕਾਂ ਦੀ ਕਮਾਈ ਬੇਹੱਦ ਘੱਟ।ਖਾਧ ਖੁਰਾਕ ਮੁੱਖ ਰੂਪ 'ਚ ਕਣਕ, ਚੌਲ, ਦਾਲਾਂ, ਤੇਲ, ਆਲੂ।ਕਮਾਈ ਦਾ ਬਹੁਤਾ ਹਿੱਸਾ ਖਾਧ ਖੁਰਾਕ ਤੇ। ਗਰੀਬਾਂ ਦੀ ਗਿਣਤੀ ਬਹੁਤੀ।ਕਮਿਸ਼ਨ ਨੇ ਇਹ ਵੀ ਨੋਟ ਕੀਤਾ, 30 ਤੋਂ 40 ਕਰੋੜ ਦੀਆਂ ਆਦਤਾਂ ਵੱਖਰੀਆਂ। ਵਿਦੇਸ਼ੀ ਵਸਤਾਂ ਵੱਲ ਰੁਝਾਨ ਵੱਧ।ਇਹ ਹਿੱਸਾ ਫਲ, ਸਬਜੀਆਂ, ਡੇਅਰੀ ਵਸਤਾਂ ਤੇ ਮੀਟ ਵਾਧੂ ਖਾਂਦਾ।ਵੋਟਾਂ ਪੱਖੋਂ ਕਿਸਾਨ, ਘਰੇਲੂ ਤੇ ਕੌਮਾਂਤਰੀ ਵਪਾਰ ਦੀਆਂ ਨੀਤੀਆਂ ਦੇ ਵਿਰੋਧ ਵਿੱਚ।

ਅਮਰੀਕਾ ਦੀ ਨੀਤੀ ਭਾਰਤ ਨੂੰ ਨਰੜ ਕੇ ਰੱਖਣਾ। ਭਾਰਤ ਆਰਥਿਕ ਪੱਖੋਂ ਵੱਡੀ ਖੁੱਲੀ ਮੰਡੀ, ਅਮਰੀਕੀ ਵਸਤਾਂ ਦੇ ਖਪਤਕਾਰ ਵਾਧੂ। ਭੂਗੋਲਿਕ ਪੱਖੋਂ ਢੁਕਵੀਂ ਚੌਕੀ, ਪਹਾੜ ਦੀ ਟੀਸੀ ਵਾਲਾ ਸ਼ਰੀਕ ਘੇਰਨ ਵਾਸਤੇ।ਭਾਰਤ ਸਰਕਾਰ ਨੂੰ ਵੀ ਅਮਰੀਕਾ ਨਾਲ ਬੱਝੇ ਰਹਿਣ ਵਿੱਚ ਭਵਿੱਖ ਰੌਸ਼ਨ ਦਿਖਦਾ। ਨਿਆਮਤੀ ਮੌਕਾ, ਗੁਆਉਣਾ ਨਹੀਂ ਚਾਹੁੰਦੀ। ਦੋਸਤੀ 'ਤੇ ਆਂਚ ਨ੍ਹੀਂ ਆਉਣ ਦੇਣੀ। ਹੁਣ ਸਾਡੀ ਅਮਰੀਕਾ ਦੀ ਮੰਡੀ ਤੱਕ ਪਹੁੰਚ ਬਣ ਗਈ ਹੈ, ਬਾਗੋਬਾਗ਼।ਭਾਰਤ ਦੇ ਵੱਡੇ ਪੂੰਜੀਪਤੀ ਆਪਣਾ ਵਿਕਾਸ ਅਮਰੀਕੀ ਹਾਕਮਾਂ ਦੀ ਚਾਕਰੀ ਵਿੱਚ ਦੇਖਣ, ਅੰਗਰੇਜ਼ਾਂ ਵੇਲੇ ਤੋਂ ਚਸਕਾ।

ਮੱਕੀ ਤੇ ਸੋਇਆਬੀਨ 'ਚ ਅਮਰੀਕਾ ਦੀ ਸਰਦਾਰੀ। ਪੈਦਾਵਾਰ ਢੇਰਾਂ ਦੇ ਢੇਰ ।ਵਪਾਰ ਦੇ ਨਾਂਅ 'ਤੇ ਦੂਜੇ ਮੁਲਕਾਂ ਸਿਰ ਲੱਦਣਾ। ਸਰਕਾਰ ਈਥਾਨੋਲ ਲਈ ਬਜ਼ਿੱਦ ਆ ।ਸੜਕ ਮੰਤਰੀ ਤਾਂ ਹੱਥਾਂ-ਪੈਰਾਂ 'ਚ ਆਇਆ ਫਿਰਦਾ। ਜਿਵੇਂ ਘੋਟਣੇ ਵਾਲਾ ਮਗਰ ਪਿਆ ਹੋਵੇ। ਈ-20 ਨੂੰ ਈ-80 ਤੱਕ ਲੈ ਕੇ ਜਾਣ ਦਾ ਟੀਚਾ।ਅਮਰੀਕਾ ਵਾਲੀ ਮੱਕੀ ਤੇ ਸੋਇਆਬੀਨ ਕੋਈ ਦੋ ਕਰੋੜ ਕਿਸਾਨਾਂ ਦੀ ਇਹ ਖੇਤੀ ਬੰਦ ਕਰਾਊ।ਭਾਰਤ ਵਿੱਚ ਗੰਨੇ ਤੋਂ ਨਿਕਲਦਾ ਈਥਾਨੋਲ ਬੰਦ ਹੋਊ। ਇਉਂ ਸੱਤ ਕਰੋੜ ਗੰਨਾ-ਕਿਸਾਨਾਂ ਅਤੇ ਖੰਡ ਮਿੱਲਾਂ ਦੇ 50 ਲੱਖ ਮਜ਼ਦੂਰਾਂ ਨੂੰ ਖੇਤਾਂ ਤੇ ਮਿੱਲਾਂ 'ਚੋਂ ਬਾਹਰ ਕਰਾਊ।ਅਮਰੀਕਾ ਦੀਆਂ ਇਹ ਫ਼ਸਲਾਂ ਜੈਨੇਟਿਕਲੀ ਮੋਡੀਫਾਈਡ ਨੇ। ਪਸ਼ੂ ਵੀ ਮੂੰਹ ਨ੍ਹੀਂ ਲਾਉਂਦੇ। ਅਮਰੀਕਾ ਦਾ ਨਾਨ-ਵੈੱਜ ਦੁੱਧ, ਦੋਧੀਆਂ ਤੇ ਦੁੱਧ ਉਤਪਾਦਕਾਂ ਦੇ ਕੰਮ ਨੂੰ ਬੰਦ ਕਰਾਊ। ਧਰਮੀ ਬੰਦਿਆਂ ਦੇ ਮਨਾਂ ਨੂੰ ਠੇਸ ਪਹੁੰਚਾਊ। ਖਪਤਕਾਰਾਂ ਦੇ ਖਰਚੇ ਵਧਾਊ।ਭਾਰਤ ਦੇ ਸਨਅਤੀ ਉਤਪਾਦ ਬੁਹਤਾ ਕਰਕੇ ਬਰਾਮਦ ਮੁਖੀ। ਅਮਰੀਕਾ 'ਚ ਭਾਰਤੀ ਬਰਾਮਦਾਂ 'ਤੇ ਟੈਰਿਫ, ਭਾਰਤੀ ਉਤਪਾਦ ਮਹਿੰਗੇ। ਅਮਰੀਕਾ ਵਿੱਚ ਵਿਕਰੀ ਘਟੂ, ਭਾਰਤ ਵਿੱਚ ਉਤਪਾਦਨ ਘਟੂ। ਲੱਖਾਂ ਕਾਰੀਗਰ ਬੇਰੁਜ਼ਗਾਰ, ਪਰਵਾਰ ਭੁੱਖ ਦਾ ਸ਼ਿਕਾਰ। ਸਨਅਤਾਂ ਦੀ ਤਾਲਾਬੰਦੀ, ਲੋਕਾਂ ਦਾ ਉਜਾੜਾ।

ਗੁਜਰਾਤ ਹੀਰਿਆਂ, ਗਹਿਣਿਆਂ ਦੀ ਹੱਬ। ਬਾਰਾਂ ਲੱਖ ਦੇ ਕਰੀਬ ਕਾਰੀਗਰ।2024-25 ਵਿੱਚ 10 ਅਰਬ ਡਾਲਰ ਦੇ ਅਮਰੀਕਾ ਭੇਜੇ। ਭਾਰਤੀ ਬਰਾਮਦਾਂ ਦੇ ਕੁੱਲ ਦਾ 40 ਫੀਸਦੀ। ਅਮਰੀਕਾ ਨੇ 52 ਫੀਸਦੀ ਟੈਰਿਫ ਜੜ੍ਹ ਕੇ ਡੇਢੇ ਮਹਿੰਗੇ ਕਰਤੇ। ਘਟੀ ਵਿਕਰੀ ਨੇ ਇੱਕ ਲੱਖ ਕਾਰੀਗਰਾਂ ਦੇ ਕੰਮ 'ਚ ਲੱਤ ਮਾਰੀ।

ਕੱਪੜੇ ਤੇ ਬਸਤਰ ਦੇ ਉੱਭਰਵੇਂ ਕੇਂਦਰ, ਸੂਰਤ, ਗੁਰੂਗ੍ਰਾਮ, ਨੋਇਡਾ, ਲੁਧਿਆਣਾ, ਤਰੀਪੁਰ, ਬੰਗਲੁਰੂ। ਇਹਨਾਂ ਕੇਂਦਰਾਂ ਵਿੱਚ ਵਰਕਰਾਂ ਦੀ ਗਿਣਤੀ ਲੱਖਾਂ ਵਿੱਚ, ਕਾਫ਼ੀ ਵੱਡੀ ਗਿਣਤੀ ਔਰਤਾਂ।2024-25 ਵਿੱਚ 10.8 ਅਰਬ ਡਾਲਰ ਦੇ ਅਮਰੀਕਾ ਨੂੰ ਬਰਾਮਦ।ਕੁੱਲ ਬਰਾਮਦ ਦਾ 35 ਫੀਸਦੀ। ਅਮਰੀਕਾ ਨੇ 63.9 ਫੀਸਦੀ ਟੈਰਿਫ ਲਾ ਦਿੱਤਾ। ਵਰਕਰਾਂ ਦਾ ਭਵਿੱਖ ਅਨਿਸਚਿਤਾ ਦੇ ਡੂੰਘੇ ਖੱਡੇ ਵਿੱਚ।

ਉੱਤਰ ਪ੍ਰਦੇਸ਼ 'ਚ ਭਦੋਹੀ, ਗਲੀਚਿਆਂ ਦਾ ਉੱਘਾ ਕੇਂਦਰ।ਸਾਲਾਨਾ ਵੀਹ ਹਜ਼ਾਰ ਕਰੋੜ ਰੁਪਏ ਦਾ ਕਾਰੋਬਾਰ। ਲੱਖਾਂ ਲੋਕ ਸਿੱਧੇ-ਅਸਿੱਧੇ ਰੁਜ਼ਗਾਰ ਨਾਲ ਜੁੜੇ ਹੋਏ। 1.2 ਅਰਬ ਡਾਲਰ ਦੇ ਗਲੀਚੇ ਅਮਰੀਕਾ ਨੂੰ ਬਰਾਮਦ ।ਉਹਨੇ 52.9 ਫੀਸਦੀ ਟੈਰਿਫ ਲਾਇਆ।

ਲੁਧਿਆਣਾ ਤੇ ਜਲੰਧਰ ਤੋਂ ਟੈਕਸਟਾਇਲ ਤੇ ਗਾਰਮੈਂਟ, ਖੇਡਾਂ ਦਾ ਸਾਮਾਨ, ਆਟੋ ਪਾਰਟਸ, ਬਿਜਲੀ ਦਾ ਸਾਮਾਨ, ਹੱਥ ਕਢਾਈ, ਫਰਨੀਚਰ, ਬਿਸਤਰ, ਬਾਸਮਤੀ ਚੌਲ, ਗਰਮ ਮਸਾਲੇ, ਚਾਹ, ਸ਼ਹਿਦ, ਸਟੀਲ, ਐਲਮੀਨੀਅਮ, ਤਾਂਬਾ, ਰੇਸ਼ਮੀ ਬਸਤਰ ਆਰਗੈਨਿਕ ਕੈਮੀਕਲ, ਦਾਲਾਂ,ਤਿਲ, ਆਟੋ ਪਾਰਟਸ, ਖੇਤੀ ਮਸ਼ੀਨਰੀ, ਮਸ਼ੀਨਾਂ ਤੇ ਮਸ਼ੀਨ ਟੂਲਜ਼ ਬਰਾਮਦ ਕੀਤੇ ਜਾਂਦੇ ਨੇ। ਹਰ ਸਾਲ 30 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਬਰਾਮਦਾਂ।ਅਮਰੀਕਨ ਟੈਰਿਫ ਨਾਲ ਇਹਨਾਂ ਦੀ ਉਥੇ ਮਹਿੰਗ ਹੋਵੇਗੀ।ਇਥੇ ਭਾਰਤ ਵਿੱਚ ਰੁਜ਼ਗਾਰ ਦਾ ਉਜਾੜਾ।

ਸਮਝੌਤਾ ਵਾਰਤਾ, ਦੋਵਾਂ ਹਕੂਮਤਾਂ ਦੀ ਉੱਚੀ-ਨੀਵੀਂ ਹੈਸੀਅਤ ਦੀ ਫੇਰ ਪੁਸ਼ਟੀ।ਅਮਰੀਕਾ ਦੀ ਇੱਕ ਕਾਲ 'ਤੇ ਝੱਟ ਅਮਰੀਕਾ ਪੱਟ ਦਸਤਖ਼ਤ। ਤਕੜੇ ਦਾ ਸੱਤੀਂ ਵੀਹੀਂ ਸੌ ਤੇ ਮਾੜੇ ਦਾ ਬਾਰਾਂ ਪਾਂਜੇ ਅਠਤਾਲੀ! ਅਮਰੀਕਾ ਨੇ ਇਹਦੇ ਲਈ ਦਬਾਅ ਬਣਾਇਆ। ਪ੍ਰਵਾਸੀ ਭਾਰਤੀ, ਜ਼ੰਜੀਰਾਂ 'ਚ ਨੂੜੇ, ਸਿਰੇ ਦਾ ਅਣਮਨੁੱਖੀ ਕਰੂਰ ਕਾਰਾ। ਪੀ ਐੱਮ ਨੂੰ ਸਿਆਸੀ ਪੜ੍ਹਤ ਖਰਾਬ ਕਰਨ ਦੀਆਂ ਧਮਕੀਆਂ।ਨੀਵਾਂ ਦਿਖਾਉਣ ਲਈ ਭਾਰਤ-ਪਾਕਿ ਜੰਗਬੰਦੀ ਦੀ ਖ਼ਬਰ, ਜੰਗ ਮੈਂ ਰੁਕਵਾਈ, ਸਭ ਤੋਂ ਪਹਿਲਾਂ ਸੁਣਾਈ। ਕਮਲਿਆਂ ਵਾਂਗੂ ਇੱਕ ਵਾਰ ਨ੍ਹੀਂ, ਸੈਂਕੜੇ ਵਾਰ ਸੈਂਕੜੇ ਥਾਵਾਂ ਤੋਂ।ਤੇਲ ਕੀਹਤੋਂ ਖਰੀਦਣਾ,ਕੀਹਤੋਂ ਨਹੀਂ, ਬੰਬਾਂ ਵਰਗੀਆਂ ਹਦਾਇਤਾਂ। ਉਥੋਂ ਦਾ ਮੰਤਰੀ ਮਾਰਕ ਰੂਬੀਓ ਕਹਿ ਗਿਆ, ਸਾਡੇ ਤੋਂ ਖਰੀਦੋ।ਤਾਜ਼ਾ ਧਮਕੀ, ਜੇ ਰੂਸ ਤੋਂ ਲਿਆ ਤਾਂ ਟੈਰਿਫ 100 ਫੀਸਦੀ ਲਾਵਾਂਗੇ।

ਅਖਬਾਰਾਂ ਦੱਸਣ, ਸਮਝੌਤਾ ਅਗਸਤ 'ਚ ਹੋ ਜਾਣਾ ।ਬੜਾ ਸਬੱਬ ਬਣਿਆ, ਅਗਸਤ ਮਹੀਨਾ ਪੰਦਰਾਂ ਤਾਰੀਖ਼।ਲਾਲ ਕਿਲ੍ਹੇ ਦੀ ਫ਼ਸੀਲ ਤੋਂ ਸਾਰਾ ਜੱਗ ਦੇਖੂ,ਬੇਨਕਾਬ ਹੁੰਦਾ, ਸਰਕਾਰ ਦਾ ਲੋਕ ਦੋਖੀ ਤੇ ਸਾਮਰਾਜ ਪੱਖੀ ਕਿਰਦਾਰ।ਮੌਜੂਦਾ ਕੇਂਦਰੀ ਸਰਕਾਰ ਸੰਗਾਂ-ਸ਼ਰਮਾਂ ਤੋਂ ਪਾਰ, ਝੂਠਾਂ-ਚਤੁਰਾਈਆਂ ਦੀ ਸਰਦਾਰ।ਇੱਕ ਹੱਥ ਸਾਮਰਾਜ ਕੋਲ ਗੂਠੇ ਅਤੇ ਦੂਜੇ ਹੱਥ ਮੁਲਕ ਦੀ ਆਜ਼ਾਦੀ ਦਾ ਝੰਡਾ, ਮੁਲਕ ਦੀ ਪ੍ਰਭੂਸੱਤਾ ਦੇ ਮਾਲਕ ਹੋਣ ਦੇ ਦਮਗਜ਼ੇ।ਹਾਲਤ ਸਭਨਾਂ ਦੇ ਸਾਹਮਣੇ।ਜਿਥੇ ਵਸੀਲਿਆਂ ਦੀ ਕਾਣੀ-ਵੰਡ ਹੋਵੇ, ਲੋਕਾਂ ਦੀ ਜ਼ੁਬਾਨਬੰਦੀ ਕਰਨ ਲਈ ਜਾਬਰ ਕਾਲੇ ਕਾਨੂੰਨ ਹੋਣ, ਪੁਲਸ, ਫੌਜ ਨੂੰ ਲੋਕਾਂ 'ਤੇ ਝਪਟਣ ਦੇ ਖੁੱਲ੍ਹੇ ਅਧਿਕਾਰ ਹੋਣ, ਉਥੇ ਆਜ਼ਾਦੀ ਨਹੀਂ ਹੁੰਦੀ।ਆਜ਼ਾਦੀ ਸਿਰਫ਼ ਨਾਂਅ ਲੈਣ ਲਈ, ਦਿਖਾਵੇ ਲਈ, ਰਾਜ ਕਰਨ ਵਾਲਿਆਂ ਦੇ ਭਾਸ਼ਣ ਲਈ।

ਸਮਝੌਤਾ, ਸਾਮਰਾਜ ਦੀ ਚਾਕਰੀ ਦਾ ਇੱਕ ਰੰਗ।ਇਹ ਰੰਗ ਲੋਕਾਂ ਦੀ ਜ਼ਿੰਦਗੀ ਬਦਰੰਗ ਕਰਦਾ। ਰੁਜ਼ਗਾਰ ਖੋਂਹਦਾ।ਗਰੀਬ ਨੂੰ ਕੰਗਾਲੀ ਵੱਲ ਧੱਕਦਾ। ਕਾਰੋਬਾਰਾਂ ਨੂੰ ਉਜਾੜਦਾ।ਦੇਸ਼ ਨੂੰ ਚੌਤਰਫੇ ਸੰਕਟ ਦੇ ਡੂੰਘੇ ਖੱਡੇ ਵਿੱਚ ਸੁੱਟਦਾ। ਇਹ ਰੱਦ ਹੋਣਾ ਚਾਹੀਦਾ।ਸਮਝੌਤੇ ਵਿਚੋਂ ਖੇਤੀ ਕਿੱਤੇ ਨੂੰ ਬਾਹਰ ਕੱਢ ਕੇ ਵੀ ਖੇਤੀ ਕਿਸਾਨੀ ਦਾ ਬਚਾਅ ਨਹੀਂ। ਵਿਕਾਸ ਦੇ ਚੱਲ ਰਹੇ ਬਹੁ-ਮੂੰਹੇਂ ਪ੍ਰੋਜੈਕਟਾਂ ਦੀ ਮਾਰ ਦਾ ਘੇਰਾ ਵੱਡਾ। ਯੂਰਪੀ ਦੇਸ਼ਾਂ ਤੇ ਇੰਗਲੈਂਡ ਨਾਲ ਕੀਤੇ ਸਮਝੌਤਿਆਂ ਦਾ ਰੰਗ ਵੀ ਇਹੀ ਐ। ਇਹ ਰੱਦ ਹੋਣੇ ਚਾਹੀਦੇ ਨੇ।ਸਵੈ-ਨਿਰਭਰਤਾ ਦੀ ਨੀਤੀ ਲਾਗੂ ਹੋਣੀ ਚਾਹੀਦੀ ਹੈ।ਰੁਜ਼ਗਾਰ ਮੁਖੀ ਤੇ ਦੇਸ਼ ਮੁਖੀ ਸਨਅਤਾਂ ਲੱਗਣ।ਹਰ ਵਿਅਕਤੀ ਨੂੰ ਰੁਜ਼ਗਾਰ ਮਿਲੇ।ਰੋਟੀ, ਕੱਪੜਾ, ਮਕਾਨ ਮਿਲੇ।

# ਸੰਪਰਕ : 94172-24822

# ਏ ਆਈ ਐੱਸ ਐੱਫ ਤੇ ਏ ਆਈ ਵਾਈ ਐੱਫ ਦੀ ਅਗਵਾਈ 'ਚ ਨੌਜਵਾਨਾਂ ਤੇ ਵਿਦਿਆਰਥੀਆਂ ਕੱਢੀ ਜੇਤੂ ਰੈਲੀ

## ਅਗਲਾ ਦੇਸ਼-ਵਿਆਪੀ ਅੰਦੋਲਨ ਸਭ ਲਈ ਮੁਫ਼ਤ ਤੇ ਲਾਜ਼ਮੀ ਸਿੱਖਿਆ ਅਤੇ ਰੁਜ਼ਗਾਰ ਦੀ ਗਾਰੰਟੀ ਦਾ ਹੋਵੇਗਾ : ਧਰਮੂਵਾਲਾ, ਛਾਂਗਾਰਾਏ




**ਜਲਾਲਾਬਾਦ (ਬਲਵਿੰਦਰ ਸਿੰਘ)**-ਦਿੱਲੀ ਜੰਤਰ ਮੰਤਰ ਤੋਂ ਸ਼ੁਰੂ ਹੋਏ ਦੇਸ਼ ਵਿਆਪੀ ਜਨ ਅੰਦੋਲਨ ਨੇ ਜਿੱਥੇ ਦੇਸ਼ ਦੇ ਕੇਂਦਰੀ ਮੰਤਰੀ ਨੂੰ ਅਸਤੀਫਾ ਦੇਣ ਲਈ ਮਜਬੂਰ ਕੀਤਾ, ਉਥੇ ਹੱਕ, ਸੱਚ ਤੇ ਇਨਸਾਫ ਦੀ ਲੜਾਈ ਲੜਨ ਵਾਲੀ ਹਰ ਅਵਾਮ ਵਿੱਚ ਨਵੀਂ ਰੂਹ ਫੂਕਣ ਦਾ ਕੰਮ ਕੀਤਾ ਹੈ।ਇਸ ਵੱਡੀ ਜਿੱਤ ਨੂੰ ਲੈ ਕੇ ਜਿੱਥੇ ਕਾਰਪੋਰੇਟ ਪੱਖੀ ਰਾਜਸੀ ਧਿਰਾਂ ਫਿਕਰਾਂ ਵਿੱਚ ਹਨ, ਉੱਥੇ ਲੋਕ ਹਿੱਤਾਂ ਦੀ ਰਾਖੀ ਕਰਨ ਵਾਲੀਆਂ ਧਿਰਾਂ ਵਿੱਚ ਨਵੀਂ ਆਸ ਦੀ ਕਿਰਨ ਜਾਗੀ ਹੈ, ਜਿਸ ਨੂੰ ਲੈ ਕੇ ਦੇਸ਼ ਭਰ ਵਿੱਚ ਜੇਤੂ ਰੈਲੀਆਂ ਕੀਤੀਆਂ ਜਾ ਰਹੀਆਂ ਹਨ।ਇਸ ਲੜੀ ਤਹਿਤ ਅੱਜ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਤੇ ਸਰਬ ਭਾਰਤ ਨੌਜਵਾਨ ਸਭਾ ਵੱਲੋਂ ਜਲਾਲਾਬਾਦ ਦੇ ਬਾਜ਼ਾਰਾਂ ਵਿੱਚ ਜੇਤੂ ਰੈਲੀ ਕੱਢੀ ਗਈ।ਇਸ ਜੇਤੂ ਰੈਲੀ ਦੀ ਅਗਵਾਈ ਏਆਈਐੱਸਐੱਫ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ, ਜ਼ਿਲ੍ਹੇ ਦੀ ਮੀਤ ਸਕੱਤਰ ਅੰਮ੍ਰਿਤ ਕਾਠਗੜ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਛਾਂਗਾਰਾਏ, ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਘੁਬਾਇਆ, ਬਲਾਕ ਜਲਾਲਾਬਾਦ ਦੇ ਸਕੱਤਰ ਸੋਨਾ ਸਿੰਘ ਧੁੰਨਕੀਆ ਤੇ ਮੀਤ ਪ੍ਰਧਾਨ ਧਰਮਿੰਦਰ ਮੁਰਕ ਵਾਲਾ ਨੇ ਕੀਤੀ।ਇਹ ਜੇਤੂ ਰੈਲੀ ਸਥਾਨਕ ਲੜਕੀਆਂ ਦੇ ਸਰਕਾਰੀ ਕਾਲਜ ਤੋਂ ਸ਼ੁਰੂ ਹੁੰਦੀ ਹੋਈ ਵੱਖ-ਵੱਖ ਬਾਜ਼ਾਰਾਂ ਵਿੱਚ ਕੱਢੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਵਿਦਿਆਰਥੀਆਂ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਤੇ ਨੌਜਵਾਨ ਸਭਾ ਦੇ ਸੂਬਾ ਸਕੱਤਰ ਸਾਥੀ ਚਰਨਜੀਤ ਛਾਂਗਾਰਾਏ ਨੇ ਕਿਹਾ ਕਿ ਇਹ ਲੜਨ ਵਾਲੀਆਂ ਧਿਰਾਂ ਲਈ ਇਤਿਹਾਸਕ ਜਿੱਤ ਹੈ।ਇਸ ਮੌਕੇ ਸੰਬੋਧਨ ਕਰਦਿਆਂ ਏਆਈਐੱਸਐੱਫ ਦੇ ਸਾਬਕਾ ਕੌਮੀ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਤੇ ਏਆਈਐੱਸਐੱਫ ਦੀ ਆਗੂ ਅਮ੍ਰਿਤਪਾਲ ਕੌਰ ਕਾਠਗੜ੍ਹ ਨੇ ਕਿਹਾ ਕਿ ਹੁਣ ਅਗਲੀ ਦੇਸ਼ ਵਿਆਪੀ ਲੜਾਈ, ਦੇਸ਼ ਦਾ ਚੇਤਨ ਵਿਦਿਆਰਥੀ ਤੇ ਨੌਜਵਾਨ ਵਰਗ ਸਭ ਲਈ ਮੁਫਤ ਤੇ ਲਾਜ਼ਮੀ ਸਿੱਖਿਆ ਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਲਈ ਅੰਦੋਲਨ ਛੇੜੇਗਾ।ਇਸ ਮੌਕੇ ਹੋਰਨਾਂ ਤੋਂ ਬਲਵਿੰਦਰ ਘੁਬਾਇਆ, ਸੋਨਾ ਧੁੰਨਕੀਆਂ, ਗੁਰਦੇਵ ਤਾਰੇਵਾਲਾ, ਮੰਗਤ ਸੋਹਣਾ ਸਾਂਦੜ, ਇਸਤਰੀ ਸਭਾ ਦੀ ਆਗੂ ਹਰਜੀਤ ਕੌਰ ਢੰਡੀਆਂ, ਗੁਰਮੀਤ ਕੌਰ, ਵਿਦਿਆਰਥੀ ਆਗੂ ਅਨੀਸ਼ਾ ਰਾਣੀ, ਸੁਨੀਲ ਢਾਣੀ ਬਚਨ ਸਿੰਘ, ਲਵਪ੍ਰੀਤ ਸਿੰਘ ਕਾਠਗੜ੍ਹ, ਗੁਰਪਿੰਦਰ ਠਠੇਰਾਂ, ਕੁਲਜੀਤ ਕੌਰ, ਅੰਸ਼ਪ੍ਰੀਤ ਕੌਰ, ਜਾਨਵੀ, ਜਸਪ੍ਰੀਤ ਕੌਰ, ਮਹਿਕ, ਜਸ਼ਨਪ੍ਰੀਤ ਕੌਰ, ਪ੍ਰਿਅੰਕਾ ਰਾਣੀ ਤੇ ਸੋਮਾ ਰਾਣੀ ਆਦਿ ਹਾਜ਼ਰ ਸਨ।

# ਜਗਰਾਉਂ ਭਲਕੇ ਰਹੇਗਾ ਮੁਕੰਮਲ ਬੰਦ, ਇੱਕ ਦਰਜਨ ਤੋਂ ਵੱਧ ਜਥੇਬੰਦੀਆਂ ਨੇ ਦਿੱਤਾ ਸਮਰਥਨ

## ਸਫ਼ਾਈ ਸੇਵਕਾਂ ਦੇ ਹੱਕ 'ਚ ਸ਼ਹਿਰ ਵਾਸੀ ਵੀ ਨਿਭਾਉਣ ਸਾਥ : ਅਰੁਣ ਗਿੱਲ



**ਜਗਰਾਉਂ (ਸੰਜੀਵ ਅਰੋੜਾ)**-ਪੰਜਾਬ ਭਰ ਵਿੱਚ ਸਫਾਈ ਸੇਵਕਾਂ, ਮਿਊਂਸੀਪਲ ਕਾਮਿਆਂ, ਸੀਵਰਮੈਨਾਂ, ਮਾਲੀਆਂ, ਬੇਲਦਾਰਾਂ ਤੇ ਹੋਰ ਕਰਮਚਾਰੀਆਂ ਵੱਲੋਂ ਪਿੱਛਲੀ 8 ਜੁਲਾਈ ਤੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਹੜਤਾਲ ਕੀਤੀ ਜਾ ਰਹੀ ਹੈ। ਸਰਕਾਰ ਤੇ ਸਫਾਈ ਸੇਵਕ ਯੂਨੀਅਨ ਪੰਜਾਬ ਵਿਚਕਾਰ ਕਈ ਦੌਰ ਦੀਆਂ ਮੀਟਿੰਗਾਂ ਹੋਣ ਦੇ ਬਾਵਜੂਦ ਅਜੇ ਤੱਕ ਕਿਸੇ ਵੀ ਮੰਗ ਦਾ ਠੋਸ ਹੱਲ ਨਹੀਂ ਨਿਕਲਿਆ, ਜਿਸ ਕਾਰਨ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਫਾਈ ਸੇਵਕਾਂ ਦੀਆਂ ਮੁੱਖ ਮੰਗਾਂ ਵਿੱਚ ਠੇਕੇਦਾਰੀ ਪ੍ਰਣਾਲੀ ਖਤਮ ਕਰਕੇ ਕਰਮਚਾਰੀਆਂ ਨੂੰ ਕੰਟਰੈਕਟ ਆਧਾਰ 'ਤੇ ਲਿਆਉਣਾ, ਕੰਟਰੈਕਟ ਕਰਮਚਾਰੀਆਂ ਨੂੰ ਪੱਕਾ ਕਰਨਾ, ਨਾਮਾਤਰ 10,000 ਤਨਖਾਹ ਵਿੱਚ ਵੱਡਾ ਵਾਧਾ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ ਤੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ 10 ਸਾਲ ਵਾਲੀ ਨੀਤੀ ਨੂੰ ਰੱਦ ਕਰਕੇ ਪਹਿਲਾਂ ਵਾਂਗ 3 ਸਾਲ ਕਰਨਾ ਸ਼ਾਮਲ ਹਨ। ਯੂਨੀਅਨ ਆਗੂਆਂ ਨੇ ਕਿਹਾ ਕਿ ਇਹ ਸਾਰੀਆਂ ਮੰਗਾਂ ਪੂਰੀ ਤਰ੍ਹਾਂ ਜਾਇਜ਼ ਹਨ, ਫਿਰ ਵੀ ਸਰਕਾਰ ਵੱਲੋਂ ਇਨ੍ਹਾਂ ਨੂੰ ਅਣਡਿੱਠਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਰਨਾਲਾ ਵਿਖੇ ਸ਼ਾਂਤਮਈ ਧਰਨੇ ਦੌਰਾਨ ਸਫਾਈ ਕਰਮਚਾਰੀਆਂ 'ਤੇ ਹੋਏ ਕਥਿਤ ਤਸ਼ੱਦਦ ਨੇ ਸਮੁੱਚੇ ਕਰਮਚਾਰੀ ਵਰਗ ਨੂੰ ਝੰਝੋੜ ਕੇ ਰੱਖ ਦਿੱਤਾ ਹੈ। ਯੂਨੀਅਨ ਨੇ ਮੰਗ ਕੀਤੀ ਕਿ ਇਸ ਘਟਨਾ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਇਨ੍ਹਾਂ ਮੰਗਾਂ ਨੂੰ ਲੈ ਕੇ ਸਫਾਈ ਸੇਵਕ ਯੂਨੀਅਨ ਪੰਜਾਬ ਵੱਲੋਂ 30 ਜੁਲਾਈ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ, ਜਿਸ ਨੂੰ ਪੰਜਾਬ ਭਰ ਵਿੱਚ ਵੱਡਾ ਸਮਰਥਨ ਮਿਲ ਰਿਹਾ ਹੈ। ਇਸੇ ਤਹਿਤ ਜਗਰਾਉਂ ਵਿਖੇ ਵੀ ਇੱਕ ਦਰਜਨ ਤੋਂ ਵੱਧ ਜਥੇਬੰਦੀਆਂ ਨੇ ਨਗਰ ਕੌਂਸਲ ਪਹੁੰਚ ਕੇ ਸਫਾਈ ਸੇਵਕਾਂ ਨਾਲ ਏਕਤਾ ਦਾ ਪ੍ਰਗਟਾਵਾ ਕਰਦਿਆਂ 30 ਜੁਲਾਈ ਦੇ ਬੰਦ ਨੂੰ ਪੂਰਾ ਸਮਰਥਨ ਦੇਣ ਦਾ ਐਲਾਨ ਕੀਤਾ। ਸਫਾਈ ਸੇਵਕ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਨੇ ਕਿਹਾ ਕਿ 30 ਜੁਲਾਈ ਨੂੰ ਜਗਰਾਉਂ ਮੁਕੰਮਲ ਤੌਰ 'ਤੇ ਬੰਦ ਰਹੇਗਾ। ਹਜ਼ਾਰਾਂ ਦੀ ਗਿਣਤੀ ਵਿੱਚ ਸਫਾਈ ਸੇਵਕ, ਮਿਊਂਸੀਪਲ ਕਰਮਚਾਰੀ, ਸੀਵਰਮੈਨ, ਮਾਲੀ, ਬੇਲਦਾਰ, ਇਲੈਕਟ੍ਰੀਸ਼ੀਅਨ ਅਤੇ ਵੱਖ-ਵੱਖ ਇਨਸਾਫ਼ ਪਸੰਦ ਜਥੇਬੰਦੀਆਂ ਦੇ ਨੁਮਾਇੰਦੇ ਇਸ ਬੰਦ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਸਫਾਈ ਸੇਵਕਾਂ ਦੀਆਂ ਹੱਕੀ ਮੰਗਾਂ ਦੇ ਜਲਦੀ ਹੱਲ ਲਈ 30 ਜੁਲਾਈ ਨੂੰ ਆਪਣੀਆਂ ਦੁਕਾਨਾਂ ਤੇ ਕਾਰੋਬਾਰ ਸਵੈਇੱਛਾ ਨਾਲ ਬੰਦ ਰੱਖ ਕੇ ਸੰਘਰਸ਼ ਦਾ ਸਾਥ ਦੇਣ।

ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ, ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਮਾਸਟਰ ਗੁਰਮੇਲ ਸਿੰਘ ਰੂਮੀ, ਸਾਂਝਾ ਪੈਨਸ਼ਨਰ ਫਰੰਟ ਦੇ ਪ੍ਰਧਾਨ ਮਾਸਟਰ ਅਸ਼ੋਕ ਭੰਡਾਰੀ, ਬਲਵਿੰਦਰ ਸਿੰਘ ਪਟਵਾਰੀ, ਰੋਡਵੇਜ਼ ਪੈਨਸ਼ਨਰਜ਼ ਐਸੋਸੀਏਸ਼ਨ ਦੇ ਅਵਤਾਰ ਸਿੰਘ ਬਿੱਲਾ, ਨਗਰ ਸੁਧਾਰ ਸਭਾ ਦੇ ਪ੍ਰਧਾਨ ਮਾਸਟਰ ਅਵਤਾਰ ਸਿੰਘ, ਫੂਡ ਐਂਡ ਅਲਾਈਡ ਵਰਕਰਜ਼ ਯੂਨੀਅਨ ਦੇ ਆਗੂ ਅਵਤਾਰ ਸਿੰਘ ਬਿੱਲਾ, ਗੱਲਾ ਮਜ਼ਦੂਰ ਯੂਨੀਅਨ ਦੇ ਆਗੂ ਦੇਵਰਾਜ, ਪੇਂਡੂ ਮਜ਼ਦੂਰ ਯੂਨੀਅਨ ਮਸ਼ਾਲ ਦੇ ਆਗੂ ਮਦਨ ਸਿੰਘ, ਸਫਾਈ ਸੇਵਕ ਯੂਨੀਅਨ ਦੇ ਆਗੂ ਕੁਲਵੰਤ ਸਿੰਘ ਸਹੋਤਾ ਆਦਿ ਹਾਜ਼ਰ ਸਨ।

# ਗੁਰਸ਼ਰਨ ਰੰਧਾਵਾ ਦੀ ਅਗਵਾਈ ਹੇਠ ਪੇਪਰ ਲੀਕ ਘੁਟਾਲੇ ਖ਼ਿਲਾਫ਼ ਰੋਸ ਪ੍ਰਦਰਸ਼ਨ

## ਚੰਦਾ, ਵੋਟ, ਪੇਪਰ ਚੋਰੀ ਵਰਗੇ ਗੰਭੀਰ ਮਸਲਿਆਂ 'ਚ ਫਸੀ ਮੋਦੀ ਸਰਕਾਰ : ਗਾਂਧੀ




**ਸਮਾਣਾ/ਪਟਿਆਲਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ/ਰਾਜਿੰਦਰ ਸਿੰਘ ਥਿੰਦ)**-ਪਿਛਲੇ ਦਿਨੀਂ ਦੇਸ਼ ਵਿੱਚ ਹੋਏ ਵੱਡੇ ਪੇਪਰ ਲੀਕ ਘੁਟਾਲੇ ਵਿੱਚ ਫਸੀ ਮੋਦੀ ਸਰਕਾਰ ਦੇ ਵਿਰੋਧ ਵਿੱਚ ਅੱਜ ਜ਼ਿਲ੍ਹਾ ਕਾਂਗਰਸ ਪਟਿਆਲਾ ਵੱਲੋਂ ਜ਼ਿਲ੍ਹਾ ਪ੍ਰਧਾਨ ਬੀਬੀ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਹੇਠ ਵੱਡਾ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਪ੍ਰਦਰਸ਼ਨ ਵਿੱਚ ਪੁੱਜੇ ਸੈਂਕੜੇ ਕਾਂਗਰਸੀ ਵਰਕਰਾਂ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਬੀਬੀ ਰੰਧਾਵਾ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਸਾਡੇ ਦੇਸ਼ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਆਪ ਸਰਕਾਰ ਦੋਨੋਂ ਹੀ ਕਈ ਪੇਪਰ ਘਟਾਲਿਆਂ ਵਿੱਚ ਸ਼ਾਮਲ ਹੋਏ ਹਨ, ਜਿਸ ਦੀ ਤਾਜ਼ਾ ਉਦਾਹਰਨ ਨੀਟ ਪੇਪਰ ਘੁਟਾਲਾ ਹੈ, ਜਿਸ ਤੋਂ ਦੁਖੀ ਹੋ ਕੇ ਕਈ ਵਿਦਿਆਰਥੀ ਨੂੰ ਆਤਮਦਾਹ ਤੱਕ ਕਰਨਾ ਪਿਆ ਤੇ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਮਾਪਿਆਂ ਸਮੇਤ ਸੜਕਾਂ ਉੱਤੇ ਉਤਰਨਾ ਪਿਆ। ਬੀਬੀ ਰੰਧਾਵਾ ਨੇ ਕਿਹਾ ਕਿ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਅੱਜ ਦੇਸ਼ ਭਰ ਦੇ ਕਰੋੜਾਂ ਹੋਣਹਾਰ ਵਿਦਿਆਰਥੀਆਂ ਦੇ ਮਾਪੇ ਆਪਣੇ ਬੱਚਿਆਂ ਦੇ ਭਵਿੱਖ ਲਈ ਚਿੰਤਤ ਹਨ, ਕਿਉਂਕਿ ਉਨ੍ਹਾਂ ਦਾ ਭਰੋਸਾ ਸਰਕਾਰਾਂ ਤੋਂ ਉੱਠ ਚੁੱਕਿਆ ਹੈ।ਬੀਬੀ ਰੰਧਾਵਾ ਨੇ ਸਪੱਸ਼ਟ ਕਿਹਾ ਕਿ ਘੁਟਾਲਿਆਂ, ਧੱਕੇਸ਼ਾਹੀ, ਤੇ ਵਧੀਕੀਆਂ ਤੋਂ ਦੁਖੀ ਲੋਕ ਅੱਜ ਰਾਹੁਲ ਗਾਂਧੀ ਵਰਗੇ ਨੇਤਾ ਨੂੰ ਪ੍ਰਧਾਨ ਮੰਤਰੀ ਦੀ ਕੁਰਸੀ 'ਤੇ ਬਿਠਾਉਣ ਲਈ ਉਤਾਵਲੇ ਹਨ, ਪਰ ਮੋਦੀ ਸਰਕਾਰ ਦੀ ਵੋਟ ਚੋਰੀ ਨੀਤੀ ਲੋਕਾਂ ਦਾ ਸੁਪਨਾ ਸਾਕਾਰ ਕਰਨ ਵਿੱਚ ਅੜਿੱਕਾ ਬਣੀ ਹੋਈ ਹੈ।ਇਸ ਮੌਕੇ ਪਟਿਆਲਾ ਦੇ ਸਾਂਸਦ ਡਾਕਟਰ ਧਰਮਵੀਰ ਗਾਂਧੀ ਨੇ ਕਿਹਾ ਕਿ ਅੱਜ ਸਾਡੀ ਸਰਕਾਰ ਕੇਵਲ ਚੰਦਾ ਚੋਰੀ, ਵੋਟ ਚੋਰੀ, ਟੈਕਸ ਚੋਰੀ, ਪੇਪਰ ਚੋਰੀ ਵਰਗੇ ਗੰਭੀਰ ਇਲਜਾਮਾਂ ਦਾ ਸਾਹਮਣਾ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਦੱਸਦਾ ਹੈ ਕਿ ਸਰਕਾਰ ਅੱਜ ਦੇਸ਼ ਦੇ ਨੌਜਵਾਨਾਂ ਅੱਗੇ ਝੁਕ ਗਈ ਹੈ ਤੇ ਆਪਣੇ ਉੱਤੇ ਲੱਗੇ ਦੋਸ਼ ਮੰਨ ਗਈ ਹੈ, ਪਰ ਸਿਰਫ ਅਸਤੀਫੇ ਨਾਲ ਕੰਮ ਨਹੀਂ ਚੱਲੇਗਾ।ਅੱਜ ਲੋੜ ਹੈ ਦੇਸ਼ ਦੇ ਸਾਰੇ ਢਾਂਚੇ ਨੇ ਇੱਕ ਵਧੀਆ ਵਿਧੀ ਤਹਿਤ ਸੈੱਟ ਕਰਨ ਦੀ।ਡਾਕਟਰ ਗਾਂਧੀ ਨੇ ਕਿਹਾ ਕਿ ਅੱਜ ਸਾਰੇ ਕਾਂਗਰਸੀ ਮੋਮਬੱਤੀਆਂ ਜਲਾ ਕੇ ਆਪਣੀ ਜਾਨ ਦੀ ਕੁਰਬਾਨੀ ਦੇਣ ਵਾਲੇ ਵਿਦਿਆਰਥੀਆਂ ਨੂੰ ਸ਼ਰਧਾਂਜਲੀ ਵੀ ਭੇਟ ਕਰ ਰਹੇ ਹਨ।ਇਸ ਪ੍ਰਦਰਸ਼ਨ ਵਿੱਚ ਹਰਿੰਦਰਪਾਲ ਸਿੰਘ ਹੈਰੀਮਾਨ, ਬਲਿਹਾਰ ਸਿੰਘ ਸਮਸ਼ਪੁਰ, ਜਸਵਿੰਦਰ ਰੰਧਾਵਾ, ਨਛੱਤਰ ਸਿੰਘ, ਅਮਰਜੀਤ ਸਿੰਘ ਘੱਗਾ, ਹਰਵਿੰਦਰ ਸਿੰਘ ਰਾਠੀਆਂ, ਹਰਵਿੰਦਰ ਸਿੰਘ ਨਿੱਪੀ, ਰਾਜੇਸ਼ ਮੰਦੌਰਾ, ਦਰਸ਼ਨ ਸਿੰਘ ਸਿੱਧੂ, ਸੰਦੀਪ ਸਿੰਗਲਾ, ਗੁਰਸੇਵਕ ਸਿੰਘ, ਕੁਲਵਿੰਦਰ ਅਰਨੋ, ਕੁਲਵੰਤ ਨਾਰੀਕੇ, ਰਸ਼ਪਾਲ ਜੋੜਾਮਾਜਰਾ, ਨੈਬ ਭਾਨਰੀ, ਅਸ਼ਵਨੀ ਬੱਤਾ, ਹਰਵੀਰ ਥਿੰਦ, ਜਗਵਿੰਦਰ ਢਿੱਲੋਂ, ਜਗਰੂਪ ਹੈਪੀ, ਹਰਦੀਪ ਕੁਲਾਰਾਂ, ਅੰਮ੍ਰਿਤ ਗੱਜੂਮਾਜਰਾ, ਚਮਕੌਰ ਨਿਰਮਾਣ ਆਦਿ ਸ਼ਾਮਲ ਹੋਏ।

## ਕਾਤਰਾਂ

### ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਚੰਡੀਗੜ੍ਹ 'ਚ ਮੁਜ਼ਾਹਰਾ ਅੱਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਈ ਅੰਮ੍ਰਿਤ ਪਾਲ ਸਿੰਘ ਤੇ ਜੇਲ੍ਹਾਂ 'ਚ ਬੰਦ ਹੋਰ ਬੰਦੀ ਸਿੰਘਾਂ ਦੀ ਰਿਹਾਈ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਚੰਡੀਗੜ੍ਹ ਰਿਹਾਇਸ਼ ਅੱਗੇ 29 ਜੁਲਾਈ ਨੂੰ ਭਾਰੀ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਅਕਾਲੀ ਵਾਰਿਸ ਦੇ ਸੀਨੀਅਰ ਆਗੂ ਲਖਵੀਰ ਸਿੰਘ ਕੋਟ ਨੇ ਦੱਸਿਆ ਕਿ ਇਸ ਧਰਨੇ 'ਚ ਹਜ਼ਾਰਾਂ ਦੀ ਗਿਣਤੀ ਵਿੱਚ ਅਕਾਲੀ ਦਲ ਦੇ ਆਗੂ ਤੇ ਵਰਕਰ ਸ਼ਾਮਲ ਹੋਣਗੇ। ਕੋਟ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਇਸ ਰੋਸ ਮੁਜ਼ਾਹਰੇ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ।

### ਹੈਰੋਇਨ ਦਾ ਨਸ਼ਾ ਕਰਦਾ ਕਾਬੂ, ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਹੈਰੋਇਨ ਦਾ ਨਸ਼ਾ ਕਰਨ 'ਤੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਐੱਸ.ਆਈ. ਸੰਦੀਪ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਨਹਿਰ ਦੀ ਪੱਟੜੀ ਅਮੀਰ ਖਾਸ ਸਰਕੀਆ ਵਿੱਚ ਬੈਠਾ ਨੌਜਵਾਨ ਧੂੰਆਂ ਅੰਦਰ ਨੂੰ ਖਿੱਚ ਰਿਹਾ ਸੀ, ਜੋ ਪੁਲਸ ਪਾਰਟੀ ਨੂੰ ਦੇਖ ਕੇ ਖਿਸਕਣ ਲੱਗਿਆ, ਜਿਸ ਨੂੰ ਕਾਬੂ ਕਰਕੇ ਨਾਮ-ਪਤਾ ਪੁੱਛਿਆ ਤੇ ਤਲਾਸ਼ੀ ਲੈਣ ਤੇ ਉਸ ਪਾਸੋਂ 1 ਲਾਈਟਰ, ਸਿਲਵਰ ਪੰਨੀ, ਜਿਸ ਤੇ ਕੁਝ ਹੈਰੋਇਨ ਚਿਪਕੀ ਹੋਈ ਤੇ ਕੁੱਝ ਜਲੀ ਹੋਈ, 10 ਰੁਪਏ ਦਾ ਭਾਰਤੀ ਕਰੰਸੀ ਨੋਟ ਬਰਾਮਦ ਹੋਇਆ। ਪੁਲਸ ਨੇ ਸਤਪਾਲ ਸਿੰਘ ਪੁੱਤਰ ਫਲਕ ਸਿੰਘ ਵਾਸੀ ਅਮੀਰ ਖਾਸ ਨੂੰ ਕਾਬੂ ਕਰਨ ਉਪਰੰਤ ਮੁਕੱਦਮਾ ਨੰਬਰ 83 ਮਿਤੀ 27 ਜੁਲਾਈ 2026 ਨੂੰ ਧਾਰਾ 27 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

### ਸਕੂਲ ਨੂੰ ਸਹਾਇਤਾ ਰਾਸ਼ੀ ਦਿੱਤੀ

**ਲੁਧਿਆਣਾ (ਸਤੀਸ਼ ਸਚਦੇਵਾ)**-ਮੁੱਖ ਅਧਿਆਪਕਾ ਸਰਕਾਰੀ ਹਾਈ ਸਕੂਲ ਜਵੱਦੀ ਸ਼੍ਰੀਮਤੀ ਕਿਰਨ ਗੁਪਤਾ ਨੇ ਦੱਸਿਆ ਕਿ ਇਸ ਸਕੂਲ ਦੇ ਰਿਟਾਇਰਡ ਅਧਿਆਪਕ ਸਵ: ਸ੍ਰੀਮਤੀ ਬਚਿੱਤਰ ਕੌਰ ਦੇ ਪੁੱਤਰ ਸੁਖਜੀਤ ਸਿੰਘ ਤੇ ਪੁੱਤਰੀ ਸ਼੍ਰੀਮਤੀ ਸ਼ੈਲੀ ਸਿੰਘ ਤੇ ਉਨ੍ਹਾਂ ਦੇ ਪਤੀ ਤਜਿੰਦਰ ਪਾਲ ਸਿੰਘ ਵੱਲੋਂ ਬੱਚਿਆਂ ਨੂੰ ਇਨਾਮ ਵਜੋਂ 20 ਹਜ਼ਾਰ ਰੁਪਏ ਦੀ ਰਾਸ਼ੀ ਤੇ ਇਸ ਸਕੂਲ ਦੇ ਪੁਰਾਣੇ ਵਿਦਿਆਰਥੀ ਮੰਨੂ ਤੂਰ ਵੱਲੋਂ 20 ਹਜ਼ਾਰ ਰੁਪਏ ਦੀ ਰਾਸ਼ੀ ਸਕੂਲ ਦੇ ਵੈੱਲਫੇਅਰ ਫੰਡ ਵਿੱਚ ਜਮ੍ਹਾਂ ਕਰਾਈ ਗਈ, ਜਿਸ ਨੂੰ ਹਰ ਜਮਾਤ ਦੇ ਹਰ ਸੈਕਸ਼ਨ ਦੇ ਵਿੱਚ ਪਹਿਲੇ ਤਿੰਨ ਥਾਂਵਾਂ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਬਰਾਬਰ ਵੰਡ ਕੇ ਨਕਦ ਇਨਾਮ ਉਹਨਾਂ ਦੀ ਮੌਜੂਦਗੀ ਵਿੱਚ 25 ਜੁਲਾਈ ਸੈਸ਼ਨ ਦੇ ਵਿਦਿਆਰਥੀਆਂ ਨੂੰ ਦਿੱਤੇ ਗਏ।

### ਪਲੇਸਮੈਂਟ ਕੈਂਪ ਭਲਕੇ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਰੋਜ਼ਗਾਰ ਅਫਸਰ ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ 30 ਜੁਲਾਈ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਆਈ.ਸੀ.ਆਈ.ਸੀ.ਆਈ. ਬੈਂਕ ਤੇ ਰਿਲਾਇੰਸ ਜੀਓ ਵੱਲੋਂ ਵੱਖ-ਵੱਖ ਅਹੁਦਿਆਂ ਲਈ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਹ ਪਲੇਸਮੈਂਟ ਕੈਂਪ ਸਵੇਰੇ 09:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਕਮਰਾ ਨੰਬਰ 128, ਗਰਾਂਊਂਡ ਫਲੋਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਫ਼ਤਹਿਗੜ੍ਹ ਸਾਹਿਬ ਵਿਖੇ ਲੱਗੇਗਾ।ਉਮੀਦਵਾਰ ਆਪਣੇ ਨਾਲ ਆਪਣਾ ਅੱਪਡੇਟ ਕੀਤਾ ਬਾਈਓਡਾਟਾ, ਅਸਲ ਵਿੱਦਿਅਕ ਸਰਟੀਫਿਕੇਟ ਤੇ ਪਾਸਪੋਰਟ ਸਾਈਜ਼ ਫੋਟੋਆਂ ਜ਼ਰੂਰ ਨਾਲ ਲੈ ਕੇ ਆਉਣ।

# ਬਿਹਾਰ 'ਚ ਵਿਦਿਆਰਥੀਆਂ ਦੇ ਪ੍ਰਦਰਸ਼ਨ ਖ਼ਿਲਾਫ਼ ਏ ਕੇ-47 ਦੀ ਵਰਤੋਂ ਨਿੰਦਣਯੋਗ : ਸੀ ਪੀ ਆਈ



**ਲੁਧਿਆਣਾ (ਐੱਮ. ਐੱਸ. ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੀ ਜ਼ਿਲ੍ਹਾ ਲੁਧਿਆਣਾ ਇਕਾਈ ਨੇ ਬਿਹਾਰ ਵਿੱਚ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਪ੍ਰਦਰਸ਼ਨ ਦੌਰਾਨ ਕਥਿਤ ਤੌਰ 'ਤੇ ਏਕੇ-47 ਰਾਈਫ਼ਲ ਦੀ ਵਰਤੋਂ ਕੀਤੇ ਜਾਣ ਦੀ ਸਖ਼ਤ ਨਿੰਦਾ ਕੀਤੀ ਹੈ।ਪਾਰਟੀ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਪੁਲਸ ਵੱਲੋਂ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਪੈਲੇਟ ਗੰਨਾਂ ਤੇ ਸਟਨ ਬੰਬਾਂ ਦੀ ਵਰਤੋਂ ਕੀਤੇ ਜਾਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਸਨ।ਹੁਣ ਬਿਹਾਰ ਤੋਂ ਇਹ ਰਿਪੋਰਟਾਂ ਸਾਹਮਣੇ ਆਈਆਂ ਹਨ ਕਿ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਏਕੇ-47 ਰਾਈਫ਼ਲ ਦੀ ਵਰਤੋਂ ਕੀਤੀ ਗਈ।ਬਿਹਾਰ ਪੁਲਸ ਦੇ ਬਿਆਨ ਅਨੁਸਾਰ, ਸੰਬੰਧਤ ਕਾਂਸਟੇਬਲ ਕਿਸੇ ਮਾਮਲੇ ਦੀ ਜਾਂਚ ਲਈ ਸਰਕਾਰੀ ਡਿਊਟੀ 'ਤੇ ਉਸ ਇਲਾਕੇ ਵਿੱਚ ਗਿਆ ਹੋਇਆ ਸੀ।ਇਹ ਜਾਣਕਾਰੀ ਸਾਹਮਣੇ ਆਈ ਹੈ ਕਿ ਉਸ ਕਾਂਸਟੇਬਲ ਨੂੰ ਫ਼ਿਲਹਾਲ ਮੁਅੱਤਲ ਕਰ ਦਿੱਤਾ ਗਿਆ ਹੈ, ਪਰ ਪਾਰਟੀ ਦਾ ਦਾਅਵਾ ਹੈ ਕਿ ਵੀਡੀਓਜ਼ ਸਪੱਸ਼ਟ ਤੌਰ 'ਤੇ ਦਿਖਾਉਂਦੀਆਂ ਹਨ ਕਿ ਉਹ ਨਾ ਤਾਂ ਹਵਾ ਵਿੱਚ ਗੋਲੀਆਂ ਚਲਾ ਰਿਹਾ ਸੀ ਅਤੇ ਨਾ ਹੀ ਸਰਕਾਰੀ ਸੰਪਤੀ ਦੀ ਰੱਖਿਆ ਲਈ ਕਾਰਵਾਈ ਕਰ ਰਿਹਾ ਸੀ, ਸਗੋਂ ਉਹ ਸਿੱਧੇ ਵਿਦਿਆਰਥੀਆਂ ਵੱਲ ਨਿਸ਼ਾਨਾ ਬਣਾ ਕੇ ਗੋਲੀਆਂ ਚਲਾ ਰਿਹਾ ਸੀ।ਪਾਰਟੀ ਨੇ ਸਵਾਲ ਉਠਾਇਆ ਕਿ ਕਿਸੇ ਮਾਮਲੇ ਦੀ ਜਾਂਚ ਲਈ ਜਾਣ ਵਾਲੇ ਪੁਲਿਸ ਕਰਮਚਾਰੀ ਨੂੰ ਏਕੇ-47 ਵਰਗਾ ਹਥਿਆਰ ਲੈ ਕੇ ਜਾਣ ਦੀ ਕੀ ਲੋੜ ਸੀ? ਪਾਰਟੀ ਆਗੂਆਂ ਨੇ ਇਸ ਘਟਨਾ ਨੂੰ 'ਫਾਸ਼ੀਵਾਦ ਦਾ ਨੰਗਾ ਚਿਹਰਾ' ਕਰਾਰ ਦਿੰਦਿਆਂ ਕਿਹਾ ਕਿ ਸਰਕਾਰ ਹੁਣ ਲੋਕਤੰਤਰਿਕ ਵਿਰੋਧ ਨੂੰ ਦਬਾਉਣ ਲਈ ਹਰ ਹੱਦ ਤੱਕ ਜਾਣ ਲਈ ਤਿਆਰ ਹੈ।ਉਨ੍ਹਾਂ ਕਿਹਾ ਕਿ ਜੇਕਰ ਅਜਿਹੀਆਂ ਕਾਰਵਾਈਆਂ ਜਾਰੀ ਰਹੀਆਂ ਤਾਂ ਭਵਿੱਖ ਵਿੱਚ ਅਸਹਿਮਤੀ ਦੀ ਆਵਾਜ਼ ਨੂੰ ਦਬਾਉਣ ਲਈ ਇਸ ਤੋਂ ਵੀ ਭਾਰੀ ਹਥਿਆਰਾਂ ਦੀ ਵਰਤੋਂ ਕੀਤੀ ਜਾ ਸਕਦੀ ਹੈ।ਪਾਰਟੀ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਲੋਕਤੰਤਰ ਲਈ ਗੰਭੀਰ ਖ਼ਤਰਾ ਹਨ ਤੇ ਖੱਬੇ ਪੱਖੀ ਪਾਰਟੀਆਂ, ਪ੍ਰਗਤੀਸ਼ੀਲ ਜਥੇਬੰਦੀਆਂ, ਧਰਮ ਨਿਰਪੱਖ ਸਿਆਸੀ ਪਾਰਟੀਆਂ ਤੇ ਆਮ ਲੋਕਾਂ ਨੂੰ ਅਜਿਹੀਆਂ ਕਾਰਵਾਈਆਂ ਦੇ ਵਿਰੋਧ ਲਈ ਇਕਜੁੱਟ ਹੋਣ ਦਾ ਸੱਦਾ ਦਿੱਤਾ।ਬਿਆਨ ਵਿੱਚ ਇਹ ਵੀ ਦੋਸ਼ ਲਾਇਆ ਗਿਆ ਕਿ ਕੇਂਦਰੀ ਗ੍ਰਹਿ ਮੰਤਰੀ ਦੇ ਸਿੱਧੇ ਨਿਰਦੇਸ਼ਾਂ ਤੋਂ ਬਿਨਾਂ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਸੰਭਵ ਨਹੀਂ ਹੈ ਤੇ ਇਸ ਮਾਮਲੇ ਨੂੰ ਬਹੁਤ ਹੀ ਗੰਭੀਰ ਕਰਾਰ ਦਿੱਤਾ ਗਿਆ।ਇਹ ਬਿਆਨ ਕਾਮਰੇਡ ਡੀ. ਪੀ. ਮੌੜ (ਜ਼ਿਲ੍ਹਾ ਸਕੱਤਰ), ਐੱਮ. ਐੱਸ. ਭਾਟੀਆ, ਚਮਕੌਰ ਸਿੰਘ, ਡਾ. ਰਜਿੰਦਰਪਾਲ ਸਿੰਘ ਔਲਖ, ਡਾ. ਅਰੁਣ ਮਿਤਰਾ, ਰਮੇਸ਼ ਰਤਨ, ਵਿਜੈ ਕੁਮਾਰ ਤੇ ਕੇਵਲ ਸਿੰਘ ਬਨਵੈਤ ਵੱਲੋਂ ਜਾਰੀ ਕੀਤਾ ਗਿਆ।

# ਮੀਰੀ ਪੀਰੀ ਖਾਲਸਾ ਮਾਰਚ ਦਾ ਮੋਗਾ ਪੁੱਜਣ 'ਤੇ ਸਿੱਖ ਸੰਗਤਾਂ ਵੱਲੋਂ ਭਰਵਾਂ ਸਵਾਗਤ

## ਮਾਰਚ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਬਾਣੇ ਤੇ ਬਾਣੇ ਦੇ ਧਾਰਨੀ ਬਣਾਉਣਾ : ਸਨੀ ਗਿੱਲ




**ਮੋਗਾ (ਇਕਬਾਲ ਸਿੰਘ ਖਹਿਰਾ)**-ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਸਰਬਉੱਚਤਾ ਨੂੰ ਦਰਸਾਉਂਦਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਮੀਰੀ ਪੀਰੀ ਖਾਲਸਾ ਮਾਰਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਧਰਮਕੋਟ ਤੋਂ ਮੋਗਾ ਪੁੱਜਣ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਤੇ ਫੁੱਲਾਂ ਦੀ ਵਰਖਾ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ, ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਅਤੇ ਸਮੂਹ ਸਿੱਖ ਸੰਗਤ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਹੁਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ ਸਿੰਘ ਸਾਹਿਬਾਨਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਵੀ ਕੀਤਾ।ਮਾਰਚ ਦਾ ਸਵਾਗਤ ਕਰਨ ਤੇ ਮਾਰਚ ਵਿੱਚ ਸ਼ਾਮਲ ਹੋਣ ਲਈ ਮੋਗਾ ਦੀਆਂ ਸਿੱਖ ਸੰਗਤਾਂ ਵਿੱਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨਾਲ ਸੀਨੀਅਰ ਆਗੂਆਂ ਵਿੱਚ ਰਜਿੰਦਰ ਸਿੰਘ ਡੱਲਾ, ਮੈਂਬਰ ਸ਼੍ਰੋਮਣੀ ਕਮੇਟੀ ਤਰਸੇਮ ਸਿੰਘ ਰੱਤੀਆਂ, ਰਾਜਵੰਤ ਸਿੰਘ ਮਾਹਲਾ, ਗੋਵਰਧਨ ਪੋਪਲੀ, ਮਨਜੀਤ ਸਿੰਘ ਧੰਮੂ, ਚਰਨਜੀਤ ਸਿੰਘ ਝੰਡੇਆਣਾ, ਰਣਜੀਤ ਸਿੰਘ ਭਾਊ, ਯੂਥ ਆਗੂ ਸੁਖਬੀਰ ਸਿੰਘ ਸੁਖ ਗਿੱਲ, ਐੱਸ ਓ ਆਈ ਦੇ ਜੋਆਏਦੀਪ ਸ਼ਰਮਾ, ਯੂਥ ਜ਼ਿਲ੍ਹਾ ਪ੍ਰਧਾਨ ਦੇਬਸੀਸ ਮਲਿਕ, ਗੁਰਬਿੰਦ ਸਿੰਘ ਸਿੰਘਾ ਵਾਲਾ, ਰਵਦੀਪ ਸਿੰਘ ਦਾਰਾਪੁਰ, ਮਾਸਟਰ ਗੁਰਦੀਪ ਸਿੰਘ ਮਹੇਸਰੀ, ਬਿਪਨਪਾਲ ਸਿੰਘ ਖੋਸਾ, ਨਰਿੰਦਰ ਸਿੰਘ ਬੁੱਕਣ ਵਾਲਾ ਸਾਰੇ ਸਰਕਲ ਪ੍ਰਧਾਨ ਆਦਿ ਸਵਾਗਤੀ ਮਾਰਚ ਵਿੱਚ ਸ਼ਾਮਲ ਸਨ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਮੋਗਾ ਵਾਸੀਆਂ ਲਈ ਬੜਾ ਹੀ ਸੁਭਾਗਾ ਸਮਾਂ ਹੈ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਵੱਲੋਂ ਵਰੋਸਾਈ ਸਿੱਖਾਂ ਦੀ ਸਰਬਉੱਚ ਸੁਪਰੀਮ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ਼ੁਰੂ ਹੋਇਆ ਮੀਰੀ ਪੀਰੀ ਖਾਲਸਾ ਮਾਰਚ ਮੋਗਾ ਪੁੱਜਾ, ਜਿੱਥੇ ਸੰਗਤਾਂ ਨੇ ਮਾਰਚ ਭਰਵਾਂ ਸਵਾਗਤ ਕੀਤਾ ਅਤੇ ਮਾਰਚ ਲੁਹਾਰਾ ਚੌਕ ਮੋਗਾ, ਲੰਢੇਕੇ, ਮੋਗਾ ਦਾ ਮੁੱਖ ਚੌਕ, ਅਕਾਲਸਰ ਰੋਡ ਚੌਕ, ਗੋਧੇਵਾਲਾ, ਕੋਟਕਪੂਰਾ ਬਾਈਪਾਸ ਵਿੱਚ ਪੜਾਅ ਕਰਦਾ ਹੋਇਆ ਅੱਗੇ ਵੱਲ ਰਵਾਨਾ ਹੋ ਗਿਆ।ਉਨ੍ਹਾਂ ਦੱਸਿਆ ਕਿ ਸੰਗਤਾਂ ਵੱਲੋਂ ਵਿਸ਼ੇਸ਼ ਚਾਹ ਪਾਣੀ, ਫਰੂਟ ਤੇ ਹੋਰ ਕਈ ਪ੍ਰਕਾਰ ਦੇ ਲੰਗਰਾਂ ਦਾ ਪ੍ਰਬੰਧ ਕੀਤਾ ਗਿਆ ਸੀ।

ਸੰਨੀ ਗਿੱਲ ਨੇ ਕਿਹਾ ਕਿ ਇਹ ਮੀਰੀ ਪੀਰੀ ਖਾਲਸਾ ਮਾਰਚ ਦਾ ਮੁੱਖ ਉਦੇਸ਼ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤਾਂ, ਉਸ ਦੀ ਸਰਬਉੱਚਤਾ ਨੂੰ ਬਹਾਲ ਕਰਦੇ ਹੋਏ ਮੀਰੀ ਤੇ ਪੀਰੀ ਦੇ ਸਿਧਾਂਤ ਤੋਂ ਨੌਜਵਾਨ ਪੀੜ੍ਹੀ ਨੂੰ ਜਾਗਰੂਕ ਕਰਨ ਸਿੱਖ ਨੌਜਵਾਨਾਂ ਨੂੰ ਬਾਣੇ ਤੇ ਬਾਣੇ ਦੇ ਧਾਰਨੀ ਬਣਾਉਣਾ ਹੈ।

# ਵਿਦਿਆਰਥੀ ਸਨਮਾਨ ਸਮਾਰੋਹ ਭਲਕੇ

**ਕੋਟਕਪੂਰਾ (ਰਛਪਾਲ ਭੁੱਲਰ)**-ਰਾਮ ਮੁਹੰਮਦ ਸਿੰਘ ਆਜ਼ਾਦ ਵੈੱਲਫੇਅਰ ਸੁਸਾਇਟੀ ਕੋਟਕਪੂਰਾ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਦੀ 31 ਜੁਲਾਈ ਨੂੰ ਸਰਕਾਰੀ ਛੁੱਟੀ ਹੋਣ ਕਰਕੇ 30 ਜੁਲਾਈ ਵੀਰਵਾਰ ਨੂੰ ਸਵੇਰੇ 8 ਵਜੇ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸਥਾਨਕ ਪੀ ਐੱਮ ਸ੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਵਿਖੇ ਮਨਾਇਆ ਜਾ ਰਿਹਾ ਹੈ।ਸੁਸਾਇਟੀ ਦੇ ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਪ੍ਰੋਜੈਕਟ ਚੇਅਰਮੈਨ ਹਰਭਜਨ ਸਿੰਘ ਪਦਮ, ਮੁਖ਼ਤਿਆਰ ਸਿੰਘ ਮੱਤਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ ਤੇ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਦੇ ਮੁੱਖ ਅਧਿਆਪਕ ਮਨੀਸ਼ ਕੁਮਾਰ ਛਾਬੜਾ ਨੇ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਮੈਡਮ ਅੰਜਨਾ ਕੌਸ਼ਲ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਤੇ ਸੈਕੰਡਰੀ) ਫ਼ਰੀਦਕੋਟ ਤੇ ਵਿਸ਼ੇਸ਼ ਮਹਿਮਾਨ ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ ਕੋਟਕਪੂਰਾ ਹੋਣਗੇ। ਸਮਾਗਮ ਦੌਰਾਨ ਪਿਛਲੀਆਂ ਰਵਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਸਾਲ 2025-26 ਦੀਆਂ ਅੱਠਵੀਂ ਤੇ ਦਸਵੀਂ ਜਮਾਤ ਦੀਆਂ ਸਲਾਨਾ ਪ੍ਰੀਖਿਆਵਾਂ ਵਿੱਚੋਂ ਸਰਕਾਰੀ ਸਕੂਲਾਂ ਦੀ ਜ਼ਿਲ੍ਹਾ ਫਰੀਦਕੋਟ ਦੀ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੇ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਦੇ ਹੋਣਹਾਰ ਵਿਦਿਆਰਥੀ ਸਨਮਾਨਤ ਕੀਤੇ ਜਾ ਰਹੇ ਹਨ।

# ਐੱਲ ਏ ਡੀ ਸੀ ਦੇ ਵਿਰੋਧ 'ਚ ਵਕੀਲਾਂ ਵੱਲੋਂ ਨਿਰੰਤਰ ਭੁੱਖ ਹੜਤਾਲ ਜਾਰੀ



**ਬਰਨਾਲਾ (ਰਾਜਿੰਦਰ ਬਰਾੜ/ਰਾਕੇਸ਼ ਨੀਟਾ)**
ਪੰਜਾਬ ਦੀਆਂ ਸਮੂਹ ਬਾਰ ਐਸੋਸੀਏਸ਼ਨਾਂ ਦੀ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਬਰਨਾਲਾ ਵੱਲੋਂ ਲੀਗਲ ਏਡ ਡਿਫੈਂਸ ਕੌਂਸਲ ਨੀਤੀ ਦੇ ਵਿਰੋਧ ਵਿੱਚ ਵਕੀਲਾਂ ਦੀ ਹੜਤਾਲ ਨਿਰੰਤਰ ਜਾਰੀ ਹੈ।ਅੱਜ ਭੁੱਖ ਹੜਤਾਲ ਦੌਰਾਨ ਵੱਡੀ ਗਿਣਤੀ ਵਿੱਚ ਵਕੀਲਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਬਾਰ ਐਸੋਸੀਏਸ਼ਨ ਦੇ ਚੇਅਰਮੈਨ ਹਰਿੰਦਰ ਪਾਲ ਸਿੰਘ ਰਾਣੂੰ, ਰੁਪਿੰਦਰ ਸਿੰਘ ਸੰਧੂ, ਪਰਮਜੀਤ ਸਿੰਘ, ਨਰੇਸ਼ ਕੁਮਾਰੀ ਬਾਵਾ, ਅਨੂ ਸ਼ਰਮਾ, ਸਰਬਜੀਤ ਕੌਰ ਆਦਿ ਨੇ ਕਿਹਾ ਕਿ ਕੇਂਦਰ ਸਰਕਾਰ ਐੱਲ.ਏ.ਡੀ.ਸੀ. ਪਾਲਿਸੀ ਲਾਗੂ ਕਰਕੇ ਕਾਨੂੰਨਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਮੂਹ ਵਕੀਲਾਂ ਵੱਲੋਂ ਇਸ ਨੀਤੀ ਦਾ ਡੱਟ ਕੇ ਵਿਰੋਧ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਵਕੀਲਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਉਹ ਦਿੱਲੀ ਦੇ ਜੰਤਰ-ਮੰਤਰ ਵਿੱਚ ਜਾ ਕੇ ਕੇਂਦਰ ਸਰਕਾਰ ਵਿਰੁੱਧ ਰੋਸ ਪ੍ਰਗਟਾਉਣ ਤੋਂ ਵੀ ਗੁਰੇਜ਼ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਰਵੱਈਏ ਕਰਕੇ ਹੁਣ ਜੁਰਮ ਕਰਨ ਵਾਲੇ ਅਨਸਰਾਂ ਨੂੰ ਵੀ ਪੂਰੀ ਤਰ੍ਹਾਂ ਖੁੱਲ੍ਹ ਮਿਲੀ ਹੋਈ ਹੈ, ਜਿਸ ਦੀ ਜ਼ਿੰਮੇਵਾਰ ਸਿੱਧੇ ਤੌਰ 'ਤੇ ਕੇਂਦਰ ਸਰਕਾਰ ਹਨ, ਕਿਉਂਕਿ ਕੇਂਦਰ ਵੱਲੋਂ ਵਕੀਲਾਂ ਦੀਆਂ ਮੰਗਾਂ ਨੂੰ ਲਟਕਾਉਣਾ ਸ਼ਰਾਰਤੀ ਅਨਸਰਾਂ ਨੂੰ ਖੁੱਲ੍ਹ ਦੇਣ ਬਰਾਬਰ ਹੈ।ਬਾਰ ਐਸੋਸੀਏਸ਼ਨ ਦੇ ਮਤੇ ਅਨੁਸਾਰ ਇਹ ਮੁਕੰਮਲ ਹੜਤਾਲ ਜੁਆਇੰਟ ਐਕਸ਼ਨ ਕਮੇਟੀ ਦੇ ਅਗਲੇ ਫੈਸਲੇ ਤੱਕ ਜਾਰੀ ਰਹੇਗੀ।ਵਕੀਲਾਂ ਨੇ ਕਿਹਾ ਕਿ ਇਹ ਸੰਘਰਸ਼ ਕਿਸੇ ਵਿਅਕਤੀ ਵਿਸ਼ੇਸ਼ ਦੇ ਵਿਰੁੱਧ ਨਹੀਂ, ਸਗੋਂ ਵਕੀਲ ਭਾਈਚਾਰੇ ਦੀ ਪੇਸ਼ੇਵਰ ਮਰਿਆਦਾ, ਸੁਤੰਤਰਤਾ ਤੇ ਨਿਆਂ ਪ੍ਰਣਾਲੀ ਦੀ ਪਾਰਦਰਸ਼ਤਾ ਦੀ ਰੱਖਿਆ ਲਈ ਲੜਿਆ ਜਾ ਰਿਹਾ ਹੈ।ਇਸ ਮੌਕੇ ਵਾਰ ਐਸੋਸੀਏਸ਼ਨ ਇਸ ਦੌਰਾਨ ਵਕੀਲਾਂ ਨੇ ਐੱਲ.ਈ.ਡੀ.ਸੀ. ਪ੍ਰਣਾਲੀ ਨੂੰ ਖਤਮ ਕਰਕੇ ਪਹਿਲਾਂ ਵਾਲੀ ਪ੍ਰਣਾਲੀ ਮੁੜ ਬਹਾਲ ਕਰਨ ਦੀ ਮੰਗ ਕੀਤੀ, ਅੱਜ ਦੀ ਭੁੱਖ ਹੜਤਾਲ ਵਿੱਚ ਚੇਅਰਮੈਨ ਹਰਿੰਦਰ ਪਾਲ ਸਿੰਘ ਰਾਣੂੰ, ਜੋਇੰਟ ਸੈਕਟਰੀ ਯਾਦਵ ਸ਼ਰਮਾ, ਇਕਬਾਲ ਸਿੰਘ ਗਿੱਲ, ਦਲਜਿੰਦਰ ਸਿੰਘ ਜੌਹਲ, ਦਵਿੰਦਰ ਸਿੰਘ ਸੰਘੇੜਾ, ਜਤਿੰਦਰ ਸਿੰਘ ਗਿੱਲ, ਗੁਰਮੀਤ ਸਿੰਘ ਸਰਾਓ, ਦਾਰਾ ਸਿੰਘ, ਯੁਵਰਾਜ ਸ਼ਰਮਾ, ਨਵਰੋਜ ਸਿੰਘ, ਭੁਪਿੰਦਰ ਸਿੰਘ ਸੋਹੀ, ਪਰਦੀਪ ਕੌਰ, ਜਸਪ੍ਰੀਤ ਕੌਰ, ਵੀਰਪਾਲ ਕੌਰ, ਸੁਖਦੀਪ ਸਿੰਘ ਸੰਧੂ ਆਦਿ ਬੈਠੇ ਸਨ।ਇਸ ਮੌਕੇ ਬਲਵੰਤ ਸਿੰਘ ਮਾਨ, ਧਰਮਿੰਦਰ ਸਿੰਘ, ਨਛੱਤਰ ਸਿੰਘ ਬਰਾੜ, ਧਾਲੀਵਾਲ, ਰਘਵਿੰਦਰ ਸਿੰਘ ਸਿੱਧੂ, ਪਰਮਿੰਦਰ ਸਿੰਘ ਗਿੱਲ, ਰਣਜੀਤ ਸਿੰਘ, ਹਰਪ੍ਰੀਤ ਸਿੰਘ ਢਿੱਲੋਂ, ਮਨਦੀਪ ਸਿੰਘ ਸਹਿਜੜਾ, ਹਾਕਮ ਸਿੰਘ ਭੁੱਲਰ, ਧਰਮਪਾਲ ਸਿੰਘ, ਕੁਲਵੰਤ ਰਾਏ ਗੋਇਲ, ਗੁਰਪ੍ਰੀਤ ਸਿੰਘ ਕਾਲੀਆ, ਧੀਰਜ ਕੁਮਾਰ, ਚੰਦਰ ਬਾਂਸਲ, ਅਮਨਦੀਪ ਸਿੰਘ ਬਾਹੀਆ, ਜਗਸੀਤ ਸਿੰਘ ਧਾਲੀਵਾਲ, ਬੱਗਾ ਸਿੰਘ ਕਾਹਨੇਕੇ, ਪ੍ਰਿਥੀਪਾਲ ਸਿੰਘ ਕੌਲਧਾਰ, ਚਮਕੌਰ ਸਿੰਘ ਭੱਠਲ, ਰਾਹੁਲ ਗੁਪਤਾ, ਲੋਕੇਸਵਰ ਸੇਵਕ, ਅਭੇ ਜਿੰਦਲ, ਬਲਵਿੰਦਰ ਭੁੱਲਰ, ਹਰਪ੍ਰੀਤ ਸਿੰਘ ਸੰਧੂ, ਮਨਪ੍ਰੀਤ ਸਿੰਘ ਤਪਾ, ਸਵਰਨਜੀਤ ਕੌਰ, ਦਿੱਵਿਆ ਗਲਾਟੀ, ਸਿਮਰਨਜੀਤ ਕੌਰ ਪੁਰਬਾ, ਕਮਲਜੀਤ ਕੌਰ ਸੋਹਲ (ਸਾਰੇ ਵਕੀਲ) ਆਦਿ ਹਾਜ਼ਰ ਸਨ ।

# ਸਾਹਿਤ ਸੱਭਿਆਚਾਰ ਮੰਚ ਦੀ ਇਕੱਤਰਤਾ ਹੋਈ

## 'ਸਵਰਨ ਭੰਗੂ : ਸਿਮਰਤੀ ਪਰਵਾਜ਼' ਮੈਗਜ਼ੀਨ ਜਲਦ ਛਪੇਗਾ

**ਬਠਿੰਡਾ (ਬਖਤੌਰ ਢਿੱਲੋਂ)**-ਸਾਹਿਤ ਸੱਭਿਆਚਾਰ ਮੰਚ ਰਜਿ: ਦੀ ਭਰਵੀਂ ਇਕੱਤਰਤਾ ਭੋਲਾ ਸਿੰਘ ਗਿੱਲਪੱਤੀ ਦੀ ਪ੍ਰਧਾਨਗੀ ਹੇਠ ਹੋਈ। ਹਾਜ਼ਰੀਨ ਨੇ ਸ੍ਰੀ ਅਤਰਜੀਤ ਹੁਰਾਂ ਦੇ ਕਹਾਣੀ ਸੰਗ੍ਰਹਿ 'ਸਬੂਤੇ ਕਦਮ' ਨੂੰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਬੀ ਏ ਦੇ ਸਿਲੇਬਸ ਵਿੱਚ ਸ਼ਾਮਲ ਕਰਨ 'ਤੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ। ਇਸ ਉਪਰੰਤ ਸੁਖਵਿੰਦਰ ਸਿੰਘ ਜੀਦਾ ਨੇ ਦਲਿਤ ਤੇ ਹਾਸ਼ੀਆਗਤ ਏਜੰਡੇ ਨੂੰ ਖੋਲ੍ਹ ਕੇ ਪੇਸ਼ ਕੀਤਾ। ਬੁਲਾਰਿਆਂ ਨੇ ਭਖਵੀਂ ਚਰਚਾ ਕੀਤੀ, ਜਿਸ ਵਿੱਚੋਂ ਇਹ ਗੱਲ ਨਿੱਤਰ ਕੇ ਸਾਹਮਣੇ ਆਈ ਕਿ ਕੁੱਝ ਆਲੋਚਕਾਂ ਵੱਲੋਂ ਜਾਣ-ਬੁੱਝ ਕੇ ਹੇਠਲੇ ਭਾਈਚਾਰਿਆਂ ਵਿੱਚੋਂ ਆਏ ਕਲਮਕਾਰਾਂ ਨੂੰ ਸਮੁੱਚੇ ਸਾਹਿਤ ਵਿੱਚੋਂ ਨਿਖੇੜਾ ਕਰਨ ਲਈ ਦਲਿਤ ਸਾਹਿਤਕਾਰਾਂ ਦੀ ਵੰਨਗੀ ਵਿੱਚ ਸ਼ਾਮਲ ਕੀਤਾ ਗਿਆ ਹੈ। ਅਤਰਜੀਤ ਕਹਾਣੀਕਾਰ ਨੇ ਵਿਚਾਰ ਪੇਸ਼ ਕੀਤਾ ਕਿ ਉਹ ਅਤੇ ਵਰਿਆਮ ਸੰਧੂ ਇੱਕੋ ਧਾਰਾ ਦੇ ਕਹਾਣੀਕਾਰ ਸਨ ਤੇ ਦੋਵਾਂ ਦਾ ਕਹਾਣੀ ਦੇ ਖੇਤਰ ਵਿੱਚ ਨਾਂ ਅੱਗੜ-ਪਿੱਛੜ ਆਉਂਦਾ ਸੀ। ਪਰ ਲੰਬਾ ਸਮਾਂ ਆਲੋਚਕ ਮੇਰਾ ਨਾਂਅ ਹੀ ਭੁੱਲ ਗਏ ਸਨ, ਜਿਸਦਾ ਕਾਰਨ ਇਹੋ ਸੋਚ ਸੀ ਜਦੋਂ ਕਿ ਮੈਂ ਦਲਿਤ ਸਮਾਜ ਦਾ ਲੇਖਕ ਹਾਂ ਨਾ ਕਿ ਜਾਤਾਂ ਦਾ। ਪਰ ਕਿਸੇ ਨਾ ਕਿਸੇ ਰੂਪ ਵਿੱਚ ਇਹ ਵਰਤਾਰਾ ਅਜੇ ਵੀ ਰੁਕਿਆ ਨਹੀਂ। ਸ੍ਰੀ ਗਿੱਲਪੱਤੀ ਨੇ ਇਸ ਵਿਚਾਰ ਦੀ ਵਕਾਲਤ ਕਰਦਿਆਂ ਕਿਹਾ ਕਿ ਇਸ ਨੂੰ ਕਿਰਤੀ ਜਮਾਤ ਦਾ ਸਾਹਿਤ ਕਿਹਾ ਜਾਣਾ ਚਾਹੀਦਾ ਹੈ। ਇਸ ਵਿਚਾਰ ਦਾ ਹਾਜ਼ਰੀਨ ਨੇ ਗਰਮਜੋਸ਼ੀ ਨਾਲ ਸੁਆਗਤ ਕੀਤਾ। ਮਰਹੂਮ ਸਵਰਨ ਭੰਗੂ ਬਾਰੇ ਛਾਪੇ ਜਾਣ ਵਾਲੇ ਮੈਗਜ਼ੀਨ ਦਾ ਨਾਂ 'ਸਵਰਨ ਭੰਗੂ : ਸਿਮਰਤੀ ਪਰਵਾਜ' ਪ੍ਰਵਾਨ ਹੋਇਆ। ਸ੍ਰੀ ਅਤਰਜੀਤ ਨੇ ਦੱਸਿਆ ਕਿ ਇਸ ਮੈਗਜ਼ੀਨ ਬਾਰੇ ਕਾਫ਼ੀ ਮੈਟਰ ਪਹੁੰਚ ਗਿਆ ਹੈ, ਪਰ ਤਸਵੀਰਾਂ ਤੇ ਹੋਰ ਮੈਟਰ ਦੀ ਉਡੀਕ ਕੀਤੀ ਜਾ ਰਹੀ ਹੈ।

# ਸ਼ਹੀਦ ਕਿਰਨਜੀਤ ਕੌਰ ਯਾਦਗਾਰੀ ਸਮਾਗਮ ਦੀਆਂ ਤਿਆਰੀਆਂ ਸੰਬੰਧੀ ਇਕੱਤਰਤਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**
ਸ਼ਹੀਦ ਕਿਰਨਜੀਤ ਕੌਰ ਮਹਿਲ ਕਲਾਂ ਦਾ 29ਵਾਂ ਯਾਦਗਾਰੀ ਸਮਾਗਮ 12 ਅਗਸਤ ਮੰਡੀ ਮਹਿਲ ਕਲਾਂ ਵਿਖੇ ਇਨਕਲਾਬੀ ਜੋਸ਼ ਨਾਲ ਮਨਾਉਣ ਦੀਆਂ ਤਿਆਰੀਆਂ ਦੀ ਠੋਸ ਵਿਉਂਤਬੰਦੀ ਲਈ ਜਨਤਕ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਦੀ ਵਧਵੀਂ ਮੀਟਿੰਗ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਕਨਵੀਨਰ ਗੁਰਬਿੰਦਰ ਸਿੰਘ ਕਲਾਲਾ ਦੀ ਅਗਵਾਈ ਹੇਠ ਹੋਈ।ਇਸ ਮੌਕੇ ਸੈਂਕੜਿਆਂ ਦੀ ਗਿਣਤੀ ਮਰਦ, ਔਰਤਾਂ ਨੇ ਸ਼ਮੂਲੀਅਤ ਕੀਤੀ। ਆਗੂਆਂ ਮਨਜੀਤ ਸਿੰਘ ਧਨੇਰ, ਅਮਰਜੀਤ ਕੌਰ, ਰਾਜਪਾਲ ਕੌਰ, ਪ੍ਰੇਮ ਪਾਲ ਕੌਰ, ਗੁਰਮੀਤ ਸੁਖਪੁਰਾ, ਹਰਜਿੰਦਰ ਕੌਰ ਨੇ ਕਿਹਾ ਕਿ ਲੱਖਾਂ ਲੋਕਾਂ ਦੀ ਸਰਗਰਮ ਸ਼ਮੂਲੀਅਤ ਕਾਰਨ 'ਜਬਰ ਜ਼ੁਲਮ ਖਿਲਾਫ਼ ਲੋਕ ਟਾਕਰੇ ਦਾ ਐਲਾਨਨਾਮਾ ਮਹਿਲ ਕਲਾਂ ਲੋਕ ਘੋਲ' 29ਵੇਂ ਸਾਲ ਵਿੱਚ ਦਾਖ਼ਲ ਹੋ ਗਿਆ ਹੈ।

ਇਹ ਲੋਕ ਘੋਲ ਅਨੇਕਾਂ ਮੋੜਾਂ ਨੂੰ ਸਰ ਕਰਦਾ ਹੋਇਆ ਵਿਗਿਆਨਕ ਵਿਚਾਰਧਾਰਾ ਤੇ ਦਰੁਸਤ ਅਗਵਾਈ ਸਦਕਾ ਨਵੀਆਂ ਪੁਲਾਂਘਾਂ ਪੁੱਟ ਰਿਹਾ ਹੈ।ਇਹ ਮਹਿਲ ਕਲਾਂ ਲੋਕ ਘੋਲ ਦਾ ਹਕੀਕੀ ਵਿਗਿਆਨ ਹੈ।ਆਗੂ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਗੁਰਮੇਲ ਸਿੰਘ ਠੁੱਲੀਵਾਲ, ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ, ਡਾ: ਅਮਰਜੀਤ ਸਿੰਘ ਕਾਲਸਾਂ, ਜਗਮੀਤ ਸਿੰਘ ਨੇ ਕਿਹਾ ਕਿ ਸਾਡੇ ਮੁਲਕ 'ਚ ਨਿੱਕੀਆਂ ਬੱਚੀਆਂ ਨੂੰ ਸਮੂਹਕ ਬਲਾਤਕਾਰ ਦਾ ਸ਼ਿਕਾਰ ਬਣਾ ਕੇ ਕਤਲ ਕੀਤਾ ਜਾ ਰਿਹਾ ਹੈ, ਤਾਂ ਇਸੇ ਸਮੇਂ ਕੌਮਾਂਤਰੀ ਪੱਧਰ 'ਤੇ ਅਮਰੀਕੀ-ਇਜ਼ਰਾਈਲੀ ਧਾੜਵੀਆਂ ਵੱਲੋਂ ਈਰਾਨ ਖਿਲਾਫ਼ ਵਿੱਢੀ ਨਿਹੱਕੀ ਜੰਗ ਵਿੱਚ ਮੀਨਾਬ ਸਕੂਲ ਵਰਗੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ।ਇਸ ਵਿਚਾਰ ਚਰਚਾ ਵਿੱਚ ਭਾਗ ਲੈਂਦਿਆਂ ਕੁਲਵੀਰ ਸਿੰਘ ਔਲਖ, ਸਿਕੰਦਰ ਸਿੰਘ ਮਹਿਲ ਖੁਰਦ, ਕੁਲਵੰਤ ਸਿੰਘ ਭਦੌੜ, ਲਖਵੀਰ ਸਿੰਘ, ਸੁਖਪ੍ਰੀਤ ਸਿੰਘ, ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਕਿਹਾ ਕਿ ਅਮਰੀਕੀ-ਇਜ਼ਰਾਈਲੀ ਹਮਲੇ ਦੌਰਾਨ ਮੀਨਾਬ (ਈਰਾਨ) ਵਿੱਚ ਮਾਰੀਆਂ ਗਈਆਂ ਬੱਚੀਆਂ ਤੇ ਅਧਿਆਪਕਾਵਾਂ ਨੂੰ ਸਮਰਪਿਤ ਕਰਦਿਆਂ, ਬੱਬਰ ਅਕਾਲੀ ਲਹਿਰ ਦਾ ਸ਼ਤਾਬਦੀ ਵਰ੍ਹਾ ਹੋਣ ਕਰਕੇ ਇਸ ਦੇ ਜੁਝਾਰੂ ਵਿਰਸੇ ਨੂੰ ਬੁਲੰਦ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ।ਜ਼ਿਲ੍ਹੇ ਦੇ ਸਮੁੱਚੇ ਪਿੰਡਾਂ ਵਿੱਚ 1 ਅਗਸਤ ਤੋਂ 11 ਅਗਸਤ ਤੱਕ ਹਰ ਰੋਜ਼ 2-3 ਪਿੰਡਾਂ ਵਿੱਚ ਮੀਟਿੰਗਾਂ ਕਰਨ ਦਾ ਫ਼ੈਸਲਾ ਕੀਤਾ ਗਿਆ।ਮੀਟਿੰਗ ਦੌਰਾਨ ਮੋਦੀ ਹਕੂਮਤ ਵੱਲੋਂ 'ਸਤਲੁਜ' ਫਿਲਮ 'ਤੇ ਲਾਈ ਗਈ ਪਾਬੰਦੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਪ੍ਰਚਾਰ ਮੁਹਿੰਮ ਲਈ 29ਵੇਂ ਯਾਦਗਾਰੀ ਸਮਾਗਮ ਦਾ ਰੰਗਦਾਰ ਵੱਡ ਅਕਾਰੀ ਪੋਸਟਰ ਤੇ ਸਟਿੱਕਰ ਜਾਰੀ ਕੀਤਾ ਗਿਆ।

# ਕਾਂਗਰਸ ਵੱਲੋਂ ਸਮਾਣਾ ਹਲਕੇ 'ਚ 'ਕਾਂਗਰਸ ਲਿਆਓ, ਪੰਜਾਬ ਬਚਾਓ' ਮੁਹਿੰਮ ਦਾ ਆਗਾਜ਼

## 2027 ਚੋਣਾਂ ਲਈ ਲੋਕਾਂ ਨੂੰ ਕਾਂਗਰਸ ਦੇ ਹੱਕ 'ਚ ਕੀਤਾ ਜਾਵੇਗਾ ਲਾਮਬੰਦ : ਰਾਜਿੰਦਰ ਸਿੰਘ



**ਪਟਿਆਲਾ/ਸਮਾਣਾ (ਰਾਜਿੰਦਰ ਸਿੰਘ ਥਿੰਦ/ਇਕਬਾਲ ਸਿੰਘ ਬੱਲ)**-ਕਾਂਗਰਸ ਪਾਰਟੀ ਵੱਲੋਂ 2027 ਦੀਆਂ ਵਿਧਾਨ ਸਭਾਈ ਦੇ ਮੱਦੇਨਜ਼ਰ ਲੋਕਾਂ ਨੂੰ ਕਾਂਗਰਸ ਦੇ ਹੱਕ ਵਿੱਚ ਲਾਮਬੰਦ ਕਰਨ ਲਈ ਕਾਂਗਰਸ ਦੇ ਆਗੂ ਅਤੇ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਦੀ ਅਗਵਾਈ ਹੇਠ 'ਕਾਂਗਰਸ ਲਿਆਓ, ਪੰਜਾਬ ਬਚਾਓ' ਮੁਹਿੰਮ ਦਾ ਆਗਾਜ਼ ਕੀਤਾ ਗਿਆ।

ਇਸ ਮੁਹਿੰਮ ਤਹਿਤ ਰਾਜਿੰਦਰ ਸਿੰਘ ਦੀ ਅਗਵਾਈ ਹੇਠ ਸਮਾਣਾ ਹਲਕੇ ਦੇ ਪਿੰਡਾਂ ਦਾ ਦੌਰਾ ਕਰਕੇ ਮੀਟਿੰਗਾਂ ਦਾ ਦੌਰ ਆਰੰਭ ਦਿੱਤਾ ਗਿਆ ਹੈ। ਕਾਂਗਰਸ ਦੇ ਆਗੂ ਰਾਜਿੰਦਰ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਕਾਂਗਰਸ ਪਾਰਟੀ ਦੀ ਨਿਤੀਆਂ ਤੇ ਮੌਜੂਦਾ ਆਮ ਆਦਮੀ ਪਾਰਟੀ ਦੀ ਭੰਗਵੰਤ ਮਾਨ ਸਰਕਾਰ ਦੀ ਸੂਬੇ ਦੇ ਲੋਕਾਂ ਨਾਲ ਕੀਤੀਆਂ ਜਾ ਰਹੀਆਂ ਵਧੀਕਿਆਂ ਬਾਰੇ ਜਾਣੂ ਕਰਵਾਇਆ ਜਾ ਜਾਵੇਗਾ। ਰਾਜਿੰਦਰ ਸਿੰਘ ਪਿਛਲੇ ਕਈ ਸਾਲਾਂ ਤੋਂ ਹਲਕਾ ਸਮਾਣਾ ਦੇ ਲੋਕਾਂ ਦੀ ਸੇਵਾ 'ਚ ਡੱਟ ਕੇ ਲੱਗੇ ਹੋਏ ਹਨ ਤੇ ਹਲਕਾ ਸਮਾਣਾ ਵਿੱਚ ਹਰਮਨ ਪਿਆਰੇ ਨੇਤਾ ਵਜੋਂ ਉੱਭਰ ਕੇ ਸਾਹਮਣੇ ਆਏ ਹਨ। ਕਿਸਾਨਾਂ ਮਜ਼ਦੂਰਾਂ, ਮੁਲਾਜ਼ਮਾਂ ਤੇ ਹਰ ਵਰਗ ਦੇ ਲਈ ਡਟਣ ਵਾਲੇ ਰਾਜਿੰਦਰ ਸਿੰਘ ਨੇ ਕਿਹਾ ਕਿ ਉਹ ਸਾਮਣਾ ਹਲਕਾ ਵਾਸੀਆਂ ਦੀ ਸੇਵਾ ਲਈ ਡੱਟ ਕੇ ਕੰਮ ਕਰ ਰਹੇ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਕਾਂਗਰਸ ਪਾਰਟੀ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੰਦੀ ਹੈ ਤਾਂ ਉਹ ਸੀਟ ਜਿੱਤ ਕੇ ਕਾਂਗਰਸ ਦੀ ਝੋਲੀ 'ਚ ਪਾਉਣਗੇ। ਰਾਜਿੰਦਰ ਸਿੰਘ ਨੇ ਆਖਿਆ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਵੱਲੋਂ ਦਿੱਤਾ ਗਿਆ ਅਸਤੀਫ਼ਾ ਕਾਂਗਰਸ ਤੇ ਦੇਸ਼ ਦੇ ਵਿਦਿਆਰਥੀਆਂ ਤੇ ਨੌਜਵਾਨਾਂ ਦੀ ਵੱਡੀ ਜਿੱਤ ਹੈ।ਉਨ੍ਹਾਂ ਆਖਿਆ ਕਿ ਹੁਣ ਭਾਜਪਾ ਦਾ ਅਸਲੀ ਚਿਹਰਾ ਸਾਹਮਣੇ ਆ ਗਿਆ ਹੈ।ਇਸੇ ਤਰ੍ਹਾਂ ਸੂਬੇ ਦੇ ਸਿੱਖਿਆ ਮੰਤਰੀ ਨੂੰ ਵੀ ਅਸਤੀਫ਼ਾ ਦੇਣਾ ਚਾਹੀਦਾ ਹੈ, ਕਿਉਂਕਿ ਇੱਥੇ ਵੀ ਕਈ ਪੇਪਰ ਲੀਕ ਹੋ ਚੁੱਕੇ ਹਨ।

# ਲੋਕ ਮਿਲਣੀ ਦੌਰਾਨ ਐਲਾਨੀ ਗਰਾਂਟ ਜਾਰੀ ਨਾ ਹੋਣ 'ਤੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਉੱਠੇ ਸਵਾਲ

## ਸਰਕਾਰ ਦੇ ਵਿਕਾਸ ਦੇ ਦਾਅਵੇ ਸਿਰਫ਼ ਐਲਾਨਾਂ ਤੱਕ ਸੀਮਤ : ਖਿਆਲੀ



ਹਰਜੀਤ ਸਿੰਘ ਖਿਆਲੀ ਜਾਣਕਾਰੀ ਦਿੰਦੇ ਹੋਏ।

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**
ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ 30 ਜੂਨ ਨੂੰ ਕਰਵਾਈ ਗਈ ਲੋਕ ਮਿਲਣੀ ਦੌਰਾਨ ਗ੍ਰਾਮ ਪੰਚਾਇਤ ਮਹਿਲ ਕਲਾਂ ਨੂੰ ਵਿਕਾਸ ਕਾਰਜਾਂ ਲਈ ਐਲਾਨੀ ਗਈ 51 ਲੱਖ ਰੁਪਏ ਦੀ ਗਰਾਂਟ 27 ਦਿਨ ਬੀਤ ਜਾਣ ਦੇ ਬਾਵਜੂਦ ਪੰਚਾਇਤ ਦੇ ਖਾਤੇ ਵਿੱਚ ਜਾਰੀ ਨਾ ਹੋਣ ਕਾਰਨ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਹੋਣ ਲੱਗੇ ਹਨ। ਪਿੰਡ ਦੇ ਵਿਕਾਸ ਲਈ ਕੀਤੇ ਗਏ ਇਸ ਐਲਾਨ ਤੋਂ ਬਾਅਦ ਲੋਕਾਂ ਨੂੰ ਉਮੀਦ ਸੀ ਕਿ ਜਲਦੀ ਹੀ ਵਿਕਾਸ ਕਾਰਜ ਸ਼ੁਰੂ ਹੋਣਗੇ, ਪਰ ਲਗਭਗ ਇੱਕ ਮਹੀਨਾ ਬੀਤ ਜਾਣ ਦੇ ਬਾਵਜੂਦ ਗਰਾਂਟ ਜਾਰੀ ਨਾ ਹੋਣ ਕਾਰਨ ਪਿੰਡ ਵਾਸੀਆਂ ਵਿੱਚ ਨਿਰਾਸ਼ਾ ਦਾ ਮਾਹੌਲ ਹੈ।ਖਿਆਲੀ ਨੇ ਕਿਹਾ ਕਿ ਲੋਕ ਮਿਲਣੀ ਦੌਰਾਨ ਮੁੱਖ ਮੰਤਰੀ ਵੱਲੋਂ ਖੁਦ ਗ੍ਰਾਮ ਪੰਚਾਇਤ ਨੂੰ 51 ਲੱਖ ਰੁਪਏ ਦੀ ਗਰਾਂਟ ਦਾ ਸੈਂਕਸ਼ਨ ਲੈਟਰ ਦਿੱਤਾ ਗਿਆ ਸੀ।ਇਸ ਮੌਕੇ ਸਰਕਾਰ ਵੱਲੋਂ ਇਹ ਪ੍ਰਭਾਵ ਦਿੱਤਾ ਗਿਆ ਕਿ ਵਿਕਾਸ ਕਾਰਜ ਤੁਰੰਤ ਸ਼ੁਰੂ ਹੋਣਗੇ, ਪਰ 27 ਦਿਨ ਬੀਤ ਜਾਣ ਦੇ ਬਾਵਜੂਦ ਪੰਚਾਇਤ ਦੇ ਖਾਤੇ ਵਿੱਚ ਇੱਕ ਵੀ ਰੁਪਇਆ ਨਾ ਪਹੁੰਚਣਾ ਸਰਕਾਰ ਦੇ ਦਾਅਵਿਆਂ ਤੇ ਹਕੀਕਤ ਵਿਚਕਾਰ ਵੱਡਾ ਅੰਤਰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਵੱਲੋਂ ਖੁਦ ਐਲਾਨੀ ਗਈ ਤੇ ਮਨਜ਼ੂਰ ਕੀਤੀ ਗਰਾਂਟ ਵੀ ਸਮੇਂ ਸਿਰ ਜਾਰੀ ਨਹੀਂ ਹੋ ਸਕਦੀ ਤਾਂ ਆਮ ਲੋਕ ਸਰਕਾਰ ਦੇ ਹੋਰ ਐਲਾਨਾਂ 'ਤੇ ਕਿਵੇਂ ਭਰੋਸਾ ਕਰਨਗੇ।ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਹੁੰਦਾ ਹੈ, ਪਰ ਜੇ ਉੱਥੇ ਕੀਤੇ ਐਲਾਨ ਵੀ ਮਹੀਨਿਆਂ ਤੱਕ ਕਾਗਜ਼ਾਂ ਵਿੱਚ ਹੀ ਫਸੇ ਰਹਿਣ ਤਾਂ ਅਜਿਹੇ ਪ੍ਰੋਗਰਾਮਾਂ ਦੀ ਭਰੋਸੇਯੋਗਤਾ 'ਤੇ ਵੀ ਸਵਾਲ ਖੜ੍ਹੇ ਹੋਣਾ ਸੁਭਾਵਿਕ ਹੈ।

ਹਰਜੀਤ ਸਿੰਘ ਖਿਆਲੀ ਨੇ ਕਿਹਾ ਕਿ ਮਹਿਲ ਕਲਾਂ ਦੀ ਗ੍ਰਾਮ ਪੰਚਾਇਤ ਵੱਲੋਂ ਸਾਰੀਆਂ ਲੋੜੀਂਦੀਆਂ ਰਸਮੀ ਕਾਰਵਾਈਆਂ ਸਮੇਂ ਸਿਰ ਪੂਰੀਆਂ ਕਰ ਦਿੱਤੀਆਂ ਗਈਆਂ ਹਨ।ਸਬੰਧਤ ਵਿਭਾਗਾਂ ਨੂੰ ਪ੍ਰਸਤਾਵ ਭੇਜੇ ਜਾ ਚੁੱਕੇ ਹਨ ਤੇ ਅਧਿਕਾਰੀਆਂ ਨਾਲ ਵੀ ਲਗਾਤਾਰ ਸੰਪਰਕ ਕੀਤਾ ਗਿਆ ਹੈ।ਇਸ ਦੇ ਬਾਵਜੂਦ ਗਰਾਂਟ ਜਾਰੀ ਨਾ ਹੋਣਾ ਇਹ ਦਰਸਾਉਂਦਾ ਹੈ ਕਿ ਸਰਕਾਰ ਆਪਣੇ ਹੀ ਐਲਾਨਾਂ ਨੂੰ ਸਮੇਂ ਸਿਰ ਲਾਗੂ ਕਰਨ ਵਿੱਚ ਨਾਕਾਮ ਸਾਬਿਤ ਹੋ ਰਹੀ ਹੈ।ਖਿਆਲੀ ਨੇ ਕਿਹਾ ਕਿ ਸਰਕਾਰ ਹਰ ਮੰਚ ਤੋਂ ਵਿਕਾਸ ਦੇ ਦਾਅਵੇ ਕਰ ਰਹੀ ਹੈ, ਪਰ ਜਦੋਂ ਮਨਜ਼ੂਰਸ਼ੁਦਾ ਫੰਡ ਵੀ ਸਮੇਂ ਸਿਰ ਜਾਰੀ ਨਹੀਂ ਕੀਤੇ ਜਾਂਦੇ ਤਾਂ ਲੋਕਾਂ ਦੇ ਮਨਾਂ ਵਿੱਚ ਇਹ ਸਵਾਲ ਪੈਦਾ ਹੋਣਾ ਲਾਜ਼ਮੀ ਹੈ ਕਿ ਕੀ ਵਿਕਾਸ ਸਿਰਫ਼ ਭਾਸ਼ਣਾਂ ਤੇ ਪ੍ਰਚਾਰ ਤੱਕ ਹੀ ਸੀਮਤ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸੱਚਮੁੱਚ ਪਿੰਡਾਂ ਦਾ ਵਿਕਾਸ ਕਰਨਾ ਹੈ ਤਾਂ ਸਭ ਤੋਂ ਪਹਿਲਾਂ ਮਨਜ਼ੂਰ ਹੋਏ ਫੰਡ ਤੁਰੰਤ ਜਾਰੀ ਕੀਤੇ ਜਾਣ। ਇਸ ਸਬੰਧੀ ਗ੍ਰਾਮ ਪੰਚਾਇਤ ਮਹਿਲ ਕਲਾਂ ਦੀ ਸਰਪੰਚ ਸ੍ਰੀਮਤੀ ਕਿਰਨਾ ਰਾਣੀ ਦੇ ਸਪੁੱਤਰ ਅਰੁਣ ਕੁਮਾਰ ਬਾਂਸਲ ਨੇ ਦੱਸਿਆ ਕਿ ਲੋਕ ਮਿਲਣੀ ਦੌਰਾਨ ਗ੍ਰਾਮ ਪੰਚਾਇਤ ਨੂੰ 51 ਲੱਖ ਰੁਪਏ ਦੀ ਗਰਾਂਟ ਦਾ ਸੈਂਕਸ਼ਨ ਲੈਟਰ ਮਿਲਿਆ ਸੀ।ਇਸ ਤੋਂ ਬਾਅਦ ਪੰਚਾਇਤ ਵੱਲੋਂ ਸਾਰੀਆਂ ਲੋੜੀਂਦੀਆਂ ਕਾਰਵਾਈਆਂ ਪੂਰੀਆਂ ਕਰਕੇ ਪ੍ਰਸਤਾਵ ਸਬੰਧਤ ਵਿਭਾਗਾਂ ਨੂੰ ਭੇਜੇ ਜਾ ਚੁੱਕੇ ਹਨ।ਪੰਚਾਇਤ ਵਿਭਾਗ ਦੇ ਅਧਿਕਾਰੀਆਂ ਤੇ ਹਲਕਾ ਵਿਧਾਇਕ ਨਾਲ ਕਈ ਵਾਰ ਮੁਲਾਕਾਤ ਕਰਕੇ ਵੀ ਗਰਾਂਟ ਜਲਦੀ ਜਾਰੀ ਕਰਨ ਦੀ ਬੇਨਤੀ ਕੀਤੀ ਗਈ ਹੈ, ਪਰ ਅਜੇ ਤੱਕ ਕੋਈ ਰਕਮ ਜਾਰੀ ਨਹੀਂ ਹੋਈ।ਉਨ੍ਹਾਂ ਕਿਹਾ ਕਿ ਪੰਚਾਇਤ ਚਾਹੁੰਦੀ ਹੈ ਕਿ ਸਰਕਾਰ ਵੱਲੋਂ ਮਨਜ਼ੂਰ ਕੀਤੀ ਗਈ ਇਹ ਗਰਾਂਟ ਵੀ ਜਲਦੀ ਜਾਰੀ ਹੋਵੇ ਤਾਂ ਜੋ ਬਾਕੀ ਰਹਿੰਦੇ ਵਿਕਾਸ ਕਾਰਜ ਬਿਨਾਂ ਕਿਸੇ ਹੋਰ ਦੇਰੀ ਤੋਂ ਸ਼ੁਰੂ ਕਰਕੇ ਮੁਕੰਮਲ ਕੀਤੇ ਜਾ ਸਕਣ।

# ਰੁਕੀਆਂ ਤਨਖ਼ਾਹਾਂ ਜਾਰੀ ਕਰਨ ਦੀ ਮੰਗ ਲਈ ਆਊਟਸੋਰਸ ਵਰਕਰਾਂ ਵੱਲੋਂ ਹੜਤਾਲ ਸ਼ੁਰੂ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**
ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮੰਡਲ ਫ਼ਾਜ਼ਿਲਕਾ ਅਧੀਨ ਸੇਵਾਵਾਂ ਦੇ ਰਹੇ ਆਊਟਸੋਰਸ ਵਰਕਰਾਂ ਦੀਆਂ ਰੁਕੀਆਂ ਤਨਖਾਹਾਂ ਜਾਰੀ ਕਰਾਉਣ ਦੀ ਮੰਗ ਲਈ ਸੋਮਵਾਰ ਤੋਂ ਮੁਕੰਮਲ ਹੜਤਾਲ ਸ਼ੁਰੂ ਕੀਤੀ ਗਈ ਹੈ। ਹੜਤਾਲ ਦੇ ਦੌਰਾਨ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ: 31) ਦੀ ਸਬ ਕਮੇਟੀ ਦਫਤਰੀ ਸਟਾਫ ਸੂਬਾਈ ਆਗੂ ਸੁਖਚੈਨ ਸਿੰਘ ਸੋਢੀ ਦੀ ਅਗਵਾਈ ਹੇਠ ਗੁੰਮਾਨੀਵਾਲਾ ਪਾਣੀ ਵਾਲੀ ਟੈਂਕੀ 'ਤੇ ਸਥਿਤ ਸਬ ਡਵੀਜ਼ਨ ਦਫਤਰ ਵਿਖੇ ਆਊਟਸੋਰਸ ਵਰਕਰਾਂ ਵੱਲੋਂ ਪੰਜਾਬ ਸਰਕਾਰ ਤੇ ਵਿਭਾਗ ਦੀ ਮੈਨੇਜਮੈਂਟ ਦੇ ਖਿਲਾਫ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਸੂਬਾਈ ਆਗੂ ਸੁਖਚੈਨ ਸਿੰਘ ਸੋਢੀ ਨੇ ਕਿਹਾ ਕਿ 20 ਜੁਲਾਈ ਨੂੰ ਆਊਟਸੋਰਸ ਵਰਕਰਾਂ ਵੱਲੋਂ ਇਕਰੋਜ਼ਾ ਹੜਤਾਲ ਕਰਕੇ ਰੁਕੀਆਂ ਤਨਖਾਹਾਂ ਜਾਰੀ ਕਰਨ ਦੀ ਮੰਗ ਲਈ ਮੰਗ-ਪੱਤਰ ਕਾਰਜਕਾਰੀ ਇੰਜੀਨੀਅਰ, ਜਸਸ, ਮੰਡਲ ਫ਼ਾਜ਼ਿਲਕਾ ਨੂੰ ਦਿੱਤਾ ਗਿਆ, ਪਰ ਇੱਕ ਹਫ਼ਤੇ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਆਊਟਸੋਰਸ ਵਰਕਰਾਂ ਦੀ ਤਨਖਾਹ ਨਾ ਮਿਲਣ ਦੇ ਰੋਸ ਵਜੋਂ 28 ਜੁਲਾਈ ਤੋਂ 3 ਅਗਸਤ ਤੱਕ ਦਫਤਰੀ ਸਟਾਫ ਵਿਚ ਤੈਨਾਤ ਆਊਟਸੋਰਸ ਵਰਕਰਾਂ ਵੱਲੋਂ ਹੜਤਾਲ ਸ਼ੁਰੂ ਕੀਤੀ ਗਈ ਹੈ।

ਇਸ ਦੌਰਾਨ ਫੀਲਡ ਵਿੱਚ ਸੇਵਾਵਾਂ ਦੇ ਰਹੇ ਆਊਟਸੋਰਸ ਵਰਕਰ, ਸਿਰਫ ਪਾਣੀ ਛੱਡਣ ਦੇ ਇਲਾਵਾ ਹੋਰ ਕੋਈ ਕੰਮ ਨਹੀਂ ਕਰਨਗੇ। ਆਊਟਸੋਰਸ ਵਰਕਰਾਂ ਵੱਲੋਂ ਵਿਭਾਗ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ ਅਤੇ ਮੰਗ ਕੀਤੀ ਗਈ ਕਿ ਆਊਟਸੋਰਸ ਵਰਕਰਾਂ ਦੀਆਂ ਰੁਕੀਆਂ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ। ਹਰੇਕ ਮਹੀਨੇ 7 ਤਰੀਕ ਤੋਂ ਪਹਿਲਾਂ ਤਨਖਾਹ ਜਾਰੀ ਦਿੱਤੀ ਜਾਵੇ, ਪੰਜਾਬ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 ਅਤੇ 'ਪੰਜਾਬ ਕੰਟਰੈਕਚੁਅਲ ਪ੍ਰਸੋਨਲ ਬਿੱਲ 2026 ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਵਰਕਰਾਂ ਨੂੰ ਵੀ ਸ਼ਾਮਲ ਕੀਤਾ ਜਾਵੇ।

## ਮਦਰ ਇੰਡੀਆ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਟਿਆਲਾ ਸਹੋਦਿਆ ਸਕੂਲ ਕੰਪਲੈਕਸ ਵੱਲੋਂ ਕਾਰਪੋਡੀਅਮ ਸਕੂਲ ਰਾਜਪੁਰਾ ਵਿਖੇ ਕਰਵਾਏ ਗਏ ਆਰਟ ਫੈਸਟ ਵਿੱਚ ਮਦਰ ਇੰਡੀਆ ਪਬਲਿਕ ਸਕੂਲ ਪਾਤੜਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਮਾਸਕ ਮੇਕਿੰਗ ਮੁਕਾਬਲੇ ਵਿੱਚ ਲਵਲੀਨ ਨੇ ਪਹਿਲਾ ਤੇ ਸਟੋਨ ਆਰਟ ਮੁਕਾਬਲੇ ਵਿੱਚ ਜਸਦੀਪ ਨੇ ਦੂਜਾ ਸਥਾਨ ਹਾਸਲ ਕੀਤਾ।ਹੋਰ ਵਿਦਿਆਰਥੀਆਂ ਨੇ ਵੀ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈ ਕੇ ਆਪਣੀ ਰਚਨਾਤਮਕ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਦੀ ਪ੍ਰਿੰਸੀਪਲ ਡਾਕਟਰ ਨਿਤਿਕਾ ਗੁਪਤਾ ਤੇ ਡਾਇਰੈਕਟਰ ਮੈਡਮ ਵੀਨਾ ਰਾਣੀ ਨੇ ਜੇਤੂਆਂ ਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਉਨ੍ਹਾਂ ਇਸ ਸਫਲਤਾ ਦਾ ਸਿਹਰਾ ਆਰਟ ਅਧਿਆਪਕਾ ਮਿਸ ਸਰਬਜੀਤ ਕੌਰ ਦੀ ਮਿਹਨਤ ਤੇ ਮਾਰਗਦਰਸ਼ਨ ਨੂੰ ਦਿੰਦਿਆਂ ਉਨ੍ਹਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।

## ਹੇਮਕੁੰਟ ਸਕੂਲ ਵਿਖੇ ਕਾਰਗਿਲ ਵਿਜੇ ਦਿਵਸ ਮਨਾਇਆ



**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਵਿਖੇ 5 ਪੰਜਾਬ ਗਰਲਜ਼ ਬਟਾਲੀਅਨ ਮੋਗਾ ਦੇ ਕਮਾਂਡਿੰਗ ਅਫ਼ਸਰ ਕਰਨਲ ਸੁਨੀਲ ਕੁਮਾਰ ਦੀ ਅਗਵਾਈ ਹੇਠ ਕਾਰਗਿਲ ਵਿਜੇ ਦਿਵਸ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੀ ਏ.ਐੱਨ.ਓ. ਸ੍ਰੀਮਤੀ ਸਿਮਰਨਜੀਤ ਕੌਰ ਤੇ ਯਾਦਵਿੰਦਰ ਕੌਰ ਦੀ ਦੇਖ-ਰੇਖ ਹੇਠ ਐੱਨ.ਸੀ.ਸੀ. ਕੈਡਿਟਾਂ ਨੇ 1999 ਦੇ ਕਾਰਗਿਲ ਯੁੱਧ ਵਿੱਚ ਦੇਸ਼ ਦੀ ਰੱਖਿਆ ਲਈ ਆਪਣੇ ਪ੍ਰਾਣ ਨਿਛਾਵਰ ਕਰਨ ਵਾਲੇ ਵੀਰ ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਤੇ ਦੇਸ਼ ਦੀ ਏਕਤਾ, ਅਖੰਡਤਾ ਤੇ ਰਾਸ਼ਟਰ ਸੇਵਾ ਲਈ ਹਮੇਸ਼ਾ ਸਮਰਪਤ ਰਹਿਣ ਦੀ ਸ਼ਪਥ ਲਈ।ਕਾਰਗਿਲ ਵਿਜੇ ਦਿਵਸ ਹਰ ਸਾਲ ਜੁਲਾਈ ਨੂੰ ਭਾਰਤੀ ਸੈਨਿਕਾਂ ਦੇ ਸਾਹਸ ਤੇ ਬਲਿਦਾਨ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ।ਇਸ ਮੌਕੇ ਕੈਡਿਟਾਂ ਨੂੰ ਕਾਰਗਿਲ ਯੁੱਧ ਦੇ ਇਤਿਹਾਸ, ਭਾਰਤੀ ਸੈਨਾ ਦੀ ਬਹਾਦਰੀ ਤੇ ਵੀਰ ਸ਼ਹੀਦਾਂ ਦੇ ਅਦੁੱਤੀ ਬਲਿਦਾਨ ਬਾਰੇ ਜਾਣਕਾਰੀ ਦਿੱਤੀ ਗਈ।ਵਿਦਿਆਰਥੀਆਂ ਨੂੰ ਦੇਸ਼-ਭਗਤੀ, ਅਨੁਸ਼ਾਸਨ, ਲੀਡਰਸ਼ਿਪ ਤੇ ਰਾਸ਼ਟਰ ਸੇਵਾ ਦੀ ਭਾਵਨਾ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।ਕੈਡਿਟਾਂ ਨੇ ਦੇਸ਼ ਦੀ ਸੁਰੱਖਿਆ ਲਈ ਆਪਣੇ ਪ੍ਰਾਣ ਨਿਛਾਵਰ ਕਰਨ ਵਾਲੇ ਸਾਰੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ।

## ਸਰਕਾਰੀ ਹਸਪਤਾਲ 'ਚ ਅੱਖਾਂ ਦਾ ਚੈੱਕਅੱਪ ਕੈਂਪ



**ਬਰੇਟਾ (ਰੀਤਵਾਲ)**-ਪੰਜਾਬ ਸਰਕਾਰ ਵੱਲੋਂ ਜਨਹਿਤ ਵਿੱਚ ਕੀਤੇ ਜਾ ਰਹੇ ਪ੍ਰਤੀ ਦਿਨ ਉਪਰਾਲੇ ਮੁਹਿੰਮ ਤਹਿਤ ਬਰੇਟਾ ਦੇ ਸਰਕਾਰੀ ਹਸਪਤਾਲ ਵਿੱਚ ਅੱਖਾਂ ਦਾ ਚੈੱਕਅਪ ਕੈਂਪ ਲਗਾ ਕੇ ਮੁਫਤ ਐਨਕਾਂ ਵੰਡੀਆਂ ਗਈਆਂ, ਜਿਸ ਦੌਰਾਨ ਵਿਸ਼ੇਸ਼ ਤੌਰ 'ਤੇ ਸਿਵਲ ਸਰਜਨ ਮਾਨਸਾ ਡਾਕਟਰ ਰਣਜੀਤ ਸਿੰਘ ਰਾਏ ਤੇ ਐੱਸ ਐੱਮ ਓ ਬੁਢਲਾਡਾ ਡਾਕਟਰ ਸਤਿੰਦਰ ਕੌਰ ਦੀ ਯੋਗ ਰਹਿਨੁਮਾਈ ਹੇਠ ਸਾਰੀ ਪ੍ਰਕਿਰਿਆ ਕੀਤੀ ਗਈ।ਇਸ ਦੌਰਾਨ ਅੱਖਾਂ ਦਾ ਚੈੱਕਅਪ ਕਰਨ ਲਈ ਡਾਕਟਰ ਵਾਹਿਗੁਰੂਪਾਲ ਸਿੰਘ (ਅੱਖਾਂ ਦੇ ਮਾਹਰ) ਨੇ ਆਪਣੇ ਤਜਰਬੇ ਅਨੁਸਾਰ ਨਿਗਾਹ ਦੀਆਂ ਸਮੱਸਿਆਵਾਂ ਨਾਲ ਪੀੜਤ ਮਰੀਜ਼ਾਂ ਦਾ ਚੈੱਕਅਪ ਕਰਕੇ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ 154 ਮਰੀਜ਼ਾਂ ਦੀ ਓ ਪੀ ਡੀ ਹੋਈ, 135 ਐਨਕਾਂ ਵੰਡੀਆਂ ਗਈਆਂ ਤੇ ਚਿੱਟੇ ਮੋਤੀਏ ਦੇ 9 ਮਰੀਜ਼ਾਂ ਦੀ ਪੁਸ਼ਟੀ ਕਰਕੇ ਆਪ੍ਰੇਸ਼ਨ ਲਈ ਸਰਕਾਰੀ ਹਸਪਤਾਲ ਮਾਨਸਾ ਵਿਖੇ ਭੇਜਿਆ ਗਿਆ।ਇਸ ਕੈਂਪ ਵਿੱਚ ਇੰਦਰ ਰਾਜ ਸਿੰਗਲਾ (ਅਪਥਾਲਮਿਕ ਅਫ਼ਸਰ) ਦਾ ਵਿਸ਼ੇਸ਼ ਯੋਗਦਾਨ ਰਿਹਾ।

## ਨੀਟ ਤੇ ਜੇ.ਈ.ਈ. ਦੇ ਹੋਣਹਾਰ ਵਿਦਿਆਰਥੀਆਂ ਤੇ ਏ ਆਈ ਦੀ ਸਿਖਲਾਈ ਪ੍ਰਾਪਤ ਅਧਿਆਪਕਾਂ ਦਾ ਸਨਮਾਨ



**ਫ਼ਰੀਦਕੋਟ (ਐਲਗਜ਼ੈਂਡਰ ਡਿਸੂਜ਼ਾ)**-ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਰਵਾਏ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵੱਲੋਂ ਨੀਟ ਤੇ ਜੇ.ਈ.ਈ. ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਫ਼ਰੀਦਕੋਟ ਜ਼ਿਲ੍ਹੇ ਦੇ ਹੋਣਹਾਰ ਵਿਦਿਆਰਥੀਆਂ ਤੇ ਆਰਟੀਫ਼ੀਸ਼ਲ ਇੰਟੈਲੀਜੈਂਸ (ਏ ਆਈ) ਵਿਸ਼ੇ ਦੀ ਉੱਚ ਪੱਧਰੀ ਸਿਖਲਾਈ ਪ੍ਰਾਪਤ ਕਰਕੇ ਪਰਤੇ ਅਧਿਆਪਕਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਨੇ ਨੀਟ ਪ੍ਰੀਖਿਆ ਵਿੱਚ ਪ੍ਰਾਪਤੀ ਹਾਸਲ ਕਰਨ ਵਾਲੇ ਵਿਦਿਆਰਥੀਆਂ-ਸਨੇਹਾ, ਦੀਆ ਸ਼ਰਮਾ, ਦਿਕਸ਼ਾ ਰਾਣੀ, ਹਰਨੂਰ ਕੌਰ, ਹਰਮਨ ਸ਼ਰਮਾ, ਕੋਮਿਲਪ੍ਰੀਤ ਸਿੰਘ, ਹਰਲੀਨ ਕੌਰ ਤੇ ਕਾਜਲ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਨਵਾਜ਼ਿਆ।ਇਸ ਤੋਂ ਇਲਾਵਾ ਜੇ.ਈ.ਈ. ਪ੍ਰੀਖਿਆ ਵਿੱਚ ਸਫਲਤਾ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਤੀਰਥ ਕੁਮਾਰ ਦਾ ਵੀ ਉਚੇਚੇ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਕਰਨਾਟਕ ਤੇ ਦਿੱਲੀ ਤੋਂ ਆਰਟੀਫ਼ੀਸ਼ਲ ਇੰਟੈਲੀਜੈਂਸ ਦੀ ਵਿਸ਼ੇਸ਼ ਟ੍ਰੇਨਿੰਗ ਲੈ ਕੇ ਆਏ ਜ਼ਿਲ੍ਹੇ ਦੇ ਪੰਜ ਅਧਿਆਪਕਾਂ ਕੁਲਦੀਪ ਸਿੰਘ, ਸ਼ਰਨਜੀਤ ਸਿੰਘ, ਦੀਪਤੀ ਗਰਗ, ਗੁਰਪ੍ਰੀਤ ਕੌਰ ਤੇ ਅਮਿਤਾ ਚਾਵਲਾ ਦਾ ਵੀ ਡੀ.ਸੀ. ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਅੰਜਨਾ ਕੌਸ਼ਲ, ਪ੍ਰਿੰਸੀਪਲ ਰਾਜੇਸ਼ ਕੁਮਾਰ, ਪ੍ਰਿੰਸੀਪਲ ਪ੍ਰਭਜੋਤ ਸਿੰਘ, ਪ੍ਰਿੰਸੀਪਲ ਦੀਪਕ ਸਿੰਘ, ਪ੍ਰਿੰਸੀਪਲ ਦਰਸ਼ਨ ਸਿੰਘ, ਲੈਕਚਰਾਰ ਸ਼ੈਲੀ ਜੈਨ, ਜ਼ਿਲ੍ਹਾ ਗਾਈਡੈਂਸ ਕੌਂਸਲਰ ਜਸਬੀਰ ਸਿੰਘ ਜੱਸੀ, ਸਲਵਿੰਦਰ ਸਿੰਘ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ, ਲੈਕਚਰਾਰ, ਵਿਦਿਆਰਥੀਆਂ ਦੇ ਮਾਪੇ ਤੇ ਹੋਰ ਪਤਵੰਤੇ ਹਾਜ਼ਰ ਸਨ।

## ਸੁਰਿੰਦਰ ਪਾਲ ਕੌਰ ਨਾਲ ਰੂਬਰੂ ਤੇ ਪੁਸਤਕ ਲੋਕ ਅਰਪਣ



**ਧੂਰੀ (ਮਨੋਹਰ ਸਿੰਘ ਸੱਗੂ/ਸੁਖਵੰਤ ਧੂਰੀ, ਬਿਨੀ ਗਰਗ, ਮੋਹਿਤ ਗਰਗ)**-ਸਾਹਿਤ ਸਭਾ ਧੂਰੀ ਵੱਲੋਂ ਮਾਲਵਾ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ 'ਸਾਹਿਤ ਸਦਨ' ਵਿੱਚ ਪਵਨ ਹਰਚੰਦਪੁਰੀ ਦੀ ਪ੍ਰਧਾਨਗੀ ਹੇਠ ਕਵੀ ਦਰਬਾਰ ਕਰਵਾਇਆ ਗਿਆ।ਇਸ ਮੌਕੇ ਲੇਖਿਕਾ ਸੁਰਿੰਦਰ ਪਾਲ ਕੌਰ ਨਾਲ 'ਰੂਬਰੂ' ਕਰਵਾਇਆ ਗਿਆ ਤੇ ਡਾ. ਰਾਕੇਸ਼ ਸ਼ਰਮਾ ਦੀ ਪੁਸਤਕ 'ਅਧਿਆਤਮ ਸੇ ਅਧਿਆਤਮ ਕੀ ਔਰ' ਦਾ ਲੋਕ ਅਰਪਣ ਵੀ ਕੀਤਾ ਗਿਆ।ਸਭਾ ਦੇ ਪ੍ਰਧਾਨ ਸੁਰਿੰਦਰ ਨਾਗਰਾ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਪ੍ਰੋਗਰਾਮ ਦੀ ਰੂਪ-ਰੇਖਾ ਪੇਸ਼ ਕੀਤੀ। ਕਵੀ ਦਰਬਾਰ ਦੀ ਸ਼ੁਰੂਆਤ ਗੁਰਮੁੱਖ ਸਿੰਘ ਨੇ ਸ਼ਿਵ ਕੁਮਾਰ ਬਟਾਲਵੀ ਦੀ ਗ਼ਜ਼ਲ ਨਾਲ ਕੀਤੀ।ਇਸ ਤੋਂ ਬਾਅਦ ਗੁਰਜਿੰਦਰ ਰਸੀਆ, ਕਰਮ ਸਿੰਘ ਜ਼ਖ਼ਮੀ, ਹਰਕੀਰਤ ਕੌਰ, ਡਾ. ਹਰਪਾਲ ਸਿੰਘ ਭੱਠੀ, ਡਾ. ਰਾਕੇਸ਼ ਸ਼ਰਮਾ, ਪ੍ਰਿੰ. ਸੰਤ ਸਿੰਘ ਬੀਲ੍ਹਾ, ਜਸਵੰਤ ਜੱਸ, ਗੁਰਮੀਤ ਸੋਹੀ, ਅਮਰਜੀਤ ਅਮਨ ਤੇ ਹੋਰ ਕਵੀਆਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਅਸ਼ੋਕ ਭੰਡਾਰੀ ਨੇ ਪੁਸਤਕ ਬਾਰੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸ਼ਰਮਾ ਦੀ ਮਾਤਾ ਦੇ ਦੇਹਾਂਤ 'ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ।ਰੂਬਰੂ ਦੌਰਾਨ ਸੁਰਿੰਦਰ ਪਾਲ ਕੌਰ ਨੇ ਆਪਣੇ ਸੰਘਰਸ਼ਮਈ ਜੀਵਨ ਤੇ ਸਾਹਿਤਕ ਸਫ਼ਰ ਬਾਰੇ ਵਿਚਾਰ ਸਾਂਝੇ ਕੀਤੇ, ਜਦਕਿ ਪਵਨ ਹਰਚੰਦਪੁਰੀ ਨੇ ਉਨ੍ਹਾਂ ਨੂੰ ਸਸ਼ਕਤ ਲੇਖਿਕਾ ਤੇ ਆਲੋਚਕ ਕਰਾਰ ਦਿੱਤਾ।ਡਾ. ਰਾਕੇਸ਼ ਸ਼ਰਮਾ ਨੇ ਆਪਣੀ ਪੁਸਤਕ ਦੇ ਕਰਮ ਤੇ ਧਰਮ ਸਬੰਧੀ ਵਿਚਾਰਾਂ 'ਤੇ ਚਾਨਣਾ ਪਾਇਆ।ਸਮਾਗਮ ਦੇ ਅੰਤ ਵਿੱਚ ਸਭਾ ਵੱਲੋਂ ਸੁਰਿੰਦਰ ਪਾਲ ਕੌਰ, ਡਾ. ਰਾਕੇਸ਼ ਸ਼ਰਮਾ ਤੇ ਗੁਰਜਿੰਦਰ ਰਸੀਆ ਦਾ ਸਨਮਾਨ ਕੀਤਾ ਗਿਆ।ਮੰਚ ਸੰਚਾਲਨ ਅਮਰਜੀਤ ਅਮਨ ਨੇ ਕੀਤਾ, ਜਦਕਿ ਧੰਨਵਾਦ ਪ੍ਰਿੰ. ਸੰਤ ਸਿੰਘ ਬੀਲ੍ਹਾ ਨੇ ਕੀਤਾ।

## ਭੂਸ਼ਨ ਗੋਇਲ ਮੁੜ ਹਠੂਰ ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਬਣੇ



**ਹਠੂਰ/ਜਗਰਾਉਂ (ਨਛੱਤਰ ਸੰਧੂ)**-ਹਠੂਰ ਸ਼ੈਲਰ ਐਸੋਸੀਏਸ਼ਨ ਦੀ ਚੋਣ ਜ਼ਿਲ੍ਹਾ ਪ੍ਰਧਾਨ ਹਰੀ ਓਮ ਮਿੱਤਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਭੂਸ਼ਨ ਕੁਮਾਰ ਗੋਇਲ ਨੂੰ ਲਗਾਤਾਰ ਦੂਜਰੀ ਵਾਰ ਪ੍ਰਧਾਨ ਚੁਣਿਆ ਗਿਆ।ਇਸ ਤੋਂ ਇਲਾਵਾ ਇਸ ਚੋਣ ਦਵਿੰਦਰ ਗਰੇਵਾਲ ਬੱਬੀ ਨੂੰ ਸਰਪ੍ਰਸਤ, ਜਦਕਿ ਧਰਮਿੰਦਰ ਕੁਮਾਰ ਨਿੱਕਾ ਨੂੰ ਵਾਇਸ ਪ੍ਰਧਾਨ, ਵਿਸ਼ਾਲ ਗਰਗ ਰਾਜੂ ਕੈਸ਼ੀਅਰ ਤੇ ਅਮਿਤ ਕੁਮਾਰ ਗੋਇਲ ਮੋਨਾ ਨੂੰ ਸੈਕਟਰੀ ਚੁਣਿਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਨਵੇਂ ਚੁਣੇ ਗਏ ਪ੍ਰਧਾਨ ਭੂਸ਼ਨ ਕੁਮਾਰ ਗੋਇਲ ਨੇ ਕਿਹਾ ਕਿ ਉਹ ਸਾਰੇ ਸਾਥੀਆਂ ਨਾਲ ਮਿਲ ਕੇ ਚੱਲਣਗੇ ਤੇ ਸ਼ੈਲਰ ਉਦਯੋਗ ਦੀ ਹਰ ਸਮੱਸਿਆ ਦਾ ਹੱਲ ਕਰਵਾਉਣ ਲਈ ਹਮੇਸ਼ਾ ਤਤਪਰ ਰਹਿਣਗੇ ਤੇ ਇਮਾਨਦਾਰੀ ਨਾਲ ਕੰਮ ਕਰਵਾਉਣਗੇ।ਇਸ ਸਮੇਂ ਉਨ੍ਹਾਂ ਨਾਲ ਮਨੋਜ ਕੁਮਾਰ ਮੋਜੀ, ਅਰਜੇਸ਼ ਕੁਮਾਰ ਸੋਨਾ, ਜੀਵਨ ਕੁਮਾਰ ਬਿੱਟੂ, ਅਰੁਣ ਕੁਮਾਰ ਤੇ ਨੀਟਾ ਜਗਰਾਉਂ ਆਦਿ ਹਾਜ਼ਰ ਸਨ।

# 3 ਪਿਸਟਲ, ਕਾਰਤੂਸਾਂ ਤੇ ਵਰਨਾ ਕਾਰ ਸਮੇਤ 4 ਕਾਬੂ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮਾਲੇਰਕੋਟਲਾ ਪੁਲਸ ਨੇ ਨਸ਼ਾ ਸਮੱਗਲਰਾਂ ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਵਿੱਢੀ ਵਿਸ਼ੇਸ਼ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕਰਦਿਆਂ ਵੱਖ-ਵੱਖ ਮਾਮਲਿਆਂ ਵਿੱਚ ਨਜਾਇਜ਼ ਹਥਿਆਰਾਂ ਸਮੇਤ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁਲਸ ਨੇ ਮੁਲਜ਼ਮਾਂ ਪਾਸੋਂ 3 ਨਜਾਇਜ਼ ਪਿਸਟਲ (ਗਲੋਕ 9 ਐਮ.ਐਮ, ਸਟਾਰ ਪਿਸਟਲ 30 ਬੋਰ ਤੇ ਦੇਸੀ ਪਿਸਟਲ .32 ਬੋਰ), ਜ਼ਿੰਦਾ ਕਾਰਤੂਸ ਤੇ ਇੱਕ ਵਰਨਾ ਕਾਰ ਬਰਾਮਦ ਕੀਤੀ ਹੈ।ਜਾਣਕਾਰੀ ਦਿੰਦਿਆਂ ਰਾਜਵਿੰਦਰ ਸਿੰਘ ਕਪਤਾਨ ਪੁਲਸ ਪੀ.ਬੀ.ਆਈ. ਮਾਲੇਰਕੋਟਲਾ ਨੇ ਦੱਸਿਆ ਕਿ ਐੱਸ.ਐੱਸ.ਪੀ. ਮਾਲੇਰਕੋਟਲਾ ਗੁਰਮੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦੀਪਇੰਦਰਪਾਲ ਸਿੰਘ ਡੀ.ਐੱਸ.ਪੀ (ਇੰਵੈਸਟੀਗੇਸ਼ਨ) ਤੇ ਇੰਸਪੈਕਟਰ ਹਰਜਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ਼ ਮਾਹੋਰਾਣਾ ਦੀ ਨਿਗਰਾਨੀ ਹੇਠ ਪੁਲਸ ਟੀਮਾਂ ਵੱਲੋਂ ਗਸ਼ਤ ਕੀਤੀ ਜਾ ਰਹੀ ਸੀ।ਇਸੇ ਦੌਰਾਨ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਅਸਲਮ ਖਾਂ ਪੁੱਤਰ ਅਬਦੁੱਲ ਮਜੀਦ ਵਾਸੀ ਪਿੰਡ ਨਾਰੋਮਾਜਰਾ, ਜੋ ਨਜਾਇਜ਼ ਅਸਲਾ ਰੱਖਣ ਦਾ ਆਦੀ ਹੈ ਤੇ ਜਿਸ 'ਤੇ ਪਹਿਲਾਂ ਵੀ 8 ਅਪਰਾਧਿਕ ਮਾਮਲੇ ਦਰਜ ਹਨ, ਲੁਧਿਆਣਾ ਤੋਂ ਬੱਸ ਰਾਹੀਂ ਆਪਣੇ ਪਰਿਵਾਰ ਨੂੰ ਮਿਲਣ ਲਈ ਪਿੰਡ ਰੋਹੀੜਾ ਬੱਸ ਸਟੈਂਡ 'ਤੇ ਉਤਰੇਗਾ।ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਸਦਰ ਅਹਿਮਦਗੜ੍ਹ ਵਿਖੇ ਮੁਕੱਦਮਾ ਦਰਜ ਕਰਕੇ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ।ਤਲਾਸ਼ੀ ਦੌਰਾਨ ਦੋਸ਼ੀ ਪਾਸੋਂ ਇੱਕ.32 ਬੋਰ ਦੇਸੀ ਪਿਸਟਲ, ਮੈਗਜ਼ੀਨ ਤੇ 3 ਜ਼ਿੰਦਾ ਕਾਰਤੂਸ ਬਰਾਮਦ ਹੋਏ।

ਦੂਜੇ ਮਾਮਲੇ 'ਚ ਸੀ.ਆਈ.ਏ. ਸਟਾਫ਼ ਦੇ ਸਹਾਇਕ ਥਾਣੇਦਾਰ ਗੁਰਸ਼ਰਨ ਸਿੰਘ ਨੂੰ ਇਤਲਾਹ ਮਿਲੀ ਸੀ ਕਿ ਮਾਲੇਰਕੋਟਲਾ 'ਚ ਪਹਿਲਾਂ ਫਾਇਰਿੰਗ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋਸ਼ੀ ਸਿਮਰਨਪ੍ਰੀਤ ਸਿੰਘ ਉਰਫ਼ ਸਿਮਰੀ ਆਪਣੇ ਸਾਥੀਆਂ ਸਮੀਰ ਸਿੰਘ ਉਰਫ਼ ਬਿੱਲਾ ਵਾਸੀ ਗੱਡੀ ਤਰਖਾਣਾ ਤੇ ਮੁਹੰਮਦ ਸ਼ਾਨ ਵਾਸੀ ਨਵੀਂ ਅਬਾਦੀ ਮਾਲੇਰਕੋਟਲਾ ਨਾਲ ਸਿਲਵਰ ਰੰਗ ਦੀ ਵਰਨਾ ਕਾਰ ਨੰਬਰ ਡੀ.ਐੱਲ-3-ਸੀ.ਬੀ.ਪੀ-5663 'ਚ ਸਵਾਰ ਹੋ ਕੇ ਅਮਰਗੜ੍ਹ ਤੋਂ ਮਾਲੇਰਕੋਟਲਾ ਵੱਲ ਆ ਰਹੇ ਹਨ।ਥਾਣਾ ਅਮਰਗੜ੍ਹ ਵਿਖੇ ਮੁਕੱਦਮਾ ਨੰਬਰ 263 ਦਰਜ ਕਰਕੇ ਪੁਲਿਸ ਨੇ ਨਾਕਾਬੰਦੀ ਦੌਰਾਨ ਕਾਰ ਨੂੰ ਰੋਕ ਕੇ ਚੈਕਿੰਗ ਕੀਤੀ।ਚੈਕਿੰਗ ਦੌਰਾਨ ਸਿਮਰਨਪ੍ਰੀਤ ਸਿੰਘ ਪਾਸੋਂ ਇੱਕ ਗਲੋਕ 9 ਐਮ.ਐਮ ਪਿਸਟਲ ਸਮੇਤ ਮੈਗਜ਼ੀਨ ਤੇ 1 ਜ਼ਿੰਦਾ ਰੌਂਦ ਤੇ ਸਮੀਰ ਸਿੰਘ ਪਾਸੋਂ ਇੱਕ ਸਟਾਰ ਪਿਸਟਲ 30 ਬੋਰ ਸਮੇਤ 1 ਜ਼ਿੰਦਾ ਰੌਂਦ ਬਰਾਮਦ ਹੋਇਆ। ਮੌਕੇ 'ਤੇ ਹੀ ਤੀਜੇ ਸਾਥੀ ਮੁਹੰਮਦ ਸ਼ਾਨ ਤੇ ਵਰਨਾ ਕਾਰ ਨੂੰ ਵੀ ਕਬਜ਼ੇ ਵਿੱਚ ਲਿਆ ਗਿਆ।

ਐੱਸ.ਪੀ. ਪੀ.ਬੀ.ਆਈ. ਰਾਜਵਿੰਦਰ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਤੋਂ ਕੀਤੀ ਗਈ ਸਖ਼ਤ ਪੁੱਛਗਿੱਛ ਅਤੇ ਦੋਸ਼ੀ ਸਿਮਰਨਪ੍ਰੀਤ ਸਿੰਘ ਦੇ ਇਕਬਾਲੀਆ ਬਿਆਨ ਦੇ ਆਧਾਰ 'ਤੇ ਘਟਨਾ ਵਿੱਚ ਸ਼ਾਮਲ ਇੱਕ ਹੋਰ ਸਾਜ਼ਿਸ਼ਕਰਤਾ ਮੁਹੰਮਦ ਕਲੀਮ ਉਰਫ਼ ਕਲੀਮ ਵਾਸੀ ਬਿੰਜੋਕੀ ਖੁਰਦ ਨੂੰ ਵੀ ਇਸ ਕੇਸ ਵਿੱਚ ਨਾਮਜ਼ਦ ਕੀਤਾ ਗਿਆ ਹੈ।ਪੁਲਸ ਟੀਮਾਂ ਵੱਲੋਂ ਉਸ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।ਇਸ ਮੌਕੇ ਦੀਪਇੰਦਰਪਾਲ ਸਿੰਘ ਡੀ ਐੱਸ ਪੀ (ਇਨਵੈਸਟੀਗੇਸ਼ਨ), ਡੀ ਐੱਸ ਪੀ ਯਾਦਵਿੰਦਰ ਸਿੰਘ ਤੇ ਇੰਸਪੈਕਟਰ ਹਰਜਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ਼ ਮਾਹੋਰਾਣਾ ਮੌਜੂਦ ਸਨ।

# ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੀ ਮੀਟਿੰਗ

**ਬਠਿੰਡਾ (ਪਰਵਿੰਦਰ ਜੀਤ ਸਿੰਘ)**



ਪੀ ਡਬਲਿਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਬਠਿੰਡਾ ਦੀ ਮੀਟਿੰਗ ਬਰਾਂਚ ਪ੍ਰਧਾਨ ਹਰਨੇਕ ਸਿੰਘ ਗੈਹਰੀ ਦੀ ਪ੍ਰਧਾਨਗੀ ਹੇਠ ਹੋਈ, ਜਿਸ 'ਚ ਅਹਿਮ ਮਸਲਿਆਂ 'ਤੇ ਵਿਚਾਰਾਂ ਕੀਤੀਆਂ ਗਈਆਂ ਜਿਵੇਂ ਕਿ ਵਾਟਰ ਸਪਲਾਈ ਐਂਡ ਸੈਨੀਟੇਸ਼ਨ ਡਿਵੀਜ਼ਨ ਨੰਬਰ ਇੱਕ ਦੇ ਸਮੂਹ ਕ੍ਰਮਚਾਰੀਆਂ ਦੀਆਂ ਪਿਛਲੇ ਤਿੰਨ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਨੂੰ ਰਿਲੀਜ਼ ਕਰਾਉਣ ਲਈ ਜਥੇਬੰਦੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਬਰਾਂਚ ਬਠਿੰਡਾ ਵੱਲੋਂ ਅਨੇਕਾਂ ਵਾਰ ਮੰਡਲ ਦਫ਼ਤਰ ਨਾਲ ਰਾਬਤਾ ਕਾਇਮ ਕੀਤਾ ਗਿਆ ਹੈ ਤੇ ਤਿੰਨ-ਚਾਰ ਵਾਰ ਧਰਨੇ ਵੀ ਬ੍ਰਾਂਚ ਬਠਿੰਡਾ ਦੇ ਪ੍ਰਧਾਨ ਹਰਨੇਕ ਸਿੰਘ ਗਹਿਰੀ ਦੀ ਪ੍ਰਧਾਨਗੀ ਵਿੱਚ ਜਥੇਬੰਦੀ ਲਾ ਚੁੱਕੀ ਹੈ।ਪ੍ਰੈੱਸ ਸਕੱਤਰ ਗੁਰਚਰਨ ਸਿੰਘ ਜੌੜਕੀਆਂ ਨੇ ਦੱਸਿਆ ਕਿ ਮੰਡਲ ਨੰਬਰ ਇੱਕ ਵੱਲੋਂ ਵਾਰ-ਵਾਰ ਚਿੱਠੀ ਪੱਤਰ ਰਾਹੀਂ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਜਾ ਰਿਹਾ ਹੈ, ਪਰ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ 24/7/2026 ਨੂੰ ਕੋਰਟ ਦੇ ਹੁਕਮਾਂ ਅਨੁਸਾਰ ਅਮਰ ਚੰਦ ਗੁਪਤਾ ਦੇ ਖਾਤੇ ਪੰਜ ਲੱਖ ਰੁਪਿਆ ਜਮ੍ਹਾਂ ਕਰਾਉਣ ਲਈ ਕਿਹਾ ਗਿਆ ਹੈ।ਜੇਕਰ ਕਾਰਜਕਾਰੀ ਇੰਜੀਨੀਅਰ ਵਾਟਰ ਸਪਲਾਈ ਐਂਡ ਸੈਨੀਟੇਸ਼ਨ ਡਿਵੀਜ਼ਨ ਨੰਬਰ ਇੱਕ ਕੋਰਟ ਦੇ ਹੁਕਮਾਂ ਦੀ ਪਾਲਣਾ ਨਹੀਂ ਕਰਦਾ ਤਾਂ ਕੋਰਟ ਵੱਲੋਂ ਹਦਾਇਤ ਵੀ ਕੀਤੀ ਗਈ ਹੈ ਕਿ ਇੱਕ ਅਗਸਤ ਨੂੰ ਕੋਰਟ ਵੱਲੋਂ ਸਖਤ ਐਕਸ਼ਨ ਲਿਆ ਜਾਵੇਗਾ।

ਜਥੇਬੰਦਕ ਆਗੂਆਂ ਨੇ ਮੰਡਲ ਦਫਤਰ ਨੂੰ ਅਪੀਲ ਕਰਦਿਆਂ ਕਿਹਾ ਕੋਰਟ ਦੇ ਹੁਕਮਾਂ ਨੂੰ ਮੰਨਦਿਆਂ ਜੋ ਅਮਰ ਚੰਦ ਗੁਪਤਾ ਦਾ ਬਕਾਇਆ ਉਸਦੇ ਖਾਤੇ ਵਿੱਚ ਪਾ ਕੇ ਕੋਰਟ ਨੂੰ ਮੰਡਲ ਦਫਤਰ ਵੱਲੋਂ ਜਾਣੂ ਕਰਾਇਆ ਜਾਵੇ ਤੇ ਮੰਡਲ ਦਫਤਰ ਦਾ ਜੋ ਸੈਲਰੀ ਖਾਤਾ ਕੋਰਟ ਵੱਲੋਂ ਸੀਲ ਕੀਤਾ ਗਿਆ ਹੈ, ਉਸ ਨੂੰ ਖੁਲ੍ਹਵਾ ਕੇ ਵਰਕਰਾਂ ਦੀਆਂ ਪਿਛਲੇ ਤਿੰਨ ਮਹੀਨਿਆਂ ਤੋਂ ਰੁਕੀਆਂ ਹੋਈਆਂ ਤਨਖਾਹਾਂ ਰਿਲੀਜ਼ ਕੀਤੀਆਂ ਜਾਣ ਤੇ ਜੋ ਛੇਵੇਂ ਪੇਅ ਕਮਿਸ਼ਨ ਦਾ 42 ਕਿਸ਼ਤਾਂ ਵਿੱਚ ਦਿੱਤਾ ਜਾਣ ਵਾਲਾ ਮੁਲਾਜ਼ਮਾਂ ਤੇ ਪੈਨਸ਼ਨਰ ਸਾਥੀਆਂ ਦੇ ਬਕਾਏ ਦੀਆਂ ਪਿਛਲੀਆਂ ਕਿਸ਼ਤਾਂ ਉਹ ਵੀ ਤੁਰੰਤ ਰਿਲੀਜ਼ ਕੀਤੀਆਂ ਜਾਣ ਜਥੇਬੰਦੀ ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਬ੍ਰਾਂਚ ਬਠਿੰਡਾ ਵੱਲੋਂ 30/7/ 2026 ਨੂੰ ਮੰਡਲ ਨੰਬਰ ਇੱਕ ਮੂਹਰੇ ਰੋਸ ਧਰਨਾ ਦਿੱਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਮੰਡਲ ਨੰਬਰ -1 ਦਫ਼ਤਰ ਦੀ ਹੋਵੇਗੀ।ਮੀਟਿੰਗ ਵਿੱਚ ਭਾਗ ਲੈਂਦਿਆਂ ਜ਼ਿਲ੍ਹਾ ਕਮੇਟੀ ਵੱਲੋਂ ਜ਼ਿਲ੍ਹੇ ਦੇ ਪ੍ਰੈੱਸ ਸਕੱਤਰ ਗੁਰਮੀਤ ਸਿੰਘ ਭੋਡੀਪੁਰਾ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਜ਼ਿਲ੍ਹਾ ਕਮੇਟੀ ਵੱਲੋਂ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਇਸ ਰੋਸ ਧਰਨੇ ਵਿੱਚ ਜ਼ਿਲ੍ਹੇ ਅੰਦਰ ਆਉਂਦੀਆਂ ਸਾਰੀਆਂ ਬ੍ਰਾਂਚਾਂ ਵੱਲੋਂ ਫੁੱਲ ਮੈਂਬਰਸ਼ਿਪ ਨਾਲ ਸ਼ਮੂਲੀਅਤ ਕਰਾਵਾਂਗੇ ਤੇ ਸਮੁੱਚੀ ਜ਼ਿਲ੍ਹਾ ਕਮੇਟੀ ਵੱਲੋਂ ਇਸ ਧਰਨੇ ਵਿੱਚ ਵਧ-ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇਗੀ।

# ਬੱਸ 'ਤੇ ਪੱਥਰ ਮਾਰਨ ਤੇ ਕੰਡਕਟਰ ਨਾਲ ਹੱਥੋਪਾਈ ਤੋਂ ਬਾਅਦ ਜਾਮ

## ਕਥਿਤ ਮੁਲਜ਼ਮ ਔਰਤ ਨੂੰ ਪੁਲਸ ਨੇ ਹਿਰਾਸਤ 'ਚ ਲਿਆ, ਮਾਮਲੇ ਦੀ ਜਾਂਚ ਜਾਰੀ



**ਰਾਏਕੋਟ (ਸੰਤੋਖ ਗਿੱਲ)**-ਕਸਬਾ ਗੁਰੂਸਰ ਸੁਧਾਰ ਵਿੱਚ ਦੇਰ ਸ਼ਾਮ ਪੀ.ਆਰ.ਟੀ.ਸੀ. ਦੀ ਇੱਕ ਬੱਸ 'ਤੇ ਕਥਿਤ ਤੌਰ 'ਤੇ ਪੱਥਰ ਮਾਰਨ ਤੇ ਕੰਡਕਟਰ ਨਾਲ ਹੱਥੋਪਾਈ ਦੀ ਘਟਨਾ ਤੋਂ ਬਾਅਦ ਰੋਸ ਵਿੱਚ ਆਏ ਪੀ.ਆਰ.ਟੀ.ਸੀ. ਦੇ ਚਾਲਕਾਂ ਨੇ ਲੁਧਿਆਣਾ-ਬਠਿੰਡਾ ਰਾਜ ਮਾਰਗ 'ਤੇ ਦੋਵੇਂ ਪਾਸਿਆਂ ਬੱਸਾਂ ਟੇਢੀਆਂ ਖੜ੍ਹੀਆਂ ਕਰਕੇ ਆਵਾਜਾਈ ਠੱਪ ਕਰ ਦਿੱਤੀ।ਬੱਸ ਨੰਬਰ ਪੀ.ਬੀ.11 ਡੀ.ਐੱਫ਼. ਦੇ ਕੰਡਕਟਰ ਕੁਲਦੀਪ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਗੋਨਿਆਣਾ ਮੰਡੀ ਜ਼ਿਲ੍ਹਾ ਬਠਿੰਡਾ ਨੇ ਦੱਸਿਆ ਕਿ ਬੱਸ ਬਠਿੰਡਾ ਤੋਂ ਲੁਧਿਆਣਾ ਜਾ ਰਹੀ ਸੀ, ਜਿਸ ਨੂੰ ਡਰਾਈਵਰ ਸੁਖਵਿੰਦਰ ਸਿੰਘ ਵਾਸੀ ਪਟਿਆਲਾ ਚਲਾ ਰਿਹਾ ਸੀ। ਉਨ੍ਹਾਂ ਅਨੁਸਾਰ ਸੁਧਾਰ ਬੱਸ ਸਟੈਂਡ ਤੋਂ ਸਵਾਰੀਆਂ ਚੜ੍ਹਾਉਣ ਤੇ ਉਤਾਰਨ ਤੋਂ ਬਾਅਦ ਜਦੋਂ ਬੱਸ ਸਰਕਾਰੀ ਹਸਪਤਾਲ ਸਾਹਮਣੇ ਪੁੱਜੀ ਤਾਂ ਇੱਕ ਪ੍ਰਵਾਸੀ ਔਰਤ ਨੇ ਚੱਲਦੀ ਬੱਸ ਦੇ ਅਗਲੇ ਸ਼ੀਸ਼ੇ 'ਤੇ ਪੱਥਰ ਮਾਰ ਦਿੱਤਾ।ਡਰਾਈਵਰ ਵੱਲੋਂ ਬੱਸ ਹੌਲੀ ਕਰਨ 'ਤੇ ਉਸ ਨੇ ਇੱਕ ਹੋਰ ਪੱਥਰ ਬੱਸ ਦੇ ਪਿਛਲੇ ਪਾਸੇ ਵੱਲ ਵੀ ਸੁੱਟਿਆ।ਕੰਡਕਟਰ ਕੁਲਦੀਪ ਸਿੰਘ ਅਨੁਸਾਰ ਬੱਸ ਰੁਕਣ ਉਪਰੰਤ ਜਦੋਂ ਉਸ ਨੇ ਔਰਤ ਤੋਂ ਇਸ ਬਾਰੇ ਕਾਰਨ ਪੁੱਛਿਆ ਤਾਂ ਉਹ ਮੋਬਾਈਲ ਫ਼ੋਨ ਨਾਲ ਵੀਡੀਓ ਬਣਾਉਂਦੀ ਹੋਈ ਉਸ ਨਾਲ ਹੱਥੋਪਾਈ ਕਰਨ ਲੱਗ ਪਈ।ਇਸ ਦੌਰਾਨ ਉਸ ਦੀ ਟੀ-ਸ਼ਰਟ ਪਾੜ ਦਿੱਤੀ, ਉਸ ਨੇ ਗਾਲ੍ਹਾਂ ਕੱਢਣ ਤੇ ਨਕਦੀ ਵਾਲਾ ਬੈਗ ਖੋਹਣ ਦਾ ਵੀ ਦੋਸ਼ ਲਾਇਆ।ਪੱਥਰ ਲੱਗਣ ਕਾਰਨ ਬੱਸ ਦਾ ਅਗਲਾ ਸ਼ੀਸ਼ਾ ਵੀ ਤਿੜਕ ਗਿਆ।ਘਟਨਾ ਤੋਂ ਨਾਰਾਜ਼ ਪੀ ਆਰ ਟੀ ਸੀ ਦੇ ਚਾਲਕਾਂ ਨੇ ਖ਼ਾਲਸਾ ਕਾਲਜ ਤੇ ਸਰਕਾਰੀ ਹਸਪਤਾਲ ਸਾਹਮਣੇ ਰਾਜ ਮਾਰਗ 'ਤੇ ਦੋਵੇਂ ਪਾਸੀਂ ਬੱਸਾਂ ਖੜ੍ਹੀਆਂ ਕਰਕੇ ਜਾਮ ਲਾ ਦਿੱਤਾ।ਸੂਚਨਾ ਮਿਲਣ 'ਤੇ ਥਾਣਾ ਸੁਧਾਰ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਔਰਤ ਨੂੰ ਹਿਰਾਸਤ ਵਿੱਚ ਲੈ ਕੇ ਥਾਣੇ ਲਿਆਂਦਾ ਗਿਆ।ਬੱਸ ਚਾਲਕ ਸੁਖਵਿੰਦਰ ਸਿੰਘ, ਕੰਡਕਟਰ ਕੁਲਦੀਪ ਸਿੰਘ ਤੇ ਹੋਰ ਪੀ.ਆਰ.ਟੀ.ਸੀ. ਕਰਮਚਾਰੀ ਅਗਲੀ ਕਾਨੂੰਨੀ ਕਾਰਵਾਈ ਲਈ ਥਾਣਾ ਸੁਧਾਰ ਪਹੁੰਚ ਗਏ।ਔਰਤ ਮੁੱਲਾਂਪੁਰ ਦਾਖਾ ਦੀ ਦੱਸੀ ਜਾ ਰਹੀ ਹੈ।

# ਆਂਗਣਵਾੜੀ ਮੁਲਾਜ਼ਮਾਂ ਵੱਲੋਂ ਮੰਤਰੀ ਦੇ ਘਰ ਦਾ ਘਿਰਾਓ 2 ਨੂੰ

**ਮਮਦੋਟ (ਜਸਬੀਰ ਸਿੰਘ ਕੰਬੋਜ)**



ਆਂਗਣਵਾੜੀ ਮੁਲਾਜ਼ਮ ਜਥੇਬੰਦੀ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ ਦੇ ਤਹਿਤ 2 ਅਗਸਤ ਨੂੰ ਕੈਬਨਿਟ ਮੰਤਰੀ ਦੇ ਘਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਹੈਲਪਰਾਂ ਭਾਗ ਲੈਣਗੀਆਂ। ਪ੍ਰਕਾਸ਼ ਕੌਰ ਬਲਾਕ ਪ੍ਰਧਾਨ ਮਮਦੋਟ ਨੇ ਦੱਸਿਆ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਮੰਗ ਹੈ ਕਿ ਆਂਗਣਵਾੜੀ ਕੇਂਦਰਾਂ 'ਚੋਂ ਖੋਹੇ ਗਏ ਬੱਚੇ ਵਾਪਸ ਆਂਗਣਵਾੜੀ ਕੇਂਦਰਾਂ ਦੇ ਵਿੱਚ ਭੇਜੇ ਜਾਣ, ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰ ਨੂੰ ਚੌਥੇ ਦਰਜੇ ਦਾ ਮੁਲਾਜ਼ਮ ਕਰਾਰ ਦੇਂਦੇ ਹੋਏ ਸਰਕਾਰੀ ਕ੍ਰਮਚਾਰੀ ਦਾ ਦਰਜਾ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦੇ ਮੁਤਾਬਕ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੁਗਣਾ ਕਰੇ, ਐਨਜੀਓ ਕੋਲ ਚੱਲਦੇ ਤਿੰਨ ਬਲਾਕਾਂ ਦਾ ਨੋਟੀਫਿਕੇਸ਼ਨ ਤੁਰੰਤ ਲਾਗੂ ਕੀਤਾ ਜਾਵੇ, ਆਂਗਣਵਾੜੀ ਕੇਂਦਰਾਂ 'ਚ ਆ ਰਿਹਾ ਘਟੀਆ ਕਿਸਮ ਦਾ ਰਾਸ਼ਨ ਬੰਦ ਕਰਕੇ ਪ੍ਰਾਈਵੇਟ ਕੰਪਨੀਆਂ ਤੇ ਐਨਜੀਓ ਦੀ ਜਗ੍ਹਾ ਆਂਗਣਵਾੜੀ ਕੇਂਦਰਾਂ ਦੇ ਵਿੱਚ ਸਿੱਧਾ ਰਾਸ਼ਨ ਸਪਲਾਈ ਕੀਤਾ ਜਾਵੇ ਤੇ ਆਂਗਣਵਾੜੀ ਕੇਂਦਰਾਂ ਦੇ ਵਿੱਚ ਰਾਸ਼ਨ ਪਕਾਇਆ ਜਾਵੇ। ਆਂਗਣਵਾੜੀ ਵਰਕਰ ਨੂੰ ਰਿਟਾਇਰਮੈਂਟ ਪੈਨਸ਼ਨ ਦਿੱਤੀ ਜਾਵੇ, ਆਂਗਣਵਾੜੀ ਵਰਕਰ ਹੈਲਪਰ ਨੂੰ ਮਿਲ ਰਹੀ ਐਕਸਗ੍ਰੇਸ਼ੀਆ ਗ੍ਰਾਂਟ ਵਰਕਰ ਲਈ 3 ਲੱਖ ਤੇ ਹੈਲਪਰ ਲਈ 2 ਲੱਖ ਕੀਤੀ ਜਾਵੇ, ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਸੁਪਰੀਮ ਕੋਰਟ ਦੇ ਫੈਸਲੇ ਮੁਤਾਬਕ ਗ੍ਰੈਚੁਟੀ ਦੇ ਲਾਭ ਦਿੱਤੇ ਜਾਣ।ਉਨ੍ਹਾਂ ਮੰਗ ਕੀਤੀ ਕਿ ਆਂਗਣਵਾੜੀ ਹੈਲਪਰ ਤੋਂ ਵਰਕਰ ਦੀ ਪ੍ਰਮੋਸ਼ਨ ਵਾਸਤੇ ਸਿੱਖਿਆ ਮੈਟਰਿਕ ਅਤੇ ਤਜਰਬਾ ਸਮਾਂ ਤਿੰਨ ਸਾਲ ਕੀਤਾ ਜਾਵੇ।ਇਸ ਮੌਕੇ ਪੁਸ਼ਪਿੰਦਰ ਕੌਰ ਮੀਤ ਪ੍ਰਧਾਨ, ਪ੍ਰੇਮ ਕੌਰ ਵਿੱਤ ਸਕੱਤਰ, ਸਰਕਲ ਪ੍ਰਧਾਨ ਪਰਮਜੀਤ ਕੌਰ, ਰਜਿੰਦਰ ਕੌਰ ਅਤੇ ਨੀਰਜਾ ਵੀ ਓਹਨਾ ਨਾਲ ਹਾਜਰ ਸਨ।ਪ੍ਰਕਾਸ਼ ਕੌਰ ਬਲਾਕ ਪ੍ਰਧਾਨ ਮਮਦੋਟ ਨੇ ਦੱਸਿਆ ਕਿ ਆਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਮੰਗ ਹੈ ਕਿ ਆਂਗਣਵਾੜੀ ਕੇਂਦਰਾਂ ਦੇ ਵਿੱਚੋਂ ਖੋਹੇ ਗਏ ਬੱਚੇ ਵਾਪਸ ਆਗਣਵਾੜੀ ਕੇਂਦਰਾਂ ਦੇ ਵਿੱਚ ਭੇਜੇ ਜਾਣ, ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਤੇ ਹੈਲਪਰ ਨੂੰ ਚੌਥੇ ਦਰਜੇ ਦਾ ਮੁਲਾਜ਼ਮ ਕਰਾਰ ਦੇਂਦੇ ਹੋਏ ਸਰਕਾਰੀ ਕ੍ਰਮਚਾਰੀ ਦਾ ਦਰਜਾ ਦਿੱਤਾ ਜਾਵੇ।

## ਬਾਬਾ ਮੋਨੀ ਜੀ ਇੰਸ. ਦਾ ਬੀ ਸੀ ਏ ਸਮੈਸਟਰ 5ਵਾਂ ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇਲਾਕੇ ਦੀ ਨਾਮਵਾਰ ਸੰਸਥਾ ਬਾਬਾ ਮੋਨੀ ਜੀ ਮਹਾਰਾਜ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਬੀ.ਸੀ.ਏ. ਸਮੈਸਟਰ 5ਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਨਤੀਜੇ ਐਲਾਨੇ ਜਾਣ ਤੋਂ ਬਾਅਦ ਸੰਸਥਾ ਵਿੱਚ ਖ਼ੁਸ਼ੀ ਦਾ ਮਾਹੌਲ ਬਣ ਗਿਆ। ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜਿਆਂ ਨੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਤੇ ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਵਿੱਚ ਉਤਸ਼ਾਹ ਦੀ ਲਹਿਰ ਦੌੜ ਗਈ। ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਮਿਹਨਤ, ਲਗਨ ਤੇ ਅਨੁਸ਼ਾਸਨ ਦਾ ਵਧੀਆ ਪ੍ਰਦਰਸ਼ਨ ਕਰਦੇ ਹੋਏ ਸ਼ਾਨਦਾਰ ਅੰਕ ਪ੍ਰਾਪਤ ਕੀਤੇ। ਨਤੀਜਿਆਂ ਵਿੱਚ ਲਵਪ੍ਰੀਤ ਕੌਰ ਨੇ 85.28% ਨਾਲ ਪਹਿਲਾ, ਮੁਸਕਾਨ ਕੌਰ ਨੇ 85.14% ਨਾਲ ਦੂਜਾ ਤੇ ਸਿਮਰਨ ਕੌਰ ਨੇ 84.14% ਨਾਲ ਤੀਜਾ ਹਾਸਲ ਕੀਤਾ। ਸੰਸਥਾ ਦੇ ਪ੍ਰਬੰਧਕਾਂ, ਪ੍ਰਿੰਸੀਪਲ ਤੇ ਅਧਿਆਪਕਾਂ ਨੇ ਸਫਲ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ ਤੇ ਆਸ ਪ੍ਰਗਟਾਈ ਕਿ ਉਹ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਸ਼ਾਨਦਾਰ ਸਫਲਤਾਵਾਂ ਹਾਸਲ ਕਰਕੇ ਸੰਸਥਾ ਤੇ ਸਮਾਜ ਦਾ ਨਾਮ ਰੌਸ਼ਨ ਕਰਨਗੇ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ ਵਿਖੇ ਇਨਾਮ ਵੰਡ ਸਮਾਰੋਹ ਸੰਪੰਨ



**ਸਮਾਣਾ (ਇਕਬਾਲ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਪੁਰ (ਸਮਾਣਾ) ਵਿਖੇ ਸੀਬੀਐੱਸਈ ਕਲੱਸਟਰ-17 ਅਧੀਨ ਕਰਵਾਏ ਗਏ ਖੋ-ਖੋ ਤੇ ਬੈਡਮਿੰਟਨ ਟੂਰਨਾਮੈਂਟ ਦਾ ਇਨਾਮ ਵੰਡ ਸਮਾਰੋਹ ਬੜੀ ਧੂਮਧਾਮ, ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਇਆ।ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਕਰਨਲ ਸੰਦੀਪ ਰੋਏ, ਕਮਾਂਡਿੰਗ ਅਫ਼ਸਰ, 5 ਪੰਜਾਬ ਬਟਾਲੀਅਨ ਐੱਨ.ਸੀ.ਸੀ., ਪਟਿਆਲਾ ਤੇ ਵਿਸ਼ੇਸ਼ ਮਹਿਮਾਨ ਬਾਬਾ ਦਿਲਬਾਗ ਸਿੰਘ ਕਾਰ ਸੇਵਾ ਵਾਲਿਆਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਖਿਡਾਰੀਆਂ ਨੂੰ ਖੇਡਾਂ ਰਾਹੀਂ ਅਨੁਸ਼ਾਸਨ ਲੀਡਰਸ਼ਿਪ ਤੇ ਦੇਸ਼ ਸੇਵਾ ਦੀ ਭਾਵਨਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਦੇਸ਼ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੀਆਂ ਟੀਮਾਂ ਨੇ ਖੋ-ਖੋ ਤੇ ਬੈਡਮਿੰਟਨ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਖੇਡ ਪ੍ਰਤਿਭਾ, ਮਿਹਨਤ ਤੇ ਖੇਡ ਭਾਵਨਾ ਦਾ ਬੇਮਿਸਾਲ ਪ੍ਰਗਟਾਵਾ ਕੀਤਾ। ਜੇਤੂ ਟੀਮਾਂ ਤੇ ਖਿਡਾਰੀਆਂ ਨੂੰ ਟਰਾਫੀਆਂ, ਮੈਡਲਾਂ ਤੇ ਸਨਮਾਨ ਚਿੰਨਾਂ ਨਾਲ ਸਨਮਾਨਤ ਕੀਤਾ ਗਿਆ।ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪਰਦਮਨ ਸਿੰਘ ਤੇ ਸਕੂਲ ਪ੍ਰਿੰਸੀਪਲ ਸੁਨੀਤਾ ਰਾਣੀ ਨੇ ਸਮੂਹ ਭਾਗ ਲੈਣ ਵਾਲੇ ਸਕੂਲਾਂ, ਖਿਡਾਰੀਆਂ, ਕੋਚਾਂ, ਰੈਫਰੀਆਂ ਤੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਖੇਡ ਸਮਾਗਮ ਵਿਦਿਆਰਥੀਆਂ ਵਿੱਚ ਸਰੀਰਕ ਤੰਦਰੁਸਤੀ, ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਟੀਮ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਉਨ੍ਹਾਂ ਸਮੂਹ ਜੇਤੂਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਬਲਵਿੰਦਰ ਸਿੰਘ, ਸੀਨੀਅਰ ਵਾਈਸ ਪ੍ਰਧਾਨ ਗੁਲਜਾਰ ਸਿੰਘ, ਵਾਈਸ ਪ੍ਰਧਾਨ ਜਸਵੰਤ ਸਿੰਘ, ਕਮੇਟੀ ਮੈਂਬਰ ਗੁਰਦੇਵ ਸਿੰਘ, ਬਾਬਾ ਸਾਹਿਬ ਸਿੰਘ, ਕੁਲਦੀਪ ਸਿੰਘ, ਬਲਬੀਰ ਸਿੰਘ ਧਾਰੀਵਾਲ, ਸਮੂਹ ਅਧਿਆਪਕ, ਕੋਚ, ਖਿਡਾਰੀ ਤੇ ਵੱਡੀ ਗਿਣਤੀ ਵਿੱਚ ਮਹਿਮਾਨ ਹਾਜ਼ਰ ਸਨ।

## 'ਸਿੱਖਿਆ ਕ੍ਰਾਂਤੀ' ਲਹਿਰ ਤਹਿਤ ਵਿਦਿਆਰਥੀਆਂ ਨੂੰ ਵੰਡੇ ਸਕੂਲ ਬੈਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਸਿੱਖਿਆ ਕ੍ਰਾਂਤੀ' ਲਹਿਰ ਤਹਿਤ ਹਲਕਾ ਸਨੌਰ ਦੇ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਨਾ ਵੱਲੋਂ ਸਰਕਾਰੀ ਸਕੂਲਾਂ ਦਾ ਮਿਆਰ ਉੱਚਾ ਚੁੱਕਣ ਤੇ ਬੱਚਿਆਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਪੀ.ਐੱਮ. ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਾਏ ਗਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਸਕੂਲੀ ਵਿਦਿਆਰਥੀਆਂ ਨੂੰ ਮੁਫ਼ਤ ਸਕੂਲ ਬੈਗ ਵੰਡੇ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਰਣਜੋਧ ਸਿੰਘ ਹਡਾਨਾ ਨੇ ਆਖਿਆ ਕਿ ਪੰਜਾਬ ਸਰਕਾਰ ਦਾ ਮੁੱਖ ਮੰਤਵ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਹਰ ਇੱਕ ਬੱਚੇ ਨੂੰ ਪ੍ਰਾਈਵੇਟ ਸਕੂਲਾਂ ਵਰਗੀਆਂ ਆਧੁਨਿਕ ਸਹੂਲਤਾਂ, ਸਮਾਨ ਮੌਕੇ ਤੇ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਨਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਇਨ੍ਹਾਂ ਸਹੂਲਤਾਂ ਦਾ ਪੂਰਾ ਲਾਭ ਉਠਾਉਣ, ਨਿਯਮਿਤ ਤੌਰ 'ਤੇ ਸਕੂਲ ਆਉਣ, ਅਨੁਸ਼ਾਸਨ ਤੇ ਮਿਹਨਤ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਅਤੇ ਉੱਚੇ ਟੀਚੇ ਨਿਰਧਾਰਤ ਕਰਕੇ ਆਪਣੇ ਮਾਪਿਆਂ, ਸਕੂਲ ਅਤੇ ਪੂਰੇ ਪੰਜਾਬ ਦਾ ਨਾਂਅ ਰੌਸ਼ਨ ਕਰਨ।ਹਡਾਨਾ ਨੇ ਜ਼ੋਰ ਦਿੰਦਿਆਂ ਆਖਿਆ ਕਿ ਅੱਜ ਦੇ ਇਹ ਬੱਚੇ ਹੀ ਭਲਕੇ ਦੇ ਜ਼ਿੰਮੇਵਾਰ ਨਾਗਰਿਕ ਹਨ ਅਤੇ ਸਿੱਖਿਆ ਹੀ ਉਨ੍ਹਾਂ ਦੀ ਸਫ਼ਲਤਾ ਦੀ ਸਭ ਤੋਂ ਵੱਡੀ ਕੁੰਜੀ ਹੈ।ਸਮਾਗਮ ਦੌਰਾਨ ਸਕੂਲ ਦੀ ਪ੍ਰਿੰਸੀਪਲ ਨੇ ਮੁੱਖ ਮਹਿਮਾਨ ਹਡਾਨਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਸਕੂਲ ਦਾ ਸਮੂਹ ਸਟਾਫ਼ ਵਿਦਿਆਰਥੀਆਂ ਨੂੰ ਗੁਣਵੱਤਾ ਭਰੀ, ਰੁਜ਼ਗਾਰਮੁਖੀ ਅਤੇ ਮੁੱਲ-ਆਧਾਰਿਤ ਸਿੱਖਿਆ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਪੈਟਰੋਲ ਬੰਬ ਦੀ ਵਾਰਦਾਤ 24 ਘੰਟਿਆਂ ਅੰਦਰ ਟਰੇਸ, 2 ਦੋਸ਼ੀ ਗ੍ਰਿਫ਼ਤਾਰ



**ਸੰਗਰੂਰ (ਪ੍ਰਵੀਨ ਸਿੰਘ)**

ਡਾ. ਰਵਜੋਤ ਗਰੇਵਾਲ ਐਸ.ਐਸ.ਪੀ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤਕਾਰਵਾਈ ਕਰਦੇ ਹੋਏ ਥਾਣਾ ਸਿਟੀ-1-ਸੰਗਰੂਰ ਦੇ ਏਰੀਆ ਅੰਦਰ ਬੀ.ਜੇ.ਪੀ ਦੇ ਦਫਤਰ ਪਰ ਸੁੱਟੇ ਪੈਟਰੋਲ ਬੰਬ ਦੀ ਵਾਰਦਾਤ ਨੂੰ 24 ਘੰਟਿਆਂ ਦੇ ਅੰਦਰ ਟਰੇਸ ਕਰਕੇ 02 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ ਵਾਰਦਾਤ ਸਮੇਂ ਵਰਤਿਆ ਮੋਟਰਸਾਈਕਲ ਮਾਰਕਾ ਪਲੈਟੀਨਾ ਤੇ 02 ਮੋਬਾਇਲਫੋਨ ਬਰਾਮਦ ਕਰਾਏ ਗਏ।

ਡਾ. ਰਵਜੋਤ ਗਰੇਵਾਲ ਨੇ ਹੋਰ ਦੱਸਿਆ ਕਿ 26.07.2026 ਨੂੰ ਦੋ ਨਾਮਲੂਮ ਵਿਅਕਤੀ ਪੈਦਲ ਪਿੰਡ ਉਪਲੀ ਸਾਇਡ ਤੋਂ ਸੜਕ ਪਰ ਆ ਕੇ ਬੋਤਲ ਪਰ ਲੱਗੀ ਸੂਤਲੀ ਨੂੰ ਅੱਗ ਲਗਾ ਕੇ ਬੀ.ਜੇ.ਪੀ. ਦਫਤਰ ਦੀ ਚਾਰਦੀਵਾਰੀ ਦੀ ਕੰਧ ਉੱਪਰੋਂ ਦਫਤਰ ਦੀ ਬਿਲਡਿੰਗ ਵਾਲੀ ਕੰਧ ਪਰ ਸੁੱਟ ਕੇ ਵਾਪਸ ਪੈਦਲ ਹੀ ਉਪਲੀ ਰੋਡਵੱਲ ਚੱਲੇ ਗਏ, ਜਿਨ੍ਹਾਂ ਵੱਲੋਂ ਬੀ.ਜੇ.ਪੀ. ਦਫਤਰ ਦੀ ਬਿਲਡਿੰਗ ਨੂੰ ਨੁਕਸਾਨ ਪੁਚਾਉਣ ਤੇ ਮਾਹੌਲ ਖਰਾਬ ਕਰਨ ਦੇ ਇਰਾਦੇ ਨਾਲ ਜਾਣ-ਬੁੱਝ ਕੇ ਪੈਟਰੋਲ ਬੰਬ ਸੁੱਟ ਕੇ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਸੀ, ਜਿਸਦੇ ਸਬੰਧ ਵਿੱਚ ਸ੍ਰੀ ਮਨਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਕਪਿਆਲ ਥਾਣਾ ਭਵਾਨੀਗੜ੍ਹ, ਜ਼ਿਲ੍ਹਾ ਪ੍ਰਧਾਨ ਬੀ.ਜੇ.ਪੀ. ਸੰਗਰੂਰ ਦੇ ਬਿਆਨ ਪਰ ਮੁਕੱਦਮਾ ਨੰਬਰ 109 ਮਿਤੀ 27.07.2026 ਰਜਿਸਟਰ ਕਰਕੇ ਤਫਤੀਸ ਅਮਲ ਵਿੱਚ ਲਿਆਂਦੀ ਗਈ।

## ਸਫਾਈ ਕਾਮਿਆਂ ਦੀ ਹੜਤਾਲ 'ਚ ਮੰਗਤ ਰਾਮ ਪਾਸਲਾ ਹੋਣਗੇ ਸ਼ਾਮਲ : ਪੁਰੀ

**ਕੋਟਕਪੂਰਾ (ਰਛਪਾਲ ਭੁੱਲਰ)**-ਜੇ.ਪੀ.ਐੱਮ.ਓ. ਜਨਤਕ ਜਥੇਬੰਦੀਆਂ ਦਾ ਸਾਂਝਾ ਮੋਰਚਾ ਜ਼ਿਲ੍ਹਾ ਫਰੀਦਕੋਟ ਦੀ ਮੀਟਿੰਗ ਜੇਪੀਐੱਮਓ ਜ਼ਿਲ੍ਹਾ ਕਨਵੀਨਰ ਵੀਰਇੰਦਰਜੀਤ ਸਿੰਘ ਪੁਰੀ ਦੀ ਪ੍ਰਧਾਨਗੀ ਹੇਠ ਜੇਪੀਐੱਮਓ ਦਫਤਰ ਕੋਟਕਪੂਰਾ ਵਿਖੇ ਕੀਤੀ ਗਈ, ਜਿਸ ਵਿੱਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜੋ ਪਿਛਲੇ ਲੰਬੇ ਸਮੇਂ ਤੋਂ ਸਫਾਈ ਸੇਵਕ ਪੂਰੇ ਪੰਜਾਬ ਅੰਦਰ ਆਪਣੇ ਕੱਚੇ ਮੁਲਾਜ਼ਮ ਪੱਕੇ ਕਰਾਉਣ, ਬਰਾਬਰ ਕੰਮ ਬਰਾਬਰ ਤਨਖਾਹ ਤੇ ਤਨਖਾਹਾਂ ਵਿੱਚ ਵਾਧਾ ਕਰਾਉਣ ਸਬੰਧੀ ਹੜਤਾਲ ਉੱਪਰ ਚੱਲ ਰਹੇ ਹਨ ਅਤੇ ਉਨ੍ਹਾਂ ਵੱਲੋਂ 30 ਜੁਲਾਈ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ, ਇਸ ਹੜਤਾਲ ਨੂੰ ਕਾਮਯਾਬ ਕਰਨ ਵਾਸਤੇ ਜੇਪੀਐੱਮਓ ਜ਼ਿਲ੍ਹਾ ਫਰੀਦਕੋਟ ਵੱਲੋਂ ਡੱਟ ਕੇ ਹਮਾਇਤ ਕੀਤੀ ਗਈ ਹੈ, ਜਿਸ ਵਿੱਚ ਸਾਰੇ ਵਿਭਾਗਾਂ ਤੋਂ ਇਲਾਵਾ ਜਮਹੂਰੀ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਤੇ ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਫਰੀਦਕੋਟ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਪ੍ਰੈੱਸ ਬਿਆਨ ਜਾਰੀ ਕਰਦਿਆਂ ਜੇਪੀਐੱਮਓ ਜ਼ਿਲ੍ਹਾ ਕਨਵੀਨਰ ਪੁਰੀ ਨੇ ਦੱਸਿਆ ਕਿ ਸਫਾਈ ਕਾਮਿਆਂ ਤੇ ਕਿਰਤੀ ਲੋਕਾਂ ਦੀ ਮੰਗ ਨੂੰ ਪੰਜਾਬ ਤੇ ਕੇਂਦਰ ਸਰਕਾਰ ਤੱਕ ਪਹੁੰਚਾਉਣ ਵਾਸਤੇ ਆਰਐੱਮਪੀਆਈ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਘ ਮਕੇਰੀਆਂ ਫਰੀਦਕੋਟ ਵਿਖੇ ਸਫਾਈ ਕਾਮਿਆਂ ਦੇ ਸੰਘਰਸ਼ 'ਚ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸੰਬੋਧਨ ਕਰਨਗੇ। ਮੀਟਿੰਗ ਵਿੱਚ ਬਰਨਾਲਾ ਵਿਖੇ ਪੰਜਾਬ ਸਰਕਾਰ ਤੇ ਬਰਨਾਲਾ ਪ੍ਰਸ਼ਾਸਨ ਵੱਲੋਂ ਸਫਾਈ ਕਰਮਚਾਰੀਆਂ ਤੇ ਬੀਬੀਆਂ ਉੱਪਰ ਕੀਤੇ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ।

## 'ਵਿਸ਼ਵ ਹੈਪੇਟਾਈਟਸ ਡੇਅ' ਤੇ 'ਵਿਸ਼ਵ ਕੁਦਰਤ ਸੰਭਾਲ ਦਿਵਸ' ਮਨਾਇਆ



**ਭਵਾਨੀਗੜ੍ਹ (ਰਾਜ ਖੁਰਮੀ)**-ਅਦਾਰਾ ਰਹਿਬਰ ਗਰੁੱਪ ਆਫ਼ ਇੰਸਟੀਚਿਊਟ ਵਿਖੇ ਰਹਿਬਰ ਹਸਪਤਾਲ ਭਵਾਨੀਗੜ੍ਹ ਦੇ ਸਹਿਯੋਗ ਨਾਲ 'ਵਿਸ਼ਵ ਹੈਪੇਟਾਈਟਸ ਡੇਅ' ਅਤੇ 'ਵਿਸ਼ਵ ਕੁਦਰਤ ਸੰਭਾਲ ਦਿਵਸ' ਸਾਂਝੇ ਤੌਰ 'ਤੇ ਮਨਾਇਆ ਗਿਆ।ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਹੈਪੇਟਾਈਟਸ ਵਰਗੀ ਗੰਭੀਰ ਬਿਮਾਰੀ ਤੋਂ ਬਚਾਅ ਅਤੇ ਕੁਦਰਤ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ।ਗਰੁੱਪ ਅਧੀਨ ਚੱਲ ਰਹੇ ਬੀ.ਯੂ.ਐੱਮ.ਐੱਸ, ਜੀ.ਐਨ.ਐੱਮ, ਏ.ਐਨ.ਐੱਮ. ਤੇ ਆਯੁਰਵੈਦਿਕ ਫਾਰਮੇਸੀ ਦੇ ਵਿਦਿਆਰਥੀਆਂ ਵੱਲੋਂ ਸੈਮੀਨਾਰ, ਪੋਸਟਰ ਮੇਕਿੰਗ ਮੁਕਾਬਲੇ ਅਤੇ ਪੌਦੇ ਲਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ।ਵਿਦਿਆਰਥੀਆਂ ਨੇ ਆਪਣੇ ਆਕਰਸ਼ਕ ਪੋਸਟਰਾਂ ਰਾਹੀਂ ਹੈਪੇਟਾਈਟਸ ਤੋਂ ਬਚਾਅ, ਸਿਹਤਮੰਦ ਜੀਵਨ ਸ਼ੈਲੀ ਤੇ ਵਾਤਾਵਰਣ ਦੀ ਸੰਭਾਲ ਦਾ ਪ੍ਰਭਾਵਸ਼ਾਲੀ ਸੁਨੇਹਾ ਦਿੱਤਾ।ਸਮਾਗਮ ਦੌਰਾਨ ਰਹਿਬਰ ਹਸਪਤਾਲ ਭਵਾਨੀਗੜ੍ਹ ਦੀ ਮੈਡੀਕਲ ਟੀਮ ਨੇ ਵਿਸ਼ੇਸ਼ ਸ਼ਿਰਕਤ ਕਰਦਿਆਂ ਹੈਪੇਟਾਈਟਸ (ਕਾਲਾ ਪੀਲੀਆ) ਦੇ ਲੱਛਣਾਂ, ਫੈਲਣ ਦੇ ਕਾਰਨਾਂ, ਸਮੇਂ ਸਿਰ ਜਾਂਚ ਤੇ ਬਚਾਅ ਦੇ ਉਪਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਡਾਕਟਰਾਂ ਨੇ ਕਿਹਾ ਕਿ ਸਮੇਂ ਸਿਰ ਟੈਸਟ ਅਤੇ ਟੀਕਾਕਰਨ ਰਾਹੀਂ ਇਸ ਬਿਮਾਰੀ ਤੋਂ ਪ੍ਰਭਾਵਸ਼ਾਲੀ ਬਚਾਅ ਕੀਤਾ ਜਾ ਸਕਦਾ ਹੈ।ਇਸ ਮੌਕੇ ਰਹਿਬਰ ਫਾਊਂਡੇਸ਼ਨ ਦੇ ਚੇਅਰਮੈਨ ਡਾ. ਐੱਮ.ਐੱਸ. ਖ਼ਾਨ ਅਤੇ ਵਾਈਸ ਚੇਅਰਪਰਸਨ ਡਾ. ਕਾਫਿਲਾ ਖ਼ਾਨ ਨੇ ਕਿਹਾ ਕਿ ਤੰਦਰੁਸਤ ਸਮਾਜ ਦੀ ਨੀਂਹ ਸਾਫ਼-ਸੁਥਰੇ ਵਾਤਾਵਰਣ ਅਤੇ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਨਾਲ ਹੀ ਰੱਖੀ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਰਹਿਬਰ ਹਸਪਤਾਲ ਲੋਕਾਂ ਨੂੰ ਹੈਪੇਟਾਈਟਸ ਤੋਂ ਬਚਾਅ ਲਈ ਟੀਕਾਕਰਨ ਅਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਨਿਰੰਤਰ ਸੇਵਾਵਾਂ ਦੇ ਰਿਹਾ ਹੈ।

# ਅਸ਼ੋਕ ਅਨੇਜਾ ਕ੍ਰਿਕਟ ਟੂਰਨਾਮੈਂਟ ਅਭੁੱਲ ਯਾਦਾਂ ਨਾਲ ਸਮਾਪਤ

**ਜਲਾਲਾਬਾਦ (ਜੀਤ ਕੁਮਾਰ)**



ਅਨੇਜਾ ਪਰਵਾਰ ਤੇ ਸਮਾਜ ਸੇਵਕ ਅਸ਼ੋਕ ਅਨੇਜਾ ਦੁਆਰਾ ਨੌਜਵਾਨਾਂ ਨੂੰ ਖੇਡਾਂ ਵੱਲ ਆਕਰਸ਼ਿਤ ਕਰਨ ਤੇ ਸਮਾਜਿਕ ਬੁਰਾਈਆਂ ਅਤੇ ਨਸ਼ਿਆਂ ਦੀ ਲੱਤ ਤੋਂ ਦੂਰ ਰੱਖਣ ਲਈ ਆਯੋਜਤ ਤਿੰਨ ਦਿਨਾਂ ਅਸ਼ੋਕ ਕੁਮਾਰ ਅਨੇਜਾ ਕ੍ਰਿਕਟ ਟੂਰਨਾਮੈਂਟ ਯਾਦਗਾਰੀ ਯਾਦਾਂ ਛੱਡ ਕੇ ਸਮਾਪਤ ਹੋ ਗਿਆ ਹੈ। ਸਮਾਜ ਸੇਵਕ ਅਸ਼ੋਕ ਅਨੇਜਾ (ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਉਪ ਪ੍ਰਧਾਨ) ਸਮਾਪਤੀ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਿੱਥੇ ਉਨ੍ਹਾਂ ਜੇਤੂਆਂ ਨੂੰ ਉਤਸ਼ਾਹਤ ਕੀਤਾ ਅਤੇ ਸਨਮਾਨਤ ਕੀਤਾ। ਅਨੇਜਾ ਨੇ ਕਿਹਾ ਕਿ ਅਜਿਹੇ ਟੂਰਨਾਮੈਂਟ ਨਾ ਸਿਰਫ਼ ਨੌਜਵਾਨਾਂ ਨੂੰ ਖੇਡਾਂ ਵੱਲ ਖਿੱਚਦੇ ਹਨ ਬਲਕਿ ਉਨ੍ਹਾਂ ਨੂੰ ਸਹੀ ਰਸਤੇ 'ਤੇ ਲੈ ਜਾਣ ਵਿੱਚ ਵੀ ਪ੍ਰਭਾਵਸ਼ਾਲੀ ਸਾਬਤ ਹੁੰਦੇ ਹਨ। ਉਨ੍ਹਾਂ ਟੂਰਨਾਮੈਂਟ ਦੇ ਸਫ਼ਲ ਆਯੋਜਨ ਲਈ ਸਾਰੇ ਸਹਿਯੋਗੀਆਂ, ਖਿਡਾਰੀਆਂ ਅਤੇ ਜਨਤਾ ਦਾ ਧੰਨਵਾਦ ਕੀਤਾ।

ਅਨੇਜਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਲਈ ਭਵਿੱਖ ਵਿੱਚ ਟੂਰਨਾਮੈਂਟ ਹੋਰ ਵੀ ਵੱਡੇ ਪੱਧਰ 'ਤੇ ਆਯੋਜਤ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਸ਼ੋਕ ਕੰਬੋਜ, ਰਾਜੂ ਖੇੜਾ, ਭੋਲਾ ਖੁਰਾਣਾ, ਮਿੱਠੂ ਗੰਬਰ, ਤਨਵੀਰ ਮਲਿਕ, ਗੌਰਵ ਅਨੇਜਾ, ਸਤਨਾਮ ਥਿੰਦ, ਗੁਰਵਿੰਦਰ ਸਿੰਘ ਘਾਰੂ, ਰੋਹਿਤ ਗੁਡਾਲੀਆ, ਸੁਖਪਾਲਵੀਰ ਸਿੰਘ ਮਦਾਨ, ਯੂਥ ਅਕਾਲੀ ਆਗੂ ਸੰਜੀਵ ਡੂਮੜਾ, ਸੰਜੀਵ ਬਜਾਜ, ਗੁਰਪ੍ਰੀਤ ਧਵਨ, ਰਾਜੇਸ਼ ਚੋਪੜਾ, ਪ੍ਰਕਾਸ਼ ਸਿੰਘ, ਸ਼ੇਖਰ ਗੰਬਰ, ਦਵਿੰਦਰ ਕੁੱਕੜ, ਬਲਜੀਤ ਕਪੂਰ, ਕੁਲਦੀਪ ਸਿੰਘ, ਕੇਡੀ ਨਾਗਪਾਲ, ਸੰਦੀਪ ਸ਼ਰਮਾ, ਪੂਰਨ ਮਦਾਨ, ਅਸਮੀਤ ਸਲੂਜਾ, ਮਨਜੀਤ ਸਿੰਘ ਤੇ ਹੋਰ ਹਾਜ਼ਰ ਸਨ। ਟੂਰਨਾਮੈਂਟ ਦੇ ਅੰਤ 'ਤੇ ਅਸ਼ੋਕ ਅਨੇਜਾ ਨੇ ਹੋਰ ਪਤਵੰਤਿਆਂ ਦੇ ਨਾਲ ਜੇਤੂ ਟੀਮਾਂ ਨੂੰ ਟਰਾਫੀਆਂ ਤੇ ਨਕਦ ਇਨਾਮ ਪਹਿਲੇ ਸਥਾਨ ਲਈ 31,000 ਤੇ ਦੂਜੇ ਸਥਾਨ ਲਈ 21,000 ਦੇ ਕੇ ਸਨਮਾਨਤ ਕੀਤਾ।

# ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਸਬੰਧੀ ਪੱਧਰੀ ਸਮਾਗਮ ਦੀਆਂ ਤਿਆਰੀਆਂ ਜਾਰੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮਹਾਨ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 31 ਜੁਲਾਈ ਨੂੰ ਦਾਣਾ ਮੰਡੀ, ਸੁਨਾਮ ਵਿਖੇ ਕਰਾਏ ਜਾ ਰਹੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਹੁਣ ਅੰਤਿਮ ਪੜਾਅ ਵਿੱਚ ਪਹੁੰਚ ਚੁੱਕੀਆਂ ਹਨ।ਸਮਾਗਮ ਨੂੰ ਸੁਚਾਰੂ, ਪ੍ਰਭਾਵਸ਼ਾਲੀ ਅਤੇ ਯਾਦਗਾਰੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਤੇ ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਨੇ ਦਾਣਾ ਮੰਡੀ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰੈਪਰੇਟਰੀ ਮੀਟਿੰਗ ਕਰ ਕੇ ਸਮੁੱਚੇ ਪ੍ਰਬੰਧਾਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ।ਸਮਾਗਮ ਸਥਾਨ 'ਤੇ ਸਟੇਜ, ਬੈਠਣ ਦੀ ਵਿਵਸਥਾ, ਪਾਰਕਿੰਗ, ਟ੍ਰੈਫ਼ਿਕ ਪ੍ਰਬੰਧਨ, ਪੀਣ ਵਾਲੇ ਪਾਣੀ, ਸਫ਼ਾਈ, ਬਿਜਲੀ ਸਪਲਾਈ, ਮੈਡੀਕਲ ਸਹੂਲਤਾਂ, ਐਮਰਜੈਂਸੀ ਸੇਵਾਵਾਂ, ਸੁਰੱਖਿਆ ਪ੍ਰਬੰਧ ਤੇ ਹੋਰ ਲੋੜੀਂਦੇ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ।ਕੈਬਨਿਟ ਮੰਤਰੀ ਤੇ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮ ਵਿੱਚ ਆਉਣ ਵਾਲੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਨਾ ਆਵੇ ਤੇ ਹਰ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤਾ ਜਾਵੇ।ਅਮਨ ਅਰੋੜਾ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਦੇ ਸਮੇਂ ਸਾਲ 1993-94 ਤੋਂ ਸ਼ੁਰੂ ਹੋਇਆ ਇਹ ਸਰਕਾਰੀ ਸਮਾਗਮ ਹਰ ਸਾਲ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਕਿਸੇ ਵੀ ਪਾਰਟੀ ਦੀ ਸਰਕਾਰ ਰਹੀ ਹੋਵੇ, ਪਰ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਨੂੰ ਸਦਾ ਹੀ ਉੱਚੇ ਸਨਮਾਨ ਨਾਲ ਯਾਦ ਕੀਤਾ ਜਾਂਦਾ ਰਿਹਾ ਹੈ ਅਤੇ ਇਹ ਪ੍ਰੰਪਰਾ ਅੱਜ ਵੀ ਉਸੇ ਸ਼ਰਧਾ ਨਾਲ ਨਿਭਾਈ ਜਾ ਰਹੀ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਗਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਾਰੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰੈਪਰੇਟਰੀ ਮੀਟਿੰਗ ਕਰਕੇ ਹਰ ਵਿਭਾਗ ਨੂੰ ਉਸ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ ਤੇ ਸਾਰੇ ਪ੍ਰਬੰਧਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ ਹੈ।

# ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਗੈਰ-ਅਧਿਕਾਰਤ ਖਾਦ ਦੀ ਖੇਪ ਜ਼ਬਤ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਵੱਲੋਂ ਕਿਸਾਨਾਂ ਨੂੰ ਮਿਆਰੀ ਖਾਦ, ਬੀਜ ਅਤੇ ਕੀਟਨਾਸ਼ਕਾਂ ਦੀ ਉਪਲਬੱਧਤਾ ਯਕੀਨੀ ਬਣਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਹੁਸ਼ਿਆਰਪੁਰ ਡਾ. ਦਪਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਵੱਡੀ ਕਾਰਵਾਈ ਕਰਦਿਆਂ ਗੈਰ-ਅਧਿਕਾਰਤ ਤਰੀਕੇ ਨਾਲ ਸਪਲਾਈ ਕੀਤੀ ਜਾ ਰਹੀ ਖਾਦ ਦੀ ਖੇਪ ਜ਼ਬਤ ਕੀਤੀ ਗਈ ਹੈ।ਜਾਣਕਾਰੀ ਅਨੁਸਾਰ ਕਿਸਾਨਾਂ ਤੋਂ ਮਿਲੀ ਸ਼ਿਕਾਇਤ ਦੇ ਆਧਾਰ 'ਤੇ ਪਿੰਡ ਜਮਸ਼ੇਰ ਚਠਿਆਲ ਵਿੱਚ ਛਾਪੇਮਾਰੀ ਕੀਤੀ ਗਈ।ਸ਼ਿਕਾਇਤਕਰਤਾਵਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਮਾਨਗੜ੍ਹ ਸਹਿਕਾਰੀ ਸਭਾ ਦੇ ਸਕੱਤਰ ਅਵਤਾਰ ਸਿੰਘ ਅਤੇ ਧੁੱਗਾ ਕਲਾਂ ਸਹਿਕਾਰੀ ਸਭਾ ਦੇ ਸਕੱਤਰ ਤਜਿੰਦਰ ਸਿੰਘ ਉਰਫ਼ ਰਾਜਾ ਵੱਲੋਂ ਸਭਾ ਰਾਹੀਂ ਖਾਦ ਮੁਹੱਈਆ ਕਰਵਾਉਣ ਦੀ ਬਜਾਏ ਸਿੱਧੇ ਉਨ੍ਹਾਂ ਦੇ ਘਰਾਂ ਵਿੱਚ ਖਾਦ ਦੀ ਸਪਲਾਈ ਕੀਤੀ ਜਾ ਰਹੀ ਸੀ। ਦੋਸ਼ ਹੈ ਕਿ ਸਬੰਧਤ ਸਕੱਤਰਾਂ ਨੇ ਕਿਸਾਨਾਂ ਨੂੰ ਦੱਸਿਆ ਕਿ ਇਹ ਖਾਦ ਸਿੱਧੀ ਰੈਕ ਤੋਂ ਲਿਆਂਦੀ ਗਈ ਹੈ। ਜਦੋਂ ਕਿਸਾਨਾਂ ਨੇ ਖਾਦ ਦਾ ਬਿੱਲ ਅਤੇ ਬਿਲਟੀ ਮੰਗੀ ਤਾਂ ਉਨ੍ਹਾਂ ਨੂੰ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ, ਜਿਸ ਤੋਂ ਬਾਅਦ ਕਿਸਾਨਾਂ ਨੇ ਇਸ ਦੀ ਸ਼ਿਕਾਇਤ ਮੁੱਖ ਖੇਤੀਬਾੜੀ ਅਫ਼ਸਰ ਕੋਲ ਕੀਤੀ ਸ਼ਿਕਾਇਤ ਮਿਲਦੇ ਹੀ ਡਾ. ਦਪਿੰਦਰ ਸਿੰਘ ਸੰਧੂ ਦੇ ਨਿਰਦੇਸ਼ਾਂ 'ਤੇ ਗਠਿਤ ਟੀਮ, ਜਿਸ ਵਿੱਚ ਖੇਤੀਬਾੜੀ ਵਿਕਾਸ ਅਫ਼ਸਰ ਭੁੰਗਾ ਮਨਪ੍ਰੀਤ, ਖੇਤੀਬਾੜੀ ਵਿਕਾਸ ਅਫ਼ਸਰ (ਪੀ.ਪੀ.) ਡਾ. ਸਿਮਰਨਜੀਤ ਸਿੰਘ ਅਤੇ ਖੇਤੀਬਾੜੀ ਵਿਕਾਸ ਅਫ਼ਸਰ (ਟੀ.ਏ.) ਹਰਪ੍ਰੀਤ ਸਿੰਘ ਸ਼ਾਮਲ ਸਨ, ਨੇ ਪਿੰਡ ਜਮਸ਼ੇਰ ਚਠਿਆਲ ਵਿੱਚ ਛਾਪੇਮਾਰੀ ਕੀਤੀ। ਕਾਰਵਾਈ ਦੌਰਾਨ 299 ਬੋਰੀਆਂ ਡੀ ਏ ਪੀ ਅਤੇ 149 ਬੋਰੀਆਂ ਐਮਓਪੀ ਖਾਦ ਜ਼ਬਤ ਕੀਤੀ ਗਈ। ਜ਼ਬਤ ਕੀਤੀ ਗਈ ਖਾਦ ਨੂੰ ਥਾਣਾ ਗੜ੍ਹਦੀਵਾਲਾ ਦੇ ਹਵਾਲੇ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਡੀ ਏ ਪੀ ਅਤੇ ਐਮਓਪੀ ਦੇ ਦੋ ਨਮੂਨੇ ਜਾਂਚ ਲਈ ਵੀ ਲਏ ਗਏ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਸਬੰਧਤ ਮੁਲਜ਼ਮਾਂ ਖ਼ਿਲਾਫ਼ ਖਾਦ ਕੰਟਰੋਲ ਆਰਡਰ, 1985 ਤਹਿਤ ਲੋੜੀਂਦੀ ਕਾਨੂੰਨੀ ਕਾਰਵਾਈ ਕਰਦਿਆਂ ਥਾਣਾ ਗੜ੍ਹਦੀਵਾਲਾ ਵਿੱਚ ਐੱਫ ਆਈ ਆਰ ਦਰਜ ਕਰਵਾਈ ਗਈ ਹੈ।

# ਸਮਾਜ ਸੇਵੀ ਸੰਸਥਾਵਾਂ ਲੋਕ ਭਲਾਈ ਕੰਮ 'ਚ ਪਾ ਰਹੀਆਂ ਅਹਿਮ ਯੋਗਦਾਨ : ਬਾਲ ਮੁਕੰਦ ਸ਼ਰਮਾ



ਲੋਹੀਆਂ ਖਾਸ (ਯੋਗੇਸ਼ਵਰ ਸ਼ਰਮਾ, ਰੀਨਾ ਸ਼ਰਮਾ)-ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਪਿੰਡ ਟੁਰਨਾ ਵਿਖੇ 'ਮੇਰਾ ਪਿੰਡ 360 ਸੈਂਟਰ' ਦੀ ਸ਼ੁਰੂਆਤ ਮੌਕੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਵੱਲੋਂ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਸਮਾਜ ਭਲਾਈ ਲਈ ਸ਼ਲਾਘਾਯੋਗ ਭੂਮਿਕਾ ਨਿਭਾਈ ਜਾ ਰਹੀ ਹੈ। ਸ਼ਰਮਾ ਨੇ ਦੱਸਿਆ ਕਿ ਸੰਸਥਾ ਵੱਲੋਂ ਪਿੰਡ ਦੇ ਜੰਮਪਲ ਪਰਿਵਾਰ ਦੇ ਸਹਿਯੋਗ ਨਾਲ ਕੀਤੇ ਗਏ ਇਸ ਉਪਰਾਲੇ ਤਹਿਤ ਪਿੰਡ ਵਿੱਚ ਲਾਇਬ੍ਰੇਰੀ ਖੋਲ੍ਹੀ ਜਾਵੇਗੀ, ਜਿਸ ਦੇ ਲਈ ਕਿਤਾਬਾਂ ਪਹਿਲਾਂ ਹੀ ਪਹੁੰਚ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਦੀ ਸਹੂਲਤ ਨਾਲ ਨੌਜਵਾਨਾਂ ਵਿੱਚ ਪੜ੍ਹਨ ਦੀ ਰੁਚੀ ਵਧੇਗੀ ਅਤੇ ਉਹ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਵੀ ਦੂਰ ਰਹਿਣ ਲਈ ਪ੍ਰੇਰਿਤ ਹੋਣਗੇ। ਉਨ੍ਹਾਂ ਦੱਸਿਆ ਕਿ ਪਿੰਡ ਦੇ ਹਾਂਡਾ ਪਰਿਵਾਰ ਦੀ ਸੂਚੀ ਹਾਂਡਾ ਪਤਨੀ ਆਜ਼ਾਦ ਐਸ. ਹਾਂਡਾ (ਆਸਟ੍ਰੇਲੀਆ) ਦੇ ਪਰਵਾਰ ਵੱਲੋਂ 'ਮੇਰਾ ਪਿੰਡ 360 ਫਾਊਂਡੇਸ਼ਨ' ਨੂੰ ਆਪਣਾ ਜੱਦੀ ਘਰ ਸਮਾਜ ਸੇਵੀ ਕਾਰਜਾਂ ਲਈ ਦਿੱਤਾ ਗਿਆ ਹੈ। ਉਨ੍ਹਾਂ ਸੰਸਥਾ ਦੇ ਫਾਊਂਡਰ ਭੁਪਿੰਦਰ ਸਿੰਘ ਹੁੰਦਲ ਵੱਲੋਂ ਸਮਾਜ ਸੇਵਾ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਸ੍ਰੀ ਸ਼ਰਮਾ ਨੇ ਸਮਾਜ ਦੇ ਹੋਰਨਾਂ ਲੋਕਾਂ ਅਤੇ ਸੰਸਥਾਵਾਂ ਨੂੰ ਵੀ ਸਮਾਜ ਸੇਵਾ ਲਈ ਅੱਗੇ ਆਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਪਿੰਡਾਂ ਅਤੇ ਸ਼ਹਿਰਾਂ ਵਿੱਚ ਸਿੱਖਿਆ, ਸਿਹਤ, ਨੌਜਵਾਨਾਂ ਦੀ ਭਲਾਈ ਅਤੇ ਹੋਰ ਲੋਕ-ਭਲਾਈ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾ ਸਕਦਾ ਹੈ। ਇਸ ਮੌਕੇ ਇਲਾਕੇ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ।

# ਚੋਰੀ ਦੇ ਮੋਟਰਸਾਈਕਲ ਸਮੇਤ ਇੱਕ ਕਾਬੂ, ਪਰਚਾ ਦਰਜ



ਜੈਂਤੀਪੁਰ (ਸੁਖਬੀਰ ਸਿੱਧੂ)- ਵ੍ਹੀਕਲ ਚੋਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਕੱਥੂਨੰਗਲ ਪੁਲਸ ਨੇ ਚੋਰੀ ਦੇ ਇਕ ਮੋਟਰਸਾਈਕਲ ਸਮੇਤ ਇਕ ਨੌਜਵਾਨ ਨੂੰ ਕਾਬੂ ਕੀਤਾ।ਇਸ ਸਬੰਧੀ ਏ ਐਸ ਆਈ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਪੁਲ ਡ੍ਰੇਨ ਪਿੰਡ ਮਾਨ ਮੋੜ ਰੂਪੋਵਾਲੀ 'ਤੇ ਚੈਕਿੰਗ ਸ਼ੁਰੂ ਕੀਤੀ ਗਈ। ਇੱਕ ਸਰਦਾਰ ਨੌਜਵਾਨ ਮੋਟਰਸਾਈਕਲ 'ਤੇ ਆਉਂਦਾ ਦਿਖਾਈ ਦਿੱਤਾ। ਜੋ ਕਿ ਪੁਲਸ ਪਾਰਟੀ ਨੂੰ ਦੇਖ ਕੇ ਮੋਟਰਸਾਈਕਲ ਨੂੰ ਪਿੱਛੇ ਮੋੜਨ ਲੱਗ ਪਿਆ। ਕਰਮਚਾਰੀਆਂ ਦੀ ਮਦਦ ਨਾਲ ਤੁਰੰਤ ਹੀ ਉਸ ਨੂੰ ਕਾਬੂ ਕੀਤਾ ਅਤੇ ਨਾਂਅ ਪੁੱਛਿਆ ਤਾਂ ਉਸ ਨੇ ਦੱਸਿਆ ਕਿ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਲਖਬੀਰ ਸਿੰਘ ਵਾਸੀ ਹਸਨਪੁਰ ਥਾਣਾ ਸਦਰ ਬਟਾਲਾ ਦਾ ਰਹਿਣ ਵਾਲਾ ਹੈ। ਜਿਸ ਪਾਸੋਂ ਇੱਕ ਚੋਰੀਸ਼ੁਦਾ ਮੋਟਰਸਾਈਕਲ ਸਪਲੈਂਡਰ ਕਾਲੇ ਰੰਗ ਦਾ ਬਿਨਾਂ ਨੰਬਰ ਪਲੇਟ ਤੇ ਕਾਗਜ਼ਾਤ ਤੋਂ ਮਿਲਿਆ। ਉਸ ਨੇ ਦੱਸਿਆ ਕਿ ਇਹ ਮੋਟਰਸਾਈਕਲ ਅੱਡਾ ਜੈਂਤੀਪੁਰ ਤੋਂ ਚੋਰੀ ਕਰਕੇ ਲਿਆਂਦਾ ਹੈ ਤੇ ਵੇਚਣ ਲਈ ਜਾ ਰਿਹਾ ਸੀ। ਪੁਲਸ ਪਾਰਟੀ ਨੇ ਸਬੂਤਾਂ ਦੇ ਅਧਾਰ 'ਤੇ ਤੁਰੰਤ ਉਸ ਨੂੰ ਕਬਜ਼ੇ ਵਿੱਚ ਲੈ ਲਿਆ ਅਤੇ ਪਰਚਾ ਕਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

## ਗੁੰਮਸ਼ੁਦਾ ਦੀ ਭਾਲ

ਸੂਚਿਤ ਕਰਦਾ ਹਾਂ ਕਿ ਮੇਰੇ ਕਲਾਇੰਟ ਹਿੰਦੂਜਾ ਹਾਊਸਿੰਗ ਫਾਇਨੈਂਸ ਲਿਮਟਿਡ ਵੱਲੋਂ, ਜਿਸ ਦਾ ਪਠਾਨਕੋਟ ਵਿਖੇ ਸ਼ਾਖਾ ਦਫਤਰ ਹੈ। ਇੱਕ ਗਾਹਕ ਲਵ ਕਸ਼ ਪੁੱਤਰ ਕਾਹਨ ਚੰਦ ਨਿਵਾਸੀ ਸਰਕ ਪੱਟੀ ਪਿੰਡ ਟਿੱਬਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਨੇ ਘੁਮਿਆਰਾ ਮੁਹੱਲਾ ਐਚ ਬੀ ਨੰਬਰ 334 ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਵਿੱਚ ਸਥਿਤ ਜਾਇਦਾਦ ਬਾਰੇ ਕਰਜ਼ਾ ਲੈਣ ਲਈ ਅਰਜ਼ੀ ਦਿੱਤੀ ਹੈ। ਹੁਣ ਗਾਹਕ ਲਵ ਕਸ਼ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਬਲਜੀਤ ਰਾਏ ਪੁੱਤਰ ਮੁਲਖ ਰਾਜ ਦੇ ਹੱਕ ਵਿੱਚ ਜਾਰੀ ਦਸਤਾਵੇਜ਼ ਨੰਬਰ 6600 ਮਿਤੀ 10-02-1986 ਵਾਲਾ ਵਿਕਰੀ ਡੀਡ ਗੁਆ ਦਿੱਤਾ ਹੈ। ਲਵ ਕਸ਼ ਪੁੱਤਰ ਕਾਹਨ ਚੰਦ/ਆਪਣੀ ਜਾਇਦਾਦ 'ਤੇ ਹਿੰਦੂਜਾ ਹਾਊਸਿੰਗ ਫਾਇਨੈਂਸ ਲਿਮਟਿਡ ਤੋਂ ਕਰਜ਼ਾ ਲੈਣ ਜਾ ਰਹੇ ਹਨ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਪ੍ਰਕਾਸ਼ਨ ਮਿਤੀ ਤੋਂ 14 ਦਿਨਾਂ ਦੇ ਅੰਦਰ-ਅੰਦਰ ਹੇਠਾਂ ਦਿੱਤੇ ਪਤੇ 'ਤੇ ਸੰਪਰਕ ਕਰ ਸਕਦਾ ਹੈ। ਹਿੰਦੂਜਾ ਹਾਊਸਿੰਗ ਫਾਇਨੈਂਸ ਲਿਮਟਿਡ ਅਤੇ ਰਾਜਿੰਦਰ ਕੁਮਾਰ, ਐਡਵੋਕੇਟ ਜ਼ਿਲ੍ਹਾ ਕੋਰਟ ਗੁਰਦਾਸਪੁਰ ਮੋਬਾਇਲ 98727-54226.

ਸੂਚਿਤ ਕਰਦਾ ਹਾਂ ਕਿ ਸੇਲ ਡੀਡ ਵਸੀਕਾ ਨੰ. 3922 ਮਿਤੀ 23-10-1963 ਜੋ ਇੰਦਰ ਪੁੱਤਰ ਰੁੜ ਸਿੰਘ ਵਾਸੀ ਕਾਦੀਆਂ ਮੁਹੱਲਾ ਪ੍ਰੇਮ ਨਗਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਦੇ ਹੱਕ ਵਿੱਚ ਹਨ। ਜੋ ਮੇਰੇ ਤੋਂ ਬਟਾਲਾ ਬੱਸ ਸਟੈਂਡ 'ਤੇ ਮਿਤੀ 08-04-2026 ਨੂੰ ਗੁੰਮ ਹੋ ਗਏ ਹਨ, ਜਿਸ ਦੀ ਰਿਪੋਰਟ ਮਿਤੀ 28-07-2026 ਜ਼ਿਲ੍ਹਾ ਬਟਾਲਾ ਹੈ। ਜੇਕਰ ਕਿਸੇ ਨੂੰ ਮਿਲੇ ਤਾਂ ਹੇਠ ਲਿਖੇ ਪਤੇ 'ਤੇ ਸੰਪਰਕ ਕਰੇ। ਗੁਰਮੀਤ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਵਾਰਡ ਨੰ. 9, ਪ੍ਰੇਮ ਨਗਰ, ਡਾਕਖਾਨਾ ਕਾਦੀਆਂ, ਬਟਾਲਾ, ਪੰਜਾਬ-143516 ਮੋਬਾਇਲ 99882-25073 ਅਤੇ ਰਜਿੰਦਰ ਕੁਮਾਰ, ਐਡਵੋਕੇਟ ਜ਼ਿਲ੍ਹਾ ਕੋਰਟ ਗੁਰਦਾਸਪੁਰ। ਮੋਬਾਇਲ 98727-54226

# ਕਲਾਸੀਫਾਈਡ ਇਸ਼ਤਿਹਾਰ

## Change of Name

I, Takdeer Kaur W/o Sarabjit Singh, H. NO. 213, Model Town, Jalandhar-144003, have changed my name to Veerpal Kaur.

I, Sandeep S/o Jaspal Singh R/o Vill. Pholriwal, P.O. Garha, Distt. Jalandhar, Punjab have changed my name from Sandeep to Sandeep Singh. All concerned please note.

I, Jaspal S/o Jeet Ram R/o Vill. Pholriwal, P.O. Garha, Distt. Jalandhar, Punjab have changed my name from Jaspal to Jaspal Singh. All concerned please note.

I,Sanjiv Kumar S/O Ramesh Chander R/O VPO Chicha Distt. Amritsar, Punjab have changed my name from Sanjiv Kumar to Sanjeev Kumar. Concerned note.

I, Inderpal Singh S/O Kawal Balbir Singh R/O H. No. 129, Street No. 3, Vikas Nagar, Khandwala, Chheharta, Amritsar, Punjab have changed my name from Inderpal Singh to Inderpal Singh Aulakh. Concerned note.

I, Randhir Kaur W/O Balkar Singh Chauhan R/O Chohan,Amritsar have changed my name from Randhir Kaur to Randhir Kaur. All concerned please note.

I, Tanmay Rattan Gulati S/O Of Ram Lal , Vpo Raja Sansi Amritsar have declared that my father's name in records is wrongly written as 'Ram Lal' but his correct name is 'Ram Lal Gulati'. All concerned may please note.

I, Alisha D/O Hans Raj R/O Mianwal Araian, Tehsil Shahkot, Distt. Jalandhar, Punjab-144702, , India have changed my name Alisha to Aliisha Teji. Teji Considered as Surname and Alisha considered as Given name. Note Please .

I, Sukhdev Singh S/o Ajit Singh R/o Manawala, Distt. Amritsar, Punjab-143109 have changed my name from Sukhdev Singh to Singh is my surname and Sukhdev is my given name.

I Sawinder Singh S/o Sucha Singh R/o VPO Dehriwal Droga, Dehriwala, Distt. Gurdaspur. I have changed my name from Swinder Singh to Sawinder Singh. Please concerned note.

I, Premjit Singh S/o Inder Ram , resident of Vill. Cheema, P.O. Kartarpur, Distt. Jalandhar, Punjab, have changed my name from Premjit Singh to PREMJIT RAM. All concerned please note.

I Alison S/o Sushil Kumar R/o Village & Post Zahura, Tehsil Tanda, District Hoshiarpur have changed my name Alison to Alison Warainch.

I Narinder Pal Singh son of Rajinder Singh holder of Indian passport number U0646085 issued at nairobi. on 13 September 2019, permanant resident of Khera maza Jallandhar, P.O. 144603 and presently residing at 1116 13 st. south Lethbridge Alberta Postal Code T1K1S7 do hereby change my name from Narinder Pal Singh to Narinderpal Singh Khaira, with immediate effect.

I Joginder Singh S/o Bhagwan Singh of Village New Diwan Garh, P.O. Chakrohi, Distt. Jammu (J&K) Have Changed my daughter's name is Sonal and he has changed his name to Sonal Bhagat Concerned May Note.

I Harman S/O Kulwinder Singh R/O Near Gurudwara Bhirariwal Chabbal Road Amritsar have declared that i have changed my name from Harman to Harman Harman.all Concerned please note.

I, Satinder Kaur W/o Kashmir Singh R/o Village Bodh, Gilwali, PO Gilwali, District Amritsar have changed my name from Satinder Kaur to Jaswinder Kaur.

I, Ashok Mahlotra S/o Dwarka Das R/o H.No.5, Gali No.4, Rishi Vihar, Majitha Road, Amritsar have changed my name from Ashok Malhotra to Ashok Kumar.

I, Krishana Rani W/o Girdhara Singh R/o Badanpur, PO Rajla District Patiala have changed my name from Krishana Rani to Krishan Kaur.

I, Akanksha Hans w/o Ankush Gaba R/o Mandir wali gali Beas Amritsar have changed my surname from Akanksha Hans To Akanksha Gaba after marriage.

I, Raghuvir Singh S/o Gurnam Singh R/o Adda Chabhal, Chabhal Kalan, Tehsil and District Tarn Taran have declare that Raghuvir is my Given name and Singh is my Surname.

I, Veer Kaur W/O Satish Kumar R/O - H No 680, Hargobind Avenue, Hamidpura, Sher Shah Suri Road, Chheharta, Amritsar 143105 have declare that Veer is my given name and Kaur is my Surname.

I Shahbaz Singh S/o Harjinder Singh, R/o VPO Mana Talwandi, Tehsil Bholath, Distt. Kapurthala have changed my name from Shahbaz Singh to Shahbaz Singh Sran.

I Dakashdeep Kaur W/o Shahbaz Singh Sran, R/o VPO Mana Talwandi, Tehsil Bholath, Distt. Kapurthala have changed my name from Dakashdeep Kaur to Dakashdeep Kaur Sran.

## Change of Name

I Davinder Singh S/o Mangal Singh, D-301 Siddharth Landmark, Sama Savli Road, Opp Solitairs9, Vadodara, PO Chhani, Distt. Vadodara, Gujarat have changed my name from Davinder Singh to Davinder Singh Randhawa. Concerned note.

I, Hitherto Known as Mohinder Kaur W/o Waryam R/o VPO. Talwandi Salhan, Teh. Dasuya, Distt. Hoshiarpur, Punjab - 144204 Have Changed my name and shall hereafter be known as Kaur Mohinder.

I, Prem Kumar s/o Bhagwan Dass r/o H.No. 254, Dilbagh Nagar, Po. Basti Guzan, Jalandhar have changed my name from Prem Kumar to Prem Kumar Pahwa. All Please Note.

I, Krishana Pahwa w/o Prem Kumar Pahwa r/o H.No.254, dilbagh nagar, po.basti guzan, Jalandhar have changed my name from Krishana to Krishna Rani Pahwa. All Please Note.

I, Daizy w/o Sukhwinder Singh r/o VPO. Daulatpur, Distt. S.B.S Nagar have changed my spelling name from Daizy to Dazi. All Please Note.

I, Mohit Gouri s/o Piara Lal r/o H.No.60/6, Bhargo Nagar, Po.Model Town, Jalandhar, Punjab-144003 have changed my name as Manthan. All Please Note.

I, Rajveer Kaur w/o Sandeep Singh r/o VPO. Bagga, Tehsil Shahkot, Distt. Jalandhar have changed my minor son name from Jaskirat Singh to Jaskirat Singh Mattu. All Please Note.

I, Manumeet Singh Sodhi s/o Hardev Singh r/o H.No.106-A, Green Enclave, Near Police Station, Rama Mandi, Surya Enclave, Jalandhar have changed my name from Manumeet Singh Sodhi to Manumeet Singh. All Please Note.

I, Harpreet Singh S/o Narinder Singh R/o VPO. Dialpur, District Kapurthala, Punjab, have changed my name from Harpreet Signh to Harpreet Singh Jandu. All Please Note.

I, Neha Kumari D/o Ramesh Chander R/o H.No. 107/3, Bhargo Nagar, Distt. Jalandhar, Punjab have changed my name from Neha Rai to Neha Kumari. All Please Note.

I, Chanda Bala Prashar Alias Arti Joshi W/o Kailash Kumar Joshi R/o H.No. SWS-48, Saraba Nagar, Santokhpura, Jalandhar-144004, Punjab have changed my name from Chanda Bala Prashar Alias Arti Joshi to Arti Joshi. All concerned please note.

I, Surinder Singh S/O Bansa Singh, R/o Sappan Wali, Khuian Sarwar, Fazilka, Punjab- 152128, I have changed the name of my minor daughter Sukhdeep aged about 15 years and She shall hereafter be known as Sukhdeep Kaur.

I, Maninder Singh S/o Nirmal Singh, have changed my name from Maninder Singh to Maninder Singh Hallan for all future purposes. All concerned note.

I Balvinder Singh S/O Naranjan Singh R/O VPO Baler Khanpur Distt Kapurthala, Punjab Have Changed my Name From Balvinder Singh To Balwinder Singh. All Concerned Please Note.

## ਬੇਦਖਲੀ ਨੋਟਿਸ

ਮੈਂ, ਜਗਤਾਰ ਸਿੰਘ ਪੁੱਤਰ ਪੂਰਨ ਸਿੰਘ, ਵਾਸੀ ਪਿੰਡ ਮੂਲੇਵਾਲ ਬ੍ਰਾਹਮਣਾਂ, ਡਾਕਖਾਨਾ ਮੂਲੇਵਾਲ ਖਹਿਰਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144702, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਸ਼ਾਦੀਸ਼ੁਦਾ ਲੜਕਾ ਜਸਪ੍ਰੀਤ ਸਿੰਘ ਉਰਫ ਜੱਸਾ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬਦਖਲ ਕਰਦਾ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਸੁਮਿਤਰਾ ਪੰਨਵਰ ਪਤਨੀ ਹਰਬੀਰ ਸਿੰਘ ਵਾਸੀ ਮਕਾਨ ਨੰ: 177, ਨਿਊ ਗਣੇਸ਼ ਨਗਰ, ਤਰਨ ਇਨਕਲੇਵ, ਦਕੋਹਾ, ਜਲੰਧਰ ਕੈਂਟ, ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਰਿਸ਼ੀ ਸਿੰਘ ਤੇ ਉਸਦੀ ਪਤਨੀ ਰੋਸ਼ਨੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਅਸੀਂ ਗੁਰਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਅਤੇ ਬਲਜੀਤ ਕੌਰ ਪਤਨੀ ਗੁਰਦੇਵ ਸਿੰਘ ਵਾਸੀਆਨ ਮਕਾਨ ਨੰ: 226, ਨਿਊ ਬਲਦੇਵ ਨਗਰ, ਡਾਕਖਾਨਾ ਇੰਡਸਟਰਿਅਲ ਟਾਊਨ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਜੀਤ ਸਿੰਘ ਅਤੇ ਉਸਦੀ ਪਤਨੀ ਵਿਸ਼ਾਲੀ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਅਸੀਂ, ਦੇਵ ਰਾਜ ਪੁੱਤਰ ਹਜਾਰਾ ਰਾਮ ਅਤੇ ਉਸ਼ਾ ਰਾਣੀ ਪਤਨੀ ਦੇਵ ਰਾਜ ਵਾਸੀਆਨ ਟਾਂਡਾ ਰੋਡ ਨੂਰਪੁਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਿਮਤ ਕੁਮਾਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ ਤਰਲੋਚਨ ਕੌਰ ਪਤਨੀ ਜੋਗਿੰਦਰ ਸਿੰਘ ,ਵਾਸੀ ਅਲੀ ਚੱਕ ,ਬਸਤੀ ਗੁਜ਼ਾ, ਜਲੰਧਰ ਸ਼ਹਿਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪ੍ਰਿਤਮ ਸਿੰਘ, ਉਸਦੀ ਪਤਨੀ ਚਰਨਜੀਤ ਕੌਰ ਅਤੇ ਉਹਨਾਂ ਦਾ ਲੜਕਾ ਕਰਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ।ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਇੰਦਰਪਾਲ ਪੁੱਤਰ ਤੁਲਾ ਰਾਮ, ਵਾਸੀ 11-ਬੀ/205, ਧੂਰੀ (ਸੰਗਰੂਰ) ਆਪਣੇ ਲੜਕੇ ਅਰੁਣ ਕੁਮਾਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਲੇਖ ਰਾਜ ਪੁੱਤਰ ਪਾਖਰ ਰਾਮ ਵਾਸੀ ਪਿੰਡ ਬੇਗਮਪੁਰ ਤਹਿਸੀਲ ਫਗਵਾੜਾ ਜਿਲਾਂ ਕਪੂਰਥਲਾ ਦਾ ਹਲਫੀਆ ਬਿਆਨ ਕਰਦਾ ਹਾਂ ਮੇਰੀ ਨੂੰਹ ਜੋਤੀ ਪਤਨੀ ਲੇਟ ਸੰਜੀਵ ਕੁਮਾਰ ਮੇਰੇ ਨਾਲ ਤੇ ਮੇਰੀ ਪਤਨੀ ਵਿਜੈ ਲਕਸ਼ਮੀ ਨਾਲ ਬਦਸਲੂਕੀ ਨਾਲ ਲੜਾਈ ਝਗੜਾ ਕਰਦੀ ਰਹਿੰਦੀ ਹੈ। ਇਹ ਅਣਆਗਿਆਕਾਰੀ ਹੋਣ ਕਰਕੇ ਮੇਰੇ ਕਹਿਣੇ ਵਿੱਚ ਨਹੀਂ ਹੈ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ । ਮੇਰਾ ਤੇ ਮੇਰੀ ਪਤਨੀ ਵਿਜੈ ਲਕਸ਼ਮੀ ਦਾ ਇਸ ਨਾਲ ਕੋਈ ਰਿਸ਼ਤਾ/ ਸਬੰਧ ਨਹੀਂ ਹੈ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਮਨਜੀਤ ਕੌਰ ਪਤਨੀ ਚਮਕੌਰ ਸਿੰਘ, ਵਾਸੀ ਵਾਰਡ ਨੰਬਰ 2 ਘੜੂੰਆਂ ਤਹਿਸੀਲ ਖਰੜ ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ ਆਪਣੇ ਪੁੱਤਰ ਸਿਮਰਨਜੀਤ ਸਿੰਘ ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ।ਇਸ ਨਾਲ ਲੈਣ ਦੇਣ ਅਤੇ ਲੜਾਈ ਝਗੜਾ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਪੂਨਮ ਧੀਰ ਪਤਨੀ ਵਰਿੰਦਰ ਕੁਮਾਰ, ਵਾਸੀ ਮੁਹੱਲਾ ਦੀਵਾਨਾ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦੀ ਰਹਿਣ ਵਾਲੀ ਹਾਂ। ਇਹ ਹੈ ਕਿ ਮੇਰਾ ਲੜਕਾ ਰਜਤ (ਰਾਜਾ) ਵਾ ਅਤੇ ਮੇਰੀ ਨੂੰਹ ਹਰਪ੍ਰੀਤ ਕੌਰ ਪਤਨੀ ਰਜਤ (ਰਾਜਾ), ਜੋ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ, ਜੋ ਮੇਰੇ ਕਹਿਣੇਕਾਰ ਤੋਂ ਬਿਲਕੁਲ ਬਾਹਰ ਹਨ, ਨੂੰ ਆਪਣੀ ਕੁੱਲ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ।

ਮੈਂ, ਤੀਰਥ ਰਾਮ ਪੁੱਤਰ ਲੇਟ ਸ੍ਰੀ ਵਿਰਸਾ ਰਾਮ, ਵਾਸੀ ਮਕਾਨ ਨੰਬਰ 4845, ਗਲੀ ਨੰਬਰ 4 ਡੈਮ ਗੰਜ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਪੋਤਰਾ ਆਦਿੱਤਯ ਅਤੇ ਉਸ ਦੀ ਪਤਨੀ ਕ੍ਰਿਤਿਕਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਇੰਦਰਪਾਲ ਪੁੱਤਰ ਸ੍ਰੀ ਤੁਲਾ ਰਾਮ, ਵਾਸੀ ਰਾਮ ਨਗਰ 11-ਬੀ/205, ਧੂਰੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਰੁਣ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰੁਲਦਾ ਰਾਮ ਪੁੱਤਰ ਸੰਤ ਰਾਮ, ਵਾਸੀ ਪਿੰਡ ਨੰਦਗੜ੍ਹ ਉਰਫ ਮਾਣਕ ਕਹਿਰ, ਤਹਿਸੀਲ ਦੁੱਧਨ ਸਾਧਾਂ, ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੁਕਿੰਦਰ ਸਿੰਘ ਅਤੇ ਮੇਰੀ ਨੂੰਹ ਸੰਗੀਤਾ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ ਤੇ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਧਰਮਬੀਰ ਭਗਤ ਪੁੱਤਰ ਚਿਮਨ ਲਾਲ ਅਤੇ ਰਜਨੀ ਪਤਨੀ ਧਰਮਬੀਰ, ਵਾਸੀ ਵਾਰਡ ਨੰਬਰ 4, ਅਜਨਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਵਿਨੀਤ ਭਗਤ ਅਤੇ ਸਾਡੀ ਨੂੰਹ ਕਿਰਨਦੀਪ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈ, ਸ਼ਿੰਦਰਪਾਲ ਸ਼ਰਮਾਂ ਪੁੱਤਰ ਮੰਗਤ ਰਾਮ ਵਾਸੀ ਪਿੰਡ ਅੱਡਾ ਝਬਾਲ ਤਹਿਸੀਲ ਤੇ ਜਿਲ੍ਹਾ ਤਰਨ ਤਾਰਨ ਮੇਰਾ ਲੜਕਾ ਰੋਹਿਤ ਇਸ ਦੀ ਪਤਨੀ ਮਨਜਿੰਦਰ ਕੌਰ ਮੇਰੇ ਕਹਿਣੇ ਤੋ ਬਾਹਰ ਹਨ। ਮੈ ਇਹਨ੍ਹਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿਚੋ ਬੇਦਖਲ ਕਰਦਾਂ ਹਾਂ।

ਮੈਂ, ਬਲਦੇਵ ਸਿੰਘ ਪੁੱਤਰ ਦਰਸ਼ਨ ਸਿੰਘ ਪਿੰਡ ਧਰਦਿਉ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਸੂਚਿਤ ਕਰਦਾ ਹਾਂ ਕਿ ਮੇਰੀ ਨੂੰਹ ਪੂਜਾ (ਸੁਪਤਨੀ ਸਵਰਗੀ ਮਨਪ੍ਰੀਤ ਸਿੰਘ) ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੇਰੀ ਕੋਈ ਗੱਲ ਨਹੀਂ ਮੰਨਦੀ, ਨਾਲੋਂ ਆਪਣਾ ਨਾਤਾ ਤੋੜਦਾ ਹਾਂ । ਮੇਰਾ ਪੋਤਰਾ ਗੁਰਵੰਸ਼ਦੀਪ ਸਿੰਘ, ਮੇਰੇ ਸਪੁੱਤਰ ਦੇ ਹਿੱਸੇ ਆਉਂਦੀ ਜਾਇਦਾਦ ਦਾ ਹੱਕਦਾਰ ਹੋਵੇਗਾ । ਸੰਬੰਧਿਤ ਨੋਟ ਕਰਨ ।

ਮੈਂ, ਗੁਰਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਪਿੰਡ ਵਡਾਲਾ ਖੁਰਦ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੀ ਲੜਕੀ ਗੁਰਮਨਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਸ ਨਾਲ ਲੈਣ ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਕੁਲਦੀਪ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਗਾਰਡਨ ਕਲੋਨੀ ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਸੰਦੀਪ ਸਿੰਘ ਤੇ ਇਸਦੀ ਪਤਨੀ ਤੇਜਬੀਰ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਪੁੱਤਰ ਤੇ ਨੂੰਹ ਦੋਹਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ, ਸਵਿੰਦਰ ਕੌਰ ਵਿਧਵਾ ਜਸਵੰਤ ਸਿੰਘ ਵਾਸੀ 756, ਨਜ਼ਦੀਕ ਡੇਰਾ ਬਾਬਾ ਸਾਦਿਕ ਸ਼ਾਹ, ਮੋਹਕਮਪੁਰਾ, ਬਟਾਲਾ ਰੋਡ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਸ਼ਾਦੀਸ਼ੁਦਾ ਲੜਕੀ ਪ੍ਰਭਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰੀ ਕੋਈ ਸੇਵਾ-ਸੰਭਾਲ ਨਹੀਂ ਕਰਦੀ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਹਰਭਜਨ ਸਿੰਘ ਪੁੱਤਰ ਜਗਤ ਸਿੰਘ ਵਾਸੀ ਬੈਂਸਾ ਪੱਤੀ, ਪਿੰਡ ਤੇ ਡਾਕਖਾਨਾ ਜੰਡੂ ਸਿੰਘਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੁਲਵੰਤ ਸਿੰਘ ਅਤੇ ਉਸਦੀ ਪਤਨੀ ਗੁਰਜਿੰਦਰ ਕੌਰ ਅਤੇ ਉਹਨਾਂ ਦਾ ਲੜਕਾ ਹਰਸ਼ਪ੍ਰੀਤ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਅਜੇ ਕੁਮਾਰ ਪੁੱਤਰ ਸ੍ਰੀ ਸਤਪਾਲ ਅਤੇ ਆਸ਼ਾ ਰਾਣੀ ਪਤਨੀ ਸ੍ਰੀ ਅਜੇ ਕੁਮਾਰ, ਵਾਸੀਆਨ ਮਕਾਨ ਨੰ: 292, ਤਿਲਕ ਨਗਰ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨੀਸ਼ ਨਿਸਚਲ ਅਤੇ ਨੂੰਹ ਸੀਮਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਅਤੇ ਇਨ੍ਹਾਂ ਦੇ ਬੱਚਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

## ਬੇਦਖਲੀ ਨੋਟਿਸ

ਮੈਂ, ਮਨਜੀਤ ਕੌਰ ਪਤਨੀ ਮੁਖਤਾਰ ਸਿੰਘ ਵਾਸੀ ਪਿੰਡ ਭੁੱਚਰ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸਿਮਰਜੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਦੇ ਨਾਲ ਕੋਈ ਰਿਸ਼ਤਾ ਨਹੀਂ ਹੈ।

ਅਸੀਂ, ਸੰਤੋਖ ਸਿੰਘ ਅਤੇ ਪਰਦੀਪ ਕੌਰ ਵਾਸੀ ਮਕਾਨ ਨੰ: 56, ਪੁਰਾਣੀ ਚੁੰਗੀ ਸ਼ੇਰੀ ਨਗਰ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਤਿੰਦਰ ਸਿੰਘ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਉਸ ਨੂੰ ਆਪਣੀ ਹਰ ਕਿਸਮ ਦੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਅਸੀਂ ਜ਼ਿੰਮੇਵਾਰ ਨਹੀਂ ਹੋਵਾਂਗੇ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਤੇ ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਬਾਂਸੋ ਪਤਨੀ ਗੁਲਜਾਰ ਮਸੀਹ, ਵਾਸੀ ਪਿੰਡ ਤੇ ਡਾਕਖਾਨਾ ਫੋਲੜੀਵਾਲ ,ਨੇੜੇ ਕ੍ਰਿਸ਼ਚਨ ਚੌਂਕ, ਜ਼ਿਲ੍ਹਾ ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਜੇ ਅਤੇ ਉਸਦੀ ਪਤਨੀ ਨੇਮਿਕਾ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ।ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ ਡਿੰਪਲ ਖੁੱਲਰ ਪਤਨੀ ਸ਼੍ਰੀ ਅਸ਼ੀਸ਼ ਖੁੱਲਰ ਵਾਸੀ ਪਿੰਡ ਅੱਡਾ ਝਬਾਲ ਤਹਿਸੀਲ ਅਤੇ ਜ਼ਿਲ੍ਹਾ ਤਰਨਤਾਰਨ ਪੰਜਾਬ ਵਿਆਹ ਤੋਂ ਪਹਿਲਾਂ ਮੇਰਾ ਨਾਮ ਡਿੰਪਲ ਸੀ ਅਤੇ ਵਿਆਹ ਤੋਂ ਬਾਅਦ, ਮੈਂ ਆਪਣਾ ਨਾਮ ਬਦਲ ਕੇ ਡਿੰਪਲ ਖੁੱਲਰ ਰੱਖ ਲਿਆ।

ਮੈਂ ਕਿਸ਼ਨ ਸਿੰਘ ਪੁੱਤਰ ਜੋਗਿੰਦਰ ਰਾਮ ਵਾਸੀ ਪਿੰਡ ਮੰਢਾਲੀ ਤਹਿਸੀਲ ਬੰਗਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਂਅ ਕਿਸ਼ਨ ਸਿੰਘ ਤੋਂ ਬਦਲ ਕੇ ਕ੍ਰਿਸ਼ਨ ਲਾਲ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਰਮਨੀਤ ਦਾਸ ਪੁੱਤਰ ਪ੍ਰਦੀਪ ਦਾਸ ਭਗਰੀਆ, ਵਾਸੀ ਮਕਾਨ ਨੰਬਰ 131, ਵਾਰਡ ਨੰਬਰ 5/ਸੀ, ਸੋਢੀਆ ਵਾਲਾ ਮੁਹੱਲਾ, ਧੂਰੀ (ਸੰਗਰੂਰ), ਨੇ ਆਪਣਾ ਨਾਮ ਬਦਲ ਕੇ ਰਮਨੀਤ ਦਾਸ ਭਗਰੀਆ ਰੱਖ ਲਿਆ ਹੈ।

ਮੈਂ, ਪ੍ਰਦੀਪ ਦਾਸ ਪੁੱਤਰ ਨਾਰਾਇਣ ਦਾਸ, ਵਾਸੀ ਮਕਾਨ ਨੰਬਰ 131, ਵਾਰਡ ਨੰਬਰ 5/ਸੀ, ਨਜ਼ਦੀਕ ਪੰਚਾਇਤੀ ਗੁਰਦੁਆਰਾ, ਧੂਰੀ (ਸੰਗਰੂਰ), ਨੇ ਆਪਣਾ ਨਾਮ ਬਦਲ ਕੇ ਪ੍ਰਦੀਪ ਦਾਸ ਭਗਰੀਆ ਰੱਖ ਲਿਆ ਹੈ।

ਮੈਂ, ਸਰਵਣ ਕੁਮਾਰ ਪੁੱਤਰ ਚਰਨ ਦਾਸ, ਵਾਸੀ ਜਸਤਰਵਾਲ, ਡਾਕਖਾਨਾ ਜਸਤਰਵਾਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਨੇ ਆਪਣਾ ਨਾਂਅ ਸਰਵਣ ਕੁਮਾਰ ਤੋਂ ਬਦਲ ਕੇ ਸਰਵਣ ਸਿੰਘ ਕਰ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਹਰਿੰਦਰ ਸਿੰਘ ਪੁੱਤਰ ਨਿਰਮਲ ਸਿੰਘ ਨਿਵਾਸੀ ਪਿੰਡ ਅਤੇ ਡਾਕਖਾਨਾ ਖਾਸਾ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143107 ਨੇ ਆਪਣੇ ਨਾਂਅ ਹਰਿੰਦਰ ਸਿੰਘ ਤੋਂ ਬਦਲ ਕੇ ਹਰਵਿੰਦਰ ਸਿੰਘ ਕਰ ਲਿਆ ਹੈ। ਹਰਿੰਦਰ ਸਿੰਘ ਤੇ ਹਰਵਿੰਦਰ ਸਿੰਘ ਦੋਵੇਂ ਨਾਂਅ ਮੇਰੇ ਹੀ ਹਨ। ਮੈਨੂੰ ਮੇਰੇ ਦੋਵਾਂ ਨਾਵਾਂ ਤੋਂ ਜਾਣਿਆ ਜਾਵੇ।

ਮੈਂ, ਦਲਜੀਤ ਕੌਰ ਪਤਨੀ ਕਮਲ ਵਾਸੀ ਪਿੰਡ ਜੈਤੇਵਾਲੀ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੈਂ ਆਪਣੇ ਨਾਬਾਲਗ ਲੜਕੇ ਦਾ ਨਾਮ ਪਾਰਸ ਤੋਂ ਬਦਲ ਕੇ ਪਾਰਸ ਮਹਿਮੀ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

ਮੈਂ, ਤਰੁੰਨ ਪੁੱਤਰ ਦਵਿੰਦਰ ਵਾਸੀ ਬੀ 9 218, ਸੰਤੋਖ ਪੁਰਾ, ਨੀਵੀਂ ਅਬਾਦੀ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੈਂ ਆਪਣਾ ਨਾਮ ਤਰੁੰਨ ਤੋਂ ਬਦਲ ਕੇ ਤਰੁੰਨ ਪਵਾਰ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

ਮੈਂ, ਵਿਨੋਦ ਕੁਮਾਰ ਮਾਹਤੋ ਪੁੱਤਰ ਡੋਰਿਕ ਮਾਹਤੋ ਵਾਸੀ ਪਲਾਟ ਨੰ: 16, ਨਿਊ ਸਨ ਸਿੱਟੀ, ਫੇਜ-1, ਬਸਤੀ ਦਾਨਿਸ਼ਮੰਦਾ, ਜਲੰਧਰ-144002, ਪੰਜਾਬ ਸੂਚਿਤ ਕਰਦਾ ਹਾਂ ਕਿ ਮੈਂ ਆਪਣੀ ਨਾਬਾਲਗ ਲੜਕੀ ਦਾ ਨਾਮ ਖੁਸ਼ੀ ਤੋਂ ਬਦਲ ਕੇ ਖੁਸ਼ੀ ਕੁਮਾਰੀ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਕੁਲਵੰਤਜੀਤ ਕੌਰ ਉਰਫ ਪੰਮੀ ਪਤਨੀ ਸ੍ਰੀ ਹਰਭਜਨ ਸਿੰਘ ਵਾਸੀ ਟਾਂਡਾ, ਡਾਕ. ਟਾਂਡਾ, ਤਹਿ. ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰੀ ਵਾਕਿਆ ਪਿੰਡ ਨੰਦਨਪੁਰ, ਤਹਿਸੀਲ/ਜ਼ਿਲ੍ਹਾ ਜਲੰਧਰ ਵਿਖੇ ਰਕਬਾ 01 ਕਨਾਲ 10 (30 ਮਰਲੇ) ਦੀ ਰਜਿਸਟਰੀ ਵਿਚ ਮੇਰਾ ਨਾਂਅ ਪੰਮੀ ਦਰਜ ਹੈ। ਮੇਰੇ ਆਧਾਰ ਕਾਰਡ, ਪਾਸਪੋਰਟ, ਪੈਨ ਕਾਰਡ ਵਿਚ ਮੇਰਾ ਅਸਲ ਨਾਂਅ ਕੁਲਵੰਤਜੀਤ ਕੌਰ ਦਰਜ ਹੈ। ਉਪਰੋਕਤ ਦੋਨੋਂ ਨਾਂਅ ਕੁਲਵੰਤਜੀਤ ਕੌਰ ਅਤੇ ਪੰਮੀ ਮੇਰੇ ਹੀ ਇਕੋ ਔਰਤ ਦੇ ਹਨ। ਸੰਬੰਧਿਤ ਨੋਟ ਕਰਨ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP40/616X ਜੋ ਕਿ ਲਖਬੀਰ ਸਿੰਘ ਪੁੱਤਰ ਬੂਆ ਸਿੰਘ ਵਾਸੀ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਨਾਮ ਸ੍ਰੀ ਹਰਗੋਬਿੰਦਪੁਰ ਸਾਹਿਬ ਚੱਲ ਰਿਹਾ ਹੈ । ਲਖਬੀਰ ਸਿੰਘ ਦੀ ਮੌਤ ਦੇ ਬਾਅਦ ਇਹ ਕੁਨੈਕਸ਼ਨ ਉਨ੍ਹਾਂ ਦੇ ਲੜਕੇ ਭੁਪਿੰਦਰ ਸਿੰਘ ਵਾਸੀ ਪਿੰਡ ਸੰਤੋਖਪੁਰ ਬਲਾਕ ਸ੍ਰੀ ਹਰਗੋਬਿੰਦਪੁਰ ਸਾਹਿਬ ਤਹਿਸੀਲ ਬਟਾਲਾ ਜਿਲ੍ਹਾ ਗੁਰਦਾਸਪੁਰ ਦੇ ਨਾਮ ਤਬਦੀਲ ਕਰਨਾ ਹੈ । ਕਿਸੇ ਨੂੰ ਇਤਰਾਜ ਹੋਵੇ ਤਾਂ 15 ਦਿਨਾਂ ਅੰਦਰ ਉਪ ਮੰਡਲ ਅਫਸਰ, ਪੀਐੱਸਪੀਸੀਐੱਲ , ਸ੍ਰੀ ਹਰਗੋਬਿੰਦਪੁਰ ਸਾਹਿਬ (ਗੁਰਦਾਸਪੁਰ) ਨੂੰ ਸੂਚਿਤ ਕਰੇ ।

ਅਰਜਨ ਸਿੰਘ ਪੁੱਤਰ ਲਛਮਣ ਸਿੰਘ ਦੇ ਨਾਂ 'ਤੇ ਪਿੰਡ ਖਿਜਰਪੁਰਾ ( ਕਮਾਸਕਾ) ਵਿਖੇ ਬੰਬੀ ਕੁਨੈਕਸ਼ਨ ਖਾਤਾ ਨੰਬਰ A31AP280488Y ਚੱਲ ਰਿਹਾ ਹੈ ਰਾਜਬੀਰ ਸਿੰਘ ਪੁੱਤਰ ਜਰਨੈਲ ਸਿੰਘ ਇਸ ਕੁਨੈਕਸ਼ਨ ਨੂੰ ਆਪਣੇ ਨਾਂ 'ਤੇ ਤਬਦੀਲ ਕਰਾਉਣਾ ਚਾਹੁੰਦਾ ਹੈ । ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 30 ਦਿਨ ਦੇ ਅੰਦਰ ਪੀ. ਐਸ. ਪੀ. ਸੀ. ਐਲ ਉਪ ਮੰਡਲ ਅਫ਼ਸਰ ਅਟਾਰੀ ਨਾਲ ਸੰਪਰਕ ਕਰੇ , ਬਾਅਦ ਵਿਚ ਇਤਰਾਜ਼ ਮੰਨਜ਼ੂਰ ਨਹੀਂ ਹੋਵੇਗਾ।

## PUBLIC NOTICE

I, Harjit Singh, son of Bawa Singh VPO Dhariwal Tehsil Patti, District Tarntaran that regarding my passport (Number N6792327 valid 15/03/2016 to 14/03/2026 issued by RPO Amritsar ), in which my wife's name is mention as Kuldip Kaur but my wife's correct name is Kuldeep Kaur. Please concern note.

I, Prabhleen Kaur Ubbhu, D/O Sukhwinder Singh Ubbhu, R/o 86, Sarabha Nagar Ext P-1, Near DAV School, Pakhowal Road, Ludhiana, Punjab- 142022. Declare that Name of Mine & My Father and My Mother has been wrongly written as Prabhleen Kaur & Sukhwinder Singh and Harpreet Kaur in my 10th Class Certificate. The actual name of Mine & My Father and My Mother are Prabhleen Kaur Ubbhu & Sukhwinder Singh Ubbhu and Harpreet Kaur Ubbhu, which may be amended accordingly.

"ਫਾਰਮ ਨੰ. ਆਈ ਐੱਨ ਸੀ-25ਏ"

ਜਨਤਕ ਕੰਪਨੀ ਨੂੰ ਪ੍ਰਾਈਵੇਟ ਕੰਪਨੀ 'ਚ ਤਬਦੀਲ ਕਰਨ ਸੰਬੰਧੀ ਅਖਬਾਰ 'ਚ ਪ੍ਰਕਾਸ਼ਿਤ ਹੋਣ ਲਈ ਇਸ਼ਤਿਹਾਰ

ਸਨਮੁਖ ਖੇਤਰੀ ਡਾਇਰੈਕਟਰ, ਕਾਰਪੋਰੇਟ ਮਾਮਲੇ ਮੰਤਰਾਲਾ, ਉੱਤਰੀ ਖੇਤਰੀ ਡਾਇਰੈਕਟੋਰੇਟ ॥

ਕੰਪਨੀਜ਼ ਐਕਟ 2013, ਕੰਪਨੀਜ਼ ਐਕਟ, 2013 ਦੇ ਸੈਕਸ਼ਨ 14 ਅਤੇ ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼, 2014 ਦੇ ਰੂਲ 41 ਦੇ ਮਾਮਲੇ 'ਚ

ਅਤੇ

ਦਾ ਹਿੰਦ ਸਮਾਚਾਰ ਲਿਮਟਿਡ

ਜਿਸ ਦਾ ਰਜਿਸਟਰਡ ਦਫਤਰ ਹਿੰਦ ਸਮਾਚਾਰ ਗਲੀ, ਪੱਕਾ ਬਾਗ, ਸਿਵਲ ਲਾਈਨਜ਼, ਜਲੰਧਰ, ਪੰਜਾਬ-144001 ਵਿਖੇ .....(ਬਿਨੈਕਾਰ)

ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ 13 ਜੁਲਾਈ 2026 ਨੂੰ ਕੰਪਨੀ ਦੀ ਹੋਈ ਅਸਧਾਰਨ ਜਨਰਲ ਮੀਟਿੰਗ ਦੌਰਾਨ ਕੰਪਨੀ ਨੂੰ ਪ੍ਰਾਈਵੇਟ ਲਿਮਟਿਡ ਕੰਪਨੀ 'ਚ ਤਬਦੀਲ ਕਰਨ ਸੰਬੰਧੀ ਪਾਸ ਕੀਤੇ ਗਏ ਵਿਸ਼ੇਸ਼ ਮਤੇ ਦੇ ਮੱਦੇਨਜ਼ਰ ਕੇਂਦਰੀ ਸਰਕਾਰ ਨੂੰ ਉਕਤ ਰੂਲਜ਼ ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ 2013 ਦੇ ਸੈਕਸ਼ਨ 14 ਅਧੀਨ ਇਸ ਦੀ ਪੁਸ਼ਟੀ ਲਈ ਅਰਜ਼ੀ ਦੇਣ ਦੀ ਤਜਵੀਜ਼ ਹੈ।

ਕੋਈ ਵੀ ਵਿਅਕਤੀ ਜਿਸ ਦੇ ਕੰਪਨੀ ਦੇ ਇਸ ਤਜਵੀਜ਼ਤ ਬਦਲਾਅ/ਰੁਤਬੇ ਕਰਨ ਹਿੱਤ ਪ੍ਰਭਾਵਿਤ ਹੁੰਦੇ ਹਨ ਤਾਂ ਉਹ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 14 ਦਿਨਾਂ ਦੇ ਅੰਦਰ ਇਸ ਦਾ ਕਾਰਨ ਜਾਂ ਇਤਰਾਜ਼ ਆਪਣੇ ਹਲਫੀਆ ਬਿਆਨ ਦੇ ਨਾਲ ਹਿੱਤਾਂ ਦੀ ਕਿਸਮ ਅਤੇ ਅਰਜ਼ੀ ਵਿਰੋਧ ਦੇ ਆਧਾਰ ਰਜਿਸਟਰਡ ਡਾਕ ਰਾਹੀਂ ਖੇਤਰੀ ਡਾਇਰੈਕਟਰ, ਤੀਜੀ ਮੰਜ਼ਲ, ਕਾਰਪੋਰੇਟ ਭਵਨ, ਪਲਾਟ ਨੰ. 4-ਬੀ, ਸੈਕਟਰ-27 ਬੀ, ਪਿੰਨ-160019, ਚੰਡੀਗੜ੍ਹ ਨੂੰ ਬਿਨੈਕਰਤਾ ਕੰਪਨੀ ਦੇ ਨਿਮਨ ਲਿਖਤ ਰਜਿਸਟਰਡ ਦਫ਼ਤਰ ਦੇ ਪਤੇ 'ਤੇ ਨਕਲ ਨਾਲ ਭੇਜ ਸਕਦਾ ਹੈ:

ਬਿਨੈਕਾਰ ਦੇ ਵਾਸਤੇ ਅਤੇ ਵੱਲੋਂ
ਸਹੀ/-
ਮਿਤੀ : 29.07.2026 ਅਵਿਨਾਸ਼ ਚੋਪੜਾ
ਕੁਲ ਵਕਤੀ ਡਾਇਰੈਕਟਰ
ਡੀ ਆਈ ਐਨ : 00546721
ਪਤਾ : ਹਿੰਦ ਸਮਾਚਾਰ ਗਲੀ, ਪੱਕਾ ਬਾਗ, ਸਿਵਲ ਲਾਈਨਜ਼, ਜਲੰਧਰ, ਪੰਜਾਬ-144001

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸੀ.ਆਰ.ਓ-ਕਮ ਨਾਇਬ ਤਹਿਸੀਲਦਾਰ-ਸਹਾਇਕ ਕੁਲੈਕਟਰ ਦਰਜਾ ਦੂਜਾ, ਬੱਧਨੀ ਕਲਾਂ, ਤਹਿ: ਨਿਹਾਲ ਸਿੰਘ ਵਾਲਾ ਵਾ ਜ਼ਿਲ੍ਹਾ ਮੋਗਾ

ਪਬਲਿਕ ਇਸ਼ਤਿਹਾਰ

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਸ੍ਰੀ ਜਸਵਿੰਦਰ ਕੁਮਾਰ ਪੁੱਤਰ ਮੋਹਨ ਸਿੰਘ ਪੁੱਤਰ ਕਰਮ ਚੰਦ ਵਾਸੀ ਲੋਪੋ, ਤਹਿ: ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਨੇ ਦਰਖਾਸਤ ਰਾਹੀਂ ਬੇਨਤੀ ਕੀਤੀ ਹੈ ਕਿ ਉਸ ਦਾ ਨਾਮ ਖੇਵਟ ਨੰਬਰ 506 ਵਾਕਿਆ ਰਕਬਾ ਲੋਪੋ ਪੱਤੀ ਮਾਲਦੇ ਵਿੱਚ ਜਸਵੀਰ ਕੁਮਾਰ ਪੁੱਤਰ ਮੋਹਨ ਲਾਲ ਪੁੱਤਰ ਕਰਮ ਸਿੰਘ ਦਰਜ ਹੈ ਅਤੇ ਬਾਕੀ ਦੇ ਦਸਤਾਵੇਜ਼ਾਂ (ਆਧਾਰ ਕਾਰਡ, ਪੈਨ ਕਾਰਡ ਆਦਿ) ਵਿੱਚ ਜਸਵਿੰਦਰ ਕੁਮਾਰ ਪੁੱਤਰ ਮੋਹਨ ਲਾਲ ਪੁੱਤਰ ਕਰਮ ਚੰਦ ਹੈ। ਇਹ ਦੋਵੇਂ ਨਾਂਅ ਇਕ ਹੀ ਵਿਅਕਤੀ ਜਸਵੀਰ ਕੁਮਾਰ ਉਰਫ ਜਸਵਿੰਦਰ ਕੁਮਾਰ ਪੁੱਤਰ ਮੋਹਨ ਲਾਲ ਪੁੱਤਰ ਕਰਮ ਚੰਦ ਦੇ ਹਨ।ਉਕਤ ਤੱਥਾਂ ਸੰਬੰਧੀ ਪ੍ਰਾਰਥੀ ਨੇ ਆਪਣਾ ਹਲਫੀਆ ਬਿਆਨ ਅਤੇ ਪਿੰਡ ਵੱਲੋਂ ਤਸਦੀਕ ਸਰਟੀਫਿਕੇਟ ਵੀ ਪੇਸ਼ ਕੀਤਾ ਹੈ।

ਹੁਣ ਪ੍ਰਾਰਥੀ ਪੰਜਾਬ ਸਰਕਾਰ ਦੇ ਮੀਮੋ ਨੰ: 25/78/2012-ਭਮ-2 /12445-71 ਚੰਡੀਗੜ੍ਹ ਮਿਤੀ 26/07/2013 ਦੇ ਹਵਾਲੇ ਮੁਤਾਬਿਕ ਮਾਲ ਰਿਕਾਰਡ ਵਿੱਚ ਨਾਂਅ ਤਬਦੀਲ ਅਤੇ ਮਾਲ ਰਿਕਾਰਡ ਵਿੱਚ ਜਸਵੀਰ ਕੁਮਾਰ ਉਰਫ ਜਸਵਿੰਦਰ ਕੁਮਾਰ ਪੁੱਤਰ ਮੋਹਨ ਲਾਲ ਪੁੱਤਰ ਕਰਮ ਚੰਦ ਦਾ ਇੰਦਰਾਜ਼ ਕਰਵਾਉਣਾ ਚਾਹੁੰਦਾ ਹੈ। ਜੇਕਰ ਕਿਸੇ ਆਮ/ਖਾਸ ਨੂੰ ਮਾਲ ਰਿਕਾਰਡ ਵਿੱਚ ਉਕਤ ਨਾਂਅ ਦੀ ਦਰੁਸਤੀ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਇਸ ਦਫਤਰ ਵਿੱਚ ਆਪਣਾ ਇਤਰਾਜ਼ ਲਿਖਤੀ ਰੂਪ ਵਿੱਚ ਇਸ ਇਸ਼ਤਿਹਾਰ ਦੇ ਜਾਰੀ ਹੋਣ ਦੇ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ।ਸਮਾਂ ਬੀਤਣ ਤੋਂ ਬਾਅਦ ਕਿਸੇ ਦਾ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਨੋਟਿਸ ਮੇਰੀ ਅਦਾਲਤੀ ਮੋਹਰ ਅਤੇ ਹਸਤਾਖਰ ਹੇਠ ਜਾਰੀ ਕੀਤਾ ਗਿਆ ਹੈ।

ਸਹੀ/-ਸੀ.ਆਰ.ਓ -ਕਮ-ਨਾਇਬ ਤਹਿਸੀਲਦਾਰ
ਬੱਧਨੀ ਕਲਾਂ, ਤਹਿ., ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।
ਨੰ: 268/ਰੀਡਰ ਮਿਤੀ 28.07.2026

## COURT NOTICE

(U/o 5 Rule 20 CPC)
In the Court of
Sh. Raman Kumar
Principal Judge Family Court, Samrala
CNR No. PBLDF4-000046-2026
Next Date :- 26-08-2026
Preet Kaur
Vs.
Ranjit Singh

Publication Issued to :
Ranjit Singh
S/o Boota Singh
R/o Gali No. 1, Guru Tegh Bahadur Nagar, Faridkot, District Faridkot

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 26-08-2026 at 10:00 a.m.

For details logon to https://highcourtchd.gov.in/?mod=district_notice&district=ludhianacourt

Principal Judge Family Court, Samrala
Dated this day of 24-07-2026

## COURT NOTICE

(U/o 5 Rule 20 CPC)
In the Court of
Sh. Jagmohan Singh Sanghe
Principal Judge, Family Court, Jalandhar
GW/150/2025
CNR No. PBJL01-011964-2025
Next Date :- 24-08-2026
Sunny Kumar S/o Ram Kumar
Address: Kotla Shekhe Jalandhar
Vs.
1) Sarabjit Kaur W/o Sunny Kumar D/o Manjit Ram Address: Village Chak Jhandu Chak Sondha Ladhra Jalandhar, 2) General Public
Address - General Public
Petition Under Guardian and Wards Act

Publication Issued To:
General Public
Address:- General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 24-08-2026 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court, Jalandhar
Dated, this day of 28-07-2026

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਫਤਰ ਨਗਰ ਕੌਂਸਲ ਗੜ੍ਹਦੀਵਾਲਾ ਵਿਖੇ ਸ਼੍ਰੀਮਤੀ ਜਸਵੰਤ ਕੌਰ ਪਤਨੀ ਸ੍ਰੀ ਜਸਵੀਰ ਸਿੰਘ ਵਾਸੀ ਵਾਰਡ ਨੰ: 07 ਮਕਾਨ ਨੰ 14 ਪਿੰਡ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਦਰਖਾਸਤ ਦਿੱਤੀ ਹੈ ਕਿ ਉਹ ਵਾਰਡ ਨੰ: 07 ਪਿੰਡ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਦੀ ਪੱਕੀ ਵਸਨੀਕ ਹੈ। ਇਹ ਕਿ ਉਸ ਦਾ ਆਧਾਰ ਕਾਰਡ ਨੰ: 4071 4650 9391 ਹੈ। ਇਹ ਕਿ ਇੱਕ ਮਕਾਨ ਜਿਸ ਦੇ ਬਹੱਦੂਦ ਚੜ੍ਹਦੇ ਮਕਾਨ ਗਿਆਨ ਕੌਰ, ਲਹਿੰਦੇ ਗਲੀ, ਉੱਤਰ ਚੰਨਣ ਸਿੰਘ ਅਤੇ ਪੱਛਮ ਗਲੀ ਵਾਕਿਆ ਰਕਬਾ ਅੰਦਰ ਅਬਾਦੀ ਗੜ੍ਹਦੀਵਾਲਾ ਹੈ। ਇਹ ਨਗਰ ਕੌਂਸਲ ਗੜ੍ਹਦੀਵਾਲਾ ਦੇ ਅਸੈਸਮੈਂਟ ਰਜਿਸਟਰ ਸਾਲ 1982-83 ਦੇ ਪ੍ਰਾਪਰਟੀ ਨੰ: 1316 ਅਨੁਸਾਰ ਸ੍ਰੀ ਰਾਕੇਸ਼ ਕੁਮਾਰ ਪੁੱਤਰ ਰਾਮਪਾਲ ਦੇ ਨਾਂਅ ਇਹ ਮਕਾਨ ਦਰਜ ਹੈ। ਇਹ ਕਿ ਇਹ ਪ੍ਰਾਪਰਟੀ ਮਕਾਨ ਮੈਂ ਇਕਰਾਰਨਾਮਾ ਬੇ ਬਤੌਰ ਯਾਦਦਾਸ਼ਤ ਨਾਮਾ ਈ ਸਟੈਪ ਸਰਟੀਫਿਕੇਟ ਨੰ: IN-PB21340553372416X date 23.03.2025 ਅਨੁਸਾਰ ਸ੍ਰੀ ਰਾਕੇਸ਼ ਕੁਮਾਰ ਪੁੱਤਰ ਰਾਮਪਾਲ ਹਾਲ ਵਾਸੀ ਜਲੰਧਰ ਪਾਸੋਂ ਖਰੀਦ ਕਰਨ ਲਈ ਖਰੀਦ ਕਰਨ ਲਿਆ ਹੈ। ਇਸ ਮਕਾਨ ਦਾ ਕੋਈ ਵੀ ਝਗੜਾ ਨਹੀਂ ਚਲਦਾ ਹੈ ਜੇਕਰ ਕੋਈ ਕੇਸ ਜਾਂ ਝਗੜਾ ਚੱਲ ਰਿਹਾ ਹੋਵੇ ਤਾਂ ਮੈਂ ਇਸ ਦੀ ਖੁਦ ਜ਼ਿੰਮੇਵਾਰ ਹੋਵਾਂਗੀ। ਇਹ ਜਗ੍ਹਾ ਕਿਸੇ ਵੀ ਸਰਕਾਰੀ ਵਿਭਾਗ ਦੀ ਨਹੀਂ ਹੈ, ਜੇਕਰ ਕਿਸੇ ਵੀ ਸਰਕਾਰੀ ਵਿਭਾਗ ਦੀ ਨਿਕਲੇ ਤਾਂ ਮੈਂ ਇਸ ਦੀ ਖੁਦ ਜ਼ਿੰਮੇਵਾਰ ਹੋਵਾਂਗੀ । ਇਹ ਕਿ ਜੇਕਰ ਕੋਈ ਵੀ ਇਸ ਜਗ੍ਹਾ ਦਾ ਭਾਈਵਾਲ ਹੋਰ ਹੋਵੇ ਤਾਂ ਮੈਂ ਇਸ ਦੀ ਖੁਦ ਜ਼ਿੰਮੇਵਾਰ ਹੋਵਾਂਗੀ। ਜੇਕਰ ਇਸ ਮਕਾਨ ਦਾ ਪ੍ਰਾਪਰਟੀ ਟੈਕਸ ਮੰਤਵ ਲਈ ਇੰਦਰਾਜ਼ ਗਲਤ ਹੋ ਜਾਂਦਾ ਹੈ ਤਾਂ ਮੈਂ ਇਸ ਦੀ ਖੁਦ ਜ਼ਿੰਮੇਵਾਰ ਹੋਵਾਂਗੀ । ਨਗਰ ਕੌਂਸਲ ਗੜ੍ਹਦੀਵਾਲਾ ਦਾ ਇਸ ਵਿੱਚ ਕੋਈ ਵੀ ਕਸੂਰ ਨਹੀਂ ਹੋਵੇਗਾ, ਨਗਰ ਕੌਂਸਲ ਨੂੰ ਇਸ ਦਰਜ ਕੀਤੀ ਪ੍ਰਾਪਰਟੀ ਨੂੰ ਰੱਦ ਕਰਨ ਦਾ ਪੂਰਾ ਅਧਿਕਾਰ ਹੋਵੇਗਾ। ਉਕਤ ਪ੍ਰਾਪਰਟੀ ਮਕਾਨ ਨੂੰ ਸ੍ਰੀਮਤੀ ਜਸਵੰਤ ਕੌਰ ਪਤਨੀ ਸ੍ਰੀ ਜਸਵੀਰ ਸਿੰਘ ਵਾਸੀ ਗੜ੍ਹਦੀਵਾਲਾ ਦੇ ਨਾਂਅ ਕੇਵਲ ਪ੍ਰਾਪਰਟੀ ਟੈਕਸ ਮੰਤਵ ਲਈ ਐੱਮ.ਸੇਵਾ ਪੋਰਟਲ 'ਤੇ ਦਰਜ ਕਰਨ 'ਤੇ ਜੇਕਰ ਕਿਸੇ ਵਿਅਕਤੀ ਨੂੰ ਕਿਸੇ ਕਿਸਮ ਦਾ ਕੋਈ ਇਤਰਾਜ਼ ਹੋਵੇ ਤਾਂ ਉਹ ਇਹ ਇਤਰਾਜ਼ ਇਸ ਪਬਲਿਕ ਨੋਟਿਸ ਦੇ ਪ੍ਰਕਾਸ਼ਿਤ ਹੋਣ 'ਤੇ 30 ਦਿਨਾਂ ਦੇ ਅੰਦਰ-ਅੰਦਰ ਦਫਤਰ ਨਗਰ ਕੌਂਸਲ ਗੜ੍ਹਦੀਵਾਲਾ ਵਿਖੇ ਦਫਤਰੀ ਕੰਮ-ਕਾਜ ਵਾਲੇ ਦਿਨ ਦੇ ਸਕਦਾ ਹੈ।ਜੇਕਰ ਨਿਸ਼ਚਿਤ ਸਮੇਂ ਅੰਦਰ ਕੋਈ ਇਤਰਾਜ਼ ਪ੍ਰਾਪਤ ਨਹੀਂ ਹੁੰਦਾ ਤਾਂ ਉਕਤ ਪ੍ਰਾਪਰਟੀ ਕੇਵਲ ਹਾਊਸ ਟੈਕਸ/ਪ੍ਰਾਪਰਟੀ ਟੈਕਸ ਮੰਤਵ ਲਈ ਉਕਤ ਮਕਾਨ ਪ੍ਰਾਪਰਟੀ ਕੇਵਲ ਐੱਮ ਸੇਵਾ ਪੋਰਟਲ 'ਤੇ ਸ੍ਰੀਮਤੀ ਜਸਵੰਤ ਕੌਰ ਪਤਨੀ ਸ੍ਰੀ ਜਸਵੀਰ ਸਿੰਘ ਵਾਸੀ ਵਾਰਡ ਨੰ: 07 ਮਕਾਨ ਨੰ. 14, ਪਿੰਡ ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਦੇ ਨਾਂਅ 'ਤੇ ਦਰਜ ਕਰ ਦਿੱਤੀ ਜਾਵੇਗੀ।ਨਿਸ਼ਚਿਤ ਮਿਆਦ ਤੋਂ ਬਾਅਦ ਪ੍ਰਾਪਤ ਇਤਰਾਜ਼ 'ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ, ਗੜ੍ਹਦੀਵਾਲਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਉੱਤਰ ਰੇਲਵੇ

### ਈ-ਟੈਂਡਰ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ, ਸੀਨੀਅਰ ਮੰਡਲ ਯਾਂਤ੍ਰਿਕ ਇੰਜੀਨੀਅਰ, ਉੱਤਰ ਰੇਲਵੇ, ਡੀਜ਼ਲ ਸ਼ੈਡ ਲੁਧਿਆਣਾ ਖੁਲੇ ਬਾਜ਼ਾਰ ਤੋਂ ਈ-ਟੈਂਡਰਾ ਪ੍ਰਨਾਲੀ ਦੇ ਦੁਵਾਰਾ ਤੋਂ ਬੋਲੀ ਮੰਗ ਕਰਦੇ ਹਨ।

| |
|---|
| ਕੰਮ ਦਾ ਨਾਮ : ਡੀਜ਼ਲ ਸ਼ੈਡ, LDH ਵਿਚ ਲਗੇ 50 LPH ਸ਼ਮਤਾ ਵਾਲੇ RO ਸਿਸਟਮ ਦੀ ਤਿੰਨ ਸਾਲ ਦੇ ਲਈ CAMC। |
| ਕੰਮ ਦੀ ਅਨੁਮਾਨਿਤ ਲਾਗਤ (ਅਨੁਮਾਨਿਤ) : ਰੁ: 96,288.00 (ਜੀਐਸਟੀ ਸਹਿਤ) ਕੇਵਲ ਛਿਯਾਨਵੇ ਹਜ਼ਾਰ ਦੋ ਸੋ ਅਠਾਸੀ) |
| ਟੈਂਡਰ ਸੁਰੱਖਿਆ ਰਾਸ਼ੀ (ਬਿਆਨਾ ਰਾਸ਼ੀ ਜਮਾਂ) : ਰੁ: 1,900 ਰੁਪਏ (ਕੇਵਲ ਇਕ ਹਜ਼ਾਰ ਨੌ ਸੋ) |
| ਬੋਲੀ ਸ਼ੁਰੂ ਹੋਣ ਦੀ ਮਿਤੀ : 04.08.2026 |
| ਈ-ਟੈਂਡਰ ਸਮਾਪਨ ਮਿਤੀ ਅਤੇ ਸਮਾਂ : 18.08.2026 ਨੂੰ 11:30 ਵਜੇ |
| IREPS ਵੈੱਬਸਾਈਟ ਉਤੇ ਈ-ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ :18.08.2026 ਨੂੰ 11:30 ਵਜੇ |
| ਟੈਂਡਰ ਦੀ ਵੈਧਤਾ : ਖੁਲਣ ਦੀ ਮਿਤੀ ਤੋਂ 45 ਦਿਨ |
| ਟੈਂਡਰ ਦਾ ਪ੍ਰਕਾਰ : ਖੁਲਾ ਪ੍ਰਸਤਾਵ |
| ਅਨੁਬੰਧ ਕਾਲ : ਕੰਨਟ੍ਰੈਕਟ ਮਿਲਨ ਦੀ ਮਿਤੀ ਤੋਂ 1095 ਦਿਨ |
| ਵੈੱਬਸਾਈਟ : www.ireps.gov.in |

ਨੰ: ਡੀਐਸਐਲ/ਐਲਡੀਐਚ/ਟੀ14/2026 ਮਿਤੀ : 27.07.2026 — 2594/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ.:- 433-ਸਿਗ- ਟੀ-31-26-27 — ਮਿਤੀ: 28.07.2026

ਬੰਦ ਹੋਣ ਦੀ ਮਿਤੀ/ਸਮਾਂ: 20.08.2026 15:00 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ-ਟੀ-31/26-27 ਈ. ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 20.08.2026 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ.ਆਈ.ਟੀ.

| | | | |
|---|---|---|---|
| ਕੰਮ ਦਾ ਨਾਮ | (i) ਫਿਰੋਜ਼ਪੁਰ ਡਵੀਜਨ ਦੇ 04 ਸਟੇਸ਼ਨਾਂ ਉਤੇ ਲਗਾਏ ਗਏ MEDHA ਮੇਕ ਇਲੈਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਦਾ ਤਿੰਨ (03) ਸਾਲਾਂ ਦੇ ਲਈ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ ਦਾ ਕੰਮ।<br>(ii) ਫਿਰੋਜ਼ਪੁਰ ਡਵੀਜਨ ਦੇ 3 ਸਟੇਸ਼ਨਾਂ (ਸੁਰਾਨੁੱਸੀ, ਹਮੀਰਾ, ਗੋਰਾਯਾ) ਉਤੇ KYOSAN ਦੁਆਰਾ ਨਿਰਮਿਤ ਇਲੈਕਟ੍ਰਾਨਿਕ ਇੰਟਰਲਾਕਿੰਗ ਦੇ ਲਈ ਤਿੰਨ ਸਾਲ ਦਾ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ ਦਾ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | (i) 20.08.2026 15:00<br>(ii) 17.08.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 27.07.2026<br>18:31 |
| ਅੰਦਾਜਨ ਲਾਗਤ | (i) 10198999.68<br>(ii) 14441889.62 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | (i) 06.08.2026<br>(ii) 03.08.2026 |
| ਬਿਆਨਾ ਰਾਸ਼ੀ (ਰੁ) | (i) 204000.00<br>(ii) 288800.00 | ਕੰਮ ਪੂਰਾ ਕਰਨ ਦਾ ਸਮਾਂ | i) 36 ਮਹੀਨੇ<br>ii) 36 ਮਹੀਨੇ |
| ਨੋਟ: | ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸ਼ੁਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰੱਖਣ। | | |

2601/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਜਨਰਲ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ(ਰੁ.) | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬ ਸਾਈਟ |
|---|---|---|---|---|---|---|
| 251-Elect-T-03-R1-2026-27 | ਫਿਰੋਜ਼ਪੁਰ ਡਵੀਜਨ ਦੇ 88 ਸਟੇਸ਼ਨਾਂ ਉਤੇ ਛਝਤ ਦੇ ੜਣਓ ਪੈਨਲ ਰੂਮ ਵਿਚ ਏਅਰ ਕੰਡੀਸ਼ਨਰ ਲਗਾਉਣ ਦੇ ਸਬੰਧ ਵਿਚ ਇਲੈਕਟ੍ਰੀਕਲ ਕੰਮ। | ਰੁ. 75,24,661.25 | ਰੁ. 1,50,500.00 | 06 ਮਹੀਨੇ | 18.08.2026 15:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 03-ਆਰ1-ਬਿਜਲੀ-2026-27 ਮਿਤੀ:- 28.07.2026 — 2605/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਦੀ ਗੁਰਦਾਸਪੁਰ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ:, ਗੁਰਦਾਸਪੁਰ

ਪੰਜਾਬ ਕੋਆਪਰੇਟਿਵ ਸੋਸਾਇਟੀਆਂ ਐਕਟ 1961, ਰੂਲ 1963 (ਸਮੇਂ-ਸਮੇਂ ਸਿਰ ਸੋਧ ਹੋਈ) ਅਤੇ ਮਾਣਯੋਗ ਰਜਿਸਟਰਾਰ, ਕੋਆਪਰੇਟਿਵ ਸੋਸਾਇਟੀਆ ਪੰਜਾਬ ਚੰਡੀਗੜ੍ਹ ਵੱਲੋਂ ਜਾਰੀ ਹੁਕਮਾਂ ਅਨੁਸਾਰ ਬੈਂਕ ਦੇ ਬਾਈਲਾਜ ਅਨੁਸਾਰ ਦੀ ਗੁਰਦਾਸਪੁਰ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ: ਗੁਰਦਾਸਪੁਰ ਦੀ ਪ੍ਰਬੰਧਕ ਕਮੇਟੀ ਦੇ ਨੌਂ (9) ਕਮੇਟੀ ਮੈਂਬਰਾਂ ਦੀ ਚੋਣ ਮਿਤੀ 20.08.2026 ਦਿਨ ਵੀਰਵਾਰ ਨੂੰ ਹੇਠ ਲਿਖੇ ਅਨੁਸਾਰ ਕਰਵਾਈ ਜਾਵੇਗੀ।

ਉਪ ਰਜਿਸਟਰਾਰ ਕੋਆਪਰੇਟਿਵ ਸੋਸਾਇਟੀਆਂ ਗੁਰਦਾਸਪੁਰ ਜੀ ਦੇ ਹੁਕਮ ਨੰਬਰ ਪਿੱਠ ਅੰਕਣ ਨੰ. ਡੀ.ਆਰ.ਜੀ. ਲੇਖਾਕਾਰ/1433-35 ਮਿਤੀ 22.07.2026 ਰਾਹੀਂ ਜ਼ੋਨ ਪ੍ਰਵਾਨ ਹੋਣ ਉਪਰੰਤ ਚੋਣ ਪ੍ਰੋਗਰਾਮ ਭੇਜਣ ਲਈ ਲਿਖਿਆ ਗਿਆ ਸੀ।ਮਾਣਯੋਗ ਡਿਪਟੀ ਰਜਿਸਟਰਾਰ ਗੁਰਦਾਸਪੁਰ ਦੇ ਹੁਕਮ ਪਿਠਅੰਕਣ ਨੰ. ਡੀ. ਆਰ. ਜੀ./368-70 ਮਿਤੀ 24.02.2026 ਰਾਹੀਂ ਚੋਣ ਮੈਨੇਜਰ ਦੀ ਮਨਜ਼ੂਰੀ ਪ੍ਰਾਪਤ ਹੋਈ ਹੈ।

### ਪ੍ਰਬੰਧ ਕਮੇਟੀ ਦੀ ਚੋਣ ਲਈ ਚੋਣ ਪ੍ਰੋਗਰਾਮ

| ਲੜੀ ਨੰਬਰ | ਵੇਰਵਾ | ਮਿਤੀ | ਸਮਾਂ | ਸਥਾਨ | ਕਿਸ ਅਧਿਕਾਰੀ ਪਾਸ ਹੈ |
|---|---|---|---|---|---|
| 1. | ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਮਿਤੀ ਅਤੇ ਸਮਾਂ | 17.08.2026 | 9.00 a.m. to 11.00 a.m. | ਪੀ. ਏ.ਡੀ. ਬੀ. ਗੁਰਦਾਸਪੁਰ | ਰਿਟਰਨਿੰਗ ਅਫਸਰ ਪਾਸੋਂ |
| 2. | ਨਾਮਜ਼ਦਗੀ ਉਮੀਦਵਾਰਾਂ ਦੀ ਸੂਚੀ ਨੋਟਿਸ ਬੋਰਡ 'ਤੇ ਲਗਾਉਣ ਦੀ ਮਿਤੀ ਅਤੇ ਸਮਾਂ | 17.08.2026 | 11.00 a.m. to 11.30 a.m. | ਉਹੀ | ਉਹੀ |
| 3. | ਨਾਮਜ਼ਦਗੀ ਉਮੀਦਵਾਰਾਂ ਜਾਂ ਪ੍ਰਸਤਾਵਕ ਵੱਲੋਂ ਨਾਮਜ਼ਦਗੀ ਪੱਤਰਾਂ 'ਤੇ ਇਤਰਾਜ਼ ਦੇਣ ਦੀ ਮਿਤੀ ਅਤੇ ਸਮਾਂ | 17.08.2026 | 11.30 a.m. to 1.00 p.m. | ਉਹੀ | ਉਹੀ |
| 4. | ਇਤਰਾਜ਼ਾਂ ਦੀ ਸੁਣਵਾਈ ਦੀ ਮਿਤੀ ਅਤੇ ਸਮਾਂ | 17.08.2026 | 1.00 p.m. to 3.00 p.m. | ਉਹੀ | ਉਹੀ |
| 5. | ਨਾਮਜ਼ਦਗੀ ਪੱਤਰਾਂ ਦੀ ਪੜਤਾਲ ਦੀ ਮਿਤੀ ਅਤੇ ਸਮਾਂ | 17.08.2026 | 3.00 p.m. to 4.00 p.m. | ਉਹੀ | ਉਹੀ |
| 6. | ਨਾਮਜ਼ਦ ਉਮੀਦਵਾਰਾਂ ਦੀ ਜਾਇਜ਼ ਸੂਚੀ ਦੀ ਪ੍ਰਦਰਸ਼ਨੀ | 17.08.2026 | 4.00 p.m. to 4.30 p.m. | ਉਹੀ | ਉਹੀ |
| 7. | ਵਾਪਸੀ ਲੈਣ ਦੀ ਅੰਤਿਮ ਮਿਤੀ ਅਤੇ ਸਮਾਂ | 17.08.2026 | 4.30 p.m. to 5.00 p.m. | ਉਹੀ | ਉਹੀ |
| 8. | ਬਿਨਾਂ ਮੁਕਾਬਲਾ ਚੁਣੇ ਗਏ ਉਮੀਦਵਾਰਾਂ ਦੀ ਸੂਚੀ ਜਾਰੀ ਕਰਨ ਦੀ ਮਿਤੀ ਅਤੇ ਸਮਾਂ | 17.08.2026 | 5.00 p.m. | ਉਹੀ | ਉਹੀ |
| 9. | ਚੋਣ ਨਿਸ਼ਾਨ ਅਲਾਟ ਕਰਨ ਦੀ ਮਿਤੀ ਅਤੇ ਸਮਾਂ | 18.08.2026 | 9.00 a.m. to 9.30 a.m. | ਉਹੀ | ਉਹੀ |
| 10. | ਚੋਣ ਲੜਨ ਵਾਲੇ ਉਮੀਦਵਾਰਾਂ ਦੀ ਸੂਚੀ ਨੋਟਿਸ ਬੋਰਡ 'ਤੇ ਚਿਪਕਾਉਣ ਦੀ ਮਿਤੀ ਅਤੇ ਸਮਾਂ | 18.08.2026 | 9.30 a.m. | ਉਹੀ | ਉਹੀ |
| 11. | ਬੈਲਟ ਪੇਪਰ ਦੀ ਛਪਾਈ ਲਈ ਰਿਜ਼ਰਵ ਕੀਤਾ ਗਿਆ ਦਿਨ | 19.08.2026 | ----- | ---- | |
| 12. | ਚੋਣ ਮੁਕਾਬਲਾ ਹੋਣ ਦੀ ਸਥਿਤੀ ਵਿਚ ਵੋਟਿੰਗ ਦੀ ਮਿਤੀ ਅਤੇ ਸਮਾਂ | 20.08.2026 | 9.00 a.m. to 1.00 p.m. | ਹੇਠ ਲਿਖੇ ਅਨੁਸਾਰ | |
| 13. | ਵੋਟਾਂ ਦੀ ਗਿਣਤੀ ਦੀ ਮਿਤੀ ਅਤੇ ਸਮਾਂ | 20.08.2026 | 1.00 p.m. to 3.00 p.m. | ਉਹੀ | ਉਹੀ |
| 14. | ਨਤੀਜਾ ਘੋਸ਼ਿਤ ਕਰਨ ਦੀ ਮਿਤੀ ਅਤੇ ਸਮਾਂ | 20.08.2026 | 3.00 p.m. ਦੁਪਹਿਰ ਤੋਂ ਬਾਅਦ | ਨਤੀਜੇ ਰਿਟਰਨਿੰਗ ਅਫਸਰ ਵੱਲੋਂ ਘੋਸ਼ਿਤ ਕੀਤੇ ਜਾਣਗੇ | |

### ਨੋਟ : ਚੋਣ ਬੂਥ ਬੈਲਟ ਪੇਪਰ ਰਾਹੀਂ ਹੋਵੇਗੀ। ਵੋਟ ਪਾਉਣ ਲਈ ਨਿਯਮਿਤ ਜਾਣਕਾਰੀ ਹੇਠ ਲਿਖੇ ਅਨੁਸਾਰ ਹੈ :-

| ਲੜੀ ਨੰਬਰ | ਚੋਣ ਮਿਤੀ | ਜ਼ੋਨ ਨੰ: | ਜ਼ੋਨ ਦਾ ਨਾਂਅ | ਸਮਾਂ | ਵੋਟਿੰਗ ਦਾ ਸਥਾਨ |
|---|---|---|---|---|---|
| 1. | 20.08.2026 | 1 | ਦੀਨਾਨਗਰ 1 (ਰਿਜ਼ਰਵ ਇਸਤਰੀ) | 9.00 a.m. to 1.00 p.m. | ਦੀ ਪਨਿਆੜ MPCASS Ltd. |
| 2. | 20.08.2026 | 2 | ਦੀਨਾਨਗਰ 2 | 9.00 a.m. to 1.00 p.m. | ਦੀ ਕਲੀਚਪੁਰ MPCASS Ltd. |
| 3. | 20.08.2026 | 3 | ਗੁਰਦਾਸਪੁਰ | 9.00 a.m. to 1.00 p.m. | ਦੀ ਬਲੱਗਣ MPCASS Ltd. |
| 4. | 20.08.2026 | 4 | ਪਾਹੜਾ | 9.00 a.m. to 1.00 p.m. | ਦੀ ਗੋਹਤਪੋਖਰ MPCASS Ltd. |
| 5. | 20.08.2026 | 5 | ਹਯਾਤਨਗਰ | 9.00 a.m. to 1.00 p.m. | ਪੀ. ਏ. ਡੀ. ਬੀ. ਗੁਰਦਾਸਪੁਰ |
| 6. | 20.08.2026 | 6 | ਰੁਲਿਆਣਾ (ਰਿਜ਼ਰਵ ਇਸਤਰੀ) | 9.00 a.m. to 1.00 p.m. | ਦੀ ਰੁਲਿਆਣਾ MPCASS Ltd. |
| 7. | 20.08.2026 | 7 | ਭੋਜਰਾਜ (ਰਿਜ਼ਰਵ ਐੱਸ. ਸੀ.) | 9.00 a.m. to 1.00 p.m. | ਦੀ ਬਾਂਗੋਵਾਣੀ MPCASS Ltd. |
| 8. | 20.08.2026 | 8 | ਬੱਬੇਹਾਲੀ | 9.00 a.m. to 1.00 p.m. | ਦੀ ਬੱਬੇਹਾਲੀ MPCASS Ltd. |
| 9. | 20.08.2026 | 9 | ਭੂੰਬਲੀ | 9.00 a.m. to 1.00 p.m. | ਦੀ ਭੂੰਬਲੀ MPCASS Ltd. |
| 10. | | | | 1.00 p.m. to 3.00 p.m. | ਵੋਟਾਂ ਦੀ ਗਿਣਤੀ ਪ੍ਰਜ਼ਾਈਡਿੰਗ ਅਫਸਰਾਂ ਵੱਲੋਂ ਜ਼ੋਨਵਾਰ ਵੋਟਾਂ ਪੈਣ ਤੋਂ ਤੁਰੰਤ ਬਾਅਦ ਕੀਤੀ ਜਾਵੇਗੀ ਅਤੇ ਪ੍ਰਜ਼ਾਈਡਿੰਗ ਅਫਸਰ ਚੋਣ ਦੇ ਰਿਜਲਟ ਤੁਰੰਤ ਰਿਟਰਨਿੰਗ ਅਫਸਰ ਨੂੰ ਸੌਂਪਣਗੇ ਅਤੇ ਰਿਟਰਨਿੰਗ ਅਫਸਰ ਵੱਲੋਂ ਚੋਣ ਨਤੀਜੇ ਦਾ ਐਲਾਨ ਕੀਤਾ ਜਾਵੇਗਾ। |

### ਚੋਣ ਸੰਬੰਧੀ ਹਦਾਇਤਾਂ

1) ਚੋਣ ਐਕਟ, ਰੂਲਜ਼ ਤੇ ਬਾਇਲਾਜ਼ ਅਤੇ ਮਹਿਕਮੇ ਵੱਲੋਂ ਸਮੇਂ-ਸਮੇਂ ਜਾਰੀ ਹੋਈਆਂ ਹਦਇਤਾਂ ਅਨੁਸਾਰ ਕਰਵਾਈ ਜਾਵੇਗੀ।
2) ਜ਼ੋਨਾਂ ਦੀਆਂ ਵੋਟਰ ਸੂਚੀਆਂ ਬੈਂਕ ਦੇ ਦਫਤਰ ਤੋਂ 500/- ਰੁਪਏ ਪ੍ਰਤੀ ਜ਼ੋਨ ਦੀ ਕੀਮਤ 'ਤੇ ਮਿਲ ਸਕਦੀਆਂ ਹਨ।
3) ਜ਼ੋਨ ਨੰ. 1 ਅਤੇ 6 ਔਰਤਾਂ ਲਈ ਰਾਖਵਾਂ ਰੱਖਿਆ ਗਿਆ ਹੈ ਅਤੇ ਜ਼ੋਨ ਨੰ. 7 ਅਨੁਸੂਚਿਤ ਜਾਤੀ ਮੈਂਬਰਾਂ ਲਈ ਰਾਖਵਾਂ ਰੱਖਿਆ ਗਿਆ ਹੈ ।
4) 500/- ਰੁਪਏ ਤੋਂ ਘੱਟ ਹਿੱਸੇਦਾਰੀ ਵਾਲੇ ਮੈਂਬਰ ਅਤੇ ਡਿਫਾਲਟਰ ਮੈਂਬਰਾਂ ਨੂੰ ਵੋਟ ਪਾਉਣ ਦਾ ਅਧਿਕਾਰ ਨਹੀਂ ਹੋਵੇਗਾ।
5) ਕੋਈ ਵੀ ਡਿਫਾਲਟਰ ਮੈਂਬਰ ਬੈਂਕ ਦੀ ਪ੍ਰਬੰਧਕ ਕਮੇਟੀ ਦੀ ਚੋਣ ਵਿੱਚ ਹਿੱਸਾ ਨਹੀਂ ਲੈ ਸਕਦਾ ਅਤੇ ਨਾ ਹੀ ਵੋਟ ਪਾ ਸਕਦਾ ਹੈ, ਪਰ ਡਿਫਾਲਟਰ ਮੈਂਬਰ ਜੇਕਰ ਮੌਕੇ 'ਤੇ ਰਕਮ ਭਰ ਕੇ ਅਸਲ ਰਸੀਦ ਪੇਸ਼ ਕਰਦਾ ਹੈ, ਉਹ ਚੋਣ ਲੜ ਸਕਦਾ ਹੈ ਅਤੇ ਵੋਟ ਵੀ ਪਾ ਸਕਦਾ ਹੈ।
(6) ਹਰ ਇੱਕ ਜ਼ੋਨ ਵਿੱਚੋਂ ਇਕ ਹੀ ਕਮੇਟੀ ਮੈਂਬਰ ਚੁਣਿਆ ਜਾਵੇਗਾ।
(7) ਨਾਮਜ਼ਦਗੀ ਫਾਰਮ ਮੈਂਬਰਾਂ ਨੂੰ ਰਿਟਰਨਿੰਗ ਅਫਸਰ ਕੋਲੋਂ ਪ੍ਰਾਪਤ ਕਰਨੇ ਪੈਣਗੇ।ਹਰ ਉਮੀਦਵਾਰ ਨੂੰ ਨੋਮੀਨੇਸ਼ਨ ਪੇਪਰ ਦਾਖਲ ਕਰਨ ਤੋਂ ਪਹਿਲਾਂ 500/- ਇਲੈਕਸ਼ਨ ਫੀਸ ਇਸ ਬੈਂਕ ਵਿੱਚ ਜਮ੍ਹਾਂ ਕਰਵਾਉਣੀ ਪਵੇਗੀ ਅਤੇ ਰਿਟਰਨਿੰਗ ਅਫਸਰ ਨੂੰ ਕਾਗਜ਼ਾਂ ਦੀ ਪੜਤਾਲ ਵੇਲੇ ਰਸੀਦ ਪੇਸ਼ ਕਰਨੀ ਹੋਵੇਗੀ।ਕੋਈ ਵੀ ਉਮੀਦਵਾਰ ਇਲੈਕਸ਼ਨ ਫੀਸ ਜਮ੍ਹਾਂ ਕਰਵਾਉਣ ਤੋਂ ਬਿਨਾਂ ਚੋਣਾਂ ਲਈ ਖੜ੍ਹਾ ਨਹੀਂ ਹੋ ਸਕਦਾ।ਇਲੈਕਸ਼ਨ ਫੀਸ ਵਾਪਸ ਨਹੀਂ ਹੋਵੇਗੀ।
(8) ਜ਼ੋਨ ਦੀਆਂ ਲਿਸਟਾਂ ਜੋ ਬਣ ਚੁੱਕੀਆਂ ਹਨ ਅਤੇ ਮਨਜ਼ੂਰ ਹੋ ਚੁੱਕੀਆਂ ਹਨ, ਉਸ ਤੋਂ ਬਾਅਦ ਬਣੇ ਮੈਂਬਰ ਵੋਟ ਪਾਉਣ ਦੇ ਅਧਿਕਾਰੀ ਨਹੀਂ ਹੋਣਗੇ ਅਤੇ ਨਾ ਹੀ ਉਹ ਚੋਣ ਲੜ ਸਕਣਗੇ।
(9) ਚੋਣ ਗੁਪਤ ਬੈਲਟ ਪੇਪਰ ਰਾਹੀਂ ਹੋਵੇਗੀ ।

ਸਹੀ/- ਚੋਣ ਮੈਨੇਜਰ
ਪੀ. ਏ. ਡੀ. ਬੀ. ਗੁਰਦਾਸਪੁਰ

# ਸਰਪੰਚ ਜੋਗਾ ਸਿੰਘ ਦੀ ਅਗਵਾਈ ਹੇਠ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ

## ਪਿੰਡ ਦੀ ਪੱਕੀ ਕੰਕਰੀਟ ਫਿਰਨੀ ਦਾ ਨਿਰਮਾਣ ਤੇਜ਼ੀ ਨਾਲ ਜਾਰੀ

**ਸ਼ਾਹਕੋਟ (ਗਿਆਨ ਸੈਦਪੁਰੀ)**- ਪਿੰਡ ਚੱਕ ਚੇਲਾ ਵਿਖੇ ਸਰਪੰਚ ਜੋਗਾ ਸਿੰਘ ਦੀ ਅਗਵਾਈ ਹੇਠ ਪਿੰਡ ਦੇ ਸਰਵਪੱਖੀ ਵਿਕਾਸ ਲਈ ਵੱਖ-ਵੱਖ ਵਿਕਾਸ ਕਾਰਜ ਜੰਗੀ ਪੱਧਰ 'ਤੇ ਕਰਵਾਏ ਜਾ ਰਹੇ ਹਨ। ਇਸ ਲੜੀ ਤਹਿਤ ਪਿੰਡ ਦੀ ਕੰਕਰੀਟ ਵਾਲੀ ਪੱਕੀ ਫਿਰਨੀ ਦਾ ਨਿਰਮਾਣ ਕੰਮ ਤੇਜ਼ੀ ਨਾਲ ਜਾਰੀ ਹੈ।



ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਨਾ ਸਿਰਫ਼ ਪਿੰਡ ਵਾਸੀਆਂ ਨੂੰ ਬਿਹਤਰ ਆਵਾਜਾਈ ਦੀ ਸਹੂਲਤ ਮਿਲੇਗੀ, ਸਗੋਂ ਬਰਸਾਤ ਦੇ ਮੌਸਮ ਦੌਰਾਨ ਚਿੱਕੜ ਅਤੇ ਪਾਣੀ ਭਰਨ ਵਰਗੀਆਂ ਸਮੱਸਿਆਵਾਂ ਤੋਂ ਵੀ ਨਿਜਾਤ ਮਿਲੇਗੀ। ਇਸ ਮੌਕੇ ਸਰਪੰਚ ਜੋਗਾ ਸਿੰਘ ਅਤੇ ਸੁਰਜੀਤ ਸਿੰਘ ਸ਼ੰਟੀ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ, ਜਿਸ ਦਾ ਲਾਭ ਪਿੰਡ ਚੱਕ ਚੇਲਾ ਦੇ ਵਸਨੀਕਾਂ ਨੂੰ ਵੀ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਲੋੜੀਂਦੇ ਹਰ ਕੰਮ ਨੂੰ ਯੋਜਨਾਬੱਧ ਢੰਗ ਨਾਲ ਕਰਵਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਘਰ ਦੇ ਨੇੜੇ ਹੀ ਉਪਲਬਧ ਹੋ ਸਕਣ। ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਵਿੱਚ ਲੋਕਾਂ ਦਾ ਸਹਿਯੋਗ ਵੀ ਬਹੁਤ ਮਹੱਤਵਪੂਰਨ ਹੈ ਅਤੇ ਪੰਚਾਇਤ ਦਾ ਉਦੇਸ਼ ਹੈ ਕਿ ਚੱਕ ਚੇਲਾ ਨੂੰ ਹਰ ਪੱਖੋਂ ਇੱਕ ਆਦਰਸ਼ ਪਿੰਡ ਵਜੋਂ ਵਿਕਸਤ ਕੀਤਾ ਜਾਵੇ।

ਉਨ੍ਹਾਂ ਦੱਸਿਆ ਕਿ ਫਿਰਨੀ ਦੇ ਨਿਰਮਾਣ ਤੋਂ ਇਲਾਵਾ ਹੋਰ ਵਿਕਾਸ ਕਾਰਜਾਂ ਦੀ ਵੀ ਯੋਜਨਾ ਤਿਆਰ ਕੀਤੀ ਜਾ ਰਹੀ ਹੈ, ਜਿਨ੍ਹਾਂ ਨੂੰ ਆਉਣ ਵਾਲੇ ਸਮੇਂ ਵਿੱਚ ਸ਼ੁਰੂ ਕੀਤਾ ਜਾਵੇਗਾ।

ਪਿੰਡ ਵਾਸੀਆਂ ਨੇ ਚੱਲ ਰਹੇ ਵਿਕਾਸ ਕਾਰਜਾਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਕਿਹਾ ਕਿ ਪੱਕੀ ਫਿਰਨੀ ਬਣਨ ਨਾਲ ਆਵਾਜਾਈ ਆਸਾਨ ਹੋਵੇਗੀ ਅਤੇ ਪਿੰਡ ਦੀ ਦਿੱਖ ਵੀ ਨਿਖਰੇਗੀ। ਇਸ ਮੌਕੇ ਬਾਬਾ ਸੁਰਜੀਤ ਸਿੰਘ ਸ਼ੰਟੀ, ਜੋਗਾ ਸਿੰਘ ਸਰਪੰਚ ਅਤੇ ਸਾਬਕਾ ਬਲਾਕ ਸੰਮਤੀ ਮੈਂਬਰ ਜਸਪਾਲ ਸਿੰਘ ਆਦਿ ਹਾਜ਼ਰ ਸਨ।

# ਔਰਤਾਂ ਦੇ ਬੈਂਕ ਖਾਤਿਆਂ 'ਚ 1149 ਕਰੋੜ ਜਮ੍ਹਾਂ ਕੀਤੇ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਭਗਵੰਤ ਮਾਨ ਸਰਕਾਰ ਵੱਲੋਂ 'ਮੁੱਖ ਮੰਤਰੀ ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਔਰਤਾਂ ਦੇ ਬੈਂਕ ਖ਼ਾਤਿਆਂ ਵਿੱਚ ਵਿੱਤੀ ਸਹਾਇਤਾ ਸਿੱਧੀ ਭੇਜਣ ਦੇ ਫ਼ੈਸਲੇ ਨੂੰ ਸੂਬੇ ਭਰ ਦੀਆਂ ਲਾਭਪਾਤਰੀਆਂ ਵੱਲੋਂ ਭਰਪੂਰ ਸਰਾਹਨਾ ਮਿਲੀ ਹੈ। ਔਰਤਾਂ ਦਾ ਕਹਿਣਾ ਹੈ ਕਿ ਡਾਇਰੈਕਟ ਬੈਨੀਫਿਟ ਟਰਾਂਸਫਰ (ਡੀ ਬੀ ਟੀ) ਪ੍ਰਣਾਲੀ ਨੇ ਪਾਰਦਰਸ਼ਤਾ, ਸਹੂਲਤ ਅਤੇ ਆਰਥਿਕ ਸਸ਼ਕਤੀਕਰਨ ਨੂੰ ਯਕੀਨੀ ਬਣਾਇਆ ਹੈ, ਕਿਉਂਕਿ ਸਹਾਇਤਾ ਰਾਸ਼ੀ ਸਿੱਧੀ ਉਨ੍ਹਾਂ ਦੇ ਖ਼ਾਤਿਆਂ ਵਿੱਚ ਪਹੁੰਚ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹੁਣ ਤੱਕ ਇਸ ਯੋਜਨਾ ਤਹਿਤ ਡੀਬੀਟੀ ਪ੍ਰਣਾਲੀ ਰਾਹੀਂ ਲਗਭਗ 33 ਲੱਖ ਔਰਤਾਂ ਦੇ ਬੈਂਕ ਖ਼ਾਤਿਆਂ ਵਿੱਚ ?1,149 ਕਰੋੜ ਸਿੱਧੇ ਜਮ੍ਹਾਂ ਕਰਵਾ ਚੁੱਕੀ ਹੈ। ਅਨੁਸੂਚਿਤ ਜਾਤੀ (ਐੱਸ ਸੀ) ਵਰਗ ਦੀਆਂ ਯੋਗ ਲਾਭਪਾਤਰੀਆਂ ਨੂੰ 1,500 ਦੀਆਂ ਤਿੰਨ ਮਹੀਨਾਵਾਰ ਕਿਸ਼ਤਾਂ ਦੇ ਰੂਪ ਵਿੱਚ ਕੁੱਲ ?4,500 ਦਿੱਤੇ ਗਏ ਹਨ, ਜਦਕਿ ਹੋਰ ਵਰਗਾਂ ਦੀਆਂ ਲਾਭਪਾਤਰੀਆਂ ਨੂੰ 1,000 ਦੀਆਂ ਤਿੰਨ ਮਹੀਨਾਵਾਰ ਕਿਸ਼ਤਾਂ ਦੇ ਰੂਪ ਵਿੱਚ ਕੁੱਲ ?3,000 ਪ੍ਰਦਾਨ ਕੀਤੇ ਗਏ ਹਨ।



'ਮੁੱਖ ਮੰਤਰੀ ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 70 ਲੱਖ ਤੋਂ ਵੱਧ ਔਰਤਾਂ ਦੀ ਰਜਿਸਟ੍ਰੇਸ਼ਨ ਨਾਲ ਇਹ ਯੋਜਨਾ ਪੰਜਾਬ ਦੀਆਂ ਸਭ ਤੋਂ ਵੱਡੀਆਂ ਔਰਤ-ਕੇਂਦਰਿਤ ਸਮਾਜਿਕ ਸੁਰੱਖਿਆ ਪਹਿਲਕਦਮੀਆਂ ਵਿੱਚੋਂ ਇੱਕ ਬਣ ਗਈ ਹੈ। ਸੂਬੇ ਭਰ ਦੀਆਂ ਔਰਤਾਂ ਨੇ ਇਸ ਪਹਿਲ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਰਕਮ ਬਿਨਾਂ ਕਿਸੇ ਵਿਚੋਲੇ ਅਤੇ ਬਿਨਾਂ ਕਿਸੇ ਦੇਰੀ ਦੇ ਸਿੱਧੀ ਅਸਲ ਲਾਭਪਾਤਰੀਆਂ ਤੱਕ ਪਹੁੰਚੀ ਹੈ ਅਤੇ ਉਹ ਲੋੜ ਪੈਣ 'ਤੇ ਇਸ ਰਕਮ ਨੂੰ ਕਦੇ ਵੀ ਕਢਵਾ ਸਕਦੀਆਂ ਹਨ।

# ਸਫਾਈ ਕਰਮਚਾਰੀਆਂ 'ਤੇ ਕੀਤੇ ਤਸ਼ੱਦਦ ਦੀ ਨਿਰਪੱਖ ਜਾਂਚ ਦੀ ਮੰਗ, ਰਾਜਪਾਲ ਦੇ ਨਾਂਅ ਦਿੱਤਾ ਮੰਗ ਪੱਤਰ



**ਬੰਗਾ (ਅਵਤਾਰ ਕਲੇਰ)**- ਸਫਾਈ ਕਰਮਚਾਰੀਆਂ ਅਤੇ ਮਹਿਲਾ ਕਰਮਚਾਰੀਆਂ 'ਤੇ ਬਰਨਾਲਾ ਵਿਖੇ ਹੋਏ ਲਾਠੀਚਾਰਜ ਦੇ ਵਿਰੁੱਧ ਬਸਪਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਬਸਪਾ ਵਰਕਰਾਂ ਦਾ ਵੱਡਾ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ। ਉਨ੍ਹਾਂ ਨੂੰ ਇਨਸਾਫ ਦਿਵਾਉਣ ਲਈ ਪੂਰੇ ਪੰਜਾਬ ਅੰਦਰ ਹਰੇਕ ਜ਼ਿਲ੍ਹੇ ਪੱਧਰ 'ਤੇ ਰਾਜਪਾਲ ਦੇ ਨਾਂਅ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤੇ ਗਏ। ਉਨ੍ਹਾਂ ਅਧਿਕਾਰੀਆਂ ਨੂੰ ਸਸਪੈਂਡ ਨਹੀਂ ਬਰਖਾਸਤ ਕੀਤਾ ਜਾਣਾ ਚਾਹੀਦਾ ਹੈ। ਇਹ ਸ਼ਬਦ ਡਾ. ਨਛੱਤਰ ਪਾਲ ਵਿਧਾਇਕ ਨਵਾਂਸ਼ਹਿਰ ਨੇ ਮੰਗ ਪੱਤਰ ਦਿੰਦੇ ਹੋਏ ਕਹੇ। ਬਸਪਾ ਵਰਕਰਾਂ ਨੇ ਨਵਾਂਸ਼ਹਿਰ ਵਿੱਚ ਪ੍ਰਦਰਸ਼ਨ ਕਰਦੇ ਹੋਏ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ। ਸ਼ਕਤੀ ਪ੍ਰਦਰਸ਼ਨ ਕਰਨ ਵਾਲੀਆਂ ਮਹਿਲਾਵਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਕਿਹਾ ਕਿ ਆਪਣੇ ਹੱਕਾਂ ਲਈ ਸੰਵਿਧਾਨਕ ਤਰੀਕੇ ਨਾਲ ਲੜਨਾ ਕੋਈ ਮਾੜੀ ਗੱਲ ਨਹੀਂ। ਪ੍ਰਦਰਸ਼ਨ ਦੌਰਾਨ ਹਰੇਕ ਵਰਕਰ ਦੇ ਹੱਥਾਂ ਵਿੱਚ ਨੀਲਾ ਝੰਡਾ ਚੁੱਕ ਕੇ ਡੀ ਸੀ ਕੰਲੈਕਸ ਵਿੱਚ ਨਾਅਰਿਆਂ ਨਾਲ ਇਨਸਾਫ਼ ਦੀ ਮੰਗ ਕੀਤੀ। ਬਸਪਾ ਵਰਕਰਾਂ ਨੇ ਇਨਸਾਫ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਇਨਸਾਫ ਨਾ ਮਿਲਿਆ ਤਾਂ ਬਸਪਾ ਪੰਜਾਬ ਪੱਧਰ 'ਤੇ ਸੰਘਰਸ਼ ਕਰੇਗੀ। ਇਸ ਮੌਕੇ ਪ੍ਰਵੀਨ ਬੰਗਾ ਜਨਰਲ ਸਕੱਤਰ ਪੰਜਾਬ ਬਸਪਾ, ਦਿਲਬਾਗ ਚੰਦ ਇੰਚਾਰਜ, ਸਰਬਜੀਤ ਸਿੰਘ, ਹਰਬਲਾਸ ਬਸਰਾ, ਕੁਲਦੀਪ ਸਿੰਘ ਬਹਿਰਾਮ, ਦਰਸ਼ਨ ਸਿੰਘ ਬਹਿਰਾਮ, ਪ੍ਰਕਾਸ਼ ਚੰਦ, ਮਲਕੀਤ ਮੰਢਾਲੀ, ਚਰਨਜੀਤ ਮੰਢਾਲੀ, ਅਸ਼ੋਕ ਕੁਮਾਰ ਖੋਥੜਾਂ, ਗੁਰਮੁਖ ਨੌਰਥ, ਮੋਹਨ ਲਾਲ ਰਾਹੋਂ, ਰਾਕੇਸ਼ ਕੁਮਾਰ ਬਲਾਕ ਸੰਮਤੀ ਮੈਂਬਰ, ਮਿਸ਼ਨਰੀ ਗਾਇਕ ਐਸ ਐਸ ਆਜ਼ਾਦ, ਰਾਜ ਦਦਰਾਲ ਅਤੇ ਬਹੁਤ ਸਾਰੇ ਮਿਸ਼ਨਰੀ ਵਰਕਰ ਹਾਜ਼ਰ ਸਨ।

# ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ ਦੋ-ਰੋਜ਼ਾ ਰਾਸ਼ਟਰੀ ਸੈਮੀਨਾਰ ਦਾ ਆਗਾਜ਼



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ (ਜਲੰਧਰ) ਵਿਖੇ ਇੰਡੀਅਨ ਕੌਂਸਲ ਆਫ਼ ਸੋਸ਼ਲ ਸਾਇੰਸ ਰਿਸਰਚ ਦੇ ਸਹਿਯੋਗ ਨਾਲ ਦੋ-ਰੋਜ਼ਾ ਰਾਸ਼ਟਰੀ ਸੈਮੀਨਾਰ ਦਾ ਆਗਾਜ਼ ਉਤਸ਼ਾਹ ਅਤੇ ਗੰਭੀਰ ਬੌਧਿਕ ਚਰਚਾ ਨਾਲ ਹੋਇਆ। ਇਸ ਸਮਾਗਮ ਵਿੱਚ ਸੰਤ ਮਨਮੋਹਨ ਸਿੰਘ (ਚਾਂਸਲਰ) ਅਤੇ ਸੰਤ ਸਰਵਣ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੈਮੀਨਾਰ ਦੀ ਸ਼ੁਰੂਆਤ ਪਵਿੱਤਰ ਸ਼ਬਦ ਗਾਇਨ ਅਤੇ ਸ਼ਮ੍ਹਾਂ ਰੋਸ਼ਨ ਕਰਨ ਦੀ ਰਸਮ ਨਾਲ ਕੀਤੀ ਗਈ।ਉਦਘਾਟਨੀ ਸੈਸ਼ਨ ਵਿਚ ਯੂਨੀਵਰਸਿਟੀ ਦੇ ਮਾਨਯੋਗ ਉਪ-ਕੁਲਪਤੀ ਪ੍ਰੋ. (ਡਾ.) ਪਾਲਵਿੰਦਰ ਸਿੰਘ ਨੇ ਆਏ ਹੋਏ ਬੁੱਧੀਜੀਵੀਆਂ ਅਤੇ ਖੋਜਾਰਥੀਆਂ ਦਾ ਸਵਾਗਤ ਕੀਤਾ। ਆਪਣੇ ਭਾਸ਼ਣ ਵਿੱਚ ਉਹਨਾਂ ਨੇ ਪੰਜਾਬ ਦੀ ਇਤਿਹਾਸਕ ਦੁਖਾਂਤਕ ਵੰਡ ਤੋਂ ਲੈ ਕੇ ਪੰਜਾਬੀ ਸੂਬਾ ਮੋਰਚੇ ਅਤੇ ਹਰਿਆਣਾ-ਹਿਮਾਚਲ ਦੀ ਵੰਡ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਪੰਜਾਬ ਕੋਲ ਪੂਰੀ ਦੁਨੀਆ ਦਾ ਪੇਟ ਭਰਨ ਦੀ ਖੇਤੀਬਾੜੀ ਅਤੇ ਆਰਥਿਕ ਸਮਰੱਥਾ ਹੋਣ ਦੇ ਬਾਵਜੂਦ ਵੀ ਆਪਣੇ ਇਤਿਹਾਸ ਤੋਂ ਯੋਗ ਸਿੱਖਿਆ ਨਹੀਂ ਲਈ। ਉਹਨਾਂ ਕਿਹਾ ਕਿ ਇਤਿਹਾਸਕ ਘਟਨਾਵਾਂ ਤੋਂ ਸਿੱਖ ਕੇ ਹੀ ਭਵਿੱਖ ਦੀਆਂ ਗਲਤੀਆਂ ਨੂੰ ਸੁਧਾਰਿਆ ਜਾ ਸਕਦਾ ਹੈ। ਡਾ. ਹਰਦੇਵ ਕੌਰ (ਕਨਵੀਨਰ )ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਸੈਮੀਨਾਰ ਦੇ ਮੁੱਖ ਉਦੇਸ਼ਾਂ ਅਤੇ ਪੰਜਾਬ ਦੀ ਵੰਡ ਨਾਲ ਜੁੜੇ ਅਣਛੂਹੇ ਇਤਿਹਾਸਕ ਪਹਿਲੂਆਂ ਬਾਰੇ ਸੰਖੇਪ ਜਾਣਕਾਰੀ ਦਿੱਤੀ। ਇਹ ਦੋ-ਰੋਜ਼ਾ ਰਾਸ਼ਟਰੀ ਸੈਮੀਨਾਰ 29 ਜੁਲਾਈ ਨੂੰ ਵੀ ਜਾਰੀ ਰਹੇਗਾ, ਜਿਸ ਵਿੱਚ ਵੱਖ-ਵੱਖ ਯੂਨੀਵਰਸਿਟੀਆਂ ਅਤੇ ਕਾਲਜਾਂ ਤੋਂ ਆਏ ਖੋਜਾਰਥੀ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਖੋਜ-ਪੱਤਰ ਪੇਸ਼ ਕਰਨਗੇ।

# ਸੌ ਫੀਸਦੀ ਕੰਮ ਮੁਕੰਮਲ ਕਰਨ ਵਾਲੇ 32 ਬੀ ਐੱਲ ਓਜ਼ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਵੱਲੋਂ ਵੋਟਰ ਸੂਚੀਆਂ ਦੀ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)-2026 ਤਹਿਤ ਘਰ-ਘਰ ਸਰਵੇ ਦਾ ਸੌ ਫੀਸਦੀ ਕੰਮ ਮਕੰਮਲ ਕਰਨ ਵਾਲੇ 32 ਬੂਥ ਲੈਵਲ ਅਫ਼ਸਰਾਂ ਦਾ ਸਨਮਾਨ ਕੀਤਾ ਗਿਆ। ਬੂਥ ਲੈਵਲ ਅਫ਼ਸਰਾਂ ਨੂੰ ਪ੍ਰਸ਼ੰਸਾ ਪੱਤਰ ਸੌਂਪਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਦੀ ਵਚਨਬੱਧਤਾ ਤੇ ਕਾਰਗੁਜ਼ਾਰੀ ਨੇ ਜ਼ਿਲ੍ਹੇ ਵਿੱਚ ਕੰਮ ਕਰ ਰਹੇ ਹੋਰਨਾਂ ਬੀ ਐਲ ਓਜ਼ ਲਈ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਦੀ ਸਫ਼ਲਤਾ ਵਿੱਚ ਬੀ.ਐੱਲ.ਓ. ਦੀ ਭੂਮਿਕਾ ਬਹੁਤ ਹੀ ਮਹੱਤਵਪੂਰਨ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਨੇ ਪੂਰੀ ਨਿਸ਼ਠਾ, ਸਮਰਪਣ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਦਿਆਂ ਐਸ ਆਈ ਆਰ ਤਹਿਤ ਨਿਰਧਾਰਿਤ ਮਿਤੀ ਤੋਂ ਪਹਿਲਾਂ ਘਰ-ਘਰ ਸਰਵੇ ਦੇ ਕੰਮ ਨੂੰ ਨੇਪਰੇ ਚਾੜ੍ਹਿਆ ਹੈ, ਜੋ ਹੋਰਨਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਪ੍ਰੇਰਨਾ ਸਰੋਤ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਮਨਿੰਦਰ ਕੌਰ ਅਤੇ ਚੋਣ ਤਹਿਸੀਲਦਾਰ ਡਾ. ਦੀਪਕ ਰਾਜ ਵੀ ਮੌਜੂਦ ਸਨ। ਵਾਲੀਆ ਨੇ ਹੋਰਨਾਂ ਬੀ ਐੱਲ ਓਜ਼ ਨੂੰ ਵੀ ਘਰ-ਘਰ ਸਰਵੇ ਵਿੱਚ ਤੇਜ਼ੀ ਲਿਆਉਂਦਿਆਂ ਇਸ ਨੂੰ ਜਲਦ ਮੁਕੰਮਲ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸਨਮਾਨਤ ਹੋਣ ਵਾਲੇ ਬੂਥ ਲੈਵਲ ਅਫ਼ਸਰਾਂ ਵਿੱਚ ਵਿਧਾਨ ਸਭਾ ਹਲਕਾ ਫਿਲੌਰ ਤੋਂ ਧਰਮਿੰਦਰਜੀਤ (ਬੂਥ ਨੰ.49), ਬੂਟਾ ਰਾਮ (ਬੂਥ ਨੰ.88), ਬਲਵਿੰਦਰ ਕੌਰ (ਬੂਥ ਨੰ.12), ਜਸਦੀਪ ਸਿੰਘ (ਬੂਥ ਨੰ.149), ਮੋਨਿਕਾ (ਬੂਥ ਨੰ.158), ਵਿਧਾਨ ਸਭਾ ਹਲਕਾ ਨਕੋਦਰ ਤੋਂ ਕੁਲਵਿੰਦਰ ਸਿੰਘ (ਬੂਥ ਨੰ.27), ਨਰੇਸ਼ ਕੁਮਾਰ (ਬੂਥ ਨੰ.184), ਪਰਮਜੀਤ ਕੌਰ (ਬੂਥ ਨੰ.190), ਅਮਨਦੀਪ (ਬੂਥ ਨੰ.216), ਕਮਲਜੀਤ ਰਾਮ (ਬੂਥ ਨੰ.123), ਵਿਧਾਨ ਸਭਾ ਹਲਕਾ ਸ਼ਾਹਕੋਟ ਤੋਂ ਪ੍ਰਭਜਿੰਦਰ ਸਿੰਘ (ਬੂਥ ਨੰ.23) ਮਨਵੀਤ ਸਿੰਘ (ਬੂਥ ਨੰ.72),ਰੁਪਿੰਦਰਜੀਤ ਸਿੰਘ (ਬੂਥ ਨੰ.31), ਤੀਰਥ ਕੌਰ (ਬੂਥ ਨੰ.198), ਰਣਜੀਤ ਸਿੰਘ (ਬੂਥ ਨੰ.207), ਧਰਵਿੰਦਰ ਸਿੰਘ (ਬੂਥ ਨੰ.248), ਹਰਜੀਤ ਕੌਰ (ਬੂਥ ਨੰ.231), ਬਲਵਿੰਦਰ ਕੌਰ (ਬੂਥ ਨੰ.236), ਮਨਜਿੰਦਰ ਸਿੰਘ (ਬੂਥ ਨੰ.105), ਬਲਵਿੰਦਰ ਕੌਰ (ਬੂਥ ਨੰ.106), ਸ਼ੋਵਿੰਦ ਕੁਮਾਰ (ਬੂਥ ਨੰ.129), ਇੰਦਰਜੀਤ ਸਿੰਘ (ਬੂਥ ਨੰ.163), ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਤੋਂ ਸੁਮਨ ਬਾਲਾ (ਬੂਥ ਨੰ.97), ਰਾਜੀਵ ਕੁਮਾਰ (ਬੂਥ ਨੰ.61), ਸੁਮਨ ਸ਼ਰਮਾ (ਬੂਥ ਨੰ.134), ਮੀਨੂੰ (ਬੂਥ ਨੰ.116), ਪੂਨਮ ਬਜਾਜ (ਬੂਥ ਨੰ.119), ਰਾਜੇਸ਼ ਕੁਮਾਰ (ਬੂਥ ਨੰ.121), ਵਿਧਾਨ ਸਭਾ ਹਲਕਾ ਜਲੰਧਰ ਉੱਤਰੀ ਤੋਂ ਜਤਿਨ ਅਗਰਵਾਲ (ਬੂਥ ਨੰ.119) ਅਤੇ ਵਿਧਾਨ ਸਭਾ ਹਲਕਾ ਜਲੰਧਰ ਛਾਉਣੀ ਤੋਂ ਪ੍ਰਦੀਪ ਕੁਮਾਰ ਪਾਠਕ (ਬੂਥ ਨੰ.115), ਗਣੇਸ਼ ਕੁਮਾਰ (ਬੂਥ ਨੰ.121) ਅਤੇ ਸੰਦੀਪ ਕੁਮਾਰ (ਬੂਥ ਨੰ.106) ਸ਼ਾਮਲ ਸਨ।



# ਸੰਜੀਵ ਪੰਡਤ ਤੇ ਮਨੀਸ਼ ਘਈ ਸ਼ਿਵ ਸੈਨਾ ਹਿੰਦੁਸਤਾਨ 'ਚ ਸ਼ਾਮਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ਼ਿਵ ਸੈਨਾ ਹਿੰਦੁਸਤਾਨ ਦਾ ਜਨ ਆਧਾਰ ਤੇ ਸੰਗਠਨਾਤਮਕ ਵਿਸਥਾਰ ਲਗਾਤਾਰ ਵੱਧ ਰਿਹਾ ਹੈ। ਇਸੇ ਕੜੀ ਤਹਿਤ ਇਲਾਕੇ ਦੇ ਪ੍ਰਮੁੱਖ ਸਮਾਜਸੇਵੀ ਸੰਜੀਵ ਪੰਡਿਤ ਅਤੇ ਮਨੀਸ਼ ਘਈ ਨੇ ਸ਼ਿਵ ਸੈਨਾ ਹਿੰਦੁਸਤਾਨ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕੀਤੀ। ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸੀਨੀਅਰ ਆਗੂਆਂ ਨੇ ਦੋਵਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।ਇਸ ਮੌਕੇ ਕਰਵਾਏ ਗਏ ਸਮਾਗਮ ਦੀ ਅਗਵਾਈ ਪੰਜਾਬ ਪ੍ਰਧਾਨ ਰਾਹੁਲ ਖੰਨਾ ਨੇ ਕੀਤੀ, ਜਦਕਿ ਰਾਸ਼ਟਰੀ ਮਹਾਸਚਿਵ ਕ੍ਰਿਸ਼ਨ ਸ਼ਰਮਾ ਅਤੇ ਪੰਜਾਬ ਸੰਗਠਨ ਮੰਤਰੀ ਰਾਜਾ ਵਾਲੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਦੇ ਅੰਤ ਵਿੱਚ ਸੰਜੀਵ ਪੰਡਿਤ ਅਤੇ ਮਨੀਸ਼ ਘਈ ਨੇ ਪਾਰਟੀ ਨੇਤ੍ਰਿਤਵ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੰਗਠਨ ਦੀ ਮਜ਼ਬੂਤੀ, ਜਨ ਹਿਤ ਅਤੇ ਸਮਾਜ ਸੇਵਾ ਲਈ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕਰਨਗੇ।

# ਵਿਧਾਇਕ ਨੇ ਵਿਦਿਆਰਥੀਆਂ ਨੂੰ ਵੰਡੇ ਸਕੂਲ ਬੈਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਹਲਕਾ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨਾਰੂ ਨੰਗਲ ਦਾ ਦੌਰਾ ਕਰਕੇ ਗਿਆਰਵੀਂ ਅਤੇ ਬਾਰਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦੇ ਹੋਏ ਮਨ ਲਾ ਕੇ ਪੜ੍ਹਾਈ ਕਰਨ ਅਤੇ ਆਪਣੇ ਟੀਚੇ ਨੂੰ ਹਾਸਲ ਕਰਨ ਲਈ ਲਗਾਤਾਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਵਿਧਾਇਕ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਲਗਾਤਾਰ ਕੰਮ ਕਰ ਰਹੀ ਹੈ। ਸਿੱਖਿਆ ਕ੍ਰਾਂਤੀ ਮੁਹਿੰਮ ਰਾਹੀਂ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਬਿਹਤਰ ਮਾਹੌਲ ਵਿੱਚ ਗੁਣਵੱਤਾ ਭਰਪੂਰ ਸਿੱਖਿਆ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮੁਫ਼ਤ ਸਕੂਲ ਬੈਗ ਮੁਹੱਈਆ ਕਰਵਾਉਣਾ ਸਰਕਾਰ ਦੀ ਵਿਦਿਆਰਥੀ-ਹਿਤੈਸ਼ੀ ਸੋਚ ਦਾ ਪ੍ਰਤੀਕ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਹੂਲਤਾਂ ਦਾ ਪੂਰਾ ਲਾਭ ਉਠਾਉਂਦੇ ਹੋਏ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਤੇ ਆਪਣੇ ਪਰਿਵਾਰ, ਸਕੂਲ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ।



# ਵਨੀਤ ਧੀਰ ਜਲੰਧਰ ਨਾਰਥ ਦੇ ਹਲਕਾ ਇੰਚਾਰਜ ਨਿਯੁਕਤ

**ਜਲੰਧਰ, (ਸੁਰਿੰਦਰ ਕੁਮਾਰ)**- ਜਲੰਧਰ ਨੌਰਥ ਦੀ ਸਿਆਸਤ ਨਾਲ ਜੁੜੀ ਇੱਕ ਅਹਿਮ ਤਬਦੀਲੀ ਸਾਹਮਣੇ ਆਈ ਹੈ। ਆਮ ਆਦਮੀ ਪਾਰਟੀ ਨੇ ਦਿਨੇਸ਼ ਢੱਲ ਉਰਫ਼ ਕਾਲੀ ਨੂੰ ਜਲੰਧਰ ਨੌਰਥ ਦੇ ਹਲਕਾ ਇੰਚਾਰਜ ਦੇ ਅਹੁਦੇ ਤੋਂ ਹਟਾ ਦਿੱਤਾ ਹੈ। ਪਾਰਟੀ ਵੱਲੋਂ ਉਨ੍ਹਾਂ ਦੀ ਥਾਂ ਜਲੰਧਰ ਦੇ ਮੇਅਰ ਸ੍ਰੀ ਵਨੀਤ ਧੀਰ ਨੂੰ ਹਲਕਾ ਨੌਰਥ ਦਾ ਨਵਾਂ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪਿਛਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਦਿਨੇਸ਼ ਢੱਲ ਉਰਫ਼ ਕਾਲੀ ਨੂੰ ਜਲੰਧਰ ਨੌਰਥ ਹਲਕੇ ਤੋਂ ਆਪਣਾ ਉਮੀਦਵਾਰ ਬਣਾਇਆ ਸੀ। ਹਾਲਾਂਕਿ ਉਹ ਕਾਂਗਰਸ ਦੇ ਉਮੀਦਵਾਰ ਅਵਤਾਰ ਸਿੰਘ ਜੂਨੀਅਰ (ਛੋਟੇ ਹੈਨਰੀ) ਤੋਂ ਚੋਣ ਹਾਰ ਗਏ ਸਨ। ਸਿਆਸੀ ਸੂਤਰਾਂ ਅਨੁਸਾਰ ਪਾਰਟੀ ਵੱਲੋਂ ਹਲਕਾ ਨੌਰਥ ਵਿੱਚ ਕਰਵਾਏ ਗਏ ਇੱਕ ਅੰਦਰੂਨੀ ਸਰਵੇ ਦੀ ਰਿਪੋਰਟ ਤੋਂ ਬਾਅਦ ਇਹ ਫ਼ੈਸਲਾ ਲਿਆ ਗਿਆ ਹੈ। ਸੂਤਰਾਂ ਦਾ ਦਾਅਵਾ ਹੈ ਕਿ ਸਰਵੇ ਵਿੱਚ ਦਿਨੇਸ਼ ਢੱਲ ਦੀ ਕਾਰਗੁਜ਼ਾਰੀ ਉਮੀਦਾਂ ਅਨੁਸਾਰ ਨਹੀਂ ਪਾਈ ਗਈ, ਜਿਸ ਕਾਰਨ ਪਾਰਟੀ ਹਾਈਕਮਾਂਡ ਨੇ ਹਲਕੇ ਦੀ ਕਮਾਨ ਵਨੀਤ ਧੀਰ ਨੂੰ ਸੌਂਪਣ ਦਾ ਫ਼ੈਸਲਾ ਕੀਤਾ ਹੈ।



# ਕਵੀ ਦਰਬਾਰ ਕਰਵਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਭਾਸ਼ਾ ਵਿਭਾਗ, ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵੱਲੋਂ ਸਾਹਿਤ ਸਭਾ ਦਸੂਹਾ ਗੜ੍ਹਦੀਵਾਲਾ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਡਾ. ਐੱਮ.ਐੱਸ. ਰੰਧਾਵਾ ਫਲ ਖੋਜ ਕੇਂਦਰ ਗੰਗੀਆਂ ਦਸੂਹਾ ਵਿਖੇ ਡਾ. ਮਹਿੰਦਰ ਸਿੰਘ ਰੰਧਾਵਾ ਦੀ ਪੰਜਾਬੀ ਸਾਹਿਤ ਅਤੇ ਲੋਕਧਾਰਾ ਨੂੰ ਦੇਣ ਦੀ ਯਾਦ ਵਿੱਚ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਬਤੌਰ ਮੁੱਖ ਮਹਿਮਾਨ ਪ੍ਰੋ. ਸੁਰਜੀਤ ਜੱਜ, ਵਿਸ਼ੇਸ਼ ਮਹਿਮਾਨ ਜਸਬੀਰ ਸਿੰਘ ਧੀਮਾਨ ਅਤੇ ਪ੍ਰਧਾਨਗੀ ਪ੍ਰੋ. ਬਲਦੇਵ ਸਿੰਘ ਬੱਲੀ ਨੇ ਕੀਤੀ।



ਜੀ ਆਇਆਂ ਸ਼ਬਦ ਆਖਦਿਆਂ ਪ੍ਰੋ. ਬਲਦੇਵ ਸਿੰਘ ਬੱਲੀ ਨੇ ਹੁਸ਼ਿਆਰਪੁਰ ਦੇ ਪਿੰਡ ਬੋਦਲ ਨੂੰ ਭਾਗ ਲਾਉਣ ਵਾਲੇ ਡਾ. ਰੰਧਾਵਾ ਦੇ ਪਿਛੋਕੜ ਨੂੰ ਸਾਹਿਤ ਅਤੇ ਸਮਾਜ ਨਾਲ ਜੋੜ ਕੇ ਮਾਰਮਿਕ ਗੱਲਾਂ ਕੀਤੀਆਂ। ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਸਾਂਝੀਆਂ ਕਰਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਨੇ ਡਾ. ਰੰਧਾਵਾ ਦੀ ਸਾਹਿਤ ਅਤੇ ਲੋਕਧਾਰਾ ਨੂੰ ਦੇਣ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਾਂਗੜੇ ਦੀ ਕਲਾ ਤੇ ਲੋਕ ਗੀਤ, ਪੰਜਾਬ ਦੇ ਲੋਕ ਗੀਤ, ਭਾਰਤੀ ਖੇਤੀ ਦਾ ਇਤਿਹਾਸ ਚਾਰ ਜਿਲਦਾਂ ਵਿੱਚ, ਸਾਇੰਸ ਨਾਲ ਸੰਬੰਧਿਤ ਕਿਤਾਬਾਂ, ਪੰਜਾਬ ਨਾਂਅ ਦੀ ਸਦਾ ਬਹਾਰ ਕਿਤਾਬ, ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਚੰਡੀਗੜ੍ਹ ਤੇ ਰੋਜ਼ ਗਾਰਡਨ ਦੀ ਸਥਾਪਨਾ ਪਿੱਛੇ ਡਾ. ਰੰਧਾਵਾ ਦਾ ਬਹੁਤ ਵੱਡਾ ਯੋਗਦਾਨ ਹੈ। ਉਪਰੰਤ ਤ੍ਰੈ-ਮਾਸਿਕ ਮੈਗਜ਼ੀਨ 'ਚਿਰਾਗ' ਦਾ ਵਿਸ਼ੇਸ਼ ਅੰਕ 131-132, ਅਪ੍ਰੈਲ-ਸਤੰਬਰ, 2026 ਲੋਕ ਅਰਪਣ ਕੀਤਾ ਗਿਆ। ਇਸ ਤੋਂ ਬਾਅਦ ਕਰਵਾਏ ਗਏ ਕਵੀ ਦਰਬਾਰ ਵਿੱਚ ਡਾ. ਸ਼ਮਸ਼ੇਰ ਮੋਹੀ ਨਵਤੇਜ ਗੜ੍ਹਦੀਵਾਲਾ, ਮਨਜੀਤ ਕੈਫ਼ੀ, ਡਾ. ਨਰੰਜਨ, ਪ੍ਰੋ. ਮਲਕੀਤ ਜੌੜਾ, ਡਾ. ਅਰਮਨਪ੍ਰੀਤ ਸਿੰਘ, ਹਰਪਾਲ ਸਿੰਘ, ਦਿਲਪ੍ਰੀਤ ਕਾਹਲੋਂ, ਤਰਸੇਮ ਸਿੰਘ, ਡਾ. ਸਰਬਜੋਤ ਸਿੰਘ, ਹਰਸ਼ਵਿੰਦਰ ਕੌਰ, ਡਾ. ਸੋਨੀਆ ਦੇਵੀ, ਰਜਿੰਦਰ ਸਿੰਘ ਢੱਡਾ, ਨਵਜੋਤ ਸਿੰਘ ਰਾਜੂ, ਅਵਤਾਰ ਸਿੰਘ, ਇੰਦਰਜੀਤ ਕਾਜਲ ਨੇ ਤਰੰਨੁਮ ਵਿੱਚ ਨਜ਼ਮਾਂ ਸੁਣਾ ਕੇ ਰੰਧਾਵਾ ਫਲ ਖੋਜ ਕੇਂਦਰ ਦੇ ਅੰਬਾਂ ਦੇ ਬਾਗਾਂ ਨੂੰ ਹੋਰ ਮਹਿਕਾ ਦਿੱਤਾ।

# ਡਾ. ਓਬਰਾਏ ਨੇ ਬਾਬਾ ਬਲਵੰਤ ਸਿੰਘ ਹਸਪਤਾਲ ਦਾ ਦੌਰਾ ਕੀਤਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਤੇ ਸੰਸਥਾਪਕ ਡਾ. ਐਸ ਪੀ ਸਿੰਘ ਉਬਰਾਏ ਬਾਬਾ ਬਲਵੰਤ ਸਿੰਘ ਹਸਪਤਾਲ ਟਾਂਡਾ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਉਹਨਾਂ ਹਸਪਤਾਲ ਦੇ ਵੱਖ-ਵੱਖ ਕਾਰਜਾਂ ਦਾ ਨਿਰੀਖਣ ਕੀਤਾ ਤੇ ਉਥੇ ਮਨੁੱਖਤਾ ਦੇ ਭਲੇ ਲਈ ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲਿਆਂ ਦੀ ਰਹਿਨੁਮਾਈ ਵਿੱਚ ਚਲਾਏ ਜਾ ਰਹੇ ਵੱਖ-ਵੱਖ ਵਿੰਗਾਂ ਦਾ ਨਿਰੀਖਣ ਵੀ ਕੀਤਾ। ਇਸ ਮੌਕੇ ਡਾ. ਓਬਰਾਏ ਨੇ ਕਿਹਾ ਕਿ ਅੱਜ ਪਰਉਪਕਾਰ ਦੇ ਕਾਰਜ ਵਿੱਚ ਹਰ ਵਰਗ ਦੇ ਲੋਕਾਂ ਦੀ ਸ਼ਮੂਲੀਅਤ ਹੋਣੀ ਬੇਹੱਦ ਜ਼ਰੂਰੀ ਹੈ ਤਾਂਕਿ ਜ਼ਰੂਰਤਮੰਦ ਲੋਕਾਂ ਨੂੰ ਵਧੀਆ ਇਲਾਜ ਮੁਹਈਆ ਕਰਵਾਇਆ ਜਾ ਸਕੇ। ਇਸ ਮੌਕੇ ਉਹਨਾਂ ਬਾਬਾ ਬਲਵੰਤ ਸਿੰਘ ਮਮੋਰੀਅਲ ਹਸਪਤਾਲ ਵੱਲੋਂ ਚਲਾਏ ਜਾ ਰਹੇ ਡਾਇਲਸਿਸ ਵਿੰਗ ਦਾ ਵੀ ਉਚੇਚੇ ਤੌਰ 'ਤੇ ਨਿਰੀਖਣ ਕੀਤਾ। ਇਸ ਸਮੇਂ ਸੰਤ ਬਾਬਾ ਗੁਰਦਿਆਲ ਸਿੰਘ ਨੇ ਡਾ. ਉਬਰਾਏ ਦਾ ਟਾਂਡਾ ਪੁੱਜਣ 'ਤੇ ਸਵਾਗਤ ਕਰਦੇ ਹੋਏ ਕਿਹਾ ਕਿ ਡਾ. ਓਬਰਾਏ ਦੀਆਂ ਸੇਵਾਵਾਂ ਪੰਜਾਬ, ਪੰਜਾਬੀ ਅਤੇ ਪੰਜਾਬੀ ਮੂਲ ਦੇ ਹਰ ਵਰਗ ਦੇ ਲੋਕ ਸਦਾ ਯਾਦ ਰੱਖਣਗੇ ਕਿਉਂਕਿ ਉਹਨਾਂ ਨੇ ਨਾ ਕੇਵਲ ਫਾਂਸੀ ਦੀ ਸਜ਼ਾ ਯਾਫਤਾ ਲੋਕਾਂ ਨੂੰ ਛੁਡਾ ਕੇ ਆਪੋ ਆਪਣੇ ਘਰਾਂ ਦੇ ਵਿੱਚ ਬਲੱਡ ਮਨੀ ਦੇ ਕੇ ਵਾਪਸ ਲਿਆਂਦਾ ਸਗੋਂ ਪੰਜਾਬ ਵਿੱਚ ਯੂਨੀਵਰਸਿਟੀ ਦਾ ਗਠਨ ਕਰਕੇ ਇੱਕ ਵੱਡਾ ਪਰਉਪਕਾਰ ਕੀਤਾ ਹੈ।



ਇਸ ਮੌਕੇ ਡਾ. ਐਸ.ਪੀ ਸਿੰਘ ਉਬਰਾਏ ਦਾ ਸੰਤ ਬਾਬਾ ਗੁਰਦਿਆਲ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਜਥੇਦਾਰ ਹਰਮੇਲ ਪ੍ਰਕਾਸ਼ ਸਿੰਘ, ਦੀਪਕ ਬਹਿਲ ਪ੍ਰਧਾਨ ਰੋਟਰੀ ਕਲੱਬ ਟਾਂਡਾ, ਭਾਈ ਬਲਜੀਤ ਸਿੰਘ, ਭਾਈ ਕੁਲਦੀਪ ਸਿੰਘ, ਭਾਈ ਜੋਰਾਵਰ ਸਿੰਘ, ਭਾਈ ਬਲਵੀਰ ਸਿੰਘ, ਸਤਬੀਰ ਸਿੰਘ ਤੋਂ ਇਲਾਵਾ ਹਸਪਤਾਲ ਦਾ ਸਮੁੱਚਾ ਸਟਾਫ ਮੌਜੂਦ ਸੀ।

# ਕੇਂਦਰੀ ਟੀਮ ਵਲੋਂ ਡੇਂਗੂ ਤੇ ਮਲੇਰੀਆ ਰੋਕਥਾਮ ਪ੍ਰਬੰਧਾਂ ਦਾ ਜਾਇਜ਼ਾ

**ਮੋਹਾਲੀ (ਗੁਰਜੀਤ ਬਿੱਲਾ)**- ਕੇਂਦਰੀ ਸਿਹਤ ਮੰਤਰਾਲੇ ਦੀ ਟੀਮ ਨੇ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਦਾ ਦੌਰਾ ਕੀਤਾ ਅਤੇ ਜ਼ਿਲ੍ਹੇ ਵਿਚ ਡੇਂਗੂ ਤੇ ਮਲੇਰੀਆ ਦੇ ਕੇਸਾਂ ਦੀ ਰੋਕਥਾਮ ਦੇ ਪ੍ਰਬੰਧਾਂ ਅਤੇ ਸਰਗਰਮੀਆਂ ਦਾ ਜਾਇਜ਼ਾ ਲਿਆ। ਨੈਸ਼ਨਲ ਵੈਕਟਰ ਬੋਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ (ਐਨ ਵੀ ਬੀ ਡੀ ਸੀ ਪੀ) ਦੇ ਅਧਿਕਾਰੀਆਂ ਦੀ 10 ਮੈਂਬਰੀ ਟੀਮ ਨੇ ਮਲੇਰੀਆ ਲੈਬਾਂ ਤੇ ਫੀਲਡ ਵਿੱਚ ਚੱਲ ਰਹੇ ਕੰਮਾਂ ਦਾ ਨਿਰੀਖਣ ਕਰਦਿਆਂ ਮੱਛਰ ਤੋਂ ਪੈਦਾ ਹੋਣ ਵਾਲੀਆਂ ਬੀਮਾਰੀਆਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸਮੀਖਿਆ ਕੀਤੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਡਾ. ਨਵਦੀਪ ਸੈਣੀ ਨੇ ਟੀਮ ਦਾ ਉਚੇਚਾ ਸਵਾਗਤ ਕਰਦਿਆਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਤਾ।



ਟੀਮ ਨੇ ਦੌਰੇ ਦੀ ਸ਼ੁਰੂਆਤ ਪਿੰਡ ਬਲੌਂਗੀ ਤੋਂ ਕੀਤੀ ਜਿਥੇ ਸਿਹਤ ਵਿਭਾਗ ਦੀਆਂ ਫੀਲਡ ਟੀਮਾਂ ਨਾਲ ਮਿਲ ਕੇ ਵੱਖ-ਵੱਖ ਘਰਾਂ, ਖਾਲੀ ਪਲਾਟਾਂ ਅਤੇ ਮੱਛਰ ਦੀ ਪੈਦਾਇਸ਼ ਦੀ ਸੰਭਾਵਨਾ ਵਾਲੀਆਂ ਹੋਰ ਥਾਵਾਂ ਦਾ ਨਿਰੀਖਣ ਕੀਤਾ । ਟੀਮ ਨੇ ਲਾਰਵਾ ਸਰਵੇ, ਸਰੋਤ ਨਸ਼ਟ ਕਰਨ ਦੀ ਕਾਰਵਾਈ ਅਤੇ ਡੇਂਗੂ ਤੋਂ ਬਚਾਅ ਲਈ ਕੀਤੀਆਂ ਜਾ ਰਹੀਆਂ ਜਾਗਰੂਕਤਾ ਸਰਗਰਮੀਆਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ।

# ਕਾਰਗਿਲ ਦੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕਾਰਗਿਲ ਵਿਜੇ ਦਿਵਸ ਦੇ ਮੌਕੇ 'ਤੇ ਰੋਟਰੀ ਕਲੱਬ ਹੁਸ਼ਿਆਰਪੁਰ ਮਿਡਟਾਊਨ ਨੇ ਵਾਰ ਮੈਮੋਰੀਅਲ, ਹੁਸ਼ਿਆਰਪੁਰ ਵਿਖੇ ਇੱਕ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ। ਸਮਾਰੋਹ ਦੌਰਾਨ 1999 ਦੇ ਕਾਰਗਿਲ ਯੁੱਧ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਸ਼ਹੀਦਾਂ ਨੂੰ ਯਾਦ ਕੀਤਾ ਗਿਆ ਅਤੇ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਦਿੱਤੀ ਗਈ। ਪ੍ਰੋਗਰਾਮ ਦੀ ਪ੍ਰਧਾਨਗੀ ਰੋਟਰੀ ਕਲੱਬ ਮਿਡਟਾਊਨ ਦੇ ਪ੍ਰਧਾਨ ਰਾਕੇਸ਼ ਕਪੂਰ ਨੇ ਕੀਤੀ। ਲੈਫਟੀਨੈਂਟ ਜਨਰਲ ਜੇ ਐਸ ਢਿੱਲੋਂ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਸਾਡੇ ਸੈਨਿਕਾਂ ਨੇ ਕਾਰਗਿਲ ਯੁੱਧ ਵਿੱਚ ਅਦੁੱਤੀ ਹਿੰਮਤ ਅਤੇ ਬਹਾਦਰੀ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੀ ਕੁਰਬਾਨੀ ਕਾਰਨ ਹੀ ਅੱਜ ਅਸੀਂ ਸੁੱਖ ਦਾ ਸਾਹ ਲੈਂਦੇ ਹਾਂ। ਇਸ ਮੌਕੇ 'ਤੇ ਰੋਟਰੀ ਕਲੱਬ ਦੇ ਮੈਂਬਰਾਂ, ਸ਼ਹੀਦਾਂ ਦੇ ਪਰਵਾਰਕ ਮੈਂਬਰਾਂ ਅਤੇ ਸ਼ਹਿਰ ਦੇ ਪ੍ਰਮੁੱਖ ਲੋਕਾਂ ਨੇ ਵੀ ਸ਼ਰਧਾਂਜਲੀ ਦਿੱਤੀ। ਪ੍ਰੋਗਰਾਮ ਵਿੱਚ ਦੇਸ਼ ਭਗਤੀ ਦੇ ਗੀਤ ਅਤੇ ਸ਼ਹੀਦਾਂ ਦੇ ਜੀਵਨ 'ਤੇ ਵਿਚਾਰ ਵੀ ਪੇਸ਼ ਕੀਤੇ ਗਏ।ਰਾਕੇਸ਼ ਕਪੂਰ ਨੇ ਕਿਹਾ ਕਿ ਰੋਟਰੀ ਕਲੱਬ ਹਰ ਸਾਲ ਕਾਰਗਿਲ ਵਿਜੇ ਦਿਵਸ 'ਤੇ ਅਜਿਹੇ ਪ੍ਰੋਗਰਾਮ ਆਯੋਜਿਤ ਕਰਦਾ ਹੈ ਤਾਂ ਜੋ ਨਵੀਂ ਪੀੜ੍ਹੀ ਵਿੱਚ ਦੇਸ਼ ਭਗਤੀ ਅਤੇ ਕੁਰਬਾਨੀ ਦੀਆਂ ਕਦਰਾਂ-ਕੀਮਤਾਂ ਨੂੰ ਜਗਾਇਆ ਜਾ ਸਕੇ।ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।



# ਬਾਬਾ ਬੂਝਾ ਸਿੰਘ ਦੀ ਬਰਸੀ ਉਤਸ਼ਾਹ ਨਾਲ ਮਨਾਈ

**ਬੰਗਾ (ਅਵਤਾਰ ਕਲੇਰ)**- ਭਾਰਤੀ ਕਮਿਊਨਿਸਟ ਪਾਰਟੀ(ਮਾਰਕਸਵਾਦੀ ਲੈਨਿਨਵਾਦੀ) ਨਿਊਡੈਮੋਕਰੇਸੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਪਿੰਡ ਚੱਕ ਮਾਈਦਾਸ ਵਿਖੇ ਬਾਬਾ ਬੂਝਾ ਸਿੰਘ ਦੀ 56ਵੀ ਬਰਸੀ ਮੌਕੇ ਸ਼ਹੀਦਾਂ ਦੇ ਦਰਸਾਏ ਰਾਹ ਉੱਤੇ ਅੱਗੇ ਵਧਣ ਦਾ ਸੱਦਾ ਦਿੱਤਾ ਗਿਆ।ਸ਼ਹੀਦੀ ਯਾਦਗਾਰ ਉੱਤੇ ਝੰਡਾ ਲਹਿਰਾਉਣ ਦੀ ਰਸਮ ਉਪਰੰਤ ਸੰਬੋਧਨ ਕਰਦਿਆਂ ਕਾਮਰੇਡ ਦਲਜੀਤ ਸਿੰਘ ਐਡਵੋਕੇਟ ਨੇ ਕਿਹਾ ਕਿ ਬਾਬਾ ਬੂਝਾ ਸਿੰਘ ਨੇ ਆਪਣਾ ਸਾਰਾ ਜੀਵਨ ਲੋਕ ਹਿੱਤਾਂ ਲਈ ਕੁਰਬਾਨ ਕਰ ਦਿੱਤਾ ਜਿਸਤੋਂ ਅੱਜ ਦੇ ਸਮੇਂ ਵਿਚ ਸਾਨੂੰ ਬਹੁਤ ਕੁੱਝ ਸਿੱਖਣ ਦੀ ਲੋੜ ਹੈ।ਉਹਨਾਂ ਨੇ ਗਦਰ ਪਾਰਟੀ, ਕਿਰਤੀ ਪਾਰਟੀ, ਲਾਲ ਪਾਰਟੀ , ਸੀ.ਪੀ.ਆਈ, ਸੀ.ਪੀ.ਆਈ(ਐਮ.)ਅਤੇ ਨਕਸਲਬਾੜੀ ਲਹਿਰ ਵਿਚ ਆਗੂ ਭੂਮਿਕਾਵਾਂ ਨਿਭਾਈਆਂ।ਪੰਜਾਬ ਵਿਚ ਨਕਸਲਬਾੜੀ ਦਾ ਸੂਹਾ ਪਰਚਮ ਬੁਲੰਦ ਕੀਤਾ।ਪਿੰਡ ਪਿੰਡ ਨਕਸਲਬਾੜੀ ਦੀ ਲੋਅ ਵੰਡਣ ਵਾਲੇ 80 ਸਾਲਾ ਬਾਬਾ ਬੂਝਾ ਨੂੰ 1970 ਵਿਚ 27-28 ਜੁਲਾਈ ਦੀ ਦਰਮਿਆਨੀ ਰਾਤ ਨੂੰ ਪੰਜਾਬ ਪੁਲਸ ਨੇ ਪਿੰਡ ਨਗਰ ਤੋਂ ਗ੍ਰਿਫਤਾਰ ਕਰਕੇ ਪਿੰਡ ਨਾਈਮਜਾਰਾ - ਸਨਾਵਾ(ਨਵਾਂਸ਼ਹਿਰ) ਨਹਿਰ ਦੇ ਪੁਲ ਤੇ ਝੂਠਾ ਪੁਲਸ ਮੁਕਾਬਲਾ ਬਣਾਕੇ ਸ਼ਹੀਦ ਕਰ ਦਿੱਤਾ ਸੀ। ਉਹਨਾਂ ਕਿਹਾ ਕਿ ਸ਼ਹੀਦਾਂ ਨੇ ਜਿਸ ਤਰ੍ਹਾਂ ਦਾ ਸਮਾਜ ਸਿਰਜਣ ਦਾ ਸੁਪਨਾ ਲਿਆ ਸੀ ਉਹ ਸੁਪਨਾ ਪੂਰਾ ਨਹੀਂ ਹੋਇਆ।ਉਹਨਾਂ ਕਿਹਾ ਕਿ ਦੇਸ਼ ਵਿਚ ਅਮੀਰੀ ਅਤੇ ਗਰੀਬੀ ਦਾ ਪਾੜਾ ਆਏ ਦਿਨ ਵਧਦਾ ਜਾ ਰਿਹਾ ਹੈ। ਸਰਮਾਇਆ,ਦੌਲਤ ਅਤੇ ਵਪਾਰ ਉੱਤੇ ਦੇਸੀ ਬਦੇਸ਼ੀ ਕਾਰਪੋਰੇਟ ਕਾਬਜ਼ ਹਨ ਅਤੇ ਕੇਂਦਰ ਦੀ ਮੋਦੀ ਸਰਕਾਰ ਇਹਨਾਂ ਕਾਰਪੋਰੇਟਾਂ ਨੂੰ ਜਨਤਕ ਅਦਾਰੇ ਕੌਡੀਆਂ ਦੇ ਭਾਅ ਵੇਚ ਰਹੀ ਹੈ।ਮੋਦੀ ਸਰਕਾਰ ਆਪਣੀ ਤਾਕਤ ਦਾ ਦੁਰਉਪਯੋਗ ਕਰਕੇ ਆਰ .ਐਸ .ਐਸ ਦਾ ਅਜੰਡਾ ਲਾਗੂ ਕਰ ਰਹੀ ਹੈ।ਆਦਿਵਾਸੀਆਂ, ਦਲਿਤਾਂ, ਘੱਟ ਗਿਣਤੀਆਂ ਨੂੰ ਉਚੇਚੇ ਤੌਰ ਉੱਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਵਿਰੋਧੀ ਆਵਾਜ਼ ਨੂੰ ਕੁਚਲਣ ਲਈ ਫਾਸ਼ੀਵਾਦੀ ਹਥਿਆਰ ਵਰਤੇ ਜਾ ਰਹੇ ਹਨ। ਦਿੱਲੀ ਦੇ ਵਿਦਿਆਰਥੀ ਅੰਦੋਲਨ ਨੇ ਫਾਸ਼ੀਵਾਦੀ ਭਾਜਪਾ ਨੂੰ ਤਕੜਾ ਜਵਾਬ ਦਿੱਤਾ ਹੈ।



ਉਹਨਾਂ ਕਿਹਾ ਕਿ ਮਹਿੰਗਾਈ, ਬੇਰੁਜ਼ਗਾਰੀ, ਭੁੱਖਮਰੀ ਦੇ ਬੋਝ ਹੇਠ ਕਰਾਹ ਰਹੀ ਦੇਸ਼ ਦੀ ਜਨਤਾ ਉੱਤੇ ਆਏ ਦਿਨ ਟੈਕਸਾਂ ਦਾ ਬੋਝ ਲੱਦਿਆ ਜਾ ਰਿਹਾ ਹੈ,ਮੋਦੀ ਸਰਕਾਰ ਸਾਮਰਾਜ ਅਤੇ ਕਾਰਪੋਰੇਟ ਪੱਖੀ ਸਰਕਾਰ ਹੈ । ਉਹਨਾਂ ਆਖਿਆ ਕਿ ਬਾਬਾ ਬੂਝਾ ਸਿੰਘ ਨੂੰ ਇਹੀ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਅਸੀਂ ਬਰਾਬਰਤਾ ਦਾ ਸਮਾਜ ਸਿਰਜਣ ਲਈ ਸੰਘਰਸ਼ ਨੂੰ ਹੋਰ ਤਿੱਖਾ ਕਰੀਏ। ਇਸ ਮੌਕੇ ਹਰੀ ਰਾਮ ਰਸੂਲਪੁਰੀ, ਕਮਲਜੀਤ ਸਨਾਵਾ ਅਤੇ ਅਵਤਾਰ ਕੱਟ ਨੇ ਵੀ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਢਾਡੀ ਗੁਰਦੀਪ ਸਿੰਘ ਉੜਾਪੜ, ਮਾਸਟਰ ਪ੍ਰੀਤਮ ਸਿੰਘ ਲੱਲੀਆਂ, ਜਸਵੰਤ ਖੱਟਕੜ, ਜਸਬੀਰ ਦੀਪ, ਸਰਬਜੀਤ ਮੰਗੂਵਾਲ, ਹਰੀ ਰਾਮ ਰਸੂਲਪੁਰੀ, ਬਲਜੀਤ ਸਿੰਘ ਧਰਮਕੋਟ ਨੇ ਇਨਕਲਾਬੀ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ।

# ਕੈਬਨਿਟ ਮੰਤਰੀ ਨੇ ਵਿਦਿਆਰਥੀਆਂ ਨੂੰ ਵੰਡੇ ਸਕੂਲੀ ਬੈਗ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਇਥੇ ਸੀਨੀਅਰ ਸੈਕੰਡਰੀ ਰੈਜ਼ੀਡੈਂਸ਼ੀਅਲ ਸਕੂਲ ਫਾਰ ਮੈਰੀਟੋਰੀਅਸ ਸਟੂਡੈਂਟਸ ਵਿਖੇ ਵਿਦਿਆਰਥੀਆਂ ਨੂੰ ਸਕੂਲੀ ਬੈਗਾਂ ਦੀ ਵੰਡ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਸਿੱਖਿਆ ਪੱਖੀ ਨੀਤੀਆਂ ਸਦਕਾ ਸਰਕਾਰੀ ਸਕੂਲਾਂ ਵਿੱਚ ਵੱਡੇ ਪੱਧਰ 'ਤੇ ਸੁਧਾਰ ਹੋਇਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਸਿੱਖਿਆ ਖੇਤਰ ਦੀ ਬਿਹਤਰੀ ਲਈ ਅਨੇਕਾ ਇਤਿਹਾਸਕ ਕਦਮ ਚੁੱਕੇ ਹਨ, ਜਿਸ ਸਦਕਾ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਰਹੇ ਹਨ। ਉਨ੍ਹਾਂ ਇਸ ਮੌਕੇ ਮੈਰੀਟੋਰੀਅਸ ਸਕੂਲ ਦੇ 21 ਵਿਦਿਆਰਥੀਆਂ, ਜਿਨ੍ਹਾਂ ਵੱਲੋਂ ਨੀਟ ਪ੍ਰੀਖਿਆ ਪਾਸ ਕੀਤੀ ਗਈ ਹੈ, ਨੂੰ ਮੁਬਾਰਕਬਾਦ ਵੀ ਦਿੱਤੀ।ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਅਤਿ-ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਤਾਂ ਜੋ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਢੁੱਕਵਾਂ ਮਾਹੌਲ ਮਿਲ ਸਕੇ। ਇਸ ਤੋਂ ਇਲਾਵਾ ਵਿਦਿਆਰਥੀਆਂ ਦੀਆਂ ਲੋੜਾਂ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਬੱਚੇ ਦੀ ਪ੍ਰਤਿਭਾ ਨੂੰ ਨਿਖਾਰਣ, ਉਸ ਨੂੰ ਬਿਹਤਰ ਸਿੱਖਿਆ, ਲੋੜੀਂਦੀਆਂ ਸਹੂਲਤਾਂ ਅਤੇ ਰੌਸ਼ਨ ਭਵਿੱਖ ਲਈ ਸਮਾਨ ਮੌਕੇ ਪ੍ਰਦਾਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਕੂਲ ਬੈਗ ਮੁਹੱਈਆ ਕਰਵਾਉਣ ਦਾ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਉਤਸ਼ਾਹਿਤ ਕਰਨ ਦੇ ਨਾਲ-ਨਾਲ ਮਾਪਿਆਂ 'ਤੇ ਪੈਣ ਵਾਲੇ ਆਰਥਿਕ ਬੋਝ ਨੂੰ ਵੀ ਘੱਟ ਕਰਨਾ ਹੈ। ਉਨ੍ਹਾਂ ਕਿਹਾ ਕਿ ਉਸ ਉਪਰਾਲੇ ਨਾਲ ਵਿਦਿਆਰਥੀਆਂ ਦਾ ਪੜ੍ਹਾਈ ਵੱਲ ਰੁਝਾਨ ਹੋਰ ਵਧਾਉਣ ਵਿੱਚ ਮਦਦ ਮਿਲੇਗੀ। ਕੈਬਨਿਟ ਮੰਤਰੀ ਵੱਲੋਂ ਇਸ ਮੌਕੇ ਸਕੂਲ ਦੇ 810 ਵਿਦਿਆਰਥੀਆਂ ਨੂੰ ਸਕੂਲੀ ਬੈਗਾਂ ਦੀ ਵੰਡ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਰਾਜੀਵ ਹਾਂਡਾ, ਐਜੂਕੇਸ਼ਨ ਇੰਚਾਰਜ ਜਲੰਧਰ ਪੱਛਮੀ ਸੰਜੀਵ ਭਗਤ ਅਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।



# ਵਿਸ਼ਵ ਹੈਪੇਟਾਈਟਿਸ ਦਿਵਸ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਮੋਹਾਲੀ ਦੀਆਂ ਸਮੂਹ ਸਰਕਾਰੀ ਸਿਹਤ ਸੰਸਥਾਵਾਂ ਵਿਚ ਵਿਸ਼ਵ ਹੈਪੇਟਾਈਟਿਸ ਦਿਵਸ ਮਨਾਇਆ ਗਿਆ। ਇਸ ਮੌਕੇ ਲੋਕਾਂ ਨੂੰ ਹੈਪੇਟਾਈਟਿਸ ਬੀਮਾਰੀ ਦੇ ਕਾਰਨਾਂ, ਲੱਛਣਾਂ, ਬਚਾਅ ਅਤੇ ਇਲਾਜ ਸਬੰਧੀ ਜਾਣਕਾਰੀ ਦੇਣ ਲਈ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਹੈਪੇਟਾਈਟਿਸ ਜਿਗਰ ਨਾਲ ਸਬੰਧਿਤ ਇੱਕ ਗੰਭੀਰ ਬਿਮਾਰੀ ਹੈ, ਜੋ ਵਾਇਰਸ ਕਾਰਨ ਹੁੰਦੀ ਹੈ। ਉਨ੍ਹਾਂ ਕਿਹਾ ਕਿ ਹੈਪੇਟਾਈਟਿਸ ਬੀ ਅਤੇ ਸੀ ਤੋਂ ਬਚਾਅ ਲਈ ਸੁਰੱਖਿਅਤ ਖੂਨ ਚੜ੍ਹਾਉਣਾ, ਸਿਰਿੰਜਾਂ ਅਤੇ ਸੂਈਆਂ ਦੀ ਦੁਬਾਰਾ ਵਰਤੋਂ ਤੋਂ ਬਚਣਾ ਅਤੇ ਸੁਰੱਖਿਅਤ ਸਿਹਤ ਸੇਵਾਵਾਂ ਅਪਣਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹੈਪੇਟਾਈਟਿਸ ਬੀ ਤੋਂ ਬਚਾਅ ਲਈ ਟੀਕਾਕਰਨ ਸਭ ਤੋਂ ਪ੍ਰਭਾਵਸ਼ਾਲੀ ਢੰਗ ਹੈ। ਲੋਕਾਂ ਨੂੰ ਚਾਹੀਦਾ ਹੈ ਕਿ ਉਹ ਸਮੇਂ ਸਿਰ ਆਪਣੀ ਜਾਂਚ ਕਰਵਾਉਣ ਅਤੇ ਕਿਸੇ ਵੀ ਸ਼ੱਕੀ ਲੱਛਣ ਦੀ ਸੂਰਤ ਵਿਚ ਤੁਰੰਤ ਡਾਕਟਰੀ ਸਲਾਹ ਲੈਣ। ਉਨ੍ਹਾਂ ਦੱਸਿਆ ਕਿ ਸਰਕਾਰੀ ਸਿਹਤ ਸੰਸਥਾਵਾਂ ਵਿਚ ਹੈਪੇਟਾਈਟਿਸ ਦੀ ਜਾਂਚ ਅਤੇ ਇਲਾਜ ਸਬੰਧੀ ਸੇਵਾਵਾਂ ਉਪਲਬਧ ਹਨ। ਇਸ ਮੌਕੇ ਸਿਹਤ ਕਰਮਚਾਰੀਆਂ ਵੱਲੋਂ ਮਰੀਜ਼ਾਂ ਅਤੇ ਆਮ ਲੋਕਾਂ ਨੂੰ ਜਾਗਰੂਕਤਾ ਸਮੱਗਰੀ ਵੀ ਵੰਡੀ ਗਈ ਅਤੇ ਹੈਪੇਟਾਈਟਿਸ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਦੀ ਲੋੜ ਉਤੇ ਜ਼ੋਰ ਦਿੱਤਾ ਗਿਆ।



# ਪ੍ਰੀਗੇਬਾਲਿਨ ਤੇ ਗੈਬਾਪੇਨਟਿਨ ਕੈਪਸੂਲ ਤੇ ਬਿਨਾਂ ਲਾਇਸੈਂਸ ਰੱਖਣ 'ਤੇ ਪਾਬੰਦੀ

**ਜਲੰਧਰ, (ਸ਼ੈਲੀ ਐਲਬਰਟ)**- ਪੁਲਿਸ ਕਮਿਸ਼ਨਰ ਜਲੰਧਰ ਸਤਿੰਦਰ ਸਿੰਘ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਆਉਂਦੇ ਇਲਾਕੇ ਵਿੱਚ ਪ੍ਰੀਗੇਬਾਲਿਨ ਕੈਪਸੂ, ਗੈਬਾਪੇਨਟਿਨ ਕੈਪਸੂਲ ਅਤੇ ਐਨਾਫੋਰਟਿਨ ਇੰਜੈਕਸ਼ਨ ਬਿਨਾਂ ਲਾਇਸੈਂਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ, ਬਿਨਾਂ ਬਿੱਲ ਅਤੇ ਰਿਕਾਰਡ ਦੇ ਖ਼ਰੀਦਣ/ਵੇਚਣ 'ਤੇ ਪਾਬੰਦੀ ਲਾ ਦਿੱਤੀ ਗਈ ਹੈ।ਇਹ ਹੁਕਮ 25 ਸਤੰਬਰ 2026 ਤੱਕ ਲਾਗੂ ਰਹੇਗਾ।

# ਚਾਰ ਰੋਜ਼ਾ ਖੇਡ ਟੂਰਨਾਮੈਂਟ ਦਾ ਦੂਜਾ ਦਿਨ ਰਿਹਾ ਸ਼ਾਨਦਾਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਸਥਾਨਕ ਐਸ ਜੀ ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਸ੍ਰੀ ਅਨੰਦਪੁਰ ਸਾਹਿਬ ਵਿਖੇ ਚਾਰ ਰੋਜ਼ਾ ਜ਼ੋਨਲ ਪੱਧਰ ਦੇ ਟੂਰਨਾਮੈਂਟ ਦੇ ਦੂਜੇ ਦਿਨ ਸਾਰੇ ਮੈਚ ਰਹੇ ਸ਼ਾਨਦਾਰ ਜਿਨ੍ਹਾਂ ਦਾ ਉਦਘਾਟਨ ਜੋਨਲ ਪ੍ਰਧਾਨ ਪ੍ਰਿੰਸੀਪਲ ਸੁਖਪਾਲ ਕੌਰ ਬਾਲੀਆ ਅਤੇ ਜੋਨਲ ਸਕੱਤਰ ਅਸ਼ੋਕ ਕੁਮਾਰ ਰਾਣਾ ਜੀ ਨੇ ਕੀਤਾ। ਟੂਰਨਾਮੈਂਟ ਦੇ ਦੂਜੇ ਦਿਨ ਵੱਖ-ਵੱਖ ਖੇਡਾਂ ਵਿੱਚ ਬਹੁਤ ਸਾਰੇ ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਮੁਕਾਬਲਿਆਂ ਵਿੱਚ ਭਾਗ ਲਿਆ। ਅੰਡਰ 17 ਨੈਸ਼ਨਲ ਸਟਾਈਲ ਕਬੱਡੀ ਦੇ ਰੋਮਾਂਚਕ ਮੁਕਾਬਲਿਆਂ ਵਿੱਚ ਐੱਸ.ਓ.ਈ. ਕੀਰਤਪੁਰ ਸਾਹਿਬ ਨੇ ਪਹਿਲਾ ਸਥਾਨ, ਖਾਲਸਾ ਸੀਨੀਅਰ ਸੈਕੰਡਰੀ ਸਕੂਲ ਨੇ ਦੂਜਾ ਸਥਾਨ ਅਤੇ ਸਰਕਾਰੀ ਅਦਰਸ਼ ਸਕੂਲ ਨੇ ਤੀਜਾ ਸਥਾਨ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸੇ ਤਰ੍ਹਾਂ ਵਾਲੀਵਾਲ ਵਿੱਚ ਅੰਡਰ-14 ਸਾਲ ਵਰਗ ਵਿੱਚ ਪਹਿਲਾ ਸਥਾਨ ਸਰਕਾਰੀ ਹਾਈ ਸਕੂਲ ਮਟੌਰ ਦਾ ਰਿਹਾ ਤੇ ਦੂਜਾ ਸਥਾਨ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਅਤੇ ਤੀਜਾ ਸਥਾਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਨੰਦਪੁਰ ਸਾਹਿਬ ਦਾ ਰਿਹਾ।ਅੰਡਰ-17 ਸਾਲ ਵਰਗ ਵਿੱਚ ਪਹਿਲਾ ਸਥਾਨ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਨੰਦਪੁਰ ਸਾਹਿਬ , ਦੂਜਾ ਸਥਾਨ ਸਰਕਾਰੀ ਆਦਰਸ਼ ਸੀਨੀਅਰ ਸੈਕੈਂਡਰੀ ਸਕੂਲ ਲੋਦੀਪੁਰ ਅਤੇ ਤੀਜਾ ਸਥਾਨ ਸਰਕਾਰੀ ਹਾਈ ਸਕੂਲ ਮਟੌਰ ਦਾ ਰਿਹਾ । ਉੱਥੇ ਨਾਲ ਹੀ ਅੰਡਰ-19 ਸਾਲ ਵਰਗ ਵਿੱਚ ਪਹਿਲਾ ਸਥਾਨ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ ਅਤੇ ਦੂਜਾ ਸਥਾਨ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਦਾ ਰਿਹਾ। ਬੈਡਮਿੰਟਨ ਦੇ ਫਾਈਨਲ ਵਿਚ ਭਾਈ ਨੰਦ ਲਾਲ ਸਕੂਲ ਨੇ ਪਹਿਲਾਂ ਅਤੇ ਸਰਕਾਰੀ ਅਦਰਸ਼ ਸਕੂਲ ਲੋਧੀਪੁਰ ਦੀਆਂ ਬੱਚੀਆਂ ਨੇ ਦੂਜਾ ਸਥਾਨ ਹਾਸਲ ਕੀਤਾ। ਟੂਰਨਾਮੈਂਟ ਅਗਲੇ ਦੋ ਦਿਨਾਂ ਤੱਕ ਜਾਰੀ ਰਹੇਗਾ, ਜਿਸ ਦੌਰਾਨ ਵੱਖ-ਵੱਖ ਉਮਰ ਵਰਗਾਂ ਦੇ ਲੜਕਿਆਂ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਮੌਕੇ 'ਤੇ ਜ਼ੋਨਲ ਸਕੱਤਰ ਅਸ਼ੋਕ ਕੁਮਾਰ ਰਾਣਾ (ਪੀ ਟੀ ਆਈ), ਕਨਵੀਨਰ ਭੁਪਿੰਦਰ ਸਿੰਘ ਮੀਂਟੂ, ਉਪ ਕਨਵੀਨਰ ਦਲਜੀਤ ਸਿੰਘ, ਇਕਬਾਲ ਸਿੰਘ, ਰਣਜੀਤ ਸਿੰਘ ਭੱਠਲ, ਵਿਜੇ ਕੁਮਾਰ, ਪਿਆਰੇ ਲਾਲ,ਰਣਜੋਧ ਸਿੰਘ, ਅਮਰਜੀਤ ਸਿੰਘ,ਰਾਮ ਰਾਣਾ, ਸੁਰਜੀਤ ਰਾਣਾ, ਜਸਵਿੰਦਰ ਸਿੰਘ, ਅਮਰੀਕ ਸਿੰਘ, ਗੁਰਵਿੰਦਰ ਸਿੰਘ ਕੰਦੋਲਾ, ਸਤਨਾਮ ਸਿੰਘ, ਇਕਬਾਲ ਸਿੰਘ, ਸੁਰਿੰਦਰ ਸਿੰਘ, ਹਰਪ੍ਰੀਤ ਸਿੰਘ, ਮਨਦੀਪ ਸਿੰਘ, ਯਾਦਵਿੰਦਰ ਸਿੰਘ,ਕੁਲਦੀਪ ਸਿੰਘ, ਹਰਜੋਤ ਸਿੰਘ, ਜਸਪ੍ਰੀਤ ਸਿੰਘ, ਰਣਵੀਰ ਸਿੰਘ, ਗੁਰਮੇਲ ਸਿੰਘ, ਨੀਲਮ ਕੁਮਾਰੀ, ਸੁਮਨ ਚਾਂਦਲਾ , ਲਖਵੀਰ ਕੌਰ, ਗੁਰਪ੍ਰੀਤ ਕੌਰ, ਬਿਨਤਾ ਰਾਣਾ, ਜਤਿੰਦਰ ਕੌਰ ਹੋਰ ਅਧਿਆਪਕ ਸਾਥੀ ਹਾਜ਼ਰ ਸਨ।



# ਹਰਭਜਨ ਸਿੰਘ ਰੂਪਰਾ ਨੇ ਰਾਮਗੜ੍ਹੀਆ ਪਬਲਿਕ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ

**ਸ਼ਾਹਕੋਟ (ਗਿਆਨ ਸੈਦਪੁਰੀ)**- ਰਾਮਗੜ੍ਹੀਆ ਐਜੂਕੇਸ਼ਨਲ ਸੁਸਾਇਟੀ ਦੇ ਚੁਣੇ ਗਏ ਪ੍ਰਧਾਨ ਹਰਭਜਨ ਸਿੰਘ ਰੂਪਰਾ ਨੇ ਸਮੂਹ ਕਮੇਟੀ ਮੈਂਬਰਾਂ ਦੀ ਹਾਜ਼ਰੀ ਵਿਚ ਆਪਣਾ ਅਹੁਦਾ ਸੰਭਾਲ ਲਿਆ। ਬੀਤੀ 19 ਜੁਲਾਈ ਨੂੰ ਰਾਮਗੜ੍ਹੀਆ ਐਜੂਕੇਸ਼ਨਲ ਸੁਸਾਇਟੀ ਦੇ ਮੋਢੀ ਮੈਂਬਰਾਂ ਦੀ ਹੋਈ ਮੀਟਿੰਗ ਵਿਚ ਸ.ਰੂਪਰਾ ਨੂੰ ਸਰਬਸੰਮਤੀ ਨਾਲ ਸੁਸਾਇਟੀ ਦਾ ਪ੍ਰਧਾਨ ਚੁਣ ਲਿਆ ਗਿਆ ਸੀ ਤੇ ਬਾਕੀ ਅਹੁਦੇਦਾਰਾਂ ਦੀ ਨਿਯੁਕਤੀ ਦੇ ਅਧਿਕਾਰ ਉਨ੍ਹਾਂ ਨੂੰ ਦੇ ਦਿੱਤੇ ਗਏ ਸਨ। ਇਸ ਮੌਕੇ ਤਰਲੋਕ ਸਿੰਘ ਰੂਪਰਾ ਅਤੇ ਸਮੂਹ ਮੈਂਬਰਾਂ ਵੱਲੋਂ ਨਵੇਂ ਪ੍ਰਧਾਨ ਹਰਭਜਨ ਸਿੰਘ ਰੂਪਰਾ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਪ੍ਰਧਾਨਗੀ ਦਾ ਅਹੁਦਾ ਸੰਭਾਲਿਆ ਗਿਆ।



ਇਸ ਮੌਕੇ ਹਰਭਜਨ ਸਿੰਘ ਰੂਪਰਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਮੇਟੀ ਵਲੋਂ ਉਨ੍ਹਾਂ ਨੂੰ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਸਕੂਲ ਡਾਇਰੈਕਟਰ ਮਨਜੀਤ ਸਿੰਘ, ਪ੍ਰਿੰਸੀਪਲ ਸ਼੍ਰੀਮਤੀ ਆਸ਼ੂ ਜੈਨ ਅਤੇ ਸਮੂਹ ਸਟਾਫ਼ ਵੱਲੋਂ ਨਵੇਂ ਪ੍ਰਧਾਨ ਨੂੰ ਬੁੱਕੇ ਭੇਟ ਕਰਕੇ ਉਨ੍ਹਾਂ ਦਾ ਸੁਆਗਤ ਕੀਤਾ ਗਿਆ। ਪ੍ਰਧਾਨ ਸ. ਰੂਪਰਾ ਵੱਲੋਂ ਪ੍ਰਬੰਧਕ ਕਮੇਟੀ ਦੇ ਬਾਕੀ ਅਹੁਦੇਦਾਰਾਂ ਦੀ ਕੀਤੀ ਗਈ ਨਿਯੁਕਤੀ ਅਨੁਸਾਰ ਅਮਰੀਕ ਸਿੰਘ ਮਠਾੜੂ ਨੂੰ ਵਾਈਸ ਪ੍ਰਧਾਨ, ਸੁਖਜੀਤ ਸਿੰਘ ਝੀਤਾ ਨੂੰ ਸਕੱਤਰ, ਤਰਲੋਕ ਸਿੰਘ ਰੂਪਰਾ ਨੂੰ ਖ਼ਜ਼ਾਨਚੀ, ਕੁਲਜੀਤ ਸਿੰਘ ਪਨੇਸਰ, ਮਨਜੀਤ ਸਿੰਘ ਝੀਤਾ ਤੇ ਨਵਜੋਤ ਸਿੰਘ ਰੂਪਰਾ ਨੂੰ ਕਾਰਜਕਰਣੀ ਦੇ ਮੈਂਬਰ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਬਣਾਈ ਗਈ ਸਪੋਰਟਸ ਕਮੇਟੀ ਵਿਚ ਸੁਰਜੀਤ ਸਿੰਘ ਸਹੋਤਾ ਤੇ ਬੂਟਾ ਸਿੰਘ ਕਲਸੀ, ਪੀ.ਟੀ.ਏ. ਕਮੇਟੀ ਵਿਚ ਗੁਰਮੀਤ ਸਿੰਘ ਵਸੀਰ ਨੂੰ ਪ੍ਰਧਾਨ, ਸੁਰਿੰਦਰ ਸਿੰਘ ਪਦਮ ਨੂੰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ। ਐਡਵਾਇਜ਼ਰੀ ਕਮੇਟੀ ਵਿਚ ਜਥੇ. ਨਿਰਮਲ ਸਿੰਘ ਸੋਖੀ, ਅਮਰੀਕ ਸਿੰਘ ਬਾਂਸਲ ਅਤੇ ਜਸਪਾਲ ਸਿੰਘ ਆਰਕੀਟੈਕਟ ਨੂੰ ਸ਼ਾਮਲ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਨਿਰਮਲ ਸਿੰਘ ਸੋਖੀ, ਦਰਸ਼ਨ ਸਿੰਘ ਗਲਸ਼ੀ, ਜਗਜੀਤ ਸਿੰਘ ਵਸੀਰ, ਪਰਮਜੀਤ ਸਿੰਘ ਰੂਪਰਾ, ਤਰਲੋਕ ਸਿੰਘ ਰੂਪਰਾ, ਅਮਰੀਕ ਸਿੰਘ ਮਠਾੜੂ, ਕੁਲਜੀਤ ਸਿੰਘ ਪਨੇਸਰ, ਸੁਖਜੀਤ ਸਿੰਘ ਝੀਤਾ, ਗੁਰਮੀਤ ਸਿੰਘ ਵਸੀਰ, ਸੁਰਿੰਦਰ ਸਿੰਘ ਪਦਮ, ਮਨਜੀਤ ਸਿੰਘ ਝੀਤਾ, ਸੁਰਜੀਤ ਸਿੰਘ ਸਹੋਤਾ, ਨਵਜੋਤ ਸਿੰਘ ਰੂਪਰਾ, ਚਰਨ ਸਿੰਘ ਰੂਪਰਾ, ਮਨਜੀਤ ਸਿੰਘ ਡਾਇਰੈਕਟਰ, ਸਕੂਲ ਪ੍ਰਿੰਸੀਪਲ ਆਸ਼ੂ ਜੈਨ ਆਦਿ ਹਾਜ਼ਰ ਸਨ।

# ਜਥੇਦਾਰ ਸੁਖਵੀਰ ਸਿੰਘ ਨੂੰ ਗਹਿਰਾ ਸਦਮਾ, ਪਤਨੀ ਦਾ ਦੇਹਾਂਤ

**ਨੰਗਲ (ਸੁਰਜੀਤ ਸਿੰਘ ਢੇਰ)**- ਜਥੇਦਾਰ ਸੁਖਵੀਰ ਸਿੰਘ ਮੁੱਖ ਸੇਵਾਦਾਰ ਐਸ ਜੀ ਪੀ ਸੀ ਗੁਰਦੁਆਰਾ ਬਿਭੋਰ ਸਾਹਿਬ ਵਾਸੀ ਜਿੰਦਵੜੀ ਅੱਪਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਧਰਮ ਪਤਨੀ ਬੀਬੀ ਅਮਰਜੀਤ ਕੌਰ 48 ਲੰਘੀ 26 ਜੁਲਾਈ ਨੂੰ ਸਦੀਵੀ ਵਿਛੋੜਾ ਦੇ ਗਈ।ਉਹ ਪਿਛਲੇ ਸਮੇਂ ਤੋਂ ਕੈਂਸਰ ਦੀ ਨਾਮੁਰਾਦ ਬਿਮਾਰੀ ਤੋਂ ਪੀੜ੍ਹਤ ਸਨ। ਉਨ੍ਹਾਂ ਦਾ ਅੰਤਿਮ ਦਾਹ ਸੰਸਕਾਰ ਉਨ੍ਹਾਂ ਦੇ ਸਪੁੱਤਰ ਦੇ ਵਿਦੇਸ਼ ਤੋਂ ਆਉਣ ਬਾਅਦ ਪਿੰਡ ਦੇ ਸ਼ਮਸ਼ਾਨ ਘਾਟ ਵਿੱਚ ਸੇਜ਼ਲ ਅੱਖਾਂ ਨਾਲ ਕਰ ਦਿੱਤਾ ਗਿਆ। ਇਸ ਮੌਕੇ ਤੇ ਇਲਾਕੇ ਦੇ ਲੋਕ, ਰਿਸ਼ਤੇਦਾਰ, ਮਿੱਤਰ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਮੌਕੇ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਜੋਗਿੰਦਰ ਸਿੰਘ, ਮਲਕੀਤ ਸਿੰਘ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਜਥੇਦਾਰ ਮੋਹਨ ਸਿੰਘ ਢਾਹੇ ,ਹਰਦੇਵ ਸਿੰਘ ਐਡੀਸ਼ਨਲ ਮੈਨੇਜਰ, ਸੁਖਬੀਰ ਸਿੰਘ ਕਲਮਾ, ਗੁਰਨਾਮ ਸਿੰਘ ਜੋਤ ਪੈਲਸ, ਦਵਿੰਦਰ ਸਿੰਘ ਢਿੱਲੋ ਹਲਕਾ ਪ੍ਰਧਾਨ ਯੂਥ ਵਿੰਗ, ਰਾਜਵਿੰਦਰ ਸਿੰਘ ਰਾਜੂ ਜ਼ਿਲ੍ਹਾ ਪ੍ਰਧਾਨ ਫੈਡਰੇਸ਼ਨ, ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ, ਗੁਰਦਿਆਲ ਸਿੰਘ ਬਹਿਲੂ, ਚੰਨਣ ਸਿੰਘ ਭੰਗਲ, ਜਸਵਿੰਦਰ ਸਿੰਘ ਬੜਿਆਲ, ਅਮਰਜੀਤ ਸਿੰਘ ਸੰਧੂ, ਜਰਨੈਲ ਸਿੰਘ, ਗੁਰਦਿਆਲ ਸਿੰਘ ਕੂਨਰ, ਬਲਜੀਤ ਸਿੰਘ ਬੜਾ ਪਿੰਡ, ਗੁਰਬਿੰਦਰ ਸਿੰਘ ਛੇਤਰਾ, ਐਡਵੋਕੇਟ ਜਸਵੀਰ ਸਿੰਘ ਸੂਰੇਵਾਲ, ਗੁਰਦੀਪ ਸਿੰਘ ਬਾਵਾ, ਤਰਲੋਚਨ ਸਿੰਘ, ਭੁਪਿੰਦਰ ਸਿੰਘ,ਹਰਜਾਪ ਸਿੰਘ, ਗੁਰਮੀਤ ਸਿੰਘ,ਨਹਿਰੀ ਅਫ਼ਸਰ ਦਿਲਬਾਗ ਸਿੰਘ, ਭਜਨ ਸਿੰਘ, ਹਰਜਾਪ ਸਿੰਘ ਸੋਢੀ ਵੀ ਹਾਜ਼ਰ ਸਨ। ਪਰਵਾਰ ਨਾਲ ਗਹਿਰੇ ਦਾ ਪ੍ਰਗਟਾਵਾ ਕੀਤਾ।ਉਹ ਆਪਣੇ ਪਿੱਛੇ ਹੱਸਦਾ ਵੱਸਦਾ ਪਰਵਾਰ ਛੱਡ ਗਈ।



# ਅੰਬੇਡਕਰ ਮਿਸ਼ਨ ਸੁਸਾਇਟੀ ਅਜੋਕੀ ਅਰਥ ਵਿਵਸਥਾ 'ਤੇ ਕਰਾਏਗੀ ਸੈਮੀਨਾਰ

**ਜਲੰਧਰ (ਰਾਜੇਸ਼ ਥਾਪਾ)** ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਦੀ ਪ੍ਰਧਾਨਗੀ ਹੇਠ ਅੰਬੇਡਕਰ ਭਵਨ ਵਿਖੇ ਹੋਈ। ਮੀਟਿੰਗ ਵਿੱਚ ਭਾਰਤ ਦੀ ਅਜੋਕੀ ਅਰਥ ਵਿਵਸਥਾ 'ਤੇ ਸੈਮੀਨਾਰ ਕਰਨ ਦਾ ਸਰਬ ਸੰਮਤੀ ਨਾਲ ਫੈਸਲਾ ਲਿਆ ਗਿਆ। ਇਸ ਸੈਮੀਨਾਰ ਵਿੱਚ ਉੱਚ ਕੋਟੀ ਦੇ ਅਰਥ ਸ਼ਾਸਤਰੀ ਭਾਗ ਲੈਣਗੇ। ਸੈਮੀਨਾਰ 9 ਅਗਸਤ ਨੂੰ ਸਵੇਰੇ 11:00 ਵਜੇ ਇਤਿਹਾਸਿਕ ਸਥਾਨ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਕੀਤਾ ਜਾਵੇਗਾ। ਸੁਝਵਾਨ ਲੋਕਾਂ ਨੂੰ ਹਾਜ਼ਰ ਹੋ ਕੇ ਇਸ ਸੈਮੀਨਾਰ ਦਾ ਲਾਭ ਲੈਣਾ ਚਾਹੀਦਾ ਹੈ। ਗਰੀਬੀ ਅਤੇ ਅਮੀਰੀ ਦਾ ਪਾੜਾ ਵੱਧਦਾ ਜਾ ਰਿਹਾ ਹੈ। ਮੌਜੂਦਾ ਕੇਂਦਰੀ ਸਰਕਾਰ ਦੇ ਰਾਜ ਵਿੱਚ 96 ਹਜ਼ਾਰ ਤੋਂ ਵੱਧ ਸਰਕਾਰੀ ਸਕੂਲ ਬੰਦ ਹੋ ਗਏ ਹਨ। ਸਿੱਖਿਆ ਅਤੇ ਸਿਹਤ ਮਹਿੰਗੇ ਹੋ ਰਹੇ ਹਨ, ਜੋ ਆਮ ਗਰੀਬ ਆਦਮੀ ਦੀ ਪਹੁੰਚ ਤੋਂ ਬਾਹਰ ਹਨ। ਸੁਸਾਇਟੀ ਨੇ ਜੰਤਰ ਮੰਤਰ ਦਿੱਲੀ ਵਿਖੇ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਦਿੱਲੀ ਪੁਲਿਸ ਦੁਆਰਾ ਢਾਹੇ ਗਏ ਅੱਤਿਆਚਾਰਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਅਤੇ ਇਸ ਦੇ ਨਾਲ ਹੀ ਪੰਜਾਬ ਦੇ ਬਰਨਾਲਾ ਸ਼ਹਿਰ ਵਿਖੇ ਸ਼ਾਂਤਮਈ ਢੰਗ ਨਾਲ ਆਪਣੇ ਹੱਕਾਂ ਲਈ ਮੁਜ਼ਾਹਰਾ ਕਰ ਰਹੇ ਸਫਾਈ ਸੇਵਕਾਂ 'ਤੇ ਪੰਜਾਬ ਪੁਲਿਸ ਵੱਲੋਂ ਕੀਤੀ ਕੁੱਟਮਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਅੰਬੇਡਕਰ ਮਿਸ਼ਨ ਸੁਸਾਇਟੀ ਮੰਗ ਕਰਦੀ ਹੈ ਕਿ ਉਪਰੋਕਤ ਦੋਹਾਂ ਘਟਨਾਵਾਂ ਦੇ ਪੁਲਿਸ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ। ਇਸ ਮੌਕੇ ਡਾ. ਜੀ ਸੀ ਕੌਲ, ਬਲਦੇਵ ਰਾਜ ਭਾਰਦਵਾਜ, ਪਰਮਿੰਦਰ ਸਿੰਘ ਖੁਤਨ, ਚਰਨ ਦਾਸ ਸੰਧੂ, ਮਲਕੀਤ ਸਿੰਘ, ਡਾ. ਮਹਿੰਦਰ ਸੰਧੂ, ਸੂਰਜ ਵਿਰਦੀ, ਤਿਲਕ ਰਾਜ, ਪਿਛੌਰੀ ਲਾਲ ਸੰਧੂ, ਜਗਦੀਸ਼ ਕੁਮਾਰ ਡਾਲੀਆ, ਕਮਲ ਕੁਮਾਰ, ਮਨਜੀਤ ਸਿੰਘ, ਜਸਵਿੰਦਰ ਵਰਿਆਣਾ, ਡਾ ਕੁਲਵੰਤ ਸਿੰਘ, ਓਮ ਪ੍ਰਕਾਸ਼ ਅਤੇ ਨਿਰਮਲ ਬਿੰਜੀ ਹਾਜ਼ਰ ਸਨ।



# ਪ੍ਰੀਖਿਆ ਪ੍ਰਣਾਲੀ 'ਚ ਠੋਸ ਸੁਧਾਰ ਕੀਤੇ ਜਾਣ : ਸੰਜੀਵਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਇਪਟਾ ਨੇ ਕਿਹਾ ਹੈ ਕਿ ਨੀਟ ਪ੍ਰੀਖਿਆ ਨਾਲ ਜੁੜੇ ਵਿਵਾਦ ਅਤੇ ਵਿਦਿਆਰਥੀਆਂ ਦੇ ਲਗਾਤਾਰ ਵਿਰੋਧ ਤੋਂ ਬਾਅਦ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਸਿਰਫ਼ ਅਸਤੀਫ਼ਾ ਹੀ ਕਾਫ਼ੀ ਨਹੀਂ। ਲੋੜ ਇਸ ਗੱਲ ਦੀ ਹੈ ਕਿ ਪ੍ਰੀਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ, ਨਿਰਪੱਖਤਾ ਅਤੇ ਭਰੋਸੇਯੋਗਤਾ ਯਕੀਨੀ ਬਣਾਉਣ ਲਈ ਠੋਸ ਸੁਧਾਰ ਕੀਤੇ ਜਾਣ, ਦੋਸ਼ੀਆਂ ਖ਼ਿਲਾਫ਼ ਨਿਰਪੱਖ ਕਾਰਵਾਈ ਹੋਵੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੀ ਦੁਹਰਾਈ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਪ੍ਰਬੰਧ ਕੀਤੇ ਜਾਣ। ਦੇਸ਼ ਦੇ ਲੱਖਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਭਰੋਸਾ ਮੁੜ ਕਾਇਮ ਕਰਨਾ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ। ਨਾਟਕਕਾਰ, ਨਾਟ-ਨਿਰਦੇਸ਼ਕ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਕਿਹਾ ਹੈ ਕਿ ਜੈੱਨ-ਜ਼ੀ ਦੇ ਜਿਨਾਂ ਨੇ ਨੇਪਾਲ ਤੇ ਹੋਰ ਮੁਲਕਾਂ ਵਿੱਚ ਤਖ਼ਤ ਪਲਟ ਦਿੱਤੇ, ਇਹ ਵਿਰਲਾ ਸਮਾਂ ਹੈ ਜਦ ਨੌਜਵਾਨਾਂ ਨੇ ਕੇਂਦਰ ਸਰਕਾਰ ਨੂੰ (ਜਿਸ ਨੇ ਇੱਕ ਸਾਲ ਲੰਬੇ ਸੰਘਰਸ਼ ਤੋਂ ਬਾਅਦ ਤਿੰਨ ਕਾਲੇ ਕਾਨੂੰਨ ਵਾਪਿਸ ਲਏ ਸਨ) ਉਸ ਸੰਕਟ ਨੂੰ ਮੰਨਣ ਲਈ ਮਜਬੂਰ ਕੀਤਾ ਹੈ, ਜਿਹੜਾ ਪਿਛਲੇ ਕਈ ਸਾਲਾਂ ਤੋਂ ਵਧਦਾ ਆ ਰਿਹਾ ਹੈ। ਇਸ ਅੰਦੋਲਨ ਨੇ ਦੇਸ਼ ਦੀ ਸਿੱਖਿਆ ਅਤੇ ਬੇਰੁਜ਼ਗਾਰੀ ਵਰਗੀ ਸਭ ਤੋਂ ਵੱਡੀ ਸਮੱਸਿਆ ਨੂੰ ਮੁੜ ਤੋਂ ਜਨਤਕ ਬਹਿਸ ਦੇ ਕੇਂਦਰ ਵਿਚ ਲਿਆ ਖੜ੍ਹਾ ਕੀਤਾ ਹੈ। ਇਪਟਾ, ਪੰਜਾਬ ਦੇ ਜਨਰਲ ਸਕੱਤਰ ਇੰਦਰਜੀਤ ਰੂਪੋਵਾਲੀ, ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸਕੱਤਰ ਕਮਲ ਨੈਨ ਸਿੰਘ ਸੇਖੋਂ ਤੋਂ ਇਲਾਵਾ ਇਪਟਾ, ਦੇ ਆਗੂ ਬਠਿੰਡਾ ਤੋਂ ਗੁਰਮੀਤ ਸਿੰਘ, ਮਾਨਸਾ ਤੋਂ ਮੇਘ ਰਾਜ ਰੱਲਾ, ਸੰਗਰੂਰ ਤੋਂ ਗੁਰਦਿਆਲ ਨਿਰਮਾਣ, ਦਲਬਾਰ ਸਿੰਘ ਚੱਠਾ ਸੇਖਵਾਂ, ਪਟਿਆਲਾ ਤੋਂ ਹਰਜੀਤ ਕੈਂਥ ਅਤੇ ਡਾ. ਕੁਲਦੀਪ ਸਿੰਘ ਦੀਪ, ਮੁਹਾਲੀ ਤੋਂ ਨਰਿੰਦਰਪਾਲ ਨੀਨਾ ਅਤੇ ਡਾ. ਅਮਨ ਭੋਗਲ, ਰੋਪੜ ਤੋਂ ਸੁਰਿੰਦਰ ਰਸੂਲਪੁਰ ਤੇ ਰਾਬਿੰਦਰ ਰੱਬੀ, ਅੰਮ੍ਰਿਤਸਰ ਤੋਂ ਬਲਬੀਰ ਮੂਧਲ ਅਤੇ ਦਲਜੀਤ ਸੋਨਾ, ਗੁਰਦਾਸਪੁਰ ਤੋਂ ਗੁਰਮੀਤ ਪਾਹੜਾ, ਪਠਾਨਕੋਟ ਤੋਂ ਸੁਭਾਸ਼ ਜਠਿਆਲਾ, ਕਪੂਰਥਲਾ ਤੋਂ ਡਾ. ਹਰਭਜਨ ਸਿੰਘ, ਲੁਧਿਆਣਾ ਤੋਂ ਪ੍ਰਦੀਪ ਸ਼ਰਮਾ ਨੇ ਕਿਹਾ ਹੈ ਕਿ ਨੌਜਵਾਨਾਂ ਦੇ ਦੇਸ਼ ਪੱਧਰੀ ਅੰਦੋਲਨ ਦੌਰਾਨ ਗੁਰਦੁਆਰਿਆਂ ਅਤੇ ਘਰਾਂ ਵਿਚ ਲੰਗਰ, ਠਹਿਰਣ ਅਤੇ ਇਲਾਜ ਲਈ ਦਵਾਈਆਂ ਦਾ ਪ੍ਰਬੰਧ ਕਰਕੇ ਸਿੱਖਾਂ ਅਤੇ ਪੰਜਾਬੀਆਂ ਨੇ ਸਿੱਧ ਕਰ ਦਿੱਤਾ ਹੈ ਕਿ ਉਹ ਗੁਰੂਆਂ, ਪੀਰਾਂ, ਪੈਗੰਬਰਾਂ ਅਤੇ ਦੇਸ਼ ਭਗਤਾ (ਜਿਨਾਂ ਮਨੁੱਖਤਾ ਦੇ ਘਾਣ ਦੇ ਖ਼ਿਲਾਫ਼ ਆਪਣੀ ਆਵਾਜ਼ ਵੀ ਬੁਲੰਦ ਕੀਤੀ ਸੀ, ਆਪਣੀਆਂ ਜਾਨਾਂ ਕੁਰਬਾਨ ਕੀਤੀਆਂ) ਦੇ ਅਸਲ ਵਾਰਿਸ ਹਨ।

# ਬਾਰ ਐਸੋਸੀਏਸ਼ਨ ਵੱਲੋਂ ਰੋਸ ਪ੍ਰਦਰਸ਼ਨ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**- ਬਾਰ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਵੱਲੋਂ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ ਵਿੱਚ ਕੋਰਟ ਕੰਪਲੈਕਸ ਤੋਂ ਸ਼ੁਰੂ ਕਰਕੇ ਤਲਵੰਡੀ ਚੌਧਰੀਆਂ ਚੌਕ ਤੱਕ ਜ਼ੋਰਦਾਰ ਰੋਸ ਮਾਰਚ ਕੱਢਿਆ ਗਿਆ। ਇਸ ਦੌਰਾਨ ਵਕੀਲਾਂ ਨੇ ਪੰਜਾਬ ਸਰਕਾਰ ਅਤੇ ਸੰਬੰਧਿਤ ਅਧਿਕਾਰੀਆਂ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਐੱਲ ਏ ਡੀ ਸੀ ਪ੍ਰਣਾਲੀ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਰੋਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਐਡਵੋਕੇਟ ਸ਼ਾਮਲ ਹੋਏ, ਜਿਨ੍ਹਾਂ ਨੇ ਹੱਥਾਂ ਵਿੱਚ ਤਖ਼ਤੀਆਂ ਫੜ ਕੇ ਆਪਣਾ ਵਿਰੋਧ ਦਰਜ ਕਰਵਾਇਆ। ਵਕੀਲਾਂ ਦਾ ਕਹਿਣਾ ਸੀ ਕਿ ਐੱਲ ਏ ਡੀ ਸੀ ਸਿਸਟਮ ਨਾਲ ਆਮ ਪ੍ਰੈਕਟਿਸ ਕਰਨ ਵਾਲੇ ਵਕੀਲਾਂ ਦੇ ਰੋਜ਼ਗਾਰ 'ਤੇ ਗੰਭੀਰ ਅਸਰ ਪੈ ਰਿਹਾ ਹੈ ਅਤੇ ਇਹ ਪ੍ਰਣਾਲੀ ਨਿਆਂ ਪ੍ਰਣਾਲੀ ਦੇ ਸੰਤੁਲਨ ਨੂੰ ਵੀ ਪ੍ਰਭਾਵਿਤ ਕਰ ਰਹੀ ਹੈ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਰਨੈਲ ਸਿੰਘ ਸੰਧਾ ਨੇ ਕਿਹਾ ਕਿ ਐੱਲ ਏ ਡੀ ਸੀ ਸਿਸਟਮ ਵਕੀਲ ਭਾਈਚਾਰੇ ਦੇ ਹਿੱਤਾਂ ਦੇ ਉਲਟ ਹੈ। ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਪ੍ਰਣਾਲੀ 'ਤੇ ਤੁਰੰਤ ਮੁੜ ਵਿਚਾਰ ਕਰਕੇ ਇਸ ਨੂੰ ਵਾਪਸ ਲੈਣਾ ਚਾਹੀਦਾ ਹੈ।

# ਜਾਅਲੀ ਅਥਾਰਟੀ ਪੱਤਰ ਨਾਲ ਕੰਪਨੀ ਦਾ ਫਲੈਟ ਵੇਚਣ ਦਾ ਦੋਸ਼

## ਦੋ ਵਿਅਕਤੀਆਂ ਖ਼ਿਲਾਫ਼ ਕੇਸ ਦਰਜ

**ਜ਼ੀਰਕਪੁਰ (ਜਤਿੰਦਰ ਕੁਮਾਰ)** ਭਬਾਤ ਸਥਿਤ ਹਾਈਲੈਂਡ ਪਾਰਕ ਟੈਰੇਸਿਸ ਵਿੱਚ ਇੱਕ ਨਿਰਮਾਣ ਕੰਪਨੀ ਦੇ ਫਲੈਟ ਨੂੰ ਕਥਿਤ ਜਾਅਲੀ ਅਥਾਰਟੀ ਪੱਤਰ ਦੇ ਆਧਾਰ 'ਤੇ ਵੇਚਣ ਦੇ ਮਾਮਲੇ ਵਿੱਚ ਥਾਣਾ ਜ਼ੀਰਕਪੁਰ ਪੁਲਸ ਨੇ ਭੁਪਿੰਦਰ ਸਿੰਘ ਅਤੇ ਅਮਨਦੀਪ ਸਿੰਘ ਖ਼ਿਲਾਫ਼ ਠੱਗੀ, ਜਾਅਲਸਾਜ਼ੀ ਅਤੇ ਅਪਰਾਧਿਕ ਸਾਜ਼ਿਸ਼ ਦੇ ਦੋਸ਼ਾਂ ਹੇਠ ਕੇਸ ਦਰਜ ਕੀਤਾ ਹੈ। ਮਾਮਲੇ ਦੀ ਅਗਲੀ ਜਾਂਚ ਸਬ ਇੰਸਪੈਕਟਰ ਜਸਵੰਤ ਸਿੰਘ ਨੂੰ ਸੌਂਪੀ ਗਈ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਜੀ.ਵੀ.ਵੀ. ਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ ਦੇ ਅਧਿਕਾਰਤ ਹਸਤਾਖਰਕਰਤਾ ਰਵੀ ਮੁਹੰਮਦ ਨੇ ਦੱਸਿਆ ਕਿ ਕੰਪਨੀ ਨੇ ਸਾਲ 2021 ਵਿੱਚ ਹਾਈਲੈਂਡ ਪਾਰਕ ਟੈਰੇਸਿਸ, ਭਬਾਤ ਵਿੱਚ ਫਲੈਟ ਨੰਬਰ 22-ਏ ਖਰੀਦਿਆ ਸੀ। ਸ਼ਿਕਾਇਤ ਮੁਤਾਬਕ ਭੁਪਿੰਦਰ ਸਿੰਘ ਨੂੰ ਪੰਜਾਬ ਵਿੱਚ ਕੰਪਨੀ ਦੇ ਇੱਕ ਪ੍ਰੋਜੈਕਟ ਲਈ ਸਥਾਨਕ ਤਾਲਮੇਲ ਦਾ ਕੰਮ ਦਿੱਤਾ ਗਿਆ ਸੀ, ਪਰ ਉਸ ਨੂੰ ਕੰਪਨੀ ਦੀ ਜਾਇਦਾਦ ਵੇਚਣ ਦਾ ਕੋਈ ਅਧਿਕਾਰ ਨਹੀਂ ਦਿੱਤਾ ਗਿਆ ਸੀ। ਦੋਸ਼ ਹੈ ਕਿ ਭੁਪਿੰਦਰ ਸਿੰਘ ਨੇ ਕੰਪਨੀ ਦੇ ਡਾਇਰੈਕਟਰਾਂ ਦੇ ਕਥਿਤ ਜਾਅਲੀ ਦਸਤਖ਼ਤਾਂ ਨਾਲ ਅਥਾਰਟੀ ਪੱਤਰ ਤਿਆਰ ਕਰਕੇ 21 ਮਈ 2025 ਨੂੰ ਫਲੈਟ ਦੀ ਰਜਿਸਟਰੀ ਅਮਨਦੀਪ ਸਿੰਘ ਦੇ ਨਾਂ ਕਰਵਾ ਦਿੱਤੀ। ਕੰਪਨੀ ਨੂੰ ਜੁਲਾਈ 2025 ਵਿੱਚ ਸੁਸਾਇਟੀ ਦੇ ਰੱਖ-ਰਖਾਅ ਦਫ਼ਤਰ ਤੋਂ ਮਿਲੀ ਈਮੇਲ ਰਾਹੀਂ ਇਸ ਬਾਰੇ ਪਤਾ ਲੱਗਿਆ। ਪੜਤਾਲ ਦੌਰਾਨ ਭੁਪਿੰਦਰ ਸਿੰਘ ਨੇ ਦੋਸ਼ਾਂ ਤੋਂ ਇਨਕਾਰ ਕਰਦਿਆਂ ਦਾਅਵਾ ਕੀਤਾ ਕਿ ਕੰਪਨੀ ਵੱਲ ਉਸ ਦੀ ਲੱਖਾਂ ਰੁਪਏ ਦੀ ਰਕਮ ਬਕਾਇਆ ਸੀ ਅਤੇ ਕੰਪਨੀ ਨੇ ਹੀ ਉਸ ਨੂੰ ਫਲੈਟ ਵੇਚਣ ਲਈ ਅਥਾਰਟੀ ਪੱਤਰ ਦਿੱਤਾ ਸੀ। ਅਮਨਦੀਪ ਸਿੰਘ ਨੇ ਵੀ ਕਿਹਾ ਕਿ ਉਸ ਨੇ ਪੂਰੀ ਰਕਮ ਅਦਾ ਕਰਕੇ ਰਜਿਸਟਰੀ ਕਰਵਾਈ ਸੀ। ਪੁਲਸ ਵੱਲੋਂ ਅਥਾਰਟੀ ਪੱਤਰ 'ਤੇ ਮੌਜੂਦ ਦਸਤਖ਼ਤਾਂ ਦੀ ਫੋਰੈਂਸਿਕ ਜਾਂਚ ਕਰਵਾਈ ਗਈ। ਰਿਪੋਰਟ ਅਨੁਸਾਰ ਦੋ ਡਾਇਰੈਕਟਰਾਂ ਦੇ ਦਸਤਖ਼ਤ ਜਾਅਲੀ ਪਾਏ ਗਏ, ਜਦਕਿ ਤੀਜੇ ਦਸਤਖ਼ਤ ਬਾਰੇ ਕੋਈ ਪੱਕੀ ਰਾਏ ਨਹੀਂ ਦਿੱਤੀ ਜਾ ਸਕੀ। ਪੜਤਾਲੀਆ ਰਿਪੋਰਟ ਦੇ ਆਧਾਰ 'ਤੇ ਐੱਸ ਐੱਸ ਪੀ ਨੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰਨ ਦੀ ਮਨਜ਼ੂਰੀ ਦਿੱਤੀ। ਪੁਲਸ ਜਾਂਚ ਦੌਰਾਨ ਰਜਿਸਟਰੀ ਦੇ ਦੋਵੇਂ ਗਵਾਹਾਂ ਦੀ ਭੂਮਿਕਾ ਵੀ ਘੋਖੇਗੀ।

# ਬਲਾਚੌਰ ਪਬਲਿਕ ਸਕੂਲ ਨੇ ਜ਼ੋਨਲ ਖੇਡਾਂ 'ਚ ਮਾਰੀਆਂ ਮੱਲਾਂ

**ਬਲਾਚੌਰ, (ਜਸਵਿੰਦਰ ਬੈਂਸ)** ਬਲਾਚੌਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਜ਼ੋਨ ਨੰਬਰ-8 ਬਲਾਚੌਰ ਦੀਆਂ ਬਲਾਕ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਮੁਕਾਬਲਿਆਂ ਵਿੱਚ ਉੱਚ ਸਥਾਨ ਹਾਸਲ ਕਰਕੇ ਸਕੂਲ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਜ਼ਰੂਰੀ ਹਨ ਅਤੇ ਸਕੂਲ ਇਸ ਦਿਸ਼ਾ ਵਿੱਚ ਲਗਾਤਾਰ ਉੱਤਮ ਯਤਨ ਕਰ ਰਿਹਾ ਹੈ। ਅੰਡਰ-19 ਲੜਕੀਆਂ ਦੇ ਬੈਡਮਿੰਟਨ ਮੁਕਾਬਲਿਆਂ ਵਿੱਚ ਬਲਾਚੌਰ ਪਬਲਿਕ ਸਕੂਲ ਦੀ ਟੀਮ ਨੇ ਪਹਿਲੇ ਮੈਚ ਵਿੱਚ ਸ਼ੌਰਿਆ ਇੰਟਰਨੈਸ਼ਨਲ ਸਕੂਲ ਨੂੰ, ਦੂਜੇ ਮੈਚ ਵਿੱਚ ਸਕੂਲ ਆਫ ਐਮੀਨਾਸ (ਮਹਿੰਦੀਪੁਰ) ਨੂੰ ਹਰਾਇਆ ਅਤੇ ਫਾਈਨਲ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਨੂੰ ਮਾਤ ਦੇ ਕੇ ਪਹਿਲਾ ਸਥਾਨ ਹਾਸਲ ਕੀਤਾ। ਜੇਤੂ ਟੀਮ ਵਿੱਚ ਗੁਰਮੰਨਤ ਕੌਰ, ਜਸਮੀਤ ਕੌਰ, ਪ੍ਰਭਜੋਤ ਕੌਰ, ਵੰਸ਼ਿਕਾ ਅਤੇ ਮੰਨਤ ਸ਼ਾਮਲ ਰਹੀਆਂ। ਇਸ ਤੋਂ ਇਲਾਵਾ ਅੰਡਰ-19 (ਸ਼ਤਰੰਜ) ਮੁਕਾਬਲਿਆਂ ਵਿੱਚ ਤਨਵੀ ਜੋਸ਼ੀ, ਕਮਲਪ੍ਰੀਤ ਕੌਰ ਅਤੇ ਜੀਵਨਜੋਤ ਕੌਰ ਨੇ ਸ਼ੌਰਿਆ ਇੰਟਰਨੈਸ਼ਨਲ ਸਕੂਲ ਨੂੰ ਹਰਾਉਂਦਿਆਂ ਦੂਸਰਾ ਸਥਾਨ ਆਪਣੇ ਨਾਂਅ ਕੀਤਾ। ਅੰਡਰ-14 ਲੜਕੀਆਂ ਦੇ ਬੈਡਮਿੰਟਨ ਮੁਕਾਬਲਿਆਂ ਵਿੱਚ ਰਾਵੀ ਚੌਧਰੀ, ਜਸਲੀਨ, ਪਲਕ ਅਤੇ ਅੰਮ੍ਰਿਤ ਕੌਰ ਨੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਨੂੰ ਹਰਾ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥਣਾਂ ਦੀਆਂ ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ 'ਤੇ ਸਕੂਲ ਦੇ ਚੇਅਰਮੈਨ ਐੱਚ ਪੀ ਸਿੰਘ, ਪ੍ਰਿੰਸੀਪਲ ਹਰਮਨਿੰਦਰ ਕੌਰ, ਸਪੋਰਟਸ ਕੋਚ ਰਜਨੀ ਅਤੇ ਸਮੂਹ ਸਟਾਫ਼ ਨੇ ਜੇਤੂ ਖਿਡਾਰੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਬੱਚਿਆਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਵਿੱਚ ਵੀ ਉੱਚ ਪੱਧਰ ਦੀਆਂ ਸਹੂਲਤਾਂ ਅਤੇ ਪ੍ਰੇਰਨਾ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਹਰ ਖੇਤਰ ਵਿੱਚ ਸਫ਼ਲਤਾ ਦੇ ਨਵੇਂ ਮਾਪਦੰਡ ਸਥਾਪਤ ਕਰ ਸਕਣ।



# ਲਾਠੀਚਾਰਜ ਦੇ ਵਿਰੋਧ 'ਚ ਟਾਂਡਾ ਦੇ ਸਫਾਈ ਕਰਮਚਾਰੀ ਹੜਤਾਲ 'ਤੇ



**ਟਾਂਡਾ ਉੜਮੁੜ, (ਮਿਥਲੇਸ਼ ਗਰਗ,ਜਸਵਿੰਦਰ ਸੰਧੂ)**- ਬਰਨਾਲਾ ਵਿੱਚ ਸਫਾਈ ਕਰਮਚਾਰੀਆਂ 'ਤੇ ਹੋਏ ਕਥਿਤ ਪੁਲਿਸ ਲਾਠੀਚਾਰਜ ਦੇ ਵਿਰੋਧ ਵਿੱਚ ਸੋਮਵਾਰ ਨੂੰ ਟਾਂਡਾ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਨੇ ਮੁਕੰਮਲ ਹੜਤਾਲ ਕਰਕੇ ਸਰਕਾਰ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕੀਤਾ। ਇਸ ਦੌਰਾਨ ਕਰਮਚਾਰੀਆਂ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਨਾਅਰੇਬਾਜ਼ੀ ਕਰਦਿਆਂ ਦੋਸ਼ੀ ਪੁਲਿਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ। ਇਸ ਸੰਘਰਸ਼ ਨੂੰ ਸ਼ਹੀਦ ਭਗਤ ਸਿੰਘ ਆਟੋ ਯੂਨੀਅਨ ਨੇ ਵੀ ਆਪਣਾ ਸਮਰਥਨ ਦਿੰਦਿਆਂ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਨੂੰ ਜਾਇਜ਼ ਕਰਾਰ ਦਿੱਤਾ। ਪ੍ਰਦਰਸ਼ਨ ਦੀ ਅਗਵਾਈ ਪ੍ਰਧਾਨ ਮਾਇਆ, ਚੇਅਰਮੈਨ ਯਸ਼ਪਾਲ ਸੋਨੂ ਅਤੇ ਜਤਿੰਦਰ ਹੰਸ ਕਾਲਾ ਨੇ ਕੀਤੀ। ਧਰਨੇ ਵਿੱਚ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਵਾਲਮੀਕੀ ਸਮਾਜ ਦੇ ਆਗੂ ਬੌਬੀ ਬੁੱਢੀ ਪਿੰਡ, ਹਰਮੇਸ਼ (ਬੱਸੀ ਜਲਾਲ), ਐਮ.ਪੀ. (ਹਰਸੀ ਪਿੰਡ), ਗਗਨ (ਹਰਸੀਪਿੰਡ) ਅਤੇ ਬਾਬਾ ਬਗਿਆੜੀ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਕੇ ਏਕਤਾ ਦਾ ਪ੍ਰਗਟਾਵਾ ਕੀਤਾ।ਵਕਤਾਵਾਂ ਨੇ ਕਿਹਾ ਕਿ ਬਰਨਾਲਾ ਵਿੱਚ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਫਾਈ ਕਰਮਚਾਰੀਆਂ 'ਤੇ ਪੁਲਿਸ ਵੱਲੋਂ ਕੀਤਾ ਗਿਆ ਕਥਿਤ ਲਾਠੀਚਾਰਜ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਸ ਘਟਨਾ ਲਈ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਨੂੰ ਤੁਰੰਤ ਬਰਖ਼ਾਸਤ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਨਾ ਕੀਤਾ ਗਿਆ ਤਾਂ 30 ਜੁਲਾਈ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਜਾਵੇਗਾ। ਧਰਨੇ ਦੌਰਾਨ ਸ਼ਹੀਦ ਭਗਤ ਸਿੰਘ ਆਟੋ ਯੂਨੀਅਨ ਦੇ ਨੁਮਾਇੰਦੇ ਵੀ ਮੌਕੇ 'ਤੇ ਪਹੁੰਚੇ। ਧਰਨੇ ਵਿੱਚ ਬੱਬੀ ਜਾਜਾ, ਨਿਰਮਲ ਮੂਨਕ, ਗਗਨ ਨੰਗਲ ਖੁੰਗਾ, ਬਲਬੀਰ ਸਿੰਘ, ਰਮੇਸ਼ ਬੱਸੀ, ਸਾਬੀ ਫਿਰੋਜ਼ ਰੌਲੀਆ, ਹੀਰਾ ਟਾਂਡਾ, ਸੋਨੂ, ਮਨੀ, ਬੱਗਾ, ਮੰਗਾ, ਪੱਪੂ, ਸੁਰਜੀਤ, ਦੀਪਕ, ਨਿੱਕੀ, ਅਤਵਾਰੀ ਲਾਲ ਸਮੇਤ ਨਗਰ ਕੌਂਸਲ ਦੇ ਵੱਡੀ ਗਿਣਤੀ ਵਿੱਚ ਸਫਾਈ ਕਰਮਚਾਰੀ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਦੀ ਮਾਸਿਕ ਇਕੱਤਰਤਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਪੰਜਾਬੀ ਸਾਹਿਤ ਸਭਾ, ਡੇਰਾਬੱਸੀ ਵੱਲੋਂ ਸ਼ਹੀਦ ਜਥੇਦਾਰ ਬਖ਼ਤਾਵਰ ਸਿੰਘ ਲਾਇਬ੍ਰੇਰੀ, ਭੰਖਰਪੁਰ ਵਿਖੇ ਜੁਲਾਈ ਮਹੀਨੇ ਦੀ ਮਾਸਿਕ ਇਕੱਤਰਤਾ ਕੀਤੀ ਗਈ। ਇਸ ਮੌਕੇ ਹਾਜ਼ਰ ਸਾਹਿਤਕਾਰਾਂ ਨੇ ਪੱਛਮੀ ਬੰਗਾਲ ਵਿੱਚ ਮਹਾਂਪੰਡਤ ਰਾਹੁਲ ਸਾਂਕ੍ਰਿਤਿਆਇਨ ਦਾ ਬੁੱਤ ਤੋੜਨ ਅਤੇ ਦਿੱਲੀ ਵਿੱਚ ਸ਼ਾਂਤਮਈ ਅੰਦੋਲਨ ਕਰ ਰਹੇ ਵਿਦਿਆਰਥੀਆਂ ਉੱਤੇ ਪੁਲਿਸ ਵੱਲੋਂ ਕੀਤੇ ਅਣਮਨੁੱਖੀ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਸੀਨੀਅਰ ਮੀਤ ਪ੍ਰਧਾਨ ਗਿਆਨੀ ਧਰਮ ਸਿੰਘ ਭੰਖਰਪੁਰ ਨੇ ਕਿਹਾ ਕਿ ਵਿਦਿਆਰਥੀ ਦੇਸ਼ ਦਾ ਸਰਮਾਇਆ ਹਨ ਅਤੇ ਹਰੇਕ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਭਵਿੱਖ ਵਿੱਚ ਵਿਦਿਆਰਥੀਆਂ ਦੀ ਗੱਲ ਨੂੰ ਸਮੇਂ ਸਿਰ ਸੁਣੇ ਤਾਂ ਜੋ ਦੁਬਾਰਾ ਅਜਿਹੇ ਹਾਲਾਤ ਨਾ ਬਣਨ। ਇਸ ਤੋਂ ਬਾਅਦ ਗੁਰਮੁੱਖ ਸਿੰਘ ਪਰਾਗਪੁਰੀ ਨੇ ਕਵੀ ਦਰਬਾਰ ਦੀ ਸ਼ੁਰੂਆਤ ਕਰਦੇ ਹੋਇਆਂ ਮੌਜੂਦਾ ਰਾਜਨੀਤੀ 'ਤੇ ਤੰਜ ਕਰਦੀ ਕਵਿਤਾ 'ਨਾਮ ਚਮਕਦਾ ਆਸਮਾਨੀ ਤਾਰੇ ਵਾਂਗੂੰ' ਸੁਣਾਈ। ਜਸਵੀਰ ਸਿੰਘ ਪਰਾਗਪੁਰੀ ਨੇ ਧਾਰਮਿਕ ਗੀਤ 'ਤੂੰ ਐਸੀ ਮਿਹਰ ਕਰੀਂ ਦਾਤਾ' ਸੁਣਾਇਆ। ਪ੍ਰੋ. ਰਵਿੰਦਰ ਸਿੰਘ ਨੇ ਮਹਾਨ ਚਿੱਤਰਕਾਰ ਜ਼ਾਕ ਲੁਈ ਡੇਵਿਡ ਦੇ ਹਵਾਲੇ ਨਾਲ ਚਿੱਤਰਕਲਾ ਵਿੱਚ ਅੰਦੋਲਨਾਂ ਦੇ ਪ੍ਰਗਟਾਅ ਬਾਰੇ ਚਰਚਾ ਕੀਤੀ। ਐਡਵੋਕੇਟ ਅਨਮੋਲ ਸਿੰਘ ਅਤੇ ਐਡਵੋਕੇਟ ਕੰਵਲਜੀਤ ਸਿੰਘ ਨੇ ਮੌਜੂਦਾ ਵਿਦਿਆਰਥੀ ਅੰਦੋਲਨ ਵਿੱਚ ਪੰਜਾਬ ਦੀ ਭੂਮਿਕਾ ਬਾਰੇ ਸਾਰਥਕ ਵਿਚਾਰ ਪ੍ਰਗਟ ਕੀਤੇ। ਸਭਾ ਦੇ ਪ੍ਰਧਾਨ ਜੈਲਦਾਰ ਸਿੰਘ ਹੱਸਮੁੱਖ ਨੇ ਮਾਹੌਲ ਨੂੰ ਖੁਸ਼ਨੁਮਾ ਬਣਾਉਂਦੇ ਹੋਏ 'ਰੱਬ ਤੋਂ ਔਖਾ ਕੰਮ ਹੈ, ਰੱਖਣਾ ਖ਼ੁਸ਼ੀ ਜਨਾਨੀ ਨੂੰ' ਗੀਤ ਸੁਣਾਇਆ। ਭਾਈ ਸੁਪਿੰਦਰ ਸਿੰਘ ਨੇ ਹਰ ਸਮੇਂ ਭੱਜ-ਦੌੜ ਵਿੱਚ ਲੱਗੇ ਮਨੁੱਖ ਨੂੰ ਗੁਰੂ ਲੜ ਲੱਗਣ ਦਾ ਸੁਨੇਹਾ ਦਿੱਤਾ। ਸਭਾ ਦੇ ਜਨਰਲ ਸਕੱਤਰ ਗੁਰਜਿੰਦਰ ਸਿੰਘ ਬੜਾਣਾ ਨੇ ਯੁੱਧਾਂ ਵਿੱਚ ਮਰੇ ਬੱਚਿਆਂ ਬਾਰੇ ਅਨੁਵਾਦਿਤ ਕਵਿਤਾ 'ਰੱਬ ਦਾ ਸਿਰ੍ਹਾਣਾ' ਸੁਣਾਈ। ਅੰਤ ਵਿੱਚ ਕਵੀ ਦਰਬਾਰ ਦੀ ਪ੍ਰਧਾਨਗੀ ਕਰ ਰਹੇ ਗਿਆਨੀ ਧਰਮ ਸਿੰਘ ਭੰਖਰਪੁਰ ਨੇ ਆਪਣੀ ਕਵਿਤਾ 'ਸ਼ੁਕਰ ਕਰੋ ਕਾਕਰੋਚ ਹੀ ਕਿਹਾ' ਸੁਣਾਈ ਅਤੇ ਹਾਜ਼ਰ ਸਾਰੇ ਸਾਹਿਤ ਪ੍ਰੇਮੀਆਂ ਨੂੰ ਆਪਣੀ ਨਵੀਂ ਕਿਤਾਬ 'ਆਤਮ ਗਿਆਨ' ਵੀ ਭੇਟ ਕੀਤੀ।



# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਰੈਲੀ 5 ਨੂੰ

**ਜਲੰਧਰ (ਰਾਜੇਸ਼ ਥਾਪਾ)**-ਮਜ਼ਦੂਰ ਮੰਗਾਂ ਮਨਵਾਉਣ ਲਈ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਰੈਲੀ ਤੇ ਮੁਜ਼ਾਹਰੇ ਦੀ ਤਿਆਰੀ ਲਈ ਪਿੰਡ ਜਮਸ਼ੇਰ ਖਾਸ ਤਹਿਸੀਲ ਜਲੰਧਰ ਵਿਖੇ ਸਾਥੀ ਸੰਤੋਖ ਸਿੰਘ ਮੁਹੱਲਾ ਬਗੀਚੀ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜੁਆਇੰਟ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਨਰੇਗਾ ਕਾਨੂੰਨ ਰੱਦ ਕਰਕੇ ਨਵੇਂ ਬਣਾਏ ਵੀ ਬੀ ਜੀ ਰਾਮ ਜੀ ਕਾਨੂੰਨ ਤਹਿਤ ਮਜ਼ਦੂਰਾਂ ਦੀ ਰੋਜ਼ੀ ਰੋਟੀ ਖੋਹ ਲਈ ਹੈ ਬਲਦੇ ਚੁੱਲ੍ਹੇ ਬੰਦ ਕਰ ਦਿੱਤੇ ਹਨ। ਨੂਰਪੁਰੀ ਨੇ ਕਿਹਾ ਕਿ ਇਨ੍ਹਾਂ ਮੰਗਾਂ ਦੀ ਪ੍ਰਾਪਤੀ ਲਈ ਤਿੱਖੇ ਸੰਘਰਸ਼ਾਂ ਤੋਂ ਬਿਨ੍ਹਾਂ ਕੁੱਝ ਪ੍ਰਾਪਤ ਨਹੀਂ ਹੋ ਸਕਦਾ ਹੈ। ਉਨ੍ਹਾਂ 5 ਅਗਸਤ ਦੀ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਸਾਥੀ ਸਟੀਫਨ ਮਸੀਹ, ਖੁਸ਼ੀ ਰਾਮ ਜਮਸ਼ੇਰ, ਜਸਵਿੰਦਰ, ਰਾਮ ਲਾਲ ਪੱਪੂ, ਚਰਨਜੀਤ, ਬਲਦੇਵ ਸਿੰਘ, ਜਰਨੈਲ ਸਿੰਘ ਹਾਜ਼ਰ ਸਨ।

# ਬਾਕਰਪੁਰ ਦੇ ਟੁੱਟੇ ਮੇਨ ਹੋਲ ਕਾਰਨ ਸਕੂਲੀ ਬੱਚੇ ਪਰੇਸ਼ਾਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਹਲਕਾ ਵਿਧਾਇਕ ਦੇ ਪਿੰਡ ਬਾਕਰਪੁਰ ਵਿਖੇ ਟੈਂਕੀ ਵਾਲੇ ਮੋੜ 'ਤੇ ਪਿਛਲੇ ਕਰੀਬ ਤਿੰਨ ਮਹੀਨਿਆਂ ਤੋਂ ਟੁੱਟਿਆ ਮੇਨ ਹੋਲ ਹਾਦਸਿਆਂ ਨੂੰ ਖੁੱਲ੍ਹਾ ਸੱਦਾ ਦੇ ਰਿਹਾ ਹੈ। ਹਾਲਾਤ ਇਹ ਬਣ ਚੁੱਕੇ ਹਨ ਕਿ ਹਰੀ ਸਿੰਘ ਡੇਰੇ ਅਤੇ ਰੌਣਕੀ ਡੇਰੇ ਦੇ ਬੱਚਿਆਂ ਨੂੰ ਸਕੂਲੀ ਵੈਨਾਂ ਨੇ ਘਰ ਤੱਕ ਛੱਡਣਾ ਬੰਦ ਕਰ ਦਿੱਤਾ ਹੈ, ਜਿਸ ਕਾਰਨ ਮਾਸੂਮ ਬੱਚਿਆਂ ਨੂੰ 400 ਮੀਟਰ ਤੱਕ ਤਪਦੀ ਗਰਮੀ ਅਤੇ ਬਰਸਾਤ ਵਿੱਚ ਪੈਦਲ ਜਾਣਾ ਪੈ ਰਿਹਾ ਹੈ। ਪਿੰਡ ਵਾਸੀ ਕਮਲ ਪੁੱਤਰ ਰਘਬੀਰ ਸਿੰਘ ਅਤੇ ਹੋਰਨਾਂ ਨੇ ਦੱਸਿਆ ਕਿ ਪਿੰਡ ਦੇ ਨਿਕਾਸੀ ਪਾਣੀ ਲਈ ਘੱਗਰ ਵੱਲ ਪਾਈਪਾਂ ਵਿਛਾਈਆਂ ਗਈਆਂ ਹਨ। ਟੈਂਕੀ ਵਾਲਾ ਮੋੜ ਤੰਗ ਹੋਣ ਕਰਕੇ ਭਾਰੀ ਵਾਹਨਾਂ ਅਤੇ ਸਕੂਲੀ ਵੈਨਾਂ ਦੇ ਟਾਇਰ ਖੁੱਲ੍ਹੇ ਮੇਨ ਹੋਲ ਵਿੱਚ ਫਸਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸੇ ਡਰ ਤੋਂ ਵੈਨ ਚਾਲਕਾਂ ਨੇ ਅੱਗੇ ਜਾਣ ਤੋਂ ਇਨਕਾਰ ਕਰ ਦਿੱਤਾ ਹੈ। ਲੋਕਾਂ ਨੇ ਦੋਸ਼ ਲਾਇਆ ਕਿ ਪੰਚਾਇਤ ਦੀ ਲਾਪਰਵਾਹੀ ਕਾਰਨ ਵੱਡਾ ਹਾਦਸਾ ਵਾਪਰ ਸਕਦਾ ਹੈ। ਉਹਨਾਂ ਮੰਗ ਕੀਤੀ ਕਿ ਨਵਾਂ ਢੱਕਣ ਲਗਾ ਕੇ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇ। ਇਸ ਸਬੰਧੀ ਜਦੋਂ ਪਿੰਡ ਦੇ ਸਰਪੰਚ ਧਰਮਪਾਲ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਆਮ ਢੱਕਣ ਭਾਰੀ ਵਾਹਨਾਂ ਦਾ ਭਾਰ ਨਹੀਂ ਸਹਾਰਦੇ, ਜਿਸ ਕਾਰਨ ਇਸ ਲਈ ਵਿਸ਼ੇਸ਼ (ਸਪੈਸ਼ਲ) ਢੱਕਣ ਤਿਆਰ ਕਰਵਾਏ ਗਏ ਹਨ। ਉਹਨਾਂ ਦੱਸਿਆ ਕਿ ਢੱਕਣ ਆ ਚੁੱਕੇ ਹਨ ਅਤੇ ਇੱਕ-ਦੋ ਦਿਨਾਂ ਦੇ ਅੰਦਰ ਹੀ ਇਹਨਾਂ ਨੂੰ ਲਗਾ ਕੇ ਮੇਨ ਹੋਲ ਨੂੰ ਮੁਕੰਮਲ ਤੌਰ 'ਤੇ ਠੀਕ ਕਰ ਦਿੱਤਾ ਜਾਵੇਗਾ, ਜਿਸ ਨਾਲ ਪਿੰਡ ਵਾਸੀਆਂ ਅਤੇ ਸਕੂਲੀ ਬੱਚਿਆਂ ਦੀ ਸਮੱਸਿਆ ਹੱਲ ਹੋ ਜਾਵੇਗੀ।



# ਕਵੀ ਦਰਬਾਰ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਭਾਸ਼ਾ ਵਿਭਾਗ, ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵੱਲੋਂ ਸਾਹਿਤ ਸਭਾ ਦਸੂਹਾ ਗੜ੍ਹਦੀਵਾਲਾ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਡਾ. ਐੱਮ.ਐੱਸ. ਰੰਧਾਵਾ ਫਲ ਖੋਜ ਕੇਂਦਰ ਗੰਗੀਆਂ ਦਸੂਹਾ ਵਿਖੇ ਡਾ. ਮਹਿੰਦਰ ਸਿੰਘ ਰੰਧਾਵਾ ਦੀ ਪੰਜਾਬੀ ਸਾਹਿਤ ਅਤੇ ਲੋਕਧਾਰਾ ਨੂੰ ਦੇਣ ਦੀ ਯਾਦ ਵਿੱਚ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਬਤੌਰ ਮੁੱਖ ਮਹਿਮਾਨ ਪ੍ਰੋ. ਸੁਰਜੀਤ ਜੱਜ, ਵਿਸ਼ੇਸ਼ ਮਹਿਮਾਨ ਜਸਬੀਰ ਸਿੰਘ ਧੀਮਾਨ ਅਤੇ ਪ੍ਰਧਾਨਗੀ ਪ੍ਰੋ. ਬਲਦੇਵ ਸਿੰਘ ਬੱਲੀ ਨੇ ਕੀਤੀ।ਜੀ ਆਇਆਂ ਸ਼ਬਦ ਆਖਦਿਆਂ ਪ੍ਰੋ. ਬਲਦੇਵ ਸਿੰਘ ਬੱਲੀ ਨੇ ਹੁਸ਼ਿਆਰਪੁਰ ਦੇ ਪਿੰਡ ਬੋਦਲ ਨੂੰ ਭਾਗ ਲਾਉਣ ਵਾਲੇ ਡਾ. ਰੰਧਾਵਾ ਦੇ ਪਿਛੋਕੜ ਨੂੰ ਸਾਹਿਤ ਅਤੇ ਸਮਾਜ ਨਾਲ ਜੋੜ ਕੇ ਮਾਰਮਿਕ ਗੱਲਾਂ ਕੀਤੀਆਂ। ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਸਾਂਝੀਆਂ ਕਰਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਨੇ ਡਾ. ਰੰਧਾਵਾ ਦੀ ਸਾਹਿਤ ਅਤੇ ਲੋਕਧਾਰਾ ਨੂੰ ਦੇਣ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਾਂਗੜੇ ਦੀ ਕਲਾ ਤੇ ਲੋਕ ਗੀਤ, ਪੰਜਾਬ ਦੇ ਲੋਕ ਗੀਤ, ਭਾਰਤੀ ਖੇਤੀ ਦਾ ਇਤਿਹਾਸ ਚਾਰ ਜਿਲਦਾਂ ਵਿੱਚ, ਸਾਇੰਸ ਨਾਲ਼ ਸੰਬੰਧਿਤ ਕਿਤਾਬਾਂ, ਪੰਜਾਬ ਨਾਂਅ ਦੀ ਸਦਾ ਬਹਾਰ ਕਿਤਾਬ, ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਚੰਡੀਗੜ੍ਹ ਤੇ ਰੋਜ਼ ਗਾਰਡਨ ਦੀ ਸਥਾਪਨਾ ਪਿੱਛੇ ਡਾ. ਰੰਧਾਵਾ ਦਾ ਬਹੁਤ ਵੱਡਾ ਯੋਗਦਾਨ ਹੈ। ਉਸ ਨੇ ਇੱਕ ਤਰ੍ਹਾਂ ਪੰਜਾਬੀ ਭਾਸ਼ਾ, ਸਭਿਆਚਾਰ ਅਤੇ ਵਿਰਸੇ ਦੀ ਪੰਜਾਬ ਵਿੱਚ ਜੜ੍ਹ ਨੂੰ ਹੋਰ ਡੂੰਘੇਰਾ ਕੀਤਾ। ਇਸ ਚਰਚਾ ਨੂੰ ਪ੍ਰੋ. ਕੇਵਲ ਕਲੋਟੀ, ਪ੍ਰੋ. ਸ਼ਾਮ ਸਿੰਘ, ਪ੍ਰੋ. ਸੁਰਜੀਤ ਜੱਜ, ਜਸਬੀਰ ਸਿੰਘ ਧੀਮਾਨ ਦੀਆਂ ਸਾਹਿਤਕ ਟਿੱਪਣੀਆਂ ਨੇ ਚਰਮ ਸੀਮਾ 'ਤੇ ਪਹੁੰਚਾ ਦਿੱਤਾ। ਇਸ ਤੋਂ ਬਾਅਦ ਕਰਵਾਏ ਗਏ ਕਵੀ ਦਰਬਾਰ ਵਿੱਚ ਡਾ. ਸ਼ਮਸ਼ੇਰ ਮੋਹੀ ਨਵਤੇਜ ਗੜ੍ਹਦੀਵਾਲਾ, ਮਨਜੀਤ ਕੈਫ਼ੀ, ਡਾ. ਨਰੰਜਨ, ਪ੍ਰੋ. ਮਲਕੀਤ ਜੌੜਾ, ਡਾ. ਅਰਮਨਪ੍ਰੀਤ ਸਿੰਘ, ਹਰਪਾਲ ਸਿੰਘ, ਦਿਲਪ੍ਰੀਤ ਕਾਹਲੋਂ, ਤਰਸੇਮ ਸਿੰਘ, ਡਾ. ਸਰਬਜੋਤ ਸਿੰਘ, ਹਰਸ਼ਵਿੰਦਰ ਕੌਰ, ਡਾ. ਸੋਨੀਆ ਦੇਵੀ, ਰਜਿੰਦਰ ਸਿੰਘ ਢੱਡਾ, ਨਵਜੋਤ ਸਿੰਘ ਰਾਜੂ, ਅਵਤਾਰ ਸਿੰਘ, ਇੰਦਰਜੀਤ ਕਾਜਲ ਨੇ ਤਰੰਨੁਮ ਵਿੱਚ ਨਜ਼ਮਾਂ ਸੁਣਾ ਕੇ ਰੰਧਾਵਾ ਫਲ ਖੋਜ ਕੇਂਦਰ ਦੇ ਅੰਬਾਂ ਦੇ ਬਾਗਾਂ ਨੂੰ ਹੋਰ ਮਹਿਕਾ ਦਿੱਤਾ। ਭਾਸ਼ਾ ਵਿਭਾਗ ਵੱਲੋਂ ਮਹਿਮਾਨਾਂ ਪ੍ਰੋ. ਸੁਰਜੀਤ ਜੱਜ, ਜਸਬੀਰ ਸਿੰਘ ਧੀਮਾਨ ਤੇ ਪ੍ਰੋ. ਬਲਦੇਵ ਸਿੰਘ ਬੱਲੀ ਦਾ ਭਾਸ਼ਾ ਵਿਭਾਗ ਦੀਆਂ ਲੋਈਆਂ ਤੇ ਪੁਸਤਕਾਂ ਅਤੇ ਕਵੀਆਂ ਦਾ ਪੁਸਤਕਾਂ ਦੇ ਸੈੱਟਾਂ ਨਾਲ ਸਨਮਾਨਤ ਕੀਤਾ।



# ਬਾਬਾ ਬ੍ਰਹਮ ਦਾਸ ਮਹਾਰਾਜ ਵਿਖੇ ਨਤਮਸਤਕ ਹੋਏ ਰਵਨੀਤ ਸਿੰਘ ਬਿੱਟੂ

**ਫਿਲੌਰ (ਨਿਰਮਲ)**

ਬਾਬਾ ਬ੍ਰਹਮ ਦਾਸ ਜੀ ਮਹਾਰਾਜ ਦੇ ਦਰਸ਼ਨ ਕਰਨ ਲਈ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਬਾਬਾ ਬ੍ਰਹਮ ਦਾਸ ਜੀ ਮਹਾਰਾਜ ਦੇ ਦਰਸ਼ਨ ਕਰਕੇ ਅਸ਼ੀਰਵਾਦ ਪ੍ਰਾਪਤ ਕੀਤਾ। ਦਰਸ਼ਨਾਂ ਉਪਰੰਤ ਜਦੋਂ ਬਿੱਟੂ ਨੂੰ ਬਾਬਾ ਬ੍ਰਹਮ ਦਾਸ ਜੀ ਮਹਾਰਾਜ ਦਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਨਾਲ ਜੁੜਿਆ ਇਤਿਹਾਸ ਅਤੇ ਇਸ ਸਥਾਨ ਦੀ ਸਮਾਜਿਕ ਤੇ ਇਤਿਹਾਸਕ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਤਾਂ ਉਨ੍ਹਾਂ ਨੇ ਇਸ ਦੀ ਪ੍ਰਸ਼ੰਸਾ ਕਰਦਿਆਂ ਭਰੋਸਾ ਦਿੱਤਾ ਕਿ ਉਹ ਇਸ ਪਵਿੱਤਰ ਅਸਥਾਨ ਸਬੰਧੀ ਕੇਂਦਰ ਸਰਕਾਰ ਤੱਕ ਗੱਲ ਪਹੁੰਚਾਉਣਗੇ ਅਤੇ ਲੋਕ ਭਲਾਈ ਦੇ ਕਾਰਜਾਂ ਲਈ ਆਪਣਾ ਯੋਗਦਾਨ ਪਾਉਣ ਦੀ ਸੇਵਾ ਨਿਭਾਉਣਗੇ। ਇਸ ਮੌਕੇ ਭਾਜਪਾ ਦੇ ਆਗੂਆਂ ਵਿੱਚ ਰਣਜੀਤ ਪਵਾਰ, ਵਿਪਨ ਆਨੰਦ (ਪ੍ਰਧਾਨ, ਗੁਰਾਇਆ), ਰਾਮ ਰਾਜ ਬਿਰਦੀ (ਪ੍ਰਧਾਨ, ਪ੍ਰਤਾਪਪੁਰਾ) ਅਜੇ ਪੁੰਜ (ਇੰਚਾਰਜ, ਸੋਸ਼ਲ ਮੀਡੀਆ), ਰਘੂ ਅਰੋੜਾ ਫਿਲੌਰ ਸੁਖਵਿੰਦਰ ਸਿੰਘ (ਯੁਵਾ ਮੋਰਚਾ ਪ੍ਰਧਾਨ) ਸੁਰਿੰਦਰ ਮਹਿਸਮਪੁਰੀ (ਐੱਸ.ਸੀ. ਮੋਰਚਾ) ਮੰਤਰੀ ਸ਼ਾਮ ਲਾਲ ਸ਼ਰਮਾ ਤੇ ਸੂਬਾ ਕਾਰਜਕਾਰਣੀ ਮੈਂਬਰ ਗੋਲਡੀ ਨਾਹਰ ਵੀ ਹਾਜ਼ਰ ਸਨ।



# ਯੂ ਕੇ ਜੀ ਗ੍ਰੈਜੂਏਸ਼ਨ ਸਮਾਰੋਹ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉਭੀ)**

ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਖਾਂਬੜਾ ਵੱਲੋਂ ਯੂ ਕੇਜੀ ਗ੍ਰੈਜੂਏਸ਼ਨ ਸਮਾਰੋਹ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਹ ਸਮਾਰੋਹ ਨੰਨੇ ਵਿਦਿਆਰਥੀਆਂ ਦੀ ਸਿੱਖਿਆ ਯਾਤਰਾ ਦੇ ਇੱਕ ਮਹੱਤਵਪੂਰਨ ਪੜਾਅ ਨੂੰ ਸਮਰਪਿਤ ਸੀ, ਜਿਸ ਰਾਹੀਂ ਉਨ੍ਹਾਂ ਨੇ ਆਪਣੀ ਕਿੰਡਰਗਾਰਟਨ ਸਿੱਖਿਆ ਸਫਲਤਾਪੂਰਵਕ ਪੂਰੀ ਕਰਕੇ ਅਗਲੇ ਅਕਾਦਮਿਕ ਪੜਾਅ ਵਿੱਚ ਪ੍ਰਵੇਸ਼ ਕਰਨ ਲਈ ਤਿਆਰੀ ਕੀਤੀ। ਸਮਾਰੋਹ ਦੀ ਸ਼ੁਰੂਆਤ ਮਹਿਮਾਨਾਂ ਦੇ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਨ੍ਹਾਂ ਪ੍ਰਸਤੁਤੀਆਂ ਨੇ ਸਮੂਹ ਮਾਹੌਲ ਨੂੰ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਦਿੱਤਾ। ਗ੍ਰੈਜੂਏਸ਼ਨ ਗਾਊਨ ਅਤੇ ਕੈਪ ਪਹਿਨੇ ਨੰਨੇ ਗ੍ਰੈਜੂਏਟ ਬਹੁਤ ਹੀ ਆਤਮਵਿਸ਼ਵਾਸੀ ਅਤੇ ਪ੍ਰਸੰਨ ਨਜ਼ਰ ਆਏ। ਉਨ੍ਹਾਂ ਨੂੰ ਗ੍ਰੈਜੂਏਸ਼ਨ ਸਰਟੀਫਿਕੇਟ ਪ੍ਰਦਾਨ ਕੀਤੇ ਗਏ, ਜਿਸ ਮੌਕੇ ਮਾਪਿਆਂ, ਅਧਿਆਪਕਾਂ ਅਤੇ ਹਾਜ਼ਰ ਮਹਿਮਾਨਾਂ ਨੇ ਜ਼ੋਰਦਾਰ ਤਾਲੀਆਂ ਨਾਲ ਉਨ੍ਹਾਂ ਦਾ ਹੌਸਲਾ ਵਧਾਇਆ। ਬੱਚਿਆਂ ਦੇ ਚਿਹਰਿਆਂ 'ਤੇ ਪਹਿਲੀ ਅਕਾਦਮਿਕ ਉਪਲਬਧੀ ਦੀ ਖੁਸ਼ੀ ਅਤੇ ਮਾਣ ਸਾਫ਼ ਝਲਕ ਰਿਹਾ ਸੀ। ਇਸ ਮੌਕੇ ਸੇਂਟ ਸੋਲਜਰ ਗਰੁੱਪ ਦੀ ਚੇਅਰਪਰਸਨ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਗ੍ਰੈਜੂਏਸ਼ਨ ਸਿਰਫ਼ ਇੱਕ ਸਮਾਰੋਹ ਨਹੀਂ, ਸਗੋਂ ਸਿੱਖਣ, ਵਿਕਾਸ ਅਤੇ ਸਫਲਤਾ ਨਾਲ ਭਰਪੂਰ ਸ਼ੁਰੂਆਤ ਹੈ।



# ਗੁਰੂ ਰਵਿਦਾਸ ਦੀ ਵਿਚਾਰਧਾਰਾ ਨੂੰ ਜਨ-ਜਨ ਤਕ ਪਹੁੰਚਾਇਆ ਜਾਵੇਗਾ : ਮਹਿਮੀ, ਗਿਆਨ ਚੰਦ ਦਿਵਾਲੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਸਭਾ ਡਰਬੀ (ਯੂ ਕੇ) ਵਲੋਂ ਡਾਕਟਰ ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦੀ ਰਜਿਸਟ੍ਰੇਸ਼ਨ ਸਭਾ ਦੇ ਨਾਂਅ ਤੇ ਹੋਣ (ਫ੍ਰੀ ਹੋਲਡ ਹੋਣ) ਦੀ ਖੁਸ਼ੀ ਵਿੱਚ ਇਕ ਰਿਸੈਪਸ਼ਨ ਪਾਰਟੀ ਆਯੋਜਿਤ ਕੀਤੀ ਗਈ ਜਿਸ ਵਿੱਚ ਯੂ ਕੇ ਯੂਰਪ ਐਂਡ ਅਬਰੌਡ ਸਭਾ ਦੇ ਪ੍ਰਧਾਨ ਆਰ ਕੇ ਮਹਿਮੀ ਨੂੰ ਵਿਸ਼ੇਸ ਮਹਿਮਾਨ ਵਜੋ ਬੁਲਾਇਆ ਗਿਆ ।ਇਸ ਮੌਕੇ ਮਹਿਮੀ ਨੇ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਭਾ ਵਲੋਂ ਉਲੀਕੇ ਗਏ ਪ੍ਰੋਗਰਾਮ ਤੇ ਬਹੁਤ ਤੇਜੀ ਨਾਲ ਕੰਮ ਸ਼ੁਰੂ ਕੀਤਾ ਜਾਵੇਗਾ ।ਜਿਸ ਵਿੱਚ ਰੋਜਗਾਰ,ਐਜੂਕੇਸ਼ਨ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਚਾਰਧਾਰਾ ਨੂੰ ਜਨ ਜਨ ਤਕ ਪਹੁੰਚਣ ਲਈ ਪਹਿਲ ਦਿੱਤੀ ਜਾਵੇਗੀ ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਤੁਗਲਕਾਬਾਦ ਮੰਦਰ ਬਣਾਉਣ ਅਤੇ ਬੇਗਮਪੁਰਾ ਤਖਤ ਬਣਾਉਣ ਲਈ ਵੀ ਵਿਸ਼ੇਸ਼ ਉਪਰਾਲੇ ਆਰੰਭੇ ਜਾਣਗੇ।ਇਸ ਸਬੰਧੀ ਭਾਰਤ ਸਰਕਾਰ ਨਾਲ ਰਾਬਤਾ ਕਾਇਮ ਕਰਕੇ ਅਗਲਾ ਐਕਸ਼ਨ ਪ੍ਰੋਗਰਾਮ ਉਲੀਕਿਆ ਜਾਵੇਗਾ ।ਇੰਗਲੈਂਡ ਤੋਂ ਇਲਾਵਾ ਦੂਸਰੇ ਦੇਸ਼ਾਂ ਦੀਆਂ ਗੁਰੂ ਰਵਿਦਾਸ ਸਭਾਵਾਂ ਨਾਲ ਰਾਬਤਾ ਕਾਇਮ ਕਰਕੇ ਉਨ੍ਹਾਂ ਨੂੰ ਹੋਰ ਐਕਟਿਵ ਕੀਤਾ ਜਾਵੇਗਾ ।ਇਸ ਮੌਕੇ ਤੇ ਡਰਬੀ ਦੀ ਸਭਾ ਵਲੋਂ ਸਿਰੋਪਾਓ ਦੇ ਕੇ ਮਹਿਮੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ । ਮਹਿਮੀ ਦੇ ਨਾਲ ਗਿਆਨ ਚੰਦ ਦੀਵਾਲੀ ਅਤੇ ਰਾਜ ਕੁਮਾਰ ਬਾਘਾ ਵੀ ਹਾਜਰ ਸਨ।ਇਨ੍ਹਾਂ ਤੋਂ ਇਲਾਵਾ ਡਰਬੀ ਦੀ ਗੁਰੂ ਘਰ ਦੀ ਸਭਾ ਦੇ ਪ੍ਰਧਾਨ ਸੁਰਿੰਦਰ ਸੋਢੀ , ਅਮਰਿੰਦਰ ਮਹੇ ਅਤੇ ਮਾਸਟਰ ਪਿਆਰੇ ਲਾਲ ਦੋਵੇਂ ਫਾਊਂਡਰ ਮੈਂਬਰ,ਅਜੀਤ ਰਾਮ ਮਹਿਮੀਂ ਅਤੇ ਮੌਜੂਦਾ ਕੌਂਸਲਰ ਹਰਦਿਆਲ ਢੀਂਡਸਾ ਵੀ ਹਾਜਰ ਸਨ।



# ਨਗਰ ਕੌਂਸਲ ਦੇ ਪ੍ਰਧਾਨ ਤੇ ਸੀਨੀਅਰ ਵਾਈਸ ਪ੍ਰਧਾਨ ਨੇ ਅਹੁਦਾ ਸੰਭਾਲਿਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਨਗਰ ਕੌਂਸਲ ਡੇਰਾਬੱਸੀ ਵਿਖੇ ਸੋਮਵਾਰ ਨੂੰ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਧਾਰਮਿਕ ਅਤੇ ਸਾਦਗੀ ਭਰੇ ਸਮਾਗਮ ਦੌਰਾਨ ਨਗਰ ਕੌਂਸਲ ਦੇ ਨਵ-ਨਿਯੁਕਤ ਪ੍ਰਧਾਨ ਆਸ਼ੂ ਉਪਨੇਜਾ ਅਤੇ ਸੀਨੀਅਰ ਵਾਈਸ ਪ੍ਰਧਾਨ ਦਵਿੰਦਰ ਸੈਣੀ ਵੱਲੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਹਾਜ਼ਰੀ ਵਿੱਚ ਅਹੁਦੇ ਸੰਭਾਲੇ ਗਏ।ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਤੇ ਆਮ ਆਦਮੀ ਪਾਰਟੀ ਦੀ ਜ਼ਿਲ੍ਹਾ ਪ੍ਰਧਾਨ ਸ੍ਰੀਮਤੀ ਪ੍ਰਭਜੋਤ ਕੌਰ ਨੇ ਦੋਵਾਂ ਦਾ ਮੂੰਹ ਮਿੱਠਾ ਕਰਵਾਇਆ, ਸਿਰੋਪਾਓ ਭੇਟ ਕੀਤੇ ਅਤੇ ਰਸਮੀ ਤੌਰ 'ਤੇ ਉਨ੍ਹਾਂ ਨੂੰ ਕੁਰਸੀ 'ਤੇ ਬਿਠਾਇਆ। ਸਮਾਗਮ ਦੌਰਾਨ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਜ਼ੀਰਕਪੁਰ ਅਤੇ ਲਾਲੜੂ ਤੋਂ ਬਾਅਦ ਹੁਣ ਡੇਰਾਬੱਸੀ ਵਿੱਚ ਵੀ ਨਗਰ ਕੌਂਸਲ ਦੀ ਨਵੀਂ ਟੀਮ ਪੂਰੀ ਤਰ੍ਹਾਂ ਸਰਗਰਮ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪੂਰੀ ਟੀਮ ਇਕਜੁੱਟ ਹੋ ਕੇ ਲੋਕਾਂ ਦੀ ਭਲਾਈ ਲਈ ਕੰਮ ਕਰੇਗੀ ਅਤੇ ਸ਼ਹਿਰ ਦੇ ਵਿਕਾਸ ਨਾਲ ਸਬੰਧਤ ਕਿਸੇ ਵੀ ਵਿਅਕਤੀ ਦਾ ਕੰਮ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੇ ਸਾਰੇ ਐਮ.ਸੀ. ਅਤੇ ਅਹੁਦੇਦਾਰ ਲੋਕਾਂ ਦੀ ਸੇਵਾ ਲਈ ਹਰ ਸਮੇਂ ਤਿਆਰ ਹਨ। ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਆਸ਼ੂ ਉਪਨੇਜਾ ਨੇ ਕਿਹਾ ਕਿ ਸ਼ਹਿਰ ਵਾਸੀਆਂ ਅਤੇ ਪਾਰਟੀ ਲੀਡਰਸ਼ਿਪ ਨੇ ਉਨ੍ਹਾਂ 'ਤੇ ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਦਾ ਯਤਨ ਕਰਨਗੇ। ਸੀਨੀਅਰ ਵਾਈਸ ਪ੍ਰਧਾਨ ਦਵਿੰਦਰ ਸੈਣੀ ਨੇ ਵੀ ਭਰੋਸਾ ਦਿੱਤਾ ਕਿ ਉਹ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਪ੍ਰਧਾਨ ਅਤੇ ਸਮੁੱਚੀ ਟੀਮ ਨਾਲ ਮਿਲ ਕੇ ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਢੰਗ ਨਾਲ ਕੰਮ ਕਰਨਗੇ।

# 'ਫੁੱਟਬਾਲ ਪਲੇਅਰਜ਼ ਸੁਸਾਇਟੀ ਨਵੀਂ ਪੀੜ੍ਹੀ ਦੇ ਰੌਸ਼ਨ ਭਵਿੱਖ ਲਈ ਵਚਨਬੱਧ'

**ਮਾਹਿਲਪੁਰ (ਸ.ਫਰੀ)**

ਫੁੱਟਬਾਲ ਦੀ ਨਰਸਰੀ ਵਜੋਂ ਪਹਿਚਾਣ ਸਥਾਪਿਤ ਇਲਾਕਾ ਮਾਹਿਲਪੁਰ ਦੇ ਪੁਰਾਣੇ ਨਾਮੀ ਫੁੱਟਬਾਲਰਾਂ ਵਲੋਂ ਨਵੀਂ ਪੀੜ੍ਹੀ ਦੇ ਖਿਡਾਰੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਪ੍ਰਤੀ ਆਪਣੀਂ ਵਚਨਬੱਧਤਾ ਨਿਭਾਉਣ ਤੇ ਉੱਭਰਦੇ ਲੋੜਵੰਦ ਖਿਡਾਰੀਆਂ ਦੀ ਹਰ ਤਰ੍ਹਾਂ ਦੀ ਸੰਭਵ ਮੱਦਦ ਕਰਨ ਦਾ ਭਰੋਸਾ ਦਿਵਾਇਆ ਤਾਂ ਜੋ ਇਲਾਕੇ ਚੋਂ ਮੁੜ ਸੰਸਾਰ ਪੱਧਰ ਦੇ ਸਵ: ਸਰਦਾਰ ਜਰਨੈਲ ਸਿੰਘ ਓਲੰਪੀਅਨ,ਅਰਜਨਾ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ ਵਰਗੇ ਖਿਡਾਰੀ ਪੈਦਾ ਕੀਤੇ ਜਾ ਸਕਣ ਜੋ ਦੇਸ਼ ਤੇ ਸੂਬੇ ਦਾ ਨਾਂਅ ਰੌਸ਼ਨ ਕਰਨ ਦੇ ਕਾਬਿਲ ਬਣ ਸਕਣ।ਸੁਸਾਇਟੀ ਦੀ ਮਹੀਨਾਵਾਰ ਮੀਟਿੰਗ ਤਕਦੀਰ ਸਿੰਘ ਭਾਰਟਾ,ਕੋਚ ਰਾਜਿੰਦਰ ਸ਼ਰਮਾ ਤੇ ਦਰਸ਼ਨ ਸਿੰਘ ਮਜਾਰਾ ਡੀਂਗਰੀਆਂ ਦੀ ਯੋਗ ਰਹਿਨੁਮਾਈ ਹੇਠ ਹੋਈਜਿਸ ਵਿੱਚ ਕੋਚ ਬੰਧਨ ਸਿੰਘ,ਦਲਜੀਤ ਸਿੰਘ ਬਿੱਟੂ ਤੇ ਸਰਦਾਰ ਸੁਰਿੰਦਰਪਾਲ ਸਿੰਘ ਲਿੱਧੜ ਨੇ ਸੁਸਾਇਟੀ ਦੇ ਕੰਮ ਨੂੰ ਨਿਰੰਤਰ ਜਾਰੀ ਰੱਖਣ ਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਆਪਣੇ ਨਿੱਜੀ ਖੇਡ ਤਜਰਬਿਆਂ ਚੋਂ ਵਡਮੁੱਲੇ ਸੁਝਾਅ ਦਿੱਤੇ।ਮੀਟਿੰਗ ਵਿੱਚ ਪਹੁੰਚੇ ਸਾਰੇ ਮੈਂਬਰਾਂ ਨੇ ਖੇਡਾਂ ਦੇ ਖੇਤਰ ਤੇ ਲਗਾਤਾਰ ਆ ਰਹੇ ਨਿਘਾਰ ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਇਸ ਨੂੰ ਰੋਕ ਲਾਉਣ ਤੇ ਸੁਧਾਰ ਕਰਨ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਣ ਤੇ ਸੁਸਾਇਟੀ ਵਲੋਂ ਲਾਈ ਡਿਊਟੀ ਨਿਭਾਉਣ ਦਾ ਭਰੋਸਾ ਦਿਵਾਇਆ।ਇਸ ਮੌਕੇ ਯਸ਼ਪਾਲ ਜੱਸੀ, ਮਦਨ ਲਾਲ ਮੱਦੋ, ਸੰਦੀਪ ਸੈਣੀ, ਜਸਵੀਰ ਸਿੰਘ ਭਾਰਟਾ, ਕੁਲਦੀਪ ਰਾਏ, ਨਰਿੰਦਰ ਸਿੰਘ ਜਿਆਣ, ਕੁਲਦੀਪ ਸਿੰਘ ਢਾਡਾ, ਜਸਵੀਰ ਕੈਂਡੋਵਾਲ, ਪਰਵੀਨ ਕੁਮਾਰ, ਬਲਵੀਰ ਸਿੰਘ, ਸੰਦੀਪ ਕੈਂਡੋਵਾਲ, ਮਨਜਿੰਦਰ ਸਿੰਘ, ਸੁਖਦੇਵ ਸੰਘਾ, ਗੁਰਤੇਜ ਸਿੰਘ ਸਾਬੀ, ਸਰਬਜੀਤ ਚੰਦੇਲੀ, ਸਤਨਾਮ ਸਿੰਘ ਸੱਤੀ, ਰਾਮਪਾਲ, ਦਲਜੀਤ ਬਘੌਰਾ, ਪਰਮਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੀਟਿੰਗ ਵਿੱਚ ਪਹੁੰਚ ਕੇ ਤੇ ਵਿਦੇਸ਼ੀ ਵਸਦੇ ਸ਼ੁੱਭਚਿੰਤਕਾਂ ਨੇ ਆਨਲਾਈਨ ਸੁਝਾਅ ਦਿੱਤੇ ਤੇ ਆਪਣੀ ਹਾਜ਼ਰੀ ਲਵਾਈ।



# ਸੁਤੰਤਰਤਾ ਦਿਵਸ ਸਮਾਰੋਹ ਮਨਾਉਣ ਸੰਬੰਧੀ ਮੀਟਿੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸੁਤੰਤਰਤਾ ਦਿਵਸ ਸਮਾਰੋਹ 15 ਅਗਸਤ ਨੂੰ ਉਪ ਮੰਡਲ ਪੱਧਰ ਸ੍ਰੀ ਅਨੰਦਪੁਰ ਸਾਹਿਬ ਦੇ ਚਰਨ ਗੰਗਾ ਸਟੇਡੀਅਮ ਵਿਖੇ ਮਨਾਇਆ ਜਾ ਰਿਹਾ ਹੈ। 30 ਜੁਲਾਈ ਨੂੰ ਸਵੇਰੇ 9 ਵਜੇ ਆਈਟਮਾਂ ਦੀ ਚੋਣ ਕੀਤੀ ਜਾਵੇਗੀ, 11 ਤੇ 12 ਅਗਸਤ ਨੂੰ ਰਿਹਰਸਲ ਅਤੇ 13 ਅਗਸਤ ਨੂੰ ਫੁੱਲ ਡਰੈਸ ਰਿਹਰਸਲ ਕਰਵਾਈ ਜਾਵੇਗੀ।ਇਹ ਪ੍ਰਗਟਾਵਾ ਅੱਜ ਸੁਖਪਾਲ ਸਿੰਘ ਐਸ.ਡੀ.ਐਮ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਦਫਤਰ ਦੇ ਮੀਟਿੰਗ ਹਾਲ ਵਿਚ ਸੁਤੰਤਰਤਾ ਦਿਵਸ ਮਨਾਉਣ ਸਬੰਧੀ ਹੋਈ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਅਜ਼ਾਦੀ ਦਿਵਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਮਨਾਏ ਜਾਣ ਵਾਲੇ ਆਜਾਦੀ ਦਿਵਸ ਸਮਾਰੋਹ ਮੌਕੇ ਸਕੂਲਾ ਤੇ ਕਾਲਜਾ ਦੇ ਵਿਦਿਆਰਥੀਆ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦੇਣਗੇ, ਪਰੇਡ, ਪੀ.ਟੀ.ਸ਼ੋਅ ਸਮਾਰੋਹ ਦੇ ਮੁੱਖ ਆਕਰਸ਼ਣ ਹੋਣਗੇ। ਉਨ੍ਹਾਂ ਨੇ ਕਿਹਾ ਕਿ ਆਜਾਦੀ ਦਿਹਾੜੇ ਦੇ ਸਮਾਰੋਹ ਸਾਡੇ ਦੇਸ਼ ਵਿੱਚ ਇੱਕ ਸਮੇਂ ਹਰ ਖੇਤਰ ਵਿੱਚ ਮਨਾਏ ਜਾਣ ਵਾਲੇ ਸਮਾਰੋਹ ਹਨ, ਜੋ ਸਾਨੂੰ ਦੇਸ਼ ਭਗਤੀ ਦੀ ਭਾਵਨਾ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਸਮਾਰੋਹ ਵਾਲੇ ਸਥਾਨ ਤੇ ਸਾਰੀਆਂ ਤਿਆਰੀਆਂ ਢੁਕਵੇ ਢੰਗ ਨਾਲ ਕੀਤੀਆਂ ਜਾਣ। ਇਸ ਮੌਕੇ ਅਜ਼ਾਦੀ ਦਿਵਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਜਸ਼ਨਦੀਪ ਸਿੰਘ ਡੀ.ਐਸ.ਪੀ ਨੇ ਦੱਸਿਆ ਕਿ ਉਪ ਮੰਡਲ ਦੇ ਅਜਾਦੀ ਦਿਵਸ ਸਮਾਰੋਹ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਮਨਾਇਆ ਜਾਵੇਗਾ, ਜਿੱਥੇ ਪਹੁੰਚਣ ਵਾਲੇ ਵਿਦਿਆਰਥੀਆਂ, ਦਰਸ਼ਕਾਂ ਤੇ ਪਤਵੰਤੇ ਸ਼ਹਿਰ ਵਾਸੀਆਂ ਲਈ ਸੁਚਾਰੂ ਟ੍ਰੈਫਿਕ ਤੇ ਸਮਾਰੋਹ ਵਾਲੇ ਸਥਾਨ ਤੇ ਵਿਸ਼ੇਸ ਸੁਰੱਖਿਆ ਪ੍ਰਬੰਧ ਹੋਣਗੇ।ਇਸ ਮੌਕੇ ਤਹਿਸੀਲਦਾਰ ਸੰਦੀਪ ਕੁਮਾਰ, ਇਸ਼ਾਨ ਚੋਧਰੀ ਬੀ ਡੀ ਪ ਓਿ, ਭਾਵਨਾ ਦੀਵਾਨ ਐਸ ਡੀ ਓ, ਸੰਜੀਵ ਕੁਮਾਰ ਬੀ ਪੀ ਈ ਓ, ਰਣਜੀਤ ਸਿੰਘ ਐਨ ਸੀ ਸੀ ਅਫਸਰ, ਹਰਵਿੰਦਰ ਕੁਮਾਰ, ਸਤੀਸ਼ ਕੁਮਾਰ, ਸੀਮਾ ਜੱਸਲ, ਭਾਰਤ ਭੂਸ਼ਣ ਬਾਗਬਾਨੀ ਅਫਸਰ, ਇੰਦਰਪਾਲ ਸਿੰਘ ਬੀ ਪੀ ਈ ਓ, ਰਾਜਵਿੰਦਰ ਸਿੰਘ ਇੰਸਟਰਕਟਰ, ਸਿਮਰਨਪਾਲ ਸਿੰਘ, ਕੁਲਜੀਤ ਸਿੰਘ, ਗੁਰਦੀਪ ਕੌਰ, ਜਸਵਿੰਦਰ ਕੌਰ, ਜਸਵਿੰਦਰ ਕੌਰ, ਡਾ.ਅਮਰਿੰਦਰ ਸਿੰਘ, ਅਮਰੀਕ ਸਿੰਘ, ਬਲਜਿੰਦਰ ਸਿੰਘ ਤੇ ਵੱਡੀ ਗਿਣਤੀ ਵਿਚ ਅਧਿਕਾਰੀ ਹਾਜ਼ਰ ਸਨ।



# ਐੱਲ ਪੀ ਯੂ 'ਚ ਡਿਸਟੈਂਸ ਤੇ ਆਨਲਾਈਨ ਸਿੱਖਿਆ ਪ੍ਰੋਗਰਾਮਾਂ ਲਈ ਦਾਖਲੇ ਸ਼ੁਰੂ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਅਗਸਤ 2026 ਸੈਸ਼ਨ ਲਈ ਆਪਣੇ ਯੂ ਜੀ ਸੀ-ਪ੍ਰਵਾਨਿਤ ਡਿਸਟੈਂਸ ਅਤੇ ਔਨਲਾਈਨ ਸਿੱਖਿਆ ਪ੍ਰੋਗਰਾਮਾਂ ਲਈ ਦਾਖਲੇ ਖੋਲ੍ਹ ਦਿੱਤੇ ਹਨ। ਨਵੀਨਤਮ ਅਕਾਦਮਿਕ ਸੁਧਾਰਾਂ ਦੇ ਨਾਲ, ਯੂਨੀਵਰਸਿਟੀ ਦਾ ਉਦੇਸ਼ ਦੇਸ਼ ਭਰ ਦੇ ਵਿਦਿਆਰਥੀਆਂ ਅਤੇ ਕੰਮ ਕਰਨ ਵਾਲੇ ਪੇਸ਼ੇਵਰਾਂ ਨੂੰ ਲਚਕਦਾਰ, ਉਦਯੋਗ-ਅਨੁਕੂਲ ਸਿੱਖਿਆ ਪ੍ਰਦਾਨ ਕਰਨਾ ਹੈ। ਐਲ ਪੀ ਯੂ ਦਾ ਸੈਂਟਰ ਫਾਰ ਡਿਸਟੈਂਸ ਐਂਡ ਔਨਲਾਈਨ ਸਿੱਖਿਆ ਪ੍ਰਬੰਧਨ, ਕੰਪਿਊਟਰ ਐਪਲੀਕੇਸ਼ਨ, ਸੂਚਨਾ ਤਕਨਾਲੋਜੀ, ਵਣਜ, ਵਿਗਿਆਨ, ਕਲਾ, ਅਤੇ ਲਾਇਬ੍ਰੇਰੀ ਅਤੇ ਸੂਚਨਾ ਵਿਗਿਆਨ ਵਰਗੇ ਵਿਸ਼ਿਆਂ ਵਿੱਚ ਪ੍ਰੋਗਰਾਮਾਂ ਦਾ ਇੱਕ ਵਿਸ਼ਾਲ ਪੋਰਟਫੋਲੀਓ ਪੇਸ਼ ਕਰਦਾ ਹੈ। ਇਹ ਪ੍ਰੋਗਰਾਮ ਪੋਸਟ ਗ੍ਰੈਜੂਏਟ, ਅੰਡਰਗ੍ਰੈਜੂਏਟ ਅਤੇ ਡਿਪਲੋਮਾ ਪੱਧਰਾਂ 'ਤੇ ਵਿਦਿਆਰਥੀਆਂ ਦੀਆਂ ਬਦਲਦੀਆਂ ਅਕਾਦਮਿਕ ਉਮੀਦਾਂ ਤੇ ਪੇਸ਼ੇਵਰ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤੇ ਗਏ ਹਨ। ਡਿਸਟੈਂਸ ਸਿੱਖਿਆ ਮੋਡ ਦੇ ਤਹਿਤ, ਵਿਦਿਆਰਥੀ ਮੈਨੇਜਮੈਂਟ ਅਤੇ ਕਾਮਰਸ ਵਿੱਚ ਐਮ ਬੀ ਏ, ਬੀ ਬੀ ਏ, ਏਮ.ਕਾਮ, ਬੀ.ਕਾਮ, ਅਤੇ ਡੀ ਬੀ ਏ ਵਰਗੇ ਪ੍ਰੋਗਰਾਮਾਂ ਨੂੰ ਅੱਗੇ ਵਧਾ ਸਕਦੇ ਹਨ। ਕੰਪਿਊਟਰ ਐਪਲੀਕੇਸ਼ਨ ਅਤੇ ਸੂਚਨਾ ਤਕਨਾਲੋਜੀ ਦੇ ਖੇਤਰ ਵਿੱਚ, ਯੂਨੀਵਰਸਿਟੀ ਐਮਸੀਏ, ਐਮ.ਐਸਸੀ. ਆਈਟੀ, ਬੀਸੀਏ, ਬੀ.ਐਸਸੀ. ਆਈਟੀ, ਅਤੇ ਡੀਸੀਏ ਦੀ ਪੇਸ਼ਕਸ਼ ਕਰਦੀ ਹੈ। ਕਲਾ ਅਤੇ ਲਾਇਬ੍ਰੇਰੀ ਵਿਗਿਆਨ ਵਿੱਚ ਦਿਲਚਸਪੀ ਰੱਖਣ ਵਾਲੇ ਵਿਦਿਆਰਥੀ ਸਿੱਖਿਆ, ਅੰਗਰੇਜ਼ੀ, ਹਿੰਦੀ, ਇਤਿਹਾਸ, ਰਾਜਨੀਤੀ ਸ਼ਾਸਤਰ, ਪੰਜਾਬੀ ਅਤੇ ਸਮਾਜ ਸ਼ਾਸਤਰ ਦੇ ਕਈ ਤਰ੍ਹਾਂ ਦੇ ਐਮ.ਏ. ਪ੍ਰੋਗਰਾਮਾਂ ਦੇ ਨਾਲ-ਨਾਲ ਬੀ.ਏ., ਐਮ.ਐਲ.ਆਈ.ਐਸ., ਬੀ.ਐਲ.ਆਈ.ਐਸ., ਅਤੇ ਡੀ.ਐਲ.ਆਈ.ਐਸ. ਪ੍ਰੋਗਰਾਮਾਂ ਵਿੱਚੋਂ ਚੋਣ ਕਰ ਸਕਦੇ ਹਨ। ਔਨਲਾਈਨ ਸਿੱਖਿਆ ਮੋਡ ਐਮ.ਬੀ.ਏ., ਐਮ.ਐਸ.ਸੀ. (ਗਣਿਤ), ਐਮ.ਐਸ.ਸੀ. (ਅਰਥਸ਼ਾਸਤਰ), ਐਮ.ਕਾਮ., ਐਮ.ਏ. (ਅੰਗਰੇਜ਼ੀ, ਇਤਿਹਾਸ, ਸਮਾਜ ਸ਼ਾਸਤਰ, ਅਤੇ ਰਾਜਨੀਤੀ ਵਿਗਿਆਨ), ਬੀਬੀਏ, ਬੀ.ਸੀ.ਏ., ਬੀ.ਏ., ਡੀ.ਬੀ.ਏ., ਅਤੇ ਡੀ.ਸੀ.ਏ. ਵਰਗੇ ਪ੍ਰੋਗਰਾਮਾਂ ਰਾਹੀਂ ਇੱਕ ਲਚਕਦਾਰ ਅਤੇ ਤਕਨਾਲੋਜੀ-ਅਧਾਰਤ ਸਿੱਖਣ ਦਾ ਅਨੁਭਵ ਪ੍ਰਦਾਨ ਕਰਦਾ ਹੈ। ਐਲਪੀਯੂ ਦੀਆਂ ਦੂਰੀ ਅਤੇ ਔਨਲਾਈਨ ਪੇਸ਼ਕਸ਼ਾਂ ਦੀ ਇੱਕ ਵਿਲੱਖਣ ਵਿਸ਼ੇਸ਼ਤਾ ਉਦਯੋਗ-ਕੇਂਦ੍ਰਿਤ ਵਿਸ਼ੇਸ਼ਤਾਵਾਂ ਅਤੇ ਚੋਣਵੇਂ ਵਿਸ਼ਿਆਂ ਦੀ ਵਿਸ਼ਾਲ ਸ਼੍ਰੇਣੀ ਹੈ। ਐਮ.ਬੀ.ਏ ਪ੍ਰੋਗਰਾਮ 12 ਉੱਭਰ ਰਹੇ ਡੋਮੇਨਾਂ ਵਿੱਚ ਸਿੰਗਲ ਅਤੇ ਡੁਅਲ ਸਪੈਸ਼ਲਾਈਜ਼ੇਸ਼ਨ ਫਾਰਮੈਟਾਂ ਵਿੱਚ ਉਪਲਬਧ ਹੈ, ਜਿਸ ਵਿੱਚ ਮਨੁੱਖੀ ਸਰੋਤ ਪ੍ਰਬੰਧਨ, ਵਿੱਤ, ਮਾਰਕੀਟਿੰਗ, ਡੇਟਾ ਸਾਇੰਸ, ਸੰਚਾਲਨ ਪ੍ਰਬੰਧਨ, ਅੰਤਰਰਾਸ਼ਟਰੀ ਵਪਾਰ, ਸੂਚਨਾ ਤਕਨਾਲੋਜੀ, ਡਿਜੀਟਲ ਮਾਰਕੀਟਿੰਗ, ਵਪਾਰ ਵਿਸ਼ਲੇਸ਼ਣ, ਲੌਜਿਸਟਿਕਸ ਅਤੇ ਸਪਲਾਈ ਚੇਨ ਪ੍ਰਬੰਧਨ, ਹਸਪਤਾਲ ਅਤੇ ਸਿਹਤ ਸੰਭਾਲ ਪ੍ਰਬੰਧਨ, ਅਤੇ ਬੈਂਕਿੰਗ ਅਤੇ ਵਿੱਤੀ ਸੇਵਾਵਾਂ ਸ਼ਾਮਲ ਹਨ। ਇਸੇ ਤਰ੍ਹਾਂ, ਐਮ ਸੀ ਏ ਪ੍ਰੋਗਰਾਮ ਸਿਖਿਆਰਥੀਆਂ ਨੂੰ ਮਸ਼ੀਨ ਲਰਨਿੰਗ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ, ਡੇਟਾ ਸਾਇੰਸ, ਸਾਈਬਰ ਸੁਰੱਖਿਆ, ਫੁੱਲ ਸਟੈਕ ਵੈੱਬ ਡਿਵੈਲਪਮੈਂਟ, ਅਤੇ ਏਆਰ ਅਤੇ ਬੀਆਰ (ਗੇਮ ਡਿਵੈਲਪਮੈਂਟ) ਵਰਗੇ ਉੱਨਤ ਮੁਹਾਰਤ ਵਿਕਲਪਾਂ ਰਾਹੀਂ ਭਵਿੱਖ ਲਈ ਤਿਆਰ ਤਕਨੀਕੀ ਹੁਨਰਾਂ ਨਾਲ ਲੈਸ ਕਰਦਾ ਹੈ, ਜੋ ਗ੍ਰੈਜੂਏਟਾਂ ਨੂੰ ਤੇਜ਼ੀ ਨਾਲ ਬਦਲਦੀ ਡਿਜੀਟਲ ਅਰਥਵਿਵਸਥਾ ਵਿੱਚ ਮੌਕਿਆਂ ਲਈ ਤਿਆਰ ਕਰਦਾ ਹੈ।



# ਡਾ. ਹਰਸਿਮਰਤ ਸਾਹੀ 'ਗਗਨ ਜੀ ਕਾ ਟਿੱਲਾ' ਵਿਖੇ ਨਤਮਸਤਕ



**ਦਸੂਹਾ (ਕਰਨੈਲ ਮਾਂਗਟ)**-ਦਸੂਹਾ ਤੋਂ ਲਗਭਗ 20 ਕਿਲੋਮੀਟਰ ਦੂਰ ਕੰਢੀ ਸ਼ਿਵਾਲਿਕ ਪਹਾੜੀਆਂ ਵਿੱਚ ਸਥਿਤ ਪ੍ਰਾਚੀਨ ਸ਼ਿਵ ਧਾਮ "ਗਗਨ ਜੀ ਕਾ ਟਿੱਲਾ"ਧਾਰਮਿਕ ਆਸਥਾ ਅਤੇ ਇਤਿਹਾਸਕ ਮਹੱਤਵ ਦਾ ਪ੍ਰਤੀਕ ਹੈ। ਨਗਰ ਕੌਂਸਲ ਦਸੂਹਾ ਦੇ ਸਾਬਕਾ ਪ੍ਰਧਾਨ ਅਤੇ ਭਾਜਪਾ ਦੇ ਸੀਨੀਅਰ ਆਗੂ ਡਾ. ਹਰਸਿਮਰਤ ਸਾਹੀ (ਸੰਨੀ ਸਾਹੀ) ਆਪਣੇ ਸਾਥੀਆਂ ਸਮੇਤ "ਗਗਨ ਜੀ ਕਾ ਟਿੱਲਾ"ਵਿਖੇ ਨਤਮਸਤਕ ਹੋਏ। ਉਨ੍ਹਾਂ ਭਗਵਾਨ ਸ਼ਿਵ ਦੀ ਪੂਜਾ-ਅਰਚਨਾ ਕੀਤੀ, ਪ੍ਰਸਾਦ ਗ੍ਰਹਿਣ ਕੀਤਾ ਅਤੇ ਇਲਾਕੇ ਦੀ ਖੁਸ਼ਹਾਲੀ, ਅਮਨ-ਸ਼ਾਂਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ "ਗਗਨ ਜੀ ਕਾ ਟਿੱਲਾ"ਦੀ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਡਾ. ਹਰਸਿਮਰਤ ਸਾਹੀ (ਸੰਨੀ ਸਾਹੀ) ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਪੰਕਜ ਰੱਤੀ, ਮੁਕੇਸ਼ ਰੰਜਨ, ਪਵਨ ਕੁਮਾਰ (ਪੰਮਾ ਸੁਨਿਆਰਾ), ਦਵਿੰਦਰ ਕੁਮਾਰ ਰੋਜ਼ੀ, ਸੰਜੀਵ ਕੁਮਾਰ, ਸਾਬਕਾ ਸਰਪੰਚ ਸੁਰਜੀਤ ਸਿੰਘ, ਸੁਨੀਲ ਠਾਕੁਰ, ਦਿਲਾਵਰ ਸਿੰਘ, ਸੰਨੀ ਬਲੱਗਣ, ਕਰਨਪਾਲ ਸਿੰਘ ਗੋਲਡੀ, ਅਮਰਜੀਤ ਸਿੰਘ ਗੋਲਡੀ, ਜਤਿੰਦਰ ਹੈਪੀ, ਸੰਸਾਰ ਸਿੰਘ, ਵਿਜੇ ਬਾਵਾ, ਰਸ਼ਪਾਲ ਸਿੰਘ ਅਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਲਈ ਕੀਤਾ ਪ੍ਰੇਰਿਤ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪਿੰਡ ਕੋਹਰ ਸਿੰਘ ਵਾਲਾ ਵਿਖੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਵਿਸ਼ੇਸ਼ ਪ੍ਰੋਗਰਾਮ ਕਰਾਇਆ ਗਿਆ।ਸਾਬਕਾ ਸਰਪੰਚ ਮਨਪ੍ਰੀਤ ਸਿੰਘ ਸੰਧੂ ਕੋਹਰ ਸਿੰਘ ਵਾਲਾ ਨੇ ਸਕੂਲ ਕੈਂਪਸ ਵਿੱਚ ਪੌਦਾ ਲਾ ਕੇ ਤੇ ਵਿਦਿਆਰਥੀਆਂ ਨੂੰ ਬੂਟੇ ਵੰਡ ਕੇ ਰੁੱਖ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ।ਸਮਾਗਮ ਦੌਰਾਨ ਸਕੂਲ ਦੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਧਰਤੀ 'ਤੇ ਜੀਵਨ ਦੀ ਹੋਂਦ ਨੂੰ ਕਾਇਮ ਰੱਖਣ ਵਿੱਚ ਰੁੱਖਾਂ ਦੀ ਅਹਿਮ ਭੂਮਿਕਾ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਉਨ੍ਹਾਂ ਦੀ ਸੰਭਾਲ ਕਰਨ ਤੇ ਸੁਰੱਖਿਆ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਸਾਫ਼-ਸੁਥਰਾ ਤੇ ਹਰਿਆ-ਭਰਿਆ ਵਾਤਾਵਰਣ ਸਿਰਜਣ ਲਈ ਸਮੂਹਿਕ ਤੌਰ 'ਤੇ ਕੰਮ ਕਰਨ ਅਤੇ ਵਾਤਾਵਰਣ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਦੇਸ਼ ਦਿੱਤਾ ਗਿਆ।

## ਵਿਦਿਆਰਥੀਆਂ ਨੇ ਕੀਤਾ ਸੈਂਟਰ ਯੂਨੀਵਰਸਿਟੀ ਆਫ਼ ਪੰਜਾਬ ਦਾ ਦੌਰਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਦੇ ਵਿਦਿਆਰਥੀਆਂ ਨੇ ਵਿੱਦਿਅਕ ਦੌਰੇ ਤਹਿਤ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ ਦਾ ਦੌਰਾ ਕੀਤਾ।ਯੂਨੀਵਰਸਿਟੀ ਕੈਂਪਸ ਵਿੱਚ ਵਿਦਿਆਰਥੀਆਂ ਨੇ ਆਧੁਨਿਕ ਪ੍ਰਯੋਗਸ਼ਾਲਾਵਾਂ (ਲੈਬਾਂ), ਸਮਾਰਟ ਕਲਾਸਰੂਮਾਂ, ਕੇਂਦਰੀ ਲਾਇਬ੍ਰੇਰੀ, ਖੋਜ ਕੇਂਦਰਾਂ ਅਤੇ ਵੱਖ-ਵੱਖ ਅਕਾਦਮਿਕ ਵਿਭਾਗਾਂ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਯੂਨੀਵਰਸਿਟੀ ਦੇ ਅਧਿਆਪਕਾਂ ਅਤੇ ਮਾਹਰਾਂ ਨਾਲ ਗੱਲਬਾਤ ਕਰਕੇ ਵੱਖ-ਵੱਖ ਕੋਰਸਾਂ, ਖੋਜ ਪ੍ਰੋਜੈਕਟਾਂ, ਨਵੀਆਂ ਤਕਨਾਲੋਜੀਆਂ, ਵਜ਼ੀਫ਼ਿਆਂ ਤੇ ਉੱਚ ਸਿੱਖਿਆ ਦੀਆਂ ਸੰਭਾਵਨਾਵਾਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।ਦੌਰੇ ਨੇ ਵਿਦਿਆਰਥੀਆਂ ਨੂੰ ਇਹ ਸਮਝਣ ਦਾ ਮੌਕਾ ਦਿੱਤਾ ਕਿ ਸਕੂਲੀ ਸਿੱਖਿਆ ਕਿਸ ਤਰ੍ਹਾਂ ਉੱਚ ਸਿੱਖਿਆ ਦੇ ਰਾਹੀਂ ਵਿਗਿਆਨ, ਤਕਨਾਲੋਜੀ, ਪ੍ਰਬੰਧਨ (ਮੈਨੇਜਮੈਂਟ), ਸਮਾਜਿਕ ਵਿਗਿਆਨ ਤੇ ਹੋਰ ਖੇਤਰਾਂ ਵਿੱਚ ਨਵੇਂ ਮੌਕਿਆਂ ਦਾ ਰਾਹ ਪੱਧਰਾ ਕਰਦੀ ਹੈ।ਯੂਨੀਵਰਸਿਟੀ ਦੇ ਪ੍ਰੇਰਨਾਦਾਇਕ ਮਾਹੌਲ ਨੇ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਵਿਗਿਆਨਕ ਸੋਚ ਤੇ ਵੱਡੇ ਸੁਫ਼ਨੇ ਦੇਖਣ ਦੀ ਪ੍ਰੇਰਨਾ ਜਗਾਈ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਨੇ ਕਿਹਾ, 'ਵਿੱਦਿਅਕ ਦੌਰੇ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਸਿੱਖਿਆ, ਉੱਚ ਸਿੱਖਿਆ ਦੇ ਮੌਕਿਆਂ ਅਤੇ ਨਵੀਨਤਾ ਨਾਲ ਜੋੜ ਕੇ ਉਨ੍ਹਾਂ ਦੇ ਗਿਆਨ, ਹੁਨਰ ਅਤੇ ਆਤਮ-ਵਿਸ਼ਵਾਸ ਦਾ ਵਿਕਾਸ ਕਰਦੇ ਹਨ।'

## ਜੀ ਐੱਚ ਜੀ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਵੇਰਕਾ ਮਿਲਕ ਪਲਾਂਟ ਦਾ ਦੌਰਾ



ਜਗਰਾਉਂ (ਅਮਿਤ ਖੰਨਾ)-ਵਿਦਿਆਰਥੀਆਂ ਨੂੰ ਕਲਾਸਰੂਮ ਤੋਂ ਇਲਾਵਾ ਵਿਹਾਰਕ ਸਿੱਖਣ ਦੇ ਤਜਰਬੇ ਪ੍ਰਦਾਨ ਕਰਨ ਲਈ ਜੀਐੱਚਜੀ ਅਕੈਡਮੀ ਜਗਰਾਉਂ ਨੇ ਵੇਰਕਾ ਮਿਲਕ ਪਲਾਂਟ ਦਾ ਇੱਕ ਵਿੱਦਿਅਕ ਦੌਰਾ ਕੀਤਾ।ਇਸ ਦੌਰੇ ਨੇ ਵਿਦਿਆਰਥੀਆਂ ਨੂੰ ਦੁੱਧ ਦੇ ਸੰਗ੍ਰਹਿ ਤੋਂ ਪ੍ਰੋਸੈਸਿੰਗ, ਪੈਕੇਜਿੰਗ, ਗੁਣਵੱਤਾ ਜਾਂਚ ਤੇ ਵੰਡ ਤੱਕ ਦੇ ਸਫ਼ਰ ਬਾਰੇ ਕੀਮਤੀ ਜਾਣਕਾਰੀ ਪ੍ਰਦਾਨ ਕੀਤੀ।ਫੇਰੀ ਦੌਰਾਨ, ਵਿਦਿਆਰਥੀਆਂ ਨੇ ਡੇਅਰੀ ਉਤਪਾਦਨ ਵਿੱਚ ਵਰਤੀ ਜਾਣ ਵਾਲੀ ਉੱਨਤ ਮਸ਼ੀਨਰੀ ਤੇ ਆਧੁਨਿਕ ਤਕਨਾਲੋਜੀ ਦਾ ਨਰੀਖਣ ਕੀਤਾ।ਪਲਾਂਟ ਦੇ ਅਧਿਕਾਰੀਆਂ ਨੇ ਸਫ਼ਾਈ, ਗੁਣਵੱਤਾ ਨਿਯੰਤਰਣ ਤੇ ਭੋਜਨ ਸੁਰੱਖਿਆ ਮਿਆਰਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਦੁੱਧ ਦੀ ਪ੍ਰੋਸੈਸਿੰਗ ਦੇ ਵੱਖ-ਵੱਖ ਪੜਾਵਾਂ ਬਾਰੇ ਦੱਸਿਆ।ਵਿਦਿਆਰਥੀਆਂ ਨੇ ਦੁੱਧ ਦੇ ਪੋਸ਼ਣ ਮੁੱਲ ਤੇ ਕਿਸਾਨਾਂ ਅਤੇ ਆਰਥਿਕਤਾ ਨੂੰ ਸਮਰਥਨ ਦੇਣ ਵਿੱਚ ਡੇਅਰੀ ਉਦਯੋਗ ਦੀ ਭੂਮਿਕਾ ਬਾਰੇ ਵੀ ਸਿੱਖਿਆ।ਵਿਦਿਆਰਥੀਆਂ ਨੂੰ ਕਲਾਸਰੂਮ ਸੰਕਲਪਾਂ ਨੂੰ ਅਸਲ-ਜੀਵਨ ਉਦਯੋਗਿਕ ਅਭਿਆਸਾਂ ਨਾਲ ਜੋੜਨ ਵਿੱਚ ਮਦਦ ਮਿਲੀ।ਉਨ੍ਹਾਂ ਉਤਸ਼ਾਹ ਨਾਲ ਚਰਚਾਵਾਂ ਵਿੱਚ ਹਿੱਸਾ ਲਿਆ, ਸੂਝਵਾਨ ਸਵਾਲ ਪੁੱਛੇ ਤੇ ਡੇਅਰੀ ਪਲਾਂਟ ਦੇ ਯੋਜਨਾਬੱਧ ਕੰਮਕਾਜ ਦੀ ਸ਼ਲਾਘਾ ਕੀਤੀ।ਸਕੂਲ ਪ੍ਰਬੰਧਨ ਗੁਰਮੇਲ ਸਿੰਘ ਮੱਲ੍ਹੀ ਤੇ ਪ੍ਰਿੰਸੀਪਲ ਰਮਨਜੋਤ ਕੌਰ ਗਰੇਵਾਲ ਨੇ ਵੇਰਕਾ ਮਿਲਕ ਪਲਾਂਟ ਅਧਿਕਾਰੀਆਂ ਦਾ ਉਨ੍ਹਾਂ ਦੀ ਨਿੱਘੀ ਮਹਿਮਾਨ ਨਿਵਾਜ਼ੀ ਤੇ ਜਾਣਕਾਰੀ ਭਰਪੂਰ ਮਾਰਗਦਰਸ਼ਨ ਲਈ ਧੰਨਵਾਦ ਕੀਤਾ।

## ਐੱਸ ਐੱਸ ਕਾਲਜ ਆਫ਼ ਐਜੂਕੇਸ਼ਨ ਦਾ ਨਤੀਜਾ ਸ਼ਾਨਦਾਰ



ਭੀਖੀ (ਧਰਮਵੀਰ ਸ਼ਰਮਾ)-ਐੱਸ.ਐੱਸ. ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਈ.ਟੀ.ਟੀ. ਸਾਲ ਦੂਜਾ ਦੇ ਨਤੀਜੇ ਵਿੱਚ ਸ਼ਾਨਦਾਰ ਅੰਕ ਹਾਸਲ ਕਰਕੇ ਸੰਸਥਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਕਰਨੈਲ ਸਿੰਘ ਵੈਰਾਗੀ ਨੇ ਦੱਸਿਆ ਕਿ ਵਿਸ਼ੇਸ਼ ਨੇ 950 ਵਿੱਚੋਂ 849 ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਮਨਿਕਾ ਰਾਣੀ ਨੇ 847 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਸੰਦੀਪ ਕੌਰ ਨੇ 834 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਇਸ ਸਫ਼ਲਤਾ 'ਤੇ ਕਾਲਜ ਪ੍ਰਬੰਧਕੀ ਕਮੇਟੀ ਅਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਮੂਹ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੀ ਯੋਗ ਰਹਿਨੁਮਾਈ ਦਾ ਸਿੱਟਾ ਹੈ।

## ਭਵਾਨੀਗੜ੍ਹ ਨਗਰ ਕੌਂਸਲ ਨੂੰ ਮਿਲੀ ਨਵੀਂ ਅਗਵਾਈ



ਭਵਾਨੀਗੜ੍ਹ (ਰਾਜ ਖੁਰਮੀ)-ਨਗਰ ਕੌਂਸਲ ਦੇ ਨਵੇਂ ਪ੍ਰਧਾਨ ਅਤੇ ਮੀਤ ਪ੍ਰਧਾਨ ਵੱਲੋਂ ਅਹੁਦਾ ਸੰਭਾਲਣ ਮੌਕੇ ਧਾਰਮਿਕ ਤੇ ਸਾਦਗੀ ਭਰਿਆ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਤੇ ਇਲਾਕੇ ਦੀ ਚੜ੍ਹਦੀ ਕਲਾ ਤੇ ਨਗਰ ਦੇ ਸਰਬਪੱਖੀ ਵਿਕਾਸ ਲਈ ਅਰਦਾਸ ਕੀਤੀ ਗਈ।ਇਸ ਉਪਰੰਤ ਹਲਕਾ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਦੀ ਅਗਵਾਈ ਹੇਠ ਕਰਵਾਏ ਗਏ ਸਮਾਗਮ ਦੌਰਾਨ ਇੰਪਰੂਵਮੈਂਟ ਟਰੱਸਟ ਸੰਗਰੂਰ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਮਹਿੰਦਰ ਸਿੰਘ, ਨਗਰ ਕੌਂਸਲ ਦੇ ਸਮੂਹ ਕੌਂਸਲਰ, ਪਾਰਟੀ ਆਗੂਆਂ, ਪੰਚਾਂ, ਸਰਪੰਚਾਂ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਦੀ ਹਾਜ਼ਰੀ ਵਿੱਚ ਅਵਤਾਰ ਸਿੰਘ ਤਾਰੀ ਨੇ ਨਗਰ ਕੌਂਸਲ ਦੇ ਪ੍ਰਧਾਨ ਅਤੇ ਕਰਮਜੀਤ ਕੌਰ ਨੇ ਮੀਤ ਪ੍ਰਧਾਨ ਵਜੋਂ ਆਪਣੇ ਅਹੁਦੇ ਦਾ ਰਸਮੀ ਤੌਰ 'ਤੇ ਚਾਰਜ ਸੰਭਾਲਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਭਵਾਨੀਗੜ੍ਹ ਦੇ ਵਿਕਾਸ ਨਾਲ ਸਬੰਧਤ ਜਿਹੜੇ ਕੰਮ ਕਿਸੇ ਕਾਰਨ ਕਰਕੇ ਰੁਕੇ ਹੋਏ ਸਨ, ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਜਲਦ ਪੂਰਾ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਸਮੱਸਿਆਵਾਂ ਦੇ ਹੱਲ ਲਈ [illegible] ਨਗਰ ਕੌਂਸਲ ਦੇ ਨਵੇਂ ਪ੍ਰਧਾਨ [illegible] ਸ਼ਹਿਰ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦਾ ਪੂਰਾ ਲਾਭ ਮਿਲ ਸਕੇ।

## ਸਕੂਲ ਆਫ਼ ਐਮੀਨੈਂਸ 'ਚ ਤੀਜੀ ਰੁੱਖ ਲਗਾਓ ਮੁਹਿੰਮ ਦਾ ਸਫ਼ਲ ਆਯੋਜਨ



ਜਲਾਲਾਬਾਦ (ਜੋਤ ਕੁਮਾਰ/ਜੰਗੀਰ ਕੌਰ)-ਵਾਤਾਵਰਣ ਸੁਰੱਖਿਆ ਤੇ ਹਰਿਆਲੇ ਭਵਿੱਖ ਦੇ ਸੰਕਲਪ ਨੂੰ ਅੱਗੇ ਵਧਾਉਂਦਿਆਂ ਲਾਇਨਜ਼ ਕਲੱਬ ਜਲਾਲਾਬਾਦ ਗੋਲਡ ਵੱਲੋਂ ਸਕੂਲ ਆਫ਼ ਐਮੀਨੈਂਸ ਜਲਾਲਾਬਾਦ ਵਿਖੇ 'ਰੁੱਖ ਲਗਾਓ ਮੁਹਿੰਮ' ਦਾ ਸਫ਼ਲ ਆਯੋਜਨ ਕੀਤਾ ਗਿਆ। ਸਕੂਲ ਆਫ਼ ਐਮੀਨੈਂਸ ਦੇ ਪ੍ਰਿੰਸੀਪਲ ਸੰਜੇ ਸਿੰਗਲਾ ਦੀ ਹਾਜ਼ਰੀ ਵਿੱਚ ਲਗਭਗ 100 ਫਲਦਾਰ ਪੌਦੇ ਲਾਏ ਗਏ। ਡਿਪਟੀ ਡਿਸਟ੍ਰਿਕਟ ਗਵਰਨਰ ਲਾਇਨ ਹਰਿੰਦਰ ਸਿੰਘ ਕੁੱਕੜ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਵੱਧ ਰਹੀ ਗਲੋਬਲ ਵਾਰਮਿੰਗ ਤੇ ਲਗਾਤਾਰ ਵਧਦੇ ਤਾਪਮਾਨ ਤੋਂ ਬਚਾਅ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਵੱਧ ਤੋਂ ਵੱਧ ਰੁੱਖ ਲਗਾਉਣਾ ਹੈ। ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਨਿਯਮਿਤ ਸੰਭਾਲ ਕਰਨ ਦਾ ਸੰਕਲਪ ਲੈਣਾ ਚਾਹੀਦਾ ਹੈ। [illegible] ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਜੇ ਸਿੰਗਲਾ ਨੇ ਲਾਇਨਜ਼ ਕਲੱਬ ਗੋਲਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕ ਕਰਨ ਲਈ [illegible] ਪ੍ਰੋਗਰਾਮ ਆਯੋਜਿਤ ਕਰਦੇ ਰਹਿਣਗੇ। [illegible] ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਜੇ ਸਿੰਗਲਾ, ਸਮੂਹ ਸਕੂਲ ਸਟਾਫ਼ ਤੇ [illegible] ਨੇ ਕਿਹਾ ਕਿ [illegible] ਰੁੱਖ ਲਗਾਓ ਮੁਹਿੰਮ ਦਾ ਸਫ਼ਲਤਾਪੂਰਵਕ ਸੰਪੰਨ ਹੋਈ।

## ਫ਼ਿਰੋਜ਼ਪੁਰ-ਕੱਚਾ ਜ਼ੀਰਾ ਰੋਡ ਦੀ ਖਸਤਾ ਹਾਲਤ ਸੰਬੰਧੀ ਡੀ ਸੀ ਨੂੰ ਸੌਂਪਿਆ ਮੰਗ ਪੱਤਰ



ਫ਼ਿਰੋਜ਼ਪੁਰ (ਗੁਰਬਚਨ ਸਿੰਘ)-ਫ਼ਿਰੋਜ਼ਪੁਰ ਸ਼ਹਿਰ ਤੋਂ ਕੱਚਾ ਜ਼ੀਰਾ ਰੋਡ (ਆਸਲ ਫਾਟਕ ਤੱਕ) ਦੀ ਬਹੁਤ ਹੀ ਖਸਤਾ ਹਾਲਤ ਨੂੰ ਲੈ ਕੇ ਸਮੂਹ ਅਧਿਆਪਕ ਜਥੇਬੰਦੀਆਂ, ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੇ ਨਾਂਅ ਇੱਕ ਮੰਗ ਪੱਤਰ ਸੁਪਰਡੈਂਟ ਮੈਡਮ ਰਾਜਵਿੰਦਰ ਕੌਰ ਨੂੰ ਸੌਂਪਿਆ ਗਿਆ।ਇਸ ਮੌਕੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਅਧਿਆਪਕ ਆਗੂਆਂ ਨੇ ਕਿਹਾ ਕਿ ਉਕਤ ਸੜਕ ਦੀ ਹਾਲਤ ਦਿਨੋਂ-ਦਿਨ ਬਦਤਰ ਹੁੰਦੀ ਜਾ ਰਹੀ ਹੈ, ਜਿਸ ਕਾਰਨ ਰੋਜ਼ਾਨਾ ਆਵਾਜਾਈ ਕਰਨ ਵਾਲੇ ਹਜ਼ਾਰਾਂ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਹਰ ਵੇਲੇ ਕਿਸੇ ਵੱਡੇ ਹਾਦਸੇ ਦਾ ਖ਼ਤਰਾ ਬਣਿਆ ਹੋਇਆ ਹੈ।ਅਧਿਆਪਕ ਆਗੂਆਂ ਨੇ ਦੱਸਿਆ ਕਿ ਫ਼ਿਰੋਜ਼ਪੁਰ ਸ਼ਹਿਰ ਤੋਂ ਆਸਲ ਪਿੰਡ ਦੇ ਫਾਟਕ ਤੱਕ ਸੜਕ ਦੇ ਕਈ ਹਿੱਸੇ ਪੂਰੀ ਤਰ੍ਹਾਂ ਟੁੱਟ ਚੁੱਕੇ ਹਨ ਤੇ ਥਾਂ-ਥਾਂ ਡੂੰਘੇ ਟੋਏ ਬਣੇ ਹੋਏ ਹਨ।ਬਰਸਾਤ ਦੇ ਦਿਨਾਂ ਵਿੱਚ ਇਨ੍ਹਾਂ ਟੋਇਆਂ ਵਿੱਚ ਪਾਣੀ ਭਰਨ ਕਾਰਨ ਵਾਹਨ ਚਾਲਕਾਂ ਨੂੰ ਸੜਕ ਦੀ ਅਸਲ ਹਾਲਤ ਦਾ ਅੰਦਾਜ਼ਾ ਨਹੀਂ ਲੱਗਦਾ, ਜਿਸ ਕਾਰਨ ਦੁਰਘਟਨਾਵਾਂ ਦਾ ਖ਼ਤਰਾ ਹੋਰ ਵੀ ਵੱਧ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਸ ਸੜਕ ਤੋਂ ਰੋਜ਼ਾਨਾ ਕਈ ਵਿੱਦਿਅਕ ਸੰਸਥਾਵਾਂ ਦੇ ਹਜ਼ਾਰਾਂ ਵਿਦਿਆਰਥੀ, ਅਧਿਆਪਕ ਤੇ ਕਰਮਚਾਰੀ ਲੰਘਦੇ ਹਨ।ਅਧਿਆਪਕ ਆਗੂਆਂ ਨੇ ਕਿਹਾ ਕਿ ਸਿੱਖਿਆ ਨਾਲ ਜੁੜੇ ਕਰਮਚਾਰੀਆਂ ਤੇ ਵਿਦਿਆਰਥੀਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਪ੍ਰਸ਼ਾਸਨ ਦੀ ਸਾਂਝੀ ਜ਼ਿੰਮੇਵਾਰੀ ਹੈ।ਖਸਤਾ ਸੜਕ ਕਾਰਨ ਨਾ ਸਿਰਫ਼ ਸਕੂਲਾਂ ਵਿੱਚ ਸਮੇਂ ਸਿਰ ਪਹੁੰਚਣ ਵਿੱਚ ਦਿੱਕਤ ਆ ਰਹੀ ਹੈ, ਸਗੋਂ ਕੀਮਤੀ ਜਾਨਾਂ ਵੀ ਲਗਾਤਾਰ ਖ਼ਤਰੇ ਵਿੱਚ ਹਨ।ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਇਸ ਸੜਕ ਦੀ ਮੁਰੰਮਤ ਨਾ ਕੀਤੀ ਗਈ ਤਾਂ ਕੋਈ ਵੀ ਵੱਡਾ ਹਾਦਸਾ ਵਾਪਰ ਸਕਦਾ ਹੈ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।ਸਮੂਹ ਅਧਿਆਪਕ ਜਥੇਬੰਦੀਆਂ ਨੇ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਰਾਹੀਂ ਪੰਜਾਬ ਸਰਕਾਰ ਤੇ ਸੰਬੰਧਤ ਵਿਭਾਗ ਤੋਂ ਮੰਗ ਕੀਤੀ ਕਿ ਫ਼ਿਰੋਜ਼ਪੁਰ ਸ਼ਹਿਰ ਤੋਂ ਕੱਚਾ ਜ਼ੀਰਾ ਰੋਡ (ਆਸਲ ਫਾਟਕ ਤੱਕ) ਨੂੰ ਬਣਾਉਣ ਦਾ ਕੰਮ ਬਿਨਾਂ ਦੇਰੀ ਤੋਂ ਸ਼ੁਰੂ ਕੀਤਾ ਜਾਵੇ ਤਾਂ ਜੋ ਆਮ ਲੋਕਾਂ, ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸੁਰੱਖਿਅਤ, ਸੁਵਿਧਾਜਨਕ ਤੇ ਨਿਰਵਿਘਨ ਆਵਾਜਾਈ ਦੀ ਸਹੂਲਤ ਮਿਲ ਸਕੇ।ਆਗੂਆਂ ਨੇ ਕਿਹਾ ਕਿ ਵਿਦਿਆਰਥੀਆਂ, ਅਧਿਆਪਕਾਂ ਤੇ ਆਮ ਲੋਕਾਂ ਦੀ ਮੰਗ ਤਹਿਤ ਇਹ ਸੜਕ ਦਾ ਕੰਮ ਨਾ ਸ਼ੁਰੂ ਕੀਤਾ ਗਿਆ ਤਾਂ ਉਹ ਮਜਬੂਰਨ ਸੰਘਰਸ਼ ਦੇ ਰਾਹ ਪੈਣਗੇ।ਇਸ ਮੌਕੇ ਅਧਿਆਪਕ ਜਥੇਬੰਦੀਆਂ ਦੇ ਆਗੂ ਹਰਜੀਤ ਸਿੰਘ ਸਿੱਧੂ, ਸਰਬਜੀਤ ਸਿੰਘ ਭਾਵੜਾ, ਪਰਮਜੀਤ ਸਿੰਘ ਪੰਮਾ, ਵਿਨੋਦ ਗੁਪਤਾ, ਮਨਰੀਤ ਸਿੰਘ ਡੀਸੀ ਮਾਡਲ, ਡਾਕਟਰ ਸੁਮਿਤ ਹਾਰਵਾਨੀ ਕਾਲਜ, ਅਵਤਾਰ ਸਿੰਘ ਸ਼ਾਹਦੀਨ ਵਾਲਾ, ਗੁਰਵਿੰਦਰ ਸਿੰਘ ਮਠਾੜੂ, ਤਰਸੇਮ ਲਾਲ, ਤਜਿੰਦਰ ਕੌਰ ਸੋਢੀ, ਗੁਰਕੀਰਤ ਕੌਰ, ਸੁਨੀਤਾ ਰਾਣੀ, ਅੰਜੂ ਖੁੱਲਰ, ਕਾਜਲ ਮਲਹੋਤਰਾ, ਤਨੂ, ਨੀਤੂ ਨਰੂਲਾ, ਵਿਨੀ ਥਿੰਦ, ਰਵਿੰਦਰ ਸਿੰਘ ਲਾਡੀ ਆਸਲ, ਸੰਜੀਵ ਪੁਰੀ ਲੂੰਬੜੀ ਵਾਲਾ, ਗੁਰਬਚਨ ਸਿੰਘ ਭੁੱਲਰ, ਕੁਲਵੰਤ ਸਿੰਘ, ਭੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਸਫ਼ਾਈ ਕਾਮਿਆਂ 'ਤੇ ਲਾਠੀਚਾਰਜ ਜਮਹੂਰੀ ਹੱਕਾਂ ਦਾ ਘਾਣ : ਡਾ. ਅਮਰ ਸਿੰਘ

ਰਾਏਕੋਟ (ਸੰਤੋਖ ਗਿੱਲ)-ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਲੋਕ ਸਭਾ ਮੈਂਬਰ ਤੇ ਕਾਂਗਰਸ ਪਾਰਟੀ ਦੀ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਡਾ. ਅਮਰ ਸਿੰਘ ਨੇ ਪੰਜਾਬ ਵਿੱਚ ਆਪਣੇ ਹੱਕਾਂ ਤੇ ਬਕਾਇਆ ਤਨਖ਼ਾਹਾਂ ਦੀ ਮੰਗ ਨੂੰ ਲੈ ਕੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ 'ਤੇ ਪੁਲਸ ਵੱਲੋਂ ਕੀਤੇ ਗਏ ਵਹਿਸ਼ੀਆਨਾ ਲਾਠੀਚਾਰਜ, ਅੱਥਰੂ ਗੈਸ ਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਉਨ੍ਹਾਂ ਇਸ ਕਾਰਵਾਈ ਨੂੰ ਬੇਹੱਦ ਮੰਦਭਾਗਾ ਕਰਾਰ ਦਿੰਦੇ ਹੋਏ ਕਿਹਾ ਕਿ ਮਿਹਨਤਕਸ਼ ਲੋਕਾਂ ਦੇ ਜਮਹੂਰੀ ਹੱਕਾਂ ਦੀ ਘੋਰ ਉਲੰਘਣਾ ਹੈ।ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀ ਸਮਾਜ ਦਾ ਉਹ ਅਹਿਮ ਵਰਗ ਹੈ, ਜੋ ਸੀਵਰੇਜ ਦੀ ਸਫ਼ਾਈ ਤੋਂ ਲੈ ਕੇ ਘਰ-ਘਰ ਕੂੜਾ ਇਕੱਠਾ ਕਰਨ ਤੱਕ ਬਹੁਤ ਹੀ ਔਖੇ ਤੇ ਜੋਖ਼ਮ ਭਰੇ ਕੰਮ ਕਰਦਾ ਹੈ।ਡਾਕਟਰ ਅਮਰ ਸਿੰਘ ਨੇ ਕਿਹਾ ਕਿ ਜਿਹੜੇ ਕਰਮਚਾਰੀ ਆਪਣੀ ਜਾਨ ਨੂੰ ਖ਼ਤਰੇ ਵਿੱਚ ਪਾ ਕੇ ਲੋਕਾਂ ਨੂੰ ਸਾਫ਼-ਸੁਥਰਾ ਤੇ ਸਿਹਤਮੰਦ ਮਾਹੌਲ ਮੁਹੱਈਆ ਕਰਦੇ ਹਨ, ਜਦੋਂ ਇਨ੍ਹਾਂ ਨੂੰ ਆਪਣੀਆਂ ਜਾਇਜ਼ ਮੰਗਾਂ ਲਈ ਸੜਕਾਂ 'ਤੇ ਆਉਣਾ ਪਵੇ ਤਾਂ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਨ੍ਹਾਂ ਨਾਲ ਗੱਲਬਾਤ ਕਰਕੇ ਮਸਲੇ ਦਾ ਹੱਲ ਕੱਢੇ, ਨਾ ਕਿ ਪੁਲਸ ਦੀਆਂ ਡਾਂਗਾਂ ਨਾਲ ਉਨ੍ਹਾਂ ਦੀ ਆਵਾਜ਼ ਨੂੰ ਦਬਾਇਆ ਜਾਵੇ।

## ਹਰਮਨਪ੍ਰੀਤ ਕੌਰ ਨੇ 84 ਫ਼ੀਸਦੀ ਅੰਕਾਂ ਨਾਲ ਹਾਸਲ ਕੀਤਾ ਪਹਿਲਾ ਸਥਾਨ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨ ਦੇ ਐਮ.ਏ. ਪੰਜਾਬੀ ਭਾਗ-ਦੂਜਾ (ਸਮੈਸਟਰ-ਤੀਜਾ) ਸੈਸ਼ਨ 2025-26 ਦੇ ਨਤੀਜੇ ਬੇਹੱਦ ਸ਼ਾਨਦਾਰ ਰਹੇ ਹਨ।ਵਿਭਾਗ ਦੇ ਕੁੱਲ 18 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚੋਂ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਮਾਣ ਵਧਾਇਆ।ਨਤੀਜਿਆਂ ਅਨੁਸਾਰ ਹਰਮਨਪ੍ਰੀਤ ਕੌਰ ਸਪੁੱਤਰੀ ਮਨਜੀਤ ਸਿੰਘ (ਪਿੰਡ ਢੱਡੇ) ਨੇ 84 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।ਮਨਦੀਪ ਕੌਰ ਸਪੁੱਤਰੀ ਚਰਨਜੀਤ ਸਿੰਘ (ਰਾਮਪੁਰਾ ਫੂਲ) ਤੇ ਸਰਬਜੀਤ ਕੌਰ ਸਪੁੱਤਰੀ ਲਾਲਜੀਤ ਸਿੰਘ (ਰਾਮਨਗਰ) ਨੇ 82 ਫ਼ੀਸਦੀ ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਆਸ਼ੂ ਸਪੁੱਤਰੀ ਰਾਜੇਸ਼ ਕੁਮਾਰ (ਰਾਮਪੁਰਾ ਫੂਲ) ਨੇ 80 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਆਪਣੇ ਨਾਂਅ ਕੀਤਾ।ਸੰਸਥਾ ਦੇ ਚੇਅਰਮੈਨ ਐਸ. ਐਸ. ਚੱਠਾ ਨੇ ਸਫ਼ਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਫਤਿਹ ਗਰੁੱਪ ਗੁਣਵੱਤਾ ਭਰਪੂਰ ਸਿੱਖਿਆ ਲਈ ਹਮੇਸ਼ਾ ਵਚਨਬੱਧ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਤੇ ਸੰਸਥਾ ਦੇ ਉੱਚ ਸਿੱਖਿਆ ਮਿਆਰਾਂ ਦਾ ਪ੍ਰਤੀਕ ਹਨ।ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੀ ਨਿਰੰਤਰ ਮਿਹਨਤ ਤੇ ਅਧਿਆਪਕਾਂ ਦੇ ਸੁਚੱਜੇ ਮਾਰਗਦਰਸ਼ਨ ਸਦਕਾ ਹਰ ਸਾਲ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਐਮ.ਡੀ. ਮਨਜੀਤ ਕੌਰ ਚੱਠਾ ਨੇ ਕਿਹਾ ਕਿ ਫਤਿਹ ਗਰੁੱਪ ਵਿਦਿਆਰਥੀਆਂ ਨੂੰ ਆਧੁਨਿਕ ਤੇ ਗੁਣਵੱਤਾ ਭਰਪੂਰ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਲਈ ਵੀ ਲਗਾਤਾਰ ਯਤਨਸ਼ੀਲ ਹੈ।

## ਸੰਗਰੂਰ ਰੈਲੀ 'ਚ ਵੱਡੀ ਗਿਣਤੀ ਪੈਨਸ਼ਨਰ ਸ਼ਾਮਲ ਹੋਣਗੇ : ਸੁਖਦੇਵ ਸ਼ਰਮਾ



ਧੂਰੀ (ਸੁਖਦੇਵ ਧੂਰੀ)-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਸੁਖਦੇਵ ਸ਼ਰਮਾ, ਜਨਰਲ ਸਕੱਤਰ ਡਾ. ਅਮਰਜੀਤ ਸਿੰਘ, ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਤੇ ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ ਦੀ ਅਗਵਾਈ ਹੇਠ ਧੂਰੀ ਤੋਂ ਪੈਨਸ਼ਨਰਾਂ ਦਾ ਵਿਸ਼ਾਲ ਜੱਥਾ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ 29 ਜੁਲਾਈ ਨੂੰ ਸੰਗਰੂਰ ਦੀ ਅਨਾਜ ਮੰਡੀ ਵਿੱਚ ਕੀਤੀ ਜਾ ਰਹੀ ਮਹਾਂਰੈਲੀ ਤੇ ਵਿੱਤ ਮੰਤਰੀ ਦੀ ਰਿਹਾਇਸ਼ ਵੱਲ ਕੀਤੇ ਜਾਣ ਵਾਲੇ ਮਾਰਚ ਵਿੱਚ ਭਰਵੀਂ ਸ਼ਮੂਲੀਅਤ ਕਰੇਗਾ।

ਜਥੇਬੰਦੀ ਦੀ ਵਿਸ਼ੇਸ਼ ਮੀਟਿੰਗ ਦੌਰਾਨ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪ੍ਰਧਾਨ ਸੁਖਦੇਵ ਸ਼ਰਮਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਗਠਨ ਤੋਂ ਬਾਅਦ ਅੱਜ ਤੱਕ ਸਰਕਾਰ ਦੀ ਪੈਨਸ਼ਨਰਾਂ ਪ੍ਰਤੀ ਕਾਰਗੁਜ਼ਾਰੀ ਜ਼ੀਰੋ ਹੀ ਰਹੀ ਹੈ।ਅੱਜ ਦੇ ਦਿਨ ਸਰਕਾਰ ਦਾ ਸਾਰਾ ਜ਼ੋਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪੰਜਾਬ ਦੇ ਲੋਕਾਂ ਦੇ ਵਿਰੋਧ ਵਿੱਚ ਖੜਾ ਕਰਨ 'ਤੇ ਲੱਗਾ ਹੋਇਆ ਹੈ, ਜਿਸ ਕਾਰਨ ਸਰਕਾਰ ਵੱਲੋਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ।ਸਰਕਾਰ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਮੰਨਣ ਦੀ ਥਾਂ ਉਨ੍ਹਾਂ ਵੱਲੋਂ ਸੰਘਰਸ਼ਾਂ ਰਾਹੀਂ ਹਾਸਲ ਕੀਤੀਆਂ ਸਹੂਲਤਾਂ ਨੂੰ ਖੋਹਣ ਲਈ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਹੁਣ ਜਦੋਂ ਕਿ ਕੇਂਦਰ ਸਰਕਾਰ ਅੱਠਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਕਿਸੇ ਵੀ ਸਮੇਂ ਜਾਰੀ ਕਰ ਸਕਦੀ ਹੈ, ਉਥੇ ਹੀ ਪੰਜਾਬ ਸਰਕਾਰ ਛੇਵੇਂ ਤਨਖਾਹ ਕਮਿਸ਼ਨ ਨੂੰ ਵੀ ਮੁਕੰਮਲ ਰੂਪ ਵਿੱਚ ਲਾਗੂ ਕਰਨ ਤੋਂ ਭੱਜ ਰਹੀ ਹੈ।ਇਸ ਦੇ ਨਾਲ ਹੀ ਸਰਕਾਰ ਨੇ ਪੈਨਸ਼ਨ ਤੇ ਹੋਰ ਹੱਕੀ ਸਹੂਲਤਾਂ ਲਈ ਆਨਲਾਈਨ ਪੋਰਟਲਾਂ ਰਾਹੀਂ ਅਪਲਾਈ ਕਰਨ ਦੇ ਹੁਕਮ ਨਾਲ ਬਜ਼ੁਰਗ ਪੈਨਸ਼ਨਰਾਂ ਦੀਆਂ ਬੇਲੋੜੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ।ਉਨ੍ਹਾ ਸਮੂਹ ਪੈਨਸ਼ਨਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੰਗਰੂਰ ਵਿਖੇ 29 ਜੁਲਾਈ ਨੂੰ ਹੋ ਰਹੀ ਪੈਨਸ਼ਨਰਾਂ ਦੀ ਪੰਜਾਬ ਪੱਧਰੀ ਹੱਲਾ ਬੋਲ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਰਸ਼ਨ ਸਿੰਘ ਧਾਂਦਰਾ, ਇੰਦਰਜੀਤ ਸ਼ਰਮਾ, ਮਨੋਹਰ ਲਾਲ ਬਰਡਵਾਲ, ਕਰਮਜੀਤ ਸਿੰਘ ਬੇਨੜਾ, ਆਤਮਾ ਸਿੰਘ ਘਨੌਰ, ਫ਼ਕੀਰ ਸਿੰਘ, ਰਾਮ ਸਰੂਪ, ਨਿਰਮਲ ਸਿੰਘ ਧਾਂਦਰਾ, ਗੁਲਜ਼ਾਰ ਸਿੰਘ ਜਹਾਂਗੀਰ, ਰਾਮ ਲਾਲ, ਵਿਲਕਸ਼ਣ ਦੱਤ, ਤਰਲੋਚਨ ਸਿੰਘ ਮੱਘਰ ਸਿੰਘ, ਸੀਤਾ ਸਿੰਘ ਸਮੇਤ ਅਨੇਕਾਂ ਪੈਨਸ਼ਨਰ ਹਾਜ਼ਰ ਸਨ।

## ਹੋਣਹਾਰ ਵਿਦਿਆਰਥੀਆਂ, ਅਧਿਆਪਕਾਂ ਤੇ ਪ੍ਰਿੰਸੀਪਲਾਂ ਦਾ ਸਨਮਾਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਪਟਿਆਲਾ ਵੱਲੋਂ ਗਿਆਰਵਾਂ ਵਿਦਿਆਰਥੀ ਤੇ ਅਧਿਆਪਕ ਸਨਮਾਨ ਸਮਾਰੋਹ ਮੈਰੀਟੋਰੀਅਸ ਸਕੂਲ ਪਟਿਆਲਾ ਵਿਖੇ ਬੜੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ।ਇਸ ਮੌਕੇ ਟਰੱਸਟ ਵੱਲੋਂ ਸਾਰੇ ਮੁੱਖ ਮਹਿਮਾਨਾਂ ਦਾ ਇਨਡੋਰ ਪੌਦੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਸਮਾਰੋਹ ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਅੱਠਵੀਂ, ਦਸਵੀਂ ਤੇ ਬਾਰਵੀਂ ਜਮਾਤਾਂ ਵਿੱਚ ਮੈਰਿਟ ਪ੍ਰਾਪਤ ਕਰਨ ਵਾਲੇ 32 ਹੋਣਹਾਰ ਵਿਦਿਆਰਥੀਆਂ ਨੂੰ ਟਰੱਸਟ ਵੱਲੋਂ ਪ੍ਰਤੀ ਵਿਦਿਆਰਥੀ ਨਕਦ ਰਾਸ਼ੀ, ਟਰਾਫੀ, ਸਨਮਾਨ ਪੱਤਰ ਤੇ ਪੈੱਨ ਪੈਕਟ ਭੇਟ ਕੀਤਾ ਗਿਆ।ਇਸ ਤੋਂ ਇਲਾਵਾ 27 ਅਧਿਆਪਕਾਂ ਤੇ 18 ਪ੍ਰਿੰਸੀਪਲਾਂ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਡਾ. ਰਵਿੰਦਰਪਾਲ ਸਿੰਘ ਸ਼ਰਮਾ ਤੇ ਡਾ. ਭੀਮਇੰਦਰ ਸਿੰਘ ਨੇ ਕਿਹਾ ਕਿ ਮੈਰਿਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕਰਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।ਸ੍ਰ. ਅਜੀਤ ਸਿੰਘ ਭੱਟੀ ਤੇ ਮਨੀਸ਼ ਮਿੱਤਲ ਨੇ ਕਿਹਾ ਕਿ ਮਾਤਾ-ਪਿਤਾ, ਅਧਿਆਪਕਾਂ ਤੇ ਸ਼ਹੀਦਾਂ ਦੀ ਵਿਚਾਰਧਾਰਾ ਦਾ ਸਤਿਕਾਰ ਕਰਦਿਆਂ ਨੌਜਵਾਨਾਂ ਨੂੰ ਚੰਗੇ ਚਰਿੱਤਰ ਤੇ ਸਮਾਜ ਸੇਵਾ ਦੀ ਭਾਵਨਾ ਨਾਲ ਜੀਵਨ ਵਿੱਚ ਅੱਗੇ ਵਧਣਾ ਚਾਹੀਦਾ ਹੈ।ਸ੍ਰ. ਅਵਤਾਰ ਸਿੰਘ ਤੇ ਸੁਰਿੰਦਰਪਾਲ ਮੁਖੀ ਤਰਕਸ਼ੀਲ ਸੁਸਾਇਟੀ ਅਰਬਨ ਅਸਟੇਟ, ਪਟਿਆਲਾ ਨੇ ਕਿਹਾ ਕਿ ਹੋਣਹਾਰ ਵਿਦਿਆਰਥੀਆਂ ਦਾ ਸਮੇਂ-ਸਮੇਂ 'ਤੇ ਸਨਮਾਨ ਕਰਨਾ ਉਨ੍ਹਾਂ ਦੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਦਾ ਹੈ ਤੇ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਬਣਦਾ ਹੈ।ਇਸ ਮੌਕੇ ਸੀਮਾ ਉੱਪਲ (ਪ੍ਰਿੰਸੀਪਲ), ਸੁਧੀਰ ਕੁਮਾਰ (ਪ੍ਰਿੰਸੀਪਲ), ਸਤੀਸ਼ ਕੁਮਾਰ (ਪ੍ਰਿੰਸੀਪਲ), ਇੰਦੂ ਬਾਲਾ (ਪ੍ਰਿੰਸੀਪਲ), ਕੁਲਵਿੰਦਰ ਸਿੰਘ, ਸੁਮਨ ਗੋਇਲ, ਹਰਵਿੰਦਰ ਕੌਰ, ਪ੍ਰਿਯੰਕਾ ਸ਼ਰਮਾ, ਸੁਸ਼ਮਾ ਸ਼ਰਮਾ, ਗੁਰਵਿੰਦਰ ਕੌਰ, ਖੁਸ਼ਵੰਤ ਕੌਰ ਧੰਜੂ, ਹਰਪ੍ਰੀਤ ਕੌਰ ਆਦਿ ਟਰੱਸਟ ਮੈਂਬਰ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ, ਮਾਪੇ ਤੇ ਪਤਵੰਤੇ ਸੱਜਣ ਹਾਜ਼ਰ ਸਨ।

## ਸਰਕਾਰੀ ਪੋਲੀਟੈਕਨਿਕ ਕਾਲਜ ਵਿਖੇ ਦਾਖਲੇ ਲਈ ਚਾਹਵਾਨ ਵਿਦਿਆਰਥੀ ਕਰਨ ਸੰਪਰਕ

ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਸਾਲ 2026-27 ਦੌਰਾਨ ਜ਼ਿਲ੍ਹੇ ਦੇ ਸਰਕਾਰੀ ਪੋਲੀਟੈਕਨਿਕ ਕਾਲਜ ਪਿੰਡ ਫਤੂਹੀ ਖੇੜਾ ਵਿਖੇ ਤਿੰਨ ਸਾਲਾ ਮਕੈਨੀਕਲ ਇੰਜਨੀਅਰਿੰਗ ਤੇ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜਨੀਅਰਿੰਗ (ਦਸਵੀਂ ਪਾਸ ਵਿਦਿਆਰਥੀਆਂ ਲਈ) ਤੇ ਡਿਪਲੋਮਾ ਦੇ ਦੂਜੇ ਸਾਲ ਵਿੱਚ ਸਿੱਧਾ ਦਾਖਲਾ 10+2 (ਸਾਇੰਸ ਤੇ ਵੋਕੇਸ਼ਨਲ ਵਿਸ਼ੇ ਨਾਲ)/ਆਈ.ਟੀ.ਆਈ (ਦੋ ਸਾਲਾ) ਵਿੱਚ ਕੁਝ ਸੀਟਾਂ ਖਾਲੀ ਰਹਿ ਗਈਆਂ ਹਨ।ਇਸ ਲਈ ਖਾਲੀ ਰਹਿ ਗਈਆਂ ਸੀਟਾਂ ਲਈ ਯੋਗ ਉਮੀਦਵਾਰ ਆਪਣਾ ਬਿਨੈ-ਪੱਤਰ, ਸਵੈ-ਤਸਦੀਕ ਦਸਤਾਵੇਜ਼ਾਂ ਸਮੇਤ ਕਾਲਜ ਵਿਖੇ ਪਹੁੰਚ ਕੇ ਦਾਖਲਾ ਲੈ ਸਕਦੇ ਹਨ।ਮੁੱਖ ਮੰਤਰੀ ਵਜ਼ੀਫਾ ਯੋਜਨਾ ਤਹਿਤ ਹਰ ਵਰਗ ਦੇ ਵਿਦਿਆਰਥੀਆਂ ਲਈ 70 ਤੋਂ 100 ਪ੍ਰਤੀਸ਼ਤ ਟਿਊਸ਼ਨ ਫੀਸ ਵਿੱਚ ਛੋਟ ਹੈ।2.50 ਲੱਖ ਤੋਂ ਘੱਟ ਸਾਲਾਨਾ ਆਮਦਨ ਵਾਲੇ ਐੱਸ.ਸੀ. ਵਰਗ ਦੇ ਵਿਦਿਆਰਥੀਆਂ ਦੀ ਤਿੰਨ ਸਾਲਾਂ ਦੀ ਕੁੱਲ ਫੀਸ ਸਿਰਫ਼ 1,633/- ਰੁਪਏ ਹੈ।ਦਾਖਲੇ ਸਬੰਧੀ ਵਧੇਰੇ ਜਾਣਕਾਰੀ ਲਈ 94642-32356 ਤੇ 98880-42926 ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਕਰਵਾਇਆ ਜਾਣੂੰ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਐੱਲ.ਈ.ਡੀ. ਵੈਨ ਵੱਲੋਂ ਬੀਤੀ ਸ਼ਾਮ ਬਲਾਕ ਤਲਵੰਡੀ ਸਾਬੋ ਦੇ ਪਿੰਡ ਲਾਲੇਆਣਾ ਤੇ ਮਾਹੀਨੰਗਲ ਵਿਖੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਜਾਣੂੰ ਕਰਵਾਇਆ ਗਿਆ।ਐੱਲ.ਈ.ਡੀ. ਵੈਨ ਵੱਲੋਂ ਜ਼ਿਲ੍ਹਾ ਬਠਿੰਡਾ ਦੇ ਪਿੰਡਾਂ ਵਿੱਚ ਦਸਤਾਵੇਜ਼ੀ ਫ਼ਿਲਮ ਦਿਖਾਈ ਜਾ ਰਹੀ ਹੈ, ਜਿਸ ਤਹਿਤ 60 ਮਿੰਟ ਦੀ ਸ੍ਰੀ ਗੁਰੂ ਰਵਿਦਾਸ ਜੀ ਦੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ ਜੀਵਨ, ਫਲਸਫੇ ਤੇ ਸਮਾਜਿਕ ਨਿਆਂ, ਸੇਵਾ, ਭਾਈਚਾਰੇ ਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪਿੰਡ ਵਾਸੀਆਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ।ਇਸ ਦੌਰਾਨ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਤੋਂ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।

## ਪ੍ਰਧਾਨ ਦਾ ਅਸਤੀਫ਼ਾ ਵਿਦਿਆਰਥੀਆਂ ਤੇ ਨੌਜਵਾਨਾਂ ਦੀ ਜਿੱਤ : ਮਾਲਵਿਕਾ ਸੂਦ



ਮੋਗਾ (ਇਕਬਾਲ ਸਿੰਘ ਖਹਿਰਾ)-ਵਿਧਾਨ ਸਭਾ ਹਲਕਾ ਮੋਗਾ ਦੀ ਇੰਚਾਰਜ ਮਾਲਵਿਕਾ ਸੂਦ ਨੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਨੂੰ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਸੰਘਰਸ਼ ਦੀ ਜਿੱਤ ਕਰਾਰ ਦਿੰਦਿਆਂ ਕਿਹਾ ਕਿ ਇਹ ਲੋਕਤੰਤਰ ਦੀ ਤਾਕਤ ਤੇ ਜਨਤਾ ਦੀ ਆਵਾਜ਼ ਦੀ ਵੱਡੀ ਜਿੱਤ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਆਗੂ ਰਾਹੁਲ ਗਾਂਧੀ ਦੀ ਦ੍ਰਿੜ੍ਹ ਇੱਛਾ ਸ਼ਕਤੀ, ਨਿਰੰਤਰ ਸੰਘਰਸ਼ ਤੇ ਵਿਦਿਆਰਥੀਆਂ ਦੇ ਹੱਕ ਵਿੱਚ ਕੀਤੀ ਗਈ ਆਵਾਜ਼ ਬੁਲੰਦ ਕਰਨ ਕਾਰਨ ਕੇਂਦਰ ਸਰਕਾਰ ਨੂੰ ਇਹ ਕਦਮ ਚੁੱਕਣ ਲਈ ਮਜਬੂਰ ਹੋਣਾ ਪਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਲਵਿਕਾ ਸੂਦ ਨੇ ਕਿਹਾ ਕਿ ਦੇਸ਼ ਦੇ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਭਵਿੱਖ ਨਾਲ ਜੁੜੇ ਮੁੱਦਿਆਂ ਨੂੰ ਕਾਂਗਰਸ ਪਾਰਟੀ ਨੇ ਹਮੇਸ਼ਾ ਪਹਿਲ ਦੇ ਆਧਾਰ 'ਤੇ ਉਠਾਇਆ ਹੈ।ਉਨ੍ਹਾਂ ਕਿਹਾ ਕਿ ਜਦੋਂ ਵੀ ਨੌਜਵਾਨਾਂ ਦੇ ਹੱਕਾਂ 'ਤੇ ਸਵਾਲ ਉੱਠਿਆ ਹੈ, ਕਾਂਗਰਸ ਪਾਰਟੀ ਤੇ ਰਾਹੁਲ ਗਾਂਧੀ ਹਮੇਸ਼ਾ ਉਨ੍ਹਾਂ ਨਾਲ ਮਜ਼ਬੂਤੀ ਨਾਲ ਖੜ੍ਹੇ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਜਿੱਤ ਉਨ੍ਹਾਂ ਲੱਖਾਂ ਵਿਦਿਆਰਥੀਆਂ ਤੇ ਨੌਜਵਾਨਾਂ ਦੀ ਹੈ, ਜਿਨ੍ਹਾਂ ਨੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ।ਉਨ੍ਹਾਂ ਦੱਸਿਆ ਕਿ ਬੀਤੇ ਦਿਨ ਜ਼ਿਲ੍ਹਾ ਕਾਂਗਰਸ ਪ੍ਰਧਾਨ ਹਰੀ ਸਿੰਘ ਖਾਈ ਦੀ ਅਗਵਾਈ ਹੇਠ ਮੋਗਾ ਵਿਖੇ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਸਮਰਥਨ ਵਿੱਚ ਇੱਕ ਵਿਜੈ ਮਾਰਚ ਕੱਢਿਆ ਗਿਆ, ਜਿਸ ਵਿੱਚ ਜ਼ਿਲ੍ਹੇ ਭਰ ਤੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਭਾਗ ਲਿਆ।ਵਿਜੈ ਮਾਰਚ 'ਚ ਸਾਬਕਾ ਮੰਤਰੀ ਡਾਕਟਰ ਮਾਲਤੀ ਥਾਪਰ, ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ, ਬਾਘਾ ਪੁਰਾਣਾ ਤੋਂ ਹਲਕੇ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ, ਹਲਕਾ ਨਿਹਾਲ ਸਿੰਘ ਵਾਲਾ ਦੇ ਸੇਵਾਦਾਰ ਸਵਰਨ ਸਿੰਘ ਆਦੀਵਾਲ, ਸ਼ਹਿਰੀ ਪ੍ਰਧਾਨ ਗੁਰਜੰਟ ਸਿੰਘ, ਸੀਨੀਅਰ ਕਾਂਗਰਸੀ ਆਗੂ ਵਿਨੋਦ ਬਾਂਸਲ, ਉਪਿੰਦਰ ਸਿੰਘ ਗਿੱਲ, ਕੌਂਸਲਰ ਮਨਜੀਤ ਸਿੰਘ ਮਾਨ, ਐਡਵੋਕੇਟ ਪਰਮਪਾਲ ਸਿੰਘ ਤਖਤੂਪੁਰਾ, ਨਰਿੰਦਰ ਪਾਲ ਸਿੰਘ ਸਿੱਧੂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਮੌਜੂਦ ਸਨ।

# ਬਹਾਵਲਪੁਰ ਮਹਾਂ ਸੰਘ ਯੂਥ ਵਿੰਗ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ



ਸਮਾਣਾ (ਇਕਬਾਲ ਸਿੰਘ ਬੱਲ)

ਸਮਾਜ ਸੇਵਾ ਤੇ ਮਾਨਵਤਾ ਦੀ ਭਲਾਈ ਲਈ ਲਗਾਤਾਰ ਸਰਗਰਮ ਰਹਿਣ ਵਾਲੇ ਬਹਾਵਲਪੁਰ ਮਹਾਂ ਸੰਘ ਯੂਥ ਵਿੰਗ ਸਮਾਣਾ ਵੱਲੋਂ ਸਥਾਨਕ ਸਤਿਸੰਗ ਭਵਨ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ।ਇਸ ਕੈਂਪ ਵਿੱਚ ਨੌਜਵਾਨਾਂ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ 120 ਯੂਨਿਟ ਖ਼ੂਨ ਦਾਨ ਕੀਤਾ ਅਤੇ ਸਮਾਜ ਨੂੰ ਮਾਨਵਤਾ, ਸੇਵਾ ਤੇ ਪਰਉਪਕਾਰ ਦਾ ਪ੍ਰੇਰਨਾਦਾਇਕ ਸੰਦੇਸ਼ ਦਿੱਤਾ। ਖ਼ੂਨਦਾਨ ਕੈਂਪ ਲਈ ਜੌਹਰੀ ਬਲੱਡ ਬੈਂਕ, ਸਮਾਣਾ ਦੀ ਮਾਹਿਰ ਟੀਮ ਵਿਸ਼ੇਸ਼ ਤੌਰ 'ਤੇ ਪੁੱਜੀ, ਜਿਸ ਨੇ ਖ਼ੂਨ ਇਕੱਠਾ ਕਰਨ ਦੀ ਪੂਰੀ ਪ੍ਰਕਿਰਿਆ ਨੂੰ ਸੁਰੱਖਿਅਤ ਤੇ ਸੁਚਾਰੂ ਢੰਗ ਨਾਲ ਸੰਪੰਨ ਕੀਤਾ।ਡਾਕਟਰਾਂ ਤੇ ਸਿਹਤ ਕਰਮਚਾਰੀਆਂ ਨੇ ਖ਼ੂਨ ਦਾਨ ਕਰਨ ਵਾਲੇ ਨੌਜਵਾਨਾਂ ਦੀ ਸਿਹਤ ਜਾਂਚ ਤੋਂ ਬਾਅਦ ਖ਼ੂਨ ਇਕੱਠਾ ਕੀਤਾ ਤੇ ਉਨ੍ਹਾਂ ਨੂੰ ਸਿਹਤ ਸੰਬੰਧੀ ਲੋੜੀਂਦੀਆਂ ਸਲਾਹਾਂ ਵੀ ਦਿੱਤੀਆਂ। ਖ਼ੂਨਦਾਨ ਕੈਂਪ ਦਾ ਉਦਘਾਟਨ ਬਹਾਵਲਪੁਰ ਮਹਾਂ ਸੰਘ ਦੇ ਮੁਖੀ ਨਸੀਬ ਚੰਦ, ਭਵਾਨੀ ਰਾਮ, ਤਰਲੋਕ ਚੰਦ, ਓਮ ਪ੍ਰਕਾਸ਼, ਹਰੀ ਚੰਦ ਵਰਮਾ, ਸਤਪਾਲ ਅਨੇਜਾ, ਡਾ. ਸ਼ਾਮ ਲਾਲ ਤੇ ਓਮ ਪ੍ਰਕਾਸ਼ ਤੁਲਾਨੀ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਕਿਹਾ ਕਿ ਖ਼ੂਨ ਦਾਨ ਸਭ ਤੋਂ ਵੱਡਾ ਦਾਨ ਹੈ, ਕਿਉਂਕਿ ਇਸ ਨਾਲ ਕਿਸੇ ਲੋੜਵੰਦ ਵਿਅਕਤੀ ਦੀ ਜਾਨ ਬਚਾਈ ਜਾ ਸਕਦੀ ਹੈ।ਉਨ੍ਹਾਂ ਨੌਜਵਾਨਾਂ ਨੂੰ ਸਮਾਜ ਸੇਵਾ ਨਾਲ ਜੁੜਨ ਤੇ ਅਜਿਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਦੀ ਅਪੀਲ ਕੀਤੀ।ਇਸ ਮੌਕੇ ਰਾਜਪੁਰਾ ਤੋਂ ਭਾਰਤੀਆ ਬਹਾਵਲਪੁਰ ਮਹਾਂ ਸੰਘ ਦੇ ਚੇਅਰਮੈਨ ਜਗਦੀਸ਼ ਜੱਗਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਦਾ ਹੌਸਲਾ ਵਧਾਉਂਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਸਮਾਜਿਕ ਜ਼ਿੰਮੇਵਾਰੀਆਂ ਨੂੰ ਸਮਝਦੇ ਹੋਏ ਅਜਿਹੇ ਸੇਵਾ ਕਾਰਜਾਂ ਵਿੱਚ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਸਮਾਣਾ ਯੂਨਿਟ ਵੱਲੋਂ ਕਰਵਾਏ ਗਏ ਇਸ ਵਿਸ਼ਾਲ ਖ਼ੂਨਦਾਨ ਕੈਂਪ ਦੀ ਸ਼ਲਾਘਾ ਕਰਦਿਆਂ ਕਿਹਾ ਕਿ 120 ਯੂਨਿਟ ਖ਼ੂਨ ਇਕੱਠਾ ਕਰਨਾ ਆਪਣੇ ਆਪ ਵਿੱਚ ਇੱਕ ਵੱਡੀ ਉਪਲਬਧੀ ਹੈ।ਇਹ ਉਪਰਾਲਾ ਹੋਰ ਸੰਸਥਾਵਾਂ ਤੇ ਨੌਜਵਾਨਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗਾ।ਖ਼ੂਨਦਾਨ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਬਹਾਵਲਪੁਰ ਮਹਾਂ ਸੰਘ ਦੇ ਅਹੁਦੇਦਾਰ, ਮੈਂਬਰ, ਸਮਾਜ ਸੇਵੀ ਤੇ ਨੌਜਵਾਨ ਹਾਜ਼ਰ ਰਹੇ।ਆਯੋਜਕਾਂ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਮੌਕੇ ਬਹਾਵਲਪੁਰ ਮਹਾਂ ਸੰਘ ਦੇ ਪ੍ਰਧਾਨ ਰਾਜ ਕੁਮਾਰ ਸੱਚਦੇਵਾ, ਤਰਸੇਮ ਚੰਦ, ਦਿਨੇਸ਼ ਮੰਤਰੀ ਰਮੇਸ਼ ਗੋਗੀਆ, ਰਜਿੰਦਰ ਸੱਚਦੇਵਾ, ਮਿਹਰ ਚੰਦ, ਸਾਬਕਾ ਐੱਮ ਸੀ ਸੰਜੇ ਮੰਤਰੀ, ਦਵਿੰਦਰ ਜੈ ਸਿੰਘ, ਵਿਸ਼ਾਲ ਮਦਾਨ, ਬਹਾਵਲਪੁਰ ਮਹਾਂ ਸੰਘ ਯੂਥ ਵਿੰਗ ਦੇ ਪ੍ਰਧਾਨ ਦਵਿੰਦਰ ਹਸੀਜਾ, ਸੀਨੀਅਰ ਵਾਈਸ ਪ੍ਰਧਾਨ ਸੁਨੀਲ ਅਰੋੜਾ, ਵਾਈਸ ਪ੍ਰਧਾਨ ਪ੍ਰਵੀਨ ਕੁਮਾਰ, ਸੈਕਟਰੀ ਸਾਗਰ ਰਹੇਜਾ ਆਦਿ ਹਾਜ਼ਰ ਸਨ।

## 27 ਲੱਖ ਦੀ ਲਾਗਤ ਨਾਲ ਤਿਆਰ ਕਲੀਨਿਕ ਲੋਕਾਂ ਨੂੰ ਸਮਰਪਤ



ਭਵਾਨੀਗੜ੍ਹ (ਰਾਜ ਖੁਰਮੀ)-ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਵੱਡੀ ਸੌਗਾਤ ਦਿੰਦਿਆਂ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ 27 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਸਹੂਲਤਾਂ ਨਾਲ ਲੈਸ ਆਮ ਆਦਮੀ ਕਲੀਨਿਕ ਦਾ ਰਸਮੀ ਉਦਘਾਟਨ ਕਰਕੇ ਇਸ ਨੂੰ ਲੋਕ ਅਰਪਿਤ ਕੀਤਾ।ਕਲੀਨਿਕ ਸ਼ੁਰੂ ਹੋਣ ਨਾਲ ਹੁਣ ਇਲਾਕੇ ਦੇ ਲੋਕਾਂ ਨੂੰ ਮੁਫ਼ਤ ਇਲਾਜ, ਦਵਾਈਆਂ, ਲੈਬ ਟੈਸਟ ਅਤੇ ਡਾਕਟਰੀ ਸਲਾਹ ਵਰਗੀਆਂ ਸਹੂਲਤਾਂ ਆਪਣੇ ਇਲਾਕੇ ਵਿੱਚ ਹੀ ਉਪਲਬਧ ਹੋਣਗੀਆਂ। ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਟੀਚਾ ਹਰ ਨਾਗਰਿਕ ਤੱਕ ਗੁਣਵੱਤਾ ਭਰੀਆਂ ਅਤੇ ਪੂਰੀ ਤਰ੍ਹਾਂ ਮੁਫ਼ਤ ਸਿਹਤ ਸੇਵਾਵਾਂ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਨੇ ਸੂਬੇ ਦੀ ਸਿਹਤ ਪ੍ਰਣਾਲੀ ਵਿੱਚ ਇੱਕ ਨਵਾਂ ਅਧਿਆਇ ਜੋੜਿਆ ਹੈ ਤੇ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਇਲਾਜ ਦੀ ਸਹੂਲਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਆਮ ਬਿਮਾਰੀਆਂ ਦੇ ਇਲਾਜ ਲਈ ਲੋਕਾਂ ਨੂੰ ਦੂਰ-ਦੁਰਾਡੇ ਦੇ ਹਸਪਤਾਲਾਂ ਦਾ ਰੁਖ ਕਰਨਾ ਪੈਂਦਾ ਸੀ, ਜਿਸ ਨਾਲ ਸਮਾਂ ਅਤੇ ਪੈਸਾ ਦੋਵੇਂ ਖਰਚ ਹੁੰਦੇ ਸਨ।ਹੁਣ ਇਨ੍ਹਾਂ ਕਲੀਨਿਕਾਂ ਵਿੱਚ ਤਜਰਬੇਕਾਰ ਡਾਕਟਰਾਂ ਦੀ ਸਲਾਹ, ਮੁਫ਼ਤ ਦਵਾਈਆਂ, ਲੋੜੀਂਦੇ ਲੈਬ ਟੈਸਟ ਤੇ ਬੁਨਿਆਦੀ ਸਿਹਤ ਜਾਂਚਾਂ ਇੱਕੋ ਛੱਤ ਹੇਠ ਉਪਲਬਧ ਹੋਣਗੀਆਂ।

## ਮੁਹੰਮਦ ਹਬਾਨ ਨੇ 28 ਕਿਲੋ ਭਾਰ ਵਰਗ 'ਚ ਜਿੱਤਿਆ ਗੋਲਡ ਮੈਡਲ



ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਰੈਸਲਿੰਗ ਐਸੋਸੀਏਸ਼ਨ ਵੱਲੋਂ ਚੀਮਾ (ਸੰਗਰੂਰ) ਵਿਖੇ ਆਯੋਜਤ ਅੰਡਰ-12 ਪੰਜਾਬ ਸਟੇਟ ਰੈਸਲਿੰਗ (ਕੁਸ਼ਤੀ) ਚੈਂਪੀਅਨਸ਼ਿਪ-2026 ਵਿੱਚ ਮਾਲੇਰਕੋਟਲਾ ਦੇ ਉਭਰਦੇ ਪਹਿਲਵਾਨ ਮੁਹੰਮਦ ਹਬਾਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 28 ਕਿਲੋ ਭਾਰ ਵਰਗ ਵਿੱਚ ਗੋਲਡ ਮੈਡਲ ਪ੍ਰਾਪਤ ਕਰਕੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਖਾਸ ਉਪਲਬਧੀ 'ਤੇ ਡਾ. ਜਾਕਿਰ ਹੁਸੈਨ ਸਟੇਡੀਅਮ ਵਿਖੇ ਜ਼ਿਲ੍ਹਾ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਖਾਲਿਦ ਥਿੰਦ ਤੇ ਹੋਰ ਪਤਵੰਤੇ ਸੱਜਣਾਂ ਵੱਲੋਂ ਹੋਣਹਾਰ ਖਿਡਾਰੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹਾ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਖਾਲਿਦ ਥਿੰਦ ਨੇ ਖਿਡਾਰੀ ਨੂੰ ਮੁਬਾਰਕਬਾਦ ਦਿੰਦਿਆਂ ਜ਼ਿਲ੍ਹਾ ਰੈਸਲਿੰਗ ਕੋਚ ਮੁਹੰਮਦ ਜਾਹਿਦ ਪ੍ਰਵੇਜ ਦੀ ਸਖ਼ਤ ਮਿਹਨਤ ਤੇ ਸਮਰਪਣ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਦੀ ਧਰਤੀ 'ਤੇ ਖੇਡ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ, ਬਸ ਲੋੜ ਹੈ ਸਹੀ ਦਿਸ਼ਾ ਤੇ ਮੰਚ ਦੀ।ਹਬਾਨ ਦੀ ਇਹ ਇਤਿਹਾਸਕ ਜਿੱਤ ਸਿਰਫ਼ ਇੱਕ ਮੈਡਲ ਨਹੀਂ, ਸਗੋਂ ਸਾਡੇ ਜ਼ਿਲ੍ਹੇ ਦੇ ਉੱਜਵਲ ਖੇਡ ਭਵਿੱਖ ਦੀ ਪ੍ਰਤੀਕ ਹੈ।ਕੋਚ ਜਾਹਿਦ ਪ੍ਰਵੇਜ ਦੀ ਅਗਵਾਈ ਹੇਠ ਸਾਡੇ ਬੱਚੇ ਦਿਨ-ਰਾਤ ਪਸੀਨਾ ਬਹਾ ਰਹੇ ਹਨ ਤੇ ਰਾਜ ਤੇ ਰਾਸ਼ਟਰੀ ਪੱਧਰ 'ਤੇ ਮਾਲੇਰਕੋਟਲਾ ਦਾ ਝੰਡਾ ਬੁਲੰਦ ਕਰ ਰਹੇ ਹਨ।ਐਸੋਸੀਏਸ਼ਨ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਅਤੇ ਸਹਿਯੋਗ ਦੇਣ ਲਈ ਵਚਨਬੱਧ ਹੈ।ਜ਼ਿਲ੍ਹਾ ਰੈਸਲਿੰਗ ਕੋਚ ਮੁਹੰਮਦ ਜਾਹਿਦ ਪ੍ਰਵੇਜ ਨੇ ਦੱਸਿਆ ਕਿ ਡਾ. ਜਾਕਿਰ ਹੁਸੈਨ ਸਟੇਡੀਅਮ ਦਾ ਇਹ ਅਖਾੜਾ ਹੁਣ ਸਿਰਫ਼ ਖੇਡ ਦਾ ਮੈਦਾਨ ਨਹੀਂ, ਸਗੋਂ ਚੈਂਪੀਅਨ ਘੜਨ ਦੀ ਨਰਸਰੀ ਬਣ ਚੁੱਕਾ ਹੈ।ਇਸ ਵੇਲੇ 70 ਦੇ ਕਰੀਬ ਬੱਚੇ ਨਿਯਮਤ ਤੌਰ 'ਤੇ ਜਨੂੰਨ ਨਾਲ ਟ੍ਰੇਨਿੰਗ ਲੈ ਰਹੇ ਹਨ।ਬੱਚਿਆਂ ਵਿੱਚ ਕੁਸ਼ਤੀ ਪ੍ਰਤੀ ਭਾਰੀ ਉਤਸ਼ਾਹ ਹੈ ਤੇ ਇਨ੍ਹਾਂ ਦੀਆਂ ਅੱਖਾਂ ਵਿੱਚ ਦੇਸ਼ ਲਈ ਮੈਡਲ ਜਿੱਤਣ ਦਾ ਸੁਪਨਾ ਹੈ।ਆਉਣ ਵਾਲੇ ਸਮੇਂ ਵਿੱਚ ਮਾਲੇਰਕੋਟਲਾ ਦੇ ਪਹਿਲਵਾਨ ਨੈਸ਼ਨਲ ਹੀ ਨਹੀਂ, ਸਗੋਂ ਅੰਤਰਰਾਸ਼ਟਰੀ ਮੰਚਾਂ 'ਤੇ ਵੀ ਭਾਰਤ ਦਾ ਨਾਂਅ ਰੋਸ਼ਨ ਕਰਨਗੇ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਨੇ ਪਾਮ ਦੇ ਪੌਦੇ ਲਗਾਏ



ਸਮਾਣਾ (ਗੁਰਪਿਆਰ ਸਿੰਘ ਬੱਲ)-ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ 'ਰੁੱਖ ਲਗਾਓ, ਵਾਤਾਵਰਨ ਬਚਾਓ' ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਉਦਯੋਗਪਤੀ ਰਮੇਸ਼ ਗਰਗ ਦੀ ਸਰਪ੍ਰਸਤੀ ਹੇਠ ਚਿਲਡਰਨ ਮੈਮੋਰੀਅਲ ਪਾਰਕ ਵਿਖੇ ਪਾਮ ਦੇ ਪੌਦੇ ਲਗਾਏ ਗਏ।ਇਸ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਨਗਰ ਕੌਂਸਲ ਦੇ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਪ੍ਰਦੀਪ ਗੋਇਲ ਮਿੰਕਾ, ਐੱਮ.ਸੀ. ਸ਼ੈਂਕੀ ਤਕੇਜਾ, ਰਵੀ ਤਕੇਜਾ, ਐੱਮ.ਸੀ. ਜਗਤਾਰ ਸੰਧੂ ਤੇ ਪ੍ਰਵੀਨ ਗਰਗ ਟੀਟੂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ।ਇਸ ਮੌਕੇ ਸੰਬੋਧਨ ਕਰਦਿਆਂ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਕਿਹਾ ਕਿ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਚਲਾਈ ਗਈ ਇਹ ਮੁਹਿੰਮ ਬਹੁਤ ਹੀ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਧਰਤੀ 'ਤੇ ਵਿਗੜ ਰਹੇ ਵਾਤਾਵਰਨ ਤੇ ਲਗਾਤਾਰ ਘੱਟ ਰਹੀ ਹਰਿਆਲੀ ਨੂੰ ਬਚਾਉਣ ਲਈ ਰੁੱਖ ਲਗਾਉਣਾ ਤੇ ਉਨ੍ਹਾਂ ਦੀ ਦੇਖਭਾਲ ਕਰਨਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ।ਇਸ ਲਈ ਹਰ ਇਨਸਾਨ ਨੂੰ ਆਪਣੇ ਜਨਮ ਦਿਨ ਜਾਂ ਕਿਸੇ ਵੀ ਖ਼ੁਸ਼ੀ ਦੇ ਮੌਕੇ 'ਤੇ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ।ਇਸ ਮੌਕੇ ਸੰਸਥਾ ਦੇ ਸੈਕਟਰੀ ਕਮਲ ਸ਼ਰਮਾ, ਕੈਸ਼ੀਅਰ ਸੰਨੀ ਪੋਪਲੀ, ਰਾਜਨ ਸੱਚਦੇਵਾ, ਮੁਕੁਲ ਲੂਥਰਾ, ਮਨੋਜ ਰਹੇਜਾ, ਰਣਜੀਤ ਰਾਣਾ, ਰਾਹੁਲ ਗਰਗ ਰੌਕੀ, ਕਰਨ ਬਜਾਜ, ਮਨਜੀਤ ਸਿੰਘ (ਜੇ.ਈ.), ਅਜੈ ਵੋਹਰਾ, ਹੈਪੀ, ਬਲਵਿੰਦਰ ਭਟਨਾਗਰ ਤੇ ਗੁਰਿੰਦਰ ਸਿੰਘ ਆਦਿ ਹਾਜ਼ਰ ਸਨ।

## ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਅਧਾਰਤ ਡਾਕੂਮੈਂਟਰੀ ਸ਼ੋਅ ਪ੍ਰਦਰਸ਼ਤ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਸਰਕਾਰ ਵੱਲ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਉਨ੍ਹਾਂ ਦੇ ਜੀਵਨ, ਫ਼ਲਸਫ਼ੇ ਤੇ ਮਹਾਨ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਬੀਤੀ ਸ਼ਾਮ ਗਿੱਦੜਬਾਹਾ ਵਿਧਾਨ ਸਭਾ ਹਲਕੇ ਦੇ ਪਿੰਡ ਬਾਦੀਆਂ, ਬਬਾਨੀਆਂ ਤੇ ਰੁਖਾਲਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਵਿਚਾਰਧਾਰਾ ਤੇ ਉਪਦੇਸ਼ਾਂ 'ਤੇ ਅਧਾਰਤ 30 ਮਿੰਟ ਦੀ ਪ੍ਰੇਰਨਾਦਾਇਕ ਡਾਕੂਮੈਂਟਰੀ ਸ਼ੋਅ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕਾਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਡਾਕੂਮੈਂਟਰੀ ਨੂੰ ਬੜੀ ਦਿਲਚਸਪੀ ਨਾਲ ਦੇਖਿਆ ਤੇ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਹਾਸਲ ਕੀਤੀ।ਇਸ ਸ਼ੋਅ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤੇ ਸਮਾਨਤਾ, ਮਨੁੱਖਤਾ, ਸਮਾਜਿਕ ਨਿਆਂ, ਭਾਈਚਾਰੇ, ਸੇਵਾ ਤੇ ਮਿਹਨਤ ਦੀ ਕਮਾਈ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਇਸ ਵਿਲੱਖਣ ਪਹਿਲ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ ਬਾਰੇ ਜਾਣਕਾਰੀ ਮਿਲ ਰਹੀ ਹੈ।

## ਵਕੀਲ ਭਾਈਚਾਰੇ ਦੀਆਂ ਮੰਗਾਂ ਦਾ ਸਮਰਥਨ ਕੀਤਾ ਜਾਵੇਗਾ : ਸੰਧਵਾਂ



ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਰੀਦਕੋਟ ਵੱਲੋਂ ਲੀਗਲ ਏਡ ਡਿਫੈਂਸ ਕਾਊਂਸਲ ਸਕੀਮ ਦੇ ਵਿਰੋਧ ਵਿੱਚ ਸ਼ੁਰੂ ਕੀਤੀ ਗਈ ਦਸਤਖ਼ਤ ਮੁਹਿੰਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਆਪਣੇ ਦਸਤਖ਼ਤ ਕਰਕੇ ਵਕੀਲ ਭਾਈਚਾਰੇ ਦੀਆਂ ਮੰਗਾਂ ਦਾ ਸਮਰਥਨ ਕੀਤਾ ਤੇ ਉਨ੍ਹਾਂ ਨਾਲ ਪੂਰੀ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ।ਵਕੀਲ ਸਾਹਿਬਾਨ ਨੂੰ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਵਕੀਲ ਭਾਈਚਾਰਾ ਇਨਸਾਫ਼ ਦੀ ਰਾਖੀ ਲਈ ਸਮਾਜ ਦਾ ਇੱਕ ਅਹਿਮ ਥੰਮ੍ਹ ਹੈ ਅਤੇ ਆਮ ਲੋਕਾਂ ਨੂੰ ਨਿਆਂ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।ਉਨ੍ਹਾਂ ਕਿਹਾ ਕਿ ਅਜਿਹੀ ਕੋਈ ਵੀ ਨੀਤੀ, ਜਿਸ ਨਾਲ ਵਕੀਲਾਂ ਦਾ ਵੱਡਾ ਵਰਗ ਪ੍ਰਭਾਵਿਤ ਹੁੰਦਾ ਹੋਵੇ, ਉਸ ਸਬੰਧੀ ਗੰਭੀਰਤਾ ਨਾਲ ਮੁੜ ਵਿਚਾਰ ਕੀਤਾ ਜਾਣਾ ਚਾਹੀਦਾ ਹੈ।ਸ੍ਰੀ ਸੰਧਵਾਂ ਨੇ ਵਕੀਲਾਂ ਦੀਆਂ ਵਾਜਬ ਮੰਗਾਂ ਤੇ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਦਿਆਂ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਵੱਲੋਂ ਦਿੱਤੇ ਜਾਣ ਵਾਲੇ ਮੰਗ-ਪੱਤਰ ਨੂੰ ਪੰਜਾਬ ਸਰਕਾਰ ਤੇ ਸੰਬੰਧਤ ਅਥਾਰਟੀ ਦੇ ਧਿਆਨ ਵਿੱਚ ਲਿਆਉਣਗੇ।ਉਨ੍ਹਾਂ ਕਿਹਾ ਕਿ ਵਕੀਲਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਤੇ ਲੋੜ ਪੈਣ 'ਤੇ ਮਾਨਯੋਗ ਚੀਫ਼ ਜਸਟਿਸ ਸਾਹਿਬ ਨਾਲ ਮੁਲਾਕਾਤ ਲਈ ਵੀ ਉਪਰਾਲਾ ਕੀਤਾ ਜਾਵੇਗਾ।ਸੰਧਵਾਂ ਨੇ ਦੁਹਰਾਇਆ ਕਿ ਉਹ ਵਕੀਲ ਭਾਈਚਾਰੇ ਦੇ ਹੱਕਾਂ ਤੇ ਹਿੱਤਾਂ ਦੀ ਰਾਖੀ ਲਈ ਹਮੇਸ਼ਾ ਨਾਲ ਖੜ੍ਹੇ ਹਨ ਤੇ ਉਨ੍ਹਾਂ ਦੀ ਆਵਾਜ਼ ਨੂੰ ਹਰ ਢੁੱਕਵੇਂ ਮੰਚ 'ਤੇ ਪਹੁੰਚਾਉਣ ਲਈ ਵਚਨਬੱਧ ਹਨ।

## ਇਸ਼ਤਿਹਾਰੀ ਭਗੌੜਾ ਸੁਖਦੇਵ ਉਰਫ਼ ਕਾਲੀ ਗ੍ਰਿਫ਼ਤਾਰ



ਮਜੀਠਾ/ਚਵਿੰਡਾ ਦੇਵੀ (ਸੋਇਮ ਆਨੰਦ/ਖੁਸ਼ਹਾਲ ਸੁੰਦਰ)-ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਮਾਜ ਦੇ ਮਾੜੇ ਅਨਸਰਾਂ ਅਤੇ ਭਗੌੜੇ ਦੋਸ਼ੀਆਂ ਖ਼ਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਅੰਮ੍ਰਿਤਸਰ ਦਿਹਾਤੀ ਪੁਲਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਹਾਸਲ ਹੋਈ, ਜਦੋਂ ਥਾਣਾ ਮਜੀਠਾ ਦੇ ਇੱਕ ਗੰਭੀਰ ਮਾਮਲੇ ਵਿੱਚ ਲੋੜੀਂਦੇ ਭਗੌੜੇ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਮਿਲੀ ਜਾਣਕਾਰੀ ਅਨੁਸਾਰ ਸਪੈਸ਼ਲ ਬ੍ਰਾਂਚ ਦੇ ਏ. ਐੱਸ. ਆਈ. ਜਗਦੀਪ ਸਿੰਘ, ਏ. ਐੱਸ. ਆਈ. ਹਰਿੰਦਰ ਸਿੰਘ ਅਤੇ ਏ. ਐੱਸ. ਆਈ. ਮੇਜਰ ਸਿੰਘ ਪੁਲਸ ਟੀਮ ਵੱਲੋਂ ਠੋਸ ਨਿਗਰਾਨੀ ਅਤੇ ਸੂਚਨਾ ਦੇ ਆਧਾਰ 'ਤੇ ਇਹ ਕਾਰਵਾਈ ਅੰਜਾਮ ਦਿੱਤੀ ਗਈ।ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਦੀ ਪਛਾਣ ਸੁਖਦੇਵ ਉਰਫ਼ ਕਾਲੀ ਪੁੱਤਰ ਜੋਗਿੰਦਰ, ਵਾਸੀ ਧਾਰੋਵਾਲੀ, ਥਾਣਾ ਕੋਟਲੀ ਸੂਰਤ ਮੱਲ੍ਹੀਆਂ (ਜ਼ਿਲ੍ਹਾ ਬਟਾਲਾ) ਵਜੋਂ ਹੋਈ ਹੈ। ਉਕਤ ਦੋਸ਼ੀ ਥਾਣਾ ਮਜੀਠਾ ਵਿਖੇ ਦਰਜ ਮੁਕੱਦਮਾ ਨੰਬਰ 118/2025, ਜੁਰਮ 376 ਆਈਪੀਸੀ ਦੇ ਤਹਿਤ ਕਾਫ਼ੀ ਸਮੇਂ ਤੋਂ ਲੋੜੀਂਦਾ ਸੀ ਅਤੇ ਅਦਾਲਤ ਵੱਲੋਂ ਇਸ਼ਤਿਹਾਰੀ ਭਗੌੜਾ ਕਰਾਰ ਦਿੱਤਾ ਗਿਆ ਸੀ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਦੋਸ਼ੀ ਖ਼ਿਲਾਫ਼ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਉਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

## ਝਗੜੇ ਦੌਰਾਨ ਚੱਲੀਆਂ ਗੋਲੀਆਂ ਤੇ ਵੱਢ-ਟੁੱਕ ਨਾਲ ਤਿੰਨ ਜ਼ਖ਼ਮੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੁਲਸ ਥਾਣਾ ਕਾਹਨੂੰਵਾਨ ਅਧੀਨ ਪੈਂਦੇ ਪਿੰਡ ਨਿਮਾਣਾ ਵਿੱਚ ਆਮ ਆਦਮੀ ਪਾਰਟੀ ਅਤੇ ਕਾਂਗਰਸੀ ਧੜੇ ਦਰਮਿਆਨ ਰੰਜਿਸ਼ ਤਹਿਤ ਹੋਏ ਝਗੜੇ ਵਿੱਚ ਜਿੱਥੇ ਤੇਜ਼ਧਾਰ ਹਥਿਆਰਾਂ ਨਾਲ ਤਿੰਨ ਵਿਅਕਤੀਆਂ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਮਿਲਿਆ ਹੈ ਉਸਦੇ ਨਾਲ-ਨਾਲ ਗੋਲੀਆਂ ਚਲਾਉਣ ਦਾ ਵੀ ਮਾਮਲਾ ਸਾਹਮਣੇ ਆਇਆ। ਜਾਣਕਾਰੀ ਦਿੰਦੇ ਹੋਏ ਪਿੰਡ ਨਿਮਾਣੇ ਦੇ ਸਰਪੰਚ ਗਗਨਦੀਪ ਸਿੰਘ ਅਤੇ ਜ਼ਖ਼ਮੀ ਹੋਏ ਵਿਕੀ ਮਸੀਹ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਬੀਬੀਆਂ ਦੇ 1000 ਵਾਲੇ ਫਾਰਮ ਭਰੇ ਜਾ ਰਹੇ ਸਨ। ਜਦੋਂ ਉਹ ਮੌਕੇ ਤੇ ਪਹੁੰਚੇ ਤਾਂ ਉਥੇ ਫਾਰਮ ਭਰਨ ਵਾਲੀ ਸਖੀ ਵੱਲੋਂ ਕਿਹਾ ਗਿਆ ਕਿ ਤੁਸੀਂ ਲੋਕਾਂ ਨੇ ਝਾੜੂ ਨੂੰ ਵੋਟਾਂ ਨਹੀਂ ਪਾਈਆਂ, ਤੁਹਾਡੇ ਫਾਰਮ ਨਹੀਂ ਭਰੇ ਜਾਣਗੇ। ਇਸ ਲਈ ਉਹ ਮੌਕੇ ਤੋਂ ਵਾਪਸ ਆ ਗਏ। ਇਸ ਦੌਰਾਨ ਪਿੰਡ ਦੇ ਹੀ ਦੋ ਬੰਦਿਆਂ ਵੱਲੋਂ ਸਕੂਲ ਵਿੱਚ ਦਾਖਲ ਹੋ ਕੇ ਗੁੰਡਾਗਰਦੀ ਕੀਤੀ ਗਈ। ਇਸ ਤੋਂ ਇਲਾਵਾ 27 ਜੁਲਾਈ ਨੂੰ ਪਿੰਡ ਦੇ ਹੀ ਇੱਕ ਹੋਰ ਕਾਂਗਰਸੀ ਪੰਚ ਨੂੰ ਤੇਜ਼ਧਾਰ ਹਥਿਆਰਾਂ ਨਾਲ ਜ਼ਖ਼ਮੀ ਕਰ ਦਿੱਤਾ।ਇਸ ਮੌਕੇ ਵਿੱਕੀ ਮਸੀਹ ਨੇ ਦੱਸਿਆ ਕਿ ਅੱਜ ਜਦੋਂ ਉਹ ਚਾਰ ਜਣੇ ਮੋਟਰਸਾਈਕਲ ਤੇ ਦਿਹਾੜੀ ਲਈ ਨਿਕਲੇ ਤਾਂ ਆਈਟੀਆਈ ਨੈਣੇ ਕੋਰਟ ਨੇੜੇ ਪਿੱਛੋਂ ਆਈਆਂ ਦੋ ਗੱਡੀਆਂ ਵਿੱਚ ਸਵਾਰ ਲੋਕਾਂ ਨੇ ਉਨ੍ਹਾਂ ਤੇ ਹਮਲਾ ਕਰ ਦਿੱਤਾ ਅਤੇ ਉਨ੍ਹਾਂ ਦੇ ਦੋ ਸਾਥੀਆਂ ਨੂੰ ਘੇਰ ਕੇ ਜ਼ਖ਼ਮੀ ਕਰ ਦਿਤਾ। ਉਨ੍ਹਾਂ ਬੰਦੂਕ ਅਤੇ ਪਿਸਤੌਲ ਨਾਲ ਕਥਿਤ ਤੌਰ ਤੇ ਦਰਜਨ ਦੇ ਕਰੀਬ ਫਾਇਰ ਵੀ ਕੀਤੇ। ਇਸ ਸਬੰਧੀ ਦੂਸਰੀ ਧਿਰ ਦਾ ਕਹਿਣਾ ਹੈ ਕਿ ਇਨ੍ਹਾਂ ਵਿਅਕਤੀਆਂ ਵੱਲੋਂ ਦੋ ਝਾੜੂ ਸਮਰਥਕਾਂ ਉਪਰ ਖੇਤਾਂ ਵਿੱਚ ਕੰਮ ਕਰਦੇ ਸਮੇਂ ਹਮਲਾ ਕੀਤਾ ਗਿਆ ਸੀ ਜਿਸ ਵਿੱਚ ਉਹ ਵੀ ਜ਼ਖ਼ਮੀ ਹੋਏ ਹਨ। ਇਸ ਮੌਕੇ ਪਹੁੰਚੇ ਥਾਣਾ ਕਾਹਨੂੰਵਾਨ ਦੇ ਮੁਖੀ ਕੁਲਦੀਪ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਜਾਇਜ਼ਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹਾਲ ਦੀ ਘੜੀ ਗੋਲੀ ਚੱਲਣ ਦੀ ਪੁਸ਼ਟੀ ਨਹੀਂ ਕਰ ਸਕਦੇ ਪਰ ਕਾਂਗਰਸ ਸਮਰਥਕਾਂ ਵੱਲੋਂ ਗੋਲੀ ਚਲਾਉਣ ਦਾ ਦਾਅਵਾ ਕੀਤਾ ਗਿਆ। ਇਸ ਤੋਂ ਇਲਾਵਾ ਕੁਝ ਚਸ਼ਮਦੀਦ ਲੋਕਾਂ ਅਤੇ ਨੇੜੇ ਹਾਜ਼ਰ ਲੋਕਾਂ ਨੇ ਵੀ ਗੋਲੀਆਂ ਚੱਲਣ ਦੀ ਪੁਸ਼ਟੀ ਕੀਤੀ।

## ਸੰਸਦ 'ਚ ਪੰਜਾਬ ਦੇ ਮੁੱਦਿਆਂ 'ਤੇ ਕਾਂਗਰਸ ਦਾ ਹੱਲਾ ਬੋਲ

### * ਪੇਪਰ ਲੀਕ ਤੇ ਸਫ਼ਾਈ ਸੇਵਕਾਂ 'ਤੇ ਲਾਠੀਚਾਰਜ ਦੇ ਵਿਰੋਧ 'ਚ ਕੀਤਾ ਪ੍ਰਦਰਸ਼ਨ




ਛੇਹਰਟਾ/ਜੈਂਤੀਪੁਰ/ਨਵੀਂ ਦਿੱਲੀ (ਮਨੋਜ ਕੁਮਾਰ/ਸੁਖਬੀਰ ਸਿੰਘ ਸਿੱਧੂ) : ਪੰਜਾਬ ਵਿੱਚ ਲਗਾਤਾਰ ਸਾਹਮਣੇ ਆ ਰਹੇ ਪੇਪਰ ਲੀਕ ਮਾਮਲਿਆਂ ਤੇ ਸਫ਼ਾਈ ਸੇਵਕਾਂ 'ਤੇ ਹੋਏ ਕਥਿਤ ਲਾਠੀਚਾਰਜ ਦੇ ਵਿਰੋਧ ਵਿੱਚ ਸੋਮਵਾਰ ਨੂੰ ਸੰਸਦ ਕੰਪਲੈਕਸ ਵਿਚ ਪੰਜਾਬ ਕਾਂਗਰਸ ਦੇ ਸੰਸਦ ਮੈਂਬਰਾਂ ਨੇ ਜ਼ੋਰਦਾਰ ਪ੍ਰਦਰਸ਼ਨ ਕੀਤਾ। ਸੰਸਦ ਮੈਂਬਰਾਂ ਨੇ ਹੱਥਾਂ ਵਿਚ ਤਖ਼ਤੀਆਂ ਫੜ ਕੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਤੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਅਸਤੀਫ਼ੇ ਦੀ ਮੰਗ ਕੀਤੀ। ਇਸ ਪ੍ਰਦਰਸ਼ਨ ਵਿਚ ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ, ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਡਾ. ਅਮਰ ਸਿੰਘ ਤੇ ਸ਼ੇਰ ਸਿੰਘ ਘੁਬਾਇਆ ਸ਼ਾਮਲ ਰਹੇ। ਪ੍ਰਦਰਸ਼ਨ ਦੌਰਾਨ ਕਾਂਗਰਸੀ ਮੈਂਬਰ ਪਾਰਲੀਮੈਂਟ ਨੇ ਦੋਸ਼ ਲਗਾਇਆ ਕਿ ਪੰਜਾਬ ਵਿਚ ਭਰਤੀ ਪ੍ਰੀਖਿਆਵਾਂ ਤੇ ਸਰਕਾਰੀ ਨੌਕਰੀਆਂ ਦੀ ਪਾਰਦਰਸ਼ਤਾ ਲਗਾਤਾਰ ਸਵਾਲਾਂ ਦੇ ਘੇਰੇ ਵਿਚ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਪਿਛਲੇ ਚਾਰ ਸਾਲਾਂ ਦੌਰਾਨ ਛੇ ਵੱਡੇ ਪੇਪਰ ਲੀਕ ਮਾਮਲਿਆਂ ਨੇ ਸੂਬੇ ਦੇ ਨੌਜਵਾਨਾਂ ਦਾ ਭਵਿੱਖ ਹਨੇਰੇ ਵਿੱਚ ਧੱਕ ਦਿੱਤਾ ਹੈ ਤੇ ਪੰਜ ਲੱਖ ਤੋਂ ਵੱਧ ਉਮੀਦਵਾਰ ਸਿੱਧੇ ਤੌਰ 'ਤੇ ਪ੍ਰਭਾਵਿਤ ਹੋਏ ਹਨ। ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਪੇਪਰ ਲੀਕ ਸਿਰਫ਼ ਪ੍ਰੀਖਿਆ ਵਿੱਚ ਗੜਬੜ ਦਾ ਮਾਮਲਾ ਨਹੀਂ, ਸਗੋਂ ਲੱਖਾਂ ਨੌਜਵਾਨਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੇ ਸੁਪਨਿਆਂ ਨਾਲ ਜੁੜਿਆ ਗੰਭੀਰ ਮੁੱਦਾ ਹੈ। ਔਜਲਾ ਨੇ ਮੰਗ ਕੀਤੀ ਕਿ ਹਰ ਪੇਪਰ ਲੀਕ ਮਾਮਲੇ ਦੀ ਨਿਰਪੱਖ ਤੇ ਸਮਾਂਬੱਧ ਜਾਂਚ ਕਰਵਾਈ ਜਾਵੇ। ਮੁਲਜ਼ਮਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਭਵਿੱਖ ਵਿਚ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਹੋਣ। ਪ੍ਰਦਰਸ਼ਨ ਦੌਰਾਨ ਕਾਂਗਰਸੀ ਸੰਸਦ ਮੈਂਬਰਾਂ ਨੇ ਹਾਲ ਹੀ ਵਿਚ ਸਫ਼ਾਈ ਸੇਵਕਾਂ 'ਤੇ ਹੋਏ ਕਥਿਤ ਲਾਠੀਚਾਰਜ ਦਾ ਮੁੱਦਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ। ਔਜਲਾ ਨੇ ਕਿਹਾ ਕਿ ਲੋਕਤੰਤਰ ਵਿਚ ਆਪਣੇ ਹੱਕਾਂ ਦੀ ਮੰਗ ਕਰਨਾ ਹਰ ਕਰਮਚਾਰੀ ਦਾ ਸੰਵਿਧਾਨਕ ਅਧਿਕਾਰ ਹੈ। ਜੇਕਰ ਸਫ਼ਾਈ ਸੇਵਕ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਸਨ ਤਾਂ ਸਰਕਾਰ ਦਾ ਫਰਜ਼ ਸੀ ਕਿ ਉਹ ਉਨ੍ਹਾਂ ਨਾਲ ਗੱਲਬਾਤ ਕਰਦੀ, ਨਾ ਕਿ ਉਨ੍ਹਾਂ 'ਤੇ ਲਾਠੀਆਂ ਵਰ੍ਹਾਉਂਦੀ। ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਸਰਕਾਰ ਦੀ ਕਾਰਜਸ਼ੈਲੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।

ਸੰਸਦ ਕੰਪਲੈਕਸ ਵਿੱਚ ਪ੍ਰਦਰਸ਼ਨ ਦੌਰਾਨ ਸੰਸਦ ਮੈਂਬਰਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਨ੍ਹਾਂ ਘਟਨਾਵਾਂ ਦੀ ਨੈਤਿਕ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਨੌਜਵਾਨਾਂ ਤੇ ਕਰਮਚਾਰੀਆਂ ਨਾਲ ਜੁੜੇ ਇਨ੍ਹਾਂ ਗੰਭੀਰ ਮੁੱਦਿਆਂ 'ਤੇ ਸਰਕਾਰ ਨੇ ਜਲਦ ਠੋਸ ਕਦਮ ਨਾ ਚੁੱਕੇ ਤਾਂ ਕਾਂਗਰਸ ਪਾਰਟੀ ਸੰਸਦ ਦੇ ਅੰਦਰ ਤੇ ਬਾਹਰ ਆਪਣਾ ਸੰਘਰਸ਼ ਹੋਰ ਤੇਜ਼ ਕਰੇਗੀ।

## ਆਰ ਐੱਮ ਪੀ ਆਈ ਵੱਲੋਂ ਭਲਕ ਦੇ ਪੰਜਾਬ ਬੰਦ ਨੂੰ ਭਰਪੂਰ ਸਮਰਥਨ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਸਫ਼ਾਈ ਕਰਮਚਾਰੀਆਂ ਵਲੋਂ ਆਪਣੇ ਹੱਕਾਂ ਲਈ ਅਤੇ ਜਬਰ ਦੇ ਖਿਲਾਫ 30 ਜਲਾਈ ਨੂੰ ਕੀਤੇ ਜਾ ਰਹੇ ਪੰਜਾਬ ਬੰਦ ਦੀ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਡੱਟ ਕੇ ਹਮਾਇਤ ਕਰਦੀ ਹੈ।ਇਹ ਐਲਾਨ ਅੱਜ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਇਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਕਹਿਣ ਤੇ ਪੰਜਾਬ ਪੁਲਸ ਵੱਲੋਂ ਸਫਾਈ ਸੇਵਕਾਂ 'ਤੇ ਅੰਨਾ ਤਸ਼ੱਦਦ ਕੀਤਾ ਗਿਆ ਅਤੇ ਔਰਤਾਂ ਤੇ ਮਰਦਾਂ ਨੂੰ ਧੂਹ-ਧੂਹ ਕੇ, ਜਾਤੀ ਆਪਸ਼ਬਦ ਬੋਲੇ ਗਏ।ਡੀਐੱਸਪੀ ਅਤੇ ਪੁਲਸ ਕਰਮਚਾਰੀਆਂ ਵੱਲੋਂ ਬੇਰਹਿਮੀ ਨਾਲ ਸਫਾਈ ਸੇਵਕਾਂ ਨੂੰ ਕੁੱਟਿਆ ਗਿਆ।ਜਾਮਾਰਾਏ ਨੇ ਕਿਹਾ ਕਿ ਕੇਜਰੀਵਾਲ ਅਤੇ ਭਗਵੰਤ ਮਾਨ ਦੀ ਸਰਕਾਰ ਨੂੰ ਦਿੱਲੀ 'ਚ ਤਾਂ ਤਸ਼ੱਦਦ ਵਿਦਿਆਰਥੀਆਂ 'ਤੇ ਦਿਸ ਰਿਹਾ ਪਰ ਪੰਜਾਬ 'ਚ ਕੀ ਹੋ ਰਿਹਾ ਇਹ ਨਹੀਂ ਦਿੱਸਦਾ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਸਫਾਈ ਸੇਵਕ ਕਰਮਚਾਰੀਆਂ ਦੇ ਮਸਲੇ ਹੱਲ ਨਹੀਂ ਹੁੰਦੇ ਪਾਰਟੀ ਉਨਾ ਚਿਰ ਤੱਕ ਡਟ ਕੇ ਸਮਰਥਨ ਕਰੇਗੀ।

## ਮੇਅਰ ਬਾਜਵਾ ਨੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਬੈਗ ਵੰਡੇ



ਬਟਾਲਾ, (ਤਰਲੋਕ ਬੱਗਾ)-ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਸਕੂਲ ਆਫ਼ ਐਮੀਨੈਂਸ, ਧਰਮਪੁਰਾ ਕਲੋਨੀ, ਬਟਾਲਾ ਵਿਖੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਚਲਾਈ ਗਈ ਮੁਹਿੰਮ ਤਹਿਤ, ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ ਗਏ।ਇਸ ਮੌਕੇ ਬੱਚਿਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਡਿਪਟੀ ਡੀ. ਈ. ਓ. ਅਨਿਲ ਸ਼ਰਮਾ, ਯੂਥ ਵਿੰਗ ਹਲਕਾ ਇੰਚਾਰਜ ਵੀਨੂ ਕਾਹਲੋਂ, ਕੌਂਸਲਰ ਬੰਟੀ , ਲੰਬਰਦਾਰ ਅਮਰੀਕ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਰਹੇ।ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਸਾਡੇ ਸਰਕਾਰੀ ਸਕੂਲਾਂ ਦੇ ਬੱਚੇ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਬਦਲਾਅ ਦੀ ਇੱਕ ਨਵੀਂ ਸਵੇਰ ਆਈ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਡਿਜੀਟਲ ਅਤੇ ਇੰਟਰਐਕਟਿਵ ਢੰਗ ਨਾਲ ਪੜ੍ਹਾਈ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ। ਉਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਵੱਲ ਧਿਆਨ ਦੇਣ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਸਿੱਖਿਆ ਹੀ ਸਮਾਜ ਦੀ ਤਰੱਕੀ ਦੀ ਕੁੰਜੀ ਹੈ ਅਤੇ ਸਰਕਾਰ ਹਮੇਸ਼ਾ ਵਿਦਿਆਰਥੀਆਂ ਦੀ ਮਦਦ ਲਈ ਵਚਨਬੱਧ ਹੈ।

## ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ 'ਚ ਭੁੱਖ ਹੜਤਾਲ ਸ਼ੁਰੂ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਲੀਗਲ ਏਡ ਡਿਫੈਂਸ ਕੌਂਸਲ ਸਿਸਟਮ (ਐੱਲਏਡੀਸੀ) ਦੇ ਵਿਰੋਧ ਵਿੱਚ ਜ਼ਿਲ੍ਹਾ ਬਾਰ ਐਸੋਸੀਏਸ਼ਨ ਗੁਰਦਾਸਪੁਰ ਵੱਲੋਂ ਅਦਾਲਤੀ ਕੰਪਲੈਕਸ ਵਿੱਚ ਭੁੱਖ ਹੜਤਾਲ ਸ਼ੁਰੂ ਕੀਤੀ ਗਈ।ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ ਵਿੱਚ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪਿਛਲੇ ਕਈ ਦਿਨਾਂ ਤੋਂ ਵਕੀਲਾਂ ਦੀ ਹੜਤਾਲ ਚੱਲ ਰਹੀ ਹੈ ਜਿਸ ਕਾਰਨ ਅਦਾਲਤਾਂ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ ਅਤੇ ਲੋਕ ਪਰੇਸ਼ਾਨ ਹਨ। ਹੜਤਾਲ ਦਾ ਮੁੱਖ ਕਾਰਨ (ਐੱਲਏਡੀਸੀ) ਨੀਤੀ ਦਾ ਵਿਰੋਧ ਹੈ। ਵਕੀਲ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਦੀ ਇਸ ਨਵੀਂ ਪ੍ਰਣਾਲੀ ਦਾ ਵਿਰੋਧ ਕਰ ਰਹੇ ਹਨ।ਦੂਜੇ ਪਾਸੇ ਵਕੀਲਾਂ ਦਾ ਦੋਸ਼ ਹੈ ਕਿ ਇਹ ਨੀਤੀ ਨੌਜਵਾਨ ਵਕੀਲਾਂ ਦੇ ਅਭਿਆਸ ਅਤੇ ਰੁਜ਼ਗਾਰ ਦੇ ਮੌਕਿਆਂ ਨੂੰ ਸੀਮਤ ਕਰ ਰਹੀ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇਸ ਮਾਮਲੇ ਦਾ ਨੋਟਿਸ ਲੈਂਦਿਆਂ ਕਿਹਾ ਕਿ ਬਾਰ ਐਸੋਸੀਏਸ਼ਨ ਨੂੰ ਆਪਸੀ ਗੱਲਬਾਤ ਰਾਹੀਂ ਇਸ ਮਸਲੇ ਦਾ ਹੱਲ ਕੱਢਣਾ ਚਾਹੀਦਾ ਹੈ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਰਾਜ ਪਾਲ ਸਿੰਘ, ਮੀਤ ਪ੍ਰਧਾਨ ਹਰਪਾਲ ਸਿੰਘ, ਅਤੁਲ ਕੈਸ਼ੀਅਰ, ਸੈਕਟਰੀ ਰੋਹਨ ਸ਼ਰਮਾ, ਸੀਨੀਅਰ ਵਕੀਲ ਕਵੀ ਰਾਜ ਸੈਣੀ, ਮਨਮੀਤ ਗੋਰਾਇਆ, ਜਸਕਰਨ ਸਿੰਘ, ਉਮੇਸ਼, ਉੱਤਮ ਸੰਧੂ ਆਦਿ ਵੀ ਹਾਜ਼ਰ ਸਨ ।

## ਪੱਟੀ ਬਾਰ ਕੌਂਸਲ ਦੇ ਵਕੀਲ ਭੁੱਖ ਹੜਤਾਲ 'ਤੇ ਬੈਠੇ



ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਪੰਜਾਬ ਲੀਗਲ ਏਡ ਡਿਫੈਂਸ ਕੌਂਸਲ ਨਾਲ ਜੁੜੇ ਮਸਲਿਆਂ ਨੂੰ ਲੈ ਕੇ ਪੱਟੀ ਬਾਰ ਕੌਂਸਲ ਦੇ ਵਕੀਲਾਂ ਨੇ ਸਖ਼ਤ ਰੋਸ ਪ੍ਰਗਟ ਕੀਤਾ ਹੈ।ਵਕੀਲ ਭਾਈਚਾਰੇ ਨੇ ਐਲਾਨ ਕੀਤਾ ਹੈ ਕਿ ਉਹ ਲੀਗਲ ਏਡ ਡਿਫੈਂਸ ਕੌਂਸਲ ਦੇ ਵਿਰੋਧ ਵਿੱਚ ਪੱਟੀ ਵਿਖੇ ਅਦਾਲਤੀ ਕੰਮਕਾਜ ਤੋਂ ਉਖੜ (ਵਰਕ ਸਸਪੈਂਡ) ਰਹਿਣਗੇ ਅਤੇ ਧਰਨਾ ਦੇ ਕੇ ਆਪਣਾ ਵਿਰੋਧ ਦਰਜ ਕਰਵਾਉਣਗੇ।ਇਸ ਮੌਕੇ ਬਾਰ ਐਸੋਸੀਏਸ਼ਨ ਪੱਟੀ ਦੇ ਪ੍ਰਧਾਨ ਐਡਵੋਕੇਟ ਕੰਵਲਜੀਤ ਸਿੰਘ ਬਾਠ ਅਤੇ ਸੈਕਟਰੀ ਐਡਵੋਕੇਟ ਨਕੁਲ ਦੇਵਗਨ ਦੀ ਅਗਵਾਈ ਹੇਠ ਵਕੀਲਾਂ ਨੇ ਆਪਣੀਆਂ ਮੰਗਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ। ਵਕੀਲ ਭਾਈਚਾਰੇ ਨੇ ਕਿਹਾ ਕਿ ਉਹ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਬਹੁਤ ਸ਼ਾਂਤਮਈ ਢੰਗ ਨਾਲ ਰੋਸ ਦਾ ਪ੍ਰਗਟਾਵਾ ਕਰ ਰਹੇ ਅਤੇ ਭੁੱਖ ਹੜਤਾਲ ਤੇ ਬੈਠਣਗੇ ਵਕੀਲਾਂ ਦਾ ਕਹਿਣਾ ਹੈ ਕਿ ਲੀਗਲ ਏਡ ਡਿਫੈਂਸ ਕੌਂਸਲ ਦੀ ਮੌਜੂਦਾ ਪ੍ਰਣਾਲੀ ਕਾਰਨ ਸਥਾਨਕ ਵਕੀਲਾਂ ਦੇ ਹਿੱਤ ਪ੍ਰਭਾਵਿਤ ਹੋ ਰਹੇ ਹਨ।ਉਨ੍ਹਾਂ ਨੇ ਮੰਗ ਕੀਤੀ ਕਿ ਸਰਕਾਰ ਅਤੇ ਸੰਬੰਧਤ ਅਧਿਕਾਰੀ ਇਸ ਮਾਮਲੇ ਦਾ ਜਲਦ ਹੱਲ ਕਰਨ ਅਤੇ ਵਕੀਲ ਭਾਈਚਾਰੇ ਦੀਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਸੁਣਨ। ਵਕੀਲਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਦੌਰਾਨ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਆਪਣੇ ਸੰਘਰਸ਼ ਨੂੰ ਜਾਰੀ ਰੱਖਣ ਦਾ ਸੰਕਲਪ ਵੀ ਦੁਹਰਾਇਆ।ਇਸ ਮੌਕੇ ਐਡਵੋਕੇਟ ਜਗਦੀਪ ਮਹਿਤਾ, ਐਡਵੋਕੇਟ ਸਰਬਜੀਤ ਸਿੰਘ ਜੰਡਾ, ਐਡਵੋਕੇਟ ਪ੍ਰੀਨੈ ਪ੍ਰਭਾਕਰ, ਐਡਵੋਕੇਟ ਹਰਗੁਰਲਾਲ ਸਿੰਘ, ਐਡਵੋਕੇਟ ਅਮਨਦੀਪ ਸਿੰਘ, ਐਡਵੋਕੇਟ ਸੁਰਿੰਦਰ ਸਿੰਘ ਘਰਿਆਲਾ, ਐਡਵੋਕੇਟ ਜਤਿੰਦਰ ਮੋਨੂ ਦੇਵਗਨ, ਐਡਵੋਕੇਟ ਸੰਗਰਾਮ ਸਿੰਘ, ਐਡਵੋਕੇਟ ਜਸਵਿੰਦਰ ਸਿੰਘ ਬੇਦੀ, ਐਡਵੋਕੇਟ ਬੌਬੀ ਬਾਠ, ਐਡਵੋਕੇਟ ਮੋਹਿਤ ਆਦਿ ਵਕੀਲ ਹਾਜ਼ਰ ਸਨ।

## ਨਾਬਾਲਗ ਲੜਕੀ ਦੇ ਕਤਲ ਮਾਮਲੇ 'ਚ ਮੁੱਖ ਮੁਲਜ਼ਮ ਗ੍ਰਿਫ਼ਤਾਰ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਥਾਣਾ ਗੇਟ ਹਕੀਮਾਂ ਅਧੀਨ ਆਉਂਦੇ ਇਲਾਕੇ ਵਿਚ ਜਲੰਧਰ ਦੀ ਨਾਬਾਲਗ ਲੜਕੀ ਦੇ ਕਤਲ ਦੇ ਸਬੰਧ ਵਿਚ ਉਸ ਦੇ ਮਾਸੜ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਇਸ ਸਬੰਧੀ ਡੀ ਸੀ ਪੀ ਲਾਅ ਐਂਡ ਆਰਡਰ ਅੰਮ੍ਰਿਤਸਰ ਆਲਮ ਵਿਜੇ ਸਿੰਘ ਨੇ ਦੱਸਿਆ ਕਿ ਬੀਤੀ 15 ਜੁਲਾਈ ਨੂੰ ਥਾਣਾ ਗੇਟ ਹਕੀਮਾਂ ਵਿਚ ਇਸ ਸੰਬੰਧ ਵਿਚ ਮਾਮਲਾ ਦਰਜ ਹੋਇਆ ਸੀ। ਸ਼ਿਕਾਇਤਕਰਤਾ ਨੇ ਪੁਲਸ ਨੂੰ ਸੂਚਿਤ ਕੀਤਾ ਕਿ ਉਸ ਦੀ 15 ਸਾਲਾ ਨਾਬਾਲਗ ਭੈਣ ਦੀ ਉਸ ਦੇ ਮਾਸੜ ਤੇ ਹੋਰ ਦੋ ਵਿਅਕਤੀਆਂ ਵੱਲੋਂ ਕੁੱਟਮਾਰ ਕਰਕੇ ਹੱਤਿਆ ਕਰ ਦਿੱਤੀ ਗਈ ਹੈ। ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਕਮਿਸ਼ਨਰ ਪੁਲਸ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਦੀਆਂ ਹਦਾਇਤਾਂ 'ਤੇ ਉਨ੍ਹਾਂ (ਆਲਮ ਵਿਜੇ ਸਿੰਘ) ਦੇ ਦਿਸ਼ਾ-ਨਿਰਦੇਸ਼ਾਂ 'ਤੇ ਏ.ਡੀ.ਸੀ.ਪੀ.- ਸਿਟੀ 1 ਵਿਸ਼ਾਲਜੀਤ ਸਿੰਘ ਤੇ ਏ ਸੀ ਪੀ ਸੈਂਟਰਲ ਸੁਰਿੰਦਰ ਸਿੰਘ ਏ ਸੀ ਪੀ ਸੈਂਟਰਲ ਦੀ ਨਿਗਰਾਨੀ ਹੇਠ ਐੱਸ.ਐੱਚ.ਓ. ਗੇਟ ਹਕੀਮਾਂ ਇੰਸਪੈਕਟਰ ਮਨਜੀਤ ਕੌਰ ਵੱਲੋਂ ਵੱਖ-ਵੱਖ ਵਿਸ਼ੇਸ਼ ਪੁਲਸ ਟੀਮਾਂ ਦਾ ਗਠਨ ਕਰਕੇ ਤੁਰੰਤ ਜਾਂਚ ਸ਼ੁਰੂ ਕੀਤੀ ਗਈ। ਜਾਂਚ ਦੌਰਾਨ ਸਾਹਮਣੇ ਆਇਆ ਕਿ ਮੁੱਖ ਮੁਲਜ਼ਮ ਵਿਨੀਤ ਕੁਮਾਰ ਉਰਫ਼ ਸੋਨੀ, ਜੋ ਮ੍ਰਿਤਕਾ ਦਾ ਮਾਸੜ ਹੈ, ਨੇ ਲੜਕੀ ਤੇ ਉਸ ਦੇ ਭਰਾ ਨੂੰ ਜਲੰਧਰ ਤੋਂ ਆਪਣੇ ਘਰ ਅੰਮ੍ਰਿਤਸਰ ਬੁਲਾਇਆ। ਦੋਵਾਂ ਵੱਲੋਂ ਆਰਥਿਕ ਤੰਗੀ ਦੱਸਣ 'ਤੇ ਮੁਲਜ਼ਮ ਨੇ 2,000 ਰੁਪਏ ਗੂਗਲ ਪੇ ਰਾਹੀਂ ਭੇਜੇ, ਜਿਸ ਤੋਂ ਬਾਅਦ ਉਹ ਉਸ ਦੇ ਘਰ ਪੁੱਜੇ। ਘਰ ਪਹੁੰਚਣ ਉਪਰੰਤ ਮੁਲਜ਼ਮ ਨੇ ਲੜਕੀ 'ਤੇ ਸੋਨਾ ਤੇ ਮੁੰਦਰੀਆਂ ਚੋਰੀ ਕਰਨ ਦਾ ਦੋਸ਼ ਲਗਾਇਆ ਅਤੇ ਉਸ ਨੂੰ ਘਰ ਦੀ ਪਹਿਲੀ ਮੰਜ਼ਲ 'ਤੇ ਕਮਰੇ ਵਿਚ ਲਿਜਾ ਕੇ ਅੰਦਰੋਂ ਕੁੰਡੀ ਲਗਾ ਲਈ। ਉੱਥੇ ਉਸ ਨਾਲ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ। ਲੜਕੀ ਦੀਆਂ ਚੀਕਾਂ ਸੁਣ ਕੇ ਉਸ ਦਾ ਭਰਾ ਤੇ ਮਾਸੀ ਕਮਰੇ ਦੇ ਬਾਹਰ ਪੁੱਜੇ ਅਤੇ ਦਰਵਾਜ਼ਾ ਖੜਕਾਇਆ, ਪਰ ਮੁਲਜ਼ਮ ਨੇ ਦਰਵਾਜ਼ਾ ਨਹੀਂ ਖੋਲ੍ਹਿਆ। ਇਸ ਦੌਰਾਨ ਵਿਨੀਤ ਕੁਮਾਰ ਨੇ ਆਪਣੇ ਦੋ ਹੋਰ ਸਾਥੀਆਂ ਨੂੰ ਵੀ ਮੌਕੇ 'ਤੇ ਬੁਲਾ ਲਿਆ, ਜਿਨ੍ਹਾਂ ਨੇ ਵੀ ਲੜਕੀ ਨਾਲ ਕੁੱਟਮਾਰ ਕੀਤੀ। ਕੁਝ ਸਮੇਂ ਬਾਅਦ ਜਦੋਂ ਦਰਵਾਜ਼ਾ ਖੋਲ੍ਹਿਆ ਗਿਆ ਤਾਂ ਲੜਕੀ ਬੇਹੋਸ਼ੀ ਦੀ ਹਾਲਤ ਵਿਚ ਪਈ ਸੀ ਤੇ ਉਸ ਦੇ ਸਰੀਰ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਸਨ ਅਤੇ ਉਸ ਦੀ ਮੌਤ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਹਰ ਐਂਗਲ ਤੋਂ ਜਾਂਚ ਕਰਦੇ ਹੋਏ ਮੁੱਖ ਮੁਲਜ਼ਮ ਵਿਨੀਤ ਕੁਮਾਰ ਉਰਫ਼ ਸੋਨੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਪੁੱਛਗਿੱਛ ਦੌਰਾਨ ਉਸ ਦੀ ਨਿਸ਼ਾਨਦੇਹੀ 'ਤੇ ਵਾਰਦਾਤ ਵਿਚ ਵਰਤਿਆ ਗਿਆ ਡੰਡਾ ਵੀ ਬਰਾਮਦ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਮਾਮਲੇ ਵਿਚ ਸ਼ਾਮਲ ਹੋਰ ਦੋ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਗ੍ਰਿਫ਼ਤਾਰ ਵਿਨੀਤ ਕੁਮਾਰ ਉਰਫ਼ ਸੋਨੀ (26 ਸਾਲ) 12ਵੀਂ ਪਾਸ ਹੈ ਤੇ ਮਜ਼ਦੂਰੀ ਕਰਦਾ ਹੈ। ਉਸ ਖ਼ਿਲਾਫ਼ ਪਹਿਲਾਂ ਵੀ ਸਾਲ 2018 ਵਿਚ ਐੱਨ.ਡੀ.ਪੀ.ਐੱਸ. ਐਕਟ ਤਹਿਤ ਥਾਣਾ ਸੀ-ਡਵੀਜ਼ਨ ਅੰਮ੍ਰਿਤਸਰ ਵਿਚ ਪਰਚਾ ਦਰਜ ਹੈ।

## ਮਾਣੋਚਾਹਲ ਵਿਖੇ ਕਈ ਪਰਿਵਾਰਾਂ ਦੀ ਕਾਂਗਰਸ 'ਚ ਭਰਵੀਂ ਸ਼ਮੂਲੀਅਤ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਾਂਗਰਸ ਪਾਰਟੀ ਦੀ ਇਕ ਭਰਵੀਂ ਮੀਟਿੰਗ ਸਾਬਕਾ ਸਰਪੰਚ ਗੁਰਮੀਤ ਸਿੰਘ ਮਾਣੋਚਾਹਲ ਦੇ ਗ੍ਰਿਹਿ ਵਿਖੇ ਹੋਈ।ਇਸ ਮੌਕੇ ਇਲਾਕੇ ਦੇ ਵਿਕਾਸ, ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਕਾਂਗਰਸ ਪਾਰਟੀ ਦੇ ਮੋਹਤਬਰ ਸਾਥੀ ਸਰਪੰਚ ਗੁਰਮੀਤ ਸਿੰਘ, ਪ੍ਰਧਾਨ ਸੁਖਦੇਵ ਸਿੰਘ, ਸਾਬਕਾ ਸਰਪੰਚ ਕੁਲਦੀਪ ਸਿੰਘ, ਮੈਂਬਰ ਸੁਖਵੰਤ ਸਿੰਘ, ਜਸਵਿੰਦਰ ਸਿੰਘ, ਜਰਨੈਲ ਸਿੰਘ, ਮੈਂਬਰ ਹਰਜੀਤ ਸਿੰਘ, ਗੁਰਨਾਮ ਸਿੰਘ, ਲਖਬੀਰ ਸਿੰਘ, ਰਵੀ, ਮੈਂਬਰ ਸਾਹਿਬ ਸਿੰਘ, ਗੁਰਿੰਦਰਪਾਲ ਸਿੰਘ ਅਤੇ ਬਲਕਾਰ ਸਿੰਘ ਦੇ ਯਤਨਾਂ ਸਦਕਾ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਨੂੰ ਛੱਡ ਕੇ ਕਈ ਪਰਿਵਾਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।ਇਸ ਮੌਕੇ ਡਾ. ਦਿਲਬਾਗ ਸਿੰਘ, ਸਾਹਿਬ ਸਿੰਘ, [illegible]

## ਕੋਟਲੀ ਮੱਲ੍ਹੀਆਂ ਸਕੂਲ ਵਿਖੇ ਵਿਦਿਆਰਥੀਆਂ ਨੂੰ ਵੰਡੇ ਸਕੂਲ ਬੈਗ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਮੁੱਖ [illegible] ਸਾਰ ਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਂਅ ਰੌਸ਼ਨ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸੱਚਮੁੱਚ ਬਦਲਾਅ ਦੀ ਇੱਕ ਨਵੀਂ ਸਵੇਰ ਆਈ ਹੈ, ਜਿੱਥੇ ਬੱਚਿਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਜੌਹਲ (ਹਲਕਾ ਪ੍ਰਧਾਨ ਯੂਥ ਵਿੰਗ ਮਜੀਠਾ), ਲਵ ਸਿੰਘ (ਸਰਪੰਚ, ਪਿੰਡ ਕਾਦਰਾਬਾਦ) ਅਤੇ ਜਗਦੀਸ਼ ਸਿੰਘ ਸ਼ਹਿਜ਼ਾਦਾ (ਬਲਾਕ ਪ੍ਰਧਾਨ ਯੂਥ ਵਿੰਗ ਮਜੀਠਾ) ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਏਅਰ ਇੰਡੀਆ ਵੱਲੋਂ ਅੰਮ੍ਰਿਤਸਰ ਤੋਂ 'ਈਜ਼ੀ ਕਨੈਕਟ' ਉਡਾਣਾਂ ਸ਼ੁਰੂ

**ਅੰਮ੍ਰਿਤਸਰ**-ਏਅਰ ਇੰਡੀਆ ਨੇ ਅੰਮ੍ਰਿਤਸਰ ਤੋਂ 'ਈਜ਼ੀ ਕਨੈਕਟ' ਸੇਵਾਵਾਂ ਸ਼ੁਰੂ ਕੀਤੀਆਂ, ਜਿਸ ਨਾਲ ਭਾਰਤ ਸਰਕਾਰ ਦੇ ਪਰਿਵਰਤਨਸ਼ੀਲ ਹੱਬ-ਐਂਡ-ਸਪੋਕ ਮਾਡਲ ਦਾ ਵਿਸਤਾਰ ਕੀਤਾ ਗਿਆ ਤਾਂ ਜੋ ਪੰਜਾਬ ਭਰ ਦੇ ਯਾਤਰੀਆਂ ਲਈ ਗਲੋਬਲ ਕਨੈਕਟੀਵਿਟੀ ਨੂੰ ਸੁਚਾਰੂ ਢੰਗ ਨਾਲ ਸੁਚਾਰੂ ਬਣਾਇਆ ਜਾ ਸਕੇ।

ਇਹ ਸ਼ੁਰੂਆਤ ਜੂਨ 2026 ਵਿੱਚ ਐਲਾਨੀ ਗਈ ਇਸ ਪਹਿਲਕਦਮੀ ਦੇ ਦੇਸ਼ ਵਿਆਪੀ ਰੋਲਆਊਟ ਵੱਲ ਇੱਕ ਮਹੱਤਵਪੂਰਨ ਕਦਮ ਹੈ।ਏਅਰ ਇੰਡੀਆ ਦੇ ਗਵਰਨੈਂਸ, ਜੋਖਮ, ਪਾਲਣਾ ਅਤੇ ਕਾਰਪੋਰੇਟ ਮਾਮਲਿਆਂ ਦੇ ਸਮੂਹ ਮੁਖੀ ਪੀ. ਬਾਲਾਜੀ ਨੇ ਕਿਹਾ ਕਿ ਪੰਜਾਬ ਭਾਰਤੀਆਂ ਦੇ ਸਭ ਤੋਂ ਵੱਡੇ ਵਿਸ਼ਵ ਪੱਧਰ ਤੇ ਜੁੜੇ ਭਾਈਚਾਰਿਆਂ ਵਿੱਚੋਂ ਇੱਕ ਦਾ ਘਰ ਹੈ, ਜਿੱਥੇ ਪਰਿਵਾਰਾਂ, ਉੱਦਮੀਆਂ, ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੇ ਪੀੜ੍ਹੀਆਂ ਤੋਂ ਦੁਨੀਆ ਭਰ ਦੇ ਭਾਈਚਾਰਿਆਂ, ਖਾਸ ਕਰਕੇ ਅਮਰੀਕਾ, ਕੈਨੇਡਾ, ਯੂਨਾਈਟਿਡ ਕਿੰਗਡਮ ਅਤੇ ਆਸਟ੍ਰੇਲੀਆ ਵਿੱਚ ਮਜ਼ਬੂਤ ਸਬੰਧ ਬਣਾਏ ਹਨ।

## ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਤਹਿਤ ਕਰਵਾਏ ਜਾ ਰਹੇ ਜ਼ੋਨ ਪੱਧਰੀ ਮੁਕਾਬਲਿਆਂ [illegible] ਦਾ ਪਹਿਲਾ ਮੈਚ ਮਹਾਰਾਜਾ ਰਣਜੀਤ ਸਿੰਘ ਸਕੂਲ ਝਬਾਲ ਤੇ ਹੌਂਵਡਲੇਨ ਸਕੂਲ ਝਬਾਲ ਦਰਮਿਆਨ ਖੇਡਿਆ ਗਿਆ।ਇਸ ਮੁਕਾਬਲੇ ਵਿੱਚ ਹੌਂਵਡਲੇਨ ਸਕੂਲ ਦੀ ਟੀਮ ਜੇਤੂ ਰਹੀ।ਫਾਈਨਲ ਮੁਕਾਬਲੇ ਵਿੱਚ ਬਾਬਾ ਦੀਪ ਸਿੰਘ ਜੀ ਸ਼ਹੀਦ ਸਕੂਲ ਪਹੂਵਿੰਡ ਨੂੰ ਹਰਾ ਕੇ ਹੌਂਵਡਲੇਨ ਸਕੂਲ ਝਬਾਲ ਪਹਿਲੇ ਸਥਾਨ 'ਤੇ ਰਿਹਾ।ਅੰਡਰ-17 ਰੱਸਾ-ਕਸ਼ੀ ਮੁਕਾਬਲਿਆਂ 'ਚ [illegible] ਗਿਆ।ਸਕੂਲ ਪਹੁੰਚਣ 'ਤੇ ਚੇਅਰਮੈਨ ਕੰਧਾਲ ਸਿੰਘ ਬਾਠ ਅਤੇ ਪ੍ਰਿੰਸੀਪਲ ਮੈਡਮ ਲਖਬੀਰ ਕੌਰ ਨੇ ਸਮੂਹ ਸਕੂਲਾਂ ਦੇ ਡੀਪੀਈ ਸਾਹਿਬਾਨ ਨੂੰ ਜੀ ਆਇਆਂ ਆਖਿਆ।

ਇਸ ਮੌਕੇ ਡੀਪੀਈ ਹਰਜੀਤ ਸਿੰਘ ਤੇ ਐੱਨਸੀਸੀ ਇੰਚਾਰਜ ਕੁਲਦੀਪ ਸਿੰਘ ਸਮੇਤ ਸਮੂਹ ਸਕੂਲਾਂ ਦੇ ਡੀਪੀਈ ਸਾਹਿਬਾਨ ਹਾਜ਼ਰ ਸਨ।

## ਪਵਿੱਤਰ ਬਾਣੀ ਮਾਤ੍ਰਾ ਸ਼ਾਸਤਰ ਦੇ ਪਾਠ ਦੇ ਭੋਗ ਅੱਜ



ਨਾਨਕਚੱਕ ਫਤਿਹਗੜ੍ਹ ਚੂੜੀਆਂ (ਜਸਵੰਤ ਸਿੰਘ ਮਾਨ)-[illegible] (ਬਿਆਸਪੂਜਾ) ਨੂੰ ਸਮਰਪਿਤ ਬਾਬਾ ਜੀ ਦੀ ਪਵਿੱਤਰ ਬਾਣੀ ਮਾਤ੍ਰਾ ਸ਼ਾਸਤਰ ਦੇ ਪਾਠ ਸਵੇਰੇ ਅੱਠ ਵਜੇ ਆਰੰਭ ਹੋਣਗੇ।29 ਜੁਲਾਈ ਨੂੰ ਮਾਤ੍ਰਾ ਸ਼ਾਸ਼ਤਰ ਬਾਣੀ ਦੇ ਭੋਗ ਪਾਏ ਜਾਣਗੇ ਤੇ ਇਸ ਤੋਂ ਉਪਰੰਤ ਆਰਤੀ ਪੂਜਨ ਤੇ ਭੰਡਾਰਾ ਹੋਵੇਗਾ।

## ਮਾਤਾ ਗੁਰਮੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੱਤਰਕਾਰ ਮਨਜੀਤ ਸਿੰਘ ਰੰਧਾਵਾ ਦੀ ਸੱਸ ਮਾਤਾ ਗੁਰਮੀਤ ਕੌਰ ਜੋ ਕਿ 19 ਜੁਲਾਈ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ [illegible] ਸਮਾਗਮ ਵਿੱਚ ਵਿਰਸਾ ਸਿੰਘ, ਕਰਮ ਸਿੰਘ, ਜਗਮੋਹਨ ਸਿੰਘ, ਜਗਦੀਪ ਸਿੰਘ ਐੱਨ ਆਰ ਆਈ, ਨਿਸ਼ਾਨ ਸਿੰਘ ਫੌਜੀ, ਪ੍ਰੈੱਸ ਯੂਨੀਅਨ ਦੇ ਪ੍ਰਧਾਨ ਮਨਜੀਤ ਸਿੰਘ, ਰੰਧਾਵਾ ਜ਼ਿਲ੍ਹਾ ਇੰਚਾਰਜ (ਤਰਨ ਤਾਰਨ) ਚੇਅਰਮੈਨ ਲਖਬੀਰ ਸਿੰਘ ਬੁਰਜ, ਸਰਪੰਚ ਜਗਦੇਵ ਸਿੰਘ ਸਮਰਾ, ਆਤਮਾ ਸਿੰਘ, ਠੇਕੇਦਾਰ ਮਨਜੀਤ ਸਿੰਘ, ਠੇਕੇਦਾਰ ਰਾਜਵਿੰਦਰ ਸਿੰਘ, ਕਰਤਾਰ ਸਿੰਘ ਮੀਰਾਂ ਕੋਟੀਆਂ, ਪੱਤਰਕਾਰ ਸਲਵਿੰਦਰ ਸਿੰਘ ਬਲੇਹਰ, ਪੱਤਰਕਾਰ ਚਾਨਣ ਸਿੰਘ ਮਾੜੀਮੇਘਾ, ਪੱਤਰਕਾਰ ਸਤਨਾਮ ਸਿੰਘ ਖਾਲੜਾ, ਪੱਤਰਕਾਰ ਗੁਰਪਾਲ ਸਿੰਘ ਦਿੱਲੀ, ਦਲਜੀਤ ਸਿੰਘ, ਪੱਤਰਕਾਰ ਹਰਪ੍ਰੀਤ ਸਿੰਘ, ਪੱਤਰਕਾਰ ਜਸਬੀਰ ਸਿੰਘ ਦੋਬਲੀ, ਪੱਤਰਕਾਰ ਕਲਵਿੰਦਰਪਾਲ ਸਿੰਘ ਕੋਟ ਬੁੱਢਾ, ਪੱਤਰਕਾਰ ਜਗਜੀਤ ਸਿੰਘ ਡੱਲ, ਪੱਤਰਕਾਰ ਮਨਜੀਤ ਸਿੰਘ ਪੱਟੀ, ਪੱਤਰਕਾਰ ਜਗਤਾਰ ਸਿੰਘ ਖਾਲੜਾ, ਪੱਤਰਕਾਰ ਗੁਰਕੀਰਤ ਸਿੰਘ ਕਾਲੀਆਂ ਸਕੱਤਰਾ, ਪੱਤਰਕਾਰ ਸਾਹਬ ਸਿੰਘ, ਸ਼ਮਸ਼ੇਰ ਸਿੰਘ ਫਤਿਆਬਾਦ, ਪੱਤਰਕਾਰ ਮਨਿੰਦਰ ਸਿੰਘ ਮਾਨ ਖਡੂਰ ਸਾਹਿਬ, ਪੱਤਰਕਾਰ ਗੁਰਪ੍ਰੀਤ ਸਿੰਘ ਕੱਦ ਗਿੱਲ, ਮੰਗਲ ਸਿੰਘ, ਬਲਕਾਰ ਸਿੰਘ ਸਿੰਘ ਦੋਧੀ, ਅਵਤਾਰ ਸਿੰਘ ਦੋਧੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਅਤੇ ਇਲਾਕਾ ਨਿਵਾਸੀਆਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।

## ਆਰਤੀ ਸ਼ਿਵ ਦੁਰਗਾ ਮੰਦਰ ਟਰੱਸਟ ਵੱਲੋਂ ਤੀਸਰਾ ਕਾਂਵੜ ਯਾਤਰਾ ਸਮਾਗਮ ਸੰਪੰਨ



ਅੰਮ੍ਰਿਤਸਰ (ਅਰੋੜਾ)-ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਮਹਾਰਾਜ ਦੀ ਪ੍ਰਧਾਨਗੀ ਹੇਠ ਆਰਤੀ ਸ਼ਿਵ ਦੁਰਗਾ ਮੰਦਰ ਟਰੱਸਟ ਵੱਲੋਂ ਤੀਸਰਾ ਕਾਂਵੜ ਯਾਤਰਾ ਆਯੋਜਨ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਸੰਪੰਨ ਹੋਇਆ।ਯਾਤਰਾ ਸਵੇਰੇ 4 ਵਜੇ ਮੰਦਰ ਤੋਂ ਰਵਾਨਾ ਹੋਈ।ਇਹ ਯਾਤਰਾ ਕਰਤਾਰ ਨਗਰ ਛੇਹਰਟਾ ਤੋਂ ਸ਼ੁਰੂ ਹੋ ਕੇ ਮੁੱਖ ਬਾਜ਼ਾਰ ਛੇਹਰਟਾ ਤੋਂ ਹੁੰਦੀ ਹੋਈ ਸੰਨ੍ਹ ਸਾਹਿਬ ਰੋਡ ਤੋਂ ਅੱਗੇ ਸ਼੍ਰੀ ਕੇਲ ਧਾਮ ਜਾ ਕੇ ਸੰਪੰਨ ਹੋਈ।ਮੁੱਖ ਸੇਵਕ ਸੁਮਿਤ ਸ਼ਾਸਤਰੀ ਅਤੇ ਭਗਤ ਪਵਨ ਅਰੋੜਾ ਆਦਿ ਨੇ ਦੱਸਿਆ ਕਿ ਕਸੇਲ ਪਿੰਡ ਇੱਕ ਇਤਿਹਾਸਿਕ ਪਿੰਡ ਹੈ। ਇਥੇ ਭੋਲੇ ਭੰਡਾਰੀ ਭਗਵਾਨ ਸ਼ਿਵ ਦਾ ਪੁਰਾਤਨ ਮੰਦਰ ਸਥਾਪਿਤ ਹੈ।ਇਹ ਉਹ ਮੰਦਰ ਹੈ ਜਿੱਥੇ ਮੰਗੀ ਗਈ ਹਰ ਮਨੋਕਾਮਨਾ ਪੂਰੀ ਹੁੰਦੀ ਹੈ। ਆਰਤੀ ਸ਼ਿਵ ਦੁਰਗਾ ਮੰਦਰ ਤੋਂ ਚੱਲਣ ਵਾਲੀ ਇਸ ਕਾਂਵੜ ਯਾਤਰਾ ਦਾ ਕਸੇਲ ਪਿੰਡ ਤੋਂ ਬਾਹਰ ਪਿੰਡ ਵਾਸੀਆਂ ਨੇ ਭਰਪੂਰ ਸਵਾਗਤ ਕੀਤਾ।ਇਸ ਮੌਕੇ ਮੰਦਰ ਕਮੇਟੀ ਦੇ ਪ੍ਰਧਾਨ ਬਾਬੂ ਬਾਲ ਕਿਸ਼ਨ ਸ਼ਰਮਾ, ਸੋਹਣ ਲਾਲ, ਮੋਹਣ ਲਾਲ, ਅਮਿਤ ਕੁਮਾਰ, ਅਸ਼ੋਕ ਬਿਜਲੀ ਵਾਲੇ, ਬਿੱਲੂ ਭਗਤ ਰਘੂ ਸ਼ਰਮਾ, ਅਖਿਲ ਅਰੋੜਾ, ਵਿਸ਼ਾਲ ਧਵਨ, ਸੰਦੀਪ ਵਧਵਾ, ਸੰਨੀ ਬਾਣੀਆ, ਜਾਨੂ, ਭਾਨੂ, ਨਵੀਨ ਗੁਪਤਾ ਸਮੇਤ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਭਗਤ ਇਸ ਯਾਤਰਾ ਵਿੱਚ ਸ਼ਾਮਿਲ ਹੋਏ।ਮੰਦਰ ਕਮੇਟੀ ਵੱਲੋਂ ਵਿਸ਼ਾਲ ਲੰਗਰ ਲਗਾਇਆ ਗਿਆ।

## ਆਸ਼ਾ ਵਰਕਰਾਂ ਵੱਲੋਂ ਤਿੰਨ ਦਿਨਾ ਹੜਤਾਲ 4 ਤੋਂ




ਛੇਹਰਟਾ, (ਮਨੋਜ ਕੁਮਾਰ)-ਆਸ਼ਾ ਵਰਕਰਾਂ ਤੇ ਫਿਸਿਲੀਟੇਟਰਾਂ ਵੱਲੋਂ 4, 5 ਤੇ 6 ਅਗਸਤ ਨੂੰ ਸੂਬਾ ਹੜਤਾਲ ਕਰਕੇ ਚੰਡੀਗੜ੍ਹ ਵਿਚ ਵਿਭਾਗ ਦੇ ਮੁੱਖ ਦਫ਼ਤਰ ਸਾਹਮਣੇ ਲਗਾਤਾਰ ਤਿੰਨ ਦਿਨ ਰੋਸ ਧਰਨਾ ਦਿੱਤਾ ਜਾਵੇਗਾ। ਇਸ ਸਬੰਧੀ ਜਾਰੀ ਬਿਆਨ ਵਿਚ ਆਸ਼ਾ ਵਰਕਰ ਫਿਸਿਲੀਟੇਟਰ ਯੂਨੀਅਨ (ਸੀਟੂ) ਪੰਜਾਬ ਦੀ ਸੂਬਾ ਪ੍ਰਧਾਨ ਸਰੋਜ ਬਾਲਾ ਨੇ ਦੱਸਿਆ ਕਿ ਇਸ ਸਬੰਧ ਵਿਚ ਜਥੇਬੰਦੀ ਦੀ ਜਲੰਧਰ ਵਿਚ ਸੋਮਵਾਰ ਨੂੰ ਬੈਠਕ ਹੋਈ, ਜਿਸ ਵਿਚ ਫ਼ੈਸਲਾ ਲਿਆ ਗਿਆ ਕਿ 4, 5 ਤੇ 6 ਅਗਸਤ ਨੂੰ ਆਸ਼ਾ ਵਰਕਰਾਂ ਤੇ ਫਿਸਿਲੀਟੇਟਰਾਂ ਵੱਲੋਂ ਹੜਤਾਲ ਕਰ ਕੇ ਡਾਇਰੈਕਟਰ ਨੈਸ਼ਨਲ ਹੈਲਥ ਮਿਸ਼ਨ ਸੈਕਟਰ 38-ਬੀ ਪ੍ਰਿਆਸ ਬਿਲਡਿੰਗ ਚੰਡੀਗੜ੍ਹ ਅੱਗੇ ਰੋਸ ਪ੍ਰਦਰਸ਼ਨ ਕਰਦੇ ਹੋਏ ਲਗਾਤਾਰ ਤਿੰਨ ਦਿਨ ਧਰਨਾ ਦਿੱਤਾ ਜਾਵੇਗਾ। ਇਨ੍ਹਾਂ ਦਿਨਾਂ ਦੌਰਾਨ ਕੋਈ ਵੀ ਆਸ਼ਾ ਵਰਕਰ ਤੇ ਫਿਸਿਲੀਟੇਟਰ ਕਿਸੇ ਵੀ ਅਧਿਕਾਰੀ ਦੇ ਦਬਾਅ ਹੇਠ ਆ ਕੇ ਕੰਮ ਨਹੀਂ ਕਰੇਗਾ। ਉਨ੍ਹਾਂ ਦੱਸਿਆ ਕਿ 5 ਅਗਸਤ ਨੂੰ ਮਮਤਾ ਦਿਵਸ ਮਨਾਇਆ ਜਾਣਾ ਹੈ। ਕੋਈ ਵੀ ਆਸ਼ਾ ਵਰਕਰ ਤੇ ਫਿਸਿਲੀਟੇਟਰ ਇਸ ਦਿਨ ਟੀਕੇ ਨਹੀਂ ਲਗਾਉਣਗੇ। ਸੂਬਾ ਪ੍ਰਧਾਨ ਨੇ ਕਿਹਾ ਕਿ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਆਸ਼ਾ ਵਰਕਰਾਂ ਨਾਲ ਉਨ੍ਹਾਂ ਦੇ ਭੱਤੇ ਦੁੱਗਣੇ ਕਰਨ ਦਾ ਵਾਅਦਾ ਕੀਤਾ ਸੀ, ਪਰ ਸੱਤਾ ਵਿਚ ਆਉਣ ਤੋਂ ਬਾਅਦ ਸਰਕਾਰ ਆਪਣੇ ਵਾਅਦੇ ਤੋਂ ਮੁੱਕਰ ਗਈ ਹੈ। ਉਨ੍ਹਾਂ ਦੱਸਿਆ ਇਸ ਹੜਤਾਲ ਸਬੰਧੀ ਰੂਪ-ਰੇਖਾ ਮੀਟਿੰਗ ਵਿਚ ਮੁਕੰਮਲ ਕੀਤੀ ਗਈ। ? ਉਨ੍ਹਾਂ ਮੁਲਾਜ਼ਮਾਂ ਪ੍ਰਤੀ ਪੰਜਾਬ ਸਰਕਾਰ ਦੇ ਰਵੱਈਏ ਦੀ ਸਖ਼ਤ ਨਿਖੇਧੀ ਕਰਦੇ ਹੋਏ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਹੀ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਆਉਣ ਵਾਲੀਆਂ ਚੋਣਾਂ ਵਿਚ ਆਮ ਆਦਮੀ ਪਾਰਟੀ ਨੂੰ ਇਸ ਦਾ ਖਾਮਿਆਜ਼ਾ ਭੁਗਤਣਾ ਪਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਆਸ਼ਾ ਵਰਕਰਾਂ ਬੁੱਧਵਾਰ ਨੂੰ ਦਿੱਲੀ ਵਿਚ ਟ੍ਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਕੀਤੀ ਜਾ ਰਹੀ ਕਨਵੈਂਸ਼ਨ ਵਿਚ ਵੀ ਵੱਡੀ ਗਿਣਤੀ ਵਿਚ ਹਿੱਸਾ ਲੈਣਗੀਆਂ। ਉਨ੍ਹਾਂ ਦੱਸਿਆ ਕਿ ਮੀਟਿੰਗ ਵਿਚ ਚੇਅਰਮੈਨ ਪੰਜਾਬ ਸੁਖਜੀਤ ਕੌਰ, ਜਨਰਲ ਸਕੱਤਰ ਸਰਬਜੀਤ ਕੌਰ ਸਮੇਤ ਵੱਡੀ ਗਿਣਤੀ ਵਿਚ ਆਸ਼ਾ ਵਰਕਰਾਂ ਹਾਜ਼ਰ ਸਨ।

## ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਮੁਫ਼ਤ ਕੈਂਪ ਅੱਜ

ਬਿਆਸ (ਪਰਮਜੀਤ ਸਿੰਘ ਰੱਖੜਾ) : ਗੁਰਦੁਆਰਾ ਧੰਨ-ਧੰਨ ਬਾਬਾ ਜਾਗੋ ਸ਼ਹੀਦ ਪਿੰਡ ਕੋਹਾਲੀ ਰਾਮ ਤੀਰਥ-ਚੋਗਾਵਾਂ ਰੋਡ ਜ਼ਿਲ੍ਹਾ ਅੰਮ੍ਰਿਤਸਰ ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 29 ਜੁਲਾਈ (ਬੁੱਧਵਾਰ) ਨੂੰ ਚੈਰੀਟੇਬਲ ਲੈਬਾਰਟਰੀ ਕੈਂਪ ਲਗਾਇਆ ਜਾ ਰਿਹਾ ਹੈ।

ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਦੱਸਿਆ ਕਿ ਇਹ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲੱਗੇਗਾ। ਇਸ ਕੈਂਪ ਵਿੱਚ ਕਿਡਨੀ ਦੇ 6 ਟੈਸਟ, ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕ੍ਰਿਏਟੀਨਿਨ, ਬਲੱਡ ਯੂਰੀਆ ਕ੍ਰਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗਲੂਕੋਜ਼/ ਸ਼ੂਗਰ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਣਗੇ। ਬਾਕੀ ਟੈਸਟ ਵੀ 75 ਪ੍ਰਤੀਸ਼ਤ ਘੱਟ ਰੇਟ 'ਤੇ ਕੀਤੇ ਜਾਣਗੇ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਅਪੀਲ ਕੀਤੀ ਕਿ ਟੈਸਟ ਕਰਾਉਣ ਲਈ ਖ਼ਾਲੀ ਪੇਟ ਹੀ ਆਇਆ ਜਾਵੇ।

## ਚੁੱਘ ਨੂੰ ਨਵੀਆਂ ਜ਼ਿੰਮੇਵਾਰੀਆਂ ਮਿਲਣ 'ਤੇ ਭਾਜਪਾ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ



ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੂੰ ਗ੍ਰਹਿ ਮਾਮਲਿਆਂ ਬਾਰੇ ਵਿਭਾਗ ਨਾਲ ਸਬੰਧਤ ਸੰਸਦੀ ਸਥਾਈ ਕਮੇਟੀ ਤੇ ਰੱਖਿਆ ਮੰਤਰਾਲੇ ਦੀ ਸਲਾਹਕਾਰ ਕਮੇਟੀ ਦੇ ਮੈਂਬਰ ਵਜੋਂ ਨਾਮਜ਼ਦ ਕਰਨ 'ਤੇ ਭਾਜਪਾ ਵਰਕਰਾਂ ਨੇ ਖ਼ੁਸ਼ੀ ਪ੍ਰਗਟਾਈ ਹੈ। ਸੀਨੀਅਰ ਭਾਜਪਾ ਨੇਤਾ ਹੇਮੰਤ ਮਹਿਰਾ (ਪਿੰਕੀ) ਨੇ ਕਿਹਾ ਕਿ ਇਹ ਸਨਮਾਨ ਸਿਰਫ਼ ਤਰੁਣ ਚੁੱਘ ਲਈ ਨਹੀਂ, ਸਗੋਂ ਹਰ ਸਮਰਪਿਤ ਭਾਜਪਾ ਵਰਕਰ ਲਈ ਹੈ। ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸਰਬਜੀਤ ਸਿੰਘ ਸ਼ੈਂਟੀ ਨੇ ਕਿਹਾ ਕਿ ਤਰੁਣ ਚੁੱਘ ਦੀ ਗ੍ਰਹਿ ਮਾਮਲਿਆਂ ਬਾਰੇ ਸੰਸਦੀ ਸਥਾਈ ਕਮੇਟੀ ਤੇ ਰੱਖਿਆ ਮੰਤਰਾਲੇ ਬਾਰੇ ਸਲਾਹਕਾਰ ਕਮੇਟੀ ਵਿਚ ਇਕੋ ਸਮੇਂ ਨਿਯੁਕਤੀ ਇਸ ਗੱਲ ਦਾ ਸਬੂਤ ਹੈ ਕਿ ਪਾਰਟੀ ਲੀਡਰਸ਼ਿਪ ਤੇ ਸੰਸਦ ਨੂੰ ਉਨ੍ਹਾਂ ਦੀ ਕਾਰਜ ਸ਼ੈਲੀ, ਅਨੁਭਵ ਤੇ ਰਾਸ਼ਟਰੀ ਸੁਰੱਖਿਆ ਮੁੱਦਿਆਂ ਵਿਚ ਡੂੰਘਾ ਵਿਸ਼ਵਾਸ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਹੱਦੀ ਸੂਬਾ ਹੈ ਅਤੇ ਤਰੁਣ ਚੁੱਘ ਨੇ ਲੰਬੇ ਸਮੇਂ ਤੋਂ ਜੰਮੂ-ਕਸ਼ਮੀਰ, ਲੱਦਾਖ ਤੇ ਸਰਹੱਦੀ ਸੁਰੱਖਿਆ ਨਾਲ ਸਬੰਧਤ ਮੁੱਦਿਆਂ 'ਤੇ ਸਰਗਰਮ ਭੂਮਿਕਾ ਨਿਭਾਈ ਹੈ। ਹੁਣ, ਰੱਖਿਆ ਮੰਤਰਾਲੇ ਤੇ ਗ੍ਰਹਿ ਮੰਤਰਾਲੇ ਦੋਵਾਂ ਨਾਲ ਸਬੰਧਤ ਪਲੇਟਫਾਰਮਾਂ 'ਤੇ ਉਹ ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਗੁਰਦਾਸਪੁਰ, ਪਠਾਨਕੋਟ ਤੇ ਅਟਾਰੀ ਸਮੇਤ ਪੂਰੇ ਪੰਜਾਬ ਵਿਚ ਸੁਰੱਖਿਆ, ਵਿਕਾਸ, ਸਰਹੱਦੀ ਬੁਨਿਆਦੀ ਢਾਂਚੇ, ਫੌਜੀ ਹਿੱਤਾਂ ਤੇ ਰਾਸ਼ਟਰੀ ਸੁਰੱਖਿਆ ਦੇ ਮੁੱਦਿਆਂ ਨੂੰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣਗੇ। ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਚੰਦਰ ਸ਼ੇਖਰ ਸ਼ਰਮਾ ਤੇ ਭਾਜਪਾ ਆਗੂ ਗੌਰਵ ਮਹਾਜਨ ਨੇ ਕਿਹਾ ਕਿ ਤਰੁਣ ਚੁੱਘ ਦੀ ਨਾਮਜ਼ਦਗੀ ਪੰਜਾਬ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਵਰਕਰਾਂ ਨੇ ਪ੍ਰਧਾਨ ਮੰਤਰੀ, ਕੇਂਦਰੀ ਗ੍ਰਹਿ ਮੰਤਰੀ, ਰੱਖਿਆ ਮੰਤਰੀ, ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਅਤੇ ਕੌਮੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਤਰੁਣ ਚੁੱਘ ਨੂੰ ਉਨ੍ਹਾਂ ਦੀਆਂ ਨਵੀਆਂ ਜ਼ਿੰਮੇਵਾਰੀਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਾਬਕਾ ਕੌਂਸਲਰ ਲਵਿੰਦਰ ਬੰਟੀ, ਤਰੁਣ ਚੁੱਘ ਦੇ ਓਐੱਸਡੀ ਰਾਜੇਸ਼ ਮਹਿਤਾ, ਸਾਬਕਾ ਮੰਡਲ ਪ੍ਰਧਾਨ ਸੰਦੀਪ ਬਹਿਲ, ਸ਼ੰਕਰ ਲਾਲ, ਮੰਡਲ ਜਨਰਲ ਸਕੱਤਰ ਸੁਨੀਲ ਸਹਿਗਲ, ਅਸ਼ੋਕ ਮਨਚੰਦਾ, ਰਮਨ ਦੂਆ, ਤਰਵਿੰਦਰ ਬਿੱਲਾ, ਹੈਪੀ ਨਈਅਰ, ਅਮਰੇਸ਼ ਕਪੂਰੀਆ, ਅਰੁਣ ਖੰਨਾ, ਬੀ.ਐੱਸ ਸੋਹਲ, ਮਨਿੰਦਰ ਸਿੰਘ, ਰਾਜ ਕੁਮਾਰ ਬਿੱਟੂ, ਰਮਨ ਮਹਿਤਾ, ਸੁਰੇਸ਼ ਕਪੂਰ, ਸ਼ਿਵ ਚਰਨ, ਸੁਭਾਸ਼ ਭਗਤ, ਰਾਕੇਸ਼ ਮੈਨਾ, ਹੀਰਾ ਲਾਲ, ਜ਼ਿਲ੍ਹਾ ਪ੍ਰੈੱਸ ਸਕੱਤਰ ਰਾਘਵ ਖੰਨਾ, ਮਹਿਲਾ ਮੋਰਚਾ ਤੋਂ ਕਮਲੇਸ਼ ਕੁਮਾਰੀ, ਸਰੋਜਨੀ ਸ਼ਰਮਾ, ਦੇਵੀ ਕਪੂਰ, ਵੰਦਨਾ ਮਹਿਰਾ, ਪਾਇਲ, ਆਸ਼ਾ ਰਾਣੀ, ਸੰਤੋਸ਼ ਕੁਮਾਰੀ, ਸੁਨਤਾ ਕੁਮਾਰੀ, ਜੀ. ਮਹਿਤਾ ਕੁਮਾਰੀ, ਜੀ. ਰੇਣੂ ਬਾਲਾ, ਕਵਿਤਾ, ਰਾਜਾ ਬੇਦੀ, ਯੁਵਾ ਮੋਰਚਾ ਤੋਂ ਸੰਜੀਵ ਸ਼ਰਮਾ, ਵਰੁਣ ਅਗਰਵਾਲ, ਕਾਰਤਿਕ ਮਹਾਜਨ ਆਦਿ ਹਾਜ਼ਰ ਸਨ।

## ਡਾ. ਨਿਰਮਲ ਸਿੰਘ ਲੂਥਰਾ ਨੂੰ ਵੱਖ-ਵੱਖ ਸਿਆਸੀ ਤੇ ਧਾਰਮਿਕ ਆਗੂਆਂ ਵੱਲੋਂ ਸ਼ਰਧਾਂਜਲੀ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਲੂਥਰਾ ਜਿਊਲਰ ਦੇ ਮਾਲਕ ਹਰਦੀਪ ਸਿੰਘ ਲੂਥਰਾ ਅਤੇ ਰਣਜੀਤ ਸਿੰਘ ਲੂਥਰਾ (ਗੋਲਾ ਸੁਨਿਆਰਾ) ਦੇ ਪਿਤਾ ਡਾਕਟਰ ਨਿਰਮਲ ਸਿੰਘ ਲੂਥਰਾ (78) ਵਾਸੀ ਡੇਰਾ ਬਾਬਾ ਨਾਨਕ ਜੋ ਕੁਝ ਦਿਨ ਪਹਿਲਾਂ ਸੰਖੇਪ ਬਿਮਾਰੀ ਦੇ ਚੱਲਦਿਆਂ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਗਲੀ ਹਾਂਡਿਆਂ ਵਾਲੀ ਵਿਖੇ ਪਾਏ ਗਏ। ਉਪਰੰਤ ਅੰਤਿਮ ਅਰਦਾਸ, ਕੀਰਤਨ ਤੇ ਸ਼ਰਧਾਂਜਲੀ ਸਮਾਗਮ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਕਰਵਾਇਆ ਗਿਆ ।ਇਸ ਮੌਕੇ ਭਾਈ ਭਾਈ ਮਨਜਿੰਦਰ ਸਿੰਘ ਧਾਰੋਵਾਲੀ ਹਜੂਰੀ ਰਾਗੀ ਗੁਰਦੁਆਰਾ ਸ਼੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਉਪਰੰਤ ਡਾਕਟਰ ਨਿਰਮਲ ਸਿੰਘ ਦੀ ਆਤਮਿਕ ਸ਼ਾਂਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ । ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਵੱਲੋਂ ਡਾਕਟਰ ਨਿਰਮਲ ਸਿੰਘ ਦੇ ਵੱਡੇ ਸਪੁੱਤਰ ਰਣਜੀਤ ਸਿੰਘ ਲੂਥਰਾ ਨੂੰ ਸਿਰੋਪਾਓ ਭੇਟ ਕੀਤਾ ਗਿਆ ।ਇਸ ਮੌਕੇ ਸ਼ਰਧਾਂਜਲੀ ਸਮਾਗਮ ਦੌਰਾਨ ਵੱਖ-ਵੱਖ ਸਿਆਸੀ ਅਤੇ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਡਾਕਟਰ ਨਿਰਮਲ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਗਿਆ ਕਿ ਡਾਕਟਰ ਨਿਰਮਲ ਸਿੰਘ ਇੱਕ ਬਹੁਤ ਹੀ ਚੰਗੇ ਤੇ ਨੇਕ ਦਿਲ ਇਨਸਾਨ ਸਨ,ਜਿਨ੍ਹਾਂ ਵੱਲੋਂ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦਿੱਤੇ ਗਏ ਜਿਸ ਸਦਕਾ ਅੱਜ ਉਨ੍ਹਾਂ ਦੇ ਬੱਚੇ ਸਮਾਜ ਵਿੱਚ ਆਪਣਾ ਚੰਗਾ ਰੁਤਬਾ ਰੱਖਦੇ ਹਨ। ਇਸ ਮੌਕੇ ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਪ੍ਰਧਾਨ ਸ਼ਿਖਾ ਗੁਪਤਾ ਦੇ ਪਤੀ ਆਪ ਆਗੂ ਰਾਜੇਸ਼ ਕੁਮਾਰ ਗੁਪਤਾ, ਮੈਨੇਜਰ ਸਤਨਾਮ ਸਿੰਘ ਗੋਸਲ, ਐੱਸ ਐੱਚ ਓ ਅਸ਼ੋਕ ਕੁਮਾਰ ਸ਼ਰਮਾ, ਵਾਈਸ ਪ੍ਰਧਾਨ ਨਗਰ ਕੌਂਸਲ ਕੁਲਵਿੰਦਰ ਸਿੰਘ ਬੇਦੀ, ਕੌਂਸਲਰ ਬਲਦੇਵ ਰਾਜ ਡਾਇਮੰਡ, ਸਾਬਕਾ ਸਰਪੰਚ ਹਰਜੀਤ ਸਿੰਘ ਠੇਠਰਕੇ, ਰਮੇਸ਼ ਬੱਬਰ, ਸਾਬਕਾ ਸਰਪੰਚ ਜੋਗਾ ਸਿੰਘ ਮਾਨ, ਸਤਨਾਮ ਸਿੰਘ ਪਟਵਾਰੀ ਠੇਠਰਕੇ, ਸ਼ੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਯੂਥ ਪ੍ਰਧਾਨ ਸਿਮਰ ਬਾਜਵਾ ਵੇਰੋਕੇ, ਬਿੱਟਾ ਸਿੰਘਪੁਰਾ, ਡਾਕਟਰ ਮਨਮੋਹਨ ਸਿੰਘ ਭੱਟੀ, ਖੁਸ਼ਹਾਲ ਚੰਦ ਵੋਹਰਾ, ਸਾਬਕਾ ਸਰਪੰਚ ਸੁਰਜੀਤ ਕੁਮਾਰ ਪਠਾਨਕੋਟ, ਮਾਸਟਰ ਚਰਨਜੀਤ ਸਿੰਘ ਬੇਦੀ, ਸਾਬਕਾ ਕੌਂਸਲਰ ਡਾ. ਅਸ਼ੋਕ ਸੋਨੀ, ਦਵਿੰਦਰ ਸਿੰਘ, ਬਲਬੀਰ ਸਿੰਘ ਵਿੱਕੀ, ਰਾਜੇਸ਼ ਕੁਮਾਰ ਲਾਟੀ, ਸਤਵਿੰਦਰ ਸਿੰਘ ਚੀਕੂ, ਅੰਮਿਤ ਮਹਾਜਨ, ਸਤਪਾਲ, ਮਾਸਟਰ ਗਰਮਿੰਦਰ ਸਿੰਘ, ਜੱਗਾ ਸ਼ਿਕਾਰ, ਸ਼ਤਰੰਜਨ ਕੁਮਾਰ ਤੋਂ ਇਲਾਵਾ ਇਲਾਕੇ ਦੇ ਪੰਚ, ਸਰਪੰਚ ਤੇ ਲੂਥਰਾ ਪਰਿਵਾਰ ਦੇ ਰਿਸ਼ਤੇਦਾਰ ਹਾਜ਼ਰ ਸਨ।

## ਭਗਤ ਪੂਰਨ ਸਿੰਘ ਦੀ ਬਰਸੀ ਪੰਜ ਅਗਸਤ ਨੂੰ ਮਨਾਈ ਜਾਵੇਗੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪਿੰਗਲਵਾੜਾ ਸੰਸਥਾ ਦੇ ਸੰਸਥਾਪਕ ਭਗਤ ਪੂਰਨ ਸਿੰਘ ਦੀ 34ਵੀਂ ਬਰਸੀ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਸ਼ੁਰੂਆਤ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ (ਰਜਿ.) ਦੇ ਮੁੱਖ ਦਫਤਰ ਦੇ ਅੰਦਰ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸਹਿਜ ਪਾਠ ਦੇ ਆਰੰਭ ਨਾਲ ਹੋਈ। ਇਸ ਮੌਕੇ ਪਾਠ ਦੀ ਆਰੰਭਤਾ ਤੋਂ ਪਹਿਲਾਂ ਪਿੰਗਲਵਾੜਾ ਸੰਸਥਾ ਦੇ ਬੱਚਿਆਂ ਨੇ ਇਲਾਹੀ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਅਖੰਡ ਪਾਠ ਸੇਵਾ ਸੋਸਾਇਟੀ (ਰਜਿ.) ਅਤੇ ਪਿੰਗਲਵਾੜਾ ਸੰਸਥਾ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਸ੍ਰੀ ਸਹਿਜ ਪਾਠ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਪਿੰਗਲਵਾੜਾ ਸੰਸਥਾ ਦੇ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਨੇ ਕਿਹਾ ਕਿ ਭਗਤ ਪੂਰਨ ਸਿੰਘ ਦੀ ਬਰਸੀ ਨੂੰ ਸਮਰਪਿਤ ਪ੍ਰੋਗਰਾਮ ਸ੍ਰੀ ਸਹਿਜ ਪਾਠ ਦੀ ਆਰੰਭਤਾ ਨਾਲ ਸ਼ੁਰੂ ਹੋ ਗਏ ਹਨ ਅਤੇ ਹੁਣ 3 ਅਗਸਤ ਨੂੰ ਪਿੰਗਲਵਾੜਾ ਸੰਸਥਾ ਅਧੀਨ ਚੱਲਦੇ ਸਕੂਲਾਂ ਦੇ ਵਿਦਿਆਰਥੀਆਂ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਮੁੱਖ ਦਫਤਰ ਵਿਖੇ ਹੋਵੇਗਾ। 4 ਅਗਸਤ ਨੂੰ ਪਿੰਗਲਵਾੜਾ ਮਾਨਾਂਵਾਲਾ ਬ੍ਰਾਂਚ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ ਅਤੇ 5 ਅਗਸਤ ਨੂੰ ਬਰਸੀ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਸਮਾਪਤੀ ਵਿੱਚ ਰੱਖੇ ਗਏ ਸਹਿਜ ਪਾਠ ਦੇ ਭੋਗ ਪਾਉਣ ਉਪਰੰਤ ਕੀਤੀ ਜਾਵੇਗੀ। ਪਾਠ ਦੇ ਭੋਗ ਪਾਉਣ ਉਪਰੰਤ ਭਗਤ ਪੂਰਨ ਸਿੰਘ ਦੇ ਜੀਵਨ ਉੱਪਰ ਵਿਦਵਾਨਾਂ ਵੱਲੋਂ ਵਿਚਾਰਾਂ ਵੀ ਕੀਤੀਆਂ ਜਾਣਗੀਆਂ। ਇਸ ਮੌਕੇ ਡਾ. ਜਗਦੀਪਕ ਸਿੰਘ, ਰਾਜਬੀਰ ਸਿੰਘ, ਡਾ. ਨਿਰਮਲ ਸਿੰਘ, ਯੋਗੇਸ਼ ਸੂਰੀ, ਸ਼੍ਰੀ. ਤਿਲਕ ਰਾਜ, ਹਰਪਾਲ ਸਿੰਘ, ਰਜਿੰਦਰ ਸਿੰਘ, ਗੁਰਨਾਇਬ ਸਿੰਘ, ਪ੍ਰਿੰਸੀਪਲ ਨਰੇਸ਼ ਕਾਲੀਆ, ਪ੍ਰਿੰਸੀਪਲ ਅਨੀਤਾ ਬੱਤਰਾ, ਪ੍ਰੋ. ਕੁਲਦੀਪ ਸਿੰਘ, ਡਾ. ਪ੍ਰਭਜੀਤ ਕੌਰ, ਸਕੂਲਾਂ ਦਾ ਸਟਾਫ ਅਤੇ ਵਿਦਿਆਰਥੀ, ਵੱਖ- ਵੱਖ ਹੋਸਟਲਾਂ ਅਤੇ ਵਾਰਡਾਂ ਦੇ ਇੰਚਾਰਜ ਆਦਿ ਹਾਜ਼ਰ ਸਨ। ਇਸ ਮੌਕੇ ਆਈਆਂ ਹੋਈਆਂ ਸੰਗਤਾਂ ਨੂੰ ਲੰਗਰ ਵੀ ਛਕਾਇਆ ਗਿਆ।

## ਜ਼ਿਲ੍ਹਾ ਗਾਈਡੈਂਸ ਕੌਂਸਲਰ ਵਰਮਾ ਵੱਲੋਂ ਵੱਖ-ਵੱਖ ਸਰਕਾਰੀ ਸਕੂਲਾਂ ਦਾ ਦੌਰਾ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਦੀਨਾ ਨਗਰ ਅਤੇ ਮੈਰੀਟੋਰੀਅਸ ਸਕੂਲ, ਗੁਰਦਾਸਪੁਰ ਦਾ ਵਿਸ਼ੇਸ਼ ਦੌਰਾ ਕੀਤਾ ਗਿਆ।ਦੌਰੇ ਦੌਰਾਨ ਵਰਮਾ ਨੇ ਵਿਦਿਆਰਥੀਆਂ ਨਾਲ ਰੂ-ਬ-ਰੂ ਹੁੰਦਿਆਂ ਉਨ੍ਹਾਂ ਨੂੰ ਵੱਖ-ਵੱਖ ਕਿੱਤਾ-ਮੁਖੀ ਕੋਰਸਾਂ, ਉਚ ਸਿੱਖਿਆ ਦੇ ਮੌਕਿਆਂ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਯੋਗਤਾ ਅਤੇ ਰੁਚੀ ਅਨੁਸਾਰ ਕਰੀਅਰ ਦੀ ਚੋਣ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਹੀ ਮਾਰਗਦਰਸ਼ਨ, ਨਿਰੰਤਰ ਮਿਹਨਤ ਅਤੇ ਸਕਾਰਾਤਮਕ ਸੋਚ ਹੀ ਸਫਲਤਾ ਦੀ ਕੁੰਜੀ ਹੈ।ਉਨ੍ਹਾਂ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਆਪਣੇ ਆਲੇ-ਦੁਆਲੇ ਨਸ਼ਿਆਂ ਦੀ ਲਤ ਨਾਲ ਪੀੜਤ ਵਿਅਕਤੀਆਂ ਨੂੰ ਇਲਾਜ ਅਤੇ ਕਾਊਂਸਲਿੰਗ ਰਾਹੀਂ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਜਾਗਰੂਕਤਾ ਅਤੇ ਭਾਗੀਦਾਰੀ ਹੀ ਨਸ਼ਾ-ਮੁਕਤ ਪੰਜਾਬ ਦੀ ਮਜ਼ਬੂਤ ਨੀਂਹ ਸਾਬਤ ਹੋ ਸਕਦੀ ਹੈ।ਇਸ ਮੌਕੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਿੱਖਿਆ ਵਿਭਾਗ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਕੂਲਾਂ ਵਿੱਚ ਵਿਦਿਅਕ, ਸੱਭਿਆਚਾਰਕ ਅਤੇ ਪ੍ਰੇਰਨਾਦਾਇਕ ਗਤੀਵਿਧੀਆਂ ਪ੍ਰਭਾਵਸ਼ਾਲੀ ਢੰਗ ਨਾਲ ਕਰਵਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ।ਦੌਰੇ ਦੌਰਾਨ ਜ਼ਿਲ੍ਹਾ ਗਾਈਡੈਂਸ ਕੌਂਸਲਰ ਨੇ ਦੋਵੇਂ ਸਕੂਲਾਂ ਵਿੱਚ ਸਥਾਪਿਤ ਗਾਈਡੈਂਸ ਕਾਰਨਰਾਂ ਦਾ ਨਿਰੀਖਣ ਕੀਤਾ ਅਤੇ ਕਰੀਅਰ ਸਬੰਧੀ ਉਪਲਬਧ ਸਮੱਗਰੀ, ਵਿਦਿਆਰਥੀਆਂ ਲਈ ਪ੍ਰਦਰਸ਼ਿਤ ਜਾਣਕਾਰੀ ਅਤੇ ਸਕੂਲਾਂ ਵੱਲੋਂ ਕਰਵਾਈਆਂ ਗਈਆਂ ਗਤੀਵਿਧੀਆਂ ਦੀਆਂ ਰਿਪੋਰਟਾਂ ਦਾ ਜਾਇਜ਼ਾ ਲਿਆ।ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਦੀਨਾ ਨਗਰ ਦੇ ਪ੍ਰਿੰਸੀਪਲ-ਕਮ-ਬਲਾਕ ਨੋਡਲ ਅਫ਼ਸਰ ਜਸਕਰਨ ਸਿੰਘ ਨੇ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਦਾ ਸਹੀ ਕਰੀਅਰ ਮਾਰਗਦਰਸ਼ਨ ਅਤੇ ਚੰਗੇ ਨੈਤਿਕ ਮੁੱਲਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

## ਪੀ ਐੱਸ ਟੀ ਸੀ ਪੋਰਟਲ 'ਤੇ ਲੰਬਿਤ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ ਨਿਪਟਾਰਾ : ਅਨਿਲ ਠਾਕੁਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਟਰੇਡ ਵਿੰਗ ਦੇ ਪ੍ਰਧਾਨ ਅਨਿਲ ਠਾਕੁਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਕੇ ਪੀ ਐਸ ਟੀ ਸੀ ਪੋਰਟਲ 'ਤੇ ਵਪਾਰੀਆਂ ਅਤੇ ਉਦਯੋਗਪਤੀਆਂ ਵੱਲੋਂ ਦਰਜ ਲੰਬਿਤ ਸ਼ਿਕਾਇਤਾਂ ਦੀ ਵਿਭਾਗਵਾਰ ਸਮੀਖਿਆ ਕੀਤੀ ਅਤੇ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

ਮੀਟਿੰਗ ਦੌਰਾਨ ਅਨਿਲ ਠਾਕੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰੀਆਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਸਮੇਂਬੱਧ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੀਐਸਟੀਸੀ ਪੋਰਟਲ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਇੱਕ ਪ੍ਰਭਾਵਸ਼ਾਲੀ ਮੰਚ ਹੈ ਅਤੇ ਇਸ 'ਤੇ ਦਰਜ ਹਰ ਸ਼ਿਕਾਇਤ ਦਾ ਨਿਰਧਾਰਤ ਸਮਾਂ-ਸੀਮਾ ਅੰਦਰ ਨਿਪਟਾਰਾ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

# 21 ਸਿਰਮੌਰ ਸ਼ਖ਼ਸੀਅਤਾਂ ਵਿਰਸੇ ਦੇ ਵਾਰਿਸ ਐਵਾਰਡ ਨਾਲ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਸੰਗੀਤ ਨਾਟਕ ਅਕੈਡਮੀ ਵੱਲੋਂ ਚੰਡੀਗੜ੍ਹ, ਮੋਹਾਲੀ, ਪੰਚਕੂਲਾ ਅਤੇ ਪੰਜਾਬ ਦੇ ਨਵੀਂ ਪੀੜ੍ਹੀ ਦੇ ਬੱਚਿਆਂ ਨੂੰ ਆਪਣੇ ਪੰਜਾਬੀ ਸੱਭਿਆਚਾਰ, ਮਾਂ ਬੋਲੀ, ਵਿਰਸੇ ਅਤੇ ਵਿਰਾਸਤ ਬਾਰੇ ਜਾਣੂ ਕਰਵਾਉਣ ਵਜੋਂ ਨਵੇਂ ਬੱਚਿਆਂ ਨੂੰ ਵਰਕਸ਼ਾਪਾਂ ਅਤੇ ਸੰਗੀਤਕ ਟ੍ਰੇਨਿੰਗ ਦੇ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਅਕੈਡਮੀ ਦੀ ਚੇਅਰਪਰਸਨ ਡਾ. ਸੁਖਮਿੰਦਰ ਕੌਰ ਬਰਾੜ (ਸੁੱਖੀ ਬਰਾੜ) ਹਨ। ਪ੍ਰੋਗਰਾਮ ਦੀ ਸ਼ੁਰੂਆਤ ਮਨਦੀਪ ਸਿੰਘ ਬਰਾੜ ਵੱਲੋਂ ਸ਼ਮਾ ਰੌਸ਼ਨ ਕਰਕੇ ਰਸਮੀ ਤੌਰ 'ਤੇ ਕੀਤੀ ਗਈ। ਮੰਚ ਉੱਤੇ ਇਸ ਪ੍ਰੋਗਰਾਮ ਦੀ ਸ਼ੁਰੂਆਤ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀ ਵਾਲਾ ਨੇ ਆਪਣੇ ਸੱਭਿਅਕ ਬੋਲਾਂ ਅਤੇ ਪੰਜਾਬ ਨੂੰ ਸਮਰਪਿਤ ਸ਼ੇਅਰਾਂ ਨਾਲ ਕੀਤੀ। ਉਪਰੰਤ ਅਕੈਡਮੀ ਦੀ ਚੇਅਰਪਰਸਨ ਸੁੱਖੀ ਬਰਾੜ ਹੋਰਾਂ ਦੀ ਰਹਿਨੁਮਾਈ ਵੱਲੋਂ ਅਕੈਡਮੀ ਵੱਲੋਂ ਨਵੀਂ ਪੀੜ੍ਹੀ ਦੇ ਇਹਨਾਂ ਬੱਚਿਆਂ ਨੂੰ ਮਹੀਨਿਆਂ ਬੱਧੀ ਟ੍ਰੇਨਿੰਗ ਦੇ ਕੇ ਪੰਜਾਬੀ ਲੋਕ ਸੰਗੀਤ ਗਾਉਣ ਦੇ ਸਮਰੱਥ ਬਣਾਏ ਗਏ ਬੱਚਿਆਂ ਨੇ ਆਪਣੀ ਆਪਣੀ ਸੰਗੀਤਕ ਪ੍ਰਤੀਭਾ ਨੂੰ ਲੋਕਾਂ ਸਾਹਮਣੇ ਪੇਸ਼ ਕੀਤਾ। ਇਸ ਸਨਮਾਨ ਸਮਾਰੋਹ ਦੌਰਾਨ ਪੰਜਾਬੀ ਮਾਂ ਬੋਲੀ, ਸੱਭਿਆਚਾਰ, ਵਿਰਸੇ ਅਤੇ ਵਿਰਾਸਤ ਨੂੰ ਪ੍ਰਫੁੱਲਤ ਕਰਨ ਹਿੱਤ ਪੰਜਾਬੀ ਸੰਗੀਤ, ਫ਼ਿਲਮ, ਥੀਏਟਰ ਅਤੇ ਹੋਰ ਵੱਖ ਵੱਖ ਖੇਤਰਾਂ ਵਿੱਚ ਪਾਏ ਗਏ ਵੱਡਮੁੱਲੇ ਯੋਗਦਾਨ ਬਦਲੇ ਵਿਰਸੇ ਦੇ ਵਾਰਿਸ ਐਵਾਰਡ ਨਾਲ ਵੱਖ ਵੱਖ ਖੇਤਰ ਦੀਆਂ 21 ਸਿਰਮੌਰ ਸ਼ਖ਼ਸੀਅਤਾਂ ਪਦਮ ਸ੍ਰੀ ਹੰਸ ਰਾਜ ਹੰਸ, ਪਦਮ ਸ੍ਰੀ ਨਿਰਮਲ ਰਿਸ਼ੀ, ਡਾ. ਦੀਪਕ ਮਨਮੋਹਨ, ਜਨਾਬ ਮੁਹੰਮਦ ਸਦੀਕ, ਬੀਬੀ



ਰਣਜੀਤ ਕੌਰ, ਬੀਬੀ ਜਤਿੰਦਰ ਕੌਰ, ਬੀ.ਐਨ ਸ਼ਰਮਾ, ਸੁਨੀਤਾ ਧੀਰ, ਸ਼ਵਿੰਦਰ ਮਾਹਲ, ਅਨੀਤਾ ਸਿੰਘ ਅਲਜ਼ਾ, ਡੌਲੀ ਗੁਲੇਰੀਆ, ਅਤੁੱਲ ਸ਼ਰਮਾ, ਬੀਬਾ ਅਮਰ ਨੂਰੀ, ਬੀਬਾ ਜਤਿੰਦਰ ਕੌਰ, ਬੀਬਾ ਗੁਰਪ੍ਰੀਤ ਭੰਗੂ, ਪਰਮਜੀਤ ਸਿੰਘ ਸਿੱਧੂ (ਪੰਮੀ ਬਾਈ), ਨੀਨਾ ਟਿਵਾਣਾ, ਮਲਕੀਤ ਰੌਣੀ, ਬੀਬਾ ਗੁਲਸ਼ਨ ਕੋਮਲ ਤੇ ਗੁਰਪ੍ਰੀਤ ਸਿੰਘ (ਘੁੱਗੀ) ਨੂੰ ਸਨਮਾਨਿਤ ਕੀਤਾ ਗਿਆ। ਸਨਮਾਨ ਸਮਾਰੋਹ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਸਤਨਾਮ ਪੰਜਾਬੀ ਵੱਲੋਂ ਬਾਖੂਬੀ ਨਿਭਾਈ ਗਈ।

# ਵਿਸ਼ਵ ਹੈਪੇਟਾਈਟਿਸ ਦਿਵਸ ਸੰਬੰਧੀ ਜਾਗਰੂਕਤਾ ਸੈਮੀਨਾਰ

**ਕਪੂਰਥਲਾ (ਡਾ. ਰਮਨ)**- ਵਿਸ਼ਵ ਹੈਪੇਟਾਈਟਿਸ ਦਿਵਸ ਦੇ ਮੌਕੇ ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਨੇ ਜ਼ਿਲ੍ਹਾ ਵਾਸੀਆਂ ਨੂੰ ਹੈਪੇਟਾਈਟਿਸ ਬਿਮਾਰੀ ਪ੍ਰਤੀ ਜਾਗਰੂਕ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਹੈਪੇਟਾਈਟਿਸ ਜਿਗਰ (ਲਿਵਰ) ਨਾਲ ਸੰਬੰਧਿਤ ਇੱਕ ਗੰਭੀਰ ਬਿਮਾਰੀ ਹੈ, ਜੋ ਸਮੇਂ ਸਿਰ ਜਾਂਚ ਅਤੇ ਇਲਾਜ ਨਾ ਹੋਣ 'ਤੇ ਜਾਨਲੇਵਾ ਸਾਬਤ ਹੋ ਸਕਦੀ ਹੈ। ਡਾਕਟਰ ਪਰਾਸ਼ਰ ਨੇ ਦੱਸਿਆ ਕਿ ਹੈਪੇਟਾਈਟਿਸ ਦੇ ਕਈ ਪ੍ਰਕਾਰ ਹਨ, ਜਿਨ੍ਹਾਂ ਵਿੱਚ ਹੈਪੇਟਾਈਟਿਸ 'ਏ', 'ਬੀ' ਅਤੇ 'ਸੀ' ਵਧੇਰੇ ਆਮ ਹਨ। ਹੈਪੇਟਾਈਟਿਸ 'ਏ' ਆਮ ਤੌਰ 'ਤੇ ਦੂਸ਼ਿਤ ਭੋਜਨ ਅਤੇ ਪਾਣੀ ਰਾਹੀਂ ਫੈਲਦਾ ਹੈ, ਜਦਕਿ ਹੈਪੇਟਾਈਟਿਸ 'ਬੀ' ਅਤੇ 'ਸੀ' ਸੰਕਰਮਿਤ ਖੂਨ, ਅਸੁਰੱਖਿਅਤ ਟੀਕਿਆਂ, ਬਿਨਾਂ ਸਟੀਰਲ ਕੀਤੇ ਉਪਕਰਣਾਂ ਅਤੇ ਅਸੁਰੱਖਿਅਤ ਸਰੀਰਕ ਸੰਬੰਧਾਂ ਰਾਹੀਂ ਫੈਲ ਸਕਦੇ ਹਨ। ਡਾਕਟਰ ਪਰਾਸ਼ਰ ਨੇ ਕਿਹਾ ਕਿ ਇਸ ਬਿਮਾਰੀ ਤੋਂ ਬਚਾਅ ਲਈ ਸੁਰੱਖਿਅਤ ਅਤੇ ਸਾਫ਼ ਪਾਣੀ ਦੀ ਵਰਤੋਂ, ਨਿੱਜੀ ਸਫ਼ਾਈ, ਸਟੀਰਲ ਉਪਕਰਣਾਂ ਦੀ ਵਰਤੋਂ, ਸੁਰੱਖਿਅਤ ਖੂਨ ਚੜ੍ਹਾਉਣਾ ਅਤੇ ਹੈਪੇਟਾਈਟਿਸ 'ਬੀ' ਦਾ ਟੀਕਾਕਰਨ ਬਹੁਤ ਜ਼ਰੂਰੀ ਹੈ। ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ ਰਵਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਪੀਲੀਆ, ਬਹੁਤ ਜ਼ਿਆਦਾ ਥਕਾਵਟ, ਭੁੱਖ ਨਾ ਲੱਗਣਾ ਜਾਂ ਹੋਰ



ਲੱਛਣ ਨਜ਼ਰ ਆਉਣ ਤਾਂ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਵਿੱਚ ਜਾਂਚ ਕਰਵਾਈ ਜਾਵੇ। ਇਸ ਮੌਕੇ ਡੀ.ਆਈ.ਓ ਡਾ. ਰਣਜੀਤ ਸਿੰਘ, ਸੀਨੀਅਰ ਮੈਡੀਕਲ ਅਫ਼ਸਰ ਡਾ ਪਰਮਿੰਦਰ ਕੌਰ, ਐਪੀਡੀਮੋਲੋਜਿਸਟ ਡਾ ਨੰਦਿਤਾ, ਡਾ. ਸਿਮੀ ਧਵਨ, ਡਾ ਰਾਹੁਲ, ਡਾ. ਨਵਪ੍ਰੀਤ ਕੌਰ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫ਼ਸਰ ਸੁਖਦਿਆਲ ਸਿੰਘ, ਬੀ ਸੀ ਸੀ ਕੁਆਰਡੀਨੇਟਰ ਜੋਤੀ ਆਨੰਦ ਸਮੇਤ ਵੱਡੀ ਗਿਣਤੀ ਵਿੱਚ ਸਟਾਫ ਤੇ ਲੋਕ ਹਾਜ਼ਰ ਸਨ।

# ਅਨੁਸੂਚਿਤ ਜਾਤੀਆਂ ਦੇ ਗ੍ਰੈਜੂਏਟਾਂ ਲਈ ਮੁਫ਼ਤ ਸਟੈਨੋਗ੍ਰਾਫ਼ੀ ਸਿਖਲਾਈ ਦਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਉੱਚ ਮਿਆਰੀ ਹੁਨਰ ਵਿਕਾਸ ਰਾਹੀਂ ਅਨੁਸੂਚਿਤ ਜਾਤੀਆਂ ਦੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਯੋਗ ਅਨੁਸੂਚਿਤ ਜਾਤੀ ਦੇ ਗ੍ਰੈਜੂਏਟ ਲੜਕੇ ਅਤੇ ਲੜਕੀਆਂ ਲਈ ਇੱਕ ਸਾਲਾ ਮੁਫ਼ਤ ਸਟੈਨੋਗ੍ਰਾਫ਼ੀ ਸਿਖਲਾਈ ਪ੍ਰੋਗਰਾਮ (ਸੈਸ਼ਨ 2026-27) ਵਿੱਚ ਦਾਖਲੇ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਜਿਹੇ ਸਾਰਥਕ ਮੌਕੇ ਪ੍ਰਦਾਨ ਕਰ ਰਹੀ ਹੈ ਜੋ ਨੌਜਵਾਨਾਂ ਨੂੰ ਸਮੇਂ ਦੀ ਮੰਗ ਮੁਤਾਬਕ ਹੁਨਰਮੰਦ ਬਣਾਉਂਦੇ ਹਨ, ਉਨ੍ਹਾਂ ਦੀ ਰੁਜ਼ਗਾਰ ਸਮਰੱਥਾ ਵਧਾਉਂਦੇ ਹਨ ਅਤੇ ਉਨ੍ਹਾਂ ਨੂੰ ਆਤਮ-ਨਿਰਭਰ ਤੇ ਸਨਮਾਨਜਨਕ ਭਵਿੱਖ ਵੱਲ ਲੈ ਕੇ ਜਾਂਦੇ ਹਨ। ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਇਸ ਇੱਕ ਸਾਲਾ ਮੁਫ਼ਤ ਸਿਖਲਾਈ ਪ੍ਰੋਗਰਾਮ ਅਧੀਨ ਕੁੱਲ 80 ਸੀਟਾਂ ਲਈ ਅਰਜ਼ੀਆਂ ਮੰਗੀਆਂ ਗਈਆਂ ਹਨ, ਜਿਨ੍ਹਾਂ ਵਿੱਚ ਪੰਜਾਬੀ ਅਤੇ ਅੰਗਰੇਜ਼ੀ ਸਟੈਨੋਗ੍ਰਾਫ਼ੀ ਲਈ 40-40 ਸੀਟਾਂ ਸ਼ਾਮਲ ਹਨ। ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 20 ਅਗਸਤ, 2026 ਹੈ।




ਸ੍ਰੀ ਬ੍ਰਿਜ ਲਾਲ ਅਤੇ ਸ੍ਰੀਮਤੀ ਕਾਂਤਾ ਰਾਣੀ ਦੇ ਸਮੂਹ ਪਰਿਵਾਰਕ ਮੈਂਬਰਾਂ ਵੱਲੋਂ ਸਰਕਾਰੀ ਮਿਡਲ ਸਕੂਲ ਬਾਬਲਕੇ ਨੂੰ ਇਨਵਰਟਰ ਅਤੇ ਪੱਖਾ ਦਾਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਮੂਹ ਸਟਾਫ ਨੇ ਇਸ ਸਹਾਇਤਾ ਲਈ ਉਕਤ ਦਾਨੀ ਪਰਿਵਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਕੈਂਟਰ ਤੇ ਸਵਿਫਟ 'ਚ ਟੱਕਰ, ਜਾਨੀ ਨੁਕਸਾਨ ਤੋਂ ਬਚਾਅ

**ਫਿਲੌਰ, (ਨਿਰਮਲ)**- ਸਿਫਟ ਕਾਰ ਅਤੇ ਕੈਂਟਰ ਟਰੱਕ ਦੇ ਵਿੱਚ ਜਬਰਦਸਤ ਟੱਕਰ ਹੋ ਗਈ। ਕੈਂਟਰ ਡਰਾਈਵਰ ਸਵਰਨਜੀਤ ਸਿੰਘ ਨੇ ਦੱਸਿਆ ਹੈ। ਕੀ ਸਵਿਫਟ ਕਾਰ ਜੋ ਕਿ ਨਵਾਂ ਸ਼ਹਿਰ ਵੱਲੋਂ ਆ ਰਹੀ ਸੀ ਤੇ ਮੈਂ ਰਾਏਕੋਟ ਤੋਂ ਪਸ਼ੂਆਂ ਦੀ ਫੀਡ ਭਰ ਕੇ ਜਾ ਰਿਹਾ ਸੀ। ਜਦੋਂ ਮੈਂ ਫਿਲੌਰ ਨਵਾਂਸ਼ਹਿਰ ਰੋਡ ਪੁੱਜਾ ਤਾਂ ਸਾਹਮਣੇ ਨਵਾਂ ਸ਼ਹਿਰ ਵੱਲੋਂ ਆ ਰਹੀ ਸਵਿਫਟ ਕਾਰ ਨੇ ਮੈਨੂੰ ਰੌਂਗ ਸਾਈਡ ਤੇ ਆ ਕੇ ਟੱਕਰ ਮਾਰ ਦਿੱਤੀ। ਜਿਸ ਵਜੋਂ ਕਾਰ ਵਿੱਚ ਬੈਠੇ ਚਾਰ ਸਵਾਰ ਗੰਭੀਰ ਜਖ਼ਮੀ ਹੋ ਗਏ ਤੇ ਕਾਰ ਵੀ ਬੁਰੀ ਤਰ੍ਹਾਂ ਨੁਕਸਾਨ ਗਈ ਹੈ। ਇਸ ਐਕਸੀਡੈਂਟ ਵਿੱਚ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ। ਲੇਕਿਨ ਦੋਨੇ



ਗੱਡੀਆਂ ਬੁਰੀ ਤਰ੍ਹਾਂ ਨੁਕਸਾਨੀਆਂ ਗਈਆਂ। ਕਾਰ ਵਿੱਚ ਇੱਕ ਔਰਤ ਤੇ ਤਿੰਨ ਵਿਅਕਤੀ ਸਵਾਰ ਸਨ। ਇਹਨਾਂ ਜਖ਼ਮੀ ਦੇ ਨਾਮ ਪਰਮਜੀਤ ਸਿੰਘ ਪਿੰਡ ਖਾਨ ਖਾਨਾ, ਊਸ਼ਾ ਰਾਣੀ ਪਤਨੀ ਪਰਮਜੀਤ ਸਿੰਘ, ਖਾਨ ਖਾਨਾ, ਰਾਜਵੀਰ ਸਿੰਘ ਪੁੱਤਰ ਦਿਲਬਾਗ ਸਿੰਘ, ਸੁਖਜਿੰਦਰ ਸਿੰਘ ਪੁੱਤਰ ਬਲਵੀਰ ਸਿੰਘ ਇਹ ਚਾਰੋਂ ਵਿਅਕਤੀ ਜੋ ਕਾਰ ਵਿੱਚ ਸਵਾਰ ਸਨ। ਇਹ ਬੁਰੀ ਤਰ੍ਹਾਂ ਜਖ਼ਮੀ ਹੋ ਗਏ, ਜਿਨ੍ਹਾਂ ਨੂੰ 108 ਐਂਬੂਲੈਂਸ ਰਾਹੀਂ ਫਿਲੌਰ ਦੇ ਸਿਵਲ ਹਸਪਤਾਲ ਵਿਖੇ ਇਲਾਜ ਲਈ ਭੇਜਿਆ ਗਿਆ। ਜਿੱਥੇ ਡਿਊਟੀ ਡਾਕਟਰ ਰਾਜਵੀਰ ਕੌਰ ਨੇ ਦੱਸਿਆ ਕਿ ਚਾਰੇ ਵਿਅਕਤੀ ਖਤਰੇ ਤੋਂ ਬਾਹਰ ਹਨ। ਅਤੇ ਇਹਨਾਂ ਨੂੰ ਫਾਸਟ ਏਡ ਦੇ ਕੇ ਇਹਨਾਂ ਦਾ ਇਲਾਜ ਚਾਲੂ ਕਰ ਦਿੱਤਾ ਗਿਆ ਹੈ। ਮੌਕੇ ਤੇ ਪੁੱਜੇ 112 ਦੇ ਡਿਊਟੀ ਅਫਸਰ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਐਕਸੀਡੈਂਟ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਲੇਕਿਨ ਦੋਨੇ ਗੱਡੀਆਂ ਨੁਕਸਾਨੀਆਂ ਗਈਆਂ ਹਨ।

# ਦ ਨੋਰਵੁੱਡ ਸਕੂਲ ਦੇ 22 ਵਿਦਿਆਰਥੀਆਂ ਦੀ ਜ਼ਿਲ੍ਹਾ ਟੀਮ ਲਈ ਚੋਣ

**ਬਲਾਚੌਰ (ਜਸਵਿੰਦਰ ਬੈਂਸ)** ਪੰਜਾਬ ਰਾਜ ਜੋਨਲ ਪੱਧਰ ਦੀਆਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦ ਨੋਰਵੁੱਡ ਸਕੂਲ, ਚਾਹਲ ਦੇ 22 ਵਿਦਿਆਰਥੀਆਂ ਦੀ ਜ਼ਿਲ੍ਹਾ ਟੀਮ ਲਈ ਚੋਣ ਹੋਈ ਹੈ। ਇਸ ਉਪਲਬਧੀ



ਨਾਲ ਸਕੂਲ ਵਿੱਚ ਖੁਸ਼ੀ ਅਤੇ ਮਾਣ ਦਾ ਮਾਹੌਲ ਬਣ ਗਿਆ ਹੈ।

ਸਕੂਲ ਮੈਨੇਜਮੈਂਟ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਅੰਡਰ-14 ਕ੍ਰਿਕਟ (ਲੜਕੇ) ਵਰਗ ਵਿੱਚ ਸਕੂਲ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਿਸ ਦੇ 10 ਖਿਡਾਰੀਆਂ ਦੀ ਜ਼ਿਲ੍ਹਾ ਟੀਮ ਲਈ ਚੋਣ ਹੋਈ। ਇਸੇ ਤਰ੍ਹਾਂ ਅੰਡਰ-17 ਕ੍ਰਿਕਟ (ਲੜਕੇ) ਵਰਗ ਵਿੱਚ ਵੀ ਸਕੂਲ ਨੇ ਪਹਿਲਾ ਸਥਾਨ ਹਾਸਲ ਕਰਦਿਆਂ 10 ਖਿਡਾਰੀਆਂ ਨੂੰ ਜ਼ਿਲ੍ਹਾ ਟੀਮ ਵਿੱਚ ਜਗ੍ਹਾ ਦਿਵਾਈ।ਇਸ ਤੋਂ ਇਲਾਵਾ ਅੰਡਰ-14 ਸ਼ਤਰੰਜ (ਚੈੱਸ) (ਲੜਕੇ) ਵਰਗ ਵਿੱਚ ਵੀ ਸਕੂਲ ਦੇ 2 ਵਿਦਿਆਰਥੀਆਂ ਨੇ ਪਹਿਲਾ ਸਥਾਨ ਹਾਸਲ ਕਰਕੇ ਜ਼ਿਲ੍ਹਾ ਟੀਮ ਲਈ ਆਪਣੀ ਚੋਣ ਯਕੀਨੀ ਬਣਾਈ। ਸਕੂਲ ਮੈਨੇਜਮੈਂਟ ਨੇ ਇਸ ਸ਼ਾਨਦਾਰ ਸਫਲਤਾ ਦਾ ਸਿਹਰਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਖੇਡਾਂ ਪ੍ਰਤੀ ਸਮਰਪਣ ਅਤੇ ਕੋਚਾਂ ਦੀ ਨਿਰੰਤਰ ਮਿਹਨਤ ਨੂੰ ਦਿੱਤਾ।

ਮੈਨੇਜਮੈਂਟ ਨੇ ਚੁਣੇ ਗਏ ਸਾਰੇ ਖਿਡਾਰੀਆਂ ਅਤੇ ਕੋਚਾਂ ਨੂੰ ਵਧਾਈ ਦਿੰਦਿਆਂ ਆਗਾਮੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਆਸ ਪ੍ਰਗਟਾਈ ਕਿ ਉਹ ਅੱਗੇ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ, ਬਲਾਚੌਰ ਅਤੇ ਜ਼ਿਲ੍ਹੇ ਨਾਲ ਮਾਪਿਆਂ ਦਾ ਨਾਂਅ ਵੀ ਰੋਸ਼ਨ ਕੀਤਾ।

# ਘੁੰਮਣ ਨੇ ਚੇਅਰਮੈਨ ਹੈਪੀ ਨੂੰ ਕੀਤਾ ਸਨਮਾਨਿਤ



**ਦਸੂਹਾ (ਕਰਨੈਲ ਮਾਂਗਟ)**- ਸਰਕਾਰੀ ਨਾਈਟ ਰੈਸਟੋਰੈਂਟ ਦਸੂਹਾ ਵਿਖੇ ਹਲਕਾ ਦਸੂਹਾ ਦੇ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਵੱਲੋਂ ਪੰਜਾਬ ਸਪੋਰਟਸ ਵੈੱਲਫੇਅਰ ਬੋਰਡ ਦੇ ਨਵ-ਨਿਯੁਕਤ ਚੇਅਰਮੈਨ ਹਰਭਜਨ ਸਿੰਘ ਹੈਪੀ ਮੀਆਦਾ ਪਿੰਡ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਵਿਧਾਇਕ ਘੁੰਮਣ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅਗਵਾਈ ਹੇਠ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਦਸੂਹਾ ਇਲਾਕੇ ਵਿੱਚ ਨਵੇਂ ਸਪੋਰਟਸ ਕਲੱਬ ਬਣਾਏ ਜਾ ਰਹੇ ਹਨ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਖੇਡ ਗਤੀਵਿਧੀਆਂ ਵਿੱਚ ਭਾਗ ਲੈ ਸਕਣ। ਉਨਾਂ ਕਿਹਾ ਕਿ ਇਨ੍ਹਾਂ ਕਲੱਬਾਂ ਨੂੰ ਪੰਜਾਬ ਸਰਕਾਰ ਵੱਲੋਂ ਸਪੋਰਟਸ ਕਿੱਟਾਂ ਵੀ ਦਿੱਤੀਆਂ ਜਾਣਗੀਆਂ। ਇਸ ਮੌਕੇ ਤੇ ਨਵ-ਨਿਯੁਕਤ ਸਪੋਰਟਸ ਵੈਲਫੇਅਰ ਬੋਰਡ ਦੇ ਚੇਅਰਮੈਨ ਹਰਭਜਨ ਸਿੰਘ ਹੈਪੀ ਮੀਆ ਦਾ ਪਿੰਡ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ ਖੇਡਾਂ ਰਾਂਹੀ ਅੱਗੇ ਵਧਣ ਦੇ ਮੌਕੇ ਪ੍ਰਦਾਨ ਕੀਤੇ ਹਨ। ਉਨ੍ਹਾਂ ਆਪਣੇ ਚੇਅਰਮੈਨ ਵਜੋਂ ਮਿਲੀ ਜ਼ਿੰਮਵਾਰੀ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਦਾ ਧੰਨਵਾਦ ਕਰਦਿਆ ਕਿਹਾ ਕਿ ਉਹ ਪੰਜਾਬ ਵਿਚ ਖੇਡਾਂ ਦੇ ਵਿਕਾਸ ਅਤੇ ਨੌਜਵਾਨਾਂ ਦੀ ਭਲਾਈ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ। ਇਸ ਮੌਕੇ ਤੇ ਮਾਰਕਿੱਟ ਕਮੇਟੀ ਦਸੂਹਾ ਦੇ ਚੇਅਰਮੈਨ ਕੇ.ਪੀ. ਸੰਧ, ਪਰਵਿੰਦਰ ਸਿੰਘ,ਬਿਕਰਮ ਸਿੰਘ ਸਰਪੰਚ, ਲਖਵਿੰਦਰ ਸਿੰਘ ਲੱਕੀ, ਕਮਲਜੀਤ ਸਿੰਘ ਵਿਰਦੀ ਤੇ ਹੋਰ ਹਾਜਰ ਸਨ।

# ਵਿਸ਼ਵ ਹੈਪੇਟਾਈਟਿਸ ਦਿਵਸ ਤੇ ਜਿਗਰ ਦੀਆਂ ਬਿਮਾਰੀਆਂ ਤੋਂ ਬਚਾਅ ਲਈ ਕੀਤਾ ਜਾਗਰੂਕ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਵਿਸ਼ਵ ਹੈਪੇਟਾਈਟਿਸ ਦਿਵਸ ਮੌਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਹੈਪੇਟਾਈਟਿਸ ਬੀ ਅਤੇ ਸੀ ਸਬੰਧੀ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਹੈਪੇਟਾਈਟਿਸ ਦੇ ਕਾਰਨਾਂ, ਲੱਛਣਾਂ, ਬਚਾਅ ਅਤੇ ਸਮੇਂ ਸਿਰ ਜਾਂਚ ਤੇ ਇਲਾਜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਸਿਵਲ ਸਰਜਨ ਡਾ. ਮਨਦੀਪ ਕੌਰ ਨੇ ਕਿਹਾ ਕਿ ਵਿਸ਼ਵ ਹੈਪੇਟਾਈਟਿਸ ਦਿਵਸ ਮਨਾਉਣ ਦਾ ਮੁੱਖ ਉਦੇਸ਼ ਲੋਕਾਂ ਨੂੰ ਜਿਗਰ ਨਾਲ ਸੰਬੰਧਿਤ ਇਸ ਗੰਭੀਰ ਬਿਮਾਰੀ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਹੈਪੇਟਾਈਟਿਸ ਬੀ ਤੋਂ ਬਚਾਅ ਲਈ ਟੀਕਾਕਰਨ ਸਭ ਤੋਂ ਪ੍ਰਭਾਵਸ਼ਾਲੀ ਉਪਾਅ ਹੈ ਅਤੇ ਹਰ ਵਿਅਕਤੀ ਨੂੰ ਲੋੜ ਪੈਣ 'ਤੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਲੋਕਾਂ ਨੂੰ ਸੁਰੱਖਿਅਤ ਟੀਕਿਆਂ ਅਤੇ ਸਟੀਰਲਾਈਜ਼ਡ ਮੈਡੀਕਲ ਉਪਕਰਨਾਂ ਦੀ ਵਰਤੋਂ ਕਰਨ ਅਤੇ ਕੇਵਲ ਪ੍ਰਮਾਣਿਤ ਖੂਨ ਹੀ ਚੜ੍ਹਾਉਣ ਦੀ ਅਪੀਲ ਕੀਤੀ।ਸੀਨੀਅਰ ਮੈਡੀਕਲ ਅਫ਼ਸਰ ਡਾ.



ਕਰਨ ਕੁਮਾਰ ਸੈਣੀ ਨੇ ਕਿਹਾ ਕਿ ਹੈਪੇਟਾਈਟਿਸ ਦਾ ਸਮੇਂ ਸਿਰ ਪਤਾ ਲੱਗਣ ਨਾਲ ਇਸ ਦਾ ਪ੍ਰਭਾਵਸ਼ਾਲੀ ਇਲਾਜ ਸੰਭਵ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵਿਅਕਤੀ ਨੂੰ ਲੰਬੇ ਸਮੇਂ ਤੱਕ ਥਕਾਵਟ, ਪੀਲੀਆ, ਭੁੱਖ ਨਾ ਲੱਗਣਾ ਜਾਂ ਜਿਗਰ ਨਾਲ ਸੰਬੰਧਿਤ ਹੋਰ ਲੱਛਣ ਮਹਿਸੂਸ ਹੋਣ ਤਾਂ ਉਹ ਤੁਰੰਤ ਨੇੜਲੇ ਸਰਕਾਰੀ ਸਿਹਤ ਕੇਂਦਰ ਵਿੱਚ ਸੰਪਰਕ ਕਰਕੇ ਜਾਂਚ ਕਰਵਾਉਣ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਲੋਕਾਂ ਨੂੰ ਹੈਪੇਟਾਈਟਿਸ ਦੀ ਜਾਂਚ ਅਤੇ ਇਲਾਜ ਸਬੰਧੀ ਹਰ ਸੰਭਵ ਸਹੂਲਤ ਮੁਹੱਈਆ ਕਰਵਾ ਰਿਹਾ ਹੈ।ਇਸ ਮੌਕੇ ਹਾਜ਼ਰ ਸਿਹਤ ਅਧਿਕਾਰੀਆਂ ਨੇ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ, ਨਿੱਜੀ ਸਫ਼ਾਈ ਦਾ ਧਿਆਨ ਰੱਖਣ ਅਤੇ ਹੈਪੇਟਾਈਟਿਸ ਸਬੰਧੀ ਫੈਲੀਆਂ ਅਫ਼ਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਇਸ ਮੌਕੇ ਡਾਕਟਰ ਬਲਜੀਤ ਕੌਰ, ਡਾਕਟਰ ਰਣਪ੍ਰੀਤ ਕੌਰ, ਡਾਕਟਰ ਕਰਤਾਰ ਸਿੰਘ, ਡਾਕਟਰ ਕਰਨ ਵਿਰਕ ਡਾਕਟਰ ਰਾਜਵਿੰਦਰ ਕੌਰ, ਡਾਕਟਰ ਗੌਰਵ ਅਤੇ ਅਵਤਾਰ ਸਿੰਘ (ਬੀ ਈ ਈ) ਹਾਜ਼ਰ ਸਨ।

# ਅਮਰਜੀਤ ਕੌਰ ਨੇ ਐੱਸ ਐੱਚ ਓ ਵਜੋਂ ਕਾਰਜਭਾਰ ਸੰਭਾਲਿਆ



**ਟਾਂਡਾ ਉੜਮੁੜ, (ਜਸਵਿੰਦਰ ਸਿੰਘ, ਪੰਡਿਤ ਮਿਥਲੇਸ਼)**- ਥਾਣਾ ਟਾਂਡਾ ਵਿਖੇ ਇੰਸਪੈਕਟਰ ਅਮਰਜੀਤ ਕੌਰ ਨੇ ਥਾਣਾ ਟਾਂਡਾ ਤੇ ਨਵੇਂ ਮੁਖੀ ਵਜੋਂ ਕਾਰਜ ਭਾਰ ਸੰਭਾਲ ਲਿਆ ਹੈ। ਥਾਣਾ ਹਾਜੀਪੁਰ ਤੋਂ ਤਬਦੀਲ ਹੋ ਕੇ ਆਏ ਇੰਸਪੈਕਟਰ ਅਮਰਜੀਤ ਕੌਰ ਨੇ ਕਾਰਜਭਾਰ ਸੰਭਾਲਣ ਸਮੇਂ ਕਿਹਾ ਕਿ ਉਹ ਇਲਾਕੇ ਅੰਦਰ ਅਮਨ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣਗੇ ਉਹ ਹੀ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਅਪਰਾਧਿਕ ਅਨਸਰਾਂ ਨੂੰ ਵੀ ਨੱਥ ਪਾਉਣਗੇ।ਜ਼ਿਕਰਯੋਗ ਹੈ ਕਿ ਇੰਸਪੈਕਟਰ ਅਮਰਜੀਤ ਕੌਰ ਪਹਿਲੇ ਔਰਤ ਇੰਸਪੈਕਟਰ ਹਨ ਜਿਨਾਂ ਨੇ ਥਾਣਾ ਟਾਂਡਾ ਦਾ ਕਾਰਜਭਾਰ ਸੰਭਾਲਿਆ ਹੈ।

# ਛੇ ਗੈਰ-ਕਾਨੂੰਨੀ ਮਾਈਨਿੰਗ ਸਾਈਟਾਂ ਤੇ ਸਖ਼ਤ ਕਾਰਵਾਈ, ਐੱਫ ਆਈ ਆਰ ਦਰਜ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਮਾਈਨਜ਼ ਐਂਡ ਜੀਓਲੋਜੀ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ ਮਾਈਨਿੰਗ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਜੁਲਾਈ 2026 ਦੌਰਾਨ ਛੇ ਅਣ-ਅਧਿਕਾਰਤ ਖੁਦਾਈ ਵਾਲੀਆਂ ਥਾਵਾਂ ਦੀ ਪਛਾਣ ਕਰਦਿਆਂ ਸਖ਼ਤ ਕਾਰਵਾਈ ਕੀਤੀ ਗਈ ਹੈ। ਕਾਰਜਕਾਰੀ ਇੰਜੀਨੀਅਰ-ਕਮ-ਜ਼ਿਲ੍ਹਾ ਮਾਈਨਿੰਗ ਅਫ਼ਸਰ ਗੁਰਤੇਜ ਸਿੰਘ ਗਰਚਾ ਨੇ ਦੱਸਿਆ ਕਿ ਐਸ.ਡੀ.ਓ. ਪ੍ਰਦੀਪ ਕੁਮਾਰ ਅਤੇ ਜੂਨੀਅਰ ਇੰਜੀਨੀਅਰ-ਕਮ-ਮਾਈਨਿੰਗ ਇੰਸਪੈਕਟਰਾਂ ਵੱਲੋਂ ਕੀਤੀਆਂ ਮੌਕੇ ਦੀਆਂ ਜਾਂਚਾਂ ਦੌਰਾਨ ਅਜਿਹੀਆਂ ਥਾਵਾਂ 'ਤੇ ਵੱਡੇ ਪੱਧਰ 'ਤੇ ਖੁਦਾਈ ਪਾਈ ਗਈ, ਜਿੱਥੇ ਵਿਭਾਗ ਵੱਲੋਂ ਕਿਸੇ ਵੀ ਕਿਸਮ ਦੀ ਮਾਈਨਿੰਗ ਮਨਜ਼ੂਰੀ ਜਾਂ ਪਰਮਿਟ ਜਾਰੀ ਨਹੀਂ ਕੀਤਾ ਗਿਆ ਸੀ। ਗੁਰਤੇਜ ਸਿੰਘ ਗਰਚਾ ਨੇ ਦੱਸਿਆ ਕਿ ਸ਼ਨਾਖ਼ਤ ਕੀਤੀਆਂ ਗਈਆਂ ਥਾਵਾਂ ਵਿੱਚ ਖੇੜੀ ਜੱਟਾਂ, ਮੁਕੰਦਪੁਰ, ਹੈਬਤਪੁਰ, ਬਿਜਨਪੁਰ, ਡੇਰਾਬੱਸੀ ਖੇਤਰ ਦੀ ਇੱਕ ਹੋਰ ਸਾਈਟ ਅਤੇ ਰਾਮਪੁਰ ਸੈਣੀਆਂ ਸ਼ਾਮਲ ਹਨ। ਇਨ੍ਹਾਂ ਸਥਾਨਾਂ 'ਤੇ ਗੈਰ-ਕਾਨੂੰਨੀ ਤੌਰ 'ਤੇ ਕੀਤੀ ਗਈ ਖੁਦਾਈ ਦੀ ਅਨੁਮਾਨਿਤ ਮਾਤਰਾ 12.79 ਲੱਖ ਘਣ ਫੁੱਟ ਤੋਂ ਵੱਧ ਹੈ, ਜਿਸ ਵਿੱਚ ਸਭ ਤੋਂ ਵੱਡੀ ਖੁਦਾਈ ਲਗਭਗ 6.55 ਲੱਖ ਘਣ ਫੁੱਟ ਦਰਜ ਕੀਤੀ ਗਈ। ਜਾਂਚ ਰਿਪੋਰਟ ਵਿੱਚ ਸਾਰੀਆਂ ਸਾਈਟਾਂ ਦੇ ਜੀ ਪੀ ਐੱਸ ਕੋਆਰਡੀਨੇਟ ਵੀ ਦਰਜ ਕੀਤੇ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਨ੍ਹਾਂ ਵਿੱਚੋਂ ਕਿਸੇ ਵੀ ਸਥਾਨ ਲਈ ਛੋਟੇ ਖਣਿਜਾਂ ਜਾਂ ਮਿੱਟੀ ਦੀ ਖੁਦਾਈ ਸਬੰਧੀ ਕੋਈ ਮਨਜ਼ੂਰੀ ਜਾਂ ਪਰਮਿਟ ਜਾਰੀ ਨਹੀਂ ਕੀਤਾ ਗਿਆ ਸੀ।ਜ਼ਮੀਨ ਦੀ ਮਲਕੀਅਤ ਅਤੇ ਸਬੰਧਤ ਖਸਰਾ ਨੰਬਰਾਂ ਦੀ ਪੁਸ਼ਟੀ ਲਈ ਮਾਲ ਵਿਭਾਗ ਨੂੰ ਨਿਸ਼ਾਨਦੇਹੀ ਕਰਨ ਲਈ ਲਿਖਿਆ ਗਿਆ ਹੈ। ਨਿਸ਼ਾਨਦੇਹੀ ਰਿਪੋਰਟ ਪ੍ਰਾਪਤ ਹੋਣ ਉਪਰੰਤ ਅਗਲੀ ਕਾਨੂੰਨੀ ਅਤੇ ਪ੍ਰਸ਼ਾਸਨਿਕ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਮੌਕੇ ਦੀਆਂ ਜਾਂਚਾਂ ਦੇ ਨਾਲ-ਨਾਲ ਵਿਭਾਗ ਵੱਲੋਂ ਮਾਈਨਜ਼ ਐਂਡ ਮਿਨਰਲਜ਼ (ਡਿਵੈਲਪਮੈਂਟ ਐਂਡ ਰੈਗੂਲੇਸ਼ਨ) ਐਕਟ, 1957 ਦੀ ਧਾਰਾ 4(1) ਅਤੇ 21(1) ਤਹਿਤ ਅਪਰਾਧਿਕ ਕਾਰਵਾਈ ਵੀ ਸ਼ੁਰੂ ਕੀਤੀ ਗਈ ਹੈ। ਜੁਲਾਈ ਮਹੀਨੇ ਦੌਰਾਨ ਕਈ ਐੱਫ ਆਈ ਆਰ. ਦਰਜ ਕੀਤੀਆਂ ਗਈਆਂ ਹਨ।

# ਰਾਮਗੜ੍ਹੀਆ ਭਲਾਈ ਬੋਰਡ ਦੀ ਚੇਅਰਪਰਸਨ ਮਨਜੀਤ ਕੌਰ ਸਨਮਾਨਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਵੱਲੋਂ ਜੱਸਾ ਸਿੰਘ ਰਾਮਗੜ੍ਹੀਆ ਚੌਂਕ ਨੇੜੇ ਸਥਿਤ ਫੈਡਰੇਸ਼ਨ ਦਫ਼ਤਰ ਵਿਖੇ ਰਾਮਗੜ੍ਹੀਆ ਭਲਾਈ ਬੋਰਡ ਦੀ ਚੇਅਰਪਰਸਨ ਮਨਜੀਤ ਕੌਰ ਦੇ ਸਨਮਾਨ ਵਿੱਚ ਸਮਾਰੋਹ ਕਰਵਾਇਆ ਗਿਆ। ਫੈਡਰੇਸ਼ਨ ਦੇ



ਸਰਪ੍ਰਸਤ ਕੁਲਬੀਰ ਸਿੰਘ ਸੋਨੂ ਅਤੇ ਪ੍ਰਧਾਨ ਬਿਕਰਮ ਸਿੰਘ ਸੋਹਨਪਾਲ ਨੇ ਦੱਸਿਆ ਕਿ ਚੇਅਰਪਰਸਨ ਮਨਜੀਤ ਕੌਰ ਨੂੰ ਭਾਈ ਲਾਲੋ ਦੀ ਤਸਵੀਰ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਫੈਡਰੇਸ਼ਨ ਦੇ ਜਨਰਲ ਸਕੱਤਰ ਦਲਜੀਤ ਸਿੰਘ ਬਿੱਟੂ ਨੇ ਕਿਹਾ ਕਿ ਫੈਡਰੇਸ਼ਨ ਹਰ ਤਰ੍ਹਾਂ ਦੀ ਮਦਦ ਲਈ ਚੇਅਰਪਰਸਨ ਮਨਜੀਤ ਕੌਰ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਤੋਂ ਵੀ ਸਮਾਜ ਸੇਵੀ ਕਾਰਜਾਂ ਵਿੱਚ ਸਹਿਯੋਗ ਦੀ ਉਮੀਦ ਹੈ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਮਨਜੀਤ ਕੌਰ ਨੇ ਰਾਮਗੜ੍ਹੀਆ ਫੈਡਰੇਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੋਰਿੰਡਾ ਰਾਮਗੜ੍ਹੀਆ ਫੈਡਰੇਸ਼ਨ ਦੇ ਦਫਤਰ ਪਹੁੰਚ ਕੇ ਮੈਨੂੰ ਬਹੁਤ ਮਾਣ ਮਹਿਸੂਸ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਜਦੋਂ ਵੀ ਫੈਡਰੇਸ਼ਨ ਨੂੰ ਉਨ੍ਹਾਂ ਦੀ ਲੋੜ ਪਵੇਗੀ, ਉਹ ਹਰ ਸੰਭਵ ਸਹਿਯੋਗ ਦੇਣਗੇ। ਇਸ ਮੌਕੇ ਨਗਰ ਕੌਂਸਲ ਕੁਰਾਲੀ ਦੇ ਪ੍ਰਧਾਨ ਬਹਾਦਰ ਸਿੰਘ ਓਕੇ, ਕੌਂਸਲਰ ਡਾ. ਅਸ਼ਵਨੀ ਸ਼ਰਮਾ, ਕੌਂਸਲਰ ਹੈਪੀ ਧੀਮਾਨ, ਫੈਡਰੇਸ਼ਨ ਦੇ ਵਾਈਸ ਪ੍ਰਧਾਨ ਤੇਜਿੰਦਰ ਸਿੰਘ ਕਲਸੀ, ਭੁਪਿੰਦਰ ਸਿੰਘ ਗੀਹਲ, ਜਗਵਿੰਦਰ ਸਿੰਘ ਜੰਡੂ, ਮਨਵਿੰਦਰ ਸਿੰਘ ਜੰਡੂ, ਮਨਜੀਤ ਸਿੰਘ ਧੀਮਾਨ, ਗੁਰਵਿੰਦਰ ਸਿੰਘ ਗੀਹਲ, ਜਗਜੀਤ ਸਿੰਘ ਗੀਹਲ, ਹਰਮੀਤ ਸਿੰਘ ਦਾਤਾਰਪੁਰ, ਜਗਦੀਪ ਸਿੰਘ ਘਟੌੜੇ, ਮਨਦੀਪ ਸਿੰਘ ਸੋਹਣਪਾਲ, ਦਰਸ਼ਨ ਸਿੰਘ ਸੋਹਨਪਾਲ, ਬਲਵੀਰ ਸਿੰਘ ਬਿਲਕੂ, ਰਮਨਦੀਪ ਸਿੰਘ ਘੜੂੰਆਂ, ਅਵਤਾਰ ਸਿੰਘ ਵਿਰਦੀ, ਜਸਵਿੰਦਰ ਸਿੰਘ ਮਠਾੜੂ, ਟੋਨੀ ਮੁੰਡੇ, ਹਰਵਿੰਦਰ ਸਿੰਘ ਰੂਪਰਾਏ, ਗੁਰਪ੍ਰੀਤ ਸਿੰਘ ਬਿਮਰਾ, ਚਰਨਜੀਤ ਸਿੰਘ ਗੀਹਲ ਅਤੇ ਡਾ. ਤਜਿੰਦਰ ਸਿੰਘ ਬੋਬੀ ਸਮੇਤ ਵੱਡੀ ਗਿਣਤੀ ਵਿੱਚ ਫੈਡਰੇਸ਼ਨ ਮੈਂਬਰ ਹਾਜ਼ਰ ਸਨ।

# ਧਾਰਮਿਕ ਸਮਾਗਮ ਅੱਜ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਗੁਰੂ ਪੂਰਨਿਮਾ ਦਿਵਸ ਦੇ ਸਬੰਧ ਵਿੱਚ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਧਾਰਮਿਕ ਸਮਾਗਮ 29 ਜੁਲਾਈ ਦਿਨ ਬੁੱਧਵਾਰ ਨੂੰ ਸ਼ਾਮੀ 3 ਤੋਂ 5 ਵਜੇ ਤੱਕ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ।

ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜ਼ਿ. ਮਾਹਿਲਪੁਰ ਦੇ ਸਹਿਯੋਗ ਨਾਲ ਹੋ ਰਹੇ ਇਸ ਸਮਾਗਮ ਮੌਕੇ ਸਭ ਤੋਂ ਪਹਿਲਾਂ ਬੁੱਧ ਵੰਦਨਾ, ਤ੍ਰਿਸ਼ਰਨ ਅਤੇ ਪੰਚਸ਼ੀਲ ਦਾ ਉਚਾਰਨ ਕੀਤਾ ਜਾਵੇਗਾ। ਉਸ ਤੋਂ ਬਾਅਦ ਸਮੂੰਹਿਕ ਤੌਰ ਤੇ ਧਿਆਨ ਸਾਧਨਾ ਕਰਕੇ ਬੁੱਧ ਮਹਾਂਪੁਰਸ਼ਾਂ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਕੀਤਾ ਜਾਵੇਗਾ।

ਸਮਾਗਮ ਦੀ ਸਮਾਪਤੀ ਤੋਂ ਬਾਅਦ 8 ਅਗਸਤ ਦਿਨ ਸ਼ਨੀਵਾਰ ਨੂੰ ਬੀ.ਡੀ.ਓ ਕਾਲੋਨੀ ਵਾਰਡ ਨੰਬਰ 11- 12 ਵਿਖੇ ਕਰਵਾਏ ਜਾ ਰਹੇ ਸਲਾਨਾ ਤੀਆਂ ਦੇ ਮੇਲੇ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਚਾਹ ਪਾਣੀ ਦਾ ਉਚਿਤ ਪ੍ਰਬੰਧ ਹੋਵੇਗਾ। ਨਿਰਵਾਣੁ ਕੁਟੀਆ ਦੇ ਪ੍ਰਬੰਧਕਾਂ ਨੇ ਸਾਰਿਆਂ ਨੂੰ ਸਮੇਂ ਸਿਰ ਇਸ ਸਮਾਗਮ ਵਿੱਚ ਪਹੁੰਚਣ ਦੀ ਬੇਨਤੀ ਕੀਤੀ।

# ਸਤਨਾਮ ਸਿੰਘ ਸ਼ੌਕਰ ਦੀ ਕਹਾਣੀ 'ਬਦਕਾਰ' 'ਤੇ ਚਰਚਾ




**ਚੰਡੀਗੜ੍ਹ (ਸੁਰਜੀਤ ਸੁਮਨ)**- ਕਹਾਣੀ ਸੰਗਤ ਚੰਡੀਗੜ੍ਹ ਦੀ ਇਕੱਤਰਤਾ ਚੰਡੀਗੜ੍ਹ ਸਾਹਿਤ ਅਕਾਦਮੀ ਸਹਿਯੋਗ ਨਾਲ਼ ਰਾਣੀ ਲਕਸ਼ਮੀ ਬਾਈ ਭਵਨ, ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਕਹਾਣੀਕਾਰ ਗੁਰਮੀਤ ਸਿੰਘ ਸਿੰਗਲ ਵੱਲੋਂ ਕੀਤੀ ਗਈ।ਕਹਾਣੀ ਸੰਗਤ ਦੇ ਕਨਵੀਨਰ ਪਰਮਜੀਤ ਮਾਨ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਸਤਨਾਮ ਸਿੰਘ ਸ਼ੌਕਰ ਨੂੰ ਕਹਾਣੀ ਪੜ੍ਹਨ ਲਈ ਸੱਦਾ ਦਿੱਤਾ। ਸਤਨਾਮ ਸਿੰਘ ਸ਼ੌਕਰ ਨੇ ਆਪਣੀ ਕਹਾਣੀ 'ਬਦਕਾਰ' ਦਾ ਪਾਠ ਕੀਤਾ, ਜਿਸ ਉੱਤੇ ਨਿੱਠ ਕੇ ਚਰਚਾ ਹੋਈ। ਇਸ ਕਹਾਣੀ ਬਾਰੇ ਸੰਵਾਦ ਰਚਾਉਂਦਿਆਂ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀ ਦੀਪਕ ਮਹਿਤਾ ਨੇ ਕਈ ਨੁਕਤੇ ਉਭਾਰੇ। ਉਨ੍ਹਾਂ ਕਿਹਾ ਕਿ ਕਹਾਣੀ ਦੇ ਪਾਤਰਾਂ ਦੇ ਵਾਰਤਲਾਪ ਵਿੱਚ ਜੋ ਖੱਪੇ ਹਨ, ਉਨ੍ਹਾਂ ਨੂੰ ਪੂਰਨ ਦੀ ਜ਼ਰੂਰਤ ਹੈ। ਉਨ੍ਹਾਂ ਕਹਾਣੀ ਦੇ ਨਾਂਅ ਬਾਰੇ ਵੀ ਕਿੰਤੂ ਕੀਤਾ।ਹਰਨੇਕ ਸਿੰਘ ਕਲੇਰ ਨੇ ਕਿਹਾ ਕਿ ਕਹਾਣੀ ਦੀ ਤਕਨੀਕ, ਬੁਣਤੀ ਅਤੇ ਕਲਾਤਮਿਕਤਾ ਦਾ ਖਾਸ ਖਿਆਲ ਰੱਖਿਆ ਜਾਣਾ ਚਾਹੀਦਾ ਹੈ। ਇੰਦਰਜੀਤ ਪ੍ਰੇਮੀ ਨੇ ਕਿਹਾ ਕਿ ਕੁਝ ਕੁ ਸੁਧਾਰ ਬਾਅਦ ਕਹਾਣੀ ਵਧੀਆ ਬਣ ਜਾਵੇਗੀ।ਡਾ. ਅਵਤਾਰ ਸਿੰਘ ਪਤੰਗ ਨੇ ਕਿਹਾ ਕਿ ਸਾਹਿਤ ਸੱਚਾ ਵੀ ਤੇ ਕਾਲਪਨਿਕ ਵੀ ਹੁੰਦੈ। ਕਹਾਣੀ ਵਿੱਚ ਲੇਖਕ ਨੂੰ ਬਹੁਤਾ ਨਹੀਂ ਬੋਲਣਾ ਚਾਹੀਦਾ। ਬਿਰਤਾਂਤ ਸਿਰਜਣ ਦੀ ਲੋੜ ਹੈ। ਸਾਹਿਤ ਫੋਟੋਗ੍ਰਾਫੀ ਨਹੀਂ ਹੁੰਦਾ। ਜਸਵੀਰ ਮਹਿਰਾ ਨੇ ਕਿਹਾ ਕਿ ਉਨ੍ਹਾਂ ਨੂੰ ਕਹਾਣੀ ਬਹੁਤ ਚੰਗੀ ਲੱਗੀ। ਕਹਾਣੀਕਾਰ ਹਰਪ੍ਰੀਤ ਸਿੰਘ ਚੰਨੂੰ ਨੇ ਕਿਹਾ ਕਿ ਹੋਰ ਮਿਹਨਤ ਨਾਲ ਕਹਾਣੀ ਵਧੀਆ ਬਣ ਜਾਵੇਗੀ। ਪਰਮਜੀਤ ਮਾਨ ਨੇ ਕਿਹਾ ਕਿ ਗਰੀਬ ਘਰ ਦੀ ਸੋਹਣੀ ਔਰਤ ਦਾ ਸੁਹੱਪਣ, ਅਮੀਰਾਂ ਨੂੰ ਕਦੇ ਹਜ਼ਮ ਨਹੀਂ ਹੁੰਦਾ। ਕਹਾਣੀ ਸਿਸਟਮ ਨੂੰ ਨੰਗਾ ਕਰਦੀ ਹੈ। ਉਂਝ ਮਾੜੇ ਸਿਸਟਮ ਵਿੱਚ ਕੋਈ ਕੋਈ ਫੁੱਲ ਵੀ ਟਹਿਕਦਾ ਦਿਖਾਈ ਦਿੰਦਾ ਹੈ। ਸੁਰਜੀਤ ਸੁਮਨ ਨੇ ਕਿਹਾ ਕਿ ਕਹਾਣੀ ਦਾ ਨਾਂ ਕਹਾਣੀ ਵਿੱਚਲੇ ਕਈ ਪਾਤਰਾਂ ਦੇ ਪਾਜ਼ ਉਘਾੜਦਾ ਪ੍ਰਤੀਤ ਹੁੰਦਾ ਹੈ।

# ਗੁਰਮਤਿ ਸਮਾਗਮ ਕਰਵਾਇਆ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਮਾਹਿਲਪੁਰ ਵੱਲੋਂ ਮਹੀਨਾਵਾਰ ਗੁਰਮਤਿ ਸਮਾਗਮ ਪਿੰਡ ਮਨੋਲੀਆਂ ਵਿਖੇ ਕਰਵਾਇਆ ਗਿਆ ਜਿਸ



ਵਿਚ ਪ੍ਰੋ : ਅਮਨਿੰਦਰ ਸਿੰਘ ਸਾਹਿਬਜ਼ਾਦਾ ਜੁਝਾਰ ਸਿੰਘ ਸਿੱਖ ਮਿਸ਼ਨਰੀ ਕਾਲਜ ਚੌਂਤਾ ਕਲਾਂ ਦੇ ਵਿਦਿਆਰਥੀਆ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰੋ. ਅਮਨਿੰਦਰ ਸਿੰਘ ਨੇ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ ਜੀਵਨ ਦੇ ਹਰ ਪੱਖ ਤੋਂ ਸੰਗਤਾਂ ਨੂੰ ਚਾਨਣਾ ਪਾਇਆ। ਇਸ ਮੌਕੇ ਸੰਗਤਾਂ ਵਿਚ ਹਾਜ਼ਰ ਪਿੰਡ ਮਨੋਲੀਆਂ ਦੇ ਸਰਪੰਚ ਗੁਰਦੇਵ ਸਿੰਘ, ਜਥੇਦਾਰ ਹਰਬੰਸ ਸਿੰਘ ਸਰਹਾਲਾ, ਭਾਈ ਬਲਵੀਰ ਸਿੰਘ, ਪ੍ਰਧਾਨ ਚਰਨਜੀਤ ਸਿੰਘ, ਨੰਬਰਦਾਰ ਕੁਲਵੰਤ ਸਿੰਘ, ਖੁਸ਼ਵੰਤ ਸਿੰਘ ਨੰਬਰਦਾਰ, ਦਵਿੰਦਰ ਸਿੰਘ ਗੋਂਦਪੁਰ, ਲੱਖਾ ਸਿੰਘ ਗੋਂਦਪੁਰ, ਨਵਪ੍ਰੀਤ ਸਿੰਘ ਚੱਕ ਕਟਾਰੂ, ਫੌਜ ਖਾਲਸਾ ਗਤਕਾ ਗਰੁੱਪ ਦੇ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

# ਸੇਖੋਂ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਵਿਖੇ ਨਤਮਸਤਕ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਅਕਾਲੀ ਦਲ ਵਾਰਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਸੇਖੋਂ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਪਿੰਡ ਨਡਾਲੋਂ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਜਿੱਥੇ ਬਣ ਰਹੇ ਸੁੰਦਰ ਅਸਥਾਨ ਦੇ ਦਰਸ਼ਨ ਕੀਤੇ ਤੇ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵਾਲੇ ਸ਼ਹੀਦ ਸਿੰਘਾਂ ਸਬੰਧੀ ਸੇਵਾਦਾਰਾਂ ਤੋਂ ਜਾਣਕਾਰੀ ਹਾਸਲ ਕੀਤੀ। ਇਸ ਤੋਂ ਪਹਿਲਾਂ ਉਹ



ਪੰਥਕ ਪਰਿਵਾਰ ਜਥੇਦਾਰ ਲਖਵਿੰਦਰ ਸਿੰਘ ਖਾਲਸਾ ਦੇ ਗ੍ਰਹਿ ਪਿੰਡ ਨਡਾਲੋਂ ਵਿਖੇ ਪਲੇਠੀ ਮੀਟਿੰਗ ਵਿੱਚ ਪਹੁੰਚੇ। ਇਸ ਮੌਕੇ ਉਨ੍ਹਾਂ ਪਾਰਟੀ ਦੀਆਂ ਗਤੀਵਿਧੀਆਂ ਸਬੰਧੀ ਵਿਚਾਰਾਂ ਕੀਤੀਆਂ ਅਤੇ ਅਗਲੇ ਪ੍ਰੋਗਰਾਮਾਂ ਸਬੰਧੀ ਜਾਣੂ ਕਰਵਾਇਆ। ਇਸ ਮੌਕੇ ਪਾਰਟੀ ਦੇ ਆਗੂ ਉਂਕਾਰ ਸਿੰਘ ਦਿਹਾਣਾ, ਪ੍ਰਸਿੱਧ ਕੀਰਤਨੀਏ ਭਾਈ ਰਣਜੋਧ ਸਿੰਘ ਖਾਲਸਾ ਨਡਾਲੋਂ, ਧਰਮਿੰਦਰ ਸਿੰਘ ਸੋਨੂੰ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਕਮਲਜੀਤ ਸਿੰਘ ਰਾਣਾ ਅਜਨੋਹਾ, ਰੁਪਿੰਦਰ ਸਿੰਘ ਅਜਨੋਹਾ, ਪਰਮਜੀਤ ਸਿੰਘ ਭਾਮ, ਗੁਰਚਰਨ ਸਿੰਘ, ਸਤਨਾਮ ਸਿੰਘ ਪੰਜੌੜ ਆਦਿ ਹਾਜ਼ਰ ਸਨ।

# ਕੇਂਦਰੀ ਜੇਲ੍ਹ ਵਿਖੇ ਨਵੇਂ ਬਣੇ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਜੇਲ੍ਹਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਇਥੇ ਕੇਂਦਰੀ ਜੇਲ੍ਹ ਵਿਖੇ ਨਵੇਂ ਬਣੇ ਆਮ



ਆਦਮੀ ਕਲੀਨਿਕ ਦੀ ਸ਼ੁਰੂਆਤ ਇਕ ਬੰਦੀ ਤੋਂ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਖੇਤਰ ਵਿਚ ਬਹੁਤ ਹੀ ਸੁਖਾਲੇ ਢੰਗ ਨਾਲ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਉਣ ਵਿਚ ਨਵੇਂ ਮਾਅਰਕੇ ਮਾਰ ਰਹੀ ਹੈ ਜਿਸ ਨਾਲ ਆਮ ਲੋਕਾਂ ਨੂੰ ਘਰਾਂ ਦੇ ਨਜ਼ਦੀਕ ਹੀ ਮੁੱਢਲੇ ਟੈਸਟਾਂ ਅਤੇ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸੂਬੇ ਵਿਚ 1090 ਆਮ ਆਦਮੀ ਕਲੀਨਿਕ ਸਥਾਪਿਤ ਕੀਤੇ ਜਾ ਚੁੱਕੇ ਹਨ ਜਿਥੇ ਮਾਹਿਰ ਸਟਾਫ਼ ਵਲੋਂ ਮੁੱਢਲੇ ਸਿਹਤ ਸੰਭਾਲ ਢਾਂਚੇ ਨੂੰ ਹੋਰ ਮਜ਼ਬੂਤ ਕਰਦਿਆਂ ਮਿਆਰੀ ਸਿਹਤ ਸੇਵਾਵਾਂ, ਟੈਸਟ ਅਤੇ ਦਵਾਈਆਂ ਦੀ ਮੁਫ਼ਤ ਸਹੂਲਤ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਦੀ ਕੇਂਦਰੀ ਜੇਲ੍ਹ ਵਿਚ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ ਹੋਣ ਨਾਲ ਜ਼ਿਲ੍ਹੇ ਵਿਚ ਚੱਲ ਰਹੇ ਇਨ੍ਹਾਂ ਕਲੀਨਿਕਾਂ ਦੀ ਗਿਣਤੀ 77 ਹੋ ਗਈ ਹੈ ਅਤੇ ਹੁਣ ਜੇਲ੍ਹ ਵਿਚ ਬੰਦੀਆਂ ਦੇ 45 ਤਰ੍ਹਾਂ ਦੇ ਟੈਸਟ ਦੀ ਸਹੂਲਤ ਅੰਦਰ ਹੀ ਉਪਲਬਧ ਰਹੇਗੀ ਜਿਥੇ ਉਨ੍ਹਾਂ ਨੂੰ 100 ਤੋਂ ਵੱਧ ਤਰ੍ਹਾਂ ਦੀਆਂ ਦਵਾਈਆਂ ਵੀ ਮੁਫਤ ਮਿਲਣਗੀਆਂ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸੂਬੇ ਦੀਆਂ 8 ਜੇਲ੍ਹਾਂ ਵਿਚ ਆਮ ਆਦਮੀ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ ਤਾਂ ਜੋ ਜੇਲ੍ਹਾਂ ਵਿਚ ਬੰਦ ਕੈਦੀਆਂ ਲਈ ਸਿਹਤ ਸਹੂਲਤਾਂ ਦਾ ਪ੍ਰਬੰਧ ਸੁਚੱਜੇ ਢੰਗ ਨਾਲ ਅਮਲ ਵਿਚ ਲਿਆਂਦਾ ਜਾ ਸਕੇ। ਉਨ੍ਹਾਂ ਦੱਸਿਆ ਕਿ ਜੇਲ੍ਹਾਂ ਵਿਚ ਇਨ੍ਹਾਂ ਕਲੀਨਿਕਾਂ ਅੰਦਰ ਮੈਡੀਕਲ ਅਫ਼ਸਰ, ਫਾਰਮਾਸਿਸਟ, ਕਲੀਨਿਕ ਅਸਿਸਟੈਂਟ, ਹੈਲਪਰ ਆਦਿ ਨੂੰ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਮਿਆਰੀ ਸਿਹਤ ਸੇਵਾਵਾਂ ਦਿੱਤੀਆਂ ਜਾ ਸਕਣ। ਇਸ ਮੌਕੇ ਵਧੀਕ ਸੁਪਰਡੰਟ ਹਰਬੰਸ ਸਿੰਘ, ਡਿਪਟੀ ਸੁਪਰਡੰਟ ਆਸ਼ਾ ਰਾਣੀ, ਆਮ ਆਦਮੀ ਕਲੀਨਿਕਾਂ ਦੇ ਸ਼ਹਿਰੀ ਨੋਡਲ ਅਧਿਕਾਰੀ ਡਾ. ਰੋਹਿਤ ਬਬੂਤਾ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਐਨ.ਐਚ.ਐਮ. ਮੁਹੰਮਦ ਆਸਿਫ ਵੀ ਮੌਜੂਦ ਸਨ।

# ਵਿਗਿਆਨ ਪ੍ਰਦਰਸ਼ਨੀ ਲਗਾਈ

**ਕਰਤਾਰਪੁਰ (ਹਰਮੇਸ਼ ਦੱਤ)**- ਦ ਨੋਬੇਲ ਸਕੂਲ ਵੱਲੋਂ ਇੱਕ ਸਫਲ ਵਿਗਿਆਨ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ, ਜਿਸ ਨੇ ਵਿਦਿਆਰਥੀਆਂ ਨੂੰ ਆਪਣਾ ਵਿਗਿਆਨਕ




ਗਿਆਨ, ਰਚਨਾਤਮਕਤਾ ਅਤੇ ਨਵੀਨਤਾ ਪੇਸ਼ ਕਰਨ ਲਈ ਇੱਕ ਬਹਿਤਰੀਨ ਮੰਚ ਪ੍ਰਦਾਨ ਕੀਤਾ। ਛੇਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਵੱਖ-ਵੱਖ ਵਿਗਿਆਨਕ ਸੰਕਲਪਾਂ ਅਤੇ ਅਸਲ ਜ਼ਿੰਦਗੀ ਦੇ ਵਰਤਾਰੇ 'ਤੇ ਆਧਾਰਿਤ ਕਈ ਨਵੀਨਤਾਕਾਰੀ ਵਰਕਿੰਗ ਅਤੇ ਨੌਨ-ਵਰਕਿੰਗ ਮਾਡਲ ਪੇਸ਼ ਕੀਤੇ। ?ਪ੍ਰਦਰਸ਼ਨੀ ਵਿੱਚ ਕੁੱਲ 27 ਮਾਡਲ ਪ੍ਰਦਰਸ਼ਿਤ ਕੀਤੇ ਗਏ, ਜੋ ਕਿ ਮਨੁੱਖੀ ਸਰੀਰ ਦੇ ਪ੍ਰਣਾਲੀਆਂ, ਸਮਾਰਟ ਟੈਕਨਾਲੋਜੀ, ਜਲ ਸੰਭਾਲ, ਪ੍ਰਦੂਸ਼ਣ ਰੋਕਥਾਮ, ਅਤੇ ਜੈਵਿਕ ਵਿਵਿਧਤਾ ਵਰਗੇ ਵਿਭਿੰਨ ਵਿਸ਼ਿਆਂ 'ਤੇ ਆਧਾਰਿਤ ਸਨ। ਇਸ ਪ੍ਰਦਰਸ਼ਨੀ ਦਾ ਨਿਰੀਖਣ ਸਕੂਲ ਦੇ ਚੇਅਰਮੈਨ ਪ੍ਰੋ. ਸੀ. ਐੱਲ. ਕੋਛੜ, ਮੈਨੇਜਿੰਗ ਡਾਇਰੈਕਟਰ ਇੰਜੀ. ਕੁਮਾਰ ਸ਼ਿਵ ਕੋਛੜ, ਡਾਇਰੈਕਟਰ ਸਰੋਜ ਸ਼ਰਮਾ, ਪ੍ਰਿੰਸੀਪਲ ਰਵਿੰਦਰ ਕੌਰ, ਅਤੇ ਸਾਇੰਸ ਅਧਿਆਪਕ ਪ੍ਰਿਅੰਕਾ ਵਿਰਦੀ ਅਤੇ ਮਿਸਟਰ ਭੂਸ਼ਣ ਨੰਦਾ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਮੌਲਿਕਤਾ, ਆਤਮ-ਵਿਸ਼ਵਾਸ ਅਤੇ ਮਜ਼ਬੂਤ ਵਿਗਿਆਨਕ ਸਮਝ ਦੀ ਸ਼ਲਾਘਾ ਕੀਤੀ। ਉੱਤਮਤਾ ਨੂੰ ਉਤਸ਼ਾਹਿਤ ਕਰਨ ਲਈ, ਸਕੂਲ ਨੇ ਐਲਾਨ ਕੀਤਾ ਕਿ ਅੱਠਵੀਂ ਤੋਂ ਦਸਵੀਂ ਜਮਾਤ ਵਿੱਚੋਂ ਤਿੰਨ ਅਤੇ ਗਿਆਰ੍ਹਵੀਂ-ਬਾਰ੍ਹਵੀਂ ਜਮਾਤ ਵਿੱਚੋਂ ਤਿੰਨ ਸ਼ਾਨਦਾਰ ਮਾਡਲਾਂ ਦੀ ਚੋਣ ਅਗਲੇ ਪੜਾਅ ਦੇ ਮੁਕਾਬਲੇ ਵਿੱਚ ਸਕੂਲ ਦੀ ਨੁਮਾਇੰਦਗੀ ਕਰਨ ਲਈ ਕੀਤੀ ਜਾਵੇਗੀ।

# ਸ਼ਹੀਦ ਦੇਸ਼ ਦਾ ਸਰਮਾਇਆ ਹੁੰਦੇ ਹਨ : ਨੂਰਪੁਰੀ



**ਬੰਗਾ (ਅਵਤਾਰ ਕਲੇਰ)**- ਸੀ ਪੀ ਆਈ (ਐਮ) ਦੇ ਤਿੰਨ ਸ਼ਹੀਦ ਪਾਖਰ ਸਿੰਘ, ਬਲਵੀਰ ਸਿੰਘ ਅਤੇ ਸੁਖਵਿੰਦਰ ਕੌਰ ਗੁਣਾਚੌਰ ਦੀ 33ਵੀਂ ਬਰਸੀ ਮਨਾਈ ਗਈ। ਉਨਾਂ ਦੇ ਯਾਦਗਾਰ ਤੇ ਲਾਲ ਝੰਡਾ ਸੂਬਾ ਕਮੇਟੀ ਮੈਂਬਰ ਰਾਮ ਸਿੰਘ ਨੂਰਪੁਰੀ ਨੇ ਝੁਲਾਇਆ ਤੇ ਕਿਹਾ ਕਿ ਸ਼ਹੀਦ ਦੇਸ਼ ਦਾ ਸਰਮਾਇਆ ਹੁੰਦੇ ਹਨ। ਸਾਥੀ ਨੂਰਪੁਰੀ ਨੇ ਦੇਸ਼ ਦੀ ਰਾਜਨੀਤਿਕ ਹਾਲਤ ਦੇ ਵੀ ਵਿਚਾਰ ਰੱਖੇ। ਉਨਾਂ ਨੇ ਕਿਹਾ ਜੰਤਰ ਮੰਤਰ ਤੇ ਪੇਪਰ ਲੀਕ ਹੋਣ ਤੇ 25 ਦਿਨ ਦੇ ਸੰਘਰਸ਼ ਦੀ ਵੱਡੀ ਜਿੱਤ ਹੋਈ ਹੈ। ਉਨਾਂ ਨੇ ਦੇਸ਼ ਦੇ ਵਿਦਿਆਰਥੀਆਂ ਨੂੰ ਜਿੱਤ ਦੀ ਵਧਾਈ ਦਿੱਤੀ ਅਤੇ ਅਗਲੇ ਸੰਘਰਸ਼ ਦੀ ਰੂਪ ਰੇਖਾ ਲਈ ਵੀ ਤਿਆਰ ਬਰ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਮੌਕੇ ਤੇ ਕੁਲਦੀਪ ਸਿੰਘ ਐਕਟਿੰਗ ਸਕੱਤਰ ਜੋਗਿੰਦਰ ਲੜੋਆ ਸਕੱਤਰ, ਲਾਲ ਚੰਦ ਗੁਣਾਚੌਰ, ਪਵਿੱਤਰ ਸਿੰਘ ਗੁਣਾਚੌਰ ਸਮੇਤ ਪਾਰਟੀ ਵਰਕਰ ਹਾਜ਼ਰ ਸਨ।

# ਸਫ਼ਾਈ ਸੇਵਕਾਂ ਦਾ ਧਰਨਾ ਲਗਾਤਾਰ ਜਾਰੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨਗਰ ਕੌਂਸਲ ਨੂਰਮਹਿਲ ਦੇ ਸਫ਼ਾਈ ਸੇਵਕਾਂ ਦੇ ਧਰਨੇ ਨੂੰ ਲੱਗਭੱਗ ਇੱਕ ਹਫ਼ਤਾ ਹੋ ਗਿਆ ਹੈ ਅਤੇ ਇਹ ਧਰਨਾ ਲਗਾਤਾਰ ਜਾਰੀ ਹੈ। ਇਸ ਸਮੇਂ ਧਰਨੇ ਵਿੱਚ ਸੰਬੋਧਨ ਕਰਦਿਆਂ ਸ਼੍ਰੋਮਣੀ ਰੰਘਰੇਟਾ ਦਲ ਪੰਜਾਬ ਦੇ ਚੇਅਰਮੈਨ ਬਲਵੀਰ ਸਿੰਘ ਚੀਮਾ ਅਤੇ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ, ਬਲਵੀਰ ਸੌਂਧੀ, ਪ੍ਰਧਾਨ ਰਵੀ ਕੁਮਾਰ ਸਹੋਤਾ, ਵਾਇਸ ਪ੍ਰਧਾਨ ਸੁਭਾਸ਼ ਕੁਮਾਰ ਨੇ ਕਿਹਾ ਕਿ ਸਾਡੀਆਂ ਮੰਗਾਂ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ, ਨਵੇਂ ਮੁਲਾਜ਼ਮਾਂ ਦੀ ਭਰਤੀ ਕੀਤੀ ਜਾਵੇ, ਮੈਡੀਕਲ ਸਹੂਲਤਾਂ ਦਿੱਤੀਆ ਜਾਣ,




ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮਹਿੰਗਾਈ ਭੱਤੇ ਦਿੱਤਾ ਜਾਵੇ, ਬਰਨਾਲਾ ਪੁਲਸ ਵਲੋਂ ਲਾਠੀਚਾਰਜ ਕਰਨ ਵਾਲਿਆਂ ਤੇ ਪਰਚੇ ਦਰਜ ਕੀਤੇ ਜਾਣ ਆਦਿ ਮੰਗਾਂ ਪੂਰੀਆਂ ਕੀਤੀਆਂ ਜਾਣ।ਇਸ ਮੌਕੇ ਬਿੱਟੂ ਭੇਣੀ, ਅਮਿਤ ਯਾਦਵ, ਸੰਨੀ ਸਹੋਤਾ, ਸੁਧੀਰ ਕੁਮਾਰ, ਕੁਲਦੀਪ, ਨਰੇਸ਼ ਰਾਮ, ਸਰੂਪ ਗੋਰਵ, ਰੇਖਾ ਰਾਣੀ, ਪੁਨਮ ਰਾਣੀ, ਗੀਟਾ, ਕੇਵਲ ਬੁੱਧ ਨਾਥ, ਸੱਚਣ ਸੌਂਧੀ, ਮਨਦੀਪ ਸੌਂਧੀ, ਸੋਨੀ ਸੌਂਧੀ, ਰਮੇਸ਼ ਗਿੱਲ, ਸੁਭਾਸ਼ ਸੋਧੀ, ਜਸਵਿੰਦਰ ਸਿੰਘ ਚੀਮਾ, ਕੁਲਦੀਪ ਕੌਰ, ਸੰਧਿਆ, ਪੁਨਮ ਸੌਂਧੀ, ਤਰਸੇਮ ਲਾਲ, ਮੁਨੀਸ਼ ਕੁਮਾਰ ਕਾਲ਼ੀ,ਪਵਨ ਕੁਮਾਰ, ਵਿਜੈ ਕੁਮਾਰ, ਵਿਨੋਦ ਕੁਮਾਰ, ਨਰੇਸ਼, ਵੰਟੂ, ਰਵੀ ਕੁਮਾਰ ਸਹੋਤਾ, ਵਿੱਟੂ ਸਰਵਟ, ਸੰਦੀਪ, ਰਕੇਸ਼ ਗਿੱਲ, ਵਿਸ਼ਾਲ ਸੌਂਧੀ, ਸ਼ੇਖਰ ਸਹੋਤਾ, ਮੰਨਾ ਅਟਵਾਲ ਆਦਿ ਨੇ ਧਰਨਾ ਦਿੱਤਾ।

# ਕੁਲਵਿੰਦਰ ਸਿੰਘ ਢਾਹਾਂ ਵੱਲੋਂ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਢਾਹਾਂ ਕਲੇਰਾਂ ਦੇ ਨਵੇਂ ਆਧੁਨਿਕ ਆਡੀਟੋਰੀਅਮ ਦਾ ਉਦਘਾਟਨ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਅਧੀਨ ਚੱਲ ਰਹੇ ਗੁਰੂ ਨਾਨਕ ਪੈਰਾਮੈਡੀਕਲ ਕਾਲਜ ਢਾਹਾਂ ਕਲੇਰਾਂ ਦੇ ਨਵੇਂ ਆਧੁਨਿਕ ਆਡੀਟੋਰੀਅਮ ਦਾ ਉਦਘਾਟਨ ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਆਪਣੇ ਕਰ-ਕਮਲਾਂ ਨਾਲ ਕੀਤਾ। ਉਨ੍ਹਾਂ ਕਾਲਜ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਆਡੀਟੋਰੀਅਮ ਵਿਚ



ਆਯੋਜਿਤ ਹੋਣ ਵਾਲੇ ਸੈਮੀਨਾਰਾਂ, ਵਰਕਸ਼ਾਪਾਂ, ਵਿਦਿਅਕ ਕਾਨਫਰੰਸਾਂ, ਸੱਭਿਆਚਾਰਕ ਸਮਾਗਮਾਂ ਅਤੇ ਹੋਰ ਵਿੱਦਿਅਕ ਗਤੀਵਿਧੀਆਂ ਨਾਲ ਪੈਰਾ ਮੈਡੀਕਲ ਕਾਲਜ ਵਿਦਿਆਰਥੀਆਂ ਨੂੰ ਤਰੱਕੀ ਦੇ ਨਵੇਂ ਮੌਕੇ ਪ੍ਰਾਪਤ ਹੋਣਗੇ ਅਤੇ ਉਨ੍ਹਾਂ ਦੀ ਸ਼ਖ਼ਸੀਅਤ ਦਾ ਸਰਵਪੱਖੀ ਵਿਕਾਸ ਹੋਵੇਗਾ। ਇਸ ਦੇ ਨਾਲ-ਨਾਲ ਇਹ ਆਡੀਟੋਰੀਅਮ ਵਿਦਿਆਰਥੀਆਂ ਦੀ ਅਕਾਦਮਿਕ, ਸੱਭਿਆਚਾਰਕ ਅਤੇ ਉਹਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਇੱਕ ਮਹੱਤਵਪੂਰਨ ਕੇਂਦਰ ਵਜੋਂ ਕੰਮ ਕਰੇਗਾ। ਕਾਲਜ ਦੇ ਵਾਈਸ ਪ੍ਰਿੰਸੀਪਲ ਰਾਜਦੀਪ ਥਿਥਵਾਰ ਨੇ ਕਾਲਜ ਪ੍ਰਬੰਧਕ ਟਰੱਸਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਡੀਟੋਰੀਅਮ ਦੀ ਉਸਾਰੀ ਨਾਲ ਕਾਲਜ ਨੂੰ ਇੱਕ ਨਵੀਂ ਪਛਾਣ ਮਿਲੀ ਹੈ। ਸਮਾਗਮ ਦੌਰਾਨ ਮੈਡਮ ਰਮਨਦੀਪ ਕੌਰ ਪ੍ਰਿੰਸੀਪਲ, ਮਹਿੰਦਰ ਪਾਲ ਸਿੰਘ ਅਤੇ ਜੋਤੀ ਰਾਣੀ ਇੰਚਾਰਜ ਓ.ਪੀ.ਡੀ. ਮੈਨੇਜਰ ਨੇ ਵੀ ਇਸ ਨਵੀਂ ਉਪਲਬਧੀ ਲਈ ਵਧਾਈ ਦਿੱਤੀ। ਇਸ ਆਧੁਨਿਕ ਆਡੀਟੋਰੀਅਮ ਦੀ ਉਸਾਰੀ ਨੂੰ ਸਮੇਂ ਸਿਰ ਅਤੇ ਮਿਆਰੀ ਢੰਗ ਨਾਲ ਮੁਕੰਮਲ ਕਰਨ ਵਾਲੇ ਕਿਰਤੀਆਂ ਅਤੇ ਉਹਨਾਂ ਸਹਿਯੋਗੀਆਂ ਨੂੰ ਵੀ ਕੁਲਵਿੰਦਰ ਸਿੰਘ ਢਾਹਾਂ ਨੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਅਤੇ ਉਨ੍ਹਾਂ ਦੀ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ । ਸਮਾਗਮ ਵਿੱਚ ਦਵਿੰਦਰ ਸਿੰਘ ਢਿੱਲੋਂ, ਡਾ. ਜਸਦੀਪ ਸਿੰਘ ਸੈਣੀ, ਭੁਪਿੰਦਰ ਸਿੰਘ ਇੰਜੀਨੀਅਰ, ਮੈਡਮ ਪਿਯੂਸ਼ੀ ਯਾਦਵ ਸਹਾਇਕ ਪ੍ਰੋਫੈਸਰ, ਡਾ. ਰਾਹੁਲ ਵਰਮੂਟਾ ਸਹਾਇਕ ਪ੍ਰੋਫੈਸਰ, ਸਮੂਹ ਅਧਿਆਪਕ, ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਮੁਫ਼ਤ ਮੈਡੀਕਲ ਕੈਂਪ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚੁਲਾਈ ਜਾ ਰਹੀ ਹੈ। ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਸਹਿਯੋਗ ਨਾਲ ਪਿੰਡ ਭਾਮ ਵਿਖੇ ਮਾਂ ਭਾਮੇਸ਼ਵਰੀ ਜੀ ਸਾਲਾਨਾਂ ਜੋੜ ਮੇਲੇ ਤੇ ਗੋਪਾਲੀਆਂ ਮੋੜ ਦੇ ਲਾਗੇ 175 ਵਾਂ ਮੁਫ਼ਤ ਮੈਡੀਕਲ ਕੈਂਪ 30 ਜੁਲਾਈ ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਲਗਾਇਆ ਜਾ ਰਿਹਾ ਹੈ।ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਡਾਕਟਰਾਂ ਦੀ ਟੀਮ ਵਲੋਂ




ਮਰੀਜ਼ਾਂ ਦਾ ਚੈਕਅੱਪ ਕਰਕੇ ਫਰੀ ਵਿੱਚ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਆਸ਼ਕ ਮੁਹੰਮਦ , ਸਤਨਾਮ ਸਿੰਘ ਸੰਤ,ਜੀਤ ਰਾਮ ਭਾਮ, ਕੁਲਵਿੰਦਰ ਸਿੰਘ ਕੁਕੜ, ਜਗਤਾਰ ਸਿੰਘ ਜਾਗਲੀਆਣਾ, ਲਖਵੀਰ ਸਿੰਘ ਲੱਕੀ ਭਾਮ, ਗੌਰਵ ਕੁਮਾਰ, ਰਾਹੁਲ ਕੁਮਾਰ, ਹਰਵਿੰਦਰ ਸਿੰਘ ਭਿੰਦਾ ਅਜਨੋਹਾ, ਅੰਮ੍ਰਿਤਪਾਲ ਸਿੰਘ, ਰਾਣਾ ਪੇਂਟਰ ਅਤੇ ਮਨਜੀਤ ਸਿੰਘ ਅੰਚਰਵਾਲ ਆਦਿ ਹਾਜ਼ਰ ਸਨ।

# ਦੋਆਬਾ ਜਨਰਲ ਕੈਟਾਗਰੀ ਫਰੰਟ ਮੁੱਖ ਮੰਤਰੀ ਦੀ ਰਿਹਾਇਸ਼ ਵਿਖੇ ਲੱਗ ਰਹੇ ਧਰਨਿਆਂ 'ਚ ਵਧ-ਚੜ੍ਹ ਕੇ ਸ਼ਮੂਲੀਅਤ ਕਰੇਗਾ : ਫੁਗਲਾਣਾ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਬੀਤੇ ਦਿਨੀਂ ਸੰਗਰੂਰ ਵਿਖੇ ਜਨਰਲ ਕੈਟਾਗਰੀਜ਼ ਵੈਲਫੇਅਰ ਫੈਡਰੇਸ਼ਨ ਪੀ ਐਸ ਪੀ ਸੀ ਐਲ/ਪੀ- ਐਸ ਟੀ ਸੀ ਐਲ ਪੰਜਾਬ, ਅੰਤਰਰਾਸ਼ਟਰੀ ਜੱਟ ਸਿੱਖ ਭਾਈਚਾਰਾ ਜਥੇਬੰਦੀ, ਦੁਆਬਾ ਜਰਨਲ ਕੈਟਾਗਰੀ ਫਰੰਟ ਪੰਜਾਬ, ਸਰਪੰਚ ਯੂਨੀਅਨ ਪੰਜਾਬ, ਜਨਰਲ ਬੀ ਸੀ ਅਧਿਆਪਕ ਮੰਚ, ਜਨਰਲ ਕੈਟਾਗਰੀ ਸਿੱਖਿਆ ਵਿਭਾਗ, ਪੰਜਾਬੀ ਯੂਨੀਵਰਸਿਟੀ, ਅਗਰਵਾਲ ਸਭਾ, ਬ੍ਰਾਹਮਣ ਸਭਾ, ਕਿਸਾਨ ਸਭਾ ਅਤੇ ਹੋਰ ਜਨਰਲ ਭਰਾਤਰੀ ਸਭਾਵਾਂ ਵਲੋਂ ਸੰਗਰੂਰ ਵਿਖੇ 26 ਜੁਲਾਈ ਨੂੰ ਪੰਜਾਬ ਪੱਧਰ ਦੀ ਭਰਵੀਂ ਮੀਟਿੰਗ ਕੀਤੀ ਗਈ, ਜਿਸ ਵਿੱਚ 100 ਤੋਂ ਵੱਧ ਅਹੁਦੇਦਾਰਾਂ/ਮੈਂਬਰਾਂ ਨੇ ਹਿੱਸਾ ਲਿਆ ।ਇਸ ਮੌਕੇ ਮੀਟਿੰਗ ਦੌਰਾਨ ਸੂਬਾ ਪ੍ਰਧਾਨ ਕੁਲਜੀਤ ਸਿੰਘ ਰਟੋਲ, ਸਕੱਤਰ ਜਨਰਲ ਸੁਖਪ੍ਰੀਤ ਸਿੰਘ, ਰਾਜ ਕੁਮਾਰ ਟੋਨੀ, ਸਿਮਰਜੀਤ ਸਿੰਘ ਸੰਧੂ, ਸਾਰਜ ਸਿੰਘ, ਬਦਰੀ ਜਿੰਦਲ ਪ੍ਰਧਾਨ ਅਗਰਵਾਲ ਸਭਾ, ਅਸ਼ੋਕ ਗੋਇਲ, ਰਾਜ ਸ਼ਰਮਾ, ਰਜਿੰਦਰ ਗੋਇਲ, ਪ੍ਰਧਾਨ ਬਲਬੀਰ ਸਿੰਘ ਫੁਗਲਾਣਾ, ਜਨਰਲ ਸਕੱਤਰ ਜਗਤਾਰ ਸਿੰਘ ਭੂੰਗਰਨੀ, ਵਰਿੰਦਰ ਸਿੰਘ ਭਿੰਡਰ, ਸਤਨਾਮ ਸਿੰਘ ਸ਼ਿੰਦੂ, ਅਵਤਾਰ ਸਿੰਘ ਮਿਨਹਾਸ, ਜਗਦੀਸ਼ ਸਿੰਘ, ਮੰਜੂਲਾ ਸ਼ਰਮਾ, ਜਤਿੰਦਰ



ਸਿੰਘ ਜੋਤੀ, ਅਵਤਾਰ ਸਿੰਘ ਭਲਵਾਨ, ਜਗਦੀਸ਼ ਸਿੰਗਲਾ, ਸਰਜੀਵਨ ਜਿੰਦਲ, ਪਾਵਨ ਕੁਮਾਰ ਸਿੰਗਲਾ, ਪਾਲੀ ਰਾਮ ਬਾਂਸਲ, ਰਾਮ ਅਵਤਾਰ ਬਾਂਸਲ, ਅਰੁਣ ਕੁਮਾਰ ਜੁਆਇੰਟ ਸੈਕਟਰੀ ਬ੍ਰਾਹਮਣ ਸਭਾ, ਸ਼ਿਵਪਾਲ ਗੋਇਲ, ਇਕਬਾਲ ਸਿੰਘ ਸਿੱਧੂ, ਵਿਜੇ ਕੁਮਾਰ ਸਿੰਗਲਾ ਵਲੋਂ ਪੰਜਾਬ ਸਰਕਾਰ ਦੀ ਤਿੱਖੇ ਸਬਦਾਂ ਵਿੱਚ ਨਿਖੇਧੀ ਕਰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵਲੋਂ ਵੱਖ ਵੱਖ ਬੋਰਡਾਂ, ਕਾਰਪੋ ਰੇਸ਼ਨਾਂ ਅਤੇ ਵੱਖ ਵੱਖ ਜਾਤੀਆਂ ਨਾਲ ਸਬੰਧਤ ਕਮਿਸਨਾਂ/ਬੋਰਡਾਂ ਆਦਿ ਦੇ ਚੇਅਰਪਰਸਨ, ਵਾਈਸ ਚੇਅਰਪਰਸ਼ਨ ਅਤੇ ਮੈਂਬਰ ਨਿਯੁਕਤ ਕੀਤੇ ਜਾ ਚੁੱਕੇ ਹਨ ਪ੍ਰੰਤੂ ਭਗਵੰਤ ਮਾਨ ਸਰਕਾਰ ਵਲੋਂ ਪੰਜਾਬ ਸਟੇਟ ਕਮਿਸ਼ਨ ਫਾਰ ਜਨਰਲ ਕੈਟਾਗਰੀ ਦਾ ਚੇਅਰਮੈਨ, ਵਾਈਸ ਚੇਅਰਮੈਨ ਅਤੇ ਕਮਿਸ਼ਨ ਦਾ ਦਫ਼ਤਰੀ ਸਟਾਫ ਨਹੀਂ ਲਗਾਇਆ ਗਿਆ ਜਿਸ ਕਾਰਨ ਜਨਰਲ ਵਰਗ ਨਾਲ ਸੰਬੰਧਤ ਜਥੇਬੰਦੀਆਂ/ਸਭਾਵਾਂ/ ਸੰਸਥਾਵਾਂ ਵੱਲੋਂ ਪੰਜਾਬ ਸਟੇਟ ਜਨਰਲ ਕੈਟਾਗਰੀ ਕਮਿਸ਼ਨ ਦਾ ਚੇਅਰਮੈਨ/ਮੈਂਬਰ ਅਤੇ ਹੋਰ ਅਮਲਾ ਨਾ ਲਗਾਉਣ ਦੇ ਰੋਸ ਵਜੋਂ ਵਿਸ਼ੇਸ਼ ਮੀਟਿੰਗ ਕਰਕੇ ਅਗਲੇ ਸੰਘਰਸ਼ ਦੀ ਰੂਪ ਰੇਖਾ ਬਣਾਈ ਗਈ ਹੈ । ਕਿਉਂਕਿ ਭਗਵੰਤ ਮਾਨ ਸਰਕਾਰ ਵਲੋਂ ਕੇਵਲ ਤੇ ਕੇਵਲ ਜਨਰਲ ਵਰਗ ਨਾਲ ਸੰਬੰਧਤ ਕਮਿਸ਼ਨ ਦਾ ਚੇਅਰਮੇਨ ਨਿਯੁਕਤ ਨਾ ਕਰਕੇ ਜਨਰਲ ਵਰਗ ਨਾਲ ਬਹੁਤ ਵੱਡਾ ਧੋਖਾ ਕੀਤਾ ਹੈ ।

ਅਗਲੇ ਸੰਘਰਸ਼ ਦੀ ਪਹਿਲੀ ਕੜੀ ਵਜੋਂ ਸੂਬਾ ਕਮੇਟੀ ਹਰੇਕ ਜ਼ਿਲ੍ਹੇ ਵਿੱਚ ਪ੍ਰੈਸ ਕਾਨਫਰੰਸਾਂ ਕਰਕੇ ਜਨਰਲ ਵਰਗ ਨੂੰ ਜਾਗਰੂਕ ਕਰੇਗੀ ਅਤੇ ਫਿਰ 15 ਸਤੰਬਰ ਤੋਂ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਰਿਹਾਇਸ਼ ਅੱਗੇ ਲਗਾਤਾਰ ਧਰਨਾ ਅਰੰਭ ਕੀਤਾ ਜਾਵੇਗਾ।